27-FEB-PAGE-1.qxd 2/26/2024 9:24 PM Page 1

ਮੰਗਲਵਾਰ, 27 ਫਰਵਰੀ, 2024
15 ਫੱਗਣ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 268

# ਨਵਾਂ ਜ਼ਮਾਨਾ

DAILY NAWAN ZAMANA • TUESDAY, 27 FEBRUARY, 2024 ਜਲੰਧਰ


**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

## ਪੰਕਜ ਉਧਾਸ ਨਹੀਂ ਰਹੇ



**ਮੁੰਬਈ** : ਮਸ਼ਹੂਰ ਗਜ਼ਲ ਗਾਇਕ ਪੰਕਜ ਉਧਾਸ (72) ਦਾ ਲੰਮੀ ਬਿਮਾਰੀ ਤੋਂ ਬਾਅਦ ਸੋਮਵਾਰ ਇਥੇ ਦੇਹਾਂਤ ਹੋ ਗਿਆ। ਇਸ ਦੀ ਜਾਣਕਾਰੀ ਉਨ੍ਹਾ ਦੀ ਧੀ ਨਾਯਾਬ ਨੇ ਦਿੱਤੀ। ਉਧਾਸ, ਜਿਨ੍ਹਾ ਨੇ ਨਾਮ, ਸਾਜਨ ਅਤੇ ਮੋਹਰਾ ਸਮੇਤ ਕਈ ਹਿੰਦੀ ਫਿਲਮਾਂ 'ਚ ਪਲੇਅ ਬੈਕ ਗਾਇਕ ਵਜੋਂ ਵੀ ਆਪਣੀ ਪਛਾਣ ਬਣਾਈ ਸੀ, ਦਾ ਬ੍ਰੀਚ ਕੈਂਡੀ ਹਸਪਤਾਲ 'ਚ ਸਵੇਰੇ 11 ਵਜੇ ਦੇ ਕਰੀਬ ਦੇਹਾਂਤ ਹੋਇਆ। ਪੰਕਜ ਉਧਾਸ ਨੂੰ 'ਚਿੱਠੀ ਆਈ ਹੈ..' ਤੋਂ ਖੂਬ ਪਛਾਣ ਮਿਲੀ ਸੀ।

## ਛੇ ਰੇਲਵੇ ਮੁਲਾਜ਼ਮ ਮੁਅੱਤਲ

**ਜਲੰਧਰ** : ਡੀ ਆਰ ਐੱਮ ਫਿਰੋਜ਼ਪੁਰ ਸੰਜੇ ਸਾਹੂ ਨੇ ਸੋਮਵਾਰ ਦੱਸਿਆ ਹੈ ਕਿ ਐਤਵਾਰ ਦੀ ਮਾਲ ਗੱਡੀ ਘਟਨਾ ਕਾਰਨ ਛੇ ਮੁਲਾਜ਼ਮਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਇਨ੍ਹਾਂ 'ਚ ਕਠੂਆ ਦਾ ਸਟੇਸ਼ਨ ਮਾਸਟਰ, ਟ੍ਰੈਫਿਕ ਮਾਸਟਰ ਅਤੇ ਪੁਆਇੰਟ ਮੈਨ, ਲੋਕੋ ਪਾਇਲਟ, ਅਸਿਸਟੈਂਟ ਲੋਕੋ ਪਾਇਲਟ ਅਤੇ ਲੋਕੋ ਇੰਸਪੈਕਟਰ ਸ਼ਾਮਲ ਹਨ। ਕਠੂਆ ਰੇਲਵੇ ਸਟੇਸਨ ਤੋਂ ਮਾਲ ਗੱਡੀ ਅਚਾਨਕ ਬਿਨਾਂ ਡਰਾਈਵਰ ਦੇ ਚੱਲ ਪਈ ਸੀ ਤੇ ਕਰੀਬ 70 ਕਿਲੋਮੀਟਰ ਦਾ ਪੈਂਡਾ ਤੈਅ ਕਰਨ ਤੋਂ ਬਾਅਦ ਮੁਕੇਰੀਆਂ ਕੋਲ ਉਚੀ ਬੱਸੀ ਸਟੇਸ਼ਨ 'ਤੇ ਰੋਕੀ ਗਈ ਸੀ।

## ਰਾਠੀ ਕਤਲ ਕੇਸ 'ਚ ਸਾਬਕਾ ਭਾਜਪਾ ਵਿਧਾਇਕ ਨਾਮਜ਼ਦ

**ਝੱਜਰ** : ਬਹਾਦਰਗੜ੍ਹ ਦੇ ਸਾਬਕਾ ਭਾਜਪਾ ਵਿਧਾਇਕ ਨਰੇਸ਼ ਕੌਸ਼ਿਕ ਸਮੇਤ 12 ਵਿਅਕਤੀਆਂ ਖਿਲਾਫ ਇੰਡੀਅਨ ਨੈਸ਼ਨਲ ਲੋਕ ਦਲ (ਇਨੈਲੋ) ਦੇ ਸੂਬਾ ਪ੍ਰਧਾਨ ਨਫੇ ਸਿੰਘ ਰਾਠੀ ਅਤੇ ਉਸ ਦੇ ਸਹਿਯੋਗੀ ਦੀ ਹੱਤਿਆ ਦੇ ਮਾਮਲੇ 'ਚ ਮਾਮਲਾ ਦਰਜ ਕੀਤਾ ਗਿਆ ਹੈ। ਦੋ ਵਾਰ ਵਿਧਾਇਕ ਰਹਿ ਚੁੱਕੇ ਰਾਠੀ (66) ਅਤੇ ਉਨ੍ਹਾ ਦੇ ਸਾਥੀ ਜੈ ਕਿਸ਼ਨ ਨੂੰ ਐਤਵਾਰ ਅਣਪਛਾਤੇ ਕਾਰ ਸਵਾਰ ਹਮਲਾਵਰਾਂ ਨੇ ਬਹਾਦਰਗੜ੍ਹ 'ਚ ਗੋਲੀਆਂ ਮਾਰ ਕੇ ਮਾਰ ਦਿੱਤਾ ਸੀ, ਜਦੋਂ ਉਹ ਕਾਰ ਵਿਚ ਜਾ ਰਹੇ ਸਨ। ਇਸੇ ਦੌਰਾਨ ਹਰਿਆਣਾ ਦੇ ਗ੍ਰਹਿ ਮੰਤਰੀ ਅਨਿਲ ਵਿਜ ਨੇ ਵਿਧਾਨ ਸਭਾ 'ਚ ਰਾਠੀ ਹੱਤਿਆ ਕਾਂਡ ਦੀ ਜਾਂਚ ਸੀ ਬੀ ਆਈ ਤੋਂ ਕਰਾਉਣ ਦਾ ਭਰੋਸਾ ਦਿੱਤਾ ਹੈ।

## ਪੇਪਰ ਅਚਾਨਕ ਮੁਲਤਵੀ

**ਨਵੀਂ ਦਿੱਲੀ** : ਸੀ ਆਈ ਐੱਸ ਸੀ ਈ ਨੇ ਸੋਮਵਾਰ ਹੋਣ ਵਾਲੇ 12ਵੀਂ ਦੇ ਕੈਮਿਸਟਰੀ ਪੇਪਰ ਨੂੰ ਮੁਲਤਵੀ ਕਰ ਦਿੱਤਾ, ਪਰ ਕੋਈ ਕਾਰਨ ਨਹੀਂ ਦੱਸਿਆ। ਹੁਣ ਇਹ ਪ੍ਰੀਖਿਆ 21 ਮਾਰਚ ਨੂੰ ਬਾਅਦ ਦੁਪਹਿਰ 2 ਵਜੇ ਹੋਵੇਗੀ।

## ਭਾਰਤ ਨੇ ਇੰਗਲੈਂਡ ਖਿਲਾਫ ਟੈਸਟ ਲੜੀ ਜਿੱਤ ਲਈ

**ਰਾਂਚੀ** : ਭਾਰਤ ਨੇ ਸੋਮਵਾਰ ਇਥੇ ਇੰਗਲੈਂਡ ਨੂੰ ਚੌਥੇ ਕ੍ਰਿਕਟ ਟੈਸਟ ਦੇ ਚੌਥੇ ਦਿਨ 5 ਵਿਕਟਾਂ ਨਾਲ ਹਰਾ ਕੇ 5 ਟੈਸਟਾਂ ਦੀ ਲੜੀ 'ਚ 3-1 ਦੀ ਜੇਤੂ ਲੀਡ ਲੈ ਲਈ। ਇੰਗਲੈਂਡ ਦੀਆਂ ਪਹਿਲੀ ਪਾਰੀ ਦੀਆਂ 353 ਦੌੜਾਂ ਦੇ ਜੁਆਬ 'ਚ ਭਾਰਤ ਨੇ 307 ਦੌੜਾਂ ਬਣਾਈਆਂ। ਆਖਰੀ ਟੈਸਟ 7 ਮਾਰਚ ਤੋਂ ਧਰਮਸ਼ਾਲਾ 'ਚ ਖੇਡਿਆ ਜਾਵੇਗਾ।

## ਪੰਜਾਬ ਦੇ ਤਿੰਨ ਸਟੇਸ਼ਨਾਂ ਨੂੰ ਸੋਹਣਾ ਬਣਾਇਆ ਜਾਵੇਗਾ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ 41,000 ਕਰੋੜ ਰੁਪਏ ਤੋਂ ਵੱਧ ਦੇ ਕਰੀਬ 2,000 ਰੇਲਵੇ ਬੁਨਿਆਦੀ ਢਾਂਚੇ ਦੇ ਪ੍ਰਾਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ। ਮੋਦੀ ਨੇ ਵੀਡੀਓ ਕਾਨਫਰੰਸ ਰਾਹੀਂ ਪ੍ਰਧਾਨ ਮੰਤਰੀ ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਤਹਿਤ 553 ਰੇਲਵੇ ਸਟੇਸ਼ਨਾਂ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ। ਇਨ੍ਹਾਂ 'ਚ ਪੰਜਾਬ ਦੇ ਜਲੰਧਰ, ਬਿਆਸ ਅਤੇ ਮੋਗਾ ਰੇਲਵੇ ਸਟੇਸ਼ਨ ਸ਼ਾਮਲ ਹਨ। 27 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ 'ਚ ਸਥਿਤ ਸਟੇਸ਼ਨਾਂ ਨੂੰ 19,000 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਮੁੜ ਵਿਕਸਤ ਕੀਤਾ ਜਾਵੇਗਾ।

# ਡਬਲਿਊ ਟੀ ਓ ਦੀਆਂ ਜੜ੍ਹਾਂ ਪੁੱਟਣ ਲਈ ਦੇਸ਼ ਭਰ 'ਚ ਐਕਸ਼ਨ



**ਨਵੀਂ ਦਿੱਲੀ** : ਭਾਰਤ ਨੂੰ ਵਿਸ਼ਵ ਵਪਾਰ ਸੰਸਥਾ (ਡਬਲਿਊ ਟੀ ਓ) ਵਿੱਚੋਂ ਬਾਹਰ ਕਢਾਉਣ ਲਈ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਦੇਸ਼ ਭਰ ਦੇ ਕਿਸਾਨਾਂ ਨੇ ਸੋਮਵਾਰ ਹਾਈਵੇਜ਼ 'ਤੇ ਟਰੈਕਟਰ ਮਾਰਚ ਕੀਤੇ। ਇਸ ਐਕਸ਼ਨ ਵਿਚ ਖੇਤ ਮਜ਼ਦੂਰਾਂ, ਸਨਅਤੀ ਮਜ਼ਦੂਰਾਂ, ਮੁਲਾਜ਼ਮਾਂ, ਟੀਚਰਾਂ, ਠੇਕਾ ਕਾਮਿਆਂ ਤੇ ਵਿਦਿਆਰਥੀਆਂ ਦੀਆਂ ਜਥੇਬੰਦੀਆਂ ਨੇ ਹਮਾਇਤੀ ਸ਼ਮੂਲੀਅਤ ਕੀਤੀ।

ਕਿਸਾਨ ਚਾਹੁੰਦੇ ਹਨ ਕਿ ਭਾਰਤ ਸਰਕਾਰ ਵਿਸ਼ਵ ਵਪਾਰ ਸੰਸਥਾ ਦੀ ਮੀਟਿੰਗ 'ਚ ਵਿਕਸਤ ਦੇਸ਼ਾਂ 'ਤੇ ਖੇਤੀਬਾੜੀ ਨੂੰ ਇਸ ਅੰਤਰ-ਸਰਕਾਰੀ ਸੰਸਥਾ ਵਿੱਚੋਂ ਬਾਹਰ ਕਰਨ ਲਈ ਦਬਾਅ ਪਾਏ। ਸੰਸਥਾ ਦੇ ਮੰਤਰੀਆਂ ਦੀ 13ਵੀਂ ਕਾਨਫਰੰਸ 26 ਤੋਂ 29 ਫਰਵਰੀ ਤੱਕ ਦੁਬਈ ਵਿਚ ਹੋ ਰਹੀ ਹੈ। ਇਸ ਵਿਚ ਮੰਤਰੀ ਬਹੁਕੌਮੀ ਵਪਾਰ ਸਿਸਟਮ 'ਤੇ ਨਜ਼ਰਸਾਨੀ ਕਰਨਗੇ ਅਤੇ ਸੰਸਥਾ ਦੇ ਅਗਲੇ ਏਜੰਡੇ ਦਾ ਫੈਸਲਾ ਕਰਨਗੇ।

ਮੋਰਚੇ ਨੇ ਕਿਹਾ ਕਿ ਭਾਰਤ ਸਰਕਾਰ ਕਿਸਾਨਾਂ ਨੂੰ ਬਚਾਉਣ ਤੇ ਕੌਮੀ ਖੁਰਾਕ ਸੁਰੱਖਿਆ ਯਕੀਨੀ ਬਣਾਉਣ ਲਈ ਦੇਸ਼ ਦੇ ਹੱਕਾਂ ਦੀ ਦ੍ਰਿੜ੍ਹਤਾ ਨਾਲ ਰਾਖੀ ਕਰੇ। ਕੌਮੀ ਖੁਰਾਕ ਸੁਰੱਖਿਆ, ਐੱਮ ਐੱਸ ਪੀ ਤੇ ਸਰਕਾਰੀ ਖਰੀਦ ਅਤੇ ਅਨਾਜ ਦੀ ਵੰਡ ਨੂੰ ਲੈ ਕੇ ਸੰਸਥਾ ਵਿਚ ਸ਼ਾਮਲ ਵਿਕਸਤ ਦੇਸ਼ ਭਾਰਤ 'ਤੇ ਲਗਾਤਾਰ ਦਬਾਅ ਪਾਉਂਦੇ ਹਨ ਕਿ ਉਹ ਕਿਸਾਨਾਂ ਨੂੰ ਰਿਆਇਤਾਂ ਨਾ ਦੇਵੇ।

ਕਿਸਾਨ ਜਥੇਬੰਦੀਆਂ ਨੇ ਬਠਿੰਡਾ-ਚੰਡੀਗੜ੍ਹ ਕੌਮੀ ਮਾਰਗ ਉੱਤੇ ਭਾਰੀ ਗਿਣਤੀ 'ਚ ਟਰੈਕਟਰ ਖੜ੍ਹੇ ਕਰਕੇ ਵਿਸ਼ਵ ਵਪਾਰ ਸੰਸਥਾ ਦਾ ਪੁਤਲਾ ਫੂਕਿਆ।

ਆਗੂਆਂ ਨੇ ਕਿਹਾ ਕਿ ਵਿਸ਼ਵ ਵਪਾਰ ਸੰਸਥਾ ਭਾਰਤ ਦੇ ਕਾਰਪੋਰੇਟ ਘਰਾਣਿਆਂ ਨਾਲ ਮਿਲ ਕੇ ਦੇਸ਼ ਦੇ ਕਿਸਾਨਾਂ, ਮਜ਼ਦੂਰਾਂ ਅਤੇ ਛੋਟੇ ਕਾਰੋਬਾਰ ਕਰਨ ਵਾਲਿਆਂ ਨੂੰ ਬਰਬਾਦ ਕਰਨ ਲਈ ਨਵੇਂ ਤੋਂ ਨਵੇਂ ਢੰਗ ਵਰਤ ਰਹੀ ਹੈ। ਕਿਸਾਨਾਂ ਨੇ 21 ਸਾਲ ਦੇ ਜੁਝਾਰੂ ਨੌਜਵਾਨ ਸ਼ੁਭਕਰਨ ਸਿੰਘ ਬੱਲੋ ਦੇ ਕਤਲ ਲਈ ਜ਼ਿੰਮੇਵਾਰ ਰਾਜਸੀ ਆਗੂਆਂ ਅਮਿਤ ਸ਼ਾਹ, ਮਨੋਹਰ ਲਾਲ ਖੱਟੜ ਤੇ ਅਨਿਲ ਵਿਜ ਉਤੇ 302 ਦਾ ਕੇਸ ਦਰਜ ਕਰਨ ਦੀ ਮੰਗ ਵੀ ਕੀਤੀ। ਸੰਯੁਕਤ ਕਿਸਾਨ ਮੋਰਚੇ ਦੇ ਫੈਸਲੇ ਮੁਤਾਬਕ ਸੰਘਰਸ਼ ਦੇ ਅਗਲੇ ਪੜਾਅ 'ਤੇ 14 ਮਾਰਚ ਨੂੰ ਰਾਮਲੀਲ੍ਹਾ ਮੈਦਾਨ ਦਿੱਲੀ ਵਿਖੇ ਕਿਸਾਨ-ਮਜ਼ਦੂਰ ਮਹਾਂ-ਪੰਚਾਇਤ ਵਾਸਤੇ ਕਿਸਾਨ-ਮਜ਼ਦੂਰ ਕਾਫਲੇ ਸੈਂਕੜੇ ਮੀਲ ਪੈਦਲ ਮਾਰਚ ਕਰਕੇ ਦਿੱਲੀ ਪਹੁੰਚਣਗੇ। ਬੁਲਾਰਿਆਂ ਨੇ ਕਿਹਾ ਕਿ ਸਾਮਰਾਜ ਪੱਖੀ ਤੇ ਲੋਕ ਵਿਰੋਧੀ ਨੀਤੀਆਂ ਦੀ ਪੈਰੋਕਾਰ ਸੰਸਾਰ ਵਪਾਰ ਸੰਸਥਾ ਵਿੱਚੋਂ ਭਾਰਤ ਸਰਕਾਰ ਬਾਹਰ ਆਵੇ, ਕਿਉਂਕਿ ਇਸ ਦੀਆਂ ਨੀਤੀਆਂ ਤਹਿਤ ਹੀ ਜਨਤਕ ਖੇਤਰ ਦੇ ਸਿਹਤ, ਸਿੱਖਿਆ, ਬਿਜਲੀ, ਆਵਾਜਾਈ, ਜਲ ਸਪਲਾਈ ਵਰਗੇ

● ਬਾਕੀ ਸਫ਼ਾ 2 'ਤੇ

# ਸੀ ਪੀ ਆਈ ਨੇ ਐਨੀ ਰਾਜਾ ਨੂੰ ਵਾਇਨਾਡ ਤੋਂ ਉਮੀਦਵਾਰ ਐਲਾਨਿਆ



**ਤਿਰੁਅਨੰਤਪੁਰਮ** : ਸੀ ਪੀ ਆਈ ਨੇ ਸੋਮਵਾਰ ਉੱਘੀ ਮਹਿਲਾ ਆਗੂ ਤੇ ਪਾਰਟੀ ਦੇ ਜਨਰਲ ਸਕੱਤਰ ਡੀ ਰਾਜਾ ਦੀ ਪਤਨੀ ਐਨੀ ਰਾਜਾ ਨੂੰ ਕੇਰਲਾ ਦੇ ਵਾਇਨਾਡ ਲੋਕ ਸਭਾ ਹਲਕੇ ਤੋਂ ਉਮੀਦਵਾਰ ਐਲਾਨ ਦਿੱਤਾ। ਇਸ ਵੇਲੇ ਇੱਥੋਂ ਰਾਹੁਲ ਗਾਂਧੀ ਸਾਂਸਦ ਹਨ।

ਸੀ ਪੀ ਆਈ ਦੇ ਸੂਬਾ ਸਕੱਤਰ ਬਿਨੋਇ ਵਿਸ਼ਵਮ ਨੇ ਇੱਥੇ ਪਾਰਟੀ ਦੀ ਸੂਬਾ ਐਗਜ਼ੈਕਟਿਵ ਤੋਂ ਬਾਅਦ ਪਾਰਟੀ ਉਮੀਦਵਾਰਾਂ ਦਾ ਐਲਾਨ ਕੀਤਾ। ਸੀ ਪੀ ਆਈ ਹੁਕਮਰਾਨ ਖੱਬੇ ਜਮਹੂਰੀ ਮੁਹਾਜ਼ ਦਾ ਹਿੱਸਾ ਹੈ ਤੇ 20 ਵਿੱਚੋਂ ਚਾਰ ਲੋਕ ਸਭਾ ਸੀਟਾਂ ਲੜੇਗੀ। ਤਿਰੁਅਨੰਤਪੁਰਮ, ਜਿੱਥੋਂ ਕਾਂਗਰਸ ਆਗੂ ਸ਼ਸ਼ੀ ਥਰੂਰ 2009 ਤੋਂ ਸਾਂਸਦ ਹਨ, ਦੀ ਸੀਟ ਤੋਂ ਸੀ ਪੀ ਆਈ ਨੇ ਪਨਿਅਨ ਰਵੀਂਦਰਨ ਨੂੰ ਉਮੀਦਵਾਰ ਐਲਾਨਿਆ ਹੈ। ਤ੍ਰਿਸੂਰ, ਜਿੱਥੋਂ ਭਾਜਪਾ ਦੇ ਸੁਰੇਸ਼ ਗੋਪੀ ਦੇ ਲੜਨ ਦੀ ਸੰਭਾਵਨਾ ਹੈ, ਤੋਂ ਸੀ ਪੀ ਆਈ ਨੇ ਸਾਬਕਾ ਸੂਬਾਈ ਮੰਤਰੀ ਵੀ ਐੱਸ ਸੁਨੀਲ ਕੁਮਾਰ ਅਤੇ ਮਵੇਲਿਕਰਾ ਹਲਕੇ ਤੋਂ ਸੀ ਏ ਅਰੁਣ ਕੁਮਾਰ ਨੂੰ ਉਮੀਦਵਾਰ ਬਣਾਇਆ ਹੈ। ਉੱਘੀ ਮਹਿਲਾ ਆਗੂ ਐਨੀ ਰਾਜਾ ਇਰੀਟੀ ਇਲਾਕੇ ਤੋਂ ਹੈ। ਉਹ ਖੱਬੇ-ਪੱਖੀ ਪਿਛੋਕੜ ਵਾਲੇ ਈਸਾਈ ਪਰਵਾਰ ਵਿਚ ਪੈਦਾ ਹੋਈ। ਇਸ ਵੇਲੇ ਉਹ ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵੋਮੈਨ ਦੀ ਜਨਰਲ ਸਕੱਤਰ ਹੈ। ਐਨੀ ਪਾਰਟੀ ਦੀ ਕੌਮੀ ਐਗਜ਼ੈਕਟਿਵ ਦੀ ਮੈਂਬਰ ਵੀ ਹੈ। ਉਹ ਸਕੂਲੀ ਦਿਨਾਂ ਵਿਚ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੀ ਮੈਂਬਰ ਵਜੋਂ ਸਿਆਸਤ ਵਿਚ ਆਈ ਤੇ ਫਿਰ ਆਲ ਇੰਡੀਆ ਯੂਥ ਫੈਡਰੇਸ਼ਨ ਵਿਚ ਕੰਮ ਕੀਤਾ। 22 ਸਾਲ ਦੀ ਉਮਰ ਵਿਚ ਸੀ ਪੀ ਆਈ ਦੀ ਸੂਬਾ ਐਗਜ਼ੈਕਟਿਵ ਦੀ ਮੈਂਬਰ ਬਣ ਗਈ ਸੀ। 2019 ਦੀਆਂ ਚੋਣਾਂ ਵਿਚ ਰਾਹੁਲ ਵਾਇਨਾਡ ਤੋਂ 4 ਲੱਖ 31 ਹਜ਼ਾਰ ਦੇ ਰਿਕਾਰਡ ਫਰਕ ਨਾਲ ਜਿੱਤੇ ਸਨ।

ਉਨ੍ਹਾ ਸੀ ਪੀ ਆਈ ਦੇ ਪੀ ਪੀ ਸੁਨੀਰ ਨੂੰ ਹਰਾਇਆ ਸੀ। ਹਾਲ ਵਿਚ ਸੀ ਪੀ ਆਈ ਨੇ ਕਿਹਾ ਸੀ ਕਿ ਰਾਹੁਲ ਨੂੰ ਵਾਇਨਾਡ ਤੋਂ ਲੜਨ ਦੀ ਥਾਂ ਹਿੰਦੀ ਭਾਸ਼ੀ ਰਾਜ ਤੋਂ ਭਾਜਪਾ ਨੂੰ ਟੱਕਰ ਦੇਣੀ ਚਾਹੀਦੀ ਹੈ। ਸੀ ਪੀ ਆਈ ਚਾਹੁੰਦੀ ਹੈ ਕਿ ਇਸ ਗੱਲ ਨੂੰ ਮੱਦੇਨਜ਼ਰ ਰੱਖਦਿਆਂ ਕਿ ਸੀ ਪੀ ਆਈ ਤੇ ਕਾਂਗਰਸ 'ਇੰਡੀਆ' ਗੱਠਜੋੜ ਵਿਚ ਭਾਈਵਾਲ ਹਨ, ਰਾਹੁਲ ਨੂੰ ਇਹ ਹਲਕਾ ਛੱਡ ਦੇਣਾ ਚਾਹੀਦਾ ਹੈ।

## ਮਾਨ ਨੇ 457 ਮੁਲਾਜ਼ਮਾਂ ਨੂੰ ਨਿਯੁਕਤੀ ਪੱਤਰ ਸੌਂਪੇ




**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਮਿਸ਼ਨ ਰੋਜ਼ਗਾਰ' ਨੂੰ ਜਾਰੀ ਰੱਖਦੇ ਹੋਏ ਸੋਮਵਾਰ ਵੱਖ-ਵੱਖ ਵਿਭਾਗਾਂ ਵਿੱਚ ਨਵੇਂ ਭਰਤੀ ਹੋਏ 457 ਮੁਲਾਜ਼ਮਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਸ ਭਰਤੀ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਗਠਨ ਤੋਂ ਲੈ ਕੇ ਹੁਣ ਤੱਕ 40,000 ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇ ਕੇ ਇਨ੍ਹਾਂ ਦੇ ਪਰਵਾਰਾਂ ਦੇ ਜੀਵਨ ਨੂੰ ਰੁਸ਼ਨਾਇਆ ਗਿਆ ਹੈ।

ਮਿਊਂਸਪਲ ਭਵਨ ਵਿਖੇ ਨਿਯੁਕਤੀ ਪੱਤਰ ਵੰਡਣ ਮੌਕੇ ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਦਾ ਅਨਿੱਖੜਵਾਂ ਅੰਗ ਬਣਾਉਣ ਲਈ ਵੱਡੇ ਉਪਰਾਲੇ ਕਰ

● ਬਾਕੀ ਸਫ਼ਾ 2 'ਤੇ

## ਪੰਜਾਬ ਸਰਕਾਰ ਘੱਟੋ-ਘੱਟ ਉਜਰਤ 26 ਹਜ਼ਾਰ ਰੁਪਏ ਤੁਰੰਤ ਕਰੇ : ਬਰਾੜ, ਧਾਲੀਵਾਲ

**ਪਟਿਆਲਾ** : ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਸੋਮਵਾਰ ਦੱਸਿਆ ਕਿ ਪੰਜਾਬ ਏਟਕ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਅਤੇ ਲੇਬਰ ਮਨਿਸਟਰ ਨੂੰ ਸਖਤ ਸ਼ਬਦਾਂ ਵਿੱਚ ਪੱਤਰ ਲਿਖ ਕੇ ਕਿਹਾ ਗਿਆ ਹੈ ਕਿ ਪੰਜਾਬ ਦੇ ਮਜ਼ਦੂਰਾਂ-ਕਿਰਤੀਆਂ ਦੀਆਂ ਘੱਟੋ-ਘੱਟ ਉਜਰਤਾਂ ਵਿੱਚ ਤੁਰੰਤ ਵਾਧੇ ਦਾ ਐਲਾਨ ਕਰਕੇ ਘੱਟੋ-ਘੱਟ ਉਜਰਤ 26000 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ ਅਤੇ ਨਾਲ ਹੀ ਸਰਕਾਰ ਐਲਾਨ ਕਰੇ ਕਿ ਪੰਜਾਬ ਵਿੱਚ ਮੋਦੀ ਸਰਕਾਰ ਵੱਲੋਂ 44 ਕਿਰਤ ਕਾਨੂੰਨਾਂ ਨੂੰ ਤੋੜ ਕੇ ਬਣਾਏ ਗਏ 4 ਲੇਬਰ ਕੋਡਜ਼ ਨੂੰ ਪੰਜਾਬ ਵਿੱਚ ਲਾਗੂ ਨਹੀਂ ਕੀਤਾ ਜਾਵੇਗਾ। ਪੰਜਾਬ ਸਰਕਾਰ ਵੱਲੋਂ ਕੰਮ ਦੇ ਘੰਟੇ 8 ਦੀ ਬਜਾਏ 12 ਕੀਤੇ ਜਾਣ ਵਾਲਾ ਨੋਟੀਫਿਕੇਸ਼ਨ ਵੀ ਵਾਪਸ ਲਿਆ ਜਾਵੇ। ਬਰਾੜ ਅਤੇ ਧਾਲੀਵਾਲ ਨੇ ਪੰਜਾਬ ਸਰਕਾਰ ਨੂੰ ਮੁਲਾਜ਼ਮ—ਮਜ਼ਦੂਰ ਅਤੇ ਗਰੀਬ ਵਿਰੋਧੀ ਗਰਦਾਨਦਿਆਂ ਕਿਹਾ ਕਿ ਜੇਕਰ ਇਹ ਸਰਕਾਰ ਮਜ਼ਦੂਰਾਂ ਦੇ ਦਰਦ ਅਤੇ ਹਾਲਤਾਂ ਨੂੰ ਸਮਝਣ ਵਾਲੀ ਹੁੰਦੀ ਤਾਂ ਮਜ਼ਦੂਰਾਂ ਦੀਆਂ ਘੱਟੋ—ਘੱਟ ਉਜਰਤਾਂ ਵਿੱਚ ਵਾਧਾ ਸਰਕਾਰ ਦੇ ਹੋਂਦ ਵਿੱਚ ਆਉਣ ਤੋਂ ਤੁਰੰਤ ਬਾਅਦ ਕੀਤਾ ਗਿਆ ਹੁੰਦਾ, ਕਿਉਂਕਿ 2012 ਤੋਂ ਅਜੇ ਤੱਕ ਉਜਰਤਾਂ ਨਹੀਂ ਸੋਧੀਆਂ ਗਈਆਂ। ਪਿਛਲੇ ਸਾਲ 7 ਨਵੰਬਰ ਨੂੰ ਪੰਜਾਬ ਦੀ ਲੇਬਰ ਮੰਤਰੀ ਅਨਮੋਲ ਗਗਨ ਮਾਨ ਨਾਲ ਮਿਨੀਮਮ ਵੇਜ ਅਡਵਾਇਜ਼ਰੀ ਬੋਰਡ ਦੀ ਹੋਈ ਮੀਟਿੰਗ ਵਿੱਚ ਤੱਥਾਂ ਦੇ ਆਧਾਰ 'ਤੇ ਪੰਜਾਬ ਏਟਕ ਦੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਵੱਲੋਂ ਸਾਬਤ ਕੀਤਾ

● ਬਾਕੀ ਸਫ਼ਾ 2 'ਤੇ

## ਮਰੀਅਮ ਨਵਾਜ਼ ਲਹਿੰਦੇ ਪੰਜਾਬ ਦੀ ਪਹਿਲੀ ਮਹਿਲਾ ਮੁੱਖ ਮੰਤਰੀ ਬਣੀ



**ਲਾਹੌਰ** : ਤਿੰਨ ਵਾਰ ਸਾਬਕਾ ਪ੍ਰਧਾਨ ਮੰਤਰੀ ਰਹਿ ਚੁੱਕੇ ਨਵਾਜ਼ ਸ਼ਰੀਫ ਦੀ ਧੀ ਤੇ ਪਾਕਿਸਤਾਨ ਮੁਸਲਿਮ ਲੀਗ-ਨਵਾਜ਼ (ਪੀ ਐੱਮ ਐੱਲ-ਐੱਨ) ਦੀ ਸੀਨੀਅਰ ਆਗੂ ਮਰੀਅਮ ਨਵਾਜ਼ (50) ਸੋਮਵਾਰ ਪਾਕਿਸਤਾਨ ਦੇ ਪੰਜਾਬ ਸੂਬੇ ਦੀ ਪਹਿਲੀ ਮਹਿਲਾ ਮੁੱਖ ਮੰਤਰੀ ਬਣ ਗਈ। ਮਰੀਅਮ ਨੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੀ ਪਾਰਟੀ ਦੀ ਹਮਾਇਤ ਹਾਸਲ ਸੁੰਨੀ ਇਤੇਹਾਦ ਕੌਂਸਲ ਦੇ ਮੈਂਬਰਾਂ ਵੱਲੋਂ ਅਸੰਬਲੀ ਵਿੱਚੋਂ ਵਾਕਆਊਟ ਦੌਰਾਨ ਮੁੱਖ ਮੰਤਰੀ ਦੇ ਅਹੁਦੇ ਦੀ ਚੋਣ ਜਿੱਤ ਲਈ। ਮਰੀਅਮ ਅਸੰਬਲੀ ਜਾਣ ਤੋਂ ਪਹਿਲਾਂ ਜਾਤੀ ਉਮਰਾ ਵਿਖੇ ਆਪਣੀ ਮਾਂ ਦੀ ਕਬਰ 'ਤੇ ਗਈ।

## ਹੁਣ ਨਸਲਕੁਸ਼ੀ 'ਚ ਹਿੱਸਾ ਨਹੀਂ ਲੈਣਾ



**ਵਾਸ਼ਿੰਗਟਨ** : ਅਮਰੀਕੀ ਹਵਾਈ ਸੈਨਾ ਦੇ ਜਵਾਨ ਆਰੋਨ ਬੁਸ਼ਨੈੱਲ ਨੇ ਐਤਵਾਰ ਵਾਸ਼ਿੰਗਟਨ ਡੀ ਸੀ 'ਚ ਇਜ਼ਰਾਇਲੀ ਦੂਤਾਵਾਸ ਬਾਹਰ ਆਪਣੇ ਆਪ ਨੂੰ ਅੱਗ ਲਾ ਲਈ ਅਤੇ ਕਿਹਾ ਕਿ ਉਹ ਹੁਣ ਨਸਲਕੁਸ਼ੀ 'ਚ ਸ਼ਾਮਲ ਨਹੀਂ ਹੋਵੇਗਾ। ਉਸ ਦੀ ਹਾਲਤ ਗੰਭੀਰ ਬਣੀ ਹੋਈ ਸੀ। ਜਵਾਨ ਬਾਅਦ ਦੁਪਹਿਰ 1 ਵਜੇ ਤੋਂ ਕੁਝ ਸਮਾਂ ਪਹਿਲਾਂ ਦੂਤਾਵਾਸ ਪਹੁੰਚਿਆ ਅਤੇ ਵੀਡੀਓ ਸਟ੍ਰੀਮਿੰਗ ਪਲੇਟਫਾਰਮ ਟਵਿੱਚ 'ਤੇ 'ਲਾਈਵ-ਸਟ੍ਰੀਮਿੰਗ' ਸ਼ੁਰੂ ਕੀਤੀ। ਲਾਈਵ ਸਟ੍ਰੀਮ ਸ਼ੁਰੂ ਕਰਨ ਤੋਂ ਬਾਅਦ ਉਸ ਨੇ ਆਪਣਾ ਫੋਨ ਹੇਠਾਂ ਰੱਖ ਦਿੱਤਾ ਤੇ ਫੇਰ ਆਪਣੇ 'ਤੇ ਜਲਣਸ਼ੀਲ ਤਰਲ ਛਿੜਕਿਆ ਅਤੇ ਅੱਗ ਲਗਾ ਲਈ। ਉਸ ਨੇ ਅੱਗ ਲਾਉਂਦਿਆਂ ਕਿਹਾ ਕਿ ਉਹ ਹੁਣ (ਗਾਜ਼ਾ 'ਚ) ਨਸਲਕੁਸ਼ੀ

● ਬਾਕੀ ਸਫ਼ਾ 2 'ਤੇ

## ਸਵਾਮੀਨਾਥਨ ਨੂੰ 'ਭਾਰਤ ਰਤਨ' ਕਿਸਾਨ ਵਿਰੋਧੀ ਪੈਂਤੜੇ ਤੋਂ ਧਿਆਨ ਭਟਕਾਉਣ ਲਈ

**ਮੁੰਬਈ** : ਐੱਨ ਸੀ ਪੀ (ਸ਼ਰਦਚੰਦਰ ਪਵਾਰ) ਨੇ ਕਿਹਾ ਹੈ ਕਿ ਮੋਦੀ ਸਰਕਾਰ ਨੇ ਖੇਤੀ ਵਿਗਿਆਨੀ ਡਾ. ਐੱਮ ਐੱਸ ਸਵਾਮੀਨਾਥਨ ਨੂੰ ਭਾਰਤ ਰਤਨ ਆਪਣੇ ਕਿਸਾਨ-ਵਿਰੋਧੀ ਪੈਂਤੜੇ ਤੋਂ ਲੋਕਾਂ ਦਾ ਧਿਆਨ ਭਟਕਾਉਣ ਲਈ ਦਿੱਤਾ। ਪਾਰਟੀ ਦੇ ਕੌਮੀ ਬੁਲਾਰੇ ਕਲਾਈਡੇ ਕ੍ਰੈਸਟੋ ਨੇ ਕਿਹਾ ਕਿ ਕਿਸਾਨਾਂ ਦੀਆਂ ਪ੍ਰਮੁੱਖ ਮੰਗਾਂ ਵਿੱਚੋਂ ਇਕ ਸਵਾਮੀਨਾਥਨ ਫਾਰਮੂਲੇ ਦੇ ਆਧਾਰ 'ਤੇ ਘੱਟੋ-ਘੱਟ ਇਮਦਾਦੀ ਭਾਅ (ਐੱਮ ਐੱਸ ਪੀ) ਲਾਗੂ ਕਰਨੀ ਹੈ, ਪਰ ਕੇਂਦਰ ਇਸ ਤੋਂ ਇਨਕਾਰੀ ਹੈ। ਕ੍ਰੈਸਟੋ ਨੇ ਇਕ ਬਿਆਨ ਵਿਚ ਕਿਹਾ ਕਿ ਕਿਸਾਨ ਦੋ ਹਫਤਿਆਂ ਤੋਂ ਵੱਧ ਸਮੇਂ ਤੋਂ ਅੰਦੋਲਨ ਕਰ ਰਹੇ ਹਨ। ਉਨ੍ਹਾਂ ਨੂੰ ਆਪਣੀਆਂ ਮੰਗਾਂ ਦੱਸਣ ਲਈ ਦਿੱਲੀ ਆਉਣ ਤੋਂ ਰੋਕਿਆ ਜਾ ਰਿਹਾ ਹੈ। ਕਿਸਾਨਾਂ ਨੇ 2020-21 ਵਿਚ ਵੀ ਪ੍ਰੋਟੈੱਸਟ ਕੀਤਾ ਸੀ ਤੇ ਕਈ ਜਾਨਾਂ ਗੁਆਈਆਂ ਸਨ। ਜੇ ਭਾਜਪਾ ਸੱਚੀਮੁੱਚੀਂ ਸਵਾਮੀਨਾਥਨ ਨੂੰ ਭਾਰਤ ਰਤਨ ਦੇਣਾ ਚਾਹੁੰਦੀ ਸੀ ਤਾਂ ਉਸ ਨੂੰ ਐੱਮ ਐੱਸ ਪੀ ਦਾ ਫਾਰਮੂਲਾ ਲਾਗੂ ਕਰਨਾ ਚਾਹੀਦਾ ਹੈ।

## ਰੂਸੀ ਫੌਜ ਨੇ ਭਾਰਤੀ ਸਹਾਇਕ ਆਜ਼ਾਦ ਕੀਤੇ

**ਨਵੀਂ ਦਿੱਲੀ** : ਵਿਦੇਸ਼ ਮੰਤਰਾਲੇ ਨੇ ਸੋਮਵਾਰ ਕਿਹਾ ਕਿ ਭਾਰਤ ਦੀ ਮੰਗ ਤੋਂ ਬਾਅਦ ਰੂਸੀ ਫੌਜ 'ਚ ਸਹਾਇਕ ਕਰਮਚਾਰੀ ਵਜੋਂ ਕੰਮ ਕਰ ਰਹੇ ਕਈ ਭਾਰਤੀਆਂ ਨੂੰ 'ਆਜ਼ਾਦ' ਕਰ ਦਿੱਤਾ ਗਿਆ ਹੈ। ਮੀਡੀਆ ਰਿਪੋਰਟਾਂ ਅਨੁਸਾਰ ਬਹੁਤ ਸਾਰੇ ਭਾਰਤੀ ਰੂਸੀ ਫੌਜ 'ਚ ਸੁਰੱਖਿਆ ਸਹਾਇਕ ਵਜੋਂ ਸੇਵਾ ਨਿਭਾਅ ਰਹੇ ਹਨ ਅਤੇ ਉਨ੍ਹਾਂ ਨੂੰ ਯੂਕਰੇਨ ਨਾਲ ਲੱਗਦੀ ਰੂਸ ਦੀ ਸਰਹੱਦ ਦੇ ਕੁਝ ਖੇਤਰਾਂ 'ਚ ਵਿਰੋਧੀ ਫੌਜਾਂ ਨਾਲ ਲੜਨ ਲਈ ਵੀ ਮਜਬੂਰ ਕੀਤਾ ਗਿਆ। ਭਾਰਤ ਨੇ ਆਪਣੇ ਨਾਗਰਿਕਾਂ ਨੂੰ ਜੰਗ ਤੋਂ ਦੂਰ ਰਹਿਣ ਲਈ ਕਿਹਾ ਹੈ।

## ਅਮਰੀਕਾ 'ਚ ਮਨੁੱਖੀ ਤਸਕਰੀ 'ਚ ਭਾਰਤੀ ਗ੍ਰਿਫਤਾਰ

**ਨਿਊ ਯਾਰਕ** : ਜਨਵਰੀ 2022 ਦੀ ਮਨੁੱਖੀ ਤਸਕਰੀ ਦੀ ਘਟਨਾ ਦੀ ਜਾਂਚ ਦੇ ਸੰਬੰਧ 'ਚ ਸ਼ਿਕਾਗੋ 'ਚ ਭਾਰਤੀ ਮੂਲ ਦੇ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਘਟਨਾ 'ਚ ਗੁਜਰਾਤੀ ਪਰਵਾਰ ਦੇ ਦੋ ਬੱਚਿਆਂ ਸਮੇਤ ਚਾਰ ਜੀਆਂ ਦੀ ਮੌਤ ਉਦੋਂ ਠੰਢ 'ਚ ਹੋ ਗਈ ਸੀ, ਜਦੋਂ ਉਨ੍ਹਾਂ ਨੂੰ ਕੈਨੇਡਾ ਤੋਂ ਅਮਰੀਕਾ ਗੈਰਕਾਨੂੰਨੀ ਢੰਗ ਨਾਲ ਦਾਖਲ ਕਰਵਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ। ਮੁਲਜ਼ਮ ਹਰਸ਼ਕੁਮਾਰ ਰਮਨਲਾਲ ਪਟੇਲ ਨੂੰ ਸ਼ਿਕਾਗੋ ਦੇ ਓ'ਹਾਰੇ ਕੌਮਾਂਤਰੀ ਹਵਾਈ ਅੱਡੇ ਤੋਂ ਗ੍ਰਿਫਤਾਰ ਕੀਤਾ ਗਿਆ ਅਤੇ ਉਸ ਨੂੰ 28 ਫਰਵਰੀ ਨੂੰ ਅਦਾਲਤ 'ਚ ਪੇਸ਼ ਕੀਤਾ ਜਾਵੇਗਾ।



## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਸ੍ਰੀ ਚੋਲਾ ਸਾਹਿਬ ਦੇ ਸਾਲਾਨਾ ਜੋੜ ਮੇਲੇ 'ਤੇ **ਡੇਰਾ ਬਾਬਾ ਨਾਨਕ** 2 ਸਫਿਆਂ ਦਾ ਵਿਸ਼ੇਸ਼ ਸਪਲੀਮੈਂਟ 3 ਮਾਰਚ ਦਿਨ ਐਤਵਾਰ ਨੂੰ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਰਮੇਸ਼ ਸ਼ਰਮਾ** ਨਾਲ ਮੋਬਾਇਲ ਨੰਬਰ 98146-30794 'ਤੇ ਸੰਪਰਕ ਕੀਤਾ ਜਾ ਸਕਦਾ ਹੈ।

*-ਜਨਰਲ ਮੈਨੇਜਰ*


## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ ਲੰਘ ਚੁੱਕੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪੋ-ਆਪਣੇ ਕਾਰਡ ਜਲਦੀ ਤੋਂ ਜਲਦੀ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ ਸ਼ੁੱਕਰਵਾਰ ਅਤੇ ਸੋਮਵਾਰ ਨੂੰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨਵਿਆਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

*-ਮੈਨੇਜਰ*

## ਅੱਜ-ਨਾਮਾ


ਬਸਪਾ ਟੀਮ ਦੀ ਬਣੀ ਪਈ ਬੜੀ ਔਕੜ,
ਸਵਾਰ ਹਾਥੀ ਦੇ ਛਾਲਾਂ ਰਹੇ ਮਾਰ ਮੀਆਂ।
ਪਾ-ਪਾ ਕੁੰਡੀਆਂ ਲੈਣੇ ਕਈ ਖਿੱਚ ਲੀਡਰ,
ਦਿੱਸਦਾ ਰੱਖਿਆ ਵਿਰੋਧੀਆਂ ਧਾਰ ਮੀਆਂ।
ਦਬਕਾ ਕੇਸਾਂ ਦਾ ਚੱਲੇ ਪਿਆ ਇੱਕ ਪਾਸੇ,
ਅਹੁਦਿਆਂ ਵਾਲਾ ਹੈ ਨਾਲ ਪ੍ਰਚਾਰ ਮੀਆਂ।
ਵਰਕਰ ਹਾਲੇ ਵੀ ਟੁੱਟਦਾ ਸੁਣੀਂਦਾ ਨਹੀਂ,
ਬਚਿਆ ਹਾਲੇ ਵੀ ਅਸਲ ਆਧਾਰ ਮੀਆਂ।
ਅਗਲੀ ਚੋਣ ਲਈ ਹੱਲਾ ਈ ਚਹੁੰ ਤਰਫੋਂ,
ਧਿਰਾਂ ਕਈਆਂ ਦਾ ਖੁੱਲ੍ਹਾ ਈ ਗੇਟ ਮੀਆਂ।
ਰੜਕਦੀ ਜਾਪਦੀ ਬਸਪਾ ਹੈ ਸਾਰਿਆਂ ਨੂੰ,
ਦੇਣਾ ਚਾਹੁੰਦੇ ਨੇ ਬਿਸਤਰ ਸਮੇਟ ਮੀਆਂ।

*-ਤੀਸ ਮਾਰ ਖਾਂ*

## ਕਿਸਾਨ ਨੂੰ ਮੈਟਰੋ 'ਤੇ ਚੜ੍ਹਨੋਂ ਰੋਕਣ ਵਾਲਾ ਸਕਿਉਰਟੀ ਸੁਪਰਵਾਈਜ਼ਰ ਬਰਖਾਸਤ



**ਬੇਂਗਲੁਰੂ** : ਬੇਂਗਲੁਰੂ ਮੈਟਰੋ ਨੇ ਸੋਮਵਾਰ ਸਕਿਉਰਟੀ ਸੁਪਰਵਾਈਜ਼ਰ ਨੂੰ ਬਰਖਾਸਤ ਕਰ ਦਿੱਤਾ, ਜਿਸ ਨੇ ਇਕ ਕਿਸਾਨ ਨੂੰ ਢੁਕਵੇਂ ਕੱਪੜੇ ਪਹਿਨਣ ਕਾਰਨ ਗੱਡੀ 'ਚ ਚੜ੍ਹਨੋਂ ਰੋਕਿਆ ਸੀ। ਦਰਅਸਲ, ਇਕ ਯਾਤਰੀ ਨੇ ਰਾਜਾਜੀ ਨਗਰ ਮੈਟਰੋ ਸਟੇਸ਼ਨ 'ਤੇ 18 ਫਰਵਰੀ ਦੀ ਘਟਨਾ ਦਾ ਵੀਡੀਓ 'ਐੱਕਸ' 'ਤੇ ਪੋਸਟ ਕੀਤਾ ਸੀ, ਜਿਸ 'ਚ ਢੁਕਵੇਂ ਕੱਪੜੇ ਨਾ ਪਹਿਨਣ ਕਾਰਨ ਸੁਪਰਵਾਈਜ਼ਰ ਕਿਸਾਨ ਨੂੰ ਮੈਟਰੋ ਦੀ ਵਰਤੋਂ ਕਰਨ ਤੋਂ ਰੋਕਦਾ ਦੇਖਿਆ ਗਿਆ। ਕਿਸਾਨ ਦੇ ਕੋਲ ਸੁਰੱਖਿਆ ਜਾਂਚ ਕਤਾਰ 'ਚ ਖੜ੍ਹੇ ਯਾਤਰੀ ਨੇ ਤੁਰੰਤ ਦਖਲ ਦਿੱਤਾ ਅਤੇ ਸੁਰੱਖਿਆ ਕਰਮਚਾਰੀਆਂ ਨੂੰ ਸਵਾਲ ਕੀਤਾ ਕਿ ਉਹ ਕਿਸ ਆਧਾਰ 'ਤੇ ਉਸ ਨੂੰ ਗੱਡੀ 'ਤੇ ਚੜ੍ਹਨੋਂ ਰੋਕ ਰਹੇ ਹਨ। ਕਾਰਤਿਕ ਸੀ ਐਰਾਨੀ ਨੇ ਕਿਸਾਨ ਦੀ ਤਰਫੋਂ ਜਾਇਜ਼ ਟਿਕਟ ਦੇ ਨਾਲ ਇੱਕ ਨਾਗਰਿਕ ਵਜੋਂ ਮੈਟਰੋ ਦੀ ਵਰਤੋਂ ਕਰਨ ਦੇ ਅਧਿਕਾਰ ਲਈ ਲੜਾਈ ਲੜੀ। ਉਸ ਨੇ ਕਿਹਾ ਕਿ ਕਿਸਾਨ ਦੇ ਥੈਲੇ 'ਚ ਅਜਿਹੀ ਕੋਈ ਚੀਜ਼ ਨਹੀਂ, ਜਿਸ ਨੂੰ ਮੈਟਰੋ 'ਚ ਲਿਆਉਣ ਦੀ ਮਨਾਹੀ ਹੋਵੇ। ਉਸ ਨੇ ਸੁਰੱਖਿਆ ਕਰਮਚਾਰੀਆਂ ਨੂੰ ਇਹ ਵੀ ਕਿਹਾ ਕਿ ਉਹ ਉਸ ਨੂੰ ਨਿਯਮ ਦਿਖਾਉਣ, ਜੋ ਮੈਟਰੋ ਯਾਤਰੀਆਂ ਲਈ ਡਰੈੱਸ ਕੋਡ ਲਾਜ਼ਮੀ ਕਰਦਾ ਹੈ।

## ਸੰਤ ਨਿਰੰਕਾਰੀ ਮਿਸ਼ਨ ਦੇ ਸੇਵਾਦਾਰਾਂ ਵੱਲੋਂ ਸਫ਼ਾਈ ਮੁਹਿਮ



**ਦੋਰਾਹਾ (ਹਰਮਿੰਦਰ ਸੇਠ)**-ਬਾਬਾ ਹਰਦੇਵ ਸਿੰਘ ਮੁਖੀ ਨਿਰੰਕਾਰੀ ਮਿਸ਼ਨ ਦੇ ਜਨਮ ਦਿਨ ਨੂੰ ਮੁੱਖ ਰੱਖਦਿਆਂ ਨਿਰੰਕਾਰੀ ਮਿਸ਼ਨ ਦੇ ਸੇਵਾਦਾਰਾਂ ਵੱਲੋਂ ਮਾਨਪੁਰ ਹੈਡ ਗੁਰਬਲੀ ਨਹਿਰ ਦੇ ਉੱਪਰ ਨਹਿਰ ਦੇ ਆਲੇ-ਦੁਆਲੇ ਅਤੇ ਇਸ ਪਟੜੀਆਂ ਦੀ ਸਫ਼ਾਈ ਕੀਤੀ ਗਈ। ਅੰਮ੍ਰਿਤ ਜਲ, ਅੰਮ੍ਰਿਤ ਮਨ ਪ੍ਰੋਜੈਕਟ ਦੇ ਅਧੀਨ ਸੰਤ ਨਿਰੰਕਾਰੀ ਮੰਡਲ ਦੋਰਾਹਾ ਵੱਲੋਂ ਮਾਨਪੁਰ ਹੈੱਡ 'ਤੇ ਸਫ਼ਾਈ ਅਭਿਆਨ ਚਲਾਇਆ ਗਿਆ, ਜਿਸ ਵਿੱਚ ਨਹਿਰ ਦੇ ਕੰਢਿਆਂ ਦੀ ਨਾਲ ਬਣੀ ਇੱਕ ਪਾਰਕ ਦੀ ਵੀ ਸਫ਼ਾਈ ਕੀਤੀ ਗਈ। ਨਿਰੰਕਾਰੀ ਮੰਡਲ ਦੇ 70 ਸੇਵਾਦਾਰ ਭੈਣਾਂ-ਭਰਾਵਾਂ ਨੇ ਤਨ, ਮਨ ਨਾਲ ਸੇਵਾ ਕੀਤੀ। ਬਾਬਾ ਹਰਦੇਵ ਸਿੰਘ ਜੀ ਦੇ ਜਨਮ ਦਿਨ ਦੀ ਖ਼ੁਸ਼ੀ ਵਿੱਚ ਇਹ ਆਯੋਜਨ ਕੀਤਾ ਗਿਆ। ਇਸ ਮੌਕੇ ਮੰਡਲ ਮੁਖੀ ਦੋਰਾਹਾ ਵੱਲੋਂ ਦੱਸਿਆ ਕਿ ਇਹ ਪ੍ਰੋਗਰਾਮ ਹਰੇਕ ਸਾਲ ਬਾਬਾ ਹਰਦੇਵ ਸਿੰਘ ਮਹਾਰਾਜ ਜੀ ਦੇ ਜਨਮ ਦਿਨ ਉੱਪਰ ਆਯੋਜਤ ਕੀਤਾ ਜਾਂਦਾ ਹੈ, ਜਿਸਦਾ ਮਾਟੋ 'ਸਵੱਛ ਜਲ, ਸਵੱਛ ਮਨ' ਹੈ, ਜਿੱਥੇ ਵਾਤਾਵਰਣ ਸ਼ੁੱਧ ਹੋਵੇ, ਉਥੇ ਵਿਚਾਰਾਂ ਵਿੱਚ ਵੀ ਸ਼ੁੱਧਤਾ ਪੈਦਾ ਹੋਵੇਗੀ।

## ਸਾਥੀ ਦੇਵਿੰਦਰ ਗੁਪਤਾ ਨੂੰ ਸ਼ਰਧਾਂਜਲੀ ਭੇਟ



**ਮੋਗਾ (ਪੱਤਰ ਪ੍ਰੇਰਕ)**-ਸੀਨੀਅਰ ਸਿਟੀਜ਼ਨ ਕੌਂਸਲ ਦੀ ਜਨਰਲ ਬਾਡੀ ਦੀ ਮੀਟਿੰਗ ਰੈੱਡ ਕਰਾਸ ਡੇਅ ਕੇਅਰ ਸੈਂਟਰ ਪ੍ਰਬੰਧਕੀ ਕੰਪਲੈਕਸ ਵਿਖੇ ਕੌਂਸਲ ਦੇ ਪ੍ਰਧਾਨ ਸ੍ਰੀ ਸਰਦਾਰੀ ਲਾਲ ਕਾਮਰਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਅਰੰਭ ਵਿੱਚ ਕੌਂਸਲ ਮੈਂਬਰਾਂ ਨੇ ਦੋ ਮਿੰਟ ਮੋਨ ਧਾਰ ਕੇ ਵਿਛੋੜਾ ਦੇ ਗਏ ਸਾਥੀ ਦਵਿੰਦਰ ਕੁਮਾਰ ਗੁਪਤਾ ਨੂੰ ਸ਼ਰਧਾਂਜਲੀ ਭੇਟ ਕੀਤੀ। ਸ੍ਰੀ ਕਾਮਰਾ ਨੇ ਸਮੂਹ ਮੈਂਬਰਾਂ ਨੂੰ ਅਪੀਲ ਕੀਤੀ ਕਿ ਸਵ: ਗੁਪਤਾ ਦੇ ਪਰਵਾਰ ਵੱਲੋਂ ਆਯੋਜਤ ਸ਼ਰਧਾਂਜਲੀ ਸਮਾਰੋਹ ਵਿੱਚ ਵੱਧ ਤੋਂ ਵੱਧ ਮੈਂਬਰ ਸ਼ਾਮਲ ਹੋਣ।

## ਡਾ. ਪਰਮਿੰਦਰ ਕੌਰ ਐਡੀਸ਼ਨਲ ਅਕਾਦਮਿਕ ਡਾਇਰੈਕਟਰ ਬਣੇ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਡੀ ਐਮ ਸਕੂਲ ਕਰਾੜਵਾਲਾ ਵਿਖੇ ਡਾ. ਪਰਮਿੰਦਰ ਕੌਰ ਐਡੀਸ਼ਨਲ ਅਕਾਦਮਿਕ ਡਾਇਰੈਕਟਰ ਦੇ ਅਹੁਦੇ 'ਤੇ ਬਿਰਾਜਮਾਨ ਹੋਏ। ਇਸ ਮੌਕੇ ਸੰਸਥਾ ਵਿੱਚ ਉਲੀਕੇ ਗਏ ਇੱਕ ਪ੍ਰਭਾਵਸ਼ਾਲੀ ਪ੍ਰੋਗਰਾਮ ਦੌਰਾਨ ਡਾ. ਪਰਮਿੰਦਰ ਕੌਰ ਨੇ ਆਪਣੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦੇ ਹੋਏ ਦੱਸਿਆ ਕਿ ਉਹ ਤਕਰੀਬਨ ਦੋ ਦਹਾਕਿਆਂ ਤੋਂ ਐਜੂਕੇਸਨ ਦੇ ਖੇਤਰ ਵਿੱਚ ਸਰਗਰਮ ਹਨ। ਡਾ. ਪਰਮਿੰਦਰ ਕੌਰ, ਐਮ.ਐਸ.ਸੀ ਗਣਿਤ, ਬੀ.ਐਡ, ਸਾਹਿਤ ਦੇ ਡਾਕਟਰੀ (ਪੀ.ਐਚ.ਡੀ), ਆਦਰਸ਼ ਪ੍ਰਿੰਸੀਪਲ ਐਵਾਰਡੀ ਹਨ। ਉਹ ਇੰਟਰਨੈਸ਼ਨਲ ਇੰਸਟੀਚਿਊਟ ਆਫ਼ ਐਜੂਕੇਸ਼ਨ ਐਂਡ ਮੈਨੇਜਮੈਂਟ ਦੁਆਰਾ ਆਰ ਜੀ ਐਜੂਕੇਸ਼ਨ ਐਕਸੀਲੈਂਸ ਐਵਾਰਡ ਦੇ ਵੀ ਜੇਤੂ ਰਹੇ ਹਨ। ਇਸ ਤੋਂ ਇਲਾਵਾ 2014-16 ਦੋ ਸਾਲ ਲਗਾਤਾਰ ਸਿੱਖਿਆ ਦੇ ਖੇਤਰ ਵਿੱਚ ਉਸ ਦੇ ਸਾਨਦਾਰ ਯੋਗਦਾਨ ਲਈ ਸਮ੍ਰਿਤੀ ਜੁਬਿਨ ਇਰਾਨੀ (ਮਨੁੱਖੀ ਸਰੋਤ ਵਿਕਾਸ ਮੰਤਰੀ) ਦੁਆਰਾ ਉਨ੍ਹਾਂ ਨੂੰ ਨਿਵਾਜ਼ਿਆ ਗਿਆ ਹੈ। ਅਖੀਰ ਵਿੱਚ ਸੰਸਥਾ ਦੇ ਚੇਅਰਮੈਨ ਇੰਜੀਨੀਅਰ ਅਵਤਾਰ ਸਿੰਘ ਢਿੱਲੋਂ ਨੇ ਉਨ੍ਹਾਂ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਭਾਵੇਂ ਸੰਸਥਾ ਦੀ ਮੈਨੇਜਮੈਂਟ ਪਹਿਲਾਂ ਵੀ ਇਲਾਕੇ ਵਿੱਚ ਉਚੇਰੀ ਸਿੱਖਿਆ ਤੇ ਅਗਾਂਹਵਧੂ ਸੋਚ ਦੀ ਧਾਰਨੀ ਮੰਨੀ ਜਾਂਦੀ ਹੈ, ਪਰ ਫਿਰ ਵੀ ਡਾ. ਪਰਮਿੰਦਰ ਕੌਰ ਦੀ ਮੌਜੂਦਗੀ ਸੰਸਥਾ ਵਾਸਤੇ ਨਵੀਆਂ ਬੁਲੰਦੀਆਂ 'ਤੇ ਪਹੁੰਚਣ ਵਿੱਚ ਸਹਾਇਕ ਸਿੱਧ ਹੋਵੇਗੀ।

## ਸ੍ਰੀ ਜੈਨ ਸ਼ਵੇਤਾਂਬਰ ਤੇਰਾ ਪੰਥ ਦੀ ਹੋਈ ਮੀਟਿੰਗ



**ਜਗਰਾਉਂ (ਅਮਿਤ ਖੰਨਾ)**-ਸ੍ਰੀ ਜੈਨ ਸਵੇਤਾਂਬਰ ਤੇਰਾਪੰਥ ਸਭਾ ਦੀ ਜਨਰਲ ਮੀਟਿੰਗ ਤੇਰਾਪੰਥ ਭਵਨ ਵਿਖੇ ਸ੍ਰੀ ਵਿਨੋਦ ਜੈਨ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਜਗਰਾਉਂ ਚਤੁਰਮਾਸ ਅਤੇ 2026 ਤੋਂ ਬਾਅਦ ਆਚਾਰੀਆ ਸ੍ਰੀ ਮਹਾਸ੍ਰਮਣ ਜੀ ਦੀ ਪੰਜਾਬ ਫੇਰੀ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਵਿਸਤ੍ਰਿਤ ਵਿਚਾਰ ਵਟਾਂਦਰੇ ਤੋਂ ਬਾਅਦ ਸ੍ਰੀ ਵਿਸ਼ਾਲ ਜੈਨ ਪਾਟਨੀ, ਡਾਇਰੈਕਟਰ, ਮਹਾਪ੍ਰਗਯ ਸਕੂਲ ਨੂੰ ਅਚਾਰੀਆ ਸ੍ਰੀ ਦੇ ਸੰਭਾਵਿਤ ਠਹਿਰਾਅ ਦੇ ਪ੍ਰਬੰਧਾਂ ਲਈ ਸੰਯੋਜਕ ਵਜੋਂ ਚੁਣਿਆ ਗਿਆ। ਸ੍ਰੀ ਵਿਸ਼ਾਲ ਜੈਨ ਨੇ ਦੱਸਿਆ ਕਿ 1979 ਤੋਂ ਬਾਅਦ ਇਹ ਪਹਿਲਾ ਮੌਕਾ ਹੈ, ਜਦੋਂ ਪੰਜਾਬ ਵਿੱਚ ਸ੍ਰੀ ਜੈਨ ਸ਼ਵੇਤਾਂਬਰ ਧਰਮਸੰਘ ਦੇ ਆਚਾਰੀਆ ਦਾ ਚਤੁਰਮਾਸ ਹੋ ਸਕਦਾ ਹੈ। ਇਹ ਇੱਕ ਦੁਰਲੱਭ ਮੌਕਾ ਹੈ, ਜੋ ਜੀਵਨ ਭਰ ਵਿੱਚ ਮੁੜ ਕਦੇ ਨਹੀਂ ਆਵੇਗਾ, ਜਿਸ ਦਾ ਲਾਭ ਕੇਵਲ ਜੈਨ ਸਮਾਜ ਨੂੰ ਹੀ ਨਹੀਂ, ਸਗੋਂ ਸਮੁੱਚੇ ਜਗਤ ਨੂੰ ਲੈਣਾ ਚਾਹੀਦਾ ਹੈ। ਸਾਨੂੰ ਜਗਰਾਉਂ ਵਿੱਚ ਗੁਰੁਦੇਵ ਦਾ ਵੱਧ ਤੋਂ ਵੱਧ ਨਿਵਾਸ ਮਿਲੇ, ਇਸ ਲਈ ਅਸੀਂ ਸਾਰੇ ਤਨ, ਮਨ, ਧਨ ਨਾਲ ਬੇਨਤੀ ਕਰੀਏ। ਮੀਟਿੰਗ ਵਿੱਚ ਸ੍ਰੀ ਜੈਨ ਸ਼ਵੇਤਾਂਬਰ ਤੇਰਾਪੰਥ ਸਭਾ ਦੇ ਮੀਤ ਪ੍ਰਧਾਨ ਕੁਲਦੀਪ ਚੰਦ ਜੈਨ ਤੇ ਪ੍ਰਵੀਨ ਜੈਨ, ਖ਼ਜ਼ਾਨਚੀ ਸ੍ਰੀ ਅਸ਼ੋਕ ਜੈਨ, ਰਾਜਪਾਲ ਜੈਨ, ਜਨਕ ਰਾਜ ਜੈਨ, ਰਜਿੰਦਰ ਗੋਇਲ, ਵਿਵੇਕ ਜੈਨ, ਵਰੁਣ ਸੰਨੀ ਜੈਨ, ਲਲਿਤ ਜੈਨ, ਸੁਰੇਸ਼ ਜੈਨ, ਮੋਹਿਤ ਜੈਨ ਹਾਜ਼ਰ ਸਨ।

## ਕਾਂਗਰਸੀ ਵਰਕਰਾਂ ਨੇ ਕੱਢਿਆ ਕੈਂਡਲ ਮਾਰਚ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਨ ਚਾਵਲਾ, ਪਰਮਜੀਤ ਸਿੰਘ)**-ਕਾਂਗਰਸੀ ਵਰਕਰਾਂ ਵੱਲੋਂ ਖਨੌਰੀ ਬਾਰਡਰ 'ਤੇ ਸ਼ਹੀਦ ਹੋਏ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਨੂੰ ਸ਼ਰਧਾਂਜਲੀ ਦੇਣ ਦੇ ਲਈ ਕੈਂਡਲ ਮਾਰਚ ਕੱਢਿਆ ਗਿਆ। ਇਹ ਕੈਂਡਲ ਮਾਰਚ ਮੁਕਤਸਰ ਦੇ ਰੈੱਡ ਕਰਾਸ ਭਵਨ ਤੋਂ ਸ਼ੁਰੂ ਹੋ ਕੇ ਕੋਟਕਪੂਰਾ ਚੌਂਕ ਵਿਖੇ ਆ ਕੇ ਸਮਾਪਤ ਹੋਇਆ। ਇਸ ਮੌਕੇ ਕਾਂਗਰਸੀ ਵਰਕਰਾਂ ਵੱਲੋਂ ਜਿੱਥੇ ਸ਼ਹੀਦ ਹੋਏ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ, ਉੱਥੇ ਹਰਿਆਣਾ ਦੀ ਖੱਟਰ ਸਰਕਾਰ ਅਤੇ ਕੇਂਦਰ ਦੀ ਮੋਦੀ ਸਰਕਾਰ ਦੇ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ ਅਤੇ ਸ਼ਹੀਦ ਕਿਸਾਨ ਦੇ ਪਰਵਾਰ ਨੂੰ ਇਨਸਾਫ਼ ਦਿਵਾਉਣ ਦੀ ਗੱਲ ਵੀ ਕਹੀ।

## ਸਰਬੱਤ ਦੇ ਭਲੇ ਲਈ ਜਾਪ ਕਰਵਾਏ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦੁਆਰਾ ਗੁਰੂ ਰਾਮਦਾਸਪੁਰੀ ਅਰਮਾਨਪੁਰਾ (ਆਸਲ) ਵਿਖੇ ਸਰਬੱਤ ਦੇ ਭਲੇ ਲਈ 20ਵੇਂ ਜਾਪ ਦੀ ਸਮਾਪਤੀ 25 ਫਰਵਰੀ ਨੂੰ ਬਾਬਾ ਚਰਨਦਾਸ ਜੀ ਦੇ ਜਨਮ ਦਿਨ 'ਤੇ ਸ੍ਰੀ ਸਹਿਜ ਪਾਠ ਦੇ ਭੋਗ ਉਪਰੰਤ ਕੀਤੀ ਗਈ।ਇਸ ਮੌਕੇ ਖੁੱਲ੍ਹੇ ਪੰਡਾਲ ਵਿੱਚ ਦੀਵਾਨ ਸਜਾਏ ਗਏ, ਜਿਨ੍ਹਾਂ ਵਿੱਚ ਕਥਾ ਵਾਚਕ ਤੇ ਰਾਗੀ ਸਿੰਘਾਂ ਨੇ ਸੰਗਤਾਂ ਨੂੰ ਕਥਾ ਵਿਚਾਰਾਂ ਤੇ ਕੀਰਤਨ ਨਾਲ ਨਿਹਾਲ ਕੀਤਾ।ਇਸ ਮੌਕੇ ਗੁਰਦੁਆਰਾ ਗੁਰੂ ਰਾਮਦਾਸਪੁਰੀ ਦੇ ਮੁੱਖ ਸੇਵਾਦਾਰ ਭਗਤ ਬਾਬਾ ਮਿਲਖਾ ਸਿੰਘ ਨੇ ਸਰਬੱਤ ਦੇ ਭਲੇ ਤੇ ਕਿਸਾਨਾਂ ਦੀ ਕਿਸਾਨੀ ਮੋਰਚੇ ਵਿੱਚ ਫਤਿਹ ਹੋਣ ਦੀ ਅਰਦਾਸ ਬੇਨਤੀ ਕੀਤੀ।ਬਾਬਾ ਜੀ ਨੇ ਕਿਹਾ ਕਿ ਕਿਸਾਨ ਵੀਰ ਆਪਣੀਆਂ ਜਾਇਜ਼ਾ ਮੰਗਾਂ ਸਰਕਾਰ ਤੋਂ ਮਨਵਾਉਣ ਲਈ ਰੋਸ ਪ੍ਰਦਰਸ਼ਨ ਕਰ ਰਹੇ ਹਨ।ਬਾਬਾ ਜੀ ਨੇ ਜਾਪ ਵਿੱਚ ਸ਼ਾਮਲ ਹੋਣ ਵਾਲੀਆਂ ਦੂਰੋਂ ਨੇੜਿਓ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ।ਉਪਰੰਤ ਗੁਰੂ ਘਰ ਦਾ ਲੰਗਰ ਅਤੁੱਟ ਵਰਤਾਇਆ ਗਿਆ।

## ਸ਼ਿਵ ਭੋਲਾ ਨਿਸ਼ਕਾਮ ਸੇਵਾ ਸੰਮਤੀ ਨੇ ਲੜਕੀਆਂ ਦੇ ਸਮੂਹਕ ਵਿਆਹ ਕਰਵਾਏ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸ਼ਿਵ ਭੋਲਾ ਨਿਸ਼ਕਾਮ ਸੇਵਾ ਸੰਮਤੀ ਧੂਰੀ ਵੱਲੋਂ ਸਥਾਨਕ ਮੰਗਲਾ ਆਸ਼ਰਮ ਵਿਖੇ ਕਰਵਾਏ ਗਏ। 19ਵੇਂ ਸਮਾਗਮ ਦੌਰਾਨ ਜ਼ਰੂਰਤਮੰਦ ਪਰਿਵਾਰਾਂ ਦੀਆਂ ਸੱਤ ਲੜਕੀਆਂ ਦੇ ਸਮੂਹਕ ਵਿਆਹ ਕਰਵਾਏ ਗਏ।ਇਸ ਮੌਕੇ ਸੰਮਤੀ ਦੇ ਪ੍ਰਧਾਨ ਰਮੇਸ਼ ਕੁਮਾਰ ਗਰਗ ਦੀ ਅਗਵਾਈ ਹੇਠ ਜਿੱਥੇ ਆਈਆਂ ਬਾਰਾਤਾਂ ਦਾ ਸਵਾਗਤ ਕੀਤਾ ਗਿਆ, ਉਥੇ ਹਰੇਕ ਜੋੜੇ ਨੂੰ ਤੋਹਫੇ ਦੇ ਰੂਪ 'ਚ ਘਰੇਲੂ ਵਰਤੋਂ ਦਾ ਸਾਮਾਨ ਦਿੱਤਾ ਗਿਆ। ਰਮੇਸ਼ ਗਰਗ ਨੇ ਦਾਨੀ ਸੱਜਣਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਸਥਾ ਵੱਲੋਂ ਪਿਛਲੇ 18 ਸਾਲਾਂ ਤੋਂ ਸਮਾਜ ਸੇਵਾ ਦੇ ਖੇਤਰ 'ਚ ਯੋਗਦਾਨ ਪਾਉਂਦਿਆਂ ਹਰ ਸਾਲ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਲੋੜਮੰਦ ਪਰਵਾਰਾਂ ਦੀਆਂ ਲੜਕੀਆਂ ਦੇ ਸਮੂਹਕ ਵਿਆਹ ਕਰਵਾਏ ਜਾਂਦੇ ਹਨ।ਇਸ ਮੌਕੇ ਸੇਵਾ ਮੁਕਤ ਡੀ ਪੀ ਆਰ ਓ ਮਨਜੀਤ ਸਿੰਘ ਬਖ਼ਸ਼ੀ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਮੇਸ਼ ਕੁਮਾਰ ਸ਼ਰਮਾ ਤੇ ਬਲਾਕ ਪ੍ਰਧਾਨ ਮਿਲਖ ਰਾਜ ਤੇ ਸੰਮਤੀ ਦੇ ਸਕੱਤਰ ਗੁਲਸ਼ਨ ਕੁਮਾਰ, ਮੀਤ ਪ੍ਰਧਾਨ ਰਜਿੰਦਰਪਾਲ ਤੇ ਖਜ਼ਾਨਚੀ ਸੋਨੀ ਧੀਰ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਹਾਜ਼ਰ ਸਨ।

# ਸਰਕਾਰਾਂ ਮਨਰੇਗਾ ਕਾਨੂੰਨ ਨੂੰ ਖ਼ਤਮ ਕਰਨ ਦੇ ਰਾਹ ਪਈਆਂ : ਜਗਸੀਰ ਖੋਸਾ

### ਕੰਮ ਦੇ ਪੈਸੇ ਤੁਰੰਤ ਜਾਰੀ ਨਾ ਹੋਣ 'ਤੇ ਸੰਘਰਸ਼ ਦੀ ਚਿਤਾਵਨੀ



**ਮੋਗਾ (ਪੱਤਰ ਪ੍ਰੇਰਕ)**-ਨਰੇਗਾ ਕਾਮਿਆਂ ਵੱਲੋਂ ਕੀਤੇ ਕੰਮ ਦੇ ਪੈਸੇ ਤੁਰੰਤ ਜਾਰੀ ਕੀਤੇ ਜਾਣ ਨਹੀਂ ਤਾਂ ਨਰੇਗਾ ਕਾਮੇ ਸੰਘਰਸ਼ ਦਾ ਰਾਹ ਮੱਲਣ ਲਈ ਮਜਬੂਰ ਹੋਣਗੇ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੇ ਸੂਬਾ ਜਨਰਲ ਸਕੱਤਰ ਜਗਸੀਰ ਸਿੰਘ ਖੋਸਾ ਨੇ ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਜਦੋਂ ਤੋਂ ਹੋਂਦ ਵਿੱਚ ਆਈ ਹੈ, ਉਦੋਂ ਤੋਂ ਹੀ ਕਿਰਤੀ ਲੋਕਾਂ ਦੀ ਹਾਲਤ ਪਹਿਲਾਂ ਨਾਲੋਂ ਵੀ ਬਦਤਰ ਬਣੀ ਹੋਈ ਹੈ। ਲੋਕ ਪੱਖੀ ਵਿਚਾਰਧਾਰਾ ਨੂੰ ਪ੍ਰਣਾਈਆਂ ਜਥੇਬੰਦੀਆਂ ਤੇ ਪਾਰਟੀਆਂ ਦੇ ਪਾਰਲੀਮੈਂਟ ਦੇ ਬਾਹਰ ਅਤੇ ਅੰਦਰ ਕੀਤੇ ਸੰਘਰਸ਼ ਕਾਰਨ ਪੇਂਡੂ ਕਿਰਤੀ ਲੋਕਾਂ ਨੂੰ ਪਹਿਲੀ ਵਾਰ ਕੰਮ ਦੀ ਗਾਰੰਟੀ ਦੇਣ ਵਾਲਾ ਕਾਨੂੰਨ ਨਰੇਗਾ ਹੋਂਦ ਵਿੱਚ ਆਇਆ ਸੀ, ਪਰ ਮੌਜੂਦਾ ਸਮੇਂ ਵਿਚ ਸਰਕਾਰਾਂ ਇਸ ਕਾਨੂੰਨ ਨੂੰ ਖ਼ਤਮ ਕਰਨ ਦੇ ਰਾਹ ਪਈਆਂ ਹੋਈਆਂ ਸਨ, ਜਿਸ ਨੂੰ ਨਰੇਗਾ ਕਾਮੇ ਹਰਗਿਜ਼ ਬਰਦਾਸ਼ਤ ਨਹੀਂ ਕਰਨਗੇ।ਉਨ੍ਹਾਂ ਦੱਸਿਆ ਕਿ ਪਿਛਲੇ ਤਕਰੀਬਨ 3 ਮਹੀਨਿਆਂ ਤੋਂ ਨਰੇਗਾ ਕਾਮਿਆਂ ਵੱਲੋਂ ਕੀਤੇ ਕੰਮ ਦੇ ਪੈਸੇ ਉਨ੍ਹਾਂ ਦੇ ਖਾਤਿਆਂ ਵਿੱਚ ਨਹੀਂ ਪਏ, ਜੋ ਕਿ ਨਰੇਗਾ ਐਕਟ ਦੀ ਸ਼ਰੇਆਮ ਉਲੰਘਣਾ ਹੈ, ਕਿਉਂਕਿ ਨਰੇਗਾ ਕਾਮਿਆਂ ਦੀ ਉਜਰਤ ਪੰਦਰਾਂ ਦਿਨਾਂ ਤੋਂ ਜ਼ਿਆਦਾ ਲੇਟ ਨਹੀਂ ਕੀਤੀ ਜਾ ਸਕਦੀ।ਜੇਕਰ ਸਰਕਾਰ ਅਜਿਹਾ ਕਰਦੀ ਹੈ ਤਾਂ ਨਰੇਗਾ ਮਜ਼ਦੂਰਾਂ ਨੂੰ ਉਜਰਤ ਦੇ ਨਾਲ ਹਰਜਾਨੇ ਦੇ ਰੂਪ ਵਿੱਚ ਵਾਧੂ ਪੈਸੇ ਦੇਣ ਦੀ ਵਿਵਸਥਾ ਹੈ, ਪਰ ਮਜ਼ਦੂਰ ਵਿਰੋਧੀ ਨੀਤੀ ਕਾਰਨ ਸਰਕਾਰ ਅਜਿਹਾ ਨਹੀਂ ਕਰਦੀ, ਜਿਸ ਕਾਰਨ ਮਜ਼ਦੂਰਾਂ ਦੇ ਹੱਕਾਂ 'ਤੇ ਡਾਕਾ ਵੱਜ ਰਿਹਾ ਹੈ।ਇਸ ਤੋਂ ਇਲਾਵਾ ਉਨ੍ਹਾਂ ਐਨ ਐਮ ਐਮ ਐਸ ਐਪ ਰਾਹੀਂ ਲੱਗਣ ਵਾਲੀ ਹਾਜ਼ਰੀ ਵੀ ਬੰਦ ਕਰਕੇ ਪਹਿਲਾਂ ਦੀ ਤਰ੍ਹਾਂ ਸਿਰਫ ਮਸਟਰੋਲ 'ਤੇ ਹਾਜ਼ਰੀ ਲਗਵਾਉਣ ਦੀ ਮੰਗ ਕੀਤੀ, ਕਿਉਂਕਿ ਇੱਕ ਵਰਕਸ਼ੈੱਡ ਦੀ ਹਾਜ਼ਰੀ ਇੱਕ ਹੀ ਜਗ੍ਹਾ ਤੋਂ ਲੱਗਣ ਦੀ ਸ਼ਰਤ ਕਾਰਨ ਮਜ਼ਦੂਰਾਂ ਨੂੰ ਬਹੁਤ ਸਮੱਸਿਆਵਾਂ ਆ ਰਹੀਆਂ ਹਨ।ਉਨ੍ਹਾਂ ਕਿਹਾ ਕਿ ਨਰੇਗਾ ਰੁਜ਼ਗਾਰ ਦੀ ਗਾਰੰਟੀ 200 ਦਿਨ ਕਰਵਾਉਣ, ਦਿਹਾੜੀ 1000 ਰੁਪਏ ਕਰਵਾਉਣ, ਨਰੇਗਾ ਦੀ ਕੰਮ ਜਗ੍ਹਾ 'ਤੇ ਹਾਦਸੇ ਦੀ ਸੂਰਤ ਵਿੱਚ ਮਜ਼ਦੂਰ ਪੂਰੀ ਤਰ੍ਹਾਂ ਅਪਾਹਜ ਜਾਂ ਮੌਤ ਕਾਰਨ ਦਿੱਤੀ ਜਾਣ ਵਾਲੀ ਐਕਸਗਰੇਸ਼ੀਆ ਗਰਾਂਟ 25 ਹਜ਼ਾਰ ਤੋਂ ਵਧਾ ਕੇ 5 ਲੱਖ ਕਰਵਾਉਣ ਲਈ ਨਾਲ ਦੀ ਨਾਲ ਸੰਘਰਸ਼ ਜਾਰੀ ਰਹੇਗਾ।

# ਪਿੰਡਾਂ ਦੇ ਸਰਵਪੱਖੀ ਵਿਕਾਸ 'ਚ ਕੋਈ ਕਸਰ ਨਹੀਂ ਛੱਡੀ ਜਾ ਰਹੀ : ਅਮਨ ਅਰੋੜਾ

### ਕੈਬਨਿਟ ਮੰਤਰੀ ਵੱਲੋਂ ਤਕੀਪੁਰ 'ਚ ਜਲ ਸਪਲਾਈ ਸਕੀਮ ਦਾ ਨੀਂਹ ਪੱਥਰ ਤੇ ਵਾਲੀਬਾਲ ਗਰਾਊਂਡ ਦਾ ਉਦਘਾਟਨ



**ਸੁਨਾਮ ਊਧਮ ਸਿੰਘ ਵਾਲਾ (ਹਰਮਨ ਸਿੰਘ ਭੱਟੀ, ਅਸ਼ੋਕ ਬਾਂਸਲ)** : ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਤੇ ਹਲਕਾ ਸੁਨਾਮ ਤੋਂ ਵਿਧਾਇਕ ਅਮਨ ਅਰੋੜਾ ਨੇ ਪਿੰਡ ਤਕੀਪੁਰ ਵਿੱਚ 70 ਲੱਖ ਰੁਪਏ ਲਾਗਤ ਨਾਲ ਸਾਫ਼ ਪੀਣਯੋਗ ਪਾਣੀ ਦੀ ਘਰ-ਘਰ ਸਪਲਾਈ ਲਈ ਬਣਾਈ ਜਾਣ ਵਾਲੀ ਜਲ ਸਪਲਾਈ ਸਕੀਮ ਦਾ ਨੀਂਹ ਪੱਥਰ ਰੱਖਿਆ ਤੇ ਤਕਰੀਬਨ 4 ਲੱਖ 60 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਵਾਲੀਬਾਲ ਗਰਾਊਂਡ ਦਾ ਉਦਘਾਟਨ ਵੀ ਕੀਤਾ।ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਪੂਰੀ ਸੰਜੀਦਗੀ ਨਾਲ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਇਸੇ ਤਹਿਤ ਹੀ ਪਿੰਡਾਂ ਦੇ ਸਰਵਪੱਖੀ ਵਿਕਾਸ ਦੇ ਸੁਪਨੇ ਨੂੰ ਹਕੀਕਤ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ ਗਤੀਵਿਧੀਆਂ ਨੂੰ ਸੁਨਾਮ ਹਲਕੇ ਵਿੱਚ ਵੀ ਪੂਰੀ ਇਮਾਨਦਾਰੀ ਅਤੇ ਪਾਰਦਰਸ਼ੀ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਹਲਕੇ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਲੋਕਾਂ ਦੀ ਮੰਗ ਅਨੁਸਾਰ ਲੋੜੀਂਦੇ ਵਿਕਾਸ ਪ੍ਰੋਜੈਕਟ ਸ਼ੁਰੂ ਕਰਵਾ ਕੇ ਸਮੇਂ ਸਿਰ ਪੂਰੇ ਕਰਵਾਉਣ ਉਹ ਖ਼ੁਦ ਯਕੀਨੀ ਬਣਾ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਪਿੰਡ ਤੇ ਸ਼ਹਿਰਾਂ ਦੇ ਹਰ ਇਲਾਕੇ ਵਿੱਚ ਲੋੜੀਂਦੇ ਵਿਕਾਸ ਕੰਮ ਉਨ੍ਹਾਂ ਦੀ ਤਰਜੀਹ ਉੱਪਰ ਹਨ ਅਤੇ ਆਪਣੀ ਸਰਕਾਰ ਦੇ ਪੰਜ ਸਾਲ ਦੇ ਕਾਰਜਕਾਲ ਦੌਰਾਨ ਮਿਆਰੀ ਢੰਗ ਨਾਲ ਪੂਰਾ ਕਰਵਾਉਣਾ ਹਰ ਹੀਲੇ ਯਕੀਨੀ ਬਣਾਉਣਗੇ।ਇਸ ਮੌਕੇ ਐਕਸੀਅਨ ਜਲ ਸਪਲਾਈ ਚਮਕ ਸਿੰਗਲਾ, ਪ੍ਰਧਾਨ ਗੁਰਦੀਪ ਸਿੰਘ ਤਕੀਪੁਰ, ਲਖਵਿੰਦਰ ਸਿੰਘ ਸੁਖ ਸਾਹੋਕੇ ਬਲਾਕ ਪ੍ਰਧਾਨ, ਬਲਵਿੰਦਰ ਸਿੰਘ ਢਿੱਲੋਂ, ਮਾਸਟਰ ਬਲਵਿੰਦਰ ਸਿੰਘ, ਸਰਪੰਚ ਦਵਿੰਦਰ ਸਿੰਘ, ਨਿਰਮਲ ਸਿੰਘ ਨੰਬਰਦਾਰ, ਜਸਪਾਲ ਸਿੰਘ, ਗੁਰਮੀਤ ਵਿਰਕ, ਗੁਰਦੇਵ ਸਿੰਘ, ਗੁਰਦੀਪ ਸਿੰਘ ਸ਼ਾਹਪੁਰੀਆ ਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।

# ਬਾਬਾ ਫ਼ਰੀਦ ਕਾਲਜ ਵਿਖੇ 'ਬੀ ਐੱਫ ਸੀ ਈ ਟੀ ਹੈਕ 1.0' ਸਫਲਤਾਪੂਰਵਕ ਸਮਾਪਤ

### ਚੈਂਪੀਅਨ ਟੀਮ ਨੂੰ ਸ਼ਾਨਦਾਰ ਇਨਾਮ ਨਾਲ ਕੀਤਾ ਸਨਮਾਨਤ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਾਬਾ ਫ਼ਰੀਦ ਕਾਲਜ ਆਫ਼ ਇੰਜਨੀਅਰਿੰਗ ਐਂਡ ਟੈਕਨਾਲੋਜੀ ਬਠਿੰਡਾ ਦੇ ਸਕੂਲ ਆਫ਼ ਸਕਿੱਲ ਡਿਵੈਲਪਮੈਂਟ ਵੱਲੋਂ ਗਲੋਬਲ ਪੱਧਰੀ ਹੈਕਾਥਨ 'ਬੀ.ਐਫ.ਸੀ.ਈ.ਟੀ. ਹੈਕ 1.0' ਸ਼ਾਨਦਾਰ ਸਫਲਤਾ ਨਾਲ ਸਮਾਪਤ ਹੋ ਗਿਆ। ਇਸ ਈਵੈਂਟ ਵਿੱਚ ਵੱਖ-ਵੱਖ ਦੇਸ਼ਾਂ ਤੇ ਭਾਰਤ ਦੇ ਵੱਖ-ਵੱਖ ਰਾਜਾਂ ਦੀਆਂ ਟੀਮਾਂ ਦੀ ਉਤਸ਼ਾਹੀ ਭਾਗੀਦਾਰੀ ਦੇਖੀ ਗਈ, ਜਿਸ ਦੌਰਾਨ ਸਾਰੀਆਂ ਟੀਮਾਂ ਨੇ ਨਵੀਨਤਾਕਾਰੀ ਹੱਲ ਤੇ ਕਮਾਲ ਦੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। 36 ਘੰਟਿਆਂ ਤੱਕ ਚੱਲਿਆ ਇਹ ਗਲੋਬਲ ਪੱਧਰੀ ਹੈਕਾਥਨ 'ਬੀ.ਐਫ.ਸੀ.ਈ.ਟੀ. ਹੈਕ 1.0' ਇੱਕ ਰੋਮਾਂਚਕ ਫਾਈਨਲ ਮੁਕਾਬਲੇ ਨਾਲ ਸਮਾਪਤ ਹੋਇਆ। ਇਸ ਈਵੈਂਟ ਦੇ ਸਮਾਪਤੀ ਸਮਾਗਮ ਵਿੱਚ ਆਈ.ਆਈ.ਟੀ. ਰੋਪੜ ਤੋਂ ਆਈ.ਓ. ਟੀ. ਸਿਸਟਮਜ਼ ਦੇ ਪ੍ਰੋਫੈਸਰ ਤੇ ਮੁਖੀ ਡਾ. ਸੁਮਨ ਕੁਮਾਰ ਨੇ ਮੁੱਖ ਮਹਿਮਾਨ ਵਜੋਂ ਅਤੇ ਉਨ੍ਹਾਂ ਦੇ ਨਾਲ ਆਈ.ਆਈ.ਟੀ. ਰੋਪੜ ਤੋਂ ਆਈ ਹੱਬ-ਅਵਧ ਦੇ ਚੀਫ਼ ਇਨੋਵੇਸ਼ਨ ਅਫ਼ਸਰ ਸ਼੍ਰੀ ਮੁਕੇਸ਼ ਕੇਸਤਵਾਲ ਨੇ ਵਿਸ਼ੇਸ਼ ਮਹਿਮਾਨ ਵਜੋਂ ਆਪਣੀ ਹਾਜ਼ਰੀ ਨਾਲ ਇਸ ਸਮਾਗਮ ਦੀ ਸ਼ਾਨ ਤੇ ਹੌਸਲਾ ਵਧਾਇਆ।

ਮੁੱਖ ਮਹਿਮਾਨ ਡਾ. ਸੁਮਨ ਕੁਮਾਰ (ਪ੍ਰੋ. ਤੇ ਆਈ.ਓ.ਟੀ. ਸਿਸਟਮਜ਼ ਦੇ ਮੁਖੀ, ਆਈ.ਆਈ.ਟੀ. ਰੋਪੜ) ਨੇ ਆਪਣੇ ਸੰਬੋਧਨ ਵਿੱਚ ਤਕਨਾਲੋਜੀ ਦੇ ਖੇਤਰ ਵਿੱਚ ਨਵੀਨਤਾ ਤੇ ਸਹਿਯੋਗ ਦੇ ਸੱਭਿਆਚਾਰ ਨੂੰ ਉਤਸ਼ਾਹਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਪ੍ਰਬੰਧਕੀ ਕਮੇਟੀ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਭਾਗੀਦਾਰਾਂ ਨੂੰ ਉੱਤਮਤਾ ਵੱਲ ਆਪਣੇ ਸਫ਼ਰ ਵਿੱਚ ਨਵੇਂ ਦਿਸਹੱਦਿਆਂ ਦੀ ਖੋਜ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ। ਵਿਸ਼ੇਸ਼ ਮਹਿਮਾਨ ਮੁਕੇਸ਼ ਕੇਸਤਵਾਲ ਨੇ ਡਾ. ਕੁਮਾਰ ਦੀਆਂ ਭਾਵਨਾਵਾਂ ਨੂੰ ਦੁਹਰਾਇਆ ਤੇ ਭਾਗ ਲੈਣ ਵਾਲਿਆਂ ਦੇ ਲਚਕੀਲੇਪਣ ਤੇ ਦ੍ਰਿੜ੍ਹ ਇਰਾਦੇ ਦੀ ਤਾਰੀਫ਼ ਕੀਤੀ। ਇੱਕ ਰੋਮਾਂਚਕ ਫਾਈਨਲ ਤੋਂ ਬਾਅਦ, ਟੀਮ ਲੂਜ਼ਰਜ਼ (ਚੰਡੀਗੜ੍ਹ ਯੂਨੀਵਰਸਿਟੀ) ਨੇ ਜੇਤੂ ਬਣ ਕੇ 'ਬੀ.ਐਫ.ਸੀ.ਈ.ਟੀ. ਹੈਕਾਥਨ 1.0' ਦੀ ਚੈਂਪੀਅਨਸ਼ਿਪ ਦਾ ਖਿਤਾਬ ਜਿੱਤਿਆ। ਉਨ੍ਹਾਂ ਨੂੰ ਉਨ੍ਹਾਂ ਦੀ ਮਿਸਾਲੀ ਕਾਰਗੁਜ਼ਾਰੀ ਲਈ 51,000 ਰੁਪਏ ਦੇ ਸ਼ਾਨਦਾਰ ਇਨਾਮ ਨਾਲ ਸਨਮਾਨਤ ਕੀਤਾ ਗਿਆ। ਟੀਮ ਅਲਫਾ ਬੁਆਇਜ਼ (ਬੀ.ਐੱਫ.ਸੀ.ਈ.ਟੀ., ਬਠਿੰਡਾ ਤੇ ਜੇ. ਕੇ. ਇੰਸਟੀਚਿਊਟ ਆਫ਼ ਅਪਲਾਈਡ ਫਿਜ਼ਿਕਸ ਐਂਡ ਟੈਕਨਾਲੋਜੀ, ਪ੍ਰਯਾਗਰਾਜ, ਯੂ.ਪੀ.) ਨੇ 31,000 ਰੁਪਏ ਦਾ ਨਕਦ ਇਨਾਮ ਜਿੱਤ ਕੇ ਦੂਜਾ ਸਥਾਨ ਹਾਸਲ ਕੀਤਾ, ਜਦਕਿ ਟੀਮ ਕੋਡੈਕਸ (ਵਿਵੇਕਾਨੰਦ ਇੰਸਟੀਚਿਊਟ ਆਫ਼ ਪ੍ਰੋਫੈਸ਼ਨਲ ਸਟੱਡੀਜ਼, ਦਿੱਲੀ) ਨੇ ਤੀਜਾ ਸਥਾਨ ਹਾਸਲ ਕਰ ਕੇ 21,000 ਰੁਪਏ ਦਾ ਨਕਦ ਇਨਾਮ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਟੀਮ ਫੈਂਟਮ ਫਲੋਅ (ਚੰਡੀਗੜ੍ਹ ਯੂਨੀਵਰਸਿਟੀ) ਤੇ ਟੀਮ ਪਾਜ਼ੇਟਿਵ ਪਲਸ (ਬੀ.ਐਫ.ਸੀ.ਈ.ਟੀ.) ਨੇ ਕ੍ਰਮਵਾਰ ਚੌਥਾ ਤੇ ਪੰਜਵਾਂ ਸਥਾਨ ਹਾਸਲ ਕੀਤਾ। ਜੱਜਾਂ ਤੇ ਸਲਾਹਕਾਰਾਂ ਦੁਆਰਾ ਸ਼ਾਰਟ ਲਿਸਟ ਕੀਤੀਆਂ ਦੋ ਸਭ ਤੋਂ ਵਿਲੱਖਣ ਟੀਮਾਂ ਸਪਾਰਕ (ਬੀ.ਐੱਫ.ਸੀ.ਈ.ਟੀ.) ਤੇ ਵੈੱਬ ਫੀਨਿਕਸ (ਚੰਡੀਗੜ੍ਹ ਯੂਨੀਵਰਸਿਟੀ) ਨੂੰ ਵੇਅਰ ਯੂ ਏਲੀਵੇਟ ਦੁਆਰਾ ਜਿਊਰੀ ਪੁਰਸਕਾਰ ਪ੍ਰਦਾਨ ਕੀਤੇ ਗਏ। ਸਕੂਲ ਆਫ਼ ਸਕਿੱਲ ਡਿਵੈਲਪਮੈਂਟ, ਬੀ.ਐੱਫ.ਸੀ.ਈ.ਟੀ. ਦੀ ਡੀਨ ਡਾ. ਨਿਮਿਸ਼ਾ ਸਿੰਘ ਨੇ ਸਾਰੇ ਭਾਗੀਦਾਰਾਂ, ਸਪਾਂਸਰਾਂ ਤੇ ਆਯੋਜਕਾਂ ਦਾ ਪੂਰੇ ਸਮਾਗਮ ਦੌਰਾਨ ਉਨ੍ਹਾਂ ਦੇ ਅਟੁੱਟ ਸਮਰਥਨ ਤੇ ਸਮਰਪਣ ਲਈ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਨੇ ਪ੍ਰਤਿਭਾ ਨੂੰ ਪਾਲਣ ਤੇ ਬੀ.ਐੱਫ.ਜੀ.ਆਈ. ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਨੇ ਅਜਿਹੇ ਗਲੋਬਲ ਪੱਧਰੀ ਹੈਕਾਥਨ ਦੇ ਸਫਲਤਾਪੂਰਵਕ ਆਯੋਜਨ ਲਈ ਬਾਬਾ ਫ਼ਰੀਦ ਕਾਲਜ ਆਫ਼ ਇੰਜਨੀਅਰਿੰਗ ਐਂਡ ਟੈਕਨਾਲੋਜੀ, ਬਠਿੰਡਾ ਦੀ ਪ੍ਰਿੰਸੀਪਲ ਡਾ. ਜਯੋਤੀ ਬਾਂਸਲ, ਫੈਕਲਟੀ ਮੈਂਬਰਾਂ, ਸਟਾਫ਼ ਅਤੇ ਵਿਦਿਆਰਥੀਆਂ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ।

# ਸਰਕਾਰੀ ਹਾਈ ਸਕੂਲ ਰਾਜੋਮਾਜਰਾ ਜ਼ਿਲ੍ਹੇ 'ਚੋਂ ਐਲਾਨਿਆ ਅੱਵਲ : ਪ੍ਰੋ. ਉਂਕਾਰ ਸਿੱਧੂ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐਸ.ਡੀ ਪ੍ਰੋਫੈਸਰ ਉਂਕਾਰ ਸਿੰਘ ਸਿੱਧੂ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਸਕੂਲ ਸਿੱਖਿਆ ਵਿਭਾਗ ਵੱਲੋਂ ਹਾਲ ਹੀ ਵਿੱਚ ਈ-ਪੰਜਾਬ ਪੋਰਟਲ ਰਾਹੀਂ ਕਰਾਏ ਗਏ ਸਰਵੇਖਣ ਵਿੱਚ ਹਲਕਾ ਧੂਰੀ ਦੇ ਸਰਕਾਰੀ ਹਾਈ ਸਕੂਲ ਰਾਜੋਮਾਜਰਾ ਨੂੰ ਹਾਈ ਸਕੂਲ ਦੀ ਕੈਟਾਗਿਰੀ ਵਿੱਚ ਸੰਗਰੂਰ ਜ਼ਿਲ੍ਹੇ ਦੇ ਸਭ ਤੋਂ ਵਧੀਆ ਸਕੂਲ ਦਾ ਦਰਜਾ ਦਿੱਤਾ ਗਿਆ ਹੈ ਤੇ ਸਕੂਲ ਨੂੰ ਵਿਕਾਸ ਕੰਮਾਂ ਲਈ 7.50 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ। ਇਸ ਮੌਕੇ ਸਕੂਲ ਮੁਖੀ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਵਧਾਈ ਦਿੰਦਿਆਂ ਪ੍ਰੋਫੈਸਰ ਸਿੱਧੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਮੁਹੱਈਆ ਕਰਾਏ ਜਾ ਰਹੀਆਂ ਸਹੂਲਤਾਂ ਅਤੇ ਸਟਾਫ਼ ਦੀ ਮਿਹਨਤ ਸਦਕਾ ਹੀ ਇਹ ਸਕੂਲ ਪੂਰੇ ਜ਼ਿਲ੍ਹੇ ਵਿੱਚੋਂ ਅੱਵਲ ਐਲਾਨਿਆ ਗਿਆ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਸੁਧਾਰਨ ਦੇ ਨਾਲ-ਨਾਲ ਸਟਾਫ਼ ਦੀ ਤੈਨਾਤੀ ਲਈ ਪਾਰਦਰਸ਼ੀ ਨੀਤੀਆਂ ਅਮਲ ਵਿੱਚ ਲਿਆਂਦੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੀਆਂ ਨੀਤੀਆਂ ਸਦਕਾ ਹੀ ਸਰਕਾਰੀ ਸਕੂਲਾਂ ਵਿੱਚ ਪੜ੍ਹਾਈ ਦਾ ਪੱਧਰ ਦਿਨੋ-ਦਿਨ ਉੱਚਾ ਚੁੱਕਿਆ ਜਾ ਰਿਹਾ ਹੈ। ਪ੍ਰੋਫ਼ੈਸਰ ਸਿੱਧੂ ਨੇ ਕਿਹਾ ਕਿ ਹਲਕੇ ਦੇ ਸਰਕਾਰੀ ਸਕੂਲਾਂ ਦੀ ਦਿਸ਼ਾ ਤੇ ਦਸ਼ਾ ਬਦਲਣ ਲਈ ਪੰਜਾਬ ਸਰਕਾਰ ਦੇ ਨਾਲ-ਨਾਲ ਉਨ੍ਹਾਂ ਵੱਲੋਂ ਮੁੱਖ ਮੰਤਰੀ ਦੀ ਅਗਵਾਈ ਹੇਠ ਵੀ ਨਿੱਜੀ ਪੱਧਰ ਉਪਰ ਨਿਰੰਤਰ ਯਤਨ ਕੀਤੇ ਜਾ ਰਹੇ ਹਨ ਤਾਂ ਜੁ ਦੇਸ਼ ਦਾ ਭਵਿੱਖ ਉੱਜਵਲ ਬਣਾਉਣ ਵਾਲੇ ਵਿਦਿਆਰਥੀਆਂ ਦਾ ਹੁਨਰ ਸਹੀ ਢੰਗ ਨਾਲ ਤਰਾਸ਼ਿਆ ਜਾ ਸਕੇ।

ਉਨ੍ਹਾਂ ਸਰਕਾਰੀ ਸਕੂਲਾਂ ਦੇ ਸਟਾਫ਼ ਨੂੰ ਵੀ ਭਰੋਸਾ ਦਿੱਤਾ ਕਿ ਜੇਕਰ ਹਲਕੇ ਦੇ ਕਿਸੇ ਵੀ ਸਕੂਲ ਵਿੱਚ ਕਿਸੇ ਸੁਧਾਰ ਦੀ ਲੋੜ ਹੋਵੇ ਤਾਂ ਮਾਮਲਾ ਤੁਰੰਤ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ।

## ਨਾਜਾਇਜ਼ ਮਾਈਨਿੰਗ ਦੇ ਦੋਸ਼ 'ਚ ਟ੍ਰਾਲੀ-ਟ੍ਰੈਕਟਰ ਸਣੇ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਵੱਲੋਂ ਨਾਜਾਇਜ਼ ਮਾਈਨਿੰਗ ਕਰਨ ਦੇ ਦੋਸ਼ ਵਿੱਚ 50 ਸਕੇਅਰ ਫੁੱਟ ਰੇਤ ਦੀ ਟ੍ਰਾਲੀ-ਟ੍ਰੈਕਟਰ ਸਣੇ ਇਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ।

ਪ੍ਰਾਪਤ ਜਾਣਕਾਰੀ ਦੇ ਅਨੁਸਾਰ ਪੁਲਸ ਨੂੰ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਰਾਮ ਸਿੰਘ ਪੁੱਤਰ ਹਰਬੰਸ ਸਿੰਘ ਵਾਸੀ ਕੱਚਾ ਕਾਲੇਵਾਲਾ ਉਰਫ ਪੰਜ ਕੋਹੀ, ਜੋਕਿ ਆਪਣੇ ਟ੍ਰੈਕਟਰ 'ਤੇ ਸੇਮਨਾਲਾ ਪਿੰਡ ਤਾਰੇਵਾਲਾ ਤੋਂ ਕਾਠਗੜ੍ਹ ਦੀ ਪੱਟੜੀ 'ਤੇ ਟ੍ਰੈਕਟਰ-ਟ੍ਰਾਲੀ ਲਗਾ ਕੇ ਰੇਤਾ ਭਰ ਰਿਹਾ ਹੈ, ਜੇਕਰ ਹੁਣੇ ਹੀ ਰੇਡ ਕੀਤਾ ਜਾਵੇ ਤਾਂ ਟ੍ਰੈਕਟਰ-ਟ੍ਰਾਲੀ ਤੇ ਰੇਤ ਸਮੇਤ ਕਾਬੂ ਆ ਸਕਦਾ ਹੈ, ਜਿਸ 'ਤੇ ਪੁਲਸ ਪਾਰਟੀ ਨੇ ਉਪਰੋਕਤ ਦੱਸੀ ਹੋਈ ਜਗ੍ਹਾ 'ਤੇ ਛਾਪੇਮਾਰੀ ਕਰਕੇ ਟ੍ਰੈਕਟਰ ਆਇਸ਼ਰ ਤੇ ਟ੍ਰਾਲੀ 50 ਸਕੇਅਰ ਫੁੱਟ ਰੇਤ ਨਾਲ ਭਰੀ ਹੋਈ ਬਰਾਮਦ ਕਰਨ ਦੇ ਨਾਲ ਨਾਲ ਰਾਮ ਸਿੰਘ ਨੂੰ ਵੀ ਹਿਰਾਸਤ ਵਿੱਚ ਲੈ ਲਿਆ। ਥਾਣਾ ਵੈਰੋਕੇ ਵਿਖੇ ਪੁਲਸ ਵੱਲੋਂ ਕੇਸ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।-

## ...ਸਫ਼ਾ 1 ਦੇ ਬਾਕੀ

### ਡਬਲਿਊ ਟੀ ਓ...

ਸਾਰੇ ਜਨਤਕ ਅਦਾਰੇ ਅਡਾਨੀ-ਅੰਬਾਨੀ ਵਰਗੇ ਦੇਸੀ-ਬਦੇਸ਼ੀ ਸਾਮਰਾਜੀ ਕਾਰਪੋਰੇਟਾਂ ਨੂੰ ਕੌਡੀਆਂ ਦੇ ਭਾਅ ਵੇਚੇ ਜਾ ਰਹੇ ਹਨ। ਇਹ ਸਹੂਲਤਾਂ ਆਮ ਕਿਸਾਨਾਂ, ਮਜ਼ਦੂਰਾਂ ਤੇ ਹੋਰ ਕਿਰਤੀਆਂ ਦੀ ਪਹੁੰਚ ਤੋਂ ਬਾਹਰ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੋਦੀ ਹਕੂਮਤ ਨੂੰ ਕਿਸਾਨਾਂ ਦੇ ਕੁਰਬਾਨੀਆਂ ਭਰੇ ਜੁਝਾਰੂ ਸੰਘਰਸ਼ਾਂ ਦੁਆਰਾ ਕੰਧ 'ਤੇ ਲਿਖਿਆ ਜ਼ਰੂਰ ਪੜ੍ਹ ਲੈਣਾ ਚਾਹੀਦਾ ਹੈ ਕਿ ਹਕੂਮਤੀ ਜਬਰ ਸੰਘਰਸ਼ ਕਰਨ ਵਾਲੇ ਕਾਫਲਿਆਂ ਨੂੰ ਅੱਗੇ ਵਧਣ ਤੋਂ ਰੋਕ ਨਹੀਂ ਸਕਦਾ। ਆਗੂਆਂ ਨੇ ਕਿਸਾਨਾਂ-ਮਜ਼ਦੂਰਾਂ ਤੇ ਜਮਹੂਰੀ ਕਾਰਕੁਨਾਂ ਦੇ ਬੋਲਣ, ਲਿਖਣ ਵਰਗੇ ਜਮਹੂਰੀ ਹੱਕਾਂ ਦਾ ਘਾਣ ਕਰ ਰਹੇ ਧਾਰਾ 295-ਏ ਅਤੇ ਯੂ ਏ ਪੀ ਏ ਵਰਗੇ ਕਾਲੇ ਕਾਨੂੰਨਾਂ ਦੇ ਖਾਤਮੇ ਲਈ 27 ਫਰਵਰੀ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋ ਰਹੀ ਸਾਂਝੀ ਸੂਬਾਈ ਕਨਵੈਨਸ਼ਨ 'ਚ ਵਧ-ਚੜ੍ਹ ਕੇ ਸ਼ਾਮਲ ਹੋਣ ਦਾ ਸੱਦਾ ਦਿੱਤਾ।

### ਮਾਨ ਨੇ 457 ...

ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਨਵੇਂ ਭਰਤੀ ਕੀਤੇ ਉਮੀਦਵਾਰਾਂ ਵਿੱਚ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵਿੱਚ 20 ਜੂਨੀਅਰ ਡਰਾਫਟਮੈਨ, ਪਸ਼ੂ ਪਾਲਣ ਵਿਭਾਗ ਵਿੱਚ ਡੇਅਰੀ ਵਿਕਾਸ ਅਫਸਰ, ਕਲਰਕ, ਇੰਕੂਬੇਟਰ ਅਪਰੇਟਰ ਅਤੇ ਮਸ਼ੀਨ ਅਪਰੇਟਰਾਂ ਸਣੇ 32 ਮੁਲਾਜ਼ਮ, ਯੁਵਕ ਸੇਵਾਵਾਂ ਵਿਭਾਗ ਵਿੱਚ ਛੇ ਸਟੈਨੋ-ਟਾਈਪਿਸਟ, ਕਰ ਤੇ ਆਬਕਾਰੀ ਵਿਭਾਗ ਵਿੱਚ ਕਲਰਕ ਲੀਗਲ, ਅਕਾਊਂਟਸ ਅਤੇ ਆਈ.ਟੀ. ਸਣੇ 129 ਮੁਲਾਜ਼ਮ, ਖੁਰਾਕ ਤੇ ਸਿਵਲ ਸਪਲਾਈਜ਼ ਮਾਮਲਿਆਂ ਵਿੱਚ 8 ਸਟੈਨੋ-ਟਾਈਪਿਸਟ, ਸੂਚਨਾ ਤੇ ਲੋਕ ਸੰਪਰਕ ਵਿਭਾਗ ਵਿੱਚ ਇਕ ਕਲਰਕ, ਵਿੱਤ ਵਿਭਾਗ ਵਿੱਚ ਕਲਰਕ, ਸਟੈਨੋ ਟਾਈਪਿਸਟ ਤੇ ਸੈਕਸ਼ਨ ਅਫਸਰਾਂ ਸਣੇ 36 ਮੁਲਾਜ਼ਮ, ਲੋਕ ਨਿਰਮਾਣ ਵਿਭਾਗ ਵਿੱਚ 24 ਜੂਨੀਅਰ ਡਰਾਫਟਮੈਨ, ਮਕਾਨ ਤੇ ਸ਼ਹਿਰੀ ਵਿਕਾਸ ਵਿੱਚ 41 ਕਲਰਕ, ਜਲ ਸਰੋਤ ਵਿਭਾਗ ਵਿੱਚ 79 ਸਟੈਨੋ-ਟਾਈਪਿਸਟ, ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵਿੱਚ ਸਟਾਫ ਨਰਸ, ਕਲਰਕ ਅਤੇ ਚੌਥਾ ਦਰਜਾ ਸਮੇਤ 9 ਮੁਲਾਜ਼ਮ, ਪਾਵਰਕਾਮ ਵਿੱਚ ਅਸਿਸਟੈਂਟ ਇੰਜੀਨੀਅਰ, ਅਸਿਸਟੈਂਟ ਮੈਨੇਜਰ ਅਤੇ ਕਲਰਕ ਸਮੇਤ 65 ਮੁਲਾਜ਼ਮ ਅਤੇ ਮੈਡੀਕਲ ਸਿੱਖਿਆ ਤੇ ਹੋਰ ਵਿਭਾਗਾਂ ਵਿੱਚ ਪ੍ਰੋਫੈਸਰ, ਐਸੋਸੀਏਟ ਪ੍ਰੋਫੈਸਰ ਅਤੇ ਅਸਿਸਟੈਂਟ ਪ੍ਰੋਫੈਸਰ ਸਣੇ 7 ਮੁਲਾਜ਼ਮ ਸ਼ਾਮਲ ਸਨ।

ਕਾਂਗਰਸੀ ਆਗੂ ਨਵਜੋਤ ਸਿੰਘ ਸਿੱਧੂ ਨੂੰ ਵੇਲਾ ਵਿਹਾਅ ਚੁੱਕਾ ਸਿਆਸਤਦਾਨ ਦੱਸਦਿਆਂ ਕਿਹਾ ਕਿ ਇਹ ਆਗੂ ਜਿਹੜੀ ਵੀ ਪਾਰਟੀ ਵਿੱਚ ਜਾਂਦਾ ਹੈ, ਉਸ ਪਾਰਟੀ ਲਈ ਬੋਝ ਬਣ ਜਾਂਦਾ ਹੈ। ਭਗਵੰਤ ਮਾਨ ਨੇ ਕਿਹਾ ਕਿ ਬਿਜਲੀ ਬਾਰੇ ਸਿੱਧੂ ਹੁਣ ਤਾਂ ਵੱਡੇ-ਵੱਡੇ ਦਾਅਵੇ ਕਰ ਰਹੇ ਹਨ, ਪਰ ਉਹ ਖੁਦ ਮੰਤਰੀ ਹੁੰਦਿਆਂ ਬਿਜਲੀ ਮਹਿਕਮਾ ਲੈਣ ਤੋਂ ਭੱਜ ਗਏ ਹਨ। ਉਨ੍ਹਾਂ ਕਿਹਾ ਕਿ ਇਹ ਆਗੂ ਘੜੀ-ਮੁੜੀ ਆਪਣੀ ਵਫ਼ਾਦਾਰੀ ਬਦਲ ਲੈਂਦਾ ਹੈ, ਜਿਸ ਕਾਰਨ ਲੋਕਾਂ ਦਾ ਉਸ 'ਤੇ ਕੋਈ ਭਰੋਸਾ ਨਹੀਂ ਰਿਹਾ। ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ, ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਸਮੇਤ ਹੋਰ ਹਾਜ਼ਰ ਸਨ।

### ਪੰਜਾਬ ਸਰਕਾਰ ਘੱਟੋ-ਘੱਟ...

ਗਿਆ ਸੀ ਕਿ ਘੱਟੋ-ਘੱਟ ਉਜਰਤ 26000/-ਰੁਪਏ ਕਰਨੀ ਬਣਦੀ ਹੈ। ਮਾਲਕਾਂ ਵੱਲੋਂ ਬੇਤੁਕਾ ਵਿਰੋਧ ਤਾਂ ਕੀਤਾ ਗਿਆ ਸੀ, ਪਰ ਉਹਨਾਂ ਦੇ ਤਰਕ ਵਿੱਚ ਕੋਈ ਵਜ਼ਨ ਨਹੀਂ ਸੀ, ਜੋ ਲੇਬਰ ਮੰਤਰੀ ਵੱਲੋਂ ਵੀ ਮਹਿਸੂਸ ਕੀਤਾ ਗਿਆ ਸੀ ਅਤੇ ਉਹਨਾ ਵੱਲੋਂ ਤੁਰੰਤ ਯੋਗ ਵਾਧਾ ਕਰਨ ਦਾ ਵਿਸ਼ਵਾਸ ਦਿਵਾਇਆ ਗਿਆ ਸੀ ਅਤੇ ਇੱਕ ਸਬ-ਕਮੇਟੀ ਬਣਾ ਕੇ 15 ਦਿਨਾਂ ਵਿੱਚ ਸਿਫਾਰਸ਼ ਕਰਨ ਲਈ ਸਮਾਂਬੱਧ ਕੀਤਾ ਗਿਆ ਸੀ, ਪਰ ਅਫਸੋਸ ਕਿ ਸਰਕਾਰ ਵੱਡੇ ਸਨਅਤਕਾਰਾਂ ਦੇ ਦਬਾਅ ਹੇਠ ਚੁੱਪ ਵੱਟੀ ਬੈਠੀ ਹੈ, ਸਗੋਂ ਸਨਅਤਕਾਰ—ਸਰਕਾਰ ਮਿਲਣੀ ਅਤੇ ਵਪਾਰ—ਸਰਕਾਰ ਮਿਲਣੀ ਲਈ ਤਾਂ ਵਾਰ-ਵਾਰ ਮਿਲਣ ਦਾ ਸਮਾਂ ਮੁੱਖ ਮੰਤਰੀ ਭਗਵੰਤ ਮਾਨ ਕੋਲ ਹੈ, ਪਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਲੁੱਟੇ ਜਾਣ ਵਾਲਿਆਂ ਦੇ ਨਾਲ ਖੜਨ ਦੀ ਵਿਚਾਰਧਾਰਾ ਨਾਲ ਕੋਈ ਸਰੋਕਾਰ ਨਹੀਂ। ਏਟਕ ਆਗੂਆਂ ਨੇ ਕਿਹਾ ਕਿ ਜੇਕਰ ਘੱਟੋ-ਘੱਟ ਉਜਰਤਾਂ ਵਧਾਉਣ ਦਾ ਅਤੇ ਮੁਲਾਜ਼ਮਾਂ, ਮਜ਼ਦੂਰਾਂ ਦੇ ਹੋਰ ਮਸਲੇ ਤੁਰੰਤ ਹੱਲ ਕਰਨ ਲਈ ਕੋਈ ਕਦਮ ਨਾ ਚੁੱਕੇ ਗਏ ਤਾਂ ਸਖਤ ਸੰਘਰਸ਼ ਸ਼ੁਰੂ ਕੀਤਾ ਜਾਵੇਗਾ।

### ਹੁਣ ਨਸਲਕੁਸ਼ੀ 'ਚ...

'ਚ ਹਿੱਸਾ ਨਹੀਂ ਲਵੇਗਾ। ਉਸਨੇ 'ਫਲਸਤੀਨ ਨੂੰ ਆਜ਼ਾਦ ਕਰੋ' ਦਾ ਨਾਅਰਾ ਵੀ ਬੁਲੰਦ ਕੀਤਾ। ਗਾਜ਼ਾ ਦੀ ਜੰਗ ਨੂੰ ਲੈ ਕੇ ਦਸੰਬਰ ਵਿਚ ਵੀ ਇਕ ਮਹਿਲਾ ਨੇ ਅਟਲਾਂਟਾ ਵਿਚ ਇਜ਼ਰਾਈਲੀ ਕੌਂਸਲਖਾਨੇ ਦੇ ਬਾਹਰ ਖੁਦ ਨੂੰ ਅੱਗ ਲਾ ਲਈ ਸੀ। ਅਮਰੀਕਾ ਵਿਚ ਕਈ ਲੋਕ ਜੰਗਬੰਦੀ ਵਿਰੁੱਧ ਸੰਯੁਕਤ ਰਾਸ਼ਟਰ ਸੁਰੱਖਿਆ ਕੌਂਸਲ ਵਿਚ ਪੇਸ਼ ਹੁੰਦੇ ਮਤਿਆਂ 'ਤੇ ਅਮਰੀਕਾ ਦੇ ਬਾਈਡੇਨ ਪ੍ਰਸ਼ਾਸਨ ਵੱਲੋਂ ਵੀਟੋ ਕਰਨ ਤੋਂ ਗੁੱਸੇ ਵਿਚ ਹਨ।

# ਥਰਮਲ ਪਲਾਂਟ ਦੇ ਬਿਜਲੀ ਮੁਲਾਜ਼ਮਾਂ ਸਰਕਾਰ ਦੀ ਅਰਥੀ ਫੂਕੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਇੰਪਲਾਈਜ਼ ਜੁਆਇੰਟ ਫੋਰਮ ਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੱਦੇ 'ਤੇ ਇੰਪਲਾਈਜ਼ ਤਾਲਮੇਲ ਸੰਘਰਸ਼ ਕਮੇਟੀ ਥਰਮਲ ਪਲਾਂਟ ਲਹਿਰਾ ਮੁਹੱਬਤ ਦੇ ਆਗੂਆਂ ਨੇ ਅੱਜ ਥਰਮਲ ਗੇਟ 'ਤੇ ਦੁਪਹਿਰ 12 ਤੋਂ 2 ਵਜੇ ਤੱਕ ਧਰਨਾ ਲਗਾਇਆ ਤੇ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਬਲਜੀਤ ਸਿੰਘ ਬਰਾੜ, ਕਿਰਨਦੀਪ ਸਿੰਘ, ਰਜਿੰਦਰ ਸਿੰਘ ਨਿੰਮਾ, ਰਘਬੀਰ ਸਿੰਘ ਸੈਣੀ, ਅਮਰਜੀਤ ਸਿੰਘ ਮੰਗਲੀ, ਜਗਜੀਤ ਸਿੰਘ ਕੋਟਲੀ, ਲਖਵੰਤ ਸਿੰਘ ਬਾਂਡੀ ਤੇ ਜਗਜੀਤ ਸਿੰਘ ਆਦਿ ਮੁਲਾਜ਼ਮ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਤੇ ਬਿਜਲੀ ਬੋਰਡ ਦੀ ਮੈਨੇਜਮੈਂਟ ਮੁਲਾਜ਼ਮਾਂ ਦੀਆਂ ਮੰਗਾਂ ਤੇ ਮੀਟਿੰਗਾਂ ਵਿੱਚ ਹੋਏ ਫੈਸਲਿਆਂ ਨੂੰ ਲਾਗੂ ਨਾ ਕਰਕੇ ਬਿਜਲੀ ਮੁਲਾਜ਼ਮਾਂ ਨੂੰ ਸੰਘਰਸ਼ ਕਰਨ ਲਈ ਮਜਬੂਰ ਕਰ ਰਹੀ ਹੈ। ਮੰਗਾਂ ਦੀ ਪੂਰਤੀ ਲਈ ਮੁਲਾਜ਼ਮਾਂ ਨੂੰ ਸੰਘਰਸ਼ ਹੋਰ ਤਿੱਖਾ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਜੇਕਰ ਮੰਨੀਆਂ ਮੰਗਾਂ ਨੂੰ ਲਾਗੂ ਨਾ ਕੀਤਾ ਤਾਂ 6 ਮਾਰਚ ਨੂੰ ਹੈੱਡ ਆਫਿਸ ਪਟਿਆਲਾ ਵਿਖੇ ਸੂਬਾ ਪੱਧਰੀ ਧਰਨਾ ਤੇ 13 ਮਾਰਚ ਨੂੰ ਮੁੱਖ ਮੰਤਰੀ ਦੀ ਕੋਠੀ ਸੰਗਰੂਰ ਵਿਖੇ ਭਾਰੀ ਇਕੱਠ ਕਰਕੇ ਰੋਸ ਮੁਜ਼ਾਹਰਾ ਕੀਤਾ ਜਾਵੇਗਾ। ਇਸ ਮੌਕੇ ਸਰਬਜੀਤ ਸਿੰਘ ਸਿੱਧੂ, ਗੁਰਪ੍ਰੀਤ ਸਿੰਘ, ਕੇਸ਼ਵ ਅਧਿਕਾਰੀ, ਜਸ਼ਨਦੀਪ ਸਿੰਘ, ਗੁਰਲਾਲ ਸਿੰਘ ਤੇ ਰਜਿੰਦਰ ਬਹਾਦਰ ਆਦਿ ਹਾਜ਼ਰ ਸਨ।



## ਬਜ਼ੁਰਗ ਸਾਡੀ ਸੱਭਿਅਤਾ ਦੇ ਚਾਨਣ-ਮੁਨਾਰੇ ਹਨ : ਡਾ. ਨਰਵਿੰਦਰ ਕੌਸ਼ਲ

**ਸੰਗਰੂਰ (ਪ੍ਰਵੀਨ ਸਿੰਘ)**-ਬਜ਼ੁਰਗਾਂ ਦੀ ਨਰੋਈ ਸਿਹਤ, ਤੰਦਰੁਸਤੀ ਤੇ ਭਲਾਈ ਕਾਰਜਾਂ ਨੂੰ ਸਮਰਪਤ ਸੰਗਰੂਰ ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਵੱਲੋਂ ਸਥਾਨਕ ਬਨਾਸਰ ਬਾਗ ਸਥਿਤ ਮੁੱਖ ਦਫਤਰ ਵਿਖੇ ਸੰਗੀਤਮਈ ਸ਼ਾਮ ਤੇ ਸਨਮਾਨ ਸਮਾਰੋਹ ਸੰਸਥਾ ਦੇ ਪ੍ਰਧਾਨ ਡਾ. ਨਰਵਿੰਦਰ ਸਿੰਘ ਕੌਸ਼ਲ ਦੀ ਅਗਵਾਈ ਵਿੱਚ ਸੰਪੰਨ ਹੋਇਆ।ਉਨ੍ਹਾਂ ਨਾਲ ਪ੍ਰਧਾਨਗੀ ਮੰਡਲ ਵਿੱਚ ਚੇਅਰਮੈਨ ਇੰਜੀਨੀਅਰ ਪਰਵੀਨ ਬਾਂਸਲ, ਮੁੱਖ ਸਰਪ੍ਰਸਤ ਇੰਜੀ. ਬਲਦੇਵ ਸਿੰਘ ਗੋਸਲ, ਜਗਨ ਨਾਥ ਗੋਇਲ, ਓ. ਪੀ. ਕਪਿਲ ਮੌਜੂਦ ਸਨ।ਐਸੋਸੀਏਸ਼ਨ ਦੇ ਜਨਰਲ ਸਕੱਤਰ ਜਗਜੀਤ ਸਿੰਘ ਵੱਲੋਂ ਕੀਤੇ ਗਏ ਬਾਖੂਬੀ ਮੰਚ ਸੰਚਾਲਨ ਦੌਰਾਨ ਸਭ ਤੋਂ ਪਹਿਲਾਂ ਸੰਸਥਾ ਦੇ ਮੁੱਖ ਸਲਾਹਕਾਰ ਤੇ ਉੱਘੇ ਵਿਦਵਾਨ ਡਾ. ਚਰਨਜੀਤ ਸਿੰਘ ਉਡਾਰੀ ਤੇ ਹੋਰ ਚਲਾਣਾ ਕਰ ਗਏ ਸੰਸਥਾ ਦੇ ਮੈਂਬਰਾਂ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਦਿੱਤੀ ਗਈ।ਵੱਖ ਵੱਖ ਬੁਲਾਰਿਆਂ, ਸੰਸਥਾ ਦੇ ਸੀਨੀਅਰ ਮੀਤ ਪ੍ਰਧਾਨ ਰਾਜ ਕੁਮਾਰ ਅਰੋੜਾ, ਭੁਪਿੰਦਰ ਸਿੰਘ ਜੱਸੀ, ਮੀਡੀਆ ਸਕੱਤਰ ਡਾ. ਇਕਬਾਲ ਸਿੰਘ ਸਕਰੌਦੀ, ਭਗਤ ਰਾਮ, ਸੁਰਿੰਦਰਪਾਲ ਸਿੰਘ ਸਿਦਕੀ ਵੱਲੋਂ ਜਨਮ ਦਿਨ ਵਾਲੀਆਂ ਸ਼ਖ਼ਸੀਅਤਾਂ ਨੂੰ ਵਧਾਈਆਂ ਤੇ ਸ਼ੁੱਭ-ਕਾਮਨਾਵਾਂ ਪੇਸ਼ ਕੀਤੀਆਂ।ਉਨ੍ਹਾਂ ਦੀ ਤੰਦਰੁਸਤੀ ਭਰੇ ਜੀਵਨ ਦੀ ਕਾਮਨਾ ਕੀਤੀ।ਸੰਸਥਾ ਦੇ ਪ੍ਰਧਾਨ ਡਾ. ਨਰਵਿੰਦਰ ਸਿੰਘ ਕੌਸ਼ਲ ਨੇ ਸੰਸਥਾ ਵੱਲੋਂ ਕੀਤੇ ਜਾ ਰਹੇ ਧਾਰਮਿਕ, ਸਮਾਜਿਕ, ਸੱਭਿਆਚਾਰਕ ਸਮਾਗਮਾਂ ਵਿੱਚ ਸੰਸਥਾ ਦੀ ਕਾਰਜਕਾਰਨੀ ਤੇ ਮੈਂਬਰਾਂ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਲਈ ਧੰਨਵਾਦ ਕੀਤਾ।ਉਨ੍ਹਾਂ ਦੱਸਿਆ ਕਿ ਸੰਸਥਾ ਦੇ ਅਹੁਦੇਦਾਰਾਂ ਵੱਲੋਂ ਵੱਖ ਵੱਖ ਸਕੂਲਾਂ ਵਿੱਚ ਜਾ ਕੇ ਵਿੱਦਿਆ ਪ੍ਰਸਾਰ ਪ੍ਰੋਜੈਕਟ ਅਧੀਨ ਕੀਤੇ ਗਏ ਲੈਕਚਰ, ਵਿਦਿਆਰਥੀਆਂ ਲਈ ਬਹੁਤ ਲਾਹੇਵੰਦ ਸਾਬਿਤ ਹੋਏ ਹਨ।ਉਨ੍ਹਾਂ ਕਿਹਾ ਕਿ ਸੰਸਥਾ ਦੇ ਮੈਂਬਰ ਜੋ ਭਾਵੇਂ ਬਜ਼ੁਰਗ ਅਵਸਥਾ ਵਿੱਚ ਹਨ, ਪਰ ਫਿਰ ਵੀ ਉਹ ਸਾਡੀ ਰਾਹ ਦਸੇਰੇ ਹਨ, ਕਿਉਂਕਿ ਉਹ ਗਿਆਨ ਦੇ ਭੰਡਾਰ ਹਨ। ਚੇਅਰਮੈਨ ਇੰਜੀ. ਪਰਵੀਨ ਬਾਂਸਲ ਨੇ ਧੰਨਵਾਦੀ ਸ਼ਬਦ ਕਹੇ।

## ਹਰਿਆਣਾ ਬਾਰਡਰਾਂ 'ਤੇ ਲੋਕਤੰਤਰ ਤੇ ਸੰਵਿਧਾਨ ਹੋਇਆ ਤਾਰ-ਤਾਰ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਪਿਛਲੇ ਦਿਨੀਂ ਦਿੱਲੀ ਜਾਣ ਲਈ ਸੰਘਰਸ਼ ਕਰਦੇ ਅੰਨਦਾਤੇ ਕਿਸਾਨਾਂ 'ਤੇ ਖੱਟੜ ਸਰਕਾਰ ਦੀ ਸ਼ਹਿ 'ਤੇ ਹਰਿਆਣਾ ਦੀ ਪੁਲਸ ਨੇ ਜਿਸ ਤਰ੍ਹਾਂ ਦਾ ਅਣਮਨੁੱਖੀ ਜਬਰ ਕੀਤਾ ਹੈ, ਉਸਦੀ ਜਿੰਨੀ ਵੀ ਸਖ਼ਤ ਨਿੰਦਾ ਕੀਤੀ ਜਾਵੇ, ਥੋੜ੍ਹੀ ਹੈ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਆਗੂਆਂ ਨੇ ਕਿਹਾ ਕਿ ਪੁਲਸ ਵੱਲੋਂ ਜਿਸ ਤਰ੍ਹਾਂ ਦਾ ਕਿਸਾਨਾਂ ਦਾ ਕਤਲੇਆਮ ਕਰਨ ਲਈ ਬੇਖੌਫ ਹਥਿਆਰਾਂ ਦੀ ਵਰਤੋਂ ਕੀਤੀ ਗਈ ਹੈ। ਅਜਿਹੀ ਕਾਰਵਾਈ ਤਾਂ ਵਿਦੇਸ਼ੀ ਘੁਸਪੈਠੀਆਂ 'ਤੇ ਵੀ ਨਹੀ ਕੀਤੀ ਜਾਂਦੀ। ਪੁਲਸ ਵੱਲੋਂ ਨੌਜਵਾਨ ਸ਼ੁਭਕਰਨ ਸਿੰਘ ਦੇ ਕਤਲ ਕਰਨ, ਅਨੇਕਾਂ ਕਿਸਾਨਾਂ ਦੀਆਂ ਅੱਖਾਂ ਦੀ ਰੌਸ਼ਨੀ ਖੋਹਣ, ਲੱਤਾਂ ਬਾਹਾਂ ਖੋਹਣ, ਜਬਾੜੇ ਤੋੜਨ ਦੀਆਂ ਬੇਕਿਰਕ ਅਣਮਨੁੱਖੀ ਜਬਰ ਦੀਆਂ ਘਟਨਾਵਾਂ ਬਾਅਦ ਮਾਨਯੋਗ ਸੁਪਰੀਮ ਕੋਰਟ ਤੋਂ ਦਖ਼ਲ ਦੀ ਮੰਗ ਕਰਦਿਆਂ ਆਗੂਆਂ ਨੇ ਹਰਿਆਣਾ ਸਰਕਾਰ ਨੂੰ ਤੁਰੰਤ ਬਰਖਾਸਤ ਕਰਨ ਅਤੇ ਹਰਿਆਣਾ ਪੁਲਸ ਦੇ ਜ਼ਿੰਮੇਵਾਰ ਅਧਿਕਾਰੀਆਂ 'ਤੇ 302 ਦਾ ਪਰਚਾ ਦਰਜ ਕਰਨ ਦੀ ਮੰਗ ਕੀਤੀ ਹੈ। ਆਗੂਆਂ ਨੇ ਭਰੇ ਮਨ ਨਾਲ ਕਿਹਾ ਕਿ ਲੋਕਾਂ ਦੁਆਰਾ ਚੁਣੀਆਂ ਸਰਕਾਰਾਂ ਨੇ ਲੋਕਾਂ ਲਈ ਕਲਿਆਣਕਾਰੀ ਕਾਰਜ ਕਰਨੇ ਹੁੰਦੇ ਨੇ। ਇੱਥੇ ਇਹ ਸਭ ਕੁੱਝ ਮਜ਼ਦੂਰਾਂ, ਕਿਸਾਨਾਂ 'ਤੇ ਤਸ਼ੱਦਦ ਕਰਕੇ ਕਾਰਪੋਰੇਟ ਘਰਾਣਿਆਂ ਦੀਆਂ ਤਿਜੌਰੀਆਂ ਭਰਨ ਲਈ ਰਾਹ ਪੱਧਰਾ ਕੀਤਾ ਜਾ ਰਿਹਾ ਹੈ।


**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਜਾਇਦਾਦ ਵਿਕਰੀ ਨੋਟਿਸ**

ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਹੇਠ ਦਰਸਾਈਆਂ ਜਾਇਦਾਦਾਂ ਦਾ ਸਰਫੇਸੀ ਐਕਟ ਦੇ ਸੈਕਸ਼ਨ 13 (4) ਅਧੀਨ ਕਬਜ਼ਾ ਲੈ ਲਿਆ ਹੈ। ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਐੱਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਖੜ੍ਹੀ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੀ ਵਸੂਲੀ ਲਈ ਬੈਂਕ ਵੱਲੋਂ 18.3.2024 ਨੂੰ ਵਿਕਰੀ ਕੀਤੀ ਜਾਵੇਗੀ।

| | |
|---|---|
| ਖਾਤੇ ਦਾ ਨਾਂਅ | 1. ਮੈ: ਵੀ ਐੱਸ ਬੀ ਇੰਪੋਰਟ ਐਕਸਪੋਰਟ ਹਾਊਸ, ਰਾਹੀਂ ਇਸ ਦੇ ਮਾਲਕ ਗੁਰਸੱਜਣ ਬੇਦੀ ਪੁੱਤਰ ਸ੍ਰੀ ਇਕਬਾਲ ਸਿੰਘ ਬੇਦੀ ਰਜਿਸਟਰਡ ਦਫ਼ਤਰ, ਦੁਕਾਨ ਨੰ: 05, ਪਹਿਲੀ ਮੰਜ਼ਲ, ਸਾਹਮਣੇ ਰੇਲਵੇ ਵਰਕਸ਼ਾਪ, ਪੁਤਲੀਘਰ, ਅੰਮ੍ਰਿਤਸਰ। 2. ਮੈਸ: ਬੇਦੀ ਐਕਸਪੋਰਟਸ ਰਾਹੀਂ ਇਸ ਦੇ ਮਾਲਕ ਸ੍ਰੀਮਤੀ ਬਲਬੀਰ ਕੌਰ ਪਤਨੀ ਸ੍ਰੀ ਇਕਬਾਲ ਸਿੰਘ ਬੇਦੀ ਵਾਸੀ, ਦੁਕਾਨ ਨੰ: 05, ਪਹਿਲੀ ਮੰਜ਼ਲ, ਸਾਹਮਣੇ ਰੇਲਵੇ ਵਰਕਸ਼ਾਪ, ਜੀ ਟੀ ਰੋਡ ਪੁਤਲੀਘਰ, ਅੰਮ੍ਰਿਤਸਰ। 3. ਸ੍ਰੀਮਤੀ ਪ੍ਰਿਯਦਰਸ਼ਨੀ ਪਤਨੀ ਸ੍ਰੀ ਗੁਰਸੱਜਣ ਬੇਦੀ, ਵਾਸੀ ਵੈਲਿੰਗਟਨ ਹਾਈਟ, ਫਲੈਟ ਨੰ: ਈ - 0702, 117-118, ਐੱਸ ਏ ਐਸ. ਨਗਰ (ਮੋਹਾਲੀ) 4. ਕਸ਼ਮੀਰ ਸਿੰਘ ਪੁੱਤਰ ਸ੍ਰੀ ਠਾਕੁਰ ਦਾਸ, ਵਾਸੀ ਗੋਲਡਨ ਐਵੇਨਿਊ, ਹਰਗੋਬਿੰਦਪੁਰਾ, ਨੇੜੇ ਰੇਲਵੇ ਫਾਟਕ, ਛੇਹਰਟਾ, ਅੰਮ੍ਰਿਤਸਰ-1, ਕਾਲੇ, ਅੰਮ੍ਰਿਤਸਰ। 5. ਸ੍ਰੀ ਗੁਰਸੱਜਣ ਬੇਦੀ ਪੁੱਤਰ ਸ੍ਰੀ ਇਕਬਾਲ ਸਿੰਘ ਬੇਦੀ, ਵਾਸੀ ਦੁਕਾਨ ਨੰ: 05, ਪਹਿਲੀ ਮੰਜ਼ਲ, ਸਾਹਮਣੇ ਰੇਲਵੇ ਵਰਕਸ਼ਾਪ, ਪੁਤਲੀਘਰ, ਅੰਮ੍ਰਿਤਸਰ। 6. ਸ੍ਰੀਮਤੀ ਬਲਬੀਰ ਕੌਰ ਪਤਨੀ ਸ੍ਰੀ ਇਕਬਾਲ ਸਿੰਘ ਬੇਦੀ, ਵਾਸੀ ਦੁਕਾਨ ਨੰ: 05, ਪਹਿਲੀ ਮੰਜ਼ਲ, ਸਾਹਮਣੇ ਰੇਲਵੇ ਵਰਕਸ਼ਾਪ, ਪੁਤਲੀਘਰ, ਅੰਮ੍ਰਿਤਸਰ। |
| ਬਕਾਇਆ ਰਕਮ CC/31300000013 CC/31300000014 | 1. Rs. 12,33,20,423.41 2. Rs. 7,45,61,558.75 (ਅਤੇ 01/02/2024 ਤੋਂ ਭਵਿੱਖੀ ਵਿਆਜ) |
| ਜਾਇਦਾਦ ਦਾ ਵੇਰਵਾ | ਬੈਨਾਮਾ ਨੰ: 2019-20/93/1/729 ਮਿਤੀ 10.04.2019 ਅਨੁਸਾਰ ਸ੍ਰੀਮਤੀ ਬਲਬੀਰ ਕੌਰ ਪਤਨੀ ਇਕਬਾਲ ਸਿੰਘ ਦੇ ਨਾਂਅ 'ਤੇ ਅਚੱਲ ਜਾਇਦਾਦ ਰਕਬਾ 250 ਵਰਗ ਗਜ਼, ਮਕਾਨ ਨੰ: 179, ਇੰਪੀਰੀਅਲ ਸਿਟੀ, ਨੇੜੇ ਗੁਰਦੁਆਰਾ ਸਾਹਿਬ ਮੀਰਾਂਕੋਟ ਚੌਂਕ, ਅੰਮ੍ਰਿਤਸਰ। |
| ਰਾਖਵੀਂ ਕੀਮਤ | 1. Rs. 30.00 Lacs (30 ਲੱਖ ਰੁਪਏ ਕੇਵਲ) |
| ਈ ਐੱਮ ਡੀ (ਰਕਮ ਬਿਆਨਾ) | ਸਫਲ ਬੋਲੀਕਾਰ ਨੂੰ ਰਾਖਵੀਂ ਕੀਮਤ ਦਾ 25 ਫੀਸਦੀ ਡਿਮਾਂਡ ਡਰਾਫਟ ਰਾਹੀਂ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਜਲੰਧਰ ਵਿਖੇ ਅਦਾਇਗੀ ਯੋਗ ਜਮ੍ਹਾਂ ਕਰਵਾਉਣਾ ਹੋਵੇਗਾ। ਟੈਂਡਰ ਫਾਰਮਜ਼ ਅਤੇ ਈ ਐਮ ਡੀ ਅਧਿਕਾਰਤ ਅਫਸਰ ਨੂੰ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਮੁੱਖ ਦਫ਼ਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਨੂੰ ਭੇਜੇ ਜਾਣ। |

**ਬੈਂਕ ਦੀ ਜਾਣਕਾਰੀ 'ਚ ਜੋਖਮ** : ਕੋਈ ਨਹੀਂ। ਜਾਇਦਾਦ "ਜਿਵੇਂ ਹੈ ਜਿੱਥੇ ਹੈ" ਦੇ ਅਧਾਰ 'ਤੇ ਵੇਚੀ ਜਾ ਰਹੀ ਹੈ। ਈ ਐੱਮ ਡੀ (ਬਿਆਨਾ ਰਕਮ), ਜੋ ਕਿ 25% ਹੈ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਜਲੰਧਰ ਵਿਖੇ ਅਦਾਇਗੀਯੋਗ ਪ੍ਰਾਪਤ ਕਰਨ ਦੀ ਮਿਤੀ 18/03/2024 ਨੂੰ ਸਵੇਰੇ 11 ਵਜੇ ਤੱਕ। ਟੈਂਡਰ ਉਕਤ ਮਿਤੀ ਨੂੰ ਸਵੇਰੇ 11 ਵਜੇ ਤੋਂ ਬਾਅਦ ਪੇਸ਼ਕਰਤਾਵਾਂ/ਉਨ੍ਹਾਂ ਦੇ ਅਧਿਕਾਰਤ ਪ੍ਰਤੀਨਿਧੀਆਂ ਦੀ ਹਾਜ਼ਰੀ 'ਚ ਮੁੱਖ ਦਫ਼ਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ ਜਲੰਧਰ ਖੋਲ੍ਹੇ ਤੇ ਵਿਚਾਰੇ ਜਾਣਗੇ। ਵਿੱਕਰੀ ਦੀਆਂ ਵਿਸਥਾਰਤ ਸ਼ਰਤਾਂ ਸਮੇਤ ਟੈਂਡਰ ਫਾਰਮ ਅਤੇ ਜਾਇਦਾਦ ਦੇ ਨਿਰੀਖਣ ਲਈ ਕਿਰਪਾ ਕਰਕੇ ਬਰਾਂਚ ਦਫਤਰ 32, ਮਾਲ ਰੋਡ, ਅੰਮ੍ਰਿਤਸਰ ਨਾਲ ਸੰਪਰਕ ਕੀਤਾ ਜਾਵੇ। ਵਿਕਰੀ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਸਕਿਉਰਟੀ ਇੰਟਰੈਸਟ ਐਕਟ 2002 ਦੇ ਨਿਯਮਾਂ ਅਤੇ ਸ਼ਰਤਾਂ ਮੁਤਾਬਕ ਕੀਤੀ ਜਾਵੇਗੀ। ਅਧਿਕਾਰਤ ਅਫਸਰ ਨੂੰ ਬਿਨਾਂ ਕੋਈ ਕਾਰਨ ਦੱਸੇ ਵਿਕਰੀ ਦੀ ਪੁਸ਼ਟੀ ਹੋਣ ਤੋਂ ਪਹਿਲਾਂ ਕਿਸੇ ਸਮੇਂ ਵੀ ਬੋਲੀ ਰੱਦ/ਮੁਲਤਵੀ/ਅਣਮਿੱਥੇ ਸਮੇਂ ਲਈ ਅੱਗੇ ਪਾਉਣ, ਸ਼ਰਤਾਂ ਅਤੇ ਨਿਯਮ ਤਬਦੀਲ ਕਰਨ ਦਾ ਅਧਿਕਾਰ ਹੈ।

ਮਿਤੀ : 23.02.2024 ਸਥਾਨ : ਜਲੰਧਰ ਅਧਿਕਾਰਤ ਅਫਸਰ



**AXIS BANK LTD.**
**ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ**

ਰਿਟੇਲ ਐਸੇਟ ਸੈਂਟਰ : ਐਕਸਿਸ ਬੈਂਕ ਲਿਮ. ਐੱਸ ਸੀ ਓ 367-368, ਸੈਕਟਰ-34 ਏ, ਚੰਡੀਗੜ੍ਹ-160022, ਕਾਰਪੋਰੇਟ ਦਫਤਰ : 'ਐਕਸਿਸ ਹਾਊਸ', ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੁਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025, ਰਜਿ. ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ, ਅਹਿਮਦਾਬਾਦ-380006

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਓਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|---|
| 1. | ਸ੍ਰੀ ਅਕਸ਼ੇ ਕੁਮਾਰ ਪੁੱਤਰ ਕਰਨ ਸਿੰਘ, ਮਕਾਨ ਨੰ. 17, ਲੇਨ ਨੰ. 1. ਸੈਕਟਰ-2, ਕੇ ਬੀ ਨਗਰ, ਬਨਤਲਾਬ ਜੰਮੂ ਅਤੇ ਕਸ਼ਮੀਰ। ਸ੍ਰੀ ਅਰਜੁਨ ਸਿੰਘ ਪੁੱਤਰ ਕਰਨ ਸਿੰਘ ਮਕਾਨ ਨੰ. 17, ਲੇਨ ਨੰ. 1. ਸੈਕਟਰ-2, ਕੇ ਬੀ ਨਗਰ, ਬਨਤਲਾਬ ਜੰਮੂ ਅਤੇ ਕਸ਼ਮੀਰ। | ਰਿਹਾਇਸ਼ੀ ਜਾਇਦਾਦ ਨੰ. 224-ਸੀ, ਦੂਜੀ ਮੰਜ਼ਲ, ਰਕਬਾ 0ਕੇ-1.73 ਐੱਮ (155.55 ਦਾ 1/3 ਹਿੱਸਾ) ਖੇਵਟ/ਖਤੌਨੀ ਨੰ. 200/204, 75/79, 344/351, 252/259, 250/257 ਅਤੇ 330/337 ਖਸਰਾ ਨੰ. 23//1/1/1 (1-11), 1/1/2 (1-11), 1/2/1 (2-9), 1/2/2 (2-2), 1/2/3 (0-7), 2/2 (3-11), 2/1/1 (2-4.5), 9/2 (4-0), 10/1 (0-12), 10/2 (7-8), 12/11 (2-8), 24//5 (5-15), 27 (2-4), 6 (8-0) ਕਿੱਤੇ 14, ਜ਼ਮੀਨ ਰਕਬਾ 44 ਕੇ 2.5 ਮਰਲਾ 52/26475 ਤੱਕ ਦਾ ਹਿੱਸਾ, ਜੋ ਕਿ 0 ਕੇ-1.73 ਐੱਮ ਹੈ, ਪਾਮ ਸਿਟੀ, ਸੈਕਟਰ 127, ਪਿੰਡ ਸੰਤੇ ਮਾਜਰਾ, ਹਦਬਸਤ ਨੰ. 184, ਤਹਿਸੀਲ ਖਰੜ, ਜ਼ਿਲ੍ਹਾ ਐੱਸ ਏ ਐੱਸ ਨਗਰ, ਮੋਹਾਲੀ, ਪੰਜਾਬ। ਹੱਦਾਂ : ਪੂਰਬ : ਐੱਨ ਏ, ਪੱਛਮ : ਐੱਨ ਏ, ਉੱਤਰ : ਐੱਨ ਏ, ਦੱਖਣ : ਐੱਨ ਏ। | 27 ਸਤੰਬਰ 2023 | 20 ਫਰਵਰੀ 2024 ਖਰੜ, ਪੰਜਾਬ ਵਿਖੇ | ਰੁਪਏ 11,86.490/- (ਗਿਆਰਾਂ ਲੱਖ ਛਿਆਸੀ ਹਜ਼ਾਰ ਚਾਰ ਸੌ ਨੱਬੇ ਰੁਪਏ ਕੇਵਲ) |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ, ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 27.02.2024 ਸਥਾਨ : ਪੰਜਾਬ ਸਹੀ/-(ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri

ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

27-FEB-PAGE-3.qxd 2/26/2024 10:35 PM Page 1



# ਭਾਰਤੀ ਰਿਜ਼ਰਵ ਬੈਂਕ ਨੇ ਵਿੱਤੀ ਸਾਖਰਤਾ ਸਪਤਾਹ- 2024 ਦਾ ਕੀਤਾ ਉਦਘਾਟਨ



**ਮੋਹਾਲੀ (ਗੁਰਜੀਤ ਬਿੱਲਾ)** ਵਿੱਤੀ ਸਾਖਰਤਾ ਸਪਤਾਹ (ਐੱਫ ਐੱਲ ਡਬਲਯੂ), 2016 ਤੋਂ, ਆਰ ਬੀ ਆਈ ਦੀ ਇੱਕ ਸਾਲਾਨਾ ਪਹਿਲ ਹੈ, ਜਿਸਦਾ ਉਦੇਸ਼ ਇੱਕ' ਟਾਰਗੇਟੇਡ ਮੁਹਿੰਮ ਦੁਆਰਾ ਵਿੱਤੀ ਮੁੱਦਿਆਂ 'ਤੇ ਜਾਗਰੂਕ ਕਰਨਾ ਹੈ।ਇਸ ਸਾਲ ਦੀ ਥੀਮ, 'ਕਰੋ ਸਹੀ ਸ਼ੁਰੂਆਤ: ਬਣੋ ਵਿੱਤੀ ਤੌਰ 'ਤੇ ਸਮਾਰਟ', ਨੌਜਵਾਨਾਂ ਨੂੰ ਨਿੱਜੀ ਵਿੱਤ ਦੀਆਂ ਗੁੰਝਲਾਂ ਨਾਲ ਨਜਿੱਠਣ ਅਤੇ ਲੰਬੇ ਸਮੇਂ ਦੀ ਵਿੱਤੀ ਸੁਰੱਖਿਆ ਅਤੇ ਸਫਲਤਾ ਲਈ ਇੱਕ ਮਜ਼ਬੂਤ ਵਿੱਤੀ ਬੁਨਿਆਦ ਬਣਾਉਣ ਲਈ ਸ਼ਕਤੀਕਰਨ ਦੇ ਮਹੱਤਵ ਨੂੰ ਉਜਾਗਰ ਕਰਦੀ ਹੈ।ਆਰ ਬੀ ਆਈ ਦੇ ਚੰਡੀਗੜ੍ਹ ਦਫ਼ਤਰ ਦੁਆਰਾ, ਵਿੱਤੀ ਸਾਖਰਤਾ -2024 ਦਾ ਉਦਘਾਟਨ 26 ਫਰਵਰੀ 2024 ਨੂੰ ਕੀਤਾ ਗਿਆ।ਵਿਵੇਕ ਸ਼੍ਰੀਵਾਸਤਵ, ਖੇਤਰੀ ਨਿਦੇਸ਼ਕ, ਭਾਰਤੀ ਰਿਜ਼ਰਵ ਬੈਂਕ (ਹਰਿਆਣਾ, ਪੰਜਾਬ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ) ਸਮਾਗਮ ਵਿੱਚ ਹਾਜ਼ਰ ਸਨ ਅਤੇ ਉਹਨਾਂ ਨੇ ਹੋਰ ਮਾਣਯੋਗ ਸ਼ਖਸੀਅਤਾਂ, ਜਿਵੇਂ ਕਿ ਵਿਨੋਦ ਜੈਸਵਾਲ, ਸੀ ਜੀ ਐਮ (ਐਸ ਬੀ ਆਈ), ਰਘੂਨਾਥ ਬੀ, ਸੀ ਜੀ ਐਮ (ਨਾਬਾਰਡ), ਵਪਾਰਕ ਬੈਂਕਾਂ ਦੇ ਸੀਨੀਅਰ ਅਧਿਕਾਰੀਆਂ, ਪੰਜਾਬ, ਹਰਿਆਣਾ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਰਾਜ ਪੱਧਰੀ ਬੈਂਕਰਜ਼ ਕਮੇਟੀ ਦੇ ਕਨਵੀਨਰਾਂ, ਗੈਰ ਸਰਕਾਰੀ ਸੰਗਠਨਾਂ ਅਤੇ ਵਿੱਤੀ ਸਾਖਰਤਾ ਸਲਾਹਕਾਰਾਂ ਦੇ ਨਾਲ ਪ੍ਰੋਗਰਾਮ ਦਾ ਉਦਘਾਟਨ ਵੀ ਕੀਤਾ। ਆਰ ਬੀ ਆਈ ਪੂਰੇ ਹਫ਼ਤੇ ਵਿੱਚ ਇੱਕ ਕੇਂਦਰੀ ਜਨ ਮੀਡੀਆ ਮੁਹਿੰਮ ਵੀ ਚਲਾਏਗਾ, ਜਿਸ ਵਿੱਚ ਜ਼ਰੂਰੀ ਵਿੱਤੀ ਜਾਗਰੂਕਤਾ ਸੰਦੇਸ਼ਾਂ ਦਾ ਪ੍ਰਸਾਰ ਕੀਤਾ ਜਾਵੇਗਾ।ਇਸ ਤੋਂ ਇਲਾਵਾ, ਵਿਆਪਕ ਭਾਗੀਦਾਰੀ ਅਤੇ ਪ੍ਰਭਾਵ ਨੂੰ ਯਕੀਨੀ ਬਣਾਉਣ ਲਈ ਵਿਦਿਆਰਥੀਆਂ ਅਤੇ ਨੌਜਵਾਨਾਂ ਨੂੰ ਜਾਗਰੂਕ ਬਣਾਉਣ ਵਾਲੇ ਆਊਟਰੀਚ ਪ੍ਰੋਗਰਾਮ ਕਰਵਾਏ ਜਾਣਗੇ।

# ਕੈਂਪਾਂ ਦਾ 28 ਤੋਂ 4 ਮਾਰਚ ਤੱਕ ਦਾ ਸ਼ਡਿਊਲ ਜਾਰੀ

**ਮੋਹਾਲੀ (ਗੁਰਜੀਤ ਬਿੱਲਾ)** ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਨਿਪਟਾਰਾ ਕਰਨ ਦੇ ਮੰਤਵ ਨਾਲ 6 ਫ਼ਰਵਰੀ ਤੋਂ ਸ਼ੁਰੂ ਕੀਤੇ ਗਏ ਕੈਂਪ 'ਆਪ ਦੀ ਸਰਕਾਰ ਆਪ ਦੇ ਦੁਆਰ' ਜਨਤਕ ਕੈਂਪਾਂ ਦੀ ਲੜੀ ਦੇ ਮੱਦੇਨਜ਼ਰ ਐਸ ਡੀ ਐਮ ਦੀਪਾਂਕਰ ਗਰਗ ਵੱਲੋਂ ਮੋਹਾਲੀ ਸਬ ਡਵੀਜ਼ਨ ਵਿੱਚ 28 ਤੋਂ 4 ਮਾਰਚ ਤੱਕ ਲੱਗਣ ਵਾਲੇ ਪਿੰਡ/ਵਾਰਡ ਵਾਰ ਕੈਂਪਾਂ ਦੀ ਸਮਾਂ ਸਾਰਣੀ ਜਾਰੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ 28 ਫ਼ਰਵਰੀ ਨੂੰ ਧਰਮਗੜ (ਬਨੂੰੜ), ਮਠਿਆਰਾ ਵਿਖੇ ਸਵੇਰੇ 10 ਤੋਂ 1 ਵਜੇ ਤੱਕ ਅਤੇ ਖਾਸਪੁਰ, ਮਮੌਲੀ ਵਿਖੇ ਦੁਪਹਿਰ 2 ਤੋਂ 5 ਵਜੇ ਸ਼ਾਮ ਤੱਕ ਕੈਂਪ ਲਾਏ ਜਾਣਗੇ। 29 ਫ਼ਰਵਰੀ ਨੂੰ ਹੰਸਾਲਾ, ਰਾਜੋਮਾਜਰਾ ਵਿਖੇ ਸਵੇਰੇ 10 ਤੋਂ 1 ਵਜੇ ਤੱਕ ਅਤੇ ਹੁੰਬੜਾ ਵਿਖੇ ਦੁਪਹਿਰ 2 ਤੋਂ 5 ਵਜੇ ਸ਼ਾਮ ਤੱਕ ਕੈਂਪ ਲਗਾਏ ਜਾਣਗੇ। 1 ਮਾਰਚ ਨੂੰ ਨਡਿਆਲੀ (ਬਨੂੰੜ), ਰਾਮਗੜ੍ਹ ਉਰਫ ਬੂਟਾ ਸਿੰਘ ਵਾਲਾ ਵਿਖੇ ਸਵੇਰੇ 10 ਤੋਂ 1 ਵਜੇ ਤੱਕ, ਗੋਬਿੰਦਪੁਰ ਅਤੇ ਵਾਰਡ ਨੰ. 44,41,43,46 ਐਸ.ਏ.ਐਸ ਨਗਰ ਵਿਖੇ ਦੁਪਹਿਰ 2 ਤੋਂ 5 ਵਜੇ ਸ਼ਾਮ ਤੱਕ ਕੈਂਪ ਲਾਏ ਜਾਣਗੇ। 2 ਮਾਰਚ ਨੂੰ ਗਿੱਦੜਪੁਰ, ਮੌਲੀ ਬੈਦਵਾਨ ਸਵੇਰੇ 10 ਵਜੇ ਤੋਂ 1 ਵਜੇ ਤੱਕ, ਸੈਦਪੁਰ ਅਤੇ ਰਾਏਪੁਰ ਖੁਰਦ ਵਿਖੇ ਦੁਪਹਿਰ 2 ਤੋਂ 5 ਵਜੇ ਸ਼ਾਮ ਤੱਕ ਕੈਂਪ ਲਗਾਏ ਜਾਣਗੇ। 3 ਮਾਰਚ ਨੂੰ ਵਾਰਡ ਨੰਬਰ 29,34,35,36 ਅਤੇ ਵਾਰਡ ਨੰਬਰ 13,14,15,16,17 ਅਤੇ 23 ਐਸ.ਏ. ਐਸ. ਨਗਰ ਵਿਖੇ ਸਵੇਰੇ 10 ਤੋਂ 1 ਵਜੇ ਤੱਕ, ਵਾਰਡ ਨੰਬਰ 37,38,39,42 ਅਤੇ ਵਾਰਡ ਨੰਬਰ 18,19,20,21,22 ਵਿਖੇ ਦੁਪਹਿਰ 2 ਤੋਂ 5 ਵਜੇ ਤੱਕ ਕੈਂਪ ਲਗਾਏ ਜਾਣਗੇ। 4 ਮਾਰਚ ਨੂੰ ਵਾਰਡ ਨੰਬਰ 24,25,26,27,28 ਅਤੇ 30 ਵਿਖੇ ਸਵੇਰੇ 10 ਤੋਂ 1 ਵਜੇ ਤੱਕ, ਵਾਰਡ ਨੰਬਰ 31,40,32,33 ਵਿਖੇ ਦੁਪਹਿਰ 2 ਤੋਂ ਸ਼ਾਮ 5 ਵਜੇ ਤੱਕ ਕੈਂਪ ਲਗਾਏ ਜਾਣਗੇ।

# ਸੜਕਾਂ ਕਿਨਾਰੇ, ਖਾਲੀ ਪਲਾਟਾਂ ਤੇ ਛੱਪੜਾਂ 'ਚ ਭਰਿਆ ਜਾ ਰਿਹੈ ਇੰਡਸਟ੍ਰੀਅਲ ਵੇਸਟ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਵੇਸਟ ਚਾਹੇ ਕੋਈ ਵੀ ਹੋਵੇ, ਹਰ ਕਿਸੇ ਨੂੰ ਸੰਭਾਲਣ ਲਈ ਨਿਯਮ ਬਣੇ ਹੋਏ ਹਨ। ਪਰ ਨਿਯਮਾਂ ਨੂੰ ਤਾਕ ਉਤੇ ਰੱਖ ਕੇ ਪੈਸੇ ਬਚਾਉਣ ਦੇ ਚਕੱਰ ਵਿਚ ਕੁਝ ਅਦਾਰਿਆਂ ਵਲੋਂ ਸਰਕਾਰ ਦੀ ਮਿਲੀ ਭੁਗਤ ਅਤੇ ਅਵੇਸਲੇਪਨ ਕਾਰਨ ਉਸ ਰਸਾਇਣਕ ਤੱਤਾਂ ਨਾਲ ਭਰਪੂਰ ਵੇਸਟ ਨੂੰ ਪਿੰਡਾਂ ਦੇ ਛੱਪੜਾਂ ਵਿਚ ,ਸੜਕਾਂ ਕਿਨਾਰੇ ਅਤੇ ਪਿੰਡਾਂ ਵਿਚ ਅਬਾਦੀ ਦੇ ਨਜਦੀਕ ਡੰਪ ਕਰਨ ਦਾ ਵੱਧ ਰਹੇ ਰੁਝਾਨ ਲੋਕਾਂ ਦੀ ਸਿਹਤ,ਧਰਤੀ,ਪਾਣੀ ਅਤੇ ਹਵਾ ਦੀ ਗੁਣਵੱਤਾ ਦੀ ਤਬਾਹੀ ਤਾਂ ਹੋਏਗੀ ਪਰ ਨਾਲ ਗਲੋਬਲ ਵਾਰਮਿੰਗ ਵਿਚ ਵੀ ਵਾਧੇ ਨੂੰ ਸੱਦਾ ਦਿਤਾ ਜਾ ਰਿਹਾ ਹੈ। ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਹੁਸ਼ਿਆਰਪੁਰ ਦੇ ਨਜਦੀਕ ਪਿੰਡ ਨੰਗਲ ਸ਼ਹੀਦਾਂ ਵਿਚ ਤੇਜੀ ਨਾਲ ਛੱਪੜ ਵਿਚ ਡੰਪ ਹੋ ਰਹੇ ਰਸਾਇਣਕ ਤੱਤਾਂ ਨਾਲ ਭਰਪੂਰ ਵੇਸਟ ਨੂੰ ਡੰਪ ਕਰਨ ਨੂੰ ਲੈ ਕੇ ਪੰਜਾਬ ਸਰਕਾਰ ਦੇ ਪ੍ਰਦੂਸ਼ਣ ਕੰਟਰੋਲ,ਸਿਹਤ ਵਿਭਾਗ,ਐਗਰੀਕਲਚਰ ਵਿਭਾਗ ਲਤੇ ਪੰਚਾਇਤੀ ਵਿਭਾਗ ਆਦਿ ਦੀਆਂ ਵਾਤਾਵਰਣ ਤੇ ਲੋਕਾਂ ਦੀ ਸਿਹਤ ਪ੍ਰਤੀ ਅਣਗਹਿਲੀਆਂ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆ ਕਿਹਾ ਕਿ ਪੰਜਾਬ ਸਰਕਾਰ ਦੀਆਂ ਨੀਤੀਆਂ ਪੂਰੀ ਤਰ੍ਹਾਂ ਲੋਕਾਂ,ਵਾਤਾਵਰਣ ਦੀ ਤੰਦਰੁਸਤੀ ਅਤੇ ਕੁਦਰਤੀ ਸਰੋਤਾਂ ਨਾਲ ਖਿਲਵਾੜ ਕਰਨ ਵਾਲੀਆਂ ਸਿੱਧ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਕੰਮ ਅਨੁਸਾਸ਼ਨਹੀਨਤਾ ਹੀ ਪੈਦਾ ਨਹੀਂ ਕਰ ਰਿਹਾ ਸਗੋਂ ਅਜਿਹੀਆਂ ਗਤਿਵਿਧੀਆਂ ਲੋਕਾਂ ਦੇ ਭਵਿੱਖ ਲਈ ਖਤਰੇ ਪੈਦਾ ਕਰਨ ਵੱਲ ਵੱਧ ਰਹੀਆਂ ਹਨ। ਕੈਮੀਕਲ ਵੇਸਟ ਵਿਚ ਜਿਹੜੇ ਜਹਿਰੀਲੇ ਤੱਤ ਮਜੂਦ ਹੁੰਦੇ ਹਨ,ਉਹ ਅੱਗੇ ਹਵਾ ਵਿਚ ਹੋਰ ਮੌਜੂਦ ਤੱਤਾਂ ਨਾਲ ਰਸਾਇਣਕ ਕ੍ਰਿਆ ਕਰਕੇ ਭਾਰੀ ਨੁਕਸਾਨ ਕਰਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀ ਸ਼ਹਿ ਉਤੇ ਅਨੇਕਾਂ ਵਿਅਕਤੀ ਵੇਸਟ ਨੂੰ ਖਪਾਉਣ ਲਈ ਪਿੰਡਾਂ ਵਿਚ ਜਾ ਕੇ ਲੋਕਾਂ ਨੂੰ ਗੁੰਮਰਾਹ ਕਰਕੇ ਅਜਿਹੇ ਕੰਮਾਂ ਨੂੰ ਅੰਜਾਮ ਦੇ ਰਹੇ ਹਨ ਤੇ ਅਪਣੀਆਂ ਜੇਬਾਂ ਵੀ ਗਰਮ ਕਰਦੇ ਹਨ।

# 79ਵਾਂ ਮਾਸਿਕ ਰਾਸ਼ਨ ਵੰਡ ਸਮਾਰੋਹ ਕਰਵਾਇਆ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਵਿਸ਼ਵਾਸ ਸੇਵਾ ਸੁਸਾਇਟੀ ਵੱਲੋਂ ਮੰਦਰ ਸ਼ਿਵ ਧਾਮ ਨਹਿਰੂ ਗੇਟ ਵਿਖੇ 79ਵਾਂ ਮਾਸਿਕ ਰਾਸ਼ਨ ਵੰਡ ਸਮਾਰੋਹ ਕਰਵਾਇਆ ਗਿਆ, ਜਿਸ ਵਿਚ 15 ਲੋੜਵੰਦ ਪਰਵਾਰਾਂ ਨੂੰ ਰਾਸ਼ਨ ਦੀ ਸਹਾਇਤਾ ਦਿੱਤੀ ਗਈ। ਸੁਸਾਇਟੀ ਦੇ ਮੁਖੀ ਪਰਵਿੰਦਰ ਬੱਤਰਾ ਨੇ ਦੱਸਿਆ ਕਿ ਪਿਛਲੇ 7 ਸਾਲਾਂ ਤੋਂ ਸੁਸਾਇਟੀ ਵੱਲੋਂ ਸਲੱਮ ਇਲਾਕੇ ਦੇ ਬੱਚਿਆਂ ਦੀ ਮਦਦ ਕਰਨਾ, ਸਕੂਲੀ ਬੱਚਿਆਂ ਦੀਆਂ ਲੋੜਾਂ ਪੂਰੀਆਂ ਕਰਨਾ, ਵਾਤਾਵਰਨ ਪ੍ਰਤੀ ਸਮੇਂ-ਸਮੇਂ 'ਤੇ ਰੁੱਖ ਲਗਾਉਣਾ ਅਤੇ ਸੇਵਾ ਕਰਨਾ ਆਦਿ ਕਈ ਤਰ੍ਹਾਂ ਦੇ ਸੇਵਾ ਕਾਰਜ ਕੀਤੇ ਜਾ ਰਹੇ ਹਨ। ਸੋਸਾਇਟੀ ਵੱਲੋਂ ਹਰ ਮਹੀਨੇ ਰਾਸ਼ਨ ਦੀ ਸੇਵਾ ਪ੍ਰਦਾਨ ਕੀਤੀ ਜਾਂਦੀ ਹੈ। ਦੂਜਿਆਂ ਦਾ ਭਲਾ ਕਰਨ ਦੇ ਬਰਾਬਰ ਕੋਈ ਧਰਮ ਨਹੀਂ ਹੁੰਦਾ। ਇਸ ਸੇਵਾ ਕਾਰਜ ਵਿੱਚ ਕਮਲਜੀਤ ਚਾਂਦਲਾ, ਪ੍ਰਦੀਪ ਢੀਂਗਰਾ, ਮਨੀਸ਼ ਖੋਸਲਾ ਅਤੇ ਪਵਨ ਅਰੋੜਾ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਕਰਨ ਅਤੇ ਰਾਹੁਲ ਢੀਂਗਰਾ ਨੇ ਵੀ ਹਰ ਮਹੀਨੇ ਆਰਥਿਕ ਸਹਿਯੋਗ ਦੇਣ ਦਾ ਵਾਅਦਾ ਕੀਤਾ। ਇਸ ਮੌਕੇ ਪੰਕਜ ਆਹੂਜਾ, ਅੰਕੁਸ਼ ਸਤਵੀਰ ਰਾਣਾ ਅਖਿਲ ਸ਼ਰਮਾ ਆਦਿ ਹਾਜ਼ਰ ਸਨ।

# ਸੋਹਾਣਾ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦਾ ਜਨਮ ਦਿਹਾੜਾ ਮਨਾਇਆ




**ਮੋਹਾਲੀ (ਗੁਰਜੀਤ ਬਿੱਲਾ)** ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ।ਜਨਮ ਦਿਹਾੜੇ ਦੀ ਖੁੱਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ।ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ।ਇਸ ਧਾਰਮਿਕ ਸਮਾਗਮ ਵਿੱਚ ਭਾਈ ਗੁਰਸੇਵਕ ਸਿੰਘ ਦੇ ਇੰਨਟਰਨੈਸ਼ਨ ਢਾਡੀ ਜੱਥੇ ਨੇ ਸ੍ਰੀ ਗੁਰੂ ਰਵਿਦਾਸ ਜੀ ਦਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਜਾਣੂ ਕਰਵਾਇਆ। ਭਾਈ ਸਤਨਾਮ ਸਿੰਘ ਗੁ ਸ੍ਰੀ ਪੰਜੋਖਰਾ ਸਾਹਿਬ ਵਾਲਿਆਂ ਵਲੋਂ ਆਪਣੇ ਪ੍ਰਵਚਨਾਂ ਰਾਹੀ ਗੁਰੂ ਰਵਿਦਾਸ ਜੀ ਦੁਆਰਾ ਉਚਾਰਣ ਕੀਤੀ ਗਈ ਧੁਰ ਕੀ ਬਾਣੀ ਦੇ 16 ਰਾਗਾਂ 'ਚ 40 ਸ਼ਬਦ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਸੁਸ਼ੋਭਿਤ ਹੋਣ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ।ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

# ਚੋਰਾਂ ਧਾਰਮਕ ਅਸਥਾਨ ਨੂੰ ਬਣਾਇਆ ਨਿਸ਼ਾਨਾ

**ਗੁਰਾਇਆ (ਰਘਬੀਰ ਸਿੰਘ)** -ਮਾੜੇ ਅਨਸਰਾਂ ਨੂੰ ਪੁਲਸ ਪ੍ਰਸਾਸਨ ਦਾ ਬਿਲਕੁੱਲ ਵੀ ਡਰ ਨਹੀਂ ਹੈ ਥਾਣੇ ਦੇ ਬਿਲਕੁੱਲ ਨਾਲ ਹੀ ਹੁਣ ਚੋਰਾਂ ਨੇ ਇੱਕ ਧਾਰਮਿਕ ਸਥਾਨ ਨੂੰ ਨਿਸ਼ਾਨਾਂ ਬਣਾਦੇ ਹੋਏ ਉਥੋਂ ਬਿਜਲੀ ਦੀਆਂ ਤਾਰਾਂ ਚੋਰੀ ਕਰ ਲਈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਚੌਂਕੜੀਆ ਜਠੇਰੇ ਦੇ ਮੁਖੀ ਸਾਬਕਾ ਕੌਂਸਲਰ ਰੇਸ਼ਮ ਸਿੰਘ ਨੇ ਦੱਸਿਆ ਕਿ ਐਤਵਾਰ ਸਵੇਰੇ ਜਦੋਂ ਉਹ ਆਪਣੇ ਜਠੇਰੇ ਆਏ ਤਾਂ ਦੇਖਿਆ ਚੋਰਾਂ ਵੱਲੋਂ ਦਰਵਾਜੇ ਨੂੰ ਤੋੜਨ ਦੀ ਕੋਸ਼ਿਸ਼ ਕੀਤੀ ਗਈ ਸੀ ਜਦੋਂ ਅੰਦਰ ਜਾ ਕੇ ਦੇਖਿਆ ਤਾਂ ਚੋਰ ਉੱਪਰ ਦੇ ਰਸਤੇ 'ਚੋਂ ਅੰਦਰ ਦਾਖਲ ਹੋ ਕੇ ਬਿਜਲੀ ਦੀ ਤਾਰਾਂ ਚੋਰੀ ਕਰਕੇ ਫਰਾਰ ਹੋ ਗਏ। ਇਸ ਸੰਬੰਧੀ ਉਹਨਾਂ ਗੁਰਾਇਆ ਪੁਲਸ ਨੂੰ ਸ਼ਿਕਾਇਤ ਦੇ ਦਿੱਤੀ ਹੈ। ਏ ਐਸ ਆਈ ਬਾਵਾ ਸਿੰਘ ਮੌਕੇ 'ਤੇ ਪਹੁੰਚੇ ਅਤੇ ਜਾਇਜਾ ਲਿਆ।



ਫ਼ੋਟੋ 25 ਮੁਨੀਸ਼ 104-ਚੋਰੀ ਦਾ ਜਾਇਜ਼ਾ ਲੈਂਦੇ ਗੁਰਾਇਆ ਪੁਲਿਸ ਮੁਲਾਜ਼ਮ

# ਜਿੰਪਾ ਨੇ ਜੈਨ ਯੁਵਾ ਮੰਡਲ ਵੱਲੋਂ 31ਵੇਂ ਫਰੀ ਆਈ ਅਪਰੇਸ਼ਨ ਕੈਂਪ 'ਚ ਕੀਤੀ ਸ਼ਿਰਕਤ



**ਹੁਸ਼ਿਆਰਪੁਰ, (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)** ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿਹਤ ਸੁਵਿਧਾਵਾਂ ਦੇ ਵਿਸਥਾਰ ਲਈ ਉਪਰਾਲੇ ਕਰ ਰਹੀ ਹੈ। ਉਹ ਸ਼ਹਿਰ ਦੇ ਮੁੱਖ ਸਮਾਜਿਕ ਸੰਗਠਨ ਜੈਨ ਯੁਵਾ ਮੰਡਲ ਵਲੋਂ ਆਯੋਜਿਤ 31ਵੇਂ ਫਰੀ ਆਈ ਓਪਰੇਸ਼ਨ ਕੈਂਪ ਵਿਚ ਸ਼ਾਮਲ ਹੋਣ ਦੌਰਾਨ ਸੰਬੋਧਨ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਵਿਧਾਨ ਸਭਾ ਹਲਕਾ ਉਨ੍ਹਾਂ ਦਾ ਪਰਵਾਰ ਹੈ ਅਤੇ ਉਹ ਹਮੇਸ਼ਾ ਆਪਣੇ ਲੋਕਾਂ ਪ੍ਰਤੀ ਸਮਰਪਿਤ ਹਨ।ਉਨ੍ਹਾਂ ਕਿਹਾ ਕਿ ਸਮਾਜਿਕ ਤੌਰ 'ਤੇ ਇਸ ਤਰ੍ਹਾਂ ਦੇ ਮੈਡੀਕਲ ਕੈਂਪ ਲਗਾ ਕੇ ਅਸੀਂ ਇਕ ਸਿਹਤਮੰਦ ਸਮਾਜ ਦੀ ਸਿਰਜਨਾ ਦੇ ਟੀਚੇ ਦੀ ਪ੍ਰਾਪਤੀ ਵੱਲ ਵੱਧਦੇ ਹਾਂ। ਇਸ ਮੌਕੇ ਜੈਨ ਸਮਾਜ ਦੇ ਸੰਤ ਜਿਤੇਂਦਰ ਮੁਨੀ, ਸ਼੍ਰੀ ਰਮਨ ਮੁਨੀ, ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੀ, ਬਿੰਦੂ ਸ਼ਰਮਾ, ਰਾਕੇਸ਼ ਜੈਨ, ਰਿਤੂ ਜੈਨ, ਮੰਡਲ ਦੇ ਪ੍ਰਧਾਨ ਰਿਸ਼ਵ ਜੈਨ, ਚੇਅਰਮੈਨ ਦਿਵਮ ਜੈਨ ਅਤੇ ਜਨਰਲ ਸਕੱਤਰ ਅਰਪਿਤ ਜੈਨ ਵੀ ਮੌਜੂਦ ਸਨ।ਕੈਬਨਿਟ ਮੰਤਰੀ ਨੇ ਕਿਹਾ ਕਿ ਜੈਨ ਯੁਵਾ ਮੰਡਲ ਦੁਅਰਾ ਕੀਤੇ ਜਾ ਰਹੇ ਸੇਵਾ ਕਾਰਜ ਸਮਾਜ ਵਿਚ ਬਹੁਤ ਵੱਡੀ ਮਿਸਾਲ ਹਨ।ਹੋਰ ਸਮਾਜਿਕ ਸੰਗਠਨਾਂ ਨੂੰ ਵੀ ਇਸ ਦੀ ਪਾਲਣਾ ਕਰਨਾ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸੇ ਤਰ੍ਹਾਂ ਦੇ ਸੰਗਠਨਾਂ ਨੂੰ ਉਤਸ਼ਾਹਿਤ ਕਰਨ ਲਈ ਆਪਣਾ ਹਰ ਸੰਭਵ ਸਹਿਯੋਗ ਪ੍ਰਦਾਨ ਕਰੇਗੀ। ਇਸ ਮੌਕੇ ਲਾਇੰਸ ਆਈ ਹਸਪਤਾਲ ਆਦਮਪੁਰ ਦੇ ਚੇਅਰਮੈਨ ਦਸਵਿੰਦਰ ਕੁਮਾਰ ਦੀ ਅਗਵਾਈ ਹੇਠ ਡਾ. ਹਰਪ੍ਰੀਤ ਸਿੰਘ, ਡਾ. ਕੁਲਦੀਪ ਸਿੰਘ ਅਤੇ ਡਾ. ਨਵਪ੍ਰੀਤ ਕੌਰ 'ਤੇ ਆਧਾਰਤ ਟੀਮ ਨੇ 985 ਮਰੀਜ਼ਾਂ ਦਾ ਚੈਕਅਪ ਕੀਤਾ। ਮੰਡਲ ਦੇ ਸਾਬਕਾ ਪ੍ਰਧਾਨ ਲੱਕੀ ਜੈਨ, ਸਰਪ੍ਰਸਤ ਰਜਿੰਦਰ ਜੈਨ, ਸਲਾਹਕਾਰ ਅੰਕਿਤ ਜੈਨ ਅਤੇ ਸਮਿਤੀ ਜੈਨ, ਉਪ ਚੇਅਰਮੈਨ ਸਾਰਥਕ ਜੈਨ, ਖਜ਼ਾਨਚੀ ਚਾਹਤ ਜੈਨ, ਸ਼੍ਰੇਆਂਸ ਜੈਨ, ਵਰੁਣ ਜੈਨ, ਅਭਿਸ਼ੇਕ ਜੈਨ, ਸੁਸ਼ਾਂਤ ਜੈਨ, ਸੌਰਭ ਜੈਨ, ਕੁਣਾਲ ਜੈਨ, ਸਿਧਾਂਤ ਜੈਨ, ਰਿਸ਼ਵ, ਗੋਇਮ ਜੈਨ ਅਤੇ ਸ਼੍ਰੇਆਂਸ ਅਤੇ ਹੋਰ ਅਧਿਕਾਰੀ ਮਰੀਜ਼ਾਂ ਦੀ ਸੇਵਾ ਦੀ ਕਮਾਨ ਸੰਭਾਲ ਕਰ ਰਹੇ ਸਨ।


# ਬੱਲੂ ਪੰਜਾਬ ਰਾਜ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਬੋਰਡ ਦਾ ਉਪ ਚੇਅਰਮੈਨ ਨਿਯੁਕਤ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀ ਗਈ ਵੱਖ-ਵੱਖ ਵਿਭਾਗਾਂ ਵਿੱਚ ਚੇਅਰਮੈਨ, ਵਾਈਸ ਚੇਅਰਮੈਨ ਆਦਿ ਦੀ ਸੂਚੀ ਵਿੱਚ ਆਮ ਆਦਮੀ ਪਾਰਟੀ ਨਵਾਂਸ਼ਹਿਰ ਦੇ ਹਲਕਾ ਇੰਚਾਰਜ ਲਲਿਤ ਮੋਹਨ ਬੱਲੂ ਨੂੰ ਪੰਜਾਬ ਰਾਜ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਬੋਰਡ ਦਾ ਉਪ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ।ਸੋਮਵਾਰ ਨੂੰ ਸੀਐਮ ਭਗਵੰਤ ਮਾਨ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ ਰਾਹੀਂ ਇਸ ਦਾ ਐਲਾਨ ਕੀਤਾ। ਬੱਲੂ ਨੂੰ ਇਹ ਜ਼ਿੰਮੇਵਾਰੀ ਮਿਲਣ ਤੋਂ ਬਾਅਦ ਉਨ੍ਹਾਂ ਦੇ ਸਮਰਥਕਾਂ ਅਤੇ ਸਾਥੀਆਂ ਨੇ ਉਨ੍ਹਾਂ ਨੂੰ ਵਧਾਈ ਦਿੱਤੀ।ਬੱਲੂ ਨੇ ਆਪਣੀ ਨਿਯੁਕਤੀ 'ਤੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਮਾਨ, ਰਾਜ ਸਭਾ ਮੈਂਬਰ ਸੰਦੀਪ ਪਾਠਕ, ਸੰਸਦ ਮੈਂਬਰ ਰਾਘਵ ਚੱਢਾ, ਪੰਜਾਬ ਇੰਚਾਰਜ ਜਰਨੈਲ ਸਿੰਘ, ਕਾਰਜਕਾਰੀ ਪ੍ਰਧਾਨ ਪ੍ਰਿੰਸੀਪਲ ਬੁੱਧ ਰਾਮ, ਡਿਪਟੀ ਸਪੀਕਰ ਜੈ ਸਿੰਘ ਰੌੜੀ, ਸੂਬਾ ਸਕੱਤਰ ਰਾਜਵਿੰਦਰ ਕੌਰ ਥਿਆੜਾ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਬੱਲੂ ਨੂੰ ਵਾਈਸ ਚੇਅਰਮੈਨ ਨਿਯੁਕਤ ਕਰਨ 'ਤੇ ਲੋਕ ਸਭਾ ਇੰਚਾਰਜ ਮਾਲਵਿੰਦਰ ਕੰਗ, ਵਿਧਾਇਕ ਸੰਤੋਸ਼ ਕਟਾਰੀਆ, ਬੀਸੀ ਵਿੰਗ ਪੰਜਾਬ ਦੇ ਪ੍ਰਧਾਨ ਸ਼ਿਵ ਕਰਨ ਚੇਚੀ, ਜ਼ਿਲ੍ਹਾ ਪ੍ਰਧਾਨ ਸਤਨਾਮ ਜਲਾਲਪੁਰ, ਮਾਰਕੀਟ ਕਮੇਟੀ ਚੇਅਰਮੈਨ ਗਗਨ ਅਗਨੀਹੋਤਰੀ, ਬੰਗਾ ਹਲਕਾ ਇੰਚਾਰਜ ਕੁਲਜੀਤ ਸਰਹਾਲ, ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਵਿਨੀਤ ਜਾਡਲਾ, ਰਾਜਦੀਪ ਸ਼ਰਮਾ, ਜਗਜੀਤ ਕੌਰ ਕਰਨਾਣਾ, ਕਿਸਾਨ ਵਿੰਗ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਉਦਾਪਰ, ਬੀ.ਸੀ ਵਿੰਗ ਜ਼ਿਲ੍ਹਾ ਪ੍ਰਧਾਨ ਸੇਠੀ ਉਦਨੋਵਾਲ, ਜਸਬੀਰ ਟਾਂਕ, ਕੌਂਸਲਰ ਡਾ: ਕਮਲ, ਬਲਵਿੰਦਰ ਕੁਮਾਰ, ਰਮਨ ਉਮੱਟ, ਵਿਨੋਦ ਪਿੰਕਾ, ਚਮਨ ਸਿੰਘ ਭਾਨਮਜਾਰਾ, ਲੱਡੂ ਮਹਾਲੋਂ, ਲੱਕੀ ਲੱਧੜ, ਟੀਟੂ ਆਹੂਜਾ, ਕੁਲਦੀਪ ਉੜਾਪੜ, ਸਤਨਾਮ ਕਾਹਮਾ, ਦਲਜੀਤ ਰਸੂਲਪੁਰ, ਰਮੇਸ਼ ਜੱਸਲ, ਟੀਟੂ ਆਹੁਜਾ, ਯੋਗੇਸ਼ ਰਾਹੋਂ, ਕੁਲਵਿੰਦਰ ਭਾਈ, ਰਿਚੀ ਰਾਣਾ, ਮੰਗਲ ਬੈਂਸ, ਤੇਜਿੰਦਰ ਤੇਜਾ, ਲੱਕੀ ਐਰੀ ਆਦਿ ਨੇ ਵਧਾਈ ਦਿੱਤੀ।

# ਪੰਜਾਬ ਦੀ ਸੀਨੀਅਰ ਮਹਿਲਾ ਹਾਕੀ ਟੀਮ ਦੇ ਚੋਣ ਟਰਾਇਲ 29 ਨੂੰ

**ਜਲੰਧਰ (ਸ਼ੈਲੀ ਐਲਬਰਟ)** ਹਾਕੀ ਇੰਡੀਆ ਵੱਲੋਂ 13 ਮਾਰਚ ਤੋਂ ਪੁਣੇ ਵਿਖੇ ਕਰਵਾਈ ਜਾ ਰਹੀ 14ਵੀਂ ਹਾਕੀ ਇੰਡੀਆ ਸੀਨੀਅਰ ਮਹਿਲਾ ਰਾਸ਼ਟਰੀ ਹਾਕੀ ਚੈਂਪੀਅਨਸ਼ਿਪ ਵਿੱਚ ਭਾਗ ਲੈਣ ਵਾਲੀ ਪੰਜਾਬ ਸੀਨੀਅਰ ਮਹਿਲਾ ਹਾਕੀ ਟੀਮ ਦੀ ਚੋਣ ਲਈ ਚੋਣ ਟਰਾਇਲ 29 ਫਰਵਰੀ ਨੂੰ ਸਵੇਰੇ 9 ਵਜੇ ਹੋਣਗੇ।ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਜਲੰਧਰ ਵਿਖੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਹਾਕੀ ਪੰਜਾਬ ਦੇ ਪ੍ਰਧਾਨ ਨਿਤਿਨ ਕੋਹਲੀ ਅਤੇ ਜਨਰਲ ਸਕੱਤਰ ਅਮਰੀਕ ਸਿੰਘ ਪੋਵਾਰ ਨੇ ਦੱਸਿਆ ਕਿ ਇਨ੍ਹਾਂ ਟਰਾਇਲਾਂ ਵਿੱਚ ਪੰਜਾਬ ਨਾਲ ਸਬੰਧਤ ਖਿਡਾਰੀ ਭਾਗ ਲੈ ਸਕਦੇ ਹਨ। ਇਨ੍ਹਾਂ ਖਿਡਾਰੀਆਂ ਦੀ ਚੋਣ ਲਈ ਚੋਣ ਕਮੇਟੀ ਬਣਾਈ ਗਈ ਹੈ। ਚੁਣੇ ਗਏ ਖਿਡਾਰੀਆਂ ਲਈ ਕੋਚਿੰਗ ਕੈਂਪ ਲਗਾਇਆ ਜਾਵੇਗਾ।ਇਨ੍ਹਾਂ ਚੋਣ ਟਰਾਇਲਾਂ ਵਿੱਚ ਭਾਗ ਲੈਣ ਵਾਲੇ ਖਿਡਾਰੀ ਚੋਣ ਟਰਾਇਲਾਂ ਸਮੇਂ ਆਪਣਾ ਅਸਲ ਆਧਾਰ ਕਾਰਡ ਲੈ ਕੇ ਆਉਣ।

ਨਵਾਂ ਜ਼ਮਾਨਾ
ਮੰਗਲਵਾਰ, 27 ਫਰਵਰੀ 2024

# ਜੰਗ ਜਾਰੀ ਹੈ, ਜਿੱਤਾਂਗੇ ਜ਼ਰੂਰ

*ਤਿੰਨ ਕਾਲੇ ਖੇਤੀ ਕਾਨੂੰਨਾਂ ਵਿਰੁੱਧ ਇੱਕ ਸਾਲ ਤੋਂ ਵੱਧ ਸਮੇਂ ਤੱਕ ਦਿੱਲੀ ਘੇਰ ਕੇ ਬੈਠੇ ਕਿਸਾਨਾਂ ਨੇ ਇੱਕ ਵਾਰ ਫਿਰ ਸੰਘਰਸ਼ ਦਾ ਮੈਦਾਨ ਮੱਲਿਆ ਹੈ। ਉਸ ਵੇਲੇ ਸੰਘਰਸ਼ ਵਿੱਚ ਸ਼ਾਮਲ 700 ਤੋਂ ਵੱਧ ਕਿਸਾਨ ਸ਼ਹੀਦ ਹੋ ਗਏ ਸਨ। ਆਖਰ ਤਾਨਾਸ਼ਾਹ ਹਾਕਮਾਂ ਨੂੰ ਝੁਕਣਾ ਪਿਆ ਸੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਲਾਨ ਕੀਤਾ ਸੀ ਕਿ ਸੰਸਦ ਦਾ ਅਜਲਾਸ ਸ਼ੁਰੂ ਹੁੰਦਿਆਂ ਹੀ ਤਿੰਨੇ ਕਾਨੂੰਨ ਰੱਦ ਕਰ ਦਿੱਤੇ ਜਾਣਗੇ। ਉਸ ਵੇਲੇ ਉਨ੍ਹਾ ਕਿਹਾ ਸੀ ਕਿ ਉਨ੍ਹਾ ਇਹ ਕਾਨੂੰਨ ਗਰੀਬ ਕਿਸਾਨਾਂ ਤੇ ਦੇਸ਼ ਦੇ ਵਿਕਾਸ ਲਈ ਬਣਾਏ ਸਨ, ਪਰ ਸਾਡੀ ਤਪੱਸਿਆ ਵਿੱਚ ਕੋਈ ਕਮੀ ਰਹਿ ਗਈ ਕਿ ਅਸੀਂ ਕਿਸਾਨਾਂ ਨੂੰ ਸਮਝਾ ਨਹੀਂ ਸਕੇ। ਇਸ ਦਾ ਸਿੱਧਾ ਮਤਲਬ ਇਹ ਸੀ ਕਿ ਖੇਤੀ ਕਾਨੂੰਨਾਂ ਵਿੱਚ ਕੋਈ ਕਮੀ ਨਹੀਂ ਸੀ, ਬੱਸ ਕਮੀ ਕਿਸਾਨਾਂ ਨੂੰ ਸਮਝਾਉਣ ਵਿੱਚ ਸੀ। ਇਹ ਸਿੱਧਾ ਇਸ਼ਾਰਾ ਸੀ ਕਿ ਕਿਸਾਨਾਂ ਨੂੰ ਸਮਝਾ ਕੇ ਕਾਨੂੰਨ ਦੁਬਾਰਾ ਲਿਆਂਦੇ ਜਾਣਗੇ। ਇਸ ਮੌਕੇ ਪ੍ਰਧਾਨ ਮੰਤਰੀ ਨੇ ਇਹ ਵੀ ਵਾਅਦਾ ਕੀਤਾ ਸੀ ਕਿ ਉਨ੍ਹਾ ਦੀ ਸਰਕਾਰ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) ਬਾਰੇ ਪੱਕਾ ਕਾਨੂੰਨ ਬਣਾਵੇਗੀ।*

*ਦੇਸ਼ ਭਰ ਦੇ ਕਿਸਾਨਾਂ ਨੇ 16 ਫ਼ਰਵਰੀ ਨੂੰ ਪੂਰਾ ਭਾਰਤ ਬੰਦ ਕਰਕੇ ਪ੍ਰਧਾਨ ਮੰਤਰੀ ਨੂੰ ਉਨ੍ਹਾ ਦਾ ਵਾਅਦਾ ਚੇਤੇ ਕਰਾਇਆ ਹੈ। ਕਿਸਾਨ ਇਸ ਦੇ ਨਾਲ ਇਹ ਵੀ ਮੰਗ ਕਰ ਰਹੇ ਹਨ ਕਿ ਭਾਰਤ ਵਿਸ਼ਵ ਵਪਾਰ ਸੰਸਥਾ ਦੇ ਮੱਕੜ ਜਾਲ ਵਿੱਚੋਂ ਬਾਹਰ ਨਿਕਲ ਆਵੇ। ਅੱਜ ਕਿਸਾਨ ਬਹੁਤ ਸੂਝਵਾਨ ਹੋ ਚੁੱਕਾ ਹੈ, ਉਹ ਜਾਣਦਾ ਹੈ ਕਿ ਵਿਸ਼ਵ ਵਪਾਰ ਸੰਸਥਾ ਵਿੱਚੋਂ ਬਾਹਰ ਆਏ ਬਿਨਾਂ ਕਿਸੇ ਵੀ ਸਰਕਾਰ ਲਈ 23 ਫ਼ਸਲਾਂ ਉੱਤੇ ਐੱਮ ਐੱਸ ਪੀ ਦੀ ਗਰੰਟੀ ਦੇਣੀ ਸੰਭਵ ਹੀ ਨਹੀਂ ਹੈ। ਪ੍ਰਧਾਨ ਮੰਤਰੀ ਨੇ ਖੇਤੀ ਕਾਨੂੰਨ ਲਿਆਂਦੇ ਹੀ ਵਿਸ਼ਵ ਵਪਾਰ ਸੰਸਥਾ ਨਾਲ ਕੀਤੇ ਗਏ ਸਮਝੌਤੇ ਅਧੀਨ ਸਨ, ਜਿਸ ਮੁਤਾਬਕ ਸਰਕਾਰ ਵੱਲੋਂ ਕਿਸਾਨਾਂ ਨੂੰ ਕਿਸੇ ਕਿਸਮ ਦੀ ਸਬਸਿਡੀ ਦਿੱਤੇ ਜਾਣ ਦੀ ਮਨਾਹੀ ਹੈ।*

*ਇਹ ਸਮਝੌਤਾ ਉਨ੍ਹਾਂ ਨਵੀਂਆਂ ਆਰਥਕ ਨੀਤੀਆਂ ਅਧੀਨ ਹੈ, ਜਿਸ ਉੱਤੇ ਕਾਂਗਰਸ ਸਰਕਾਰਾਂ ਨੇ ਦਸਤਖਤ ਕੀਤੇ ਸਨ। ਇਨ੍ਹਾਂ ਨੀਤੀਆਂ ਦਾ ਮਕਸਦ ਅਮਰੀਕਾ ਦੀ ਅਗਵਾਈ ਵਾਲੇ ਜੀ-7 ਗਰੁੱਪ, ਜਿਸ ਵਿੱਚ ਜਾਪਾਨ, ਕੈਨੇਡਾ, ਇਟਲੀ, ਜਰਮਨੀ, ਫ਼ਰਾਂਸ ਤੇ ਬਰਤਾਨੀਆ ਸ਼ਾਮਲ ਸਨ, ਵੱਲੋਂ ਸਮੁੱਚੇ ਵਿਕਾਸਸ਼ੀਲ ਦੇਸ਼ਾਂ ਨੂੰ ਆਰਥਕ ਤੌਰ ਉੱਤੇ ਗੁਲਾਮ ਬਣਾਉਣਾ ਸੀ। ਇਨ੍ਹਾਂ ਨੀਤੀਆਂ, ਜਿਨ੍ਹਾਂ ਨੂੰ ਵਿਸ਼ਵੀਕਰਨ, ਨਿੱਜੀਕਰਨ ਤੇ ਉਦਾਰੀਕਰਨ ਕਿਹਾ ਜਾਂਦਾ ਹੈ, ਅਧੀਨ ਵਿਕਾਸਸ਼ੀਲ ਦੇਸ਼ਾਂ ਦੇ ਸਮੁੱਚੇ ਬੁਨਿਆਦੀ, ਆਰਥਕ ਤੇ ਸਮਾਜੀ ਢਾਂਚੇ ਨੂੰ ਦੇਸੀ-ਬਦੇਸ਼ੀ ਪੂੰਜੀਪਤੀਆਂ ਨੂੰ ਸੌਂਪਣਾ ਸੀ।*

*ਜਦੋਂ ਸੋਵੀਅਤ ਯੂਨੀਅਨ ਵਿੱਚ ਉਥਲ-ਪੁਥਲ ਸ਼ੁਰੂ ਹੋਈ ਤਾਂ ਅਮਰੀਕਾ ਸਮਝ ਗਿਆ ਸੀ ਕਿ ਸੋਸ਼ਲਿਸਟ ਕੈਂਪ ਟੁੱਟਣ ਵਾਲਾ ਹੈ ਤਾਂ ਅਗਲਾ ਸਮਾਂ ਉਸ ਦੀ ਸਰਦਾਰੀ ਦਾ ਹੋਵੇਗਾ। ਇਸ ਸਮੇਂ ਦੌਰਾਨ ਅਮਰੀਕਾ ਨੇ ਆਪਣੇ ਕਿਸਾਨਾਂ ਨੂੰ ਦਿੱਤੀ ਜਾਂਦੀ ਸਬਸਿਡੀ ਇੱਕਦਮ ਵਧਾ ਦਿੱਤੀ ਸੀ। ਬਾਅਦ ਵਿੱਚ ਜਦੋਂ 1994 ਵਿੱਚ ਸਮਝੌਤੇ ਨੂੰ ਅੰਤਮ ਰੂਪ ਦਿੱਤਾ ਗਿਆ ਤਾਂ ਤੈਅ ਕਰ ਲਿਆ ਗਿਆ ਕਿ ਮੈਂਬਰ ਦੇਸ਼ ਕਿਸਾਨਾਂ ਨੂੰ ਸਿਰਫ਼ ਓਨੀ ਸਬਸਿਡੀ ਦੇ ਸਕਣਗੇ, ਜਿੰਨੀ ਉਹ 1986-88 ਵਿੱਚ ਦਿੰਦੇ ਸਨ। ਭਾਰਤ ਨੇ 1995 ਵਿੱਚ ਜਦੋਂ ਇਸ ਸਮਝੌਤੇ ਉਤੇ ਦਸਤਖਤ ਕੀਤੇ, ਉਸ ਸਮੇਂ ਅਮਰੀਕਾ ਆਪਣੇ ਕਿਸਾਨਾਂ ਨੂੰ 40 ਫ਼ੀਸਦੀ ਤੇ ਗਰੀਬ ਹੋਣ ਕਾਰਨ ਭਾਰਤ 10 ਫ਼ੀਸਦੀ ਸਬਸਿਡੀ ਦਿੰਦਾ ਸੀ। ਇਹ ਅਮਰੀਕੀ ਦਾਦਾਗਿਰੀ ਹੈ ਕਿ ਉਹ ਹਰ ਸਾਲ ਪ੍ਰਤੀ ਕਿਸਾਨ 40 ਹਜ਼ਾਰ ਡਾਲਰ ਤੇ ਭਾਰਤ ਸਿਰਫ਼ 300 ਡਾਲਰ ਦੇ ਰਿਹਾ ਹੈ। ਇਸ ਸਮੇਂ 26 ਤੋਂ 29 ਫ਼ਰਵਰੀ ਤੱਕ ਆਬੂਧਾਬੀ ਵਿੱਚ ਵਿਸ਼ਵ ਵਪਾਰ ਸੰਗਠਨ ਦੀ ਮੀਟਿੰਗ ਹੋ ਰਹੀ ਹੈ। ਹਰ ਮੀਟਿੰਗ ਵਿੱਚ ਪੱਛਮੀ ਮੁਲਕ ਭਾਰਤ ਵੱਲੋਂ ਕਣਕ, ਝੋਨੇ, ਕਪਾਹ ਤੇ ਗੰਨੇ ਉੱਤੇ ਦਿੱਤੇ ਜਾਂਦੇ ਸਮਰਥਨ ਮੁੱਲ ਦਾ ਵਿਰੋਧ ਕਰਦੇ ਹਨ। ਇਸ ਹਾਲਤ ਵਿੱਚ ਭਾਰਤ ਸਰਕਾਰ ਦੇ ਐੱਮ ਐੱਸ ਪੀ ਗਰੰਟੀ ਕਾਨੂੰਨ ਬਣਾਉਣ ਲਈ ਹੱਥ ਬੰਨ੍ਹੇ ਹੋਏ ਹਨ।*

*ਦੇਸੀ-ਬਦੇਸ਼ੀ ਸਰਮਾਏਦਾਰੀ ਵੱਲੋਂ ਵਿਛਾਏ ਗਏ ਇਸ ਮੱਕੜ ਜਾਲ ਵਿੱਚੋਂ ਨਿਕਲਣ ਦਾ ਇੱਕੋ-ਇੱਕ ਰਾਹ ਇਹ ਹੈ ਕਿ ਭਾਰਤ ਵਿਸ਼ਵ ਵਪਾਰ ਸੰਸਥਾ ਦੀ ਮੈਂਬਰੀ ਛੱਡ ਦੇਵੇ, ਪਰ ਇਹ ਏਨਾ ਸੌਖਾ ਵੀ ਨਹੀਂ, ਕਿਉਂਕਿ 1990 ਵਿੱਚ ਭਾਰਤ ਸਰਕਾਰ ਨੇ 2 ਲੱਖ ਕਰੋੜ ਦੇ ਬਦੇਸ਼ੀ ਕਰਜ਼ੇ ਕਾਰਨ ਇਸ ਗੁਲਾਮੀ ਦੇ ਦਸਤਾਵੇਜ਼ ਉੱਤੇ ਦਸਤਖਤ ਕੀਤੇ ਸਨ, ਅੱਜ ਉਹ 42, 421, 765, 500,0001 ਰੁਪਏ ਹੋ ਚੁੱਕਾ ਹੈ। ਇਸ ਦਾ ਮਤਲਬ ਹੈ ਅੱਜ ਦੇਸ਼ ਦੇ ਹਰ ਨਾਗਰਿਕ 'ਤੇ 3,26, 321 ਰੁਪਏ ਬਦੇਸ਼ੀ ਕਰਜ਼ਾ ਹੈ।*

*ਇਸ ਦੇ ਬਾਵਜੂਦ ਪਿਛਲੇ ਦੋ ਸਾਲਾਂ ਤੋਂ ਸੰਸਾਰਕ ਢਾਂਚੇ ਵਿੱਚ ਇਕ ਸਿਫ਼ਤੀ ਤਬਦੀਲੀ ਆਈ ਹੈ। ਇਸ ਦਾ ਮੁੱਢ 24 ਫ਼ਰਵਰੀ 2022 ਨੂੰ ਉਸ ਸਮੇਂ ਬੱਝਾ, ਜਦੋਂ ਰੂਸ ਨੇ ਉਸ ਵਿਰੁੱਧ ਸਾਮਰਾਜੀ ਦੇਸ਼ਾਂ ਵੱਲੋਂ ਸ਼ੁਰੂ ਕੀਤੀ ਗਈ ਪ੍ਰਾਕਸੀ ਵਾਰ ਵਿਰੁੱਧ ਯੂਕਰੇਨ 'ਤੇ ਹਮਲਾ ਕਰ ਦਿੱਤਾ ਸੀ। ਅਮਰੀਕਾ ਨੇ ਉਸ ਵੇਲੇ ਰੂਸ ਵਿਰੁੱਧ ਇਤਿਹਾਸ ਦੀਆਂ ਸਭ ਤੋਂ ਸਖ਼ਤ ਪਾਬੰਦੀਆਂ ਲਾਉਂਦਿਆਂ ਦਾਅਵਾ ਕੀਤਾ ਸੀ ਕਿ ਉਹ ਰੂਸ ਨੂੰ ਬਰਬਾਦ ਕਰਕੇ ਰੱਖ ਦੇਵੇਗਾ। ਅੱਜ ਦੋ ਸਾਲ ਬਾਅਦ ਹੋਇਆ ਕੀ? ਰੂਸ ਨੇ ਪੀ ਪੀ ਪੀ ਦੇ ਪੈਮਾਨੇ ਅਨੁਸਾਰ ਜਰਮਨੀ ਨੂੰ ਪਛਾੜ ਕੇ ਦੁਨੀਆ ਦੀ ਪੰਜਵੀਂ ਵੱਡੀ ਅਰਥਵਿਵਸਥਾ ਬਣਾ ਲਈ ਹੈ। ਅਮਰੀਕਾ ਦੇ ਪਿੱਛੇ ਲੱਗ ਕੇ ਯੂਰਪੀਨ ਮੁਲਕਾਂ ਨੇ ਆਪਣੇ ਆਪ ਨੂੰ ਬਰਬਾਦ ਕਰ ਲਿਆ ਹੈ। ਇਹ ਦੇਸ਼ ਰੂਸ ਤੋਂ ਆਉਣ ਵਾਲੀ ਸਸਤੀ ਕੁਦਰਤੀ ਗੈਸ ਉਤੇ ਨਿਰਭਰ ਸਨ। ਪਾਬੰਦੀਆਂ ਕਾਰਨ ਇਹ ਬੰਦ ਹੋ ਗਈ। ਅੱਜ ਉਨ੍ਹਾਂ ਨੂੰ 5 ਗੁਣਾ ਮਹਿੰਗੀ ਤਰਲ ਗੈਸ ਅਮਰੀਕਾ ਤੋਂ ਖਰੀਦਣੀ ਪੈ ਰਹੀ ਹੈ। ਮਹਿੰਗਾਈ ਨੇ ਸਭ ਰਿਕਾਰਡ ਤੋੜ ਦਿੱਤੇ ਹਨ। ਦੋ ਸਾਲ ਪਹਿਲਾਂ ਤੱਕ ਜਿਹੜਾ ਜਰਮਨੀ ਦੁਨੀਆ ਦਾ ਮੁੱਖ ਸਨਅਤੀ ਕੇਂਦਰ ਸੀ, ਅੱਜ ਬਰਬਾਦ ਹੋ ਚੁੱਕਾ ਹੈ। ਸਾਰੇ ਉਦਯੋਗ ਅਮਰੀਕਾ ਸ਼ਿਫਟ ਹੋ ਗਏ ਹਨ। ਇਨ੍ਹਾਂ ਹਾਲਤਾਂ ਵਿੱਚੋਂ ਹੀ ਅੱਜ ਇਨ੍ਹਾਂ ਦੇਸ਼ਾਂ ਦੇ ਕਿਸਾਨ ਟਰੈਕਟਰ ਲੈ ਕੇ ਰਾਜਧਾਨੀਆਂ ਘੇਰ ਰਹੇ ਹਨ ਤੇ ਸਬਸਿਡੀਆਂ ਵਧਾਉਣ ਦੀ ਮੰਗ ਕਰ ਰਹੇ ਹਨ। ਅਮਰੀਕਾ ਨੂੰ ਭਾਵੇਂ ਇਸ ਦਾ ਸਿੱਧਾ ਬਹੁਤਾ ਸੇਕ ਨਹੀਂ ਲੱਗਾ, ਪਰ ਅੰਦਰੋਂ ਉਹ ਵੀ ਖੋਖਲਾ ਹੋ ਚੁੱਕਾ ਹੈ। ਯੂਕਰੇਨ ਦੀ ਜੰਗ ਉਹ ਹਾਰ ਚੁੱਕਾ ਹੈ। ਉਥੇ ਵੀ ਚੋਣ ਯੁੱਧ ਮਘਿਆ ਹੋਇਆ ਹੈ। ਟਰੰਪ ਦਾ ਹੱਥ ਉਪਰ ਹੈ। ਉਸ ਨੇ ਪਹਿਲਾਂ ਹੀ ਐਲਾਨ ਕਰ ਦਿੱਤਾ ਹੈ ਕਿ ਰਾਸ਼ਟਰਪਤੀ ਬਣਦਿਆਂ ਹੀ ਉਹ ਯੂਕਰੇਨ ਯੁੱਧ ਖ਼ਤਮ ਕਰ ਦੇਵੇਗਾ। ਉਸ ਨੇ ਯੂਰਪੀ ਦੇਸ਼ਾਂ ਨੂੰ ਵੀ ਕਹਿ ਦਿੱਤਾ ਹੈ ਕਿ ਉਹ ਆਪਣਾ ਰੱਖਿਆ ਖਰਚਾ ਖੁਦ ਕਰਨ। ਇਸ ਤੋਂ ਸਪੱਸ਼ਟ ਹੈ ਕਿ ਆਉਣ ਵਾਲੇ ਸਮੇਂ ਵਿੱਚ ਵਿਸ਼ਵ ਅਰਥਵਿਵਸਥਾ ਦੇ ਇੱਕ ਨਵੇਂ ਤੇ ਨਿਆਂਪੂਰਨ ਰੂਪ ਵਿੱਚ ਸਾਹਮਣੇ ਆ ਜਾਣ ਦਾ ਦੌਰ ਸ਼ੁਰੂ ਹੋ ਚੁੱਕਾ ਹੈ। ਸੰਕਰਮਣ ਦਾ ਇਹ ਦੌਰ ਤੇਜ਼ੀ ਨਾਲ ਅੱਗੇ ਵਧ ਰਿਹਾ ਸੀ, ਪਰ ਹਮਾਸ ਉੱਤੇ ਇਜ਼ਰਾਈਲ ਦੇ ਹਮਲੇ ਨੇ ਇਸ ਦੀ ਰਫ਼ਤਾਰ ਘਟਾਈ ਹੈ। ਇਸ ਸਾਰੇ ਘਟਨਾਕ੍ਰਮ ਦਾ ਸਿਹਰਾ ਉਨ੍ਹਾ ਕਿਸਾਨਾਂ-ਮਜ਼ਦੂਰਾਂ ਸਿਰ ਬੱਝੇਗਾ, ਜਿਹੜੇ ਆਪਣੇ-ਆਪਣੇ ਦੇਸ਼ ਵਿੱਚ ਸਾਮਰਾਜ ਵਿਰੁੱਧ ਲੜਾਈ ਲੜ ਰਹੇ ਹਨ। ਜੰਗ ਜਾਰੀ ਹੈ, ਜਿੱਤਾਂਗੇ ਜ਼ਰੂਰ।*

**-ਚੰਦ ਫਤਿਹਪੁਰੀ**

# ਪੰਜਾਬ ਦੇ ਪ੍ਰਵਾਸ ਦੇ ਕਾਰਨ ਤੇ ਹੱਲ



ਗੁਰਚਰਨ ਸਿੰਘ ਨੂਰਪੁਰ

ਇਸ ਸਮੇਂ ਅਸੀਂ ਪੂੰਜੀਵਾਦ ਦੇ ਦੌਰ 'ਚੋਂ ਗੁਜ਼ਰ ਰਹੇ ਹਾਂ । ਪੂੰਜੀਵਾਦ ਨੇ ਸਾਨੂੰ ਆਪਣੀਆਂ ਤਰਜੀਹਾਂ ਅਨੁਸਾਰ ਜਿਊਣ ਲਈ ਤੋਰਿਆ ਹੋਇਆ ਹੈ ।ਜਿੱਥੇ-ਜਿੱਥੇ ਪੂੰਜੀ ਦਾ ਫੈਲਾਅ ਜਿੰਨਾ ਜ਼ਿਆਦਾ ਹੈ, ਉੱਥੇ ਉੱਥੇ ਉੱਥਲ-ਪੁੱਥਲ ਹੈ। ਜਿੱਥੇ ਦਰਗੁਜ਼ਰ ਹੋ ਰਹੀ ਹੈ, ਰੋਟੀ-ਪਾਣੀ ਚਲਦਾ ਹੈ, ਉੱਥੇ ਕੁਝ ਟਿਕਾਅ ਹੈ । ਪੂੰਜੀ 'ਤੇ ਸਾਡੇ ਸਾਧਨ ਬਹੁਤੇ ਹੱਥਾਂ 'ਚੋਂ ਥੋੜ੍ਹੇ ਹੱਥਾਂ ਵੱਲ ਸਰਕ ਰਹੇ ਹਨ ।ਪੂੰਜੀਵਾਦ ਦੇ ਦੈਂਤ ਨੇ ਇੱਕ ਪਾਸੇ ਤਾਂ ਸਾਡੇ ਜਨਤਕ ਸਾਧਨਾਂ ਸੰਚਾਰ ਦੇ ਸਾਧਨ, ਬਿਜਲੀ, ਰੇਲਵੇ, ਨਹਿਰਾਂ, ਸੜਕਾਂ, ਤੇਲ, ਗੈਸ, ਰਬੜ, ਕੋਲਾ, ਲੋਹਾ, ਹਵਾਈ ਅੱਡੇ, ਬੰਦਰਗਾਹਾਂ ਨੂੰ ਆਪਣੇ ਕਬਜ਼ੇ ਵਿੱਚ ਕਰ ਲਿਆ ਹੈ, ਦੂਜੇ ਪਾਸੇ ਜਨਤਕ ਅਦਾਰਿਆਂ 'ਤੇ ਪੂੰਜੀਵਾਦ ਦਾ ਗਲਬਾ ਹਰ ਦਿਨ ਵਧਦਾ ਜਾ ਰਿਹਾ ਹੈ । ਜਿਨ੍ਹਾਂ ਨੂੰ ਅਸੀਂ ਜਨਤਕ ਅਦਾਰੇ ਆਖਦੇ ਸਾਂ, ਉਹ ਹੁਣ ਨਿੱਜੀ ਜਾਇਦਾਦਾਂ ਬਣ ਗਏ ਹਨ। ਇਹ ਜਦੋਂ ਵਿਕ ਰਹੇ ਸਨ ਤਾਂ ਅਸੀਂ ਕੋਈ ਬਹੁਤਾ ਉਜਰ ਨਹੀਂ ਕੀਤਾ। ਸਵਾਏ ਅਦਾਰੇ ਨਾਲ ਸੰਬੰਧਤ ਕਰਮਚਾਰੀਆਂ ਦੇ। ਇਸ ਮਹਾਂ ਪ੍ਰਕੋਪ ਦਾ ਨਤੀਜਾ ਕੀ ਹੋਇਆ? ਨਤੀਜਾ ਇਹ ਹੋਇਆ ਕਿ ਇੱਥੇ ਬੇਕਾਰ ਬੇਰੁਜ਼ਗਾਰੀ ਏਨੀ ਵਿਕਰਾਲ ਹੋ ਗਈ ਕਿ ਡਿਗਰੀ ਹੋਲਡਰ ਨੌਜਵਾਨ ਨੌਕਰੀਆਂ ਦੀ ਉਡੀਕ ਵਿੱਚ ਬੁੱਢੇ ਹੋਣ ਲੱਗੇ ।ਸਮੇਂ ਦੇ ਤੇਜ਼ ਵਹਾਅ ਨੂੰ ਨਹੀਂ ਸਮਝਿਆ ਜਾ ਸਕਿਆ ਕਿ ਜਿਹੜੇ ਅਦਾਰਿਆਂ ਵਿੱਚ ਅਸੀਂ ਨੌਕਰੀਆਂ ਦੀ ਉਡੀਕ ਕਰ ਰਹੇ ਹਾਂ, ਉਹ ਤਾਂ ਅਗਲਿਆਂ ਨੇ ਲੈ ਕੇ ਠੇਕੇ 'ਤੇ ਦਿੱਤੇ ਹਨ। ਇਸ ਸਥਿਤੀ ਨੇ ਇੱਕ ਅਜਿਹੀ ਸਥਿਤੀ ਦੀ ਸਿਰਜਣਾ ਕੀਤੀ ਕਿ ਪੰਜਾਬ ਵਿੱਚ ਹੁਣ ਰੋਜ਼ਗਾਰ ਨਹੀਂ । ਇੱਥੇ ਹੁਣ ਕੋਈ ਭਵਿੱਖ ਨਹੀਂ, ਇੱਥੇ ਹੁਣ ਕੀ ਪਿਆ ਹੈ ਇੱਥੇ ਕੁਝ ਨਹੀਂ ਰਹਿ ਗਿਆ ।ਸਾਡੀਆਂ ਬਰਬਾਦੀਆਂ ਦਾ ਦੌਰ ਹਕੀਕਤ ਵਿੱਚ ਹਰੇ ਇਨਕਲਾਬ ਤੋਂ ਬਾਅਦ ਸ਼ੁਰੂ ਹੋਇਆ, ਜਦੋਂ ਸਾਨੂੰ ਖੇਤੀ ਨੂੰ ਲਾਹੇਵੰਦ ਧੰਦਾ ਬਣਾਉਣ ਦੀ ਅਖੌਤੀ ਸਲਾਹ ਦਿੱਤੀ ਗਈ। ਜਦੋਂ ਅਸੀਂ ਬਜ਼ਾਰੂ ਢੰਗ ਨਾਲ ਖੇਤੀ ਕਰਨ ਲੱਗੇ ਵਾਫਰ ਉਪਜ ਪੈਦਾ ਹੋਣ ਲੱਗੀ, ਸਾਡੇ ਹੱਥ ਵਿਹਲੇ ਹੁੰਦੇ ਗਏ, ਜ਼ਮੀਨਾਂ ਪੱਧਰੀਆਂ ਹੁੰਦੀਆਂ, ਅਨਾਜ ਵਾਧੂ ਪੈਦਾ ਹੋਣ ਲੱਗਾ ਤੇ ਸਾਡੇ ਸਿਰਾਂ ਤੇ ਕਰਜ਼ੇ ਦੀਆਂ ਪੰਡਾਂ ਭਾਰੀਆਂ ਤੋਂ ਹੋਰ ਭਾਰੀਆਂ ਹੋਣ ਲੱਗ ਪਈਆਂ। ਪਿਛਲੇ ਲੰਮੇ ਸਮੇਂ ਤੋਂ ਸਾਨੂੰ ਢੋਲ ਵਜਾ-ਵਜਾ ਕੇ ਅਵਾਮ ਨੂੰ ਦੱਸਿਆ ਗਿਆ ਕਿ ਸਰਕਾਰੀ ਖਜ਼ਾਨੇ ਖਾਲੀ ਹਨ। ਸਰਕਾਰਾਂ ਸਿਰ ਬਹੁਤ ਸਾਰਾ ਕਰਜਾ ਹੈ । ਇਹ ਕਰਜ਼ਾ ਪ੍ਰਤੀ ਜੀ ਲੱਖਾਂ ਵਿੱਚ ਹੈ । ਭਾਵ ਸਰਕਾਰ ਕੋਲ ਪੈਸਾ ਨਹੀਂ, ਪਰ ਦੂਜੇ ਪਾਸੇ ਸਰਕਾਰੀ ਤੇ ਗੈਰ-ਸਰਕਾਰੀ ਬੈਂਕਾਂ ਨੇ ਉਹਨਾਂ ਲੋਕਾਂ, ਜਿਹਨਾਂ ਕੋਲ ਜ਼ਮੀਨ-ਜਾਇਦਾਦ ਸੀ, ਉਹਨਾਂ ਨੂੰ ਲੱਭ ਲੱਭ ਕੇ ਉਹਨਾਂ ਨੂੰ ਵੱਡੇ ਕਰਜ਼ੇ ਦਿੱਤੇ ਗਏ। ਇਹ ਕਰਜੇ ਸਾਡੀ ਆਮਦਨ ਜਾਂ ਫਸਲ ਅਨੁਸਾਰ ਨਹੀਂ ਸਨ, ਬਲਕਿ ਸਾਡੀਆਂ ਜਾਇਦਾਦਾਂ ਦੇ ਮੁੱਲ ਅਨੁਸਾਰ ਸਨ ।ਦੁਨੀਆ ਵਿੱਚ ਜੇਕਰ ਸਭ ਤੋਂ ਵੱਧ ਰੀਸ ਕਰਕੇ ਇੱਕ ਦੂਜੇ ਤੋਂ ਅੱਗੇ ਲੰਘਣ ਦੀ ਪ੍ਰਵਿਰਤੀ ਹੈ ਤਾਂ ਉਹ ਸ਼ਾਇਦ ਪੰਜਾਬੀਆਂ ਦੇ ਹਿੱਥੇ ਆਈ ਹੈ। ਸਾਡਾ ਬਹੁਤਾ ਕੁਝ ਇਸ ਪ੍ਰਵਿਰਤੀ ਨੇ ਤਬਾਹ ਕੀਤਾ । ਸਾਡੇ ਦੋ ਜਾਂ ਤਿੰਨ ਗਵਾਂਢੀਆਂ ਨੇ ਜੇਕਰ ਮਿਰਚਾਂ ਬੀਜ ਲਈਆਂ, ਬੀਜਣੀਆਂ ਅਸੀਂ ਵੀ ਮਿਰਚਾਂ ਹਨ, ਭਾਵੇਂ ਜੋ ਮਰਜ਼ੀ ਹੋ ਜਾਵੇ । ਜੇਕਰ ਸਾਡੇ ਗਵਾਂਢੀ ਨੇ ਤਿੰਨ ਬੋਰੀਆਂ ਖਾਦ ਪਾਈਆਂ ਹਨ ਤਾਂ ਅਸੀਂ ਚਾਰ ਪਾਵਾਂਗੇ, ਸਾਢੇ ਤਿੰਨ ਤੋਂ ਘੱਟ ਤਾਂ ਗੁਜ਼ਾਰਾ ਹੀ ਨਹੀਂ । ਰੀਸ ਤੇ ਵਿਖਾਵਾ ਤਾਂ ਸਾਡੇ ਵਿੱਚ ਏਨਾ ਜ਼ਿਆਦਾ ਹੈ ਕਿ ਇਸ ਤੋਂ ਵਿਆਹ-ਸ਼ਾਦੀਆਂ ਤੇ ਮਰਨੇ-ਪਰਨੇ ਵੀ ਨਿਰਲੇਪ ਨਹੀਂ ਰਹੇ । ਬਿਨਾਂ ਉਜਰ ਕੀਤਿਆਂ ਜ਼ਮੀਨਾਂ 'ਤੇ ਲਿਮਟਾਂ ਬੰਨ੍ਹ ਕੇ ਮਿਲੀ ਵਾਫਰ ਪੂੰਜੀ ਨਾਲ ਅਸੀਂ ਇੱਕ-ਦੂਜੇ ਦੀ ਰੀਸ ਨਾਲ ਮਹਿੰਗੇ ਟਰੈਕਟਰ ਖਰੀਦੇ। ਬੇਲੋੜੇ ਤੇ ਮਹਿੰਗੇ ਸੰਦ ਲਿਆਂਦੇ। ਅਸੀਂ ਇੱਥੇ ਹੀ ਨਹੀਂ ਰੁਕੇ, ਅਸੀਂ ਇੱਕ-ਦੂਜੇ ਦੀ ਰੀਸ ਨਾਲ ਔਖੇ ਹੋ-ਹੋ ਕੇ ਪਿੰਡਾਂ ਵਿੱਚ ਉਚੀਆਂ ਤਿੰਨ-ਤਿੰਨ ਮੰਜਲੀਆਂ ਕੋਠੀਆਂ ਉਸਾਰਨੀਆਂ ਸ਼ੁਰੂ ਕੀਤੀਆਂ ਵਸੇਬੇ ਲਈ ਜਿੰਨੀ ਲੋੜ ਸੀ ਉਸ ਤੋਂ ਕਿਤੇ ਵੱਧ ਕੇ ਕਮਰੇ ਬਣਾਉਣ ਅਤੇ ਮੰਜ਼ਲਾਂ ਉਸਾਰਨ ਵਿੱਚ ਅਸੀਂ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ। ਲੱਖਾਂ ਰੁਪਏ ਲਾ ਕੇ ਉਸਾਰੀਆਂ ਕੋਠੀਆਂ ਅਸੀਂ ਹੁਣ ਖਾਲੀ ਕਰਨ ਲਈ ਕਾਹਲੇ ਪੈ ਰਹੇ ਹਾਂ ।

ਇੱਥੇ ਵੱਖ-ਵੱਖ ਸਮੇਂ ਤੋਂ ਰਾਜ ਕਰਦੀਆਂ ਸਰਕਾਰਾਂ ਦਾ ਫਰਜ਼ ਬਣਦਾ ਸੀ ਕਿ ਉਹ ਆਰਥਕ ਮਾਹਰਾਂ, ਖੇਤੀਬਾੜੀ ਮਾਹਰਾਂ ਨਾਲ ਅਜਿਹੀਆਂ ਸਕੀਮਾਂ ਯੋਜਨਾਵਾਂ ਲੈ ਕੇ ਆਉਂਦੀਆਂ, ਜਿਸ ਨਾਲ ਖੇਤੀ ਵਿੱਚ ਆਈ ਖੜੋਤ ਨੂੰ ਤੋੜਿਆ ਜਾ ਸਕੇ, ਪਰ ਸਾਰੀਆਂ ਸਰਕਾਰਾਂ ਦੇ ਮੰਤਰੀਆਂ, ਸੰਤਰੀਆਂ ਨੇ ਇੱਥੋਂ ਵੱਧ ਤੋਂ ਵੱਧ ਕਮਾਈਆਂ ਕਰਕੇ ਆਪਣੇ ਕੁਨਬਿਆਂ ਨੂੰ ਮਾਲਾਮਾਲ ਕੀਤਾ। ਪੂੰਜੀਵਾਦੀ ਧਿਰਾਂ ਨਾਲ ਵਿਚੋਲਿਆਂ ਦਾ ਰੋਲ ਨਿਭਾਇਆ ਤੇ ਇਹਨਾਂ ਦੀਆਂ ਦਲਾਲੀਆਂ ਕਰਕੇ ਮਿਲੀ ਵੱਟਤ ਨੂੰ ਗੋਲ ਕੀਤਾ। ਜਨਤਾ ਦੀ ਵੋਟ ਨਾਲ ਹਾਸਲ ਕੀਤੀ ਤਾਕਤ ਨੂੰ ਲੋਕਾਂ ਦੇ ਹੀ ਖਿਲਾਫ ਵਰਤਿਆ । ਅਸੀਂ ਕਹਿ ਸਕਦੇ ਹਾਂ ਕਿ ਰਾਜਸੀ ਗਲਿਆਰਿਆਂ ਵਿੱਚ ਜਨਤਾ ਨੂੰ ਕਰਜ਼ਿਆਂ, ਨਸ਼ਿਆਂ, ਬੇਕਾਰੀ ਦੇ ਮੱਕੜਜਾਲ 'ਚੋਂ ਕੱਢਣ ਲਈ 10 ਸਾਲਾ ਜਾਂ 15 ਸਾਲਾ ਕੋਈ ਵੱਡਾ ਪ੍ਰੋਗਰਾਮ ਇੱਥੇ ਨਹੀਂ ਸੀ, ਨਾ ਹੀ ਅੱਜ ਹੈ । ਇਸ ਸਥਿਤੀ ਵਿੱਚ ਜ਼ਮੀਨਾਂ, ਜਾਇਦਾਦਾਂ 'ਤੇ ਲਏ ਕਰਜ਼ੇ ਜ਼ਮੀਨਾਂ ਨੂੰ ਖਾਣ ਲੱਗ ਪਏ। ਮਹਿੰਗੇ ਵਿਆਹ/ਮਰਨੇ, ਮਹਿੰਗੇ ਟਰੈਕਟਰ, ਮਹਿੰਗੀਆਂ ਗੱਡੀਆਂ, ਉੱਚੀਆਂ ਕੋਠੀਆਂ ਮਗਰੋਂ ਹੁਣ ਸਾਡੀਆਂ ਔਲਾਦਾਂ ਇਸ ਸਭ ਕੁਝ ਛੱਡ ਕੇ ਹੋਰ ਮੁਲਕਾਂ ਵਿੱਚ ਆਪਣਾ ਭਵਿੱਖ ਤਲਾਸ਼ਣ ਜਾ ਰਹੀਆਂ ਹਨ । ਇਹ ਪ੍ਰਵਾਸ ਦਾ ਇੱਕ ਕਾਰਨ ਨਹੀਂ, ਇਸ ਵਿੱਚ ਥੋੜ੍ਹੀ ਜ਼ਮੀਨ ਵਾਲੇ ਆਪਣੇ ਹਿੱਸੇ ਦਾ ਟੋਟਾ ਵੇਚ ਕੇ ਬਾਹਰ ਜਾ ਰਹੇ ਹਨ ਅਤੇ ਧਨਾਢ ਵੱਡੀਆਂ ਜ਼ਮੀਨਾਂ-ਜਾਇਦਾਦਾਂ ਵਾਲੇ ਅਮੀਰਾਂ ਦੀਆਂ ਔਲਾਦਾਂ ਦਾ ਇੱਥੇ ਦਿਲ ਲੱਗਣੋਂ ਹਟ ਗਿਆ ਹੈ । ਬਾਹਰਲੇ ਮੁਲਕਾਂ ਵਿੱਚ ਜਾਣ ਦਾ ਰੁਝਾਨ ਮੁੰਡਿਆਂ ਨਾਲੋਂ ਵੀ ਕੁੜੀਆਂ ਵਿੱਚ ਵਧੇਰੇ ਹੈ । ਸਭ ਤੇ ਮੂੰਹ 'ਤੇ ਇੱਕੋ ਗੱਲ ਹੈ ਇੱਥੇ ਪੰਜਾਬ ਵਿੱਚ ਹੁਣ ਕੁਝ ਨਹੀਂ, ਇੱਥੇ ਕੀ ਪਿਆ ਹੈ, ਇੱਥੇ ਨਿਰੇ ਨਸ਼ੇ ਨੇ । ਜਿਹੜਾ ਬਾਹਰ ਨਿਕਲ ਜਾਵੇਗਾ, ਚੰਗਾ ਰਹੇਗਾ, ਪਰ ਹਾਲਾਤ ਦੱਸਦੇ ਹਨ ਕਿ ਇਹ ਸਾਰਾ ਕੁਝ ਇਸ ਤਰ੍ਹਾਂ ਏਨਾ ਸ਼ਪੱਸ਼ਟ ਨਹੀਂ, ਜਿਵੇਂ ਕਿਹਾ ਜਾਂਦਾ ਹੈ ਬਾਹਰਲੇ ਮੁਲਕਾਂ ਅਮਰੀਕਾ, ਕੈਨੇਡਾ, ਆਸਟਰੇਲੀਆ ਵੀ ਪੂੰਜੀਵਾਦ ਦੇ ਜਬਾੜ੍ਹੇ ਤੋਂ ਬਾਹਰ ਨਹੀਂ ਹਨ । ਉਥੇ ਵੀ ਕਾਰਪੋਰੇਸ਼ਨਾਂ ਮਨੁੱਖ ਨੂੰ ਚਲਾਉਂਦੀਆਂ, ਤੋਰਦੀਆਂ ਅਤੇ ਆਪਣੇ ਅਨੁਸਾਰ ਜਾਗਣ-ਸੌਣ ਦੀ ਇਜਾਜ਼ਤ ਦਿੰਦੀਆਂ ਹਨ । ਮਸ਼ੀਨਾਂ, ਪਸ਼ੂਆਂ ਵਾਂਗ ਕੰਮ ਕਰਕੇ ਮਸਾਂ ਰੋਟੀ ਨਸੀਬ ਹੁੰਦੀ ਹੈ । ਆਪਣਾ ਘਰ ਖਰੀਦਣਾ ਅਤੇ ਇਹਨੂੰ ਕਰਜ਼ ਮੁਕਤ ਕਰਨਾ ਸਾਲਾਂ ਨਹੀਂ, ਦਹਾਕਿਆਂ ਦੀ ਖੇਡ ਹੈ । ਬੰਦਾ ਕੰਮ ਹੈ ਅਤੇ ਕੰਮ ਬੰਦਾ ਹੈ । ਉੱਥੇ ਬਜ਼ੁਰਗਾਂ ਨੂੰ ਵੀ ਕੰਮ ਕਰਨਾ ਪੈਂਦਾ ਹੈ, ਜੇਕਰ ਉਹ ਨਿਕਾਰਾ ਹੋ ਜਾਂਦੇ ਹਨ, ਓਲਡ ਹੋਮ ਉਹਨਾਂ ਨੂੰ ਉਡੀਕਦੇ ਹਨ ।ਆਪਣੇ ਬੱਚਿਆਂ ਕੋਲ ਕੈਨੇਡਾ ਗਏ ਇੱਕ ਅਧਖੜ ਉਮਰ ਦੇ ਬੰਦੇ ਨੇ ਉਧਰ ਦੇ ਜੀਵਨ ਦੀਆਂ ਸਿਫਤਾਂ ਕਰਦਿਆਂ ਆਪਣੇ ਨਾਲ ਬੈਠੇ ਸੱਜਣ ਨੂੰ ਕਿਹਾ-ਇੱਧਰ ਬਹੁਤ ਵਧੀਆ ਹੈ ਸਾਰੇ ਜੀਅ ਕੰਮ ਕਰਦੇ ਹਨ । ਉੱਧਰ ਪੰਜਾਬ ਵਿੱਚ ਤਾਂ ਹੋਰ-ਹੋਰ ਝਮੇਲੇ ਹੀ ਨਹੀਂ ਮੁਕਦੇ? ਦੂਜਾ ਸੱਜਣ ਜਵਾਬ ਵਿੱਚ ਬੋਲਿਆ-ਇੱਧਰ ਸਾਰੇ ਜੀਅ ਕੰਮ ਕਰਦੇ ਆ ਤਾਂ ਜਾ ਕੇ ਰੋਟੀ ਮਿਲਦੀ ਹੈ, ਉੱਧਰ ਇੱਕ ਕਮਾਉਂਦਾ ਹੈ ਅਤੇ ਪੰਜ ਜੀਅ ਖਾਂਦੇ ਹਨ, ਵਧੀਆ ਇੱਧਰ ਹੋਇਆ ਕਿ ਉਧਰ ? ਸਾਰਿਆਂ ਦੇ ਕੰਮ ਕਰਨਾ ਮਾੜੀ ਗੱਲ ਨਹੀਂ ਪਰ ਸਾਨੂੰ ਇਧਰ ਵੀ ਸਭ ਨੂੰ ਕੰਮ ਲਾਉਣ ਦੇ ਹੀਲੇ ਕਰਨੇ ਚਾਹੀਦੇ ਸਨ । ਜੇਕਰ ਨਹੀਂ ਹੋਏ ਤਾਂ ਸਾਨੂੰ ਸਰਕਾਰਾਂ ਤੋਂ ਇਹ ਮੰਗ ਕਰਨੀ ਚਾਹੀਦੀ ਸੀ। ਸਾਨੂੰ ਸਰਕਾਰਾਂ ਨੂੰ ਇਹ ਸਵਾਲ ਕਰਨਾ ਚਾਹੀਦਾ ਸੀ ਕਿ ਜੇਕਰ ਸਾਡੀ ਪੜ੍ਹਾਈ ਸਾਡੇ ਰੋਜ਼ਗਾਰ ਤੇ ਨੌਕਰੀ ਦੀ ਜਾਮਨ ਨਹੀਂ ਬਣਦੀ ਤਾਂ ਇਸ ਨੂੰ ਬਦਲ ਦਿੱਤਾ ਜਾਣਾ ਚਾਹੀਦਾ ਹੈ। ਹੁਣ ਤੱਕ ਉਹਨਾਂ ਤਰਜੀਹਾਂ ਦੀ ਖੋਜ ਕਿਉਂ ਨਹੀਂ ਕੀਤੀ ਗਈ ਕਿ ਅਸੀਂ ਜ਼ਮਾਨੇ ਦੇ ਹਾਣ ਦਾ ਹੋਣ ਲਈ ਅਗਾਂਹਵਧੂ ਗਿਆਨ ਹਾਸਲ ਕਰੀਏ। ਅਸੀਂ ਅਜਿਹਾ ਵਿਦਿਅਕ ਢਾਂਚਾ ਤੇ ਸਾਧਨ ਕਿਉਂ ਨਹੀਂ ਪੈਦਾ ਕਰ ਸਕੇ ਕਿ ਦੁਨੀਆ ਦੇ ਹੋਰ ਦੇਸ਼ ਸਾਡੇ ਤੋਂ ਸੋਝੀ ਲੈਣ ਇੱਥੇ ਆਉਣ। ਅਸੀਂ ਸਰਕਾਰਾਂ ਨਾਲ ਆਪਣੇ ਭਵਿੱਖ ਦਾ ਫਿਕਰ ਦੀ ਗੱਲ ਸੱਤਾ ਨਾਲ ਕਦੋਂ ਕਰਨ ਲੱਗਾਂਗੇ? ਅਸੀਂ ਗਲੀਆਂ, ਨਾਲੀਆਂ, ਮੈਂਬਰੀਆਂ, ਸਰਪੰਚੀਆਂ ਤੇ ਆਟਾ, ਦਾਲਾਂ ਤੇ ਸਸਤੀ ਬਿਜਲੀ ਲਈ ਕਿੰਨਾ ਕੁ ਚਿਰ ਵਿਕਦੇ ਤੇ ਪਰਚਦੇ ਰਹਾਂਗੇ? ਸਰਕਾਰੀ ਦਫਤਰਾਂ ਵਿੱਚ ਫੈਲਿਆਂ ਭ੍ਰਿਸ਼ਟਾਚਾਰ, ਖੱਜਲ-ਖੁਆਰੀ, ਲੁੱਟਮਾਰ, ਕਤਲੋਗਾਰਤ, ਰਿਸ਼ਵਤਖੋਰੀ ਅਤੇ ਨਸ਼ਿਆਂ ਦੀ ਭਰਮਾਰ ਅਤੇ ਰਾਜਸੀ ਨੇਤਾਵਾਂ ਦੀਆਂ ਕੋਠੀਆਂ ਤੋਂ ਉਹਨਾਂ ਦੇ ਇਸ਼ਾਰਿਆਂ ਚਲਦੇ ਪ੍ਰਸ਼ਾਸ਼ਨ ਨਾਲ ਵੀ ਇਨਸਾਫਪਸੰਦ ਲੋਕਾਂ ਦਾ ਪੰਜਾਬ ਤੋਂ ਮੋਹ ਭੰਗ ਹੋਇਆ ਹੈ ।

ਕਾਨੂੰਨ ਵਿਵਸਥਾ ਦੀ ਸਥਿਤੀ ਵਿੱਚ ਸੁਧਾਰ ਕਰਕੇ ਅਤੇ ਸਰਕਾਰੀ ਦਫਤਰਾਂ ਵਿੱਚ ਫੈਲੇ ਭ੍ਰਿਸ਼ਟਾਚਾਰ ਨੂੰ ਦੂਰ ਕਰਕੇ ਕਾਫੀ ਹੱਦ ਤੱਕ ਪੰਜਾਬ ਦੀ ਸਥਿਤੀ ਸੁਧਾਰੀ ਜਾ ਸਕਦੀ ਹੈ। ਖੇਤੀਬਾੜੀ ਵਿੱਚ ਵੱਡੇ ਸੁਧਾਰ ਕਰਕੇ ਕਈ ਤਰ੍ਹਾਂ ਦੇ ਰੋਜ਼ਗਾਰ ਦੇ ਮੌਕੇ ਪੈਦਾ ਕੀਤੇ ਜਾ ਸਕਦੇ ਸਨ । ਜਿਵੇਂ ਕਣਕ ਦਾ ਭਾਅ ਕੁਝ ਸਟੇਟਾਂ ਵਿੱਚ ਇਸ ਸਮੇਂ 3500 ਤੋਂ ਵੀ ਉਪਰ ਹੋ ਗਿਆ ਹੈ, ਸਰਕਾਰ ਨੂੰ ਕਣਕ ਸਮੇਤ ਹੋਰ ਫਸਲਾਂ ਦੇ ਵੀ ਢੁਕਵੇਂ ਭਾਅ ਕਿਸਾਨਾਂ ਨੂੰ ਦੇਣੇ ਚਾਹੀਦੇ ਹਨ। ਲੋਕਾਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਦੇਣ ਲਈ ਸਰਕਾਰਾਂ ਨੂੰ ਵੱਡੇ ਪ੍ਰੋਗਰਾਮ ਬਣਾਉਣ ਤੇ ਇਹਨਾਂ ਲਈ ਲਗਾਤਾਰ ਕੰਮ ਕਰਨ ਦੀ ਲੋੜ ਹੈ । ਆਮ ਲੋਕਾਂ ਨੂੰ ਮੁਫਤ ਸਰਕਾਰੀ ਰਾਇਤਾਂ, ਖੈਰਾਂ ਨੇ ਲੋਕਾਂ ਨੂੰ ਕਿਰਤ ਸੱਭਿਆਚਾਰ ਤੋਂ ਤੋੜ ਦਿੱਤਾ ਹੈ, ਜਿਸ ਕਰਕੇ ਕਿਰਤ ਵਿਹੂਣੇ ਲੋਕ ਕਈ ਤਰ੍ਹਾਂ ਦੀਆਂ ਬੁਰਾਈ ਦੇ ਸ਼ਿਕਾਰ ਹੋ ਰਹੇ ਹਨ। ਮੁਫਤ ਆਟਾ-ਦਾਲ ਅਤੇ ਮੁਫਤ ਸਫਰ ਵਰਗੀਆਂ ਸਕੀਮਾਂ ਦੇਣ ਨਾਲੋਂ ਲੋਕਾਂ ਲਈ ਕਿਰਤ ਦੇ ਮੌਕੇ ਪੈਦਾ ਕਰਨੇ ਚਾਹੀਦੇ ਹਨ, ਉਹਨਾਂ ਨੂੰ ਕਿਰਤ ਦੀ ਢੁਕਵੀ ਉਜਰਤ ਮਿਲਣੀ ਚਾਹੀਦੀ ਹੈ, ਜਿਸ ਨਾਲ ਇੱਥੇ ਕਿਰਤ ਸੱਭਿਆਚਾਰ ਪੈਦਾ ਕੀਤਾ ਜਾ ਸਕੇ। ਪੰਜਾਬੀ ਅਨੇਕਾਂ ਵਾਰ ਉਜੜੇ ਤੇ ਵੱਸੇ, ਹੁਣ ਦੀ ਪੰਜਾਬ ਵੱਸਦਾ ਰਹੇਗਾ ਉਜੜੇਗਾ ਨਹੀਂ, ਇਹਦੇ ਪੁੱਤਰਾਂ-ਧੀਆਂ ਨੂੰ ਆਪਣੇ ਸੰਕਟਾਂ ਦੀ ਸਮਝ ਆਵੇਗੀ ਤੇ ਇਹ ਮੁੜ ਪੰਜਾਬ ਨੂੰ ਪੈਰਾਂ ਸਿਰ ਕਰਨ ਲਈ ਯਤਨਸ਼ੀਲ ਹੋਣਗੇ ।

***# ਸੰਪਰਕ : 98550-51099***

**ਬਰਸੀ 'ਤੇ ਵਿਸ਼ੇਸ਼**

# ਸਾਥੀਆਂ ਦੇ ਦਿਲਾਂ 'ਤੇ ਰਾਜ ਕਰਨ ਵਾਲੇ ਸਾਥੀ ਜਸਵੰਤ ਸਿੰਘ ਸਮਰਾ

**ਅਵਤਾਰ ਸਿੰਘ ਤਾਰੀ**

ਭਾਰਤ ਦੀ ਸਮੂਹ ਕਿਰਤੀ ਜਮਾਤ ਵਿਸ਼ੇਸ਼ ਕਰ ਟਰਾਂਸਪੋਰਟ ਅਦਾਰੇ ਵਿੱਚ ਕੰਮ ਕਰਦੇ ਕਿਰਤੀਆਂ ਦੇ ਸੁਨਹਿਰੀ ਭਵਿੱਖ ਲਈ ਘੋਲ ਕਰਨ ਵਾਲੇ ਅਨੇਕਾਂ ਲੀਡਰਾਂ ਵਿੱਚੋਂ ਇੱਕ ਸਨ ਸਾਥੀ ਜਸਵੰਤ ਸਿੰਘ ਸਮਰਾ, ਜਿਨ੍ਹਾਂ ਆਪਣੇ ਜੀਵਨ ਦੇ ਅਨਮੋਲ ਸਮੇਂ ਨੂੰ ਟਰਾਂਸਪੋਰਟ ਅਦਾਰੇ ਵਿੱਚ ਕੰਮ ਕਰਦੇ ਸਮੁੱਚੇ ਵਰਕਰਾਂ ਦੇ ਜੀਵਨ ਸਤਰ ਨੂੰ ਉੱਚਾ ਚੁੱਕਣ ਅਤੇ ਵਧੀਆ ਜੀਵਨ ਜਿਉਣ ਅਤੇ ਅਦਾਰੇ ਦੀ ਉੱਨਤੀ ਲਈ ਲਗਾਇਆ।

ਦੇਸ਼ ਦੀ ਅਜ਼ਾਦੀ ਉਪਰੰਤ ਟਰਾਂਸਪੋਰਟ ਅਦਾਰੇ ਨੂੰ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ (ਏਟਕ) ਦੇ ਝੰਡੇ ਹੇਠ ਇਕੱਠੇ ਕਰਕੇ ਸੂਬੇ ਦੀ ਸਿਰਮੌਰ ਜਥੇਬੰਦੀ ਬਣਾਉਣ ਦਾ ਮਾਣ ਪ੍ਰਾਪਤ ਕੀਤਾ। ਆਪ ਜੀ ਨੇ ਟਰਾਂਸਪੋਰਟ ਅਦਾਰੇ ਵਿੱਚ ਆਪਣੇ ਸੇਵਾਕਾਲ ਦੌਰਾਨ ਆਪਣੀ ਸੂਝ-ਬੂਝ ਅਤੇ ਕਲਮ ਦੀ ਤਾਕਤ ਦੀ ਵਰਤੋਂ ਕਰਦਿਆਂ ਸਰਕਾਰੀ ਅਫ਼ਸਰਾਂ ਪਾਸੋਂ ਵਰਕਰ ਪੱਖੀ ਫੈਸਲੇ ਕਰਵਾ ਕੇ ਨਿਵੇਕਲੀ ਜਗ੍ਹਾ ਹਰ ਵਰਕਰ ਦੇ ਦਿਲ ਵਿੱਚ ਬਣਾ ਰੱਖੀ ਸੀ। ਹਰ ਕੋਈ ਆਪ ਜੀ ਦੇ ਨੇਕ ਵਿਚਾਰਾਂ, ਮਿੱਠ ਬੋਲੜੇ ਸਪੱਸ਼ਟ ਗੱਲਬਾਤ ਦੇ ਤੌਰ-ਤਰੀਕੇ ਤੋਂ ਕਾਇਲ ਹੋ ਜਾਂਦਾ ਸੀ। ਆਪ ਜੀ ਦੀ ਗੱਲਬਾਤ ਰਾਹੀਂ ਮਸਲੇ ਹੱਲ ਕਰਵਾਉਣ ਦੀ ਮੁਹਾਰਤ ਨੇ ਆਪ ਜੀ ਨੂੰ ਨਾ ਕੇਵਲ ਪੰਜਾਬ, ਬਲਕਿ ਪੂਰੇ ਦੇਸ਼ ਵਿੱਚ ਮਾਣ ਪ੍ਰਾਪਤ ਕੀਤਾ।

ਸਾਥੀ ਜੀ ਦੇ ਜੀਵਨ 'ਤੇ ਝਾਤ ਪਾਉਣਾ ਵੀ ਸਾਡਾ ਫਰਜ਼ ਬਣਦਾ ਹੈ। ਸਾਥੀ ਜੀ ਦਾ ਜਨਮ ਜਲੰਧਰ ਜ਼ਿਲ੍ਹੇ ਦੇ ਪਿੰਡ ਸਮਰਾਵਾਂ ਵਿੱਚ 12 ਅਗਸਤ 1924 ਨੂੰ ਹੋਇਆ। ਮੈਟ੍ਰਿਕ ਤੱਕ ਦੀ ਵਿੱਦਿਆ ਇਨ੍ਹਾਂ ਨੇ ਆਪਣੇ ਪਿੰਡ ਦੇ ਸਕੂਲ ਵਿੱਚ ਪ੍ਰਾਪਤ ਕੀਤੀ। ਆਪ ਜੀ ਨਾ ਕੇਵਲ ਵਿਦਿਅਕ ਮੁਹਾਰਤ ਰੱਖਦੇ ਸਨ, ਸਗੋਂ ਰਾਜਨੀਤਕ, ਆਰਥਿਕ ਪੱਖ ਵਿੱਚ ਮਾਹਰ ਸੀ। ਉੱਚੀ-ਸੁੱਚੀ ਸੋਚ ਮਿੱਠੜੇ ਸੁਭਾਅ, ਹਰੇਕ ਦਾ ਦਿਲੋਂ ਮਾਣ ਕਰਨ ਵਾਲੇ ਨੇਕ ਇਨਸਾਨ ਸੀ। ਆਪ ਜੀ ਨੇ ਆਪਣੇ ਹੁਨਰ, ਮਿਹਨਤ ਸਦਕਾ ਰੋਡਵੇਜ਼ ਅਦਾਰੇ ਵਿੱਚ ਨੌਕਰੀ ਪ੍ਰਾਪਤ ਕੀਤੀ। ਦੇਸ਼ ਦੀ ਵੰਡ ਉਪਰੰਤ ਪੰਜਾਬ ਵਿੱਚ ਓਮਨੀ ਬੱਸ ਨਾਂਅ ਹੇਠ 13 ਸਰਕਾਰੀ ਬੱਸਾਂ ਹਿੱਸੇ ਵਿੱਚ ਆਈਆਂ ਸਨ। ਆਪ ਜੀ ਦੀ ਉਸਾਰੂ ਸੋਚ ਲੋਕਾਂ ਨੂੰ ਵਧੀਆ ਸਫ਼ਰ ਸਹੂਲਤਾਂ ਦਿਵਾਉਣ ਲਈ ਅਤੇ ਸਰਕਾਰੀ ਫਲੀਟ ਵਿੱਚ ਵਾਧਾ ਕਰਵਾਉਣ ਲਈ ਸਾਥੀ ਜਗਮੇਲ ਸਿੰਘ ਸ਼ੇਰਗਿੱਲ, ਸਾਥੀ ਨਛੱਤਰ ਸਿੰਘ ਧਾਲੀਵਾਲ, ਬਲਬੀਰ ਸਿੰਘ ਚਾਹਲ, ਗੁਰਦੀਪ ਸਿੰਘ ਮੋਤੀ ਜੀ ਨਾਲ ਯੋਗ ਅਗਵਾਈ ਕਰਦਿਆਂ ਰੋਡਵੇਜ਼ ਦੇ ਫਲੀਟ ਨੂੰ 2407 ਬੱਸਾਂ ਦਾ ਵੱਡਾ ਫਲੀਟ ਸਥਾਪਤ ਕਰਨ ਲਈ ਕਈ ਘਾਲਾਂ ਘਾਲੀਆਂ। ਆਪ ਜੀ ਨੇ ਆਪਣੀ ਸੂਝਬੂਝ ਸਦਕਾ ਤਕਰੀਬਨ 40 ਸਾਲ ਤੱਕ ਜਥੇਬੰਦੀ ਦੇ ਜਨਰਲ ਸਕੱਤਰ ਵਜੋਂ ਸੇਵਾ ਨਿਭਾਈ। ਆਪ ਜੀ ਨੂੰ ਨਾ ਕੇਵਲ ਪੰਜਾਬ ਤੱਕ ਹੀ ਮਾਣ ਪ੍ਰਾਪਤ ਹੋਇਆ, ਬਲਕਿ ਦੇਸ਼ ਦੇ ਟਰਾਂਸਪੋਰਟ ਵਰਕਰਾਂ ਦੀ ਜਥੇਬੰਦੀ ਐੱਨ ਐੱਫ਼ ਆਈ ਆਰ ਟੀ ਡਬਲਯੂ ਦੇ ਵੀ ਕੌਮੀ ਸਕੱਤਰ ਵਜੋਂ ਸੇਵਾ ਕਰਨ ਦਾ ਮਾਣ ਪ੍ਰਾਪਤ ਹੋਇਆ। ਆਪ ਜੀ ਦੀ ਯੋਗ ਅਗਵਾਈ ਸਦਕਾ ਜਿੱਥੇ ਵਰਕਰਾਂ ਦੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਹੋਈ, ਉਥੇ ਰੋਡਵੇਜ਼ ਮੁਲਾਜ਼ਮਾਂ ਲਈ ਮੁੜ ਤੋਂ ਜਦੋਂ ਤੋਂ ਅਦਾਰਾ ਹੋਂਦ ਵਿੱਚ



ਆਇਆ ਸੀ, ਸਾਰਿਆਂ ਨੂੰ ਪੈਨਸ਼ਨ ਦਾ ਲਾਭ ਵੀ ਦਿਵਾਇਆ ਸਮੁੱਚਾ ਰੋਡਵੇਜ਼ ਦਾ ਕਾਮਾ ਆਪ ਜੀ ਵੱਲੋਂ ਦਿਵਾਏ ਪੈਨਸ਼ਨ ਲਾਭ ਨੂੰ ਕਦੇ ਵੀ ਨਹੀਂ ਭੁੱਲ ਸਕਦਾ। ਲੀਡਰਸ਼ਿਪ ਦੀ ਯੋਗ ਅਗਵਾਈ ਹੇਠ ਅਦਾਰਾ ਬੁਲੰਦੀਆ ਤੇ ਜਾ ਰਿਹਾ ਸੀ। ਪਰ ਰਾਜਸੀ ਲੋਕਾਂ ਨੇ ਆਪਣੀ ਨਿੱਜੀ ਟਰਾਂਸਪੋਰਟ ਨੂੰ ਵਧਾਉਣ ਲਈ ਲਾਹੇਵੰਦ ਰੂਟਾਂ 'ਤੇ ਆਪਣੀਆਂ ਬੱਸਾਂ ਚਲਾ ਕੇ ਸਰਕਾਰੀ ਅਦਾਰੇ ਨੂੰ ਘਾਟੇ ਵਿੱਚ ਧੱਕ ਦਿੱਤਾ। ਫਿਰ ਵੀ ਜਥੇਬੰਦੀ ਦੀ ਮੌਜੂਦਾ ਲੀਡਰਸ਼ਿਪ ਆਪ ਜੀ ਪਾਸੋਂ ਪ੍ਰਾਪਤ ਮਾਰਗ 'ਤੇ ਚੱਲਦਿਆਂ ਰਾਜਸੀ ਲੀਡਰਾਂ ਦੀ ਮਾੜੀ ਸੋਚ 'ਤੇ ਰੋਕ ਲਗਾਉਣ ਵਿੱਚ ਸਫ਼ਲ ਹੋ ਰਹੀ ਹੈ ਅਤੇ ਵਰਕਰਾਂ ਦੇ ਹਿੱਤਾਂ ਲਈ ਡਟ ਕੇ ਖੜੀ ਹੈ। ਲੀਡਰਸ਼ਿਪ ਦੀ ਯੋਗ ਅਗਵਾਈ ਸਦਕਾ ਅਦਾਰਾ ਜੀਵਤ ਹੈ ਅਤੇ ਲੋਕਾਂ ਦੀ ਸੇਵਾ ਕਰ ਰਿਹਾ ਹੈ।

ਭਾਵੇਂ ਆਪ ਜੀ ਜੀਵਨ ਦੇ ਆਖਰੀ ਸਮੇਂ ਵਿੱਚ ਆਪਣੇ ਬੇਟੇ ਪਾਸ ਵਿਦੇਸ਼ ਚਲੇ ਗਏ ਸੀ, ਪਰ ਆਪ ਜੀ ਨੇ ਵਿਦੇਸ਼ ਤੋਂ ਵੀ ਜਥੇਬੰਦੀ ਨੂੰ ਕੀਮਤੀ ਸੁਝਾਅ ਦੇ ਕੇ ਵਰਕਰ ਹਿੱਤਾਂ ਦੀ ਰਾਖੀ ਜਾਰੀ ਰੱਖੀ। ਆਪ 20 ਮਾਰਚ 2004 ਨੂੰ ਟਰਾਂਸਪੋਰਟ ਅਦਾਰੇ ਦੇ ਸਮੁੱਚੇ ਕਾਮਿਆਂ ਨੂੰ ਵਿਛੋੜਾ ਦੇ ਗਏ। ਜਥੇਬੰਦੀ ਅੱਜ ਵੀ ਆਪ ਜੀ ਵੱਲੋਂ ਦਰਸਾਏ ਮਾਰਗ ਅਤੇ ਵਿਚਾਰਾਂ ਦੀ ਕਦਰ ਕਰਦੇ ਹੋਏ ਅਦਾਰੇ ਨੂੰ ਬੁਲੰਦੀਆ 'ਤੇ ਲੈ ਜਾਣ ਲਈ ਯਤਨਸ਼ੀਲ ਹੈ। ਜਥੇਬੰਦੀ ਟਰਾਂਸਪੋਰਟ ਅਦਾਰੇ ਦੇ ਮਹਿਬੂਬ ਨੇਤਾ ਨੂੰ ਸ਼ਰਧਾ ਦੇ ਫੁੱਲ ਅਤੇ ਉਨ੍ਹਾਂ ਦੀ ਯਾਦ ਨੂੰ ਤਾਜ਼ਾ ਰੱਖਦਿਆਂ ਮਿਤੀ 27.2.2024 ਨੂੰ ਕਾਮਰੇਡ ਜਸਵੰਤ ਸਿੰਘ ਸਮਰਾ ਯਾਦਗਾਰ ਹਾਲ ਨੇੜੇ ਪੁਲਸ ਚੌਕੀ ਬੱਸ ਸਟੈਂਡ ਜਲੰਧਰ ਵਿਖੇ 20ਵੀਂ ਬਰਸੀ ਮਨਾ ਰਹੀ ਹੈ। ਜਥੇਬੰਦੀ ਸਭਨਾਂ ਨੂੰ ਸਾਥੀ ਜੀ ਦੀ ਬਰਸੀ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੰਦੀ ਹੈ।

**#ਜਥੇਬੰਦਕ ਸਕੱਤਰ, ਪੰ: ਗੌ: ਟਰਾਂਸਪੋਰਟ ਵਰਕਰਜ਼ ਯੂਨੀਅਨ (ਏਟਕ), 98155-69050**

# ਸਿੱਖਿਆ ਦੇ ਨਿੱਜੀਕਰਨ ਖਿਲਾਫ਼ ਉੱਠਿਆ ਗਰੀਸ ਦੇ ਵਿਦਿਆਰਥੀਆਂ ਦਾ ਰੋਹ

**ਹਰਸ਼ਵਿੰਦਰ ਆਸਟ੍ਰੇਲੀਆ**

ਨਵੀਆਂ ਆਰਥਿਕ ਨੀਤੀਆਂ ਦੇ ਪ੍ਰਭਾਵ ਹੇਠ ਅਕਾਦਮਿਕ ਸਿੱਖਿਆ ਦਾ ਜਿਣਸੀਕਰਨ ਹੁੰਦਿਆਂ ਹੀ ਵਿਸ਼ਵ ਮੰਡੀ ਵਿੱਚ ਨਿੱਜੀ ਯੂਨੀਵਰਸਿਟੀਆਂ ਅਤੇ ਕਾਲਜਾਂ ਦੀ ਭਰਮਾਰ ਹੋ ਗਈ। ਹੁਣ ਵੀ ਜਿੱਥੇ ਕਿਤੇ ਜਨਤਕ ਸਿੱਖਿਆ ਲਈ ਥੋੜ੍ਹੀ-ਬਹੁਤ ਥਾਂ ਬਚੀ ਹੈ, ਉਹ ਵੀ ਤੇਜ਼ੀ ਨਾਲ ਖਤਮ ਕੀਤੀ ਜਾ ਰਹੀ ਹੈ। ਨਿੱਜੀਕਰਨ-ਵਿਸ਼ਵੀਕਰਨ ਦੀਆਂ ਇਹਨਾਂ ਨੀਤੀਆਂ ਤਹਿਤ ਗ੍ਰੀਸ ਦੇ ਰੂੜੀਵਾਦੀ ਪ੍ਰਧਾਨ ਮੰਤਰੀ ਕਿਰੀਆਕੋਸ ਮਿਤਸੋਟਾਕਿਸ ਦੁਆਰਾ ਸੰਸਦ ਵਿੱਚ ਇੱਕ ਬਿੱਲ ਪੇਸ਼ ਕੀਤਾ ਗਿਆ, ਜੋ ਦੇਸ਼ ਵਿੱਚ ਪ੍ਰਾਈਵੇਟ ਯੂਨੀਵਰਸਿਟੀਆਂ ਖੋਲ੍ਹਣ ਦੀ ਇਜਾਜ਼ਤ ਦੇਵੇਗਾ। ਇਸੇ ਬਿੱਲ ਦੇ ਵਿਰੋਧ ਵਿੱਚ ਪਿਛਲੇ ਹਫ਼ਤਿਆਂ ਤੋਂ ਪੂਰੇ ਯੂਨਾਨ ਵਿੱਚ ਵਿਦਿਆਰਥੀਆਂ ਵੱਲੋਂ ਵੱਡੇ ਪੱਧਰ 'ਤੇ ਵਿਰੋਧ ਪ੍ਰਦਰਸ਼ਨ ਕੀਤੇ ਜਾ ਰਹੇ ਹਨ । ਯੂਨਾਨੀ ਸੰਵਿਧਾਨ ਦਾ ਆਰਟੀਕਲ ਸੋਲਾਂ ਮੁਫਤ ਸਿੱਖਿਆ ਦੀ ਗਰੰਟੀ ਦਿੰਦਾ ਹੈ। ਵਿਸ਼ੇਸ਼ ਤੌਰ 'ਤੇ ਉਹਨਾਂ ਸੰਸਥਾਵਾਂ ਦੁਆਰਾ ਮੁਫਤ ਸਿੱਖਿਆ ਪ੍ਰਦਾਨ ਕੀਤੀ ਜਾਂਦੀ ਹੈ, ਜਿਹਨਾਂ ਵਿੱਚ ਸਵੈ-ਸ਼ਾਸਨ ਵਾਲੀਆਂ ਜਨਤਕ ਸੰਸਥਾਵਾਂ ਸ਼ਾਮਲ ਹੁੰਦੀਆਂ ਹਨ ।

ਮਿਤਸੋਟਾਕਿਸ ਦੀ ਦਲੀਲ ਹੈ ਕਿ ਪ੍ਰਾਈਵੇਟ ਯੂਨੀਵਰਸਿਟੀਆਂ ਦੀ ਸ਼ੁਰੂਆਤ ਮੁਕਾਬਲੇ ਨੂੰ ਉਤਸ਼ਾਹਿਤ ਕਰੇਗੀ ਅਤੇ ਜਨਤਕ ਅਤੇ ਨਿੱਜੀ ਸੰਸਥਾਵਾਂ ਦੋਵਾਂ ਵਿੱਚ ਨਵੀਨਤਾ ਲਿਆਏਗੀ ਅਤੇ ਸੁਧਾਰ ਕਰੇਗੀ। ਪ੍ਰਧਾਨ ਮੰਤਰੀ ਦੇ ਡਿਪਟੀ, ਪਾਵਲੋਸ ਮਾਰੀਨਾਕਿਸ ਦਾ ਵੀ ਕਹਿਣਾ ਹੈ ਕਿ ਜਦੋਂ ਸਿੱਖਿਆ ਦੇ 'ਆਧੁਨਿਕੀਕਰਨ' ਦੀ ਗੱਲ ਆਉਂਦੀ ਹੈ ਤਾਂ ਗ੍ਰੀਸ 'ਬਹੁਤ ਸਾਲਾਂ ਤੋਂ ਪਛੜ ਰਿਹਾ ਹੈ'। ਆਰਟੀਕਲ ਸੋਲਾਂ ਨੇ ਦਹਾਕਿਆਂ ਤੋਂ ਜਨਤਕ ਯੂਨੀਵਰਸਿਟੀਆਂ ਨੂੰ ਨਿੱਜੀਕਰਨ ਤੋਂ ਸੁਰੱਖਿਅਤ ਰੱਖਿਆ ਹੈ ਅਤੇ ਦੋ-ਪੱਧਰੀ, ਜਨਤਕ-ਨਿੱਜੀ ਪ੍ਰਣਾਲੀ ਦੇ ਵਿਕਾਸ ਨੂੰ ਵੀ ਰੋਕਿਆ ਹੈ, ਜਿਸ ਦਾ ਲਾਭ ਸਿਰਫ਼ ਅਮੀਰ ਪਰਵਾਰਾਂ ਦੇ ਬੱਚਿਆਂ ਨੂੰ ਹੋਵੇਗਾ ।ਇਸ ਲਈ ਵਿਦਿਆਰਥੀਆਂ ਨੇ ਪ੍ਰਸਤਾਵਿਤ ਬਿੱਲ ਦਾ ਵਿਰੋਧ ਕਰਦਿਆਂ ਕਈ ਵਿਦਿਅਕ ਕੈਂਪਸ 'ਤੇ ਕਬਜ਼ੇ ਵੀ ਕਰ ਲਏ ਹਨ। ਵਿਦਿਆਰਥੀਆਂਦੇ ਨਾਅਰੇ ਹਨ-ਇੱਕ ਵੀ ਕਦਮ ਪਿੱਛੇ ਨਹੀਂ ਹਟਣਾ ! ਅਤੇ 'ਸਾਡੀਆਂ ਡਿਗਰੀਆਂ ਸਾਡਾ ਫੈਸਲਾ' ਇਹ ਨਾਅਰੇ ਵਿਦਿਆਰਥੀਆਂ ਦੇ ਦ੍ਰਿੜ੍ਹ ਇਰਾਦੇ ਅਤੇ ਜਨਤਕ ਸਿੱਖਿਆ ਪ੍ਰਣਾਲੀ ਪ੍ਰਤੀ ਸਰੋਕਾਰ ਦਾ ਸੰਕੇਤ ਹਨ।

ਜ਼ਿਆਦਾਤਰ ਯੂਨੀਵਰਸਿਟੀਆਂ ਵਿੱਚ ਵਿਦਿਆਰਥੀ ਸਮੂਹ ਅਸੈਂਬਲੀਆਂ ਨੇ ਸੰਘਰਸ਼ ਨੂੰ ਅੱਗੇ ਵਧਾਉਣ ਲਈ ਵੋਟ ਦਿੱਤੀ ਹੈ, ਜਿਸ ਦੀ ਇੱਕ ਮਹੱਤਵਪੂਰਨ ਉਦਾਹਰਣ ਮੈਸੇਡੋਨੀਆ ਯੂਨੀਵਰਸਿਟੀ ਹੈ, ਜਿੱਥੇ ਪਿਛਲੇ ਹਫ਼ਤੇ 800 ਤੋਂ ਵੱਧ ਵਿਦਿਆਰਥੀਆਂ ਦੀ ਇੱਕ ਅਸੈਂਬਲੀ ਨੇ 77 ਪ੍ਰਤੀਸ਼ਤ ਦੀ ਬਹੁਮੱਤ ਵੋਟ ਵਿੱਚ ਯੂਨੀਵਰਸਿਟੀ 'ਤੇ ਕਬਜ਼ੇ ਨੂੰ ਵਧਾਉਣ ਲਈ ਵੋਟ ਦਿੱਤੀ। ਖੱਬੇਪੱਖੀ ਨਿਊਜ਼ ਸਾਈਟ ਏਪੋਹੀ 'ਤੇ ਪ੍ਰਕਾਸ਼ਿਤ ਇਕ ਲੇਖ ਵਿਚ, ਫੋਵੋਸ ਜ਼ੈਂਟੇਸ, ਇਓਨਾ ਮਪੌਂਟਜ਼ਾ ਅਤੇ ਹੈਰਿਸ ਹਲਾਕਟੇਵਾਕਿਸ, ਯੂਨੀਵਰਸਿਟੀ ਯੂਨੀਅਨਾਂ ਦੇ ਚੁਣੇ ਹੋਏ ਨੁਮਾਇੰਦੇ ਲਿਖਦੇ ਹਨ, ਸਾਡੀਆਂ ਮੰਗਾਂ ਹਰ ਮਜ਼ਦੂਰ ਯੂਨੀਅਨ ਵਿਚ, ਹਰ ਸੰਗਠਨ ਵਿਚ, ਹਰ ਕੈਫੇ ਵਿਚ, ਹਰ ਰੋਜ਼ ਦੀ ਗੱਲਬਾਤ ਬਣ ਜਾਣੀਆਂ ਚਾਹੀਦੀਆਂ ਹਨ, ਕਿਉਂਕਿ ਇਹ ਸਾਡੇ ਸਾਰਿਆਂ ਨੂੰ ਪ੍ਰਭਾਵਿਤ ਕਰਦਾ ਹੈ।

ਗ੍ਰੀਸ ਵਿੱਚ ਸਿੱਖਿਆ ਦੇ ਨਿੱਜੀਕਰਨ ਦੀ ਕੋਸ਼ਿਸ਼ ਕੋਈ ਨਵੀਂ ਗੱਲ ਨਹੀਂ ਹੈ। 2004 ਵਿੱਚ ਪ੍ਰਧਾਨ ਮੰਤਰੀ ਕੋਨਸਟੈਂਟੀਨੋਸ ਕਰਾਮਨਲਿਸ ਦੀ ਰੂੜੀਵਾਦੀ ਸਰਕਾਰ, ਇੱਕ ਮਜ਼ਬੂਤ ਚੁਣਾਵੀ ਜਿੱਤ ਤੋਂ ਉਤਸ਼ਾਹਿਤ ਹੋ ਕੇ ਕਾਮਿਆਂ ਅਤੇ ਵਿਦਿਆਰਥੀਆਂ ਵਿਰੁੱਧ ਹਮਲਿਆਂ ਦੀ ਇੱਕ ਲਹਿਰ ਨੂੰ ਅੰਜਾਮ ਦੇਣ ਲਈ ਤਿਆਰ ਸੀ। ਉਨ੍ਹਾਂ ਹਮਲਿਆਂ ਵਿੱਚੋਂ ਇੱਕ ਸੀ ਆਰਟੀਕਲ ਸੋਲਾਂ ਨੂੰ ਮੁੜ ਲਿਖਣਾ। ਅਪ੍ਰੈਲ 2006 ਵਿੱਚ ਯੂਨਾਨੀ ਵਿਦਿਆਰਥੀਆਂ ਨੇ ਸੜਕਾਂ 'ਤੇ ਕਦਮ ਰੱਖਣ ਦੇ ਐਸੇ ਪੂਰਨੇ ਪਾਏ ਕਿ ਅਗਲੇ ਮਹੀਨੇ ਇੱਕ ਵਿਸ਼ਾਲ ਰੈਲੀ ਤੋਂ ਬਾਅਦ ਪੰਦਰਾਂ ਯੂਨੀਵਰਸਿਟੀਆਂ ਨੂੰ ਸਿਖਿਆਰਥੀਆਂ ਨੇ ਆਵਦੇ ਅਧੀਨ ਕਰ ਲਿਆ। ਜੂਨ ਤੱਕ, ਅਮਲੀ ਤੌਰ 'ਤੇ ਸਾਰੇ ਸਕੂਲਾਂ ਅਤੇ ਯੂਨੀਵਰਸਿਟੀਆਂ ਨੂੰ ਪ੍ਰਭਾਵਿਤ ਕਰਨ ਵਾਲੇ 420 ਵਿਦਿਆਰਥੀ ਕੇਂਦਰਾਂ ਉੱਤੇ ਕਬਜ਼ਾ ਸਥਾਪਤ ਕੀਤਾ ਗਿਆ। ਸਤੰਬਰ ਵਿੱਚ, ਯੂਨੀਵਰਸਿਟੀ ਦੇ ਅਧਿਆਪਕਾਂ ਨੇ ਸਿੱਖਿਆ 'ਤੇ ਹਮਲਿਆਂ ਵਿਰੁੱਧ ਅਣਮਿੱਥੇ ਸਮੇਂ ਲਈ ਹੜਤਾਲ ਵਿੱਚ ਸ਼ਮੂਲੀਅਤ ਦਰਜ ਕਰਵਾਈ, ਜਦੋਂ ਕਿ ਹੜਤਾਲ ਛੇ ਹਫ਼ਤਿਆਂ ਬਾਅਦ ਖ਼ਤਮ ਹੋ ਗਈ, ਇਸ ਲਹਿਰ ਨੇ ਸਰਕਾਰ ਨੂੰ ਫੈਸਲਾ ਬਦਲਣ ਨੂੰ ਮਜਬੂਰ ਕੀਤਾ। ਦਸੰਬਰ ਤੱਕ ਇਹ ਸਪੱਸ਼ਟ ਹੋ ਗਿਆ ਸੀ ਕਿ ਸੰਵਿਧਾਨਕ ਸੋਧ ਦੀ ਤਜਵੀਜ਼ ਕਰਨ ਵਾਲੇ ਬਿੱਲ ਨੂੰ ਸੰਸਦ ਵਿੱਚ ਲੋੜੀਂਦਾ ਸਮਰਥਨ ਨਹੀਂ ਮਿਲੇਗਾ, ਜਿਸ ਦਾ ਕਾਰਨ ਜਨਤਕ ਅੰਦੋਲਨ ਨੂੰ ਮੰਨਿਆ ਜਾ ਸਕਦਾ ਹੈ । ਜੱਥੇਬੰਦ ਵਿਦਿਆਰਥੀਆਂ ਨੇ ਜਨਤਕ ਸੰਘਰਸ਼ ਦੀ ਤਾਕਤ ਰਾਹੀਂ ਬਿੱਲ ਨੂੰ ਹਰਾਇਆ।

ਅੱਜ ਦੇ ਵਿਦਿਆਰਥੀ 2006 ਦੇ ਸੰਘਰਸ਼ ਨੂੰ ਯਾਦ ਕਰਦੇ ਹਨ ਅਤੇ ਇਸ ਤੋਂ ਪ੍ਰੇਰਨਾ ਲੈ ਰਹੇ ਹਨ। ਨਵੇਂ ਸਾਲ ਦੇ ਸ਼ੁਰੂ ਵਿੱਚ ਹੀ ਵਿਦਿਆਰਥੀਆਂ ਨੇ ਸਰਕਾਰ ਦੀ ਇੱਛਾ ਦੇ ਉਲਟ ਜਨਵਰੀ ਵਿੱਚ ਬਿੱਲ ਪਾਸ ਹੋਣ ਤੋਂ ਪਹਿਲਾਂ ਹੀ ਰੋਕ ਦਿੱਤਾ ਹੈ । ਜੇਕਰ ਬਿੱਲ ਸੰਸਦ ਵਿੱਚ ਵੋਟਾਂ ਲਈ ਪੇਸ਼ ਕੀਤਾ ਜਾਂਦਾ ਹੈ ਤਾਂ ਬਹੁਤ ਸਾਰੀਆਂ ਵਿਦਿਆਰਥੀ ਜੱਥੇਬੰਦੀਆਂ, ਟਰੇਡ ਯੂਨੀਅਨਾਂ 'ਬਲੈਕਆਊਟ' ਵਾਸਤੇ ਤਿਆਰ ਰਹਿਣ ਲਈ ਕਹਿ ਰਹੀਆਂ ਹਨ। ਯੂਨੀਵਰਸਿਟੀ ਵਰਕਰਜ਼ ਯੂਨੀਅਨ ਨੇ ਵਿਦਿਆਰਥੀ ਮਾਰਚ ਵਿੱਚ ਸ਼ਾਮਲ ਹੋ ਕੇ ਅਤੇ ਵਿਸ਼ਾਲ ਇਕੱਠਾਂ ਵਿੱਚ ਭਾਸ਼ਣ ਦੇ ਕੇ ਪਹਿਲਾਂ ਹੀ ਹਕੂਮਤ ਨੂੰ ਜਵਾਬ ਦੇ ਦਿੱਤਾ ਹੈ। ਵਿਦਿਆਰਥੀਆਂ ਨੇ ਜਾਣ ਲਿਆ ਹੈ ਕਿ ਜਨਤਕ ਸਿੱਖਿਆ 'ਤੇ ਹੁੰਦੇ ਹਮਲਿਆਂ ਨੂੰ ਹਰਾਉਣ ਦਾ ਇੱਕੋ-ਇੱਕ ਤਰੀਕਾ ਹੈ ਸਾਂਝੇ ਤੇ ਵਿਸ਼ਾਲ ਜਨਤਕ ਸੰਘਰਸ਼। ਭਾਵੇਂ ਇਹ ਸੰਘਰਸ਼ ਲੰਮਾ ਚੱਲ ਸਕਦਾ ਹੈ, ਪਰ ਉਹ ਜਾਣਦੇ ਹਨ ਕਿ ਉਹ ਜਿੱਤ ਸਕਦੇ ਹਨ, ਕਿਉਂਕਿ ਉਹ ਪਹਿਲਾਂ ਵੀ ਅਜਿਹੇ ਲੰਮੇ ਸੰਘਰਸ਼ ਲੜ ਚੁੱਕੇ ਹਨ।

ਕਿਰਤੀ ਲੋਕਾਂ ਲਈ ਜਨਤਕ ਸਿੱਖਿਆ ਪ੍ਰਬੰਧ ਅਤਿ ਲੋੜੀਂਦਾ ਹੈ, ਮਨੁੱਖ ਨੇ ਪਹੀਏ ਨੂੰ ਬਣਾਉਣ ਤੋਂ ਪੁਲਾੜ ਤੱਕ ਜਾਣ ਦਾ ਸਫ਼ਰ ਸਾਂਝੇ ਗਿਆਨ ਦੇ ਸੰਕਲਪ ਦੇ ਆਧਾਰ 'ਤੇ ਹੀ ਤੈਅ ਕੀਤਾ ਹੈ। ਅੱਜ ਜਦ ਦੁਨੀਆ ਭਰ ਵਿੱਚ ਬਚੇ-ਖੁਚੇ ਲੋਕਤੰਤਰ ਖ਼ੁਰ ਰਹੇ ਹਨ, ਜਨਤਕ ਸੰਸਥਾਵਾਂ 'ਚ ਨਿੱਜੀ ਨਿਵੇਸ਼ ਵਧਾਇਆ ਜਾ ਰਿਹਾ ਹੈ, ਇਸ ਦੌਰ ਅੰਦਰ ਸਿੱਖਿਆ ਨੂੰ ਬਚਾਉਣਾ ਸਾਡਾ ਮੁਢਲਾ ਫਰਜ਼ ਬਣਦਾ ਹੈ। ਸਿੱਖਿਆ ਜਿਹੇ ਬੁਨਿਆਦੀ ਅਧਿਕਾਰ ਨੂੰ ਕਾਇਮ ਰੱਖਣ ਲਈ ਚਾਹੇ ਥੋੜ੍ਹੀ-ਬਹੁਤੀ ਆਵਾਜ਼ ਉੱਠਦੀ ਰਹਿੰਦੀ ਹੈ, ਪਰ ਇਸ ਆਵਾਜ਼ ਨੂੰ ਹੋਰ ਜ਼ੋਰ-ਸ਼ੋਰ ਨਾਲ ਉਠਾਉਣ ਦੀ ਜ਼ਰੂਰਤ ਹੈ। ਜਦ ਵੀ ਸਿੱਖਿਆ ਦੇ ਨਿੱਜੀਕਰਨ ਖਿਲਾਫ ਲੜਨ ਵਾਲਿਆਂ ਦੀ ਬਾਤ ਪਾਈ ਜਾਵੇਗੀ ਤਾਂ ਇਹਨਾਂ ਯੂਨਾਨੀ ਵਿਦਿਆਰਥੀਆਂ ਦਾ ਇਹ ਜਨਤਕ ਅਤੇ ਲੰਬਾ ਸੰਘਰਸ਼ ਰਾਹ-ਦਰਸਾਵਾਂ ਅਤੇ ਪ੍ਰੇਰਨਾਸ੍ਰੋਤ ਬਣਦਾ ਰਹੇਗਾ।

**# ਸੰਪਰਕ +61 0414101 993**

# ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕਿਸਾਨਾਂ ਵੱਲੋਂ ਟਰੈਕਟਰ ਮਾਰਚ


ਸਮਰਾਲਾ


ਸ੍ਰੀ ਮੁਕਤਸਰ ਸਾਹਿਬ


ਧੂਰੀ


ਦਿੜ੍ਹਬਾ

**ਸਮਰਾਲਾ (ਸੁਰਜੀਤ ਸਿੰਘ)**-ਸੰਯੁਕਤ ਕਿਸਾਨ ਮੋਰਚਾ ਵੱਲੋਂ ਦਿੱਤੀ ਗਈ ਕਾਲ ਨੂੰ ਲੈ ਕੇ ਇਲਾਕੇ ਦੀਆਂ ਵੱਖ ਵੱਖ ਕਿਸਾਨ ਜਥੇਬੰਦੀਆਂ ਨੇ ਆਪਣੀਆਂ ਮੰਗਾਂ ਦੇ ਸਬੰਧ ਵਿੱਚ ਸਮਰਾਲਾ ਬਾਈਪਾਸ ਤੇ ਚੰਡੀਗੜ੍ਹ-ਲੁਧਿਆਣਾ ਹਾਈਵੇ ਉੱਤੇ ਆਪੋ ਆਪਣੇ ਟ੍ਰੈਕਟਰਾਂ ਸਮੇਤ ਕੇਂਦਰ ਸਰਕਾਰ ਦੇ ਖਿਲਾਫ ਰੋਸ ਪ੍ਰਦਰਸ਼ਨ ਕੀਤਾ। ਰੋਸ ਪ੍ਰਦਰਸ਼ਨ ਵਿੱਚ ਮੁੱਖ ਤੌਰ 'ਤੇ ਬੀਕੇਯੂ ਲੱਖੋਵਾਲ, ਰਾਜੇਵਾਲ ਤੇ ਕਾਦੀਆਂ ਦੇ ਸਥਾਨਕ ਆਗੂ ਸ਼ਾਮਲ ਹੋਏ। ਇਸ ਪੱਤਰਕਾਰ ਨਾਲ ਗੱਲ ਕਰਦਿਆਂ ਇਨ੍ਹਾਂ ਕਿਸਾਨ ਜਥੇਬੰਦੀਆਂ ਆਗੂ ਮਨਜੀਤ ਸਿੰਘ ਢੀਂਡਸਾ, ਸੁਖਵਿੰਦਰ ਸਿੰਘ ਭੱਟੀਆਂ ਤੇ ਹਰਦੀਪ ਸਿੰਘ ਗਿਆਸਪੁਰਾ ਨੇ ਕਿਹਾ ਕਿ ਦਿੱਲੀ ਦੇ ਸਿੰਘੂ ਬਾਡਰ ਉੱਤੇ ਧਰਨੇ ਸਮੇਂ ਕੇਂਦਰ ਸਰਕਾਰ ਨੇ ਹੋਰਨਾਂ ਮੰਗਾਂ ਸਮੇਤ ਫਸਲਾਂ ਦੇ ਘੱਟੋ ਘੱਟ ਸਮਰਥਨ ਮੁੱਲ ਦੀ ਮੰਗ ਮੰਨੀ ਸੀ, ਪਰ ਦੋ ਸਾਲ ਗੁਜ਼ਰ ਜਾਣ ਦੇ ਬਾਵਜੂਦ ਕਿਸਾਨਾਂ ਨੂੰ ਕੇਂਦਰ ਸਰਕਾਰ ਵੱਲੋਂ ਲਾਰੇ ਹੀ ਮਿਲੇ ਹਨ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਮੁੜ 2020 ਵਾਲੇ ਹਾਲਾਤ ਪੈਦਾ ਕਰਨ 'ਤੇ ਤੁਲੀ ਹੋਈ ਹੈ। ਉਨ੍ਹਾਂ ਕਿਹਾ ਕਿ ਕਿਸਾਨ ਸ਼ਕਤੀ ਕੇਂਦਰ ਨੂੰ ਸਪੱਸ਼ਟ ਕਰ ਦੇਣਾ ਚਾਹੁੰਦੀ ਹੈ ਕਿ ਉਹ ਮੰਗਾਂ ਮੰਨਵਾਏ ਬਗੈਰ ਵਾਪਸ ਮੁੜਨ ਵਾਲੇ ਨਹੀਂ ਹਨ। ਉਨ੍ਹਾਂ ਹਰਿਆਣਾ ਸਰਕਾਰ ਦੀ ਨਖੇਧੀ ਕਰਦਿਆਂ ਕਿਹਾ ਕਿ ਲੋਕਤੰਤਰ ਦੇ ਵਿਚ ਆਪਣੇ ਹੱਕਾਂ ਲਈ ਪ੍ਰਦਰਸ਼ਨ ਕਰਨਾ ਲੋਕਾਂ ਦਾ ਬੁਨਿਆਦੀ ਹੱਕ ਹੈ, ਪਰ


ਤਲਵੰਡੀ ਸਾਬੋ

ਹਰਿਆਣਾ ਦੀ ਖੱਟਰ ਸਰਕਾਰ ਨੇ ਦਿੱਲੀ ਜਾਂਦੇ ਕਿਸਾਨਾਂ ਨੂੰ ਪੰਜਾਬ ਤੇ ਹਰਿਆਣਾ ਦੀਆਂ ਸੀਮਾਵਾਂ ਉੱਤੇ ਰੋਕ ਕੇ ਹਿੰਦ-ਪਾਕ ਸੀਮਾ ਵਾਂਗ ਸਲੂਕ ਕੀਤਾ। ਉਨ੍ਹਾਂ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਫਸਲਾਂ ਦੇ ਘੱਟੋ ਘੱਟ ਸਮਰਥਨ ਮੁੱਲ ਸਮੇਤ ਸਾਰੀਆਂ ਮੰਗਾਂ ਮਨਵਾ ਕੇ ਹੀ ਪਿੱਛੇ ਹਟਣਗੇ। ਉਨ੍ਹਾਂ ਕਿਹਾ ਕਿ ਆਬੂ ਧਾਬੀ ਵਿੱਚ ਹੋ ਰਹੀ ਡਬਲਿਊ ਟੀ ਓ ਦੀ ਬੈਠਕ ਵਿਚ ਆਲਮੀ ਵਪਾਰ ਸਮਝੌਤੇ ਦੇ ਤਹਿਤ ਤੈਅ ਕੀਤੀਆਂ ਜਾਣ ਵਾਲੀਆਂ ਸ਼ਰਤਾਂ ਕਿਸਾਨੀ, ਛੋਟੇ ਵਪਾਰੀਆਂ ਤੇ ਦੁਕਾਨਦਾਰਾਂ ਦੇ ਹਿੱਤਾਂ ਨੂੰ ਵੱਡੀ ਸੱਟ ਮਾਰਨ ਵਾਲੀਆਂ ਹਨ। ਇਸ ਮੌਕੇ ਸੈਂਕੜੇ ਦੀ ਗਿਣਤੀ ਵਿੱਚ ਕਿਸਾਨ ਆਗੂ ਤੇ ਵਰਕਰ ਆਪੋ ਆਪਣੇ ਟ੍ਰੈਕਟਰ ਤੇ ਉਨ੍ਹਾਂ ਉੱਤੇ ਆਪਣੀਆਂ ਜਥੇਬੰਦੀਆਂ ਦੇ ਝੰਡੇ ਲਗਾ ਕੇ ਪ੍ਰਦਰਸ਼ਨ ਵਿੱਚ ਸ਼ਾਮਲ ਹੋਏ।

**ਜੈਤੋ (ਸਤੀਸ਼ ਕੁਮਾਰ ਭੀਰੀ)** : ਲੋਕ ਸੰਘਰਸ਼ ਹਜੂਮ ਕਿਸਾਨ ਯੂਨੀਅਨ ਵੱਲੋਂ ਨੈਸ਼ਨਲ ਹਾਈਵੇ 54 'ਤੇ ਸੰਯੁਕਤ ਮੋਰਚੇ ਦੀ ਕਾਲ ਤੇ ਟਰੈਕਟਰ ਪਰੇਡ ਵਿੱਚ ਸ਼ਾਮਲ ਹੋਣ ਲਈ ਜੈਤੋ ਤੋਂ ਵੱਡੀ ਗਿਣਤੀ ਵਿੱਚ ਟਰੈਕਟਰ ਰਵਾਨਾ ਕੀਤੇ ਗਏ। ਇਸ ਸਮੇਂ ਸੂਬਾ ਪ੍ਰਧਾਨ ਗੁਰਜੀਤ ਸਿੰਘ ਅਜਿੱਤ ਗਿੱਲ ਨੇ ਦੱਸਿਆ ਕਿ ਇਹ ਟਰੈਕਟਰ 11 ਵਜੇ ਤੋਂ 3 ਵਜੇ ਤੱਕ ਨੈਸ਼ਨਲ ਹਾਈਵੇ 'ਤੇ ਬਿਨਾਂ ਆਵਾਜਾਈ ਰੋਕੇ ਟਰੈਕਟਰ ਪਰੇਡ ਵਿੱਚ ਸ਼ਾਮਲ ਹੋਣਗੇ ਕੀਤੀ। ਗੁਰਜੀਤ ਸਿੰਘ ਨੇ ਕਿਹਾ ਕਿ ਇਹ ਟਰੈਕਟਰ ਪਰੇਡ ਸ਼ਹੀਦ ਸ਼ੁਭਕਰਨ ਸਿੰਘ ਨੂੰ ਇੰਨਸਾਫ ਦਿਵਾਉਣ ਲਈ ਪੰਜਾਬ ਤੇ ਕੇਂਦਰ ਸਰਕਾਰ ਦੀਆਂ ਕਿਸਾਨ ਮਾਰੂ ਨੀਤੀਆਂ ਤੇ ਕਾਰਪੋਰੇਟ ਘਰਾਣਿਆਂ ਪੱਖੀ ਨੀਤੀਆਂ ਦੇ ਰੋਸ ਵਜੋਂ ਕੀਤੀ ਜਾ ਰਹੀ ਹੈ। ਇਸ ਮੌਕੇ ਇਕੱਤਰ ਹੋਏ ਹੋਏ ਕਿਸਾਨ ਸੂਬਾ ਪ੍ਰੈਸ ਸਕੱਤਰ ਭਿੰਦਰ ਸਿੰਘ ਬਰਾੜ, ਜ਼ਿਲ੍ਹਾ ਪ੍ਰਧਾਨ ਜਸਵੀਰ ਸਿੰਘ ਸੀਰਾ, ਜ਼ਿਲ੍ਹਾ ਜਰਨਲ ਸਕੱਤਰ ਜਗਦੀਸ਼ ਸਿੰਘ, ਜ਼ਿਲ੍ਹਾ ਮੀਤ ਪ੍ਰਧਾਨ ਮਹਿੰਦਰ ਸਿੰਘ ਨਿਆਮੀਵਾਲਾ, ਜ਼ਿਲ੍ਹਾ ਖਜ਼ਾਨਚੀ ਕੁਲਵੰਤ ਸਿੰਘ ਮਹਿਲੜ, ਜ਼ਿਲ੍ਹਾ ਜਥੇਬੰਦਕ ਸਕੱਤਰ ਜਸਪਾਲ ਸਿੰਘ, ਬਲਾਕ ਪ੍ਰਧਾਨ ਸੁਖਦੇਵ ਸਿੰਘ, ਬਲਾਕ ਜਰਨਲ ਸਕੱਤਰ ਸੁਖਜੀਤ ਸਿੰਘ ਜੈਤੋ, ਬਲਾਕ ਮੀਤ ਪ੍ਰਧਾਨ ਲਖਵੀਰ ਸਿੰਘ ਬਰਾੜ, ਜਗਜੀਤ ਸਿੰਘ, ਮਨਪ੍ਰੀਤ ਸਿੰਘ, ਰਾਜੂ ਸਿੰਘ, ਕਰਮਜੀਤ ਸਿੰਘ, ਹਰਪਾਲ ਸਿੰਘ ਗਿਰ, ਤੇਜ ਸਿੰਘ, ਜੈਤੋ ਸ਼ਹਿਰੀ ਪ੍ਰਧਾਨ ਬਲਦੇਵ ਸਿੰਘ ਢੱਲਾ, ਗੁਰਪ੍ਰੀਤ ਸਿੰਘ ਵਿਰਕ, ਅਮਨਦੀਪ ਸਿੰਘ, ਜੱਗਾ ਸਿੰਘ, ਬੇਅੰਤ ਸਿੰਘ, ਰਾਜਾ ਸਿੰਘ, ਰਣਧੀਰ ਸਿੰਘ ਸਿੱਧੂ, ਜਗਰੂਪ ਸਿੰਘ ਬਰਾੜ, ਜਗਦੇਵ ਸਿੰਘ ਹਰੀ ਨੌਂ, ਲਖਵਿੰਦਰ ਸਿੰਘ ਦਲ ਸਿੰਘ ਵਾਲਾ, ਮਨਪ੍ਰੀਤ ਵਿਰਕ, ਦਿਲਬਾਗ ਸਿੰਘ ਮਹਿਲੜ, ਤਰਲਾਕ ਸਿੰਘ, ਗੁਰਬਿੰਦਰ ਸਿੰਘ, ਜਗਸੀਰ ਸਿੰਘ ਮਹਿਲੜ ਤੇ ਲਵਪ੍ਰੀਤ ਸਿੰਘ ਅਜਿੱਤ ਗਿੱਲ ਆਦਿ ਸ਼ਾਮਲ ਸਨ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ, ਕੁਲਭੂਸ਼ਨ ਚਾਵਲਾ)** : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਅੱਜ ਸ੍ਰੀ ਮੁਕਤਸਰ ਸਾਹਿਬ ਦੇ ਵਿੱਚ ਕਿਸਾਨਾਂ ਦੇ ਵੱਲੋਂ ਟਰੈਕਟਰ ਮਾਰਚ ਕੀਤਾ ਗਿਆ। ਇਸ ਮੌਕੇ ਕਿਸਾਨਾਂ ਵੱਲੋਂ ਸ੍ਰੀ ਮੁਕਤਸਰ ਸਾਹਿਬ ਦੇ ਨਜ਼ਦੀਕੀ ਪਿੰਡ ਵੜਿੰਗ ਵਿੱਚ ਵੜਿੰਗ ਟੋਲ ਪਲਾਜੇ ਦੇ ਕੋਲ ਮੁਕਤਸਰ ਕੋਟਕਪੂਰਾ ਹਾਈਵੇ 'ਤੇ ਟਰੈਕਟਰ ਮਾਰਚ ਕੀਤਾ ਗਿਆ। ਇਸ ਮੌਕੇ ਕਿਸਾਨਾਂ ਨੇ ਬਿਨਾਂ ਹਾਈਵੇ ਬੰਦ ਕੀਤਿਆਂ ਟਰੈਕਟਰਾਂ ਨੂੰ ਦਿੱਲੀ ਵੱਲ ਖੜਾ ਕਰਕੇ ਇਹ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਕਿਸਾਨਾਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਅੱਜ ਇਹ ਟਰੈਕਟਰ ਮਾਰਚ ਕੀਤਾ ਜਾ ਰਿਹਾ ਹੈ। ਕਿਸਾਨਾਂ ਨੇ ਕਿਹਾ ਕਿ ਸਾਨੂੰ ਡਬਲਯੂ ਟੀ ਓ ਤੋਂ ਵੱਖ ਰੱਖਿਆ ਜਾਵੇ ਤੇ ਸਾਡੀਆਂ, ਜੋ ਜਾਇਜ਼ ਮੰਗਾਂ ਹਨ, ਉਹ ਮੰਨੀਆਂ ਜਾਣ ਤੇ ਅਸੀਂ ਸਾਰੇ ਕਿਸਾਨ ਇਕੱਠੇ ਹਾਂ ਤੇ ਦਿੱਲੀ ਸਾਡੇ ਤੋਂ ਦੂਰ ਨਹੀਂ, ਜਦ ਵੀ ਸੰਯੁਕਤ ਕਿਸਾਨ ਮੋਰਚੇ ਦਾ ਸੱਦਾ ਆਵੇਗਾ ਤਾਂ ਇਹ ਟਰੈਕਟਰ ਦਿੱਲੀ ਵੱਲ ਨੂੰ ਚਾਲੇ ਪਾਉਣਗੇ। ਸਾਡੇ ਕਿਸਾਨਾਂ ਨੂੰ ਬਾਰਡਰਾਂ ਵਿੱਚ ਪਾ ਕੇ ਕੁੱਟਿਆ ਗਿਆ, ਲੱਤਾਂ-ਬਾਹਾਂ ਤੋੜੀਆਂ ਗਈਆਂ ਤੇ ਕਈ ਕਿਸਾਨਾਂ ਨੂੰ ਗੰਭੀਰ ਜ਼ਖਮੀ ਕੀਤਾ ਗਿਆ ਹੈ, ਇਸ ਦਾ ਸਾਨੂੰ ਇਨਸਾਫ ਦਿੱਤਾ ਜਾਵੇ।ਇਸ ਸਮੇਂ ਕਿਸਾਨਾਂ ਵੱਲੋਂ ਦੋ ਮਿੰਟ ਦਾ ਮੌਨ ਧਾਰ ਕੇ ਸ਼ਹੀਦ ਹੋਏ ਕਿਸਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਪੂਰਨ ਸਿੰਘ ਵੱਟੂ, ਗੋਬਿੰਦ ਸਿੰਘ ਜ਼ਿਲ੍ਹਾ ਪ੍ਰਧਾਨ ਬੀਕੇਯੂ ਰਾਜੇਵਾਲ, ਜਰਨੈਲ ਸਿੰਘ ਰੋੜਾਂਵਾਲੀ ਸੂਬਾ ਆਗੂ ਕੁਲਦੂ ਮਾਨਸਾ, ਬਲਦੇਵ ਸਿੰਘ ਬਲਾਕ ਪ੍ਰਧਾਨ, ਅਮਨਦੀਪ ਸਿੰਘ ਖਜ਼ਾਨਚੀ ਰਾਜਪਾਲ ਸਿੰਘ ਵੜਿੰਗ, ਗੁਰਤੇਜ ਸਿੰਘ ਉਦੇਕਰਨ ਜਨਰਲ ਸਕੱਤਰ ਬੀਕੇਯੂ ਕਾਦੀਆਂ, ਜਸਵਿੰਦਰ ਸਿੰਘ ਝਬੇਲਵਾਲੀ ਸੂਬਾ ਆਗੂ ਕਿਰਤੀ ਕਿਸਾਨ ਯੂਨੀਅਨ, ਹਰਪ੍ਰੀਤ ਸਿੰਘ ਝਬੇਲਵਾਲੀ, ਗੋਪੀ ਵੜਿੰਗ, ਰੇਸ਼ਮ ਵੜਿੰਗ, ਮਨਜੀਤ ਰਾਮ ਸ਼ਰਮਾ, ਗੁਰਦੀਪ ਸਿੰਘ, ਬਲਦੇਵ ਸਿੰਘ ਸੁਰੇਵਾਲਾ, ਹਰਜਿੰਦਰ ਸਿੰਘ, ਗੁਰਚਰਨ ਸਿੰਘ, ਕਾਲਾ ਸਿੰਘ, ਮਨਦੀਪ ਬੱਟੀ, ਗਾਗਰ ਸਿੰਘ, ਕੁਲਦੀਪ ਸਿੰਘ ਮਰਾੜ ਕਲਾਂ, ਬਲਵਿੰਦਰ ਸਿੰਘ ਡੱਟਿਵਾਲ, ਸੁਖਿੰਦਰ ਸਿੰਘ ਵੜਿੰਗ, ਇਸ ਤੋਂ ਇਲਾਵਾ ਵੱਡੀ ਗਿਣਤੀ 'ਚ ਵੱਖ-ਵੱਖ ਪਿੰਡਾਂ ਦੇ ਕਿਸਾਨ ਆਗੂ ਹਾਜ਼ਰ ਸਨ।

**ਧੂਰੀ (ਰਾਜੇਸ਼ਵਰ ਪਿੰਟੂ, ਵਿਨੋ ਗਰਗ)** : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਅੱਜ ਮੋਰਚੇ ਵਿੱਚ ਸ਼ਾਮਲ ਧੂਰੀ ਬਲਾਕ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਲੱਡਾ ਟੋਲ ਪਲਾਜ਼ਾ ਨੇੜੇ ਟਰੈਕਟਰ ਪਰੇਡ ਕੀਤੀ ਗਈ ਤੇ 26 ਤੋਂ 28 ਫ਼ਰਵਰੀ ਤੱਕ ਆਬੂਧਾਬੀ ਵਿਖੇ ਹੋਣ ਵਾਲੀ ਡਬਲਿਊ ਟੀ ਓ ਦੀ ਕਾਨਫਰੰਸ ਨੂੰ ਕਿਸਾਨਾਂ ਲਈ ਘਾਤਕ ਦੱਸਦਿਆਂ ਕਿਹਾ ਕਿ ਭਾਰਤ ਸਰਕਾਰ ਨੂੰ ਵਰਲਡ ਟਰੇਡ ਆਰਗੇਨਾਈਜ਼ੇਸ਼ਨ ਵਿੱਚੋਂ ਬਾਹਰ ਆਉਣਾ ਚਾਹੀਦਾ ਹੈ। ਬੁਲਾਰਿਆਂ ਨੇ ਕਿਹਾ ਕਿ ਭਾਰਤੀ ਕਿਸਾਨ ਛੋਟੀਆਂ ਇਕਾਈ ਵਿੱਚ ਹੋਣ ਕਰਕੇ ਵਿਕਸਤ ਦੇਸ਼ਾਂ ਦੇ ਕਿਸਾਨਾਂ ਦਾ ਮੁਕਾਬਲਾ ਨਹੀਂ ਕਰ ਸਕਦਾ ਤੇ ਭਾਰਤ ਸਰਕਾਰ ਨੂੰ ਐੱਮ.ਐੱਸ.ਪੀ. ਦੀ ਗਾਰੰਟੀ ਦੇਣੀ ਚਾਹੀਦੀ ਹੈ ਤੇ ਰਹਿੰਦੀਆਂ ਮੰਗਾਂ ਨੂੰ ਵੀ ਤੁਰੰਤ ਪ੍ਰਵਾਨ ਕਰਨਾ ਚਾਹੀਦਾ ਹੈ।ਬੁਲਾਰਿਆਂ ਨੇ ਸ਼ੰਭੂ ਤੇ ਖਨੌਰੀ ਬਾਰਡਰ 'ਤੇ ਕਿਸਾਨਾਂ ਤੇ ਪੱਤਰਕਾਰਾਂ 'ਤੇ ਹੋਏ ਸਰਕਾਰੀ ਜਬਰ ਦੀ ਨਿਖੇਧੀ ਕਰਦਿਆਂ ਕਿਸਾਨੀ ਸੰਘਰਸ਼ ਦੌਰਾਨ ਕਿਸਾਨ ਸ਼ੁਭਕਰਨ ਸਿੰਘ ਦੀ ਮੌਤ ਦੇ ਜ਼ਿੰਮੇਵਾਰ ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ, ਗ੍ਰਹਿ ਮੰਤਰੀ ਅਨਿਲ ਵਿਜ ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਖਿਲਾਫ਼ ਮੁੱਕਦਮਾ ਦਰਜ ਕਰਨ ਦੀ ਮੰਗ ਕੀਤੀ ਗਈ।ਇਸ ਮੌਕੇ ਮੇਜਰ ਸਿੰਘ ਪੁੰਨਾਂਵਾਲ, ਰਛਪਾਲ ਸਿੰਘ ਦੋਹਲਾ, ਜਰਨੈਲ ਸਿੰਘ ਜਹਾਂਗੀਰ, ਭੁਪਿੰਦਰ ਸਿੰਘ ਭੁੱਲਰਹੇੜੀ, ਕਿਰਪਾਲ ਸਿੰਘ ਬਟੂਹਾ, ਗੁਰਜੀਤ ਸਿੰਘ ਭੜੀ ਮਾਨਸਾ, ਅਮਰਜੀਤ ਸਿੰਘ ਬਾਲੀਆ, ਬਲਵੀਰ ਸਿੰਘ ਕਿਲਾ ਹਕੀਮਾਂ, ਹਰਦਮ ਸਿੰਘ ਰਾਜੋਮਾਜਰਾ, ਦਰਬਾਰਾ ਸਿੰਘ ਬੇਨੜਾ, ਲਖਵੀਰ ਸਿੰਘ ਬਾਲੀਆ ਆਦਿ ਹਾਜ਼ਰ ਸਨ।

**ਦਿੜ੍ਹਬਾ (ਜਸਵੀਰ ਲਾਡੀ)** : ਇੱਥੋਂ ਨਾਲ ਦੇ ਪਿੰਡ ਛਾਜਲੀ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ (ਅਜ਼ਾਦ) ਨੇ ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਤੇ ਸੈਂਟਰ ਦੀ ਭਾਜਪਾ ਸਰਕਾਰ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਸਾੜਿਆ।ਯੂਨੀਅਨ ਦੇ ਸੀਨੀਆਰ ਜ਼ਿਲ੍ਹਾ ਮੀਤ ਪ੍ਰਧਾਨ


ਤਲਵੰਡੀ ਸਾਬੋ

ਸੰਤਰਾਮ ਸਿੰਘ ਛਾਜਲੀ ਨੇ ਕਿਹਾ ਕਿ ਸਰਕਾਰ ਕਿਸਾਨਾਂ ਦੀਆਂ ਜਾਇਜ਼ ਮੰਗ ਮੰਨੇ ਤੇ ਮੰਨੀਆਂ ਮੰਗਾਂ ਨੂੰ ਲਾਗੂ ਕਰੇ।ਹਰਿਆਣੇ ਦੇ ਬਾਰਡਰਾਂ 'ਤੇ ਰੋਸ ਪ੍ਰਦਰਸ਼ਨ ਕਰ ਰਹੇ ਕਿਸਾਨਾਂ 'ਤੇ ਅੱਤਿਆਚਾਰ ਕਰਨਾ ਬੰਦ ਕਰੇ।ਉਨ੍ਹਾਂ ਕਿਹਾ ਕਿ ਐੱਮ.ਐੱਸ.ਪੀ. ਕਿਸਾਨਾਂ ਲਈ ਨਹੀਂ, ਸਗੋਂ ਦੇਸ਼ ਦੇ ਵਿਕਾਸ ਲਈ ਵੀ ਲਾਹੇਵੰਦ ਹੈ, ਜਿਸ ਨੂੰ ਪੱਛਮੀ ਦੇਸ਼ਾਂ ਦੇ ਪ੍ਰਭਾਵ ਹੇਠ ਇਹ ਸੰਸਥਾ ਦੇਸ਼ਾਂ ਨੂੰ ਕਿਸਾਨਾਂ ਲਈ ਫਸਲਾਂ ਦਾ ਘੱਟੋ ਘੱਟ ਸਮਰਥਨ ਮੁੱਲ ਦੇਣ ਤੋਂ ਮਨ੍ਹਾਂ ਕਰ ਰਹੀ ਹੈ ਅਤੇ ਵੰਡ ਪ੍ਰਣਾਲੀ ਬੰਦ ਕਰਨ ਦੇ ਹੁਕਮ ਲਾਗੂ ਕਰ ਰਹੀ ਹੈ।।ਇਸ ਮੌਕੇ ਉਨ੍ਹਾਂ ਨਾਲ ਇਕਾਈ ਪ੍ਰਧਾਨ ਦਰਸ਼ਨ ਸਿੰਘ ਮੀਤਾ, ਗੋਕਲ ਰਾਮ ਪੰਡਤ ਸੀਨੀਅਰ ਮੀਤ ਪ੍ਰਧਾਨ, ਮੱਲ ਸਿੰਘ ਫਤਿਹਗੜ੍ਹ, ਪ੍ਰਿਤਪਾਲ ਸਿੰਘ, ਹਾਕਮ ਸਿੰਘ, ਬਿੰਦਰ ਸਿੰਘ, ਦਰਸ਼ਨ ਸਿੰਘ, ਬਾਰੂ ਸਿੰਘ, ਲਾਭ ਸਿੰਘ ਆਦਿ ਹਾਜ਼ਰ ਸਨ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਪੋਜੋ ਕੇ ਦੀ ਅਗਵਾਈ ਵਿੱਚ ਸੈਂਕੜੇ ਟਰੈਕਟਰ ਨੈਸ਼ਨਲ ਹਾਈਵੇ 'ਤੇ ਖੜੇ ਕਰਕੇ ਡਬਲਿਊ ਟੀਓ ਦਾ ਪੁਤਲਾ ਫੂਕਿਆ ਗਿਆ।ਪੱਤਰਕਾਰ ਨੂੰ ਜਾਣਕਾਰੀ ਦਿੰਦੇ ਹੋਏ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਸੁਰਜੀਤ ਕੁਮਾਰ ਨੇ ਦੱਸਿਆ ਕਿ 26 ਫ਼ਰਵਰੀ ਤੋਂ ਦੁਬਈ/ਆਬੂਦਾਬੀ ਵਿਚ ਡਬਲਿਊ ਟੀਓ ਦੀ ਮੀਟਿੰਗ ਸ਼ੁਰੂ ਹੋ ਰਹੀ ਹੈ ਤਾਂ ਅੱਜ ਪੰਜਾਬ ਭਰ ਵਿੱਚ ਡਬਲਿਊ ਟੀਓ ਦਾ ਪੁਤਲਾ ਫੂਕ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ ਹੈ।ਕ੍ਰਾਂਤੀਕਾਰੀ ਕਿਸਾਨ ਯੂਨੀਅਨ ਨੇ ਵਿਰੋਧ ਕਰਦਿਆਂ ਕਿਹਾ ਕਿ ਭਾਰਤ ਨੂੰ ਡਬਲਿਊ ਟੀਓ ਤੋਂ ਬਾਹਰ ਆਉਣਾ ਚਾਹੀਦਾ ਹੈ।ਇਸ ਤੋਂ ਇਲਾਵਾ 28 ਫ਼ਰਵਰੀ ਨੂੰ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੱਲੋਂ ਡੀ ਸੀ ਦਫਤਰ ਫਿਰੋਜ਼ਪੁਰ 'ਤੇ ਧਰਨਾ ਦਿੱਤਾ ਜਾਵੇਗਾ, ਜਿਸ ਵਿੱਚ ਮੰਗ ਕੀਤੀ ਜਾਵੇਗੀ ਕਿ ਸ਼ਾਂਤਮਈ ਅੰਦੋਲਨ ਕਰ ਰਹੇ ਕਿਸਾਨਾਂ ਦੇ ਟਰੈਕਟਰ ਤੇ ਗੱਡੀਆਂ ਦੀ ਭੰਨ ਤੋੜ ਦੀ ਭਰਪਾਈ ਕੀਤੀ ਜਾਵੇ।ਸ਼ਹੀਦ ਹੋਏ ਕਿਸਾਨਾਂ ਨੂੰ ਸਰਕਾਰੀ ਨੌਕਰੀ ਤੇ ਇੱਕ ਕਰੋੜ ਦੀ ਸਹਾਇਤਾ ਰਾਸ਼ੀ ਦਿੱਤੀ ਜਾਵੇ।ਅੱਜ ਦੇ ਰੋਸ ਪ੍ਰਦਰਸ਼ਨ ਵਿੱਚ ਸੂਬਾ ਪ੍ਰੈੱਸ ਸਕੱਤਰ ਅਵਤਾਰ ਮਹਿਮਾ, ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਪੋਜੋ ਕੇ, ਜ਼ਿਲ੍ਹਾ ਸਕੱਤਰ ਸੁਰਜੀਤ ਕੁਮਾਰ, ਬਲਦੇਵ ਸਿੰਘ ਤਾਰੇ ਵਾਲਾ, ਮੰਗਤ ਰਾਮ ਨੇ ਸੰਬੋਧਨ ਕੀਤਾ।

**ਜਗਰਾਉਂ (ਅਮਿਤ ਖੰਨਾ)** : ਨਾਨਕਸਰ ਲਾਗੇ ਫਲਾਈ ਓਵਰ 'ਤੇ ਜਗਰਾਓਂ, ਰਾਏਕੋਟ, ਸਿੱਧਵਾਂ ਬੇਟ ਬਲਾਕਾਂ ਦੇ ਕਿਸਾਨਾਂ ਨੇ ਵੱਡੀ ਗਿਣਤੀ 'ਚ ਸੜਕ ਦੇ ਕਿਨਾਰੇ ਕਿਨਾਰੇਲੰਮੀ ਦੂਰੀ ਤੱਕ ਅਪਣੇ ਟਰੈਕਟਰ ਪੁੱਤ ਖੜੇ ਕਰ ਕੇ ਡਬਲਯੂ ਟੀ ਓ ਖਿਲਾਫ ਜ਼ਬਰਦਸਤ ਰੋਸ ਪ੍ਰਗਟ ਕੀਤਾ। ਮੁਜ਼ਾਹਰਾਕਾਰੀਆਂ ਨੇ ਭਾਰਤ ਸਰਕਾਰ ਤੋਂ ਇਸ ਲੋਕ ਤੇ ਦੇਸ਼ ਵਿਰੋਧੀ ਸਾਮਰਾਜੀ ਸੰਸਥਾਂ ਦੀ ਮੈਂਬਰੀ ਰੱਦ ਕਰਨ, ਹੁਣ ਤੱਕ ਇਸ ਸੰਸਥਾਂ ਨਾਲ ਕੀਤੇ ਸਾਰੇ ਸਮਝੌਤੇ ਰੱਦ ਕਰਨ ਦੀ ਜ਼ੋਰਦਾਰ ਮੰਗ ਕੀਤੀ। ਰੈਲੀ ਨੂੰ ਰਛਪਾਲ ਸਿੰਘ ਡੱਲਾ ਬਲਾਕ ਸਕੱਤਰ, ਮਨਦੀਪ ਸਿੰਘ ਭੰਮੀਪੁਰਾ ਮੀਤ ਪ੍ਰਧਾਨ, ਸੁਰਜੀਤ ਦੋਧਰ, ਤਾਰਾ ਸਿੰਘ ਅੱਚਰਵਾਲ ਜ਼ਿਲ੍ਹਾ ਵਿੱਤ ਸਕੱਤਰ, ਜਗਜੀਤ ਸਿੰਘ ਕਲੇਰ ਬਲਵਿੰਦਰ ਸਿੰਘ ਲੰਮੇ, ਕੁਲਵਿੰਦਰ ਸਿੰਘ ਕਾਲਾ ਡੱਲਾ, ਪਰਮਜੀਤ ਸਿੰਘ ਪੰਮੀ ਚੀਮਾ, ਗੁਰਪ੍ਰੀਤ ਸਿੰਘ ਹਠੂਰ, ਕੁਲਦੀਪ ਸਿੰਘ ਕਾਉਂਕੇ, ਬਲਵੀਰ ਸਿੰਘ ਢਿੱਲੋਂ, ਕੁੰਡਾ ਸਿੰਘ ਕਾਉਂਕੇ ਹਾਜ਼ਰ ਸਨ।ਬੁਲਾਰਿਆਂ ਨੇ ਕਿਹਾ ਕਿ ਹਰਿਆਣਾ ਦੇ ਡੱਬਵਾਲੀ ਬਾਰਡਰ ਤੇ ਪਿਛਲੇ ਦਸ ਦਿਨਾਂ ਤੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਅਗਵਾਈ 'ਚ ਚੱਲ ਰਹੇ ਧਰਨੇ 'ਚ ਲੁਧਿਆਣਾ ਜ਼ਿਲ੍ਹੇ 'ਚੋਂ ਵੱਡੀ ਗਿਣਤੀ 'ਚ ਕਿਸਾਨ ਸ਼ਾਮਲ ਹੋਣਗੇ।ਉਨ੍ਹਾਂ ਸੰਘਰਸ਼ਸ਼ੀਲ ਕਿਸਾਨਾਂ ਤੇ ਹਰਿਆਣਾ ਦੀ ਖੱਟਰ ਸਰਕਾਰ ਵੱਲੋਂ ਢਾਹੇ ਜਾ ਰਹੇ ਜਬਰ ਖਿਲਾਫ ਵੀ ਆਵਾਜ਼ ਉਠਾਈ।

**ਸੁਨਾਮ ਊਧਮ ਸਿੰਘ ਵਾਲਾ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)** : ਸਥਾਨਕ ਪਟਿਆਲਾ ਰੋਡ 'ਤੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕਿਸਾਨਾਂ ਵੱਲੋਂ ਕੇਂਦਰ ਦੀ ਮੋਦੀ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕਰਕੇ ਦਿੱਲੀ ਵੱਲ ਮੂੰਹ ਕਰਕੇ ਪਟਿਆਲਾ ਰੋਡ 'ਤੇ ਟਰੈਕਟਰ ਖੜੇ ਕੀਤੇ ਗਏ। ਇਸ ਮੌਕੇ ਬਿੰਦਰਪਾਲ ਸਿੰਘ ਛਾਜਲੀ, ਜਰਨੈਲ ਸਿੰਘ ਜਨਾਲ, ਕਾਮਰੇਡ ਵਰਿੰਦਰ ਕੌਸ਼ਿਕ, ਮਹਿੰਦਰ ਸਿੰਘ ਲੌਂਗੋਵਾਲ, ਐਡਵੋਕੇਟ ਮਿੱਤ ਸਿੰਘ ਜਨਾਲ, ਪ੍ਰਗਟ ਸਿੰਘ ਛਾਜਲੀ, ਗਗਨਦੀਪ ਸਿੰਘ ਚੱਠਾ, ਹਰਜੀਤ ਸਿੰਘ, ਜਰਨੈਲ ਸਿੰਘ, ਨਿਰਮਲ ਸਿੰਘ ਲਖਵਿੰਦਰ ਸਿੰਘ ਚਹਿਲ, ਪ੍ਰਿਤਪਾਲ ਮੰਡੇਰ ਕਲਾਂ, ਹਰਦੇਵ ਸਿੰਘ ਲੌਂਗੋਵਾਲ, ਹਰਪਾਲ ਸਿੰਘ, ਜਰਨੈਲ ਸਿੰਘ ਮੰਡੇਰ ਕਲਾਂ, ਪ੍ਰਗਟ ਸਿੰਘ ਲੌਂਗੋਵਾਲ ਆਦਿ ਹਾਜ਼ਰ ਸਨ।

**ਮੱਖੂ (ਰਛਪਾਲ ਸਿੰਘ ਸੰਧੂ)** : ਹਰਿਆਣਾ ਪੁਲਸ ਵੱਲੋਂ ਕਿਸਾਨਾਂ 'ਤੇ ਕੀਤੇ ਜਾ ਰਹੇ ਤਸ਼ੱਦਦ ਦੇ ਵਿਰੋਧ ਵਿੱਚ ਸੰਯੁਕਤ ਕਿਸਾਨ ਮੋਰਚਾ ਵੱਲੋਂ ਦਿੱਤੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਭਾਰਤੀ ਕਿਸਾਨ ਯੂਨੀਅਨ ਪੰਜਾਬ ਤੇ ਕਿਸਾਨ ਸੰਘਰਸ਼ ਕਮੇਟੀ ਪੰਜਾਬ (ਰਵੀ) ਦੇ ਕਿਸਾਨਾਂ ਵੱਲੋਂ ਮਖੂ ਤੋਂ ਚਾਰ ਕਿਲੋਮੀਟਰ ਦੂਰ ਨੈਸ਼ਨਲ ਹਾਈਵੇ-54 'ਤੇ ਪ੍ਰਗਟ ਸਿੰਘ ਤਲਵੰਡੀ ਸੂਬਾਈ ਸਕੱਤਰ ਬੀਕੇਯੂ ਰਾਜੇਵਾਲ, ਲਖਵਿੰਦਰ ਸਿੰਘ ਪੀਰ ਮੁਹੰਮਦ ਯੂਥ ਪ੍ਰਧਾਨ ਬੀਕੇਯੂ ਰਾਜੇਵਾਲ, ਪ੍ਰਗਟ ਸਿੰਘ ਲਹਿਰਾ ਐਗਜ਼ੈਕਟਿਵ ਕਮੇਟੀ ਪੰਜਾਬ ਬੀਕੇਯੂ ਪੰਜਾਬ, ਸੁਖਦੇਵ ਸਿੰਘ ਅਰਾਈਆਂਵਾਲਾ ਪ੍ਰਧਾਨ ਜ਼ਿਲ੍ਹਾ ਫਿਰੋਜ਼ਪੁਰ ਕਿਸਾਨ ਸੰਘਰਸ਼ ਕਮੇਟੀ ਪੰਜਾਬ (ਰਵੀ) ਦੀ ਅਗਵਾਈ 'ਚ ਬੰਗਾਲੀ ਵਾਲਾ ਪੁਲ ਦੀਆਂ ਨਹਿਰਾਂ 'ਤੇ ਆਪਣੇ ਟਰੈਕਟਰ ਖੜੇ ਕਰਕੇ ਟਰੈਕਟਰ ਪਰੇਡ ਕੀਤੀ ਗਈ ਅਤੇ ਕੇਂਦਰ ਸਰਕਾਰ ਦਾ ਪੁਤਲਾ ਫੂਕਦੇ ਹੋਏ ਕੇਂਦਰ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਲਖਵਿੰਦਰ ਸਿੰਘ ਪੀਰ ਮੁਹੰਮਦ ਪ੍ਰਧਾਨ ਯੂਥ ਵਿੰਗ ਪੰਜਾਬ, ਮਾਸਟਰ ਅਮਰ ਸਿੰਘ ਸ਼ੀਹਾਂਪਾੜੀ ਜ਼ਿਲ੍ਹਾ ਆਗੂ, ਰਾਜ ਸਿੰਘ ਤਲਵੰਡੀ ਬਲਾਕ ਪ੍ਰਧਾਨ ਬੀਕੇਯੂ ਪੰਜਾਬ, ਗੁਰਦੇਵ ਸਿੰਘ ਤਲਵੰਡੀ ਖਜ਼ਾਨਚੀ ਬੀਕੇਯੂ ਰਾਜੇਵਾਲ, ਸੂਰਤ ਸਿੰਘ ਤਲਵੰਡੀ ਇਕਾਈ ਪ੍ਰਧਾਨ ਬੀਕੇਯੂ ਪੰਜਾਬ, ਗੁਰਵਿੰਦਰ ਸਿੰਘ ਮਾਨ ਨਗਰ ਬਾਬਾ ਫਤਿਹ ਸਿੰਘ ਵਾਲਾ ਜ਼ਿਲ੍ਹਾ ਆਗੂ, ਜਸਕਰਨ ਸਿੰਘ ਨਿਹਾਲ ਕੇ ਬਲਾਕ ਆਗੂ, ਜਸਬੀਰ ਸਿੰਘ ਚੀਮਾ, ਡਾ. ਬਲਵੰਤ ਸਿੰਘ ਸਿੱਧੂ ਮੀਤ ਪ੍ਰਧਾਨ ਤਹਿਸੀਲ ਜ਼ੀਰਾ ਬੀਕੇਯੂ ਪੰਜਾਬ, ਦਵਿੰਦਰ ਸਿੰਘ ਬੱਬੂ, ਰਾਜਬਹਾਦਰ ਸਿੰਘ ਵਰਨਾਲਾ, ਸੁਖਵਿੰਦਰ ਸਿੰਘ ਵਰਨਾਲਾ, ਗੁਰਪ੍ਰੀਤ ਸਿੰਘ ਵਰਨਾਲਾ, ਪ੍ਰਭਜੀਤ ਸਿੰਘ ਵਰਨਾਲਾ, ਭਗਵਾਨ ਸਿੰਘ ਗੱਟਾ, ਨਿਰਮਲ ਸਿੰਘ ਗੱਟਾ, ਫੂਲਾ ਸਿੰਘ ਤਲਵੰਡੀ, ਕੁਲਬੀਰ ਸਿੰਘ ਔਜਲਾ ਜ਼ਿਲ੍ਹਾ ਯੂਥ ਪ੍ਰਧਾਨ, ਨਵਤੇਜ ਸਿੰਘ ਤਲਵੰਡੀ, ਸਿਤਾਰਾ ਸਿੰਘ ਤਲਵੰਡੀ, ਟਹਿਲ ਸਿੰਘ ਤਲਵੰਡੀ, ਪ੍ਰੀਤਮ ਸਿੰਘ ਤਲਵੰਡੀ, ਕਾਬਲ ਸਿੰਘ ਲਖਨਪਾਲ ਮਖੂ, ਨਿਰਮਲ ਸਿੰਘ ਗੱਟਾ, ਸੁਬੇਗ ਸਿੰਘ ਸੂਦਾਂ, ਬਿੱਕਰ ਸਿੰਘ ਆਦਿ ਵੱਡੀ ਗਿਣਤੀ 'ਚ ਕਿਸਾਨ ਆਪਣੇ ਟਰੈਕਟਰ ਲੈ ਕੇ ਪਹੁੰਚੇ ਹੋਏ ਸਨ।

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)** : ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਪ੍ਰੈੱਸ ਸਕੱਤਰ ਅਵਤਾਰ


ਜਗਰਾਉਂ

ਸਿੰਘ ਮਹਿਮਾਂ ਨੇ ਜਾਣਕਾਰੀ ਦੱਸਿਆ ਕਿ ਅੱਜ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਨੇ 15 ਜ਼ਿਲ੍ਹਿਆਂ ਵਿੱਚ 50 ਤੋਂ ਵੱਧ ਥਾਵਾਂ 'ਤੇ ਦਿੱਲੀ ਨੂੰ ਜਾਂਦੀਆਂ ਸੜਕਾਂ 'ਤੇ ਟਰੈਕਟਰ ਖੜੇ ਕਰਕੇ ਡਬਲ ਟੀ ਓ ਦੀ ਆਬੂ ਧਾਬੀ ਵਿੱਚ ਹੋ ਰਹੀ ਮੀਟਿੰਗ ਦਾ ਵਿਰੋਧ ਕੀਤਾ ਤੇ ਵਿਰੋਧ ਵਿੱਚ ਡਬਲ ਟੀ ਓ ਦੇ ਦਿਓ ਕੱਦ ਪੁਤਲੇ ਸਾੜੇ ਗਏ।ਇਸ ਮੌਕੇ ਡਾਕਟਰ ਦਰਸ਼ਨ ਪਾਲ ਨੇ ਕਿਹਾ ਕਿ ਵਿਸ਼ਵ ਵਪਾਰ ਸੰਗਠਨ ਵਿਰੁੱਧ ਬੋਲਦੇ ਹੋਏ ਡਾਕਟਰ ਦਰਸ਼ਨ ਪਾਲ ਨੇ ਕਿਹਾ ਕਿ ਡਬਲ ਟੀ ਓ : ਖੂਨ ਪੀਣੇ ਕਾਰਪੋਰੇਟ ਲੁਟੇਰਿਆਂ ਦੀ ਸੰਗਠਨ ਹੈ। ਡਬਲ ਟੀ ਓ ਦੀ ਮੀਟਿੰਗ 26 ਤੋਂ 29 ਫਰਵਰੀ ਤੱਕ ਅਬੂਧਾਬੀ ਵਿਖੇ ਹੋ ਰਹੀ ਹੈ, ਇੱਥੇ ਕੁੱਲ ਦੁਨੀਆ ਦੇ ਕਾਰਪੋਰੇਟ ਇਕੱਠੇ ਹੋਏ।ਇਨ੍ਹਾਂ ਦੀਆਂ ਸ਼ਰਤਾਂ ਹਨ ਕਿ ਕਿਸਾਨਾਂ ਨੂੰ ਦਿੱਤੀਆਂ ਜਾਂਦੀਆਂ ਸਬਸਿਡੀਆਂ ਨੂੰ ਖਤਮ ਕਰੋ, ਮੰਡੀਆਂ ਤੱਕ ਟੈਕਸ ਮੁਕਤ ਰਸਾਈ ਤੇ ਅਜ਼ਾਦ ਮੁਕਾਬਲੇਬਾਜ਼ੀ ਦੀ ਖੁੱਲ੍ਹ ਦਿਓ।ਉਹ ਇਹ ਵੀ ਕਹਿੰਦੇ ਹਨ ਕਿ ਭਾਰਤ ਵਰਗੇ ਅਣਵਿਕਸਤ ਦੇਸ਼ਾਂ ਵਿੱਚ, ਸਬਸਿਡੀ ਕੁੱਲ ਕੀਮਤ ਦੇ 10% ਤੋਂ ਵੱਧ ਨਹੀਂ ਹੋਣੀ ਚਾਹੀਦੀ।ਇਨ੍ਹਾਂ ਫੈਸਲਿਆਂ ਵਿਰੁੱਧ ਪੂਰੇ ਭਾਰਤ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਸੜਕਾਂ ਤੇ ਟਰੈਕਟਰ ਖੜੇ ਕਰਕੇ ਰੋਸ ਪ੍ਰਦਰਸ਼ਨ ਕੀਤੇ ਗਏ ਹਨ ਤੇ ਡਬਲਟੀਓ ਦੇ ਦਿਓ ਕਦ ਪੁਤਲੇ ਸਾੜੇ ਗਏ ਹਨ ਤੇ ਮੰਗ ਕੀਤੀ ਗਈ ਕਿ ਭਾਰਤ ਡਬਲ ਟੀ ਓ ਵਿੱਚੋਂ ਬਾਹਰ ਆਵੇ।ਟਰੈਕਟਰ ਪ੍ਰਦਰਸ਼ਨਾਂ ਦੀ ਤੇ ਪੁਤਲੇ ਸਾੜਨ ਦੀ 15 ਜਿਲਿਆਂ ਵਿੱਚ ਅਗਵਾਈ ਸੂਬਾ ਆਗੂ ਹਰਭਜਨ ਸਿੰਘ ਬੁੱਟਰ, ਰੇਸ਼ਮ ਸਿੰਘ ਮਿੱਡਾ ਰਣਜੀਤ ਚਨਾਰਥਲ ,ਹਰਿੰਦਰ ਚਨਾਰਥਲ, ਗੁਰੁਮੀਤ ਸਿੰਘ, ਰਾਜ ਗੁਰਿੰਦਰ ਲਾਡੀ ਘੁਮਾਣ, ਧਰਮਪਾਲ ਸਿੰਘ ਰੋੜੀ ਕਪੂਰਾ ਤੇ 15 ਜਿਲਾ ਦੇ ਜਿਲਾ ਆਗੂਆਂ ਤੇ ਬਲਾਕਾਂ ਦੇ ਆਗੂਆਂ ਨੇ ਕੀਤੀ।

**ਬੁਢਲਾਡਾ (ਅਸ਼ੋਕ ਲਾਕੜਾ)** : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਬਢਲਾਡਾ ਤਹਿਸੀਲ ਦੀਆਂ ਕਿਸਾਨ ਜਥੇਬੰਦੀਆਂ ਨੇ ਸੈਂਕੜੇ ਟਰੈਕਟਰਾਂ ਨਾਲ ਭੀਖੀ-ਰੱਤੀਆ ਨੈਸ਼ਨਲ ਹਾਈਵੇ 'ਤੇ ਮਾਰਚ ਕੀਤਾ ਤੇ ਹਾਈਵੇ 'ਤੇ ਟਰੈਕਟਰ ਖੜੇ ਕਰਕੇ ਡਬਲਿਊ ਟੀ ਓ ਦਾ ਪੁਤਲਾ ਫੂਕਿਆ ਗਿਆ। ਇਸ ਸਮੇਂ ਕਿਸਾਨਾ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਸਰਕਾਰ ਕਿਸਾਨਾਂ ਦੇ ਟਰੈਕਟਰ ਦਾ ਸੜਕਾਂ 'ਤੇ ਚੱਲਣਾ ਬੰਦ ਕਰਕੇ ਕਿਸਾਨੀ ਅੰਦੋਲਨ ਨੂੰ ਤਾਰਪੀਡੋ ਕਰਨਾ ਚਾਹੁੰਦੀ ਹੈ। ਇਸ ਕਾਰਨ ਹੀ ਟਰੈਕਟਰ ਸੜਕਾਂ 'ਤੇ ਖੜੇ ਕੀਤੇ ਗਏ ਹਨ। ਜਥੇਬੰਦੀਆਂ ਦਾ ਇਹ ਦੇਸ਼ ਪੱਧਰਾ ਐਕਸ਼ਨ ਹੈ, ਜੇ ਸਰਕਾਰ ਹਾਈਵੇ 'ਤੇ ਕਿੱਲ ਗੱਡ ਕੇ ਕੰਧਾਂ ਕੱਢ ਕੇ ਬੰਦ ਕਰ ਸਕਦੀ ਹੈ ਤਾਂ ਕਿਸਾਨ ਸੜਕਾਂ ਤੇ ਟਰੈਕਟਰ ਵੀ ਚਲਾ ਸਕਦੇ ਹਨ। ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇ ਕਿਸਾਨਾਂ ਤੇ ਜਬਰ ਕਰਨਾ ਬੰਦ ਨਾ ਕੀਤਾ ਤਾਂ ਸਖਤ ਐਕਸ਼ਨ ਕੀਤੇ ਜਾਣਗੇ। ਸ਼ਹੀਦ ਕਿਸਾਨ ਸ਼ੁਭਕਰਨ ਸਿੰਘ ਨੂੰ ਕਤਲ ਕਰਨ ਲਈ ਹਰਿਆਣੇ ਦੇ ਮੁੱਖ ਮੰਤਰੀ ਤੇ ਗ੍ਰਹਿ ਮੰਤਰੀ ਖਿਲਾਫ ਧਾਰਾ 302 ਅਧੀਨ ਪਰਚਾ ਦਰਜ ਕੀਤਾ ਜਾਵੇ। ਸੰਬੋਧਨ ਕਰਨ ਵਾਲਿਆਂ ਆਗੂਆਂ 'ਚ ਹਰਮੀਤ ਸਿੰਘ ਬੋੜਾਵਾਲ, ਭੁਪਿੰਦਰ ਸਿੰਘ ਗੁਰਨੇ, ਕੁਲਵੰਤ ਸਿੰਘ ਕਿਸ਼ਨਗੜ੍ਹ, ਅਮਰੀਕ ਸਿੰਘ ਫਫੜੇ, ਦਿਲਬਾਗ ਸਿੰਘ ਕਲੀਪੁਰ, ਦਰਸ਼ਨ ਸਿੰਘ ਗੁਰਨੇ, ਮੇਲਾ ਸਿੰਘ ਦਿਆਲਪੁਰਾ, ਆਦਿ ਆਗੂਆਂ ਨੇ ਸੰਬੋਧਨ ਕੀਤਾ। ਇਸ ਸਮੇਂ ਪਰਸ਼ੋਤਮ ਸਿੰਘ ਗਿੱਲ, ਜਗਜੀਵਨ ਸਿੰਘ ਹਸਨਪੁਰ, ਸਤਪਾਲ ਸਿੰਘ ਬਰੇ ਆਦਿ ਆਗੂ ਹਾਜ਼ਰ ਸਨ।

**ਤਲਵੰਡੀ ਸਾਬੋ (ਜਗਦੀਪ ਗਿੱਲ)** : ਯੂ ਏ ਈ (ਆਬੂਧਾਬੀ) ਵਿੱਚ ਹੋ ਰਹੀ ਵਿਸ਼ਵ ਵਪਾਰ ਸੰਸਥਾ ਦੀ ਮੀਟਿੰਗ ਦੇ ਵਿਰੋਧ ਵਿੱਚ ਸੰਯੁਕਤ ਮੋਰਚੇ ਦੇ ਸੱਦੇ ਨੂੰ ਲਾਗੂ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਵੱਲੋਂ ਸੈਂਕੜਿਆਂ ਦੀ ਗਿਣਤੀ ਵਿੱਚ ਟਰੈਕਟਰ ਦਿੱਲੀ ਵੱਲ ਮੂੰਹ ਕਰਕੇ ਤਲਵੰਡੀ ਸਾਬੋ ਤੋਂ ਰੋੜੀ ਰੋਡ 'ਤੇ ਖੜੇ ਕੀਤੇ ਗਏ ਅਤੇ ਡਬਲ ਟੀ ਓ ਦੇ ਦਿਓ ਕੱਦ ਪੁਤਲਾ ਫੂਕਿਆ ਗਿਅ। ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਜ਼ਿਲ੍ਹਾ ਤੇ ਬਲਾਕ ਪ੍ਰਧਾਨ ਬਹੱਤਰ ਸਿੰਘ ਨੰਗਲਾ ਨੇ ਕਿਹਾ ਕਿ ਡਬਲਯੂ ਟੀ ਓ ਦੀਆਂ ਕਿਸਾਨ ਵਿਰੋਧੀ ਨੀਤੀਆਂ ਕਾਰਨ ਮੁਲਕ ਭਰ ਦੇ ਕਿਸਾਨ ਟਰੈਕਟਰਾਂ ਨਾਲ ਮੁਜ਼ਾਹਰਾ ਕਰਕੇ ਇਨ੍ਹਾਂ ਦਾ ਵਿਰੋਧ ਕਰ ਰਹੇ ਹਨ ਤੇ ਮੰਗ ਕੀਤੀ ਕਿ ਭਾਰਤ


ਸੁਨਾਮ

ਸਰਕਾਰ 'ਚ ਬਾਹਰ ਆਵੇ। ਕਿਸਾਨ ਆਗੂਆਂ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਭਾਰਤ ਡਬਲਯੂ ਟੀ ਓ ਤੋਂ ਬਾਹਰ ਆਵੇ, ਐਮ ਐਸ ਪੀ ਸਮੇਤ ਦਿੱਲੀ ਮੋਰਚੇ ਦੀਆਂ ਮੰਨੀਆਂ ਹੋਈਆਂ ਭਖਵੀਆ ਮੰਗਾਂ ਲਾਗੂ ਕੀਤੀਆਂ ਜਾਣ। ਅੱਜ ਦੇ ਇਕੱਠ ਵਿੱਚ ਬਲਾਕ ਕਾਲਾ ਸਿੰਘ ਚੱਠੇਵਾਲਾ, ਬਲਾਕ ਮੀਤ ਪ੍ਰਧਾਨ ਲੱਖਾ ਸਿੰਘ, ਕਲਕੱਤਾ ਸਿੰਘ, ਕੁਲਵਿੰਦਰ ਸਿੰਘ ਗਿਆਨਾ, ਜਸਵੀਰ ਸਿੰਘ ਤਲਵੰਡੀ ਸਾਬੋ, ਬੱਗਾ ਸਿੰਘ ਲਾਲੇਆਣਾ, ਸਨਦੀਪ ਸਿੰਘ ਬਹਿਮਣ ਕੌਰ ਵਾਲਾ ਆਦਿ ਸ਼ਾਮਲ ਸਨ।

# ਕਿਰਤੀ, ਕਿਸਾਨਾਂ, ਮੁਲਾਜ਼ਮਾਂ ਦੇ ਭਲੇ ਲਈ ਭਾਰਤ ਸਰਕਾਰ ਡਬਲਯੂ ਟੀ ਓ 'ਚੋਂ ਬਾਹਰ ਆਵੇ : ਮਨਜੀਤ ਧਨੇਰ

**ਬਠਿੰਡਾ (ਪਰਵਿੰਦਰਜੀਤ ਸਿੰਘ)**

ਭਾਰਤੀ ਕਿਸਾਨ ਯੂਨੀਅਨ ਏਕਤਾ (ਡਕੌਂਦਾ) ਨੇ ਕਿਹਾ ਹੈ ਕਿ ਫਸਲਾਂ ਤੇ ਐੱਮ.ਐੱਸ.ਪੀ. ਹਾਸਲ ਕਰਨ ਤੇ ਕਰਜ਼ਾ ਮੁਆਫ਼ੀ ਆਦਿ ਵੱਡ ਆਕਾਰੀ ਮੰਗਾਂ ਦੀ ਪੂਰਤੀ ਲਈ ਸੰਘਰਸ਼ਾਂ ਦੇ ਪਿੜ ਵਿੱਚ ਵਿਸ਼ਵ ਵਪਾਰ ਸੰਗਠਨ (ਡਬਲਯੂ.ਟੀ.ਓ.) ਨੂੰ ਵੀ ਨਿਸ਼ਾਨਾ ਬਣਾਇਆ ਜਾਣਾ ਚਾਹੀਦਾ ਹੈ, ਕਿਉਂਕਿ ਸਾਮਰਾਜੀ ਲੁਟੇਰਿਆਂ ਦੇ ਹਿੱਤਾਂ ਦੀ ਰਾਖ਼ੀ ਲਈ ਉਸਾਰੇ ਵਿਸ਼ਵ ਵਪਾਰ ਸੰਗਠਨ ਦੀਆਂ ਨੀਤੀਆਂ ਪੂਰੀ ਦੁਨੀਆ ਸਮੇਤ ਭਾਰਤ ਭਰ ਦੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਤੇ ਆਮ ਦੁਕਾਨਦਾਰਾਂ ਦੇ ਹਿਤਾਂ ਨੂੰ ਵੀ ਬੁਰੇ ਰੁੱਖ ਪ੍ਰਭਾਵਿਤ ਕਰਦੀਆਂ ਆ ਰਹੀਆਂ ਹਨ। ਸਾਂਝੇ ਕਿਸਾਨ ਮੋਰਚੇ ਵੱਲੋਂ ਪੂਰੇ ਦੇਸ਼ ਅੰਦਰ ਸੋਮਵਾਰ ਨੂੰ ਕੀਤੇ ਜਾ ਰਹੇ ਟਰੈਕਟਰ ਪ੍ਰਦਰਸ਼ਨ ਵੀ ਇਸੇ ਵਿਉਂਤਬੰਦੀ ਦਾ ਹਿੱਸਾ ਹਨ, ਜਿਸ ਵਿਚ ਬੀਕੇਯੂ ਏਕਤਾ (ਡਕੌਂਦਾ) ਵੀ ਸਰਗਰਮੀ ਨਾਲ ਭਾਗ ਲੈਣ ਰਹੀ ਹੈ।ਇਹ ਵਿਚਾਰ ਜਥੇਬੰਦੀ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਦੀ ਅਗਵਾਈ ਵਿੱਚ ਬਠਿੰਡਾ ਦੇ ਟੀਚਰਜ਼ ਹੋਮ ਵਿਖੇ ਆਯੋਜਿਤ ਪ੍ਰੈੱਸ ਕਾਨਫਰੰਸ ਖੁਦ ਧਨੇਰ ਤੇ ਹੋਰਨਾਂ ਆਗੂਆਂ ਪ੍ਰਗਟ ਕੀਤੇ।ਜਥੇਬੰਦੀ ਨੇ ਡੂਮਵਾਲੀ (ਡੱਬਵਾਲੀ) ਬਾਰਡਰ ਤੇ ਚੱਲ ਰਹੇ ਮੋਰਚੇ ਵਿੱਚ ਸਰਗਰਮ ਸ਼ਮੂਲੀਅਤ ਕਰਨ ਲਈ ਇਸ ਬਾਰਡਰ ਦੇ ਪੰਜਾਬ ਹਰਿਆਣਾ ਨਾਲ ਸਬੰਧਤ ਕਿਸਾਨਾਂ ਨੂੰ ਸਰਗਰਮ ਸ਼ਮੂਲੀਅਤ ਦਾ ਸੱਦਾ ਵੀ ਦਿੱਤਾ।ਇਸ ਕਾਨਫਰੰਸ ਮੌਕੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਤੋਂ ਇਲਾਵਾ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ, ਸੂਬਾ ਆਗੂ ਹਰੀਸ਼ ਨੱਢਾ, ਗੁਰਨਾਮ ਸਿੰਘ ਤੇ ਹਨੀ ਭੁੱਚੋ ਆਦਿ ਆਗੂ ਵੀ ਸ਼ਾਮਲ ਸਨ।


## ਗੁਰਦੀਪ ਰਾਮਪੁਰਾ ਵੱਲੋਂ ਕਿਸਾਨਾਂ ਨੂੰ ਡੂਮਵਾਲੀ ਮੋਰਚੇ 'ਚ ਸ਼ਮੂਲੀਅਤ ਦਾ ਸੱਦਾ



ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਕਿਹਾ ਕਿ ਦੇਸ਼ ਭਰ 'ਚ ਫਸਲਾਂ ਤੇ ਐੱਮ.ਐੱਸ.ਪੀ. ਹਾਸਲ ਕਰਨ, ਕਰਜ਼ਾ ਮੁਆਫ਼ੀ ਆਦਿ ਮੰਗਾਂ ਪੂਰੀਆਂ ਕਰਵਾਉਣ ਲਈ ਸੰਘਰਸ਼ਾਂ ਦੀ ਸੇਧ ਵਿਸ਼ਵ ਵਪਾਰ ਸੰਸਥਾ ਦੀਆਂ ਨੀਤੀਆਂ ਖ਼ਿਲਾਫ਼ ਕਰਨ ਦੀ ਵੀ ਡਾਢੀ ਲੋੜ ਹੈ।ਉਨ੍ਹਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਇਸ ਮਹੌਲ ਵਿੱਚ ਚੁੱਪ ਵੱਟਿਆਂ ਨਹੀਂ ਸਰਨਾ, ਸਗੋਂ ਹਰ ਵਰਗ ਦੇ ਆਮ ਲੋਕਾਂ ਨੂੰ ਵੀ ਅਜਿਹੀਆਂ ਨੀਤੀਆਂ ਖ਼ਿਲਾਫ਼ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ, ਕਿਉਂਕਿ ਇਸ ਵਿਸ਼ਵ ਵਪਾਰ ਸੰਗਠਨ ਦੀਆਂ ਨੀਤੀਆਂ ਭਾਰਤ ਸਰਕਾਰ ਵੱਲੋਂ ਬਣਾਈਆਂ ਜਾਣ ਵਾਲੀਆਂ ਨੀਤੀਆਂ ਨੂੰ ਵੀ ਪ੍ਰਭਾਵਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਮੌਜੂਦਾ ਮਾਹੌਲ ਅੰਦਰ ਇਸ ਸੰਗਠਨ ਤੇ ਭਾਰਤ ਸਰਕਾਰ ਖ਼ਿਲਾਫ਼ ਇੱਕ ਸਾਂਝੇ 'ਤੇ ਵੱਡੀ ਲੜਾਈ ਦੀ ਸਖ਼ਤ ਜ਼ਰੂਰਤ ਹੈ।ਉਨ੍ਹਾਂ ਇੱਕ ਸਵਾਲ ਦੇ ਜਵਾਬ ਵਿੱਚ ਇਹ ਵੀ ਕਿਹਾ ਕਿ ਕਿਸਾਨਾਂ ਸਮੇਤ ਸੰਘਰਸ਼ ਕਰਦੀ ਹਰ ਜਮਾਤ ਅੰਦਰ ਵਿਚਾਰਧਾਰਕ ਵਖਰੇਵੇਂ ਕੁਦਰਤੀ ਗੱਲ ਹੈ, ਪ੍ਰੰਤੂ ਮੱਤਭੇਦਾਂ ਦੇ ਬਾਵਜੂਦ ਆਪਸੀ ਸਹਿਮਤੀ ਬਣਾਕੇ ਸਾਂਝੇ ਸੰਘਰਸ਼ ਲੜੇ ਜਾ ਸਕਦੇ ਹਨ, ਇਸ ਕਰਕੇ ਇਸੇ ਵਿਚਾਰ ਨੂੰ ਅੱਗੇ ਲੈ ਜਾਣ ਹਿਤ ਹੀ ਸਰਬੱਤ ਦੇ ਭਲੇ ਵਿੱਚ ਉਨ੍ਹਾਂ ਦੀ ਜਥੇਬੰਦੀ ਨੇ ਖਨੌਰੀ ਬਾਰਡਰ 'ਤੇ ਮੋਦੀ ਦੀ ਸ਼ਹਿ 'ਤੇ ਖੱਟਰ ਸਰਕਾਰ ਪੁਲਸ ਵੱਲੋਂ ਕੀਤੇ ਜਬਰ ਖਿਲਾਫ ਸੰਯੁਕਤ ਮੋਰਚੇ ਦੇ ਫੈਸਲੇ ਨੂੰ ਲਾਗੂ ਕਰਨ ਲਈ ਭਾਰਤ ਬੰਦ, ਰੇਲਾਂ ਤੇ ਟੋਲ ਬੰਦ ਜਿਹੇ ਐਕਸ਼ਨਾਂ ਤੇ ਪਿਛਲੇ ਦਿਨੀਂ ਡਟਵਾਂ ਪਹਿਰਾ ਦਿੱਤਾ ਤੇ ਹਰਿਆਣਾ ਬਾਰਡਰ ਤੇ ਲੱਗਿਆ ਮੋਰਚਾ ਵੀ ਇਸੇ ਦੀ ਕੜੀ ਹੈ।ਸੂਬਾ ਪ੍ਰਧਾਨ ਨੇ ਖਨੌਰੀ ਬਾਰਡਰ ਤੇ ਹੋਏ ਜ਼ੁਲਮ ਤੇ ਸ਼ੁਭ ਕਰਨ ਸਿੰਘ ਦੀ ਸ਼ਹਾਦਤ ਖ਼ਿਲਾਫ਼ ਹਰਿਆਣਾ ਦੇ ਜ਼ਿੰਮੇਵਾਰ ਨੇਤਾਵਾਂ, ਪੁਲਸ ਖ਼ਿਲਾਫ਼ ਪਰਚਾ ਦਰਜ਼ ਕਰਨ ਦੀ ਮੰਗ ਕਰਦਿਆਂ ਖੱਟਰ ਸਰਕਾਰ ਦੀ ਕਾਰਵਾਈ ਨੂੰ ਸ਼ਰਮਨਾਕ ਵੀ ਕਿਹਾ।ਇਸ ਮੌਕੇ ਸੂਬਾ ਆਗੂ ਗੁਰਦੀਪ ਸਿੰਘ ਰਾਮਪੁਰਾ ਦਾ ਕਹਿਣਾ ਸੀ ਕਿ ਵਿਸ਼ਵ ਵਪਾਰ ਸੰਸਥਾ ਇਸ ਗੱਲ 'ਤੇ ਜ਼ੋਰ ਦੇ ਰਿਹਾ ਹੈ ਕਿ ਕਿਸਾਨਾਂ, ਮਜ਼ਦੂਰਾਂ ਨੂੰ ਮਿਲਦੀਆਂ ਮਾਮੂਲੀ ਸਬਸਿਡੀਆਂ ਵੀ ਖ਼ਤਮ ਕੀਤੀਆਂ ਜਾਣ, ਇਸੇ ਤਹਿਤ 26 ਤੋਂ 28 ਫਰਵਰੀ ਤੱਕ ਇਸ ਸੰਗਠਨ ਦੀ ਡੁਬਈ ਵਿਖੇ ਫੈਸਲਾਕੁਨ ਮੀਟਿੰਗ ਵੀ ਹੋ ਰਹੀ ਹੈ। ਇਸ ਕਰਕੇ ਉਨ੍ਹਾਂ ਜਥੇਬੰਦੀ ਵਲੋਂ ਭਾਰਤ ਸਰਕਾਰ ਨੂੰ ਕਿਹਾ ਕਿ ਆਪਣੇ ਦੇਸ਼ ਦੀ ਕਿਸਾਨੀ ਤੇ ਮਿਹਨਤਕਸ਼ ਜਮਾਤ ਦੀ ਬਿਹਤਰੀ ਲਈ ਉਹ ਡਬਲਯੂ ਟੀ ਓ 'ਚੋਂ ਬਾਹਰ ਆ ਕੇ ਆਜ਼ਾਦ ਫੈਸਲੇ ਲਵੇ।ਗੁਰਦੀਪ ਸਿੰਘ ਰਾਮਪੁਰਾ ਨੇ ਕਿਹਾ ਕਿ ਕਿਸਾਨ ਮੰਗਾਂ 'ਤੇ ਜ਼ੋਰ ਦੇਣ ਤੇ ਖਨੌਰੀ ਬਾਰਡਰ 'ਤੇ ਹੋਏ ਜ਼ੁਲਮ ਖਿਲਾਫ ਉਨ੍ਹਾਂ ਦੀ ਜਥੇਬੰਦੀ ਨੇ ਪਿਛਲੇ 5 ਦਿਨਾਂ ਤੋਂ ਡੂਮਵਾਲੀ (ਡੱਬਵਾਲੀ) ਮੋਰਚਾ ਮੱਲਿਆ ਹੋਇਆ ਹੈ।ਉਨ੍ਹਾਂ ਸੱਦਾ ਦਿੱਤਾ ਕਿ ਬਾਰਡਰ ਇਲਾਕੇ ਦੇ ਕਿਸਾਨ ਇਸ ਵਿੱਚ ਜ਼ੋਰਦਾਰ ਸ਼ਮੂਲੀਅਤ ਕਰਨ।ਜਥੇਬੰਦੀ ਨੇ ਨਿੰਦਾ ਕੀਤੀ ਕਿ ਭਗਵੰਤ ਮਾਨ ਦੀ ਅਗਵਾਈ ਵਿੱਚ ਚੋਣਾਂ ਤੋਂ ਪਹਿਲਾਂ 23 ਫਸਲਾਂ ਤੇ ਐੱਮ ਐੱਸ ਪੀ ਦੇਣ ਹਿੱਤ ਹਾਮੀ ਭਰੀ ਸੀ, ਪਰ ਹੁਣ ਉਨ੍ਹਾਂ ਦੀ ਸਰਕਾਰ ਟਾਲਮਟੋਲ ਕਰਨ ਲੱਗੀ ਹੈ।ਇਹ ਵੀ ਕਿਹਾ ਕਿ ਬੀਜੇਪੀ ਨੂੰ ਕਿਸਾਨੀ ਮੰਗਾਂ ਨਾਲ ਕੋਈ ਹਮਦਰਦੀ ਨਹੀਂ ਹੈ, ਉਸ ਦੇ ਆਗੂ ਸਿਰਫ਼ ਪਾਖੰਡਬਾਜ਼ੀ ਕਰ ਰਹੇ ਹਨ।

# ਸਕੂਲ ਸਿੱਖਿਆ ਵਿਭਾਗ ਵੱਲੋਂ ਪੇਅ ਫਿਕਸੇਸ਼ਨ 'ਚ ਦੇਰੀ ਕਾਰਨ ਅਧਿਆਪਕਾਂ 'ਚ ਰੋਸ

## ਅਧਿਕਾਰੀਆਂ ਦੀ ਅਣਗਹਿਲੀ ਕਾਰਨ ਅਧਿਆਪਕ ਸੰਘਰਸ਼ ਲਈ ਮਜਬੂਰ



**ਜ਼ੀਰਾ (ਨਰਿੰਦਰ ਅਨੇਜਾ)**-3704 ਅਧਿਆਪਕ ਯੂਨੀਅਨ ਦੇ ਸੂਬਾ ਪ੍ਰਧਾਨ ਹਰਜਿੰਦਰ ਸਿੰਘ ਨੇ ਸਥਾਨਕ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਡੀ ਮਾਸਟਰ ਕੇਡਰ ਦੀ ਭਰਤੀ ਫ਼ਰਵਰੀ 2021 ਵਿੱਚ ਹੋਈ ਸੀ।15.01.15 ਦੇ ਮੁਲਾਜ਼ਮ ਮਾਰੂ ਨੋਟੀਫਿਕੇਸ਼ਨ ਦੇ ਤਹਿਤ ਅਧਿਆਪਕਾਂ ਨੂੰ ਤਿੰਨ ਸਾਲ ਦੇ ਪਰਖ਼ਕਾਲ ਦੌਰਾਨ ਨਿਗੁਣੀਆਂ ਤਨਖਾਹਾਂ 'ਤੇ ਕੰਮ ਕਰਨਾ ਪਿਆ। ਪਹਿਲੀ ਪੋਸਟਿੰਗ ਤੋਂ ਹੀ ਇਹ ਅਧਿਆਪਕ ਬਾਰਡਰ ਦੇ ਜ਼ਿਲ੍ਹਿਆਂ ਵਿੱਚ ਆਪਣੇ ਘਰਾਂ ਤੋਂ ਦੂਰ ਦੁਰਾਡੇ ਤਾਇਨਾਤ ਹਨ, ਜਿਸ ਕਰਕੇ ਇਨ੍ਹਾਂ ਦੀ ਤਨਖ਼ਾਹ ਦਾ ਵੱਡਾ ਹਿੱਸਾ ਤਾਂ ਇਨ੍ਹਾਂ ਦੇ ਉੱਥੇ ਰਿਹਾਇਸ਼ 'ਤੇ ਹੋਰ ਖਰਚੇ ਵਿੱਚ ਹੀ ਜਾਂਦਾ ਰਿਹਾ ਹੈ।ਜਦੋਂ ਹੁਣ 3704 ਮਾਸਟਰ ਕੇਡਰ ਭਰਤੀ ਦੇ ਅਧਿਆਪਕਾਂ ਨੇ ਆਪਣਾਂ ਤਿੰਨ ਸਾਲ ਦਾ ਪਰਖ਼ਕਾਲ ਸਮਾਂ ਵੀ ਪੂਰਾ ਕਰ ਲਿਆ ਹੈ, ਪਰ ਸਕੂਲ ਸਿੱਖਿਆ ਵਿਭਾਗ ਵੱਲੋਂ ਅਜੇ ਤੱਕ ਉਨ੍ਹਾਂ ਦੀ ਪੇਅ ਫਿਕਸੇਸ਼ਨ ਸੰਬੰਧੀ ਸਪੱਸ਼ਟ ਹਦਾਇਤਾਂ ਜਾਰੀ ਨਹੀਂ ਕੀਤੀਆਂ ਗਈਆਂ, ਜਦੋਂ ਕਿ ਵਿਭਾਗ ਵੱਲੋਂ ਚਾਹੀਦਾ ਤਾਂ ਇਹ ਸੀ ਕਿ ਪਰਖ਼ਕਾਲ ਸਮਾਂ ਪੂਰਾ ਹੋਣ ਤੋਂ ਪਹਿਲਾਂ ਹੀ ਇਸ ਸੰਬੰਧੀ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ।ਯੂਨੀਅਨ ਦੇ ਆਗੂਆਂ ਯਾਦਵਿੰਦਰ ਸਿੰਘ, ਦਵਿੰਦਰ ਕੁਮਾਰ, ਜਗਜੀਵਨਜੋਤ ਸਿੰਘ, ਜਸਵਿੰਦਰ ਸ਼ਾਹਪੁਰ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਸੱਤਾ ਵਿੱਚ ਆਉਂਣ ਤੋਂ ਪਹਿਲਾਂ ਇਨ੍ਹਾਂ ਦੇ ਅੱਜ ਦੇ ਵਿੱਤ ਮੰਤਰੀ ਹਰਪਾਲ ਚੀਮਾ ਨੇ ਸਾਡੇ ਧਰਨਿਆਂ ਵਿੱਚ ਆ ਕੇ ਵਾਅਦਾ ਕੀਤਾ ਸੀ ਕਿ ਜੇਕਰ ਸਾਡੀ ਸਰਕਾਰ ਬਣਦੀ ਹੈ ਤਾਂ ਅਸੀਂ ਪੰਜਾਬ ਦੇ ਸਮੂਹ ਮੁਲਾਜ਼ਮਾ ਤੇ ਪੰਜਾਬ ਦੇ ਪੇਅ ਸਕੇਲ ਬਹਾਲ ਕਰਾਂਗੇ ਤੇ ਇਨ੍ਹਾਂ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਬਕਾਇਦਾ ਇਸ ਬਾਰੇ ਵੀਡੀਓ ਪਾ ਕੇ ਅਧੂਰੇ ਕੇਂਦਰੀ ਪੇਅ ਸਕੇਲਾਂ ਦੀ ਨਿਖੇਧੀ ਕੀਤੀ ਸੀ।ਇਸ ਦੇ ਨਾਲ ਹੀ ਆਮ ਆਦਮੀ ਪਾਰਟੀ ਨੇ ਆਪਣੇ ਚੋਣ ਮੈਨੀਫੈਸਟੋ ਵਿੱਚ ਵੀ ਇਹ ਵਾਅਦਾ ਕੀਤਾ ਸੀ ਕਿ ਅਸੀਂ ਪੰਜਾਬ ਦੇ ਪੇਅ ਸਕੇਲ ਬਹਾਲ ਕਰਾਂਗੇ, ਪਰ ਇਸ ਸਰਕਾਰ ਦਾ ਦੋ ਸਾਲਾਂ ਦਾ ਸਮਾਂ ਬੀਤਣ ਦੇ ਬਾਵਜੂਦ ਅਜੇ ਤੱਕ ਇਹ ਵਾਅਦਾ ਵਫ਼ਾ ਨਹੀਂ ਹੋਇਆ, ਜਿਸ ਕਾਰਨ ਅਧਿਆਪਕਾਂ ਵਿੱਚ ਭਾਰੀ ਰੋਸ ਹੈ।ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਜੇਕਰ ਇਸ ਹਫ਼ਤੇ ਵਿੱਚ ਪੇਅ ਫਿਕਸੇਸ਼ਨ ਸੰਬੰਧੀ ਸਪੱਸ਼ਟ ਹਦਾਇਤਾਂ ਜਾਰੀ ਨਹੀਂ ਕੀਤੀਆਂ ਜਾਂਦੀਆਂ ਤਾਂ ਅਸੀਂ ਸੰਘਰਸ਼ ਲਈ ਮਜਬੂਰ ਹੋਵਾਂਗੇ।ਜਿਸ ਤਹਿਤ ਸਭ ਤੋਂ ਪਹਿਲਾਂ ਜਥੇਬੰਦੀ ਦਾ ਮਾਸ ਡੈਪੂਟੇਸ਼ਨ 4 ਮਾਰਚ ਨੂੰ ਦਫ਼ਤਰ ਡਾਇਰੈਕਟਰ ਸਕੂਲ ਸਿੱਖਿਆ ਮੋਹਾਲੀ ਵੱਖ ਵੱਖ ਅਧਿਕਾਰੀਆਂ ਨੂੰ ਮਿਲਣ ਜਾਵੇਗਾ।ਇਸ ਤੋਂ ਬਾਅਦ ਤੁਰੰਤ ਸੂਬਾਈ ਮੀਟਿੰਗ ਕਰਕੇ ਆਪਣੀਆਂ ਹੱਕਾਂ ਮੰਨਵਾਉਣ ਵਾਸਤੇ ਵੱਡਾ ਸੰਘਰਸ਼ ਪੰਜਾਬ ਸਰਕਾਰ ਖ਼ਿਲਾਫ਼ ਵਿੱਢਿਆ ਜਾਊਂਗਾ।ਇਸ ਮੌਕੇ ਦਵਿੰਦਰ ਖੇੜਾ, ਗੁਰਪ੍ਰੀਤ ਸਿੰਘ, ਵਿਕਰਮ ਸਿੰਘ, ਪਿੰਟੂ ਬਿਸ਼ਨੋਈ, ਬਲਵੰਤ ਸਿੰਘ, ਪੱਪੂ ਸਿੰਘ, ਮਨਜਿੰਦਰ ਸਿੰਘ, ਹਰਮੀਤ ਸਿੰਘ ਆਦਿ ਆਗੂ ਮੌਜੂਦ ਸਨ।

# ਪੁਰਾਣੀ ਪੈਨਸ਼ਨ ਸਕੀਮ ਬਹਾਲੀ ਦੀ ਮੰਗ ਨੂੰ ਲੈ ਕੇ ਮੁੱਖ ਮੰਤਰੀ ਦੇ ਸ਼ਹਿਰ 'ਚ ਰੋਹ ਭਰਪੂਰ ਰੈਲੀ

**ਸੰਗਰੂਰ (ਪੱਤਰ ਪ੍ਰੇਰਕ)**-ਪੰਜਾਬ ਦੇ ਵੱਖ ਵੱਖ ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ 'ਚ ਜਨਵਰੀ 2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਲਈ ਪੈਨਸ਼ਨ ਬਹਾਲੀ ਲਈ ਪੰਜਾਬ ਵਿੱਚ ਪਿਛਲੇ ਕਾਫੀ ਸਮੇਂ ਤੋਂ ਸੰਘਰਸ਼ ਕਰ ਰਹੀਆਂ ਤਿੰਨ ਮੁਲਾਜ਼ਮ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੋਰਚਾ ਪੰਜਾਬ ਦੇ ਸੂਬਾਈ ਕਨਵੀਨਰ ਜਸਵੀਰ ਤਲਵਾੜਾ, ਗੁਰਜੰਟ ਸਿੰਘ ਕੋਕਰੀ ਤੇ ਅਤਿੰਦਰਪਾਲ ਸਿੰਘ ਘੱਗਾ ਦੀ ਅਗਵਾਈ ਹੇਠ ਮੁੱਖ ਮੰਤਰੀ ਪੰਜਾਬ ਦੀ ਰਿਹਾਇਸ਼ ਨੇੜੇ ਰੋਹ ਭਰਪੂਰ ਰੈਲੀ ਕਰਕੇ ਪੰਜਾਬ ਸਰਕਾਰ ਖਿਲਾਫ ਤਿੱਖੀ ਨਾਅਰੇਬਾਜ਼ੀ ਕੀਤੀ ਗਈ। ਇਸ ਰੈਲੀ ਵਿੱਚ ਪੰਜਾਬ ਦੇ ਕੋਨੇ ਕੋਨੇ ਤੋਂ ਆਏ ਹਜ਼ਾਰਾਂ ਮੁਲਾਜ਼ਮਾਂ ਨੇ ਝੰਡੇ ਤੇ ਮੰਗਾਂ ਦੀਆਂ ਤਖਤੀਆਂ ਚੁੱਕ ਕੇ ਸ਼ਮੂਲੀਅਤ ਕੀਤੀ। ਪੁਲਸ ਵੱਲੋਂ ਕਾਫੀ ਵੱਡੇ ਪੱਧਰ 'ਤੇ ਰੋਕਾਂ ਲਾਈ ਗਈਆਂ ਸਨ। ਕਾਫੀ ਦੇਰ ਬੈਰੀਕੇਡ ਤੇ ਮੁਲਾਜ਼ਮਾਂ ਨਾਲ ਧੱਕਾ ਮੁੱਕੀ ਹੋਣ ਉਪਰੰਤ ਡਿਪਟੀ ਕਮਿਸ਼ਨਰ ਸੰਗਰੂਰ ਵੱਲੋਂ ਆਗੂਆਂ ਦੀ ਕੈਬਨਿਟ ਸਬ ਕਮੇਟੀ ਨਾਲ 28 ਫਰਵਰੀ ਨੂੰ ਪੰਜਾਬ ਭਵਨ ਚੰਡੀਗੜ੍ਹ ਵਿਖੇ ਮੀਟਿੰਗ ਕਰਵਾਉਣ ਦਾ ਲਿਖਤੀ ਸੱਦਾ ਪੱਤਰ ਸੌਂਪਿਆ ਗਿਆ। ਇਸ ਤੋਂ ਪਹਿਲਾਂ ਰੈਲੀ ਨੂੰ ਸੰਬੋਧਨ ਕਰਦੇ ਹੋਏ ਸਾਂਝੇ ਮੋਰਚੇ ਦੇ ਆਗੂ ਟਹਿਲ ਸਿੰਘ ਸਰਾਭਾ, ਜਰਨੈਲ ਸਿੰਘ ਪੱਟੀ, ਹਰਦੀਪ ਟੋਡਰਪੁਰ, ਇੰਦਰ ਸੁਖਦੀਪ ਸਿੰਘ, ਰਣਦੀਪ ਸਿੰਘ ਫਤਿਹਗੜ੍ਹ ਸਾਹਿਬ, ਗੁਰਵਿੰਦਰ ਖਹਿਰਾ, ਵਿਕਰਮਜੀਤ ਸਿੰਘ ਕੱਦੋਂ, ਅਜੀਤ ਪਾਲ ਸਿੰਘ ਜਸੋਵਾਲ, ਦਰਸੀ ਕਾਂਤ ਰਾਜਪੁਰਾ, ਜਗਸੀਰ ਸਹੋਤਾ, ਡਿੰਪਲ ਰੁਹੇਲਾ, ਜਸਵੀਰ ਭੰਮਾ, ਰਾਜਵੀਰ ਉੱਪਲ, ਕੰਵਲਜੀਤ

## ਸ਼ਹਿਰ ਦੇ ਬਾਜ਼ਾਰਾਂ 'ਚ ਸਰਕਾਰ ਖਿਲਾਫ ਤਿੱਖੀ ਨਾਅਰੇਬਾਜ਼ੀ, ਕੈਬਨਿਟ ਸਬ-ਕਮੇਟੀ ਨਾਲ ਭਲਕੇ ਮੀਟਿੰਗ



ਸਿੰਘ ਰੋਪੜ, ਦਲਜੀਤ ਸਿੰਘ, ਕਰਮਜੀਤ ਤਾਮਕੋਟ, ਰਮਨਦੀਪ ਸਿੰਗਲਾ, ਲਖਵਿੰਦਰ ਸਿੰਘ ਭੌਰ ਤੇ ਜਸਵਿੰਦਰ ਸਿੰਘ ਨੇ ਕਿਹਾ ਕਿ ਰਾਜਸਥਾਨ, ਛੱਤੀਸਗੜ੍ਹ, ਝਾਰਖੰਡ ਤੇ ਹਿਮਾਚਲ ਪ੍ਰਦੇਸ ਦੀਆਂ ਸਰਕਾਰਾਂ ਵੱਲੋਂ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰ ਦਿੱਤੀ ਗਈ ਹੈ। ਉਨ੍ਹ ਕਿਹਾ ਕਿ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਸੂਬਾ ਪ੍ਰਧਾਨ ਭਗਵੰਤ ਮਾਨ ਵੱਲੋਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਦੇ ਮੁਲਾਜ਼ਮਾਂ ਨਾਲ ਚੋਣ ਵਾਅਦਾ ਕੀਤਾ ਸੀ ਕਿ ਉਨ੍ਹਾਂ ਦੀ ਸਰਕਾਰ ਬਣਨ ਉਪਰੰਤ ਪੰਜਾਬ ਵਿੱਚ ਐੱਨ ਪੀ ਐੱਸ ਪੈਨਸ਼ਨ ਸਕੀਮ ਬੰਦ ਕਰਕੇ 01 ਜਨਵਰੀ 2004 ਤੋਂ ਪਹਿਲਾਂ ਚੱਲਦੀ ਡੀਫਾਈਂਡ ਪੈਨਸ਼ਨ ਸਕੀਮ-ਪੁਰਾਣੀ ਪੈਨਸ਼ਨ ਸਕੀਮ ਇੰਨ-ਬਿੰਨ ਲਾਗੂ ਕੀਤੀ ਜਾਵੇਗੀ। ਆਗੂਆਂ ਨੇ ਅਫਸੋਸ ਜ਼ਾਹਰ ਕੀਤਾ ਕਿ ਭਾਵੇਂ ਪੰਜਾਬ ਮੰਤਰੀ ਮੰਡਲ ਨੇ 21 ਅਕਤੂਬਰ 2022 ਨੂੰ ਪੰਜਾਬ ਦੇ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦਾ ਫੈਸਲਾ ਤਾਂ ਕਰ ਲਿਆ ਤੇ 18 ਨਵੰਬਰ 2022 ਨੂੰ ਇੱਕ ਅਧੂਰਾ ਨੋਟੀਫਿਕੇਸ਼ਨ ਵੀ ਜਾਰੀ ਕਰ ਦਿੱਤਾ, ਪਰ ਅਸਲ ਸਥਿਤੀ ਇਹ ਹੈ ਕਿ ਲਗਭਗ ਡੇਢ ਸਾਲ ਬੀਤ ਜਾਣ ਬਾਅਦ ਵੀ ਪੰਜਾਬ ਮੰਤਰੀ ਮੰਡਲ ਦਾ ਫੈਸਲਾ ਅਜੇ ਤੱਕ ਅਮਲੀ ਰੂਪ ਧਾਰਨ ਨਹੀਂ ਕਰ ਸਕਿਆ ਤੇ ਅਜੇ ਤੱਕ ਕਿਸੇ ਵੀ ਮੁਲਾਜ਼ਮ ਦੀ ਜੀ ਪੀ ਫੰਡ ਦੀ ਕਟੌਤੀ ਸ਼ੁਰੂ ਨਹੀਂ ਹੋ ਸਕੀ। ਆਗੂਆਂ ਨੇ ਪੰਜਾਬ ਸਰਕਾਰ 'ਤੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਨਿੱਜੀਕਰਨ, ਵਪਾਰੀਕਰਨ ਤੇ ਵਿਸ਼ਵੀਕਰਨ ਦੀਆਂ ਖੁੱਲ੍ਹੀ ਮੰਡੀ ਦੀਆਂ ਨਵ-ਉਦਾਰਵਾਦੀ ਤੇ ਸਰਮਾਏਦਾਰੀ ਪੱਖੀ ਨੀਤੀਆਂ ਦੇ ਦਬਾਅ ਹੇਠ ਕੰਮ ਕਰ ਰਹੀ ਹੈ ਤੇ ਮੁਲਾਜ਼ਮਾਂ ਨਾਲ ਕੀਤੇ ਗਏ ਚੋਣ ਵਾਅਦੇ ਤੋਂ ਲਗਾਤਾਰ ਮੁੱਕਰ ਰਹੀ ਹੈ। ਇਸ ਤੋਂ ਇਲਾਵਾ ਮੁਲਾਜ਼ਮਾਂ ਦੀ ਤਨਖਾਹ ਵਿੱਚੋਂ ਐੱਨ ਪੀ ਐੱਸ ਦੀ ਰਕਮ ਕੱਟ ਕੇ ਹਾਲੇ ਵੀ ਸ਼ੇਅਰ ਮਾਰਕੀਟ 'ਚ ਭੇਜੀ ਜਾ ਰਹੀ ਹੈ। ਆਗੂਆਂ ਨੇ ਪੰਜਾਬ ਸਰਕਾਰ ਨੂੰ ਸੁਝਾਅ ਦਿੰਦਿਆਂ ਕਿਹਾ ਕਿ ਜੇਕਰ ਮੁਲਾਜ਼ਮਾਂ ਦੀ ਤੁਰੰਤ ਜੀ ਪੀ ਫੰਡ ਦੀ ਕਟੌਤੀ ਸ਼ੁਰੂ ਕੀਤੀ ਜਾਂਦੀ ਹੈ ਤਾਂ ਪੰਜਾਬ ਸਰਕਾਰ ਦੇ ਖਜ਼ਾਨੇ ਨੂੰ ਬਹੁਤ ਵੱਡਾ ਬਲ ਮਿਲ ਸਕਦਾ ਹੈ। 2022 ਨੂੰ ਜਾਰੀ ਨੋਟੀਫਿਕੇਸ਼ਨ ਦੀ ਲਗਾਤਾਰਾਤਾ 'ਚ ਹੋਰ ਸੋਧਾਂ ਕਰਕੇ ਪੰਜਾਬ ਸਿਵਲ ਸਰਵਿਸ ਰੂਲਜ਼ ਅਧੀਨ ਸਮੂਹ ਸਰਕਾਰੀ, ਅਰਧ-ਸਰਕਾਰੀ, ਕਾਰਪੋਰੇਸ਼ਨਾਂ, ਬੋਰਡਾਂ, ਯੂਨੀਵਰਸਿਟੀਆਂ ਆਦਿ ਹੋਰ ਸਮੂਹ ਮੁਲਾਜ਼ਮਾਂ ਨੂੰ ਕਵਰ ਕਰਨ ਤੇ ਪੰਜਾਬ ਸਿਵਲ ਸਰਵਿਸ ਰੂਲਜ਼ ਤੇ ਜੀ ਪੀ ਐੱਫ ਦੇ ਨਿਯਮ ਅਧੀਨ ਸਪੱਸ਼ਟ ਹਦਾਇਤਾਂ ਜਾਰੀ ਕੀਤੀਆਂ ਜਾਣ। ਇਹ ਮੰਗ ਵੀ ਕੀਤੀ ਗਈ ਕਿ 1 ਜਨਵਰੀ 2004 ਤੋਂ ਪਹਿਲਾਂ ਭਰਤੀ ਮੁਲਾਜ਼ਮਾਂ ਲਈ ਲਾਗੂ ਪੁਰਾਣੀ ਪੈਨਸ਼ਨ ਸਕੀਮ ਤੇ 1972 ਦੇ ਪੈਨਸ਼ਨ ਨਿਯਮ ਅਨੁਸਾਰ ਇੰਨ ਬਿੰਨ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ ਤੇ ਤਤਕਾਲ ਸਮੇਂ ਤੋਂ ਹੀ ਐੱਨ ਪੀ ਐੱਸ ਮੁਲਾਜ਼ਮਾਂ ਦੇ ਜੀ.ਪੀ.ਐੱਫ. ਨੰਬਰ/ਖਾਤੇ ਅਲਾਟ ਕੀਤੇ ਜਾਣ ਤੇ ਮੁਲਾਜ਼ਮਾਂ ਦੀ 10% ਕੰਟਰੀਬਿਊਸ਼ਨ ਬੰਦ ਕਰਕੇ ਜੀ.ਪੀ.ਐੱਫ. ਕਟੌਤੀ ਸ਼ੁਰੂ ਕੀਤੀ ਜਾਵੇ। ਆਗੂਆਂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਵਿੱਚ ਹੋਰ ਟਾਲਮਟੋਲ ਕੀਤੀ ਗਈ ਤਾਂ ਪੰਜਾਬ ਦੇ ਮੁਲਾਜ਼ਮ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਮਜਬੂਰ ਹੋਣਗੇ। ਇਸ ਸਮੇਂ ਭਰਾਤਰੀ ਜਥੇਬੰਦੀਆਂ ਦੇ ਆਗੂ ਜਰਮਨਜੀਤ ਸਿੰਘ, ਦਰਸ਼ਨ ਸਿੰਘ ਲੁਬਾਣਾ, ਵਿਕਰਮਦੇਂਵ ਸਿੰਘ, ਦਿਗਵਿਜੇ ਪਾਲ ਸ਼ਰਮਾ, ਰਣਜੀਤ ਸਿੰਘ ਰਾਣਵਾਂ, ਸੁਰਿੰਦਰ ਕੁਮਾਰ ਪੁਆਰੀ, ਗੁਰਪ੍ਰੀਤ ਸਿੰਘ ਮੰਗਵਾਲ, ਪ੍ਰਭਜੀਤ ਸਿੰਘ ਉੱਪਲ, ਸੁਖਵਿੰਦਰ ਸਿੰਘ ਚਾਹਲ, ਚਰਨ ਸਿੰਘ ਸਰਾਭਾ, ਹਰਵਿੰਦਰ ਸਿੰਘ ਬਿਲਗਾ ਗੁਰਜੀਤ ਸਿੰਘ ਘੋੜੇਵਾਹ, ਏ ਐੱਸ ਨੌਰਾ, ਅਨੁਜ ਸ਼ਰਮਾ, ਰਮਨਦੀਪ ਸਿੰਘ ਤੇ ਰਸ਼ਪਾਲ ਸਿੰਘ ਵੜੈਚ ਵੱਲੋਂ ਵੀ ਰੈਲੀ ਨੂੰ ਸੰਬੋਧਨ ਕਰਦੇ ਹੋਏ ਆਪਣੀ ਆਪਣੀ ਜਥੇਬੰਦੀ ਵੱਲੋਂ ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਲੜੇ ਜਾਣ ਵਾਲੇ ਸੰਘਰਸ਼ਾਂ 'ਚ ਪੂਰਨ ਸਮਰਥਨ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਜੀਤ ਟੌਮ, ਸੁਰਿੰਦਰ ਸਿੰਘ ਬਰਾੜ, ਗੁਰਤੇਜ ਸਿੰਘ ਖਹਿਰਾ, ਨਵੀਨ ਸਚਦੇਵਾ, ਪ੍ਰਵੀਨ ਕੁਮਾਰ ਲੁਧਿਆਣਾ, ਜਗਦੀਸ ਸਿੰਘ ਸੁਖਾਲਾ, ਲਵਪ੍ਰੀਤ ਸਿੰਘ, ਦਰਸਨ ਸਿੰਘ, ਜਗਦੀਸ਼ ਸਿੰਘ ਸੱਪਾਂਵਾਲੀ ਆਦਿ ਸ਼ਾਮਲ ਸਨ। ਆਗੂਆਂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ 28 ਫਰਵਰੀ ਨੂੰ ਹੋਣ ਵਾਲੀ ਕੈਬਨਿਟ ਸਬ ਕਮੇਟੀ ਦੀ ਮੀਟਿੰਗ ਵਿੱਚ ਇਸ ਮਸਲੇ ਦਾ ਸਾਰਥਕ ਹੱਲ ਨਾ ਕੀਤਾ ਗਿਆ ਤਾਂ ਪੰਜਾਬ ਵਿਧਾਨ ਸਭਾ ਦੇ ਬਾਲ ਸੈਸ਼ਨ ਦੌਰਾਨ ਪੰਜਾਬ ਮੁਲਾਜ਼ਮ ਤੇ ਪੈਨਸ਼ਨ ਸਾਂਝਾ ਫਰੰਟ ਵੱਲੋਂ ਮੋਹਾਲੀ ਵਿਖੇ ਕੀਤੇ ਜਾਣ ਵਾਲੇ ਐਕਸ਼ਨ ਤੇ ਪੰਜਾਬ ਵਿਧਾਨ ਸਭਾ ਵੱਲ 4 ਮਾਰਚ ਨੂੰ ਰੋਸ ਮਾਰਚ ਕਰਨ ਦੇ ਐਕਸ਼ਨ ਵਿੱਚ ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੋਰਚਾ ਪੰਜਾਬ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।

# ਬਿਜਲੀ ਕਾਮਿਆਂ ਵੱਲੋਂ ਅਰਥੀ ਫੂਕ ਮੁਜ਼ਾਹਰਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**



ਬਿਜਲੀ ਮੁਲਾਜ਼ਮਾਂ ਦੀਆਂ ਵੱਖ ਵੱਖ ਦੀ ਜਥੇਬੰਦੀਆਂ ਤੇ ਆਧਾਰਿਤ ਬਣੇ ਪੀਐੱਸਈਬੀ ਇੰਪਲਾਇਜ਼ ਜੁਆਇੰਟ ਫੋਰਮ ਤੇ ਬਿਜਲੀ ਮੁਲਾਜ਼ਮ ਏਕਤਾ ਮੰਚ, ਪੰਜਾਬ ਦੇ ਸੱਦੇ ਤੇ ਅੱਜ ਸੈਂਕੜਾਂ ਦੀ ਗਿਣਤੀ ਵਿੱਚ ਬਿਜਲੀ ਕਾਮਿਆਂ ਵੱਲੋਂ ਅਰਥੀ ਫੂਕ ਰੋਸ ਧਰਨਾ ਤੇ ਮੁਜ਼ਾਹਰਾ ਸਾਥੀ ਜਗਤਾਰ ਸਿੰਘ ਪ੍ਰਧਾਨ ਦੀ ਪ੍ਰਧਾਨਗੀ ਹੇਠ ਸਰਕਲ ਫਿਰੋਜ਼ਪੁਰ ਦੇ ਦਫ਼ਤਰ ਮੂਹਰੇ ਦਿੱਤਾ ਗਿਆ।ਇਸ ਮੌਕੇ ਇੰਜ. ਸ਼ਿੰਗਾਰ ਮਹਿਰੋਕ ਨੇ ਦੱਸਿਆ ਕਿ ਬਿਜਲੀ ਨਿਗਮ ਦੀ ਮੈਨੇਜਮੈਂਟ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਮੁਲਾਜ਼ਮ ਮੰਗਾਂ ਨੂੰ ਅੱਖੋ ਪਰੋਖੇ ਕੀਤਾ ਜਾ ਰਿਹਾ ਹੈ, ਮੁਲਾਜ਼ਮਾਂ ਦੀਆਂ ਪ੍ਰਮੁੱਖ ਮੰਗਾਂ ਜਿਵੇਂ ਤਨਖਾਹ ਸਕੇਲਾਂ ਵਿਚਲੀਆਂ ਤਰੁੱਟੀਆਂ ਦੂਰ ਕਰਨ, ਸੋਧੇ ਤਨਖਾਹ ਸਕੇਲਾਂ ਵਿੱਚ ਰਹਿੰਦੇ ਭੱਤੇ ਲਾਗੂ ਕਰਨ, ਸੋਧੇ ਸਕੇਲਾਂ ਵਿੱਚ ਸਮਾਂ ਬੱਧ ਸਕੇਲ ਲਾਗੂ ਕਰਨ, ਸੀਆਰਏ 295/19 ਵਾਲੇ ਸਹਾਇਕ ਲਾਈਨਮੈਨਾਂ ਦੀ ਤਨਖਾਹ ਪਰਖ਼ ਕਾਲ ਸਮਾਂ ਪੂਰਾ ਹੋਣ ਦੇ ਬਾਵਜੂਦ ਪੂਰੀ ਤਨਖਾਹ ਨਾ ਦੇਣ, ਬਕਾਇਆ ਡੀਏ ਦੀਆ ਕਿਸ਼ਤਾਂ ਜਾਰੀ ਕਰਨ, ਬਿਜਲੀ ਨਿਗਮ ਦੇ ਸਕੇਲ ਲਾਗੂ ਕਰਨ, ਪੁਰਾਣੀ ਪੈਨਸ਼ਨ ਬਹਾਲ ਕਰਨ, ਕੱਚੇ ਕਾਮਿਆਂ ਨੂੰ ਪੱਕੇ ਕਰਨ, ਗਰਿੱਡ ਸਬ ਸਟੇਸ਼ਨ ਦੇ ਕਾਮਿਆਂ ਦੀਆਂ ਲੰਬਿਤ ਮੰਗਾਂ ਦਾ ਨਿਪਟਾਰਾ ਕੀਤਾ ਜਾਵੇ, ਖ਼ਾਲੀ ਪਈਆਂ ਹਜ਼ਾਰਾਂ ਅਸਾਮੀਆਂ ਨੂੰ ਨਵੀ ਭਰਤੀ ਰਾਹੀਂ ਭਰਿਆ ਜਾਵੇ। ਸਿਆਸੀ ਅਧਾਰ 'ਤੇ ਕ੍ਰਿਸ਼ਨ ਸਿੰਘ ਦੀ ਕੀਤੀ ਬਦਲੀ ਰੱਦ ਕਰਨ।ਇਸੇ ਤਰ੍ਹਾਂ ਹੋਰ ਵਾਜਿਬ ਮੰਗਾਂ ਨੂੰ ਪਿਛਲੇ ਸਮੇਂ ਤੋਂ ਲਾਗੂ ਨਹੀਂ ਕੀਤਾ ਜਾ ਰਿਹਾ, ਇਸ ਲਈ ਬਿਜਲੀ ਮੁਲਾਜ਼ਮਾਂ ਦੇ ਮਨਾਂ ਵਿੱਚ ਭਾਰੀ ਰੋਸ ਤੇ ਗੁੱਸਾ ਹੈ।ਧਰਨੇ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਆਗੂਆਂ ਨੇ ਪੰਜਾਬ ਸਰਕਾਰ ਤੇ ਮੈਨੇਜਮੈਂਟ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਨਿਪਟਾਰਾ ਗੱਲਬਾਤ ਰਾਹੀਂ ਨਾ ਕੀਤਾ ਗਿਆ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।ਇਸ ਧਰਨੇ ਸਾਬਕਾ ਆਗੂ ਜੁਆਇੰਟ ਫੋਰਮ ਪੰਜਾਬ ਸਾਥੀ ਸੁਰਿੰਦਰ ਸ਼ਰਮਾ ਤੋਂ ਇਲਾਵਾ ਸਰਕਲ ਆਗੂ ਮਨਜੀਤ ਸਿੰਘ, ਸੁਭਾਸ਼ ਚੰਦਰ, ਦਰਸ਼ਨ ਸਿੰਘ ਸੇਖਵਾਂ, ਜਲਾਲਾਬਾਦ ਡਵੀਜ਼ਨ ਪ੍ਰਧਾਨ ਸ਼ੇਰ ਸਿੰਘ, ਰਜਿੰਦਰ ਕੁਮਾਰ, ਕੁਲਵੰਤ ਸਿੰਘ, ਰਮਨਦੀਪ ਸਿੰਘ, ਅਵਤਾਰ ਸਿੰਘ, ਸੁਖਦੇਵ ਸਿੰਘ, ਡਵੀਜ਼ਨ ਸਕੱਤਰ ਗੁਰਦੇਵ ਸਿੰਘ, ਰਵੀ ਸ਼ਰਮਾਂ ਬਜੀਦਪੁਰ, ਸੰਦੀਪ ਕੁਮਾਰ ਜਲਾਲਾਬਾਦ, ਪੈਨਸ਼ਨਰ ਐਸੋਸ਼ੀਏਸ਼ਨ ਦੇ ਸਾਥੀ ਚੰਨਣ ਸਿੰਘ, ਸ਼ਾਮ ਸਿੰਘ ਆਦਿ ਨੇ ਸੰਬੋਧਨ ਕੀਤਾ।

page-6-27 February.-2024.qxd 2/26/2024 10:42 PM Page 1



# ਡਾ. ਜਸਵੰਤ ਰਾਏ 'ਰਾਗ ਸਾਹਿਤ ਪੁਰਸਕਾਰ' ਨਾਲ ਸਨਮਾਨਤ



ਹੁਸ਼ਿਆਰਪੁਰ, (ਓ ਪੀ ਰਾਣਾ) ਡਿਪਟੀ ਕਮਿਸ਼ਨਰ ਕੋਮਲ ਮਿੱਤਲ ਵਲੋਂ ਭਾਸ਼ਾ ਵਿਭਾਗ ਪੰਜਾਬ, ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਵਿਖੇ ਬਤੌਰ ਖੋਜ ਅਫ਼ਸਰ-ਕਮ-ਜ਼ਿਲ੍ਹਾ ਭਾਸ਼ਾ ਅਫ਼ਸਰ ਸੇਵਾ ਨਿਭਾਅ ਰਹੇ ਡਾ. ਜਸਵੰਤ ਰਾਏ ਨੂੰ ਇੰਦਰਜੀਤ ਸਿੰਘ ਪੁਰੇਵਾਲ ਅਤੇ ਕਾਫ਼ਲਾ ਰਾਗ ਵਲੋਂ ਮਾਂ ਬੋਲੀ ਪੰਜਾਬੀ ਦੀ ਸੇਵਾ ਵਿਚ ਨਿਗਰਤਾ ਨਾਲ ਨਿਭਣ ਬਦਲੇ 'ਰਾਗ ਸਾਹਿਤ ਪੁਰਸਕਾਰ' ਮਿਲਣ 'ਤੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਵਧਾਈ ਦਿੱਤੀ ਗਈ। ਇਸ ਪੁਰਸਕਾਰ ਵਿਚ ਗਿਆਰਾਂ ਹਜ਼ਾਰ ਰੁਪਏ ਦੀ ਨਕਦ ਰਾਸ਼ੀ, ਸਨਮਾਨ ਪੱਤਰ ਅਤੇ ਫੁਲਕਾਰੀ ਸ਼ਾਮਲ ਹੈ। ਡਾ. ਜਸਵੰਤ ਰਾਏ ਪੰਜਾਬੀ ਭਾਸ਼ਾ ਦੀ ਪੂਰੀ ਪ੍ਰਤੀਬੱਧਤਾ ਅਤੇ ਤਨਦੇਹੀ ਨਾਲ ਸੇਵਾ ਕਰਨ ਵਿਚ ਜੁਟੇ ਹੋਏ ਹਨ। ਪੀ ਐੱਚ ਡੀ ਤੱਕ ਦੀ ਸਿੱਖਿਆ ਪ੍ਰਾਪਤ ਕਰਨ ਉਪਰੰਤ ਉਨ੍ਹਾਂ ਨੇ ਪੰਜਾਬੀ ਲੋਕ ਕਥਾਵਾਂ 'ਤੇ ਗੌਲਣਯੋਗ ਕਾਰਜ ਕੀਤਾ ਹੈ। ਉਨ੍ਹਾਂ ਨੇ ਗ਼ਦਰ ਲਹਿਰ, ਆਦਿ ਧਰਮ ਲਹਿਰ, ਰਾਮਾਸਾਮੀ ਪੇਰੀਆਰ ਅਤੇ ਲੋਕਧਾਰਾ ਵਿਚ ਵੀ ਵੱਡਾ ਕੰਮ ਕੀਤਾ ਹੈ। ਹੁਣ ਤੱਕ ਉਨ੍ਹਾਂ ਨੇ 12 ਕਿਤਾਬਾਂ ਪੰਜਾਬੀ ਮਾਂ ਬੋਲੀ ਦੀ ਝੋਲੀ ਪਾਈਆਂ ਹਨ। ਉਨ੍ਹਾਂ ਦੇ ਯੋਗਦਾਨ ਬਦਲੇ ਸਿੱਖਿਆ ਵਿਭਾਗ ਵੱਲੋਂ ਸਟੇਟ ਅਵਾਰਡ, ਗਵਰਨਰ ਪੰਜਾਬ ਵਲੋਂ ਸੰਵਿਧਾਨ ਅਵਾਰਡ ਤੋਂ ਇਲਾਵਾ ਅਨੇਕਾਂ ਸਮਾਜਿਕ ਅਤੇ ਸਾਹਿਤਕ ਸੰਸਥਾਵਾਂ ਵਲੋਂ ਵੀ ਸਨਮਾਨਿਤ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਭਵਿੱਖ ਵਿਚ ਵੀ ਡਾ. ਜਸਵੰਤ ਰਾਏ ਤੋਂ ਪੰਜਾਬੀ ਮਾਂ ਬੋਲੀ ਦੀ ਸੇਵਾ ਵਿਚ ਹੋਰ ਆਹਲਾ ਲਿਖਤਾਂ ਦੀ ਉਮੀਦ ਹੈ। ਇਸ ਸਮੇਂ ਚੇਅਰਮੈਨ ਨਗਰ ਸੁਧਾਰ ਟਰੱਸਟ ਹਰਮੀਤ ਸਿੰਘ ਔਲਖ ਨੇ ਵੀ ਡਾ. ਜਸਵੰਤ ਰਏ ਨੂੰ ਰਾਗ ਸਾਹਿਤ ਪੁਰਸਕਾਰ ਲਈ ਵਿਸ਼ੇਸ਼ ਵਧਾਈ ਦਿੱਤੀ।

# ਸੇਂਟ ਸੋਲਜਰ ਪੈਰਾਡਾਈਜ਼ ਪਬਲਿਕ ਸਕੂਲ ਦੇ ਵਿਦਿਆਰਥੀ ਨੇ ਕੀਤਾ ਗਰੁੱਪ ਦਾ ਨਾਂਅ ਰੌਸ਼ਨ



ਜਲੰਧਰ (ਇਕਬਾਲ ਸਿੰਘ ਉਭੀ) ਸੇਂਟ ਸੋਲਜਰ ਪੈਰਾਡਾਈਜ਼ ਪਬਲਿਕ ਸਕੂਲ 8ਵੀਂ ਜਮਾਤ ਦੇ ਵਿਦਿਆਰਥੀ ਹਰਪ੍ਰੀਤ ਸਿੰਘ ਨੇ ਮੋਹਾਲੀ ਵਿੱਚ ਆਯੋਜਿਤ ਜੋਨਲ ਲੇਵਲ ਮੁੱਕੇਬਾਜ਼ੀ ਟੂਰਨਾਮੈਂਟ ਵਿੱਚ ਸਵਰਣ ਪਦਕ ਜਿਤਿਆ ਅਤੇ ਜਿਲੇ ਦੀ ਚੋਣ ਲਈ ਰਜਤ ਪਦਕ ਜੀਤਾ। ਜਿਸ ਦਾ ਕ੍ਰੈਡਿਟ ਹਰਪ੍ਰੀਤ ਸਿੰਘ ਨੇ ਆਪਣੇ ਮਾਤਾ ਪਿਤਾ ਸਕੂਲ ਪ੍ਰਿੰਸਿਪਲ ਨੀਲਮ ਭਰ, ਅਤੇ ਸਕੂਲ ਸਟਾਫ ਨੂੰ ਦਿੱਤਾ। ਇਸ ਮੌਕੇ ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਹਰਪ੍ਰਿਤ ਸਿੰਘ ਮਿਹਨਤੀ ਹੈ ਅਤੇ ਵਿਦਿਆਰਥੀ ਵੀ ਚੰਗਾ ਹੈ। ਉਸ ਦੀ ਇਸ ਜਿੱਤਣ ਦੇ ਮੌਕੇ ਤੇ ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਤੇ ਵਾਇਸ ਚੇਅਰਪਰਸਨ ਸੰਗੀਤ ਚੋਪੜਾ ਨੇ ਦੀ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਦ੍ਰਿੜ ਸੰਕਲਪ, ਅਤੇ ਕੜੀ ਮਿਹਨਤ ਅਤੇ ਸਕੂਲ ਦੇ ਸਾਰੇ ਦਿਆਰਥੀਆਂ ਨੂੰ ਹਰਪ੍ਰੀਤ ਤੋਂ ਉਤਸ਼ਾਹ ਲੈਣ ਨੂੰ ਕਿਹਾ।


## TENDER NOTICE

Sealed tenders are invited by 28-02-2024, 11 am for the sale of SCRAP items - Bus Tyre, Bus Spare Parts, Iron Almirah & Scrap, Raddi, Wooden, Aluminium, Plastic Items & other miscellaneous items (AS IS WHERE IS BASIS) in MGN Public School, Adarsh Nagar, Jalandhar (Punjab)

Phone: 0181- 2254463 / 64

PRINCIPAL


## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ (ਸ੍ਰੀ ਮਨਦੀਪ ਸਿੰਘ ਨਾਇਬ ਤਹਿਸੀਲਦਾਰ-ਕਮ-ਸਬ ਰਜਿਸਟਰਾਰ), ਕਪੂਰਥਲਾ

ਵਿਸ਼ਾ : ਅਣ-ਰਜਿਸਟਰਡ ਵਸੀਅਤ ਨੂੰ ਰਜਿਸਟਰਡ ਕਰਨ ਸੰਬੰਧੀ।

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਕ ਗੈਰ-ਮੁਸਤਕਾ ਵਸੀਅਤ ਮਿਤੀ 18.03.2023 ਨੂੰ ਵੱਲੋਂ ਹਰਜਿੰਦਰ ਸਿੰਘ (ਅਧਾਰ ਕਾਰਡ ਨੰ: 963164044304) ਪੁੱਤਰ ਸ. ਹਜ਼ਾਰਾ ਸਿੰਘ ਪੁੱਤਰ ਝੱਗੜ ਸਿੰਘ ਵਾਸੀ ਪਿੰਡ ਜਵਾਲਾਪੁਰ ਕੱਸੋ ਚਾਹਲ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ ਬਾਹੱਕ ਆਪਣੇ ਪੁੱਤਰ ਸ੍ਰੀ ਜਸਕੰਨਵਰ ਸਿੰਘ ਜਿੰਮੀ ਦੇ ਹੱਕ ਵਿਚ ਕੀਤੀ ਹੈ। ਹਰਜਿੰਦਰ ਸਿੰਘ ਦੀ ਮੌਤ ਮਿਤੀ 23.07.2023 ਨੂੰ ਹੋ ਚੁੱਕੀ ਹੈ।

ਇਹ ਵਸੀਅਤ ਭਾਰਤੀ ਰਜਿਸਟਰੇਸ਼ਨ ਐਕਟ 1908 ਦੀ ਧਾਰਾ ਜ਼ੇਰੇ ਦਫਾ 40 ਅਧੀਨ ਰਜਿਸਟਰਡ ਕੀਤੀ ਜਾਣੀ ਹੈ। ਇਹ ਵਸੀਅਤ ਰਜਿਸਟਰਡ ਕਰਨ ਵਿਚ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਅਸਾਲਤਨ/ਵਕਾਲਤਨ ਇਸ ਅਦਾਲਤ ਵਿਚ ਇਸ ਇਸ਼ਤਿਹਾਰ ਦੇ ਜਾਰੀ ਹੋਣ ਤੋਂ 21 ਦਿਨਾਂ ਦੇ ਅੰਦਰ-ਅੰਦਰ ਇਤਰਾਜ਼ ਪੇਸ਼ ਕਰ ਸਕਦ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ ਅਤੇ ਹਸਬ ਜ਼ਾਬਤਾ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਹ ਇਸ਼ਤਿਹਾਰ ਅੱਜ ਮਿਤੀ 26.02.2024 ਨੂੰ ਮੇਰੇ ਦਸਤਖਤਾਂ ਅਤੇ ਅਦਾਲਤੀ ਮੋਹਰ ਨਾਲ ਜਾਰੀ ਕੀਤਾ ਗਿਆ ਹੈ।

ਸਹੀ/-ਸਬ ਰਜਿਸਟਰਾਰ, ਕਪੂਰਥਲਾ।

## COURT NOTICE

(U/o 5 Rule 20 CPC)

In The Court of Parinder Singh Civil Judge (Senior Division), Amritsar

CNR No. P0BAS02-003107-2023

Next Date : 13.03.2024

Rajni Khullar
Vs.
General Public

Notice to : General Public :-
To whom it may concerned

In above titled case, the defendant (s)/respondent (s) could not be served. It is ordered that defendant (s) respondant (s) should appear in person or through counsel on 13.03.2024 at 10:00 A.M.

For details logon to https://highcourtchd.gov.in/?trs=district_notice&district=Amritsar

Civil Judge (Senior Division), Amritsar

Dated this day of 24-02-2024.

## COURT NOTICE

(U/o 5 Rule 20 CPC)
(Succession Case)

In The Court of Parinder Singh Civil Judge (Senior Division), Amritsar

CNR No. PBAS02-004939-2022

Next Date : 14.03.2024

Prabhjot Kaur Sachdeva
Vs.
General Public :

Notice To :General Public :
General Public :

In above titled case, the defendant (s)/respondent (s) could not be served. It is ordered that defendant (s) respondant (s) should appear in person or through counsel on 14.03.2024 at 10:00 A.M.

For details logon to https://highcourtchd.gov.in/?trs=district_notice&district=Amritsar

Civil Judge (Senior Division), Amritsar

Dated this day of 24-02-2024

## ਦਫ਼ਤਰ ਨਗਰ ਪੰਚਾਇਤ ਲੋਹੀਆਂ ਖਾਸ
## ਪਬਲਿਕ ਨੋਟਿਸ

ਬੇਨਤੀ ਹੈ ਕਿ ਬਿਨੈਕਾਰ ਵੱਲੋਂ ਕੀਤੀ ਗਈ ਬੇਨਤੀ ਅਨੁਸਾਰ ਇਹ ਪ੍ਰਾਪਰਟੀ (ਵਪਾਰਕ) ਪ੍ਰਾਪਰਟੀ ਟੈਕਸ ਰਿਕਾਰਡ ਵਿਚ ਸ੍ਰੀ ਵੇਦ ਪਾਲ ਪੁੱਤਰ ਬਾਬੂ ਰਾਮ ਪੁੱਤਰ ਬੂਟਾ ਰਾਮ ਵਾਸੀ ਲੋਹੀਆਂ ਖਾਂਸ, ਤਹਿਸੀਲ ਸ਼ਾਹਕੋਟ ਦਰਜ ਹੈ। ਜਿਸ ਦਾ ਪੀ. ਟੀ ਨੰਬਰ PT-1007-692201 ਹੈ। ਜਿਸ ਦਾ 0 ਕਨਾਲ 1 ਮਰਲੇ 2 ਸਰਸਾਈ (330 ਸੁਕੇਅਰ ਫੁੱਟ) ਰਾਹੀਂ ਦੁਕਾਨ ਮਾਲਕੀ ਅੰਦਰੂਨ ਲਾਲ ਲਕੀਰ ਮੁੱਖ ਬਾਜ਼ਾਰ ਹੈ। ਸ੍ਰੀ ਵੇਦ ਪਾਲ ਪੁੱਤਰ ਬਾਬੂ ਰਾਮ ਪੁੱਤਰ ਬੂਟਾ ਰਾਮ ਵਾਸੀ ਲੋਹੀਆਂ ਖਾਸ ਵੱਲੋਂ ਇਹ ਪ੍ਰਾਪਰਟੀ ਸ੍ਰੀ ਕੁਲਦੀਪ ਕੁਮਾਰ ਪੁੱਤਰ ਜਸਬੀਰ ਸਿੰਘ ਪੁੱਤਰ ਗਿਆਨ ਸਿੰਘ ਲੋਹੀਆਂ ਖਾਸ ਨੂੰ ਮਿਤੀ 15.01.2024 ਰਜਿਸਟਰੀ ਕਰਵਾਈ ਗਈ ਹੈ। ਇਹ ਪ੍ਰਾਪਰਟੀ ਦਾ ਪ੍ਰਾਪਰਟੀ ਟੈਕਸ ਕਲੀਅਰ ਹੈ। ਸ੍ਰੀ ਕੁਲਦੀਪ ਕੁਮਾਰ ਪੁੱਤਰ ਜਸਬੀਰ ਸਿੰਘ ਪੁੱਤਰ ਗਿਆਨ ਸਿੰਘ ਲੋਹੀਆਂ ਖਾਸ ਵੱਲੋਂ ਇਹ ਘੋਸ਼ਣਾ ਪੱਤਰ ਦਿੱਤਾ ਗਿਆ ਹੈ ਕਿ ਇਸ ਪ੍ਰਾਪਰਟੀ ਦਾ ਕੋਈ ਪਰਵਾਰਕ ਝਗੜਾ ਨਹੀਂ ਹੈ ਅਤੇ ਨਾ ਹੀ ਕੋਈ ਅਦਾਲਤੀ ਕੇਸ ਚਲਦਾ ਹੈ। ਇਸ ਲਈ ਇਹ ਪ੍ਰਾਪਰਟੀ (ਵਪਾਰਕ) ਸਿਰਫ ਪ੍ਰਾਪਰਟੀ ਟੈਕਸ ਭਰਨ ਦੇ ਮੰਤਵ ਲਈ ਪ੍ਰਾਪਰਟੀ ਸ੍ਰੀ ਕੁਲਦੀਪ ਕੁਮਾਰ ਪੁੱਤਰ ਜਸਬੀਰ ਸਿੰਘ ਪੁੱਤਰ ਗਿਆਨ ਸਿੰਘ ਲੋਹੀਆਂ ਖਾਸ ਦੇ ਨਾਂਅ ਤਬਦੀਲ ਕਰ ਦਿੱਤੀ ਜਾਵੇ। ਇਸ ਇਸ਼ਤਿਹਾਰ ਦੇ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਦਫ਼ਤਰ ਨਗਰ ਪੰਚਾਇਤ ਲੋਹੀਆਂ ਖਾਸ ਵਿਖੇ ਦਰਜ ਕਰਵਾ ਸਕਦਾ ਹੈ, 30 ਦਿਨਾਂ ਦਾ ਸਮਾਂ ਖਤਮ ਹੋਣ ਤੋਂ ਬਾਅਦ ਇਹ ਪ੍ਰਾਪਰਟੀ ਸ੍ਰੀ ਕੁਲਦੀਪ ਕੁਮਾਰ ਪੁੱਤਰ ਜਸਬੀਰ ਸਿੰਘ ਪੁੱਤਰ ਗਿਆਨ ਸਿੰਘ ਲੋਹੀਆਂ ਖਾਸ ਤਹਿਸੀਲ ਸ਼ਾਹਕੋਟ ਦੇ ਨਾਂਅ ਤਬਦੀਲ ਕਰ ਦਿੱਤੀ ਜਾਵੇਗੀ। ਸਮਾਂ ਖਤਮ ਹੋਣ ਤੋਂ ਬਾਅਦ ਕਿਸੇ ਦਾ ਕੋਈ ਉਜ਼ਰ ਜਾਂ ਸੁਝਾਅ ਨਹੀਂ ਸੁਣਿਆ ਜਾਵੇਗਾ।

ਨੰ: 169, ਮਿਤੀ 26.02.2024 — ਸਹੀ/-ਕਾਰਜ ਸਾਧਕ ਅਫਸਰ, ਨਗਰ ਪੰਚਾਇਤ ਲੋਹੀਆਂ ਖਾਸ।

## Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

### [ਰੂਲ- 8 (1)] ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨ ਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਲਿਮਟਿਡ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37, ਜੀ. ਟੀ. ਰੋਡ ਜਲੰਧਰ ਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਅਧੀਨ "ਅਧਿਕਾਰਤ ਅਫਸਰ" ਵਜੋਂ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ (1) ਸ੍ਰੀ ਦੀਪਕ ਮਹਿਰਾ ਪੁੱਤਰ ਭੁਪਿੰਦਰ ਸਿੰਘ ਵਾਸੀ ਮਕਾਨ ਨੰ: 114, ਗਲੀ ਨੰ: 2, ਨਿਊ ਜਨਤਾ ਕਾਲੋਨੀ, ਗਿੱਲ, ਲੁਧਿਆਣਾ 141116, 2. ਸ੍ਰੀਮਤੀ ਰਜਨੀ ਮਹਿਰਾ ਪਤਨੀ ਦੀਪਕ ਮਹਿਰਾ, ਮਕਾਨ ਨੰ: 114, ਗਲੀ ਨੰ: 2, ਨਿਊ ਜਨਤਾ ਕਾਲੋਨੀ, ਗਿੱਲ, ਲੁਧਿਆਣਾ 141116, 3. ਸ੍ਰੀ ਭੁਪਿੰਦਰ ਸਿੰਘ ਪੁੱਤਰ ਤਰਲੋਕ ਸਿੰਘ, ਵਾਸੀ # 191, ਨਿਊ ਜਨਤਾ ਕਾਲੋਨੀ, ਪਿੰਡ ਗਿੱਲ, ਭਾਰਤ ਨਗਰ ਚੌਂਕ, ਲੁਧਿਆਣਾ-141001 (ਇਸ ਤੋਂ ਬਾਅਦ "ਕਰਜ਼ਦਾਰ" ਵਜੋਂ ਹਵਾਲਾ) ਅਤੇ ਗਰੰਟਰ, 4. ਸ੍ਰੀ ਸਤੀਸ਼ ਕੁਮਾਰ ਪੁੱਤਰ ਇੰਦਰਜੀਤ ਸਿੰਘ, ਵਾਸੀ ਧਾਂਦਰਾ ਲੁਧਿਆਣਾ -141116 (ਇਸ ਤੋਂ ਬਾਅਦ "ਗਰੰਟਰ" ਵਜੋਂ ਹਵਾਲਾ) ਨੂੰ ਨੋਟਿਸ 'ਚ ਦਰਸਾਈ ਜਾਇਦਾਦ ਵਿਰੁੱਧ ਕਰਜ਼ਾ ਰਕਮ ਰੁ: 4,84,542.17 ਸਮੇਤ ਭਵਿੱਖੀ ਵਿਆਜ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੰਦਾ ਡਿਮਾਂਡ ਨੋਟਿਸ 08.08.2022 ਨੂੰ ਜਾਰੀ ਕੀਤਾ ਸੀ।

ਕਰਜ਼ਦਾਰ/ਗਰੰਟਰ ਰਕਮ ਵਾਪਸ ਮੋੜਨ 'ਚ ਨਾਕਾਮ ਰਹੇ ਹਨ, ਇਸ ਲਈ ਨਿਮਨਹਸਤਾਖਰੀ ਨੇ ਸਕਿਉਰਿਟੀ ਇੰਟਰੈਸਟ ਇਨਫੋਰਸਮੈਂਟ ਰੂਲਜ਼, 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਰਹਿਣ ਕੀਤੀ ਜਾਇਦਾਦ ਦਾ 20.02.2024 ਨੂੰ ਭੌਤਿਕ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦ ਸੰਬੰਧੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ 'ਤੇ ਬੈਂਕ ਵੱਲੋਂ ਜਾਇਦਾਦ ਵਿਰੁੱਧ 01.08.2022 ਨੂੰ ਕਰਜ਼ਾ ਰਕਮ ਰੁ: 4,84,542.17 ਸਮੇਤ ਇਸ ਉਪਰ ਭਵਿੱਖੀ ਵਿਆਜ ਅਤੇ ਖਰਚਿਆਂ ਦੇ ਮੁਕੰਮਲ ਅਦਾਇਗੀ ਤੱਕ ਵਸੂਲ ਕੀਤੀ ਜਾਵੇਗੀ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰ ਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

### ਅਚੱਲ ਜਾਇਦਾਦ ਦਾ ਵੇਰਵਾ

ਬੈਨਾਮਾ ਦਸਤਾਵੇਜ਼ ਨੰ: 2020-21/101/1/754 ਮਿਤੀ 11.06.2020 ਅਨੁਸਾਰ ਦੀਪਕ ਮਹਿਰਾ ਪੁੱਤਰ ਭੁਪਿੰਦਰ ਸਿੰਘ ਦੇ ਨਾਂਅ 'ਤੇ ਰਹਿਣ ਕੀਤੀ ਜਾਇਦਾਦ 'ਚੋਂ ਪਹਿਲੀ ਮੰਜ਼ਲ ਅਤੇ ਟੈਰਿਸ ਜੋ ਕਿ ਰਕਬਾ 50 ਵਰਗ ਗਜ਼ ਹੈ। ਪਿੰਡ ਧਾਂਦਰਾ-1, ਹੱਦਬਸਤ ਨੰ: 274, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ।

ਮਿਤੀ 20.02.2024, ਸਥਾਨ : ਜਲੰਧਰ — ਅਧਿਕਾਰਤ ਅਫਸਰ

# ਕਲਾਸੀਫਾਈਡ ਇਸ਼ਤਿਹਾਰ

## Change of Name

I, Kusum W/o Surinder Gupta R/O Muhalla Pandhian VPO. Alawalpur, Tehsil And Distt. Jalandhar,Punjab (India) Have Changed My Name From Kusum to Kusum Gupta . (B)

I, Depinder Bharti S/o Devinder Pal Gupta R/O # 642, Amravati Enclave, near Chandi Mandir, Panchkula, Haryana, Pincode 134107, have changed my name from Depinder Bharti to Depinder Sharma, with Depinder as my given name and Sharma as my surname. Please note this change for all future references. (B)

I, hitherto known as Balvir Kaur W/o Sarbjit Singh R/o VPO. Bhatnura Lubana Distt. Jalandhar (Pb.)-144201 have Changed my name and shall hereafter be known as Kaur Balvir. All Concerned please note.

I, Saniya Madaan D/o Vijay Kumar W/o Anil Malhotra R/o H.No. 207, New Gokul Ka Bagh, Azad Nagar, 100 Feet Road, Amritsar, Punjab have changed my name after marriage from Saniya Madaan to Saniya.

I, Sapna D/o Om Parkash W/o Gaurav Chopra R/o H.No.12, Gali No. 7, Fateh Singh Colony, Amritsar, Punjab have changed my name after marriage from Sapna to Sapna Chopra.

I, Gourav Jassaiwal S/o Kailash Chand R/o H.no 8, Gali no 6, Near Kali Mata Mandir Jalandhar Cantt Punjab 144005 have changed my name from Gourav Jassaiwal to Gourav Kant.

I, Kuldip Singh S/O Joginder Singh R/O Wanjhawala Tehsil Ajnala District Amritsar Have Changed My Name From Kuldip Singh To Kuldeep Singh

I Tarsem Lal And Tarsem Kumar S/O Hans Raj R/O H No. D9/20, Mohini Park, Opp. Khalsa College, Amritsar Have Certified That Above Both Name's Are Mine One And Same Person.

I, Daljit Kaur W/O Manoj Kumar R/O H.no.f-20/461, Nehru Colony Near Baba Mir Shah, Majitha Road, Amritsar Have Changed My Name From Daljit Kaur To Daljit

I, Manoj S/O Kharaiti Lal R/O H.no.f-20/461, Nehru Colony Near Baba Mir Shah, Majitha Road, Amritsar Have Changed My Name From Manoj To Manoj Kumar

I, Salwinder Singh S/O Piple Singh R/O Vpo Talwandi Mange Khan,Teh Zira, Firozepur. Have Changed My Name From Salvinder Singh To Salwinder Singh

I, Amarjit Singh Son Of Davinder Singh R/O Vill. Rahimabad P.o. Kalanaur Teh. Dera Baba Nanak Distt. Gurdaspur Punjab. Have Declare That Singh Is My Surname And Amarjit Is My Givenname.

I, Sandeepa Sadana W/O Ashwani Sadana R/O 4618, Hospital Road, New Abadi, Jandiala Guru Distt Amritsar Have Changed My Name Form Sandeepa To Sandeepa Sadana

I, Rakesh Kumar Saini Alias Rakesh Kumar S/O Bhana Ram R/O H.no.1693/11, Bagh Chaudhary, Katra Khazana, Amritsar Have Changed My Name From Rakesh Kumar Saini Alias Rakesh Kumar To Rakesh Saini.

I, Lakhvinder Slo Sh. Jit Ram RIO Village Ladhran, Jalandhar (Punjab), India Aadhar No. is 6877 2622 4318 have changed my name from Lakhwinder to Lakhvinder Jakhu. Please note .

I, hitherto known as Shivam S/o Raj Kumar R/o H.No: 94-A, New Gandhi Nagar, Jalandhar - 144001 (Punjab), have changed my name and shall hereafter be known as Shivam Sharma.

I, hitherto known as Saroj Bala D/o Sadiq Masih & W/o Robin Masih R/o Village Nandanpur, Jalandhar-144013, Punjab, India have changed my name and shall hereafter be known as Saroj.

I Soni W/o Nawab Din R/o VPO Mudowal Kapurthala have changed my name from Soni to Soni Malik. (Rajindra)

## Change of Name

I, Parmjeet Kaur W/o Kuldip Singh R/o Vill. Paddi Khalsa PO virk, Teh. phillaur, Jalandhar have changed my name/spelling from Parmjeet Kaur to Paramjit Kaur . (same person).

I, Geetanjali Gupta D/o Late Sh. Tilak Raj Sachdeva W/o Munish Gupta R/o House No. 226, Ashok Nagar Jalandhar have changed my name from Geetanjali Sachdeva to Geetanjali Gupta after marriage. All concerned please note.

I, Sarabjit Kaur W/o Jaspinder Singh R/o. Vill Cheema Khuddi, Srihargobindpur, Tehsil Batala, Distt Gurdaspur. Have Changed my name from Sarbjit Kaur to Sarabjit Kaur.Please Concerned Note.

I, Gurkirat Singh S/o Bachitar Singh resident of VPO Rupowal, Tehsil Dasuya, Distt. Hoshiarpur, Punjab declare that I have changed myself Singh as surname and Gurkirat as name to be treated in all documents. That all please concerned note.

I,Shiv Kumar S/O Sham Dass Seth R/O 656-B, Basant Avenue, Amritsar, Punjab have changed my name from Shiv Kumar to Shiv Kumar Seth. Concerned note.

I, Anil Kumar S/O Harbans Lal R/O 518, Lane No.1, Green Field,Majitha Road, Amritsar, Punjab have changed my name from Anil Kumar to Anil Arora. Concerned note.

I, Mandeep Kaur W/O Kuljinder Singh R/O House no 11 A , Model House , Jalandhar, India change the name of my minor son name from gursehaj singh to gursehaj singh (singh as a surname ). All note .

I, Lakhvinder Slo Sh. Jit Ram RIO Village Ladhran, Jalandhar (Punjab), India have changed my name from Lakhwinder to Lakhvinder Jakhu. Please note.

I, Ritin W/o Manish Gupta R/o H.No.23 Guru Arjun Nagar, Kapurthala Road, Jalandhar-144002, Punjab ,have changed my name from Ritin to Ritin Gupta, after marriage. (Surname as Gupta).

I, Rasal Singh s/o Vakil Singh R/o Street no. 5 Near Nagra, Shiv Nagar, Jalandhar - 144021, Punjab have changed my name from Rasal Singh to Rasol Singh (same person).

I, Surinder Singh S/o Rasol Singh R/o Street no. 5 Near Nagra, Shiv Nagar, Jalandhar - 144021, Punjab certified that both names Rasol Singh as well as Rasal Singh belongs to my father ( same person).

I, Harvinder Kaur Bhamra W/o Bachittar Singh R/O VPO Ahmedpur, Kapurthala-144601, Punjab ,have changed my name from Harvider Kaur Bhamra to Harvinder Kaur. (Same person).

I, Bachitar Singh S/o Nirmal Singh R/o VPO Ahmedpur, Kapurthala-144601, Punjab ,have changed my name/spelling from from Bachitar Singh to Bachittar Singh (Same person).

I, Neetu W/o Pardeep Shoor R/o H.No. 25 New Deol Nagar, Jalandhar-144003, Punjab, have changed my name from Neetu to Neetu Shoor, after marriage. (Surname as Shoor).

I Ritesh s/o Kishan Kumar R/o H. No. 36 New Vinay Nagar, Ward No. 7 PO Chugitti , Jalandhar, Punjab, have changed my name from Ritesh to Ritesh Kumar (Same person).

I, Jit Ram s/o Charan Dass vill kalewal Bhagtan Tehsil Garhshankar distt Hoshiarpur have changed my name to Jit Ram Banga.

I, Neeraj S/o Jasvir Lal Sehgal Vill Nauneetpur P.o Barian Kalan Tehsil Garhshankar Distt Hoshiarpur have changed my name to Neeraj Sehgal.

## Change of Name

I, Kamaljit Kaur w/o Amarpreet Singh r/o H.No. 19/3 A, Shaheed Baba Deep Singh Nagar, Jalandhar, Punjab-144012 have changed my name as Kaur Kamaljit. All Please Note.

I, hitherto known as Neeraj s/o Chaman Lal r/o House Number 12, Near Sofi Pind, Ghumar Mandi, Jalandhar, Punjab 144005 have changed my name and shall hereafter be known as Neeraj Kumar.

I, Vandana w/o Dinker Chopra r/o H.No.17, Dilbagh Nagar Extension, Grover Colony, Jalandhar-144002, Punjab have changed my name to Vandana Chopra. All Please Note. All Please Note.

I, Gurbinder Singh Kanthola s/o Tarsem Singh r/o 13, Village Jamitgarh, Po. Majra Jattan, SBS Nagar, Punjab- 144522, have changed my name to Gurbinder Singh. All Please Note.

I, Sangita w/o Dinesh Kumar Chadha r/o 828, Urban Estate Phase-1, Jalandhar, Punjab-144022, have changed my name to Sangeeta Chadha. All Please Note.

I, Gautam Gobind Vaish s/o Late. Ramesh Kumar r/o 51, New Defence Colony, Phase-I, Pragpur, Jalandhar-144005, Punjab have changed my said minor daughter's name from Hazel to Hazel Vaish. All Please Note.

I, Ramandeep s/o Dalvir Singh r/o Vill. Hardo Pharala, Po. Raipur, Distt. Jalandhar, Punjab have changed my name to Ramandeep Singh. All Please Note.

I, Harmandeep s/o Dalvir Singh r/o Vill. Hardo Pharala, Po. Raipur, Distt. Jalandhar, Punjab have changed my name to Harmandeep Singh. All Please Note.

I, Sunita Rani w/o Gurcharan Singh r/o Vill. Chohak Kalan, Po. Ladhewali, Distt. Jalandhar, Punjab have changed my name to Sunita. All Please Note.

I, Pawan Deep Singh s/o Mukhtar Singh r/o H.No. 14452/835, Daulo Nangal, Amritsar have correct my name to Pawandeep Singh. All Please Note.

I, Amarjit w/o Sukhdev Singh r/o Po. Mothanwala, Kamalpur, Distt.Kapurthala-144620, Punjab have changed my name from Amarjit to Amarjit Kaur, after marriage. All Please Note.

I, Sarbjit Kaur W/o Surinder Pal R/o Vill. Pandori Musharkati, Po. Bundala, Teh .Phillaur, Distt. Jalandhar, Punjab have changed my name from Sarbjit Kaur to Sarbjit Kaur Gill. All Please Note.

I, Shifali W/o Vikas Arora R/o H.No. 501-L, Model Town, Jalandhar have changed my name from Shifali to Shifali Arora, After Marriage. All Please Note.

I, Rishav S/o Harvinder Pal, R/o H.No.B-4/107, Jai Hind Colony, Goraya, Jalandhar, Punjab- 144409, have changed my name and shall hereafter be Known as Rishav Girdher. All Please Note.

I, Arjun S/o Sunil Kumar R/o VPO. Jamsher Khas, Near Pani Di Tanki, Mohalla Bagichi, Jalandhar-144020, Punjab have changed my name from Arun to Arun Sahota. All Please Note.

I, Shilpa Rani W/o Jaswinder Pal R/o 344, Patti Karala Di, VPO. Jamsher Khas, Jalandhar-144020, Punjab have changed my minor daughter name from Tania to Tania Daroch. All Please Note.

I, Shilpa Rani W/o Jaswinder Pal R/o 344, Patti Karala Di, VPO. Jamsher Khas, Jalandhar-144020, Punjab have changed my minor son name from Manjot to Manjot Daroch. All Please Note.

I, Shakuntla Devi W/o Parkash Ram R/o Kala Sanghia Road, Near Jyoti Sweet Shop, Pind Kot Sadik, Jalandhar-144002, Punjab have changed my name spelling from Shakuntla Devi to Sakuntala Devi. All Please Note.

## ਨਾਂਅ ਦੀ ਬਦਲੀ

ਮੈਂ, ਅਮਨਜੀਤ ਪੁੱਤਰ ਬਲਵਿੰਦਰ ਸਿੰਘ, ਵਾਸੀ 30 ਵਸੰਤ ਵਿਹਾਰ ਕਪੂਰਥਲਾ, ਹਾਲ ਵਾਸੀ ਮਨਸੂਰਵਾਲ ਦੋਨਾ, ਤਹਿ: ਵਾ ਜ਼ਿਲ੍ਹਾ ਕਪੂਰਥਲਾ ਨੇ ਆਪਣਾ ਨਾਂਅ ਅਮਨਜੀਤ ਤੋਂ ਬਦਲ ਕੇ ਅਮਨਦੀਪ ਸਿੰਘ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ ਵਰਿੰਦਰ ਸਿੰਘ ਪੁੱਤਰ ਬਲਜੀਤ ਸਿੰਘ ਵਾਸੀ ਪਿੰਡ ਰਾਮਪੁਰ ਤਹਿ ਪਾਇਲ ਜਿਲਾ ਲੁਧਿਆਣਾ ਦਾ ਹਾਂ ਕਿ ਮੈਂ ਆਪਣਾ ਨਾਮ ਵਰਿੰਦਰ ਸਿੰਘ ਮਾਂਗਟ ਤੋਂ ਬਦਲ ਕੇ ਵਰਿੰਦਰ ਸਿੰਘ ਰੱਖ ਲਿਆ ਹੈ ਸਬੰਧਤ ਨੋਟ ਕਰ।

ਮੈਂ, ਅਕਾਸ਼ਦੀਪ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਪਿੰਡ ਧੰਦਲ, ਡਾਕ: ਨੱਥੂ ਚਾਹਲ, ਤਹਿ: ਵਾ ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਂਅ ਅਕਾਸ਼ਦੀਪ ਤੋਂ ਬਦਲ ਕੇ ਅਕਾਸ਼ਦੀਪ ਸਿੰਘ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਕਿਰਨਦੀਪ ਪੁੱਤਰੀ ਕੁਲਦੀਪ ਲਾਲ ਵਾਸੀ ਬਸੀ ਕਲਾਂ ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਨੇ ਆਪਣਾ ਨਾਮ ਬਦਲ ਕੇ ਕਿਰਨਦੀਪ ਭਰਮੋਤਾ ਰੱਖ ਲਿਆ ਹੈ।

ਮੈਂ, ਕੁਲਦੀਪ ਲਾਲ ਪੁੱਤਰ ਪਿਆਰਾ ਲਾਲ ਵਾਸੀ ਬਸੀ ਕਲਾਂ ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਨੇ ਆਪਣੇ ਨਾਬਾਲਿਗ ਪੁੱਤਰ ਖੁਸ਼ਦੀਪ ਦਾ ਨਾਮ ਬਦਲ ਕੇ ਖੁਸ਼ਦੀਪ ਭਰਮੋਤਾ ਰੱਖ ਲਿਆ ਹੈ।

ਮੈਂ, ਅਸ਼ਮਿਤਾ ਪੁੱਤਰੀ ਵਿਪਨ ਕੁਮਾਰ ਵਾਸੀ ਬਸੀ ਕਲਾਂ ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਨੇ ਆਪਣਾ ਨਾਮ ਬਦਲ ਕੇ ਅਸ਼ਮਿਤਾ ਟੂਰਾ ਰੱਖ ਲਿਆ ਹੈ।

ਮੈਂ, ਦਲਵੀਰ ਸਿੰਘ ਪੁੱਤਰ ਜੋਗਿੰਦਰ ਸਿੰਘ ਪੁੱਤਰ ਊਧਮ ਸਿੰਘ, ਵਾਸੀ ਪਿੰਡ ਰਾਏਪੁਰ, ਤਹਿ. ਟਾਂਡਾ (ਹੁਸ਼ਿਆਰਪੁਰ) ਹਾਲ ਵਾਸੀ ਬਸਤੀ ਗੁਜਾਂ, ਵਾਰਡ ਨੰ: 13 ਜਲੰਧਰ, ਘੋਸ਼ਣਾ ਕਰਦਾ ਹਾਂ ਕਿ ਮੇਰਾ ਨਾਂਅ ਜਮ੍ਹਾਂਬੰਦੀ ਵਿਚ ਬਲਵੀਰ ਸਿੰਘ ਚੱਲ ਰਿਹਾ ਹੈ। ਮੇਰਾ ਸਹੀ ਨਾਂਅ ਦਲਵੀਰ ਸਿੰਘ ਹੈ, ਸਹੀ ਕੀਤਾ ਜਾਵੇ।

ਮੈਂ, ਕਾਜਲ ਪੁੱਤਰੀ ਸਰਵਨ ਕੁਮਾਰ ਵਾਸੀ 16/2468, ਅਜੀਤ ਨਗਰ ਵੇਰਕਾ, ਅੰਮ੍ਰਿਤਸਰ (ਪੰਜਾਬ) ਨੇ ਆਪਣਾ ਨਾਂਅ ਕਾਜਲ ਤੋਂ ਬਦਲ ਕੇ ਕਾਜਲ ਕੁਮਾਰੀ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

## ਬੇਦਖਲੀ ਨੋਟਿਸ

ਮੈ ਜਰਨੈਲ ਸਿੰਘ ਪੁੱਤਰ ਰੱਬੀ ਸਿੰਘ ਵਾਸੀ ਛਾਜਲੀ ਤਹਿ: ਸੁਨਾਮ ਉੱਧਮ ਸਿੰਘ ਵਾਲਾ ਜ਼ਿਲ੍ਹਾ ਸੰਗਰੂਰ ਬਿਆਨ ਕਰਦਾ ਹਾਂ ਕਿ ਮੇਰੇ ਲੜਕੇ ਮੱਖਣ ਸਿੰਘ ਅਤੇ ਸਰਬਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ, ਬੁਰੀਆਂ ਆਦਤਾਂ ਦੇ ਸ਼ਿਕਾਰ ਹੋ ਚੁੱਕੇ ਹਨ ਅਤੇ ਮੇਰੇ ਨਾਲ ਲੜਾਈ ਝਗੜਾ ਕਰਦੇ ਹਨ।ਇਸ ਲਈ ਮੈਂ ਉਹਨਾਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ । ਅੱਜ ਤੋਂ ਬਾਅਦ ਮੇਰੇ ਉਕਤ ਲੜਕਿਆਂ ਨਾਲ ਲੈਣ ਦੇਣ ਕਰੇਗਾ ਉਸ ਦਾ ਉਹ ਖੁਦ ਜੁੰਮੇਵਾਰ ਹੋਵੇਗਾ ।ਅੱਜ ਤੋਂ ਬਾਅਦ ਉਹਨਾਂ ਨਾਲ ਮੇਰਾ ਅਤੇ ਮੇਰੇ ਪਰਿਵਾਰ ਦਾ ਕੋਈ ਤਾਲੁਕ ਵਾਸਤਾ ਨਹੀਂ ਹੈ ।

ਮੈ ਰਛਪਾਲ ਸਿੰਘ ਪੁੱਤਰ ਪਿੱਪਲ ਸਿੰਘ ਵਾਸੀ ਮੱਲਾ ਰਹੀਮੇ ਕੇ ਉਤਾੜ ਤਹਿਸੀਲ ਵਾ ਜ਼ਿਲ੍ਹਾ ਫਿਰੋਜ਼ਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕੰਵਲਜੀਤ ਸਿੰਘ ਜੋ ਕਿ ਬੁਰੀ ਸੰਗਤ ਦਾ ਸ਼ਿਕਾਰ ਹੈ ਤੇ ਸਾਡੇ ਕਹਿਣੇ ਤੋਂ ਬਾਹਰ ਹੈ। ਮੈ ਉਸਨੂੰ ਆਪਣੀ ਤਮਾਮ ਚੱਲ ਤੇ ਅਚਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਉਸ ਨਾਲ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਦੇ ਜਾਂ ਉਸ ਦੇ ਕਿਸੇ ਵੀ ਚੰਗੇ ਮਾੜੇ ਕੰਮ ਦੇ ਮੈਂ ਤੇ ਮੇਰਾ ਪਰਿਵਾਰ ਜੁੰਮੇਵਾਰ ਨਹੀਂ ਹੋਵਾਂਗੇ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜੁੰਮੇਵਾਰ ਹੋਵੇਗਾ।

ਮੈਂ, ਮੁਖਤਿਆਰ ਸਿੰਘ ਧਾਲੀਵਾਲ ਪੁੱਤਰ ਪ੍ਰੀਤਮ ਸਿੰਘ ਵਾਸੀ ਸੈਦੋਕੇ, ਤਹਿ: ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਬੇਅੰਤ ਕੌਰ (ਸਾਦੀਸ਼ੁਦਾ) ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਰੂਪ ਸਿੰਘ ਪੁੱਤਰ ਤਾਰਾ ਸਿੰਘ ਵਾਸੀ ਵਾਰਡ ਨੰਬਰ 44, ਕਾਮਰੇਡ ਬਸਤੀ ਦੁਨੇਕੇ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰੀ ਨੂੰਹ ਸੁਖਵਿੰਦਰ ਕੌਰ ਵਿਧਵਾ ਰੇਸ਼ਮ ਸਿੰਘ, ਮੇਰੇ ਪੋਤਰੇ ਅਤੇ ਪੋਤਰੀਆਂ ਅਰਜੁਨ ਸਿੰਘ, ਜੱਸੂ ਸਿੰਘ ਵਾਸੀਆਨ ਜ਼ਿਲ੍ਹਾ ਮੋਗਾ ਅਤੇ ਰੀਨਾ ਵਾਸੀ ਸਲੀਣਾ, ਨੈਨਾ ਕੌਰ ਵਾਸੀ ਪਿੰਡ ਰਾਮੂਵਾਲਾ ਅਤੇ ਭੋਲੀ ਕੌਰ ਵਾਸੀ ਬਾਘਾ ਪੁਰਾਣਾ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਮੁਕੇਸ਼ ਕੁਮਾਰ ਪੁੱਤਰ ਸ੍ਰੀ ਸਤਪਾਲ ਅਤੇ ਸੋਨੀਆ ਗਾਂਧੀ ਪਤਨੀ ਮੁਕੇਸ਼ ਕੁਮਾਰ ਵਾਸੀਆਨ ਮਕਾਨ ਨੰ: ਡਬਲਿਊ ਟੀ-56, ਕੋਟ ਮੁਹੱਲਾ, ਬਸਤੀ ਸ਼ੇਖ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਭਿਤ ਗਾਂਧੀ ਅਤੇ ਉਸ ਦੀ ਪਤਨੀ ਨਤਾਹਾ ਸ਼ਰਮਾ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਸੋਹਨ ਲਾਲ ਪੁੱਤਰ ਸੋਢੀ ਰਾਮ ਵਾ ਪ੍ਰਵੀਨ ਦੇਵੀ ਪਤਨੀ ਸੋਹਨ ਲਾਲ, ਵਾਸੀਆਨ ਮਕਾਨ ਨੰਬਰ 12 ਵਾਰਡ ਨੰਬਰ 02, ਘੁਮਿਆਰਾ ਮੁਹੱਲਾ ਭੋਗਪੁਰ, ਜ਼ਿਲ੍ਹਾ ਜਲੰਧਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਰਮਨਦੀਪ ਕੁਮਾਰ ਸ਼ਾਦੀ-ਸ਼ੁਦਾ ਵਾ ਉਸ ਦੀ ਪਤਨੀ ਨਵਜੋਤ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਕਿਉਂਕਿ ਸਾਡਾ ਇਨ੍ਹਾਂ ਨਾਲ ਕੋਈ ਸੰਬੰਧ ਵਾਸਤਾ ਨਹੀਂ ਰਿਹਾ ਹੈ। ਸੰਬੰਧਤ ਨੋਟ ਕਰਨ।

ਅਸੀਂ ਬੂਆ ਦਾਸ ਪੁੱਤਰ ਸ੍ਰੀ ਦੁਰਗਾ ਦਾਸ ਅਤੇ ਜੋਤੀ ਪਤਨੀ ਬੂਆ ਦਾਸ ਵਾਸੀ ਮਕਾਨ ਨੰ. 1119, ਜਪਾਨੀ ਐਵੀਨਿਊ ਬੈਕ ਸਾਈਡ ਪੁਲਿਸ ਸਟੇਸ਼ਨ ਛੇਹਰਟਾ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਕੁਆਰਾ ਲੜਕਾ ਅਰੁਨ (26 ਸਾਲ) ਜੋ ਕਿ ਸਾਡੇ ਅਤੇ ਸਾਡੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੈ, ਮਾੜੀ ਸੰਗਤ ਵਿਚ ਪੈ ਗਿਆ ਹੈ ਅਤੇ ਬਹੁਤ ਤੰਗ ਪਰੇਸ਼ਾਨ ਕਰਦਾ ਹੈ। ਅਸੀ ਉਸਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਅਸੀਂ ਤੇ ਸਾਡਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਵੇਗਾ ਸਾਡਾ ਅਤੇ ਸਾਡੇ ਪਰਿਵਾਰ ਦਾ ਉਸ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਹਰਪ੍ਰੀਤ ਕੌਰ ਵਿਧਵਾ ਸ. ਕੁਲਦੀਪ ਸਿੰਘ ਵਾਸੀ 35-1, ਨਿਊ ਗੋਲਡਨ ਐਵੀਨਿਊ, ਬੈਕ ਸਾਈਡ ਪੰਜ ਪੀਰ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਸਤਿੰਦਰਪਾਲ ਸਿੰਘ ਮੇਰੇ ਕੰਟਰੋਲ ਤੋਂ ਬਾਹਰ ਹੈ । ਮੈਂ ਉਸ ਨੂੰ ਆਪਣੀ ਸਾਰੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖ਼ਲ ਕਰ ਦਿੱਤਾ ਹੈ । ਉਸ ਦੇ ਕਿਸੇ ਵੀ ਲੈਣ ਦੇਣ ਜਾ ਕਾਰ ਵਿਹਾਰ ਦੀ ਮੈਂ ਜਾਂ ਮੇਰਾ ਬਾਕੀ ਪਰਿਵਾਰ ਕਤਈ ਜ਼ਿੰਮੇਵਾਰ ਨਹੀਂ ਹੋਵਾਂਗੇ ।

ਅਸੀਂ, ਮੇਜਰ ਸਿੰਘ ਪੁੱਤਰ ਸ੍ਰੀ ਮੋਹਿੰਦਰ ਸਿੰਘ ਅਤੇ ਸੁਖਵਿੰਦਰ ਕੌਰ ਪਤਨੀ ਮੇਜਰ ਸਿੰਘ ਵਾਸੀਆਨ ਪਿੰਡ ਕੋਟਲਾ ਸੈਦਾਂ, ਕੱਥੂ ਨੰਗਲ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਕਰਨਦੀਪ ਸਿੰਘ ਸ਼ਾਦੀ-ਸ਼ੁਦਾ ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਗੁਰਬਖਸ਼ ਕੌਰ ਵਿਧਵਾ ਸ੍ਰੀ ਪ੍ਰੀਤਮ ਸਿੰਘ, ਵਾਸੀ ਪਿੰਡ ਨੈਣੋਵਾਲ ਵੈਦ, ਤਹਿ. ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਜਸਕਰਨ ਸਿੰਘ ਅਤੇ ਉਸ ਦੀ ਪਤਨੀ ਪਰਿੰਦਰ ਕੌਰ ਇਹ ਮੇਰੇ ਕਹਿਣੇਕਾਰ ਨਹੀਂ ਹਨ, ਜਿਸ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਸਾਰੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ ਮਨਜੀਤ ਸਿੰਘ ਪੁੱਤਰ ਲੇਟ ਸ੍ਰੀ ਗੁਰਬਚਨ ਸਿੰਘ ਅਤੇ ਜੋਗਿੰਦਰ ਕੌਰ ਪਤਨੀ ਮਨਜੀਤ ਸਿੰਘ ਵਾਸੀਆਨ ਪਿੰਡ ਤੇ ਡਾਕਖਾਨਾ ਅਲਾਵਲਪੁਰ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਹਰਦੀਪ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਮੱਖਣ ਸ਼ਾਹ ਪੁੱਤਰ ਵੀਰਬਲ ਸ਼ਾਹ ਵਾਰਡ ਨੰਬਰ 11 ਲਹਿਰਾਗਾਗਾ ਤਹਿਸੀਲ ਲਹਿਰਾ (ਸੰਗਰੂਰ) ਹਲਫ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਫਤਾਬ ਸ਼ਾਹ ਤੇ ਨੂੰਹ ਹਰਮਨਦੀਪ ਕੌਰ ਮੇਰੇ ਕਹਿਣ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਅੱਜ ਤੋਂ ਬਾਅਦ ਮੇਰਾ ਅਤੇ ਮੇਰੇ ਪਰਿਵਾਰ ਦਾ ਇਨ੍ਹਾਂ ਦੋਵਾਂ ਨਾਲ ਕੋਈ ਤਾਲੁਕ ਵਾਸਤਾ ਨਹੀਂ ਹੈ। ਸੰਬੰਧਤ ਨੋਟ ਕਰਨ।

ਮੈਂ, ਸਰਦੂਲ ਸਿੰਘ ਪੁੱਤਰ ਹਰਦੇਵ ਸਿੰਘ ਵਾਸੀ ਪਿੰਡ ਖਾਂਬਰਾ, ਤਹਿ. ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਿਸ਼ਾਲਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

## ਬੇਦਖਲੀ ਨੋਟਿਸ

ਮੈਂ, ਰਾਮ ਬਰਨ ਯਾਦਵ ਪੁੱਤਰ ਭਗੋਤੀ ਪ੍ਰਸਾਦ ਯਾਦਵ ਵਾਸੀ ਮਕਾਨ ਨੰ: 109/5, ਨਿਊ ਗੁਰੂ ਨਾਨਕ ਨਗਰ, ਨਾਗਰਾ, ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਰਣਜੀਤ ਕੁਮਾਰ ਅਤੇ ਨੂੰਹ ਸਿਮਰਜਨਜੀਤ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ ਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ ਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਨਰਿੰਦਰ ਕੁਮਾਰ ਪੁੱਤਰ ਕਿਸ਼ਨ ਚੰਦ ਵਾਸੀ ਪਿੰਡ ਤੇ ਡਾਕਖਾਨਾ ਪਦਰਾਣਾ, ਤਹਿਸੀਲ ਗੜ ਸ਼ੰਕਰ, ਜ਼ਿਲ ਾ ਹੁਸ਼ਿਆਰਪੁਰ ਸੂਚਿਤ ਕਰਦਾ ਹਾਂ ਕਿ ਮੇਰੀ ਲੜਕੀ ਸੰਜਨਾ ਸੁਮਨ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਅਮਰ ਚੰਦ ਪੁੱਤਰ ਸ੍ਰੀ ਸਾਂਈ ਦਾਸ ਵਾਸੀ ਪਿੰਡ ਬੂਲੇਵਾਲ, ਡਾਕਖਾਨਾ ਨੌਸ਼ਿਹਰਾ ਮੱਝਾ ਸਿੰਘ, ਤਹਿਸੀਲ ਅਤੇ ਜ਼ਿਲ ਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਲਕੀਤ ਸਿੰਘ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਕਿਸੇ ਵੀ ਤਰ ਾਂ ਦਾ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਅੱਜ ਤੋਂ ਬਾਅਦ ਇਸਦਾ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਮੈਂਬਰਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ ਗੁਰਦੀਪ ਸਿੰਘ ਪੁੱਤਰ ਭਾਗ ਸਿੰਘ ਵਾਸੀ ਮਕਾਨ ਨੰਬਰ 3/11 , ਗੁਰੂ ਨਾਨਕ ਨਗਰ ਭੋਗਪੁਰ , ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਬੇਟਾ ਦਵਿੰਦਰ ਸਿੰਘ ਅਤੇ ਇਸ ਦੀ ਪਤਨੀ ਜੋਤੀ ਦੋਵਾਂ ਨੂੰ ਆਪਣੇ ਕਹਿਣੇ ਤੋਂ ਬਾਹਰ ਹੋਣ ਕਰਕੇ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰਿਕ ਮੈਂਬਰਾਂ ਦਾ ਇਸ ਨਾਲ ਕੋਈ ਸੰਬੰਧ ਨਹੀਂ ਹੈ। ਜੋ ਕੋਈ ਵੀ ਇਸ ਦੇ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰਦਾ ਹੈ ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਤ ਨੋਟ ਕਰਨ।

ਮੈਂ, ਮੱਖਣ ਸਿੰਘ ਕੋਹਲੀ ਪੁੱਤਰ ਸਵਰਗੀ ਮਦਨ ਸਿੰਘ, ਵਾਸੀ ਮਕਾਨ ਨੰ: ਐੱਫ 20/62, ਨਹਿਰੂ ਕਾਲੋਨੀ, ਗੋਪਾਲ ਨਗਰ, ਮਜੀਠਾ ਰੋਡ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਸ੍ਰੀਮਤੀ ਸੁਨੀਤਾ, ਮੇਰੀ ਬੇਟੀ ਮਨੀਸ਼ਾ ਕੋਹਲੀ ਅਤੇ ਪੁੱਤਰ ਗੌਰਵ ਕੋਹਲੀ ਸਾਰੇ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਗੁਰਦੀਪ ਕੌਰ ਵਿਧਵਾ ਪ੍ਰੇਮ ਪ੍ਰਕਾਸ਼ ਵਾਸੀ ਵਾਰਡ ਨੰਬਰ 12, ਗਾਂਧੀ ਨਗਰ, ਰਾਜਾਸਾਂਸੀ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਪੋਤੀ ਇਲੇਜ ਬਰਥ ਪੁੱਤਰੀ ਸਵਰਗੀ ਗੁਰਪਾਲ ਸਿੰਘ ਅਤੇ ਰਾਜਵਿੰਦਰ ਕੌਰ ਉਰਫ ਸੰਜਨਾ ਮੇਰੇ ਕਹਿਣੇ ਤੋਂ ਬਾਹਰ ਹੈ, ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਅਮਰਜੀਤ ਸਿੰਘ ਪੁੱਤਰ ਸ. ਬਚਨ ਸਿੰਘ ਪੁੱਤਰ ਲੇਟ ਸ. ਮੋਤਾ ਸਿੰਘ ਵਾਸੀ ਪਿੰਡ ਚੱਕ ਮੁਕੰਦ, ਤਹਿਸੀਲ ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਮੀਤ ਸਿੰਘ ਅਤੇ ਉਸ ਦੀ ਪਤਨੀ ਪਵਨਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸੋਮ ਨਾਥ ਪੁੱਤਰ ਲੇਟ ਸੰਤ ਰਾਮ ਵਾਸੀ ਮਕਾਨ ਨੰ: ਡੀ 2/188, ਗਲੀ ਰਸੀਲਾ ਸਾਧ ਵਾਲੀ, ਨੇੜੇ ਰਸੀਲਾ ਮੰਦਰ, ਛੋਟਾ ਹਰੀਪੁਰਾ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗਗਨਦੀਪ ਅਤੇ ਨੂੰਹ ਕਿਰਨ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਵਿਜੈ ਇੰਦਰ ਸਿੰਘ ਪੁੱਤਰ ਸ. ਸੁਖਦੇਵ ਸਿੰਘ ਵਾਸੀ ਮਕਾਨ ਨੰ: 7, ਪਿੰਡ ਵਿਛੋਆ, ਥਾਣਾ ਝੰਡੇਰ, ਤਹਿ. ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੈਂ ਆਪਣੀ ਤਲਾਕਸ਼ੁਦਾ ਪਤਨੀ ਮਨਪ੍ਰੀਤ ਕੌਰ ਪੁੱਤਰੀ ਹਰਜੀਤ ਸਿੰਘ ਅਤੇ ਰਣਬੀਰ ਸਿੰਘ ਨਾਲ ਕੋਈ ਤਲਕ-ਵਾਸਤਾ ਨਹੀਂ ਰਿਹਾ। ਉਹ ਮੇਰੀ ਚੱਲ-ਅਚੱਲ ਜਾਇਦਾਦ ਦੇ ਹੱਕਦਾਰ ਨਹੀਂ ਹਨ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਰਮਿੰਦਰ ਸਿੰਘ ਭੱਲਾ ਪੁੱਤਰ ਯਸ਼ਪਾਲ ਸਿੰਘ ਭੱਲਾ ਵਾਸੀ ਮਕਾਨ ਨੰ. 16, ਨੇੜੇ ਜੀ.ਟੀ.ਬੀ. ਨਗਰ, ਐਫ.ਸੀ.ਆਈ. ਕਲੋਨੀ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਦੀਪਨ ਸਿੰਘ ਭੱਲਾ ਅਤੇ ਉਸਦੀ ਪਤਨੀ ਅੰਬਿਕਾ ਕਪੂਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਰਮਿੰਦਰ ਸਿੰਘ ਭੱਲਾ ਪੁੱਤਰ ਯਸ਼ਪਾਲ ਸਿੰਘ ਭੱਲਾ ਵਾਸੀ ਮਕਾਨ ਨੰ. 16, ਨੇੜੇ ਜੀ.ਟੀ.ਬੀ. ਨਗਰ, ਐਫ.ਸੀ.ਆਈ. ਕਲੋਨੀ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਧਰਮਪਤਨੀ ਜੈਸਮੀਨ ਭੱਲਾ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਅਨੀਤਾ ਪਤਨੀ ਲੇਟ ਅਜੀਤ ਕੁਮਾਰ ਵਾਸੀ ਮਕਾਨ ਨੰ. 187/7, ਨਿਯਾਤਮ ਨਗਰ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਚੇਤਨ ਅਤੇ ਉਸਦੀ ਪਤਨੀ ਸ਼ੈਲੀ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ ਇਲਿਆਸ ਮਸੀਹ ਗਿੱਲ ਪੁੱਤਰ ਤਾਰਾ ਚੰਦ ਵਾਸੀ ਪਿੰਡ ਸੁਨਈਆ ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਯੋਧਾ ਗਿੱਲ ਅਤੇ ਇਸਦੀ ਪਤਨੀ ਰਮਨ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜ਼ੀ ਕਰਦੇ ਹਨ। ਮੈਂ ਇਹਨਾਂ ਦੋਵਾਂ ਨੂੰ ਆਪਣੀ ਚਲ ਅੱਚਲ ਜ਼ਾਇਦਾਦ ਤੋਂ ਬੇਦਖ਼ਲ ਕਰਦਾ ਹਾਂ, ਇਹਨਾਂ ਵੱਲੋਂ ਕੀਤੇ ਗਏ ਲੈਣ ਦੇਣ ਅਤੇ ਮਾੜੇ ਚੰਗੇ ਕੰਮਾਂ ਦੇ ਇਹ ਖ਼ੁਦ ਜ਼ਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਨਾਲ਼ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਤ ਨੋਟ ਕਰਨ।

ਅਸੀ ਜਸਪਾਲ ਪੁੱਤਰ ਤੇਜਾ ਰਾਮ ਅਤੇ ਨੀਲਮਕੁਮਾਰੀ ਵਾਸੀ ਮਕਾਨ ਨੰ.2590 ਗਲੀ ਨੰ.2, ਵੱਡਾ ਹਰੀਪੁਰਾ ਡਾਕਖਾਨਾ ਜਵਾਲਾ ਫਲੋਰ ਮਿਲਜ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਵਨਿਸ਼ਾ ਮੇਰੇ ਕਹਿਣੇ ਤੋ ਬਾਹਰ ਹੈ, ਤੇ ਆਪਣੀ ਮਨ ਮਰਜੀ ਕਰਦੀ ਹੈ ਇਸ ਲਈ ਮੈਂ ਇਸ ਨੂੰ ਆਪਣੀ ਚੱਲ ਅੱਚਲ ਜਾਇਦਾਦ ਤੇ ਆਪਣੇ ਹਰ ਰਿਸ਼ਤੇ ਤੋ ਬੇਦਖਲ ਕਰਦਾ ਹਾਂ। ਇਸ ਨਾਲ ਕਿਸੇ ਵੀ ਤਰ੍ਹਾ ਦਾ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਅਸੀਂ, ਬਲਿਹਾਰ ਸਿੰਘ ਪੁੱਤਰ ਤਰਲੋਕ ਸਿੰਘ ਵਾ ਗੁਰਵਿੰਦਰ ਸਿੰਘ ਪੁੱਤਰ ਬਲਿਹਾਰ ਸਿੰਘ ਵਾਸੀਆਨ ਡਸਕਾ, ਤਹਿਸੀਲ ਲਹਿਰਾ, ਜ਼ਿਲ੍ਹਾ ਸੰਗਰੂਰ ਦੇ ਵਸਨੀਕ ਹਾਂ। ਸਾਡੀ ਲੜਕੀ ਮਨਪ੍ਰੀਤ ਕੌਰ ਪੁੱਤਰੀ ਬਲਿਹਾਰ ਸਿੰਘ ਸਾਡੇ ਕਹਿਣ-ਸੁਣਨ ਤੋਂ ਬਾਹਰ ਹੈ। ਇਸ ਕਰਕੇ ਅਸੀਂ ਉਸ ਨੂੰ ਆਪਣੀ ਚੱਲ -ਅਚੱਲ ਜਾਇਦਾਦ ਰਕਬਾ ਡਸਕਾ ਵਾ ਪੰਜਾਬ ਵਾ ਭਾਰਤ ਵਿਚੋਂ ਬੇਦਖਲ ਕਰਦੇ ਹਾਂ। ਅੱਜ ਤੋਂ ਬਾਅਦ ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕਿਸੇ ਪ੍ਰਕਾਰ ਦੀ ਕੋਈ ਜ਼ਿੰਮੇਵਾਰੀ/ਗਰੰਟੀ ਨਹੀਂ ਹੋਵੇਗੀ।

ਮੈਂ, ਬਲਵਿੰਦਰ ਕੌਰ ਪਤਨੀ ਵਿਧਵਾ ਪਰਮਜੀਤ ਸਿੰਘ ਵਾਸੀ ਪਿੰਡ ਭੈਣੀ ਬਾਂਗਰ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ ਕਿ ਮੇਰਾ ਲੜਕਾ ਬਿਕਰਮਜੀਤ ਸਿੰਘ ਤੇ ਉਸ ਦੀ ਪਤਨੀ ਮਨਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਟੈਂਡਰ / ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਵਾਂ ਜ਼ਮਾਨਾ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਐਸ ਜੀ ਪੀ ਸੀ ਚੋਣਾਂ ਲਈ 29 ਤੱਕ ਬਣਨਗੀਆਂ ਵੋਟਾਂ : ਜਸ਼ਨਜੀਤ ਸਿੰਘ

ਫਗਵਾੜਾ, (ਇੰਦਰਜੀਤ ਸਿੰਘ ਮਠਾੜੂ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਦੀਆਂ ਆਗਾਮੀ ਆਮ ਚੋਣਾਂ ਦੇ ਮੱਦੇਨਜਰ ਸਬ ਡਵੀਜਨ ਫਗਵਾੜਾ ਦੇ ਯੋਗ ਵਿਅਕਤੀਆਂ ਨੂੰ ਵੋਟ ਬਣਾਉਣ ਦੀ ਅਪੀਲ ਕਰਦਿਆਂ ਐਸ ਡੀ ਐਮ ਜਸ਼ਨਜੀਤ ਸਿੰਘ ਨੇ ਕਿਹਾ ਕਿ 29 ਫਰਵਰੀ ਤੱਕ ਵੋਟ ਬਣਾਈ ਜਾ ਸਕਦੀ ਹੈ। ਉਪ ਮੰਡਲ ਮੈਜਿਸਟਰੇਟ-ਕਮ-ਰਿਵਾਈਜਿੰਗ ਅਥਾਰਿਟੀ ਫਗਵਾੜਾ ਨੇ ਸਮੂਹ ਬੂਥ ਲੈਵਲ ਅਧਿਕਾਰੀਆਂ ਨੂੰ ਨਿਰਦੇਸ ਦਿੱਤੇ ਹਨ ਕਿ ਵੋਟ ਬਣਾਉਣ ਲਈ ਆਉਣ ਵਾਲੇ ਯੋਗ ਵਿਅਕਤੀਆਂ ਦੀਆਂ ਹਦਾਇਤਾਂ ਅਨੁਸਾਰ ਵੋਟਾਂ ਬਣਾਈਆਂ ਜਾਣ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਅਕਤੀਆਂ ਦੇ ਫਾਰਮ ਲਏ ਜਾਣ ਅਤੇ 29 ਫਰਵਰੀ ਤੱਕ ਵੋਟਾਂ ਬਣਾਈਆਂ ਜਾਣ। ਜਿਕਰਯੋਗ ਹੈ ਕਿ ਜਿਲ੍ਹਾ ਪ੍ਰਸਾਸਨ ਦੀ ਵੈੱਬਸਾਈਟ 'ਤੇ ਵੀ ਫਾਰਮ ਨੰ:1 (ਕੇਸਾਧਾਰੀ ਸਿੱਖ ਲਈ) ਉਪਲਬੱਧ ਕਰਵਾ ਦਿੱਤਾ ਗਿਆ ਹੈ।

# ਸ਼ੱਕੀ ਹਾਲਾਤ 'ਚ ਲਾਸ਼ ਮਿਲੀ

ਗੁਰਦਾਸਪੁਰ, (ਦਿਨੇਸ਼ ਕੁਮਾਰ)- ਗੁਰਦਾਸਪੁਰ 'ਚ ਇਕ ਨੌਜਵਾਨ ਦੀ ਸ਼ੱਕੀ ਹਾਲਾਤ 'ਚ ਹੋਈ ਮੌਤ ਨੂੰ ਲੈ ਕੇ ਪਰਿਵਾਰਕ ਮੈਂਬਰਾਂ ਨੇ ਔਜਲਾ ਬਾਈਪਾਸ 'ਤੇ ਚਾਰੇ ਪਾਸਿਓਂ ਜਾਮ ਲਗਾ ਕੇ ਇਨਸਾਫ ਲਈ ਧਰਨਾ ਦਿੱਤਾ। ਮ੍ਰਿਤਕ ਦੀ ਪਹਿਚਾਣ ਸੁਨੀਲ ਮਸੀਹ ਉਰਫ ਦੀਪੂ ਪੁਤੱਰ ਸਲਾਮਤ ਮਸੀਹ ਵਾਸੀ ਮੁਸਤਫਾਬਾਦ ਜੱਟਾਂ ਦੇ ਰੂਪ ਵਿਚ ਹੋਈ ਹੈ। ਦੂਜੇ ਪਾਸੇ ਪਰਿਵਾਰ ਨੇ ਦੋਸ਼ ਲਗਾਇਆ ਕਿ ਉਨ੍ਹਾਂ ਨੂੰ ਸ਼ੱਕ ਹੈ ਕਿ ਸੁਨੀਲ ਮਸੀਹ ਦਾ ਕਿਸੇ ਨੇ ਕਤਲ ਕੀਤਾ ਹੈ ਪਰ ਪੁਲਸ ਇਸ ਨੂੰ ਹਾਦਸਾ ਦੱਸ ਰਹੀ ਹੈ।

## ਬੇਦਖਲੀ ਨੋਟਿਸ

ਮੈਂ, ਰੋਸ਼ਨ ਮਸੀਹ ਪੁੱਤਰ ਡੈਨੀਅਲ, ਵਾਸੀ ਪਿੰਡ ਰਾਊਵਾਲ, ਤਹਿਸੀਲ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਵਰਦਾਨ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸੁਰਿੰਦਰ ਮਸੀਹ ਪੁੱਤਰ ਯਕੂਬ ਮਸੀਹ, ਵਾਸੀ ਪਿੰਡ ਲੱਖਣ ਖੁਰਦ, ਤਹਿਸੀਲ/ ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਰੋਹਿਤ ਮਸੀਹ, ਜੋ ਮੇਰੇ ਅਤੇ ਮੇਰੀ ਪਤਨੀ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਆਮ ਸੂਚਨਾ

ਮੈਂ, ਅਵਤਾਰ ਸਿੰਘ ਪੁੱਤਰ ਸ੍ਰੀ ਸਦਾ ਸਿੰਘ ਵਾਸੀ ਮਕਾਨ ਨੰਬਰ 626, ਮੁੱਹਲਾ ਬਾਗ ਬਾਹੀਆਂ, ਜਲੰਧਰ-1, ਗ੍ਰੇਨ ਮਾਰਕੀਟ, ਜਲੰਧਰ, ਪੰਜਾਬ-144008 ਬਿਆਨ ਕਰਦਾ ਹਾਂ ਕਿ ਮੇਰੇ ਦੋ ਲੜਕੇ ਅਰਮਿੰਦਰ ਸਿੰਘ ਅਤੇ ਇਸਦੀ ਪਤਨੀ ਗੁਰਪ੍ਰੀਤ ਕੌਰ ਅਤੇ ਲੜਕਾ ਗੁਰਪ੍ਰੀਤ ਸਿੰਘ ਅਤੇ ਇਸਦੀ ਪਤਨੀ ਤਨਜੋਤ ਕੌਰ ਮੇਰੇ ਕਹਿਣੇਕਾਰ ਵਿੱਚ ਨਾ ਹੋਣ ਕਰਕੇ ਇਨ ਾਂ ਨੂੰ ਬੇਦਖਲ ਕੀਤਾ ਸੀ। ਹੁਣ ਇਹ ਸਾਰੇ ਮੇਰੇ ਕਹਿਣੇ ਵਿੱਚ ਹਨ। ਇਸ ਲਈ ਮੈਂ ਆਪਣੀ ਦਿੱਤੀ ਹੋਈ ਬੇਦਖਲੀ ਵਾਪਸ ਲੈਂਦਾ ਹਾਂ। ਸੰਬੰਧਿਤ ਨੋਟ ਕਰਨ।

ਇਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ 47/ 1062, 7/5 ਹਾਸ ਪਾਵਰ ਜੋ ਮਲੂਕ ਸਿੰਘ ਪੁੱਤਰ ਝਿੰਮਣ ਸਿੰਘ ਪਿੰਡ ਪੈੜੇਵਾਲ ਤਹਿਸੀਲ ਅਜਨਾਲਾ ਅਮ੍ਰਿਤਸਰ ਦੇ ਨਾਮ ਪਰ ਚਲ ਰਿਹਾ ਹੈ,ਨੂੰ ਧਰਮਿੰਦਰ ਸਿੰਘ ਪੁੱਤਰ ਮਲੂਕ ਸਿੰਘ ਦੇ ਨਾਮ ਤਬਦੀਲ ਕਰਨਾ ਹੈ ਜੇਕਰ ਇਹ ਕੁਨੈਕਸ਼ਨ ਤਬਦੀਲ ਕਰਨ ਵਿੱਚ ਕਿਸੇ ਨੂੰ ਕੋਈ ਇਤਰਾਜ ਹੈ ਤਾ ਉਹ ਆਪਣਾ ਇਤਰਾਜ 15 ਦਿਨ ਦੇ ਅੰਦਰ ਅੰਦਰ ਆਸਤਲਨ ਜਾ ਵਕਾਲਤਨ ਪਾਵਰ ਕਾਮ ਦੀ ਸਬ ਡਵੀਜ਼ਨ ਰਾਮਦਾਸ ਵਿੱਚ ਪੇਸ਼ ਕਰਨ ।ਬਾਅਦ ਵਿੱਚ ਆਏ ਇਤਰਾਜ ਮੰਨਣ ਯੋਗ ਨਹੀ ਹੋਵੇਗਾ। (Pudda)

ਇਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ 44(ਬੀ)1046(3003387184) 7/5 ਹਾਸ ਪਾਵਰ ਮਲੂਕ ਸਿੰਘ ਪੁੱਤਰ ਝਿੰਮਣ ਸਿੰਘ ਪਿੰਡ ਪੈੜੇਵਾਲ ਤਹਿਸੀਲ ਅਜਨਾਲਾ ਅਮ੍ਰਿਤਸਰ ਦੇ ਨਾਮ ਪਰ ਚਲ ਰਿਹਾ ਹੈ ਨੂੰ ਜਤਿੰਦਰ ਸਿੰਘ ਪੁੱਤਰ ਮਲੂਕ ਸਿੰਘ ਦੇ ਨਾਮ ਤਬਦੀਲ ਕਰਨਾ ਹੈ ਜੇਕਰ ਇਹ ਕੁਨੈਕਸ਼ਨ ਤਬਦੀਲ ਕਰਨ ਵਿੱਚ ਕਿਸੇ ਨੂੰ ਕੋਈ ਇਤਰਾਜ ਹੈ ਤਾ ਉਹ ਆਪਣਾ ਇਤਰਾਜ 15ਦਿਨ ਦੇ ਅੰਦਰ ਅੰਦਰ ਆਸਤਲਨ ਜਾ ਵਕਾਲਤਨ ਪਾਵਰ ਕਾਮ ਦੀ ਸਬ ਡਵੀਜ਼ਨ ਰਾਮਦਾਸ ਵਿੱਚ ਪੇਸ਼ ਕਰੇ ।ਬਾਅਦ ਵਿੱਚ ਆਏ ਇਤਰਾਜ ਮੰਨਣ ਯੋਗ ਨਹੀ ਹੋਣ ਗਏ। (Pudda)

ਇਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ 37-984 ਡਬਲਿਊ 7-5 ਹਾਸ ਪਾਵਰ ਜੋ ਜੋਗਿੰਦਰ ਸਿੰਘ ਪੁੱਤਰ ਲਾਲ ਸਿੰਘ ਪਿੰਡ ਕੁਰਾਲੀਆ ਤਹਿਸੀਲ ਅਜਨਾਲਾ ਅਮ੍ਰਿਤਸਰ ਦੇ ਨਾਮ ਪਰ ਚਲ ਰਿਹਾ ਹੈ ਜਿਸ ਨੂੰ ਜਸਵੰਤ ਸਿੰਘ ਪੁੱਤਰ ਜੋਗਿੰਦਰ ਸਿੰਘ ਪਿੰਡ ਕੁਰਾਲੀਆ ਦੇ ਨਾਮ ਤਬਦੀਲ ਕਰਨਾ ਹੈ ਜੇਕਰ ਇਹ ਕੁਨੈਕਸ਼ਨ ਤਬਦੀਲ ਕਰਨ ਵਿੱਚ ਕਿਸੇ ਨੂੰ ਕੋਈ ਇਤਰਾਜ ਹੈ ਤਾਂ ਉਹ ਆਪਣੇ ਇਤਰਾਜ 15 ਦਿਨ ਦੇ ਅੰਦਰ ਅੰਦਰ ਆਸਤਲਨ ਜਾ ਵਕਾਲਤਨ ਪਾਵਰ ਕਾਮ ਦੀ ਸਬ ਡਵੀਜ਼ਨ ਫਤੇ ਗੜ੍ਹ ਚੂੜੀਆ ਦਿਹਾਤ ਖਵਿਖੇ ਪੇਸ਼ ਕਰੇ।ਬਾਅਦ ਵਿੱਚ ਆਏ ਇਤਰਾਜ ਮੰਨਣ ਯੋਗ ਨਹੀ ਹੋਣ ਗਏ।

## PUBLIC NOTICE

It is for general information that I, Parkash Ram S/o Karam Chand R/o Kala Sanghia Road, Near Jyoti Sweet Shop, Pind Kot Sadik, Jalandhar-144002, Punjab declare that name of my wife has been wrongly written as Shokuntala Devi in my Passport No-M9391255. The actual name of my wife is Sakuntala Devi respectively, which may be amended accordingly. All Please Note.

It is for general information that I, Harpreet Singh S/o Ranjit Singh R/o H.No. 494-A, Jalandhar Kunj, Jalandhar, Punjab declare that name of mine and my father has been wrongly written as Harprit Singh and Ranjeet Singh in my Passport. The actual name of mine and my father are Harpreet Singh and Ranjit Singh respectively which may be amended accordingly. All Please Note.

It is for general information that I, Dinesh Ahir S/o Mukesh Kumar R/o Village Bath Kalan, Tehsil Nakodar, Bath, Jalandhar, Punjab-144044 declare that name of my father has been wrongly written as Mukesh Kumar Ahir in my educational documents. The actual name of my father is Mukesh Kumar respectively which may be amended accordingly. All Please Note.

I, Jasbir Singh S/o Darshan Singh R/o House No.10, Deo, Tarn Taran. Affirming that I have lost Sale Deed No.2019-20/168/1/2950 dated 16-01-2020. I have lodged the online complaint SR No.439539/2024 dated 26-02-2024 at Police Station City Tarn Taran Though if any person find the same kindly return me on above noted address & contact Mr. Jasbir Singh Mob: 93563-48285 All please note.

I, Paramjit Singh S/o Lakhbir Singh R/o Village Joian, PO Jaura Chattran, Distt. Gurdaspur, Punjab Pin-143520 declare that my given name as Paramjit and my surname as Singh.

# ਜੰਗਲਾਤ ਵਰਕਰਜ਼ ਯੂਨੀਅਨ ਨੇ ਸ਼ੰਕਰ ਕਟਾਰੀਆ ਨੂੰ ਸੌਂਪਿਆ ਮੰਗ ਪੱਤਰ

## ਮੰਗਾਂ ਦਾ ਹੱਲ ਨਾ ਕੀਤਾ ਤਾਂ 8 ਮਾਰਚ ਤੋਂ ਹਲਕਾ ਦਿੜ੍ਹਬਾ 'ਚ ਪੱਕਾ ਮੋਰਚਾ ਸ਼ੁਰੂ ਕਰਾਂਗੇ : ਸਹਿਜਾਦੀ/ਸਿੱਧੂ



**ਜ਼ੀਰਾ (ਨਰਿੰਦਰ ਅਨੇਜਾ)**-ਪੰਜਾਬ ਸਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (1406/22ਬੀ) ਚੰਡੀਗੜ੍ਹ ਨਾਲ ਸਬੰਧਤ ਹੱਕ ਸੱਚ ਦੀ ਲੜਾਈ ਲੜਨ ਵਾਲੀ ਜੰਗਲਾਤ ਕਾਮਿਆਂ ਦੀ ਇੱਕੋ-ਇੱਕ ਸਿਰਮੌਰ ਜਥੇਬੰਦੀ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਜ਼ੀਰਾ ਰੇਂਜ ਦੇ ਪ੍ਰਧਾਨ ਜਸਵਿੰਦਰ ਰਾਜ ਸ਼ਰਮਾ ਤੇ ਬਲਾਕ ਪ੍ਰਧਾਨ ਜਸਵਿੰਦਰ ਸਿੰਘ ਪੰਨੂ ਦੀ ਅਗਵਾਈ ਹੇਠ ਹਲਕਾ ਵਿਧਾਇਕ ਨਰੇਸ਼ ਕਟਾਰੀਆ ਦੇ ਬੇਟਾ ਸ਼ੰਕਰ ਕਟਾਰੀਆ ਜ਼ੀਰਾ ਨੂੰ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਗੁਰਦੇਵ ਸਿੰਘ ਸਿੱਧੂ ਜ਼ਿਲ੍ਹਾ ਪ੍ਰਧਾਨ ਪ ਸ ਸ ਫ, ਨਿਸ਼ਾਨ ਸਿੰਘ ਸਹਿਜਾਦੀ ਜ਼ਿਲ੍ਹਾ ਪ੍ਰਧਾਨ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ, ਗੁਰਵਿੰਦਰ ਸਿੰਘ ਸਹਿਜਾਦੀ ਸਰਕਲ ਸਕੱਤਰ ਨੇ ਦੱਸਿਆ ਕਿ ਜੰਗਲਾਤ ਤੇ ਜੰਗਲੀ ਜੀਵ ਵਿਭਾਗ ਵਿੱਚ ਪਿਛਲੇ ਲੰਮੇ ਸਮੇਂ ਤੋਂ ਕੰਮ ਕਰਦੇ ਕੱਚੇ ਕਾਮਿਆਂ ਤੇ ਡਰਾਈਵਰਾਂ ਨੂੰ ਪੰਜਾਬ ਵਿੱਚ ਰਾਜ ਕਰਨ ਵਾਲੀਆਂ ਮੌਕੇ ਦੀਆਂ ਸਰਕਾਰਾਂ ਨੇ ਸਿਰਫ ਲਾਰਿਆਂ ਵਿੱਚ ਰੱਖਿਆ ਹੈ, ਜਥੇਬੰਦੀਆਂ ਦੇ ਸੰਘਰਸ਼ਾਂ ਸਦਕਾ ਜੇਕਰ ਕੋਈ ਸਰਕਾਰ ਪੱਕਾ ਕਰਨ ਦੀ ਨੀਤੀ ਬਣਾਉਂਦੀ ਹੈ ਤਾਂ ਅਗਲੀ ਸਰਕਾਰ ਇਹ ਕਹਿ ਕੇ ਰੋਕ ਦਿੰਦੀ ਹੈ ਕਿ ਅਸੀਂ ਉਸ ਤੋਂ ਵਧੀਆ ਨੀਤੀ ਬਣਾਵਾਂਗੇ, ਪਰ ਮੌਕੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜਿਹੜੀ ਕੱਚੇ ਕਾਮਿਆਂ ਨੂੰ ਪੱਕਾ ਕਰਨ ਲਈ 16.05.2023 ਨੂੰ ਪਾਲਿਸੀ ਤਿਆਰ ਕੀਤੀ ਹੈ, ਉਸ ਵਿੱਚ ਬਹੁਤ ਸਾਰੀਆਂ ਸ਼ਰਤਾਂ ਹਨ ਜਿਵੇਂ ਗਰੁੱਪ ਡੀ (4) ਦੀ ਰਿਟਾਇਰਮੈਂਟ 58 ਸਾਲ, ਗਰੁੱਪ ਡੀ ਦੇ ਮੁਲਾਜ਼ਮਾਂ ਨੂੰ ਪੱਕੇ ਹੋਣ ਲਈ 8 ਵੀ ਪਾਸ ਦੀ ਸ਼ਰਤ, ਜਦੋਂ ਤੋਂ ਮੁਲਾਜ਼ਮ ਇਸ ਪਾਲਿਸੀ ਰਾਹੀਂ ਨਿਯੁਕਤੀ ਕਰਦਾ ਹੈ, ਉਸ ਤੋਂ ਪਹਿਲਾਂ ਵਾਲੀ ਡੇਲੀਵੇਜ, ਐਡਹਾਕ, ਸਮੇਂ ਕੀਤੀ ਸੇਵਾ ਦਾ ਲਾਭ ਨਾ ਮਿਲਣਾ, ਇਸ ਤੋਂ ਇਲਾਵਾ ਗਰੁੱਪ ਡੀ ਨੂੰ 15000/ ਤਨਖਾਹ ਤੇ ਸਾਲ ਬਾਅਦ 5% ਵਾਧਾ, ਇਸ ਕਰਕੇ ਇਹ ਪਾਲਿਸੀ ਹੁਣ ਤੱਕ ਦੀਆਂ ਬਣੀਆਂ ਸਾਰੀਆਂ ਪਾਲਿਸੀਆਂ ਵਿੱਚੋਂ ਸਭ ਤੋਂ ਮਾੜੀ ਮੁਲਾਜ਼ਮ ਵਿਰੋਧੀ ਪਾਲਿਸੀ ਹੈ।

ਜ਼ਿਲ੍ਹਾ ਜਨਰਲ ਸਕੱਤਰ ਮਿਹਰ ਸਿੰਘ, ਬਲਵਿੰਦਰ ਕੁਮਾਰ ਰੇਂਜ ਜਨਰਲ ਸਕੱਤਰ, ਸੂਬਾ ਸਿੰਘ, ਸੁਖਦੇਵ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਨਵੀਂ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਲੋਕਾਂ ਨੂੰ ਬਹੁਤ ਉਮੀਦਾਂ ਸੀ, ਪਰ ਆਮ ਆਦਮੀ ਕਹਾਉਣ ਵਾਲੇ ਮੁੱਖ ਮੰਤਰੀ ਵੀ ਉਨ੍ਹਾਂ ਅਕਾਲੀ ਭਾਜਪਾ ਤੇ ਕਾਂਗਰਸ ਦੀ ਨੀਤੀ ਅਪਣਾਉਣ ਲੱਗਿਆ ਹੋਇਆ ਹੈ, ਜਿਸ ਕਰਕੇ ਜਥੇਬੰਦੀ ਦਾ ਭਾਰੀ ਰੋਸ ਪਾਇਆ ਜਾ ਰਿਹਾ। ਫੈਡਰੇਸ਼ਨ ਦੇ ਜ਼ਿਲ੍ਹਾ ਜਨਰਲ ਸਕੱਤਰ ਜਗਦੀਪ ਸਿੰਘ ਮਾਂਗਟ ਨੇ ਕਿਹਾ ਕੀ ਜੇਕਰ ਮਾਨਯੋਗ ਵਿੱਤ ਮੰਤਰੀ ਵੱਲੋਂ ਜੰਗਲਾਤ ਕਾਮਿਆਂ ਦੀਆਂ ਮੰਗਾਂ ਦਾ ਕੋਈ ਹੱਲ ਨਾ ਕੱਢਿਆ ਤਾਂ ਜਥੇਬੰਦੀ ਪੰਜਾਬ ਸਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸਹਿਯੋਗ ਨਾਲ 8 ਮਾਰਚ ਤੋਂ ਹਲਕਾ ਦਿੜ੍ਹਬਾ ਵਿੱਚ ਰੋਸ ਰੈਲੀ ਕਰਨ ਉਪਰੰਤ ਪੱਕਾ ਮੋਰਚਾ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਅਮਰਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ, ਸੁਲੱਖਣ ਸਿੰਘ ਸਲਾਹਕਾਰ, ਦੇਸਾ ਸਿੰਘ, ਕਾਰਜ ਸਿੰਘ, ਬਲਜੀਤ ਸਿੰਘ, ਕਰਮਜੀਤ ਸਿੰਘ, ਕਾਬਲ ਸਿੰਘ, ਰਣਜੀਤ ਸਿੰਘ ਚੇਅਰਮੈਨ, ਜੀਤ ਸਿੰਘ, ਬਲਕਾਰ ਸਿੰਘ, ਸੁਰਜੀਤ ਸਿੰਘ, ਗੁਰਦੇਵ ਸਿੰਘ, ਗੁਰਬਚਨ ਸਿੰਘ ਕਾਲਾ ਹਰਮੇਸ਼ ਸਿੰਘ, ਪ੍ਰੀਤਮ ਸਿੰਘ, ਸਰਵਿੰਦਰ ਸਿੰਘ, ਮੰਗਲ ਸਿੰਘ, ਮੁਖਤਿਆਰ ਸਿੰਘ, ਜਰਨੈਲ ਸਿੰਘ, ਦਿਆਲ ਸਿੰਘ, ਦੇਸਾ ਸਿੰਘ, ਕੇਸਰ ਸਿੰਘ, ਬਲਜੀਤ ਸਿੰਘ, ਗੁਰਦੀਪ ਸਿੰਘ, ਕਾਰਜ ਸਿੰਘ, ਅਵਨੀਸ਼ ਸ਼ਰਮਾ, ਜਸਪਾਲ ਸਿੰਘ ਆਦਿ ਤੋਂ ਇਲਾਵਾਂ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

### ਮਾਮਲਾ ਨੈਸ਼ਨਲ ਹਾਈਵੇ 'ਤੇ ਠੇਕੇ ਖੋਲ੍ਹੇ ਜਾਣ ਦਾ

# ਸੂਚਨਾ ਕਮਿਸ਼ਨ ਵੱਲੋਂ ਐਕਸਾਈਜ਼ ਦੇ ਦੋ ਸਹਾਇਕ ਕਮਿਸ਼ਨਰ ਚੰਡੀਗੜ੍ਹ ਤਲਬ

**ਪਾਤੜਾਂ (ਨਿਸ਼ਾਨ ਸਿੰਘ ਬਟਵਾਲ)**-ਐਕਸਾਈਜ਼ ਵਿਭਾਗ ਦੇ ਦੋ ਸਹਾਇਕ ਕਮਿਸ਼ਨਰ ਦਫਤਰਾਂ ਵੱਲੋਂ ਨੈਸ਼ਨਲ ਹਾਈਵੇ 'ਤੇ ਚੱਲ ਰਹੇ ਸ਼ਰਾਬ ਦੇ ਠੇਕਿਆਂ ਦੀ ਗਿਣਤੀ ਨਾ ਦੱਸਣ ਦੇ ਮਾਮਲੇ ਨੂੰ ਲੈ ਕੇ ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਚੰਡੀਗੜ੍ਹ ਤਲਬ ਕੀਤਾ ਗਿਆ ਹੈ। ਇਸ ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਆਰ.ਟੀ.ਆਈ. ਮਾਹਰ ਤੇ ਸਮਾਜ ਸੇਵੀ ਬ੍ਰਿਸ਼ ਭਾਨ ਬੁਜਰਕ ਨੇ ਦੱਸਿਆ ਕਿ 13-6-2023 ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ ਐਕਸਾਈਜ਼ ਰੋਪੜ ਤੇ ਮੋਹਾਲੀ ਕੋਲੋਂ ਮਾਨਯੋਗ ਪੰਜਾਬ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਤੋਂ ਬਾਅਦ ਵੀ ਨੈਸ਼ਨਲ ਹਾਈਵੇ 'ਤੇ ਚੱਲ ਰਹੇ ਸ਼ਰਾਬ ਦੇ ਠੇਕਿਆਂ ਦੀ ਗਿਣਤੀ ਸਬੰਧੀ ਜਾਣਕਾਰੀ ਮੰਗੀ ਗਈ ਸੀ, ਪਰ ਸਹਾਇਕ ਆਬਕਾਰੀ ਵਿਭਾਗ ਵੱਲੋਂ ਇਸ ਨੂੰ ਸਵਾਲ ਦੱਸ ਕੇ ਜਾਣਕਾਰੀ ਦੇਣ ਤੋਂ ਪਾਸਾ ਵੱਟ ਲਿਆ, ਜਦੋਂਕਿ ਸਹਾਇਕ ਆਬਕਾਰੀ ਮੋਹਾਲੀ ਵੱਲੋਂ ਜਵਾਬ ਹੀ ਨਹੀਂ ਦਿੱਤਾ ਗਿਆ, ਜਿਸ ਕਰਕੇ ਇਹ ਮਾਮਲਾ ਪਹਿਲੀ ਅਪੀਲ ਅਥਾਰਟੀ ਤੋਂ ਹੁੰਦੇ ਹੋਏ ਪੰਜਾਬ ਰਾਜ ਸੂਚਨਾ ਕਮਿਸ਼ਨ ਕੋਲ ਪਹੁੰਚ ਗਏ ਤੇ ਮੁੱਖ ਸੂਚਨਾ ਕਮਿਸ਼ਨਰ ਪੰਜਾਬ ਸ੍ਰੀਮਾਨ ਇੰਦਰਪਾਲ ਸਿੰਘ ਵੱਲੋਂ ਉਕਤ ਮਾਮਲੇ 'ਚ ਜਵਾਬ ਦੇਣ ਲਈ ਬੁਲਾਇਆ ਗਿਆ ਹੈ। ਬ੍ਰਿਸ਼ ਭਾਨ ਬੁਜਰਕ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਐਕਸਾਈਜ਼ ਪਾਲਿਸੀ ਦੇ ਮੁਤਾਬਿਕ ਉਨ੍ਹਾਂ ਨੂੰ ਇਨ੍ਹਾਂ ਠੇਕਿਆਂ ਦੀ ਬੋਲੀ ਆ ਗਈ ਹੈ, ਪਰ ਮਹਿਕਮੇ ਵੱਲੋਂ ਅਜੇ ਤੱਕ ਕੋਈ ਵੀ ਜਵਾਬ ਨਹੀਂ ਦਿੱਤਾ ਗਿਆ, ਜਦੋਂਕਿ ਮਾਨਯੋਗ ਪੰਜਾਬ ਹਰਿਆਣਾ ਹਾਈ ਕੋਰਟ ਵੱਲੋਂ ਨੈਸ਼ਨਲ ਹਾਈਵੇ ਸਮੇਤ ਰਾਜ ਮਾਰਗਾਂ 'ਤੇ ਸਿੱਧੇ ਰੂਪ 'ਚ ਸ਼ਰਾਬ ਦੇ ਠੇਕੇ ਖੋਲ੍ਹਣ 'ਤੇ ਪਾਬੰਦੀ ਲਗਾਈ ਗਈ ਹੈ, ਪਰ ਵਿਭਾਗ ਦੀ ਕਥਿਤ ਤੌਰ 'ਤੇ ਮਿਲੀਭੁਗਤ ਨਾਲ ਸੜਕਾਂ ਕਿਨਾਰੇ ਸ਼ਰਾਬ ਦੇ ਠੇਕੇ ਖੋਲ੍ਹੇ ਜਾ ਰਹੇ ਹਨ।

# ਰਜਵਾਹੇ ਦੇ ਕੱਕੜਵਾਲ ਤੇ ਸੱਟਾ ਪੁਲਾਂ ਦੀਆਂ ਤਕਨੀਕੀ ਘਾਟਾਂ ਕਾਰਨ ਲੋਕ ਪ੍ਰੇਸ਼ਾਨ

## ਲੋਕਾਂ ਨੇ ਮਾਹਰ ਤਕਨੀਕੀ ਅਧਿਕਾਰੀ ਤੋਂ ਮੌਕਾ ਵੇਖਣ ਦੀ ਕੀਤੀ ਮੰਗ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)** ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਲਈ ਸ਼ਹਿਰ ਰਜਵਾਹੇ 'ਤੇ ਸ਼ਹਿਰ ਅੰਦਰਲੇ ਕੱਕੜਵਾਲ ਪੁਲ ਤੇ ਸੱਟੇ ਵਾਲੇ ਪੁਲ ਦੇ ਕੀਤੇ ਜਾ ਰਹੇ ਨਿਰਮਾਣ ਵਿੱਚ ਤਕਨੀਕੀ ਤਰੁੱਟੀਆਂ ਕਾਰਨ ਲੋਕਾਂ ਨੂੰ ਪ੍ਰੇਸ਼ਾਨ ਹੋਣ ਲਈ ਮਜਬੂਰ ਹੋਣਾ ਪੈ ਰਿਹਾ ਹੈ।

ਦੱਸਣਯੋਗ ਹੈ ਕਿ ਕੱਕੜਵਾਲ ਪੁਲ ਤੇ ਸੱਟੇ ਵਾਲੇ ਪੁਲ ਦੀ ਸਲੈਬ ਦੀ ਉਸਾਰੀ ਨੂੰ ਸੜਕ ਨਾਲ ਮਿਲਾਉਣ ਲਈ ਰੱਖੀ ਗਈ ਢਲਾਣ ਵੇਲੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਧਿਆਨ ਵਿੱਚ ਨਹੀਂ ਰੱਖਿਆ ਗਿਆ, ਕਿਉਂਕਿ ਕੱਕੜਵਾਲ ਪੁਲ ਵਾਲੀ ਢਲਾਣ (ਸਲੋਪ) ਉਪਰ ਵਹੀਕਲਾਂ ਤੋਂ ਇਲਾਵਾ ਹੱਥ ਰੇਹੜੀ, ਰਿਕਸ਼ਾ ਰੇਹੜੀ ਤੇ ਆਟੋ ਰਿਕਸ਼ਾ ਵਾਲਿਆਂ ਨੂੰ ਬੇਹੱਦ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਦੋਂਕਿ ਦੂਜੇ ਪਾਸੇ ਸੱਟੇ ਵਾਲੇ ਪੁਲ ਦੀ ਸਲੈਬ ਪਾਈ ਗਈ ਹੈ, ਉਸ ਤੋਂ ਅੱਗੇ ਸਿੱਧੀ ਸਲੈਬ ਪਾਉਣ ਦੀ ਬਜਾਏ ਵਿਭਾਗ ਨੂੰ ਚਾਹੀਦਾ ਸੀ ਕਿ ਉਥੇ ਹੀ ਢਲਾਣ ਦਿੱਤੀ ਜਾਂਦੀ, ਪਰ ਵਿਭਾਗੀ ਅਧਿਕਾਰੀਆਂ ਵੱਲੋਂ ਇਸ ਤਰ੍ਹਾਂ ਸਲੈਬ ਪਾਉਣ ਨਾਲ ਜਿੱਥੇ ਸਰਕਾਰ ਦਾ ਆਰਥਿਕ ਨੁਕਸਾਨ ਹੋਇਆ ਹੈ, ਉਥੇ ਲੋਕਾਂ ਨੂੰ ਅਨੇਕਾਂ ਦਿੱਕਤਾਂ ਦਾ ਸਾਹਮਣਾ ਕਰਨਾ ਪਵੇਗਾ। ਉਧਰ ਇੱਕ ਮੁਹੱਲਾ ਨਿਵਾਸੀ ਨੇ ਇਸ ਤਕਨੀਕੀ ਕਮੀਆਂ ਨੂੰ ਲੈ ਕੇ ਐੱਸ.ਡੀ.ਐੱਮ. ਧੂਰੀ, ਨਹਿਰੀ ਵਿਭਾਗ ਦੇ ਪ੍ਰਿੰਸੀਪਲ ਸੈਕਟਰੀ, ਚੀਫ ਇੰਜੀਨੀਅਰ, ਕਾਰਜਕਾਰੀ ਇੰਜੀਨੀਅਰ ਨੂੰ ਸ਼ਿਕਾਇਤ ਭੇਜਦੇ ਹੋਏ ਕਿਸੇ ਸੀਨੀਅਰ ਤਕਨੀਕੀ ਮਾਹਰ ਅਧਿਕਾਰੀ ਤੋਂ ਇਨ੍ਹਾਂ ਪੁਲਾਂ ਦਾ ਮੌਕਾ ਮੁਲਹਾਜ਼ਾ ਕਰਵਾ ਕੇ ਪੁਲਾਂ ਦੀ ਸਲੋਪ ਨੂੰ ਠੀਕ ਕਰਵਾਉਣ ਦੀ ਮੰਗ ਕੀਤੀ ਹੈ।

## ਕਾਤਰਾਂ

### ਭੁੱਕੀ ਬਰਮਾਦਗੀ ਮਾਮਲੇ 'ਚ ਦਸ ਸਾਲ ਦੀ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜਨਵਰੀ 2014 'ਚ ਸਰਹਿੰਦ ਪੁਲਸ ਵੱਲੋਂ ਭੁੱਕੀ ਸਮੇਤ ਗ੍ਰਿਫਤਾਰ ਕੀਤੇ ਗਏ ਇੱਕ ਵਿਅਕਤੀ ਨੂੰ ਇੱਥੋਂ ਦੀ ਇੱਕ ਅਦਾਲਤ ਵੱਲੋਂ ਕੈਦ ਤੇ ਜੁਰਮਾਨੇ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ 23/1/14 ਨੂੰ ਥਾਣਾ ਸਰਹਿੰਦ ਵਿਖੇ ਅ/ਧ 15/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕੀਤੇ ਗਏ ਮੁਕੱਦਮੇ 'ਚ ਸ਼ੰਭੂ ਤਿਵਾੜੀ ਮੂਲ ਵਾਸੀ ਮਜ਼ੱਫਰਪੁਰ (ਬਿਹਾਰ) ਨੂੰ ਗ੍ਰਿਫਤਾਰ ਕਰਦੇ ਹੋਏ ਪੁਲਸ ਵੱਲੋਂ ਦਾਅਵਾ ਕੀਤਾ ਗਿਆ ਸੀ ਕਿ ਜੀ. ਟੀ. ਰੋਡ 'ਤੇ ਪਿੰਡ ਦਾਲੋਮਾਜਰਾ ਨਜ਼ਦੀਕ ਨਾਕਾਬੰਦੀ ਦੌਰਾਨ ਰਾਜਪੁਰਾ ਵੱਲੋਂ ਆ ਰਹੀ ਆਲਟੋ ਕਾਰ ਨੂੰ ਚੈਕਿੰਗ ਲਈ ਰੋਕਿਆ ਗਿਆ ਤੇ ਡੀ.ਐੱਸ.ਪੀ. ਕਰਨਸ਼ੇਰ ਸਿੰਘ ਦੀ ਹਾਜ਼ਰੀ 'ਚ ਜਦੋਂ ਉਕਤ ਕਾਰ ਦੀ ਤਲਾਸ਼ੀ ਕੀਤੀ ਗਈ ਤਾਂ ਕਾਰ ਸਵਾਰ ਸ਼ੰਭੂ ਤਿਵਾੜੀ ਦੇ ਕਬਜ਼ੇ 'ਚੋਂ ਦੋ ਪਲਾਸਟਿਕ ਦੇ ਥੈਲਿਆਂ 'ਚ ਰੱਖੀ 55 ਕਿੱਲੋ ਭੁੱਕੀ (ਚੂਰਾ ਪੋਸਤ) ਬਰਾਮਦ ਹੋਈ।ਮਾਮਲੇ ਦੀ ਸੁਣਵਾਈ ਪੂਰੀ ਹੋਣ 'ਤੇ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਸ਼ੰਭੂ ਤਿਵਾੜੀ ਨੂੰ ਮਾਮਲੇ 'ਚ 15 (ਸੀ) ਐੱਨ.ਡੀ.ਪੀ.ਐਸ. ਤਹਿਤ ਦੋਸ਼ੀ ਮੰਨਦੇ ਹੋਏ 10 ਸਾਲ ਕੈਦ ਤੇ 1,00,000/- ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

### ਨਾਬਾਲਿਗਾ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਵਾਲੇ ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਨਾਬਾਲਿਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਦਾ ਮਾਮਲਾ ਸਾਹਮਣੇ ਆਇਆ ਹੈ।ਪੁਲਸ ਨੇ ਪੀੜਤਾ ਦੇ ਪਿਤਾ ਦੀ ਸ਼ਿਕਾਇਤ ਦੇ ਆਧਾਰ 'ਤੇ ਮੁਲਜ਼ਮ ਸਤਨਾਮ ਸਿੰਘ ਵਾਸੀ ਪਿੰਡ ਪੱਕਾ ਬਸਤੀ ਮੱਖੂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।ਸ਼ਿਕਾਇਤ ਵਿੱਚ ਪੀੜਤ ਦੇ ਪਿਤਾ ਨੇ ਦੱਸਿਆ ਹੈ ਕਿ 24 ਫਰਵਰੀ ਦੀ ਸ਼ਾਮ 3 ਤੋਂ 5 ਵਜੇ ਦੇ ਦਰਮਿਆਨ ਮੁਲਜ਼ਮ ਸਤਨਾਮ ਸਿੰਘ ਨੇ ਉਸ ਦੀ 14 ਸਾਲਾ ਨਾਬਾਲਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਅਗਵਾ ਕਰ ਲਿਆ ਸੀ।ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਪਰਿਵਾਰ ਦੇ ਹੋਰ ਮੈਂਬਰ ਕਿਸੇ ਕੰਮ ਲਈ ਘਰੋਂ ਬਾਹਰ ਗਏ ਹੋਏ ਸਨ।ਸ਼ਾਮ ਨੂੰ ਜਦੋਂ ਉਹ ਘਰ ਵਾਪਸ ਆਏ ਤਾਂ ਧੀ ਘਰ ਵਿੱਚ ਕਿਤੇ ਨਜ਼ਰ ਨਹੀਂ ਆ ਰਹੀ ਸੀ।ਬਹੁਤ ਭਾਲ ਦੇ ਬਾਵਜੂਦ ਉਸ ਦਾ ਕੋਈ ਸੁਰਾਗ ਨਹੀਂ ਲੱਗਾ।ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੀ ਲੜਕੀ ਨੂੰ ਆਪਣੇ ਜਾਣ-ਪਛਾਣ ਵਾਲਿਆਂ ਨੂੰ ਨਾਲ ਲੈ ਕੇ ਲੜਕੀ ਦੀ ਭਾਲ ਕਰ ਰਹੇ ਸਨ, ਪਰ ਇਸੇ ਦੌਰਾਨ ਉਨ੍ਹਾਂ ਨੂੰ ਪਤਾ ਲੱਗਾ ਕਿ ਮੁਲਜ਼ਮ ਸਤਨਾਮ ਸਿੰਘ ਉਨ੍ਹਾਂ ਦੀ ਲੜਕੀ ਨੂੰ ਵਿਆਹ ਦਾ ਬਹਾਨਾ ਲਗਾ ਕੇ ਆਪਣੇ ਨਾਲ ਲੈ ਗਿਆ ਹੈ।ਮੱਖੂ ਥਾਣੇ ਦੇ ਸਹਾਇਕ ਐੱਸ ਐੱਚ ਓ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਸ਼ਿਕਾਇਤ ਦੇ ਆਧਾਰ 'ਤੇ ਮੁਲਜ਼ਮ ਨੂੰ ਨਾਮਜ਼ਦ ਕੀਤਾ ਗਿਆ ਹੈ।

### ਸੜਕ ਹਾਦਸੇ 'ਚ ਜ਼ਖਮੀ ਵਿਅਕਤੀ ਦੀ ਇਲਾਜ ਦੌਰਾਨ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤੇ ਦਿਨੀਂ ਮੰਡੀ ਗੋਬਿੰਦਗੜ੍ਹ ਦੇ ਬੱਤੀਆਂ ਵਾਲੇ ਚੌਕ 'ਚ ਵਾਪਰੇ ਸੜਕ ਹਾਦਸੇ 'ਚ ਜ਼ਖਮੀ ਹੋਏ ਵਿਅਕਤੀ ਦੀ ਇਲਾਜ ਦੌਰਾਨ ਮੌਤ ਹੋ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਨਿਤਿਨ ਸ਼ਰਮਾ ਵਾਸੀ ਆਦਰਸ਼ ਨਗਰ ਮੰਡੀ ਗੋਬਿੰਦਗੜ੍ਹ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਸ ਦਾ ਭਰਾ ਰਕੇਸ਼ ਕੁਮਾਰ ਮੰਡੀ ਗੋਬਿੰਦਗੜ੍ਹ ਦੇ ਬੱਤੀਆਂ ਵਾਲੇ ਚੌਕ 'ਚ ਬੱਸ ਦੀ ਉਡੀਕ ਕਰ ਰਿਹਾ ਸੀ ਤਾਂ ਤੇਜ਼ ਰਫਤਾਰ ਨਾਲ ਆ ਰਹੇ ਟਰੱਕ ਨੰਬਰ ਐੱਚ ਪੀ-12-ਕਿਊ-3626 ਦੇ ਚਾਲਕ ਨੇ ਅਣਗਹਿਲੀ ਨਾਲ ਟਰੱਕ ਚਲਾਉਂਦੇ ਹੋਏ ਰਕੇਸ਼ ਕੁਮਾਰ ਨੂੰ ਟੱਕਰ ਮਾਰ ਦਿੱਤੀ।ਗੰਭੀਰ ਜ਼ਖਮੀ ਹੋਏ ਰਕੇਸ਼ ਕੁਮਾਰ ਨੂੰ ਪੀ.ਜੀ.ਆਈ. ਚੰਡੀਗੜ੍ਹ ਵਿਖੇ ਦਾਖਲ ਕਰਵਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ।ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਨੇ ਟਰੱਕ ਦੇ ਨਾਮਾਲੂਮ ਚਾਲਕ ਵਿਰੁੱਧ ਅ/ਧ 279,337,304ਏ ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

### ਕੈਂਪ 'ਚ ਬਿਜਲੀ ਅਧਿਕਾਰੀਆਂ ਸੁਣੀਆਂ ਮੁਸ਼ਕਲਾਂ

**ਮਹਿਲ ਕਲਾਂ (ਬਲਵਿੰਦਰ ਵਜੀਦਕੇ)**-ਪੰਜਾਬ ਸਰਕਾਰ ਦੁਆਰਾ ਜੋ ਪਿੰਡਾਂ ਵਿੱਚ ਕੈਂਪ ਲਗਾਏ ਜਾ ਰਹੇ ਹਨ, ਉਸ ਤਹਿਤ ਅੱਜ ਪਿੰਡ ਵਜੀਦਕੇ ਖੁਰਦ ਵਿਖੇ ਪੀ ਐੱਸ ਪੀ ਸੀ ਐੱਲ ਵੱਲੋਂ ਵੀ ਕੈਂਪ ਵਿੱਚ ਸ਼ਮੂਲੀਅਤ ਕੀਤੀ ਗਈ ਅਤੇ ਖਪਤਕਾਰਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ, ਜਿਸ ਵਿੱਚ ਜੇ ਈ ਬਲਜੀਤ ਸਿੰਘ, ਸਹਿਲ ਸਿੰਗਲਾ, ਹਰਬੰਸ ਸਿੰਘ, ਲਾਇਨਮੈਨ ਚਰਨਜੀਤ ਸਿੰਘ, ਤਰਸੇਮ ਸਿੰਘ ਹਾਜ਼ਰ ਸਨ।

# ਹਾਰਵਰਡ ਕਾਨਵੈਂਟ ਸਕੂਲ 'ਚ ਸਾਲਾਨਾ ਸਪੋਰਟਸ ਮੀਟ ਤੇ ਇਨਾਮ ਵੰਡ ਸਮਾਰੋਹ




**ਬਾਘਾ ਪੁਰਾਣਾ (ਮਨੀ ਸਿੰਗਲਾ)**

ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਹਾਰਵਰਡ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਜਿੱਥੇ ਪੜ੍ਹਾਈ ਦੇ ਖੇਤਰ ਵਿੱਚ ਨਾਮਣਾ ਖੱਟ ਰਿਹਾ ਹੈ, ਉੱਥੇ ਹੀ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਉਨ੍ਹਾਂ ਨੂੰ ਖੇਡਾਂ ਸੰਬੰਧੀ ਉਤਸ਼ਾਹਤ ਕਰਨ ਲਈ ਵੀ ਉਪਰਾਲੇ ਕਰਨ ਲਈ ਹਮੇਸ਼ਾ ਤਤਪਰ ਹੈ।ਜ਼ਿਕਰਯੋਗ ਹੈ ਕਿ ਸਕੂਲ਼ ਵਿੱਚ ਸਕੂਲ਼ ਚੇਅਰਮੈਨ ਨਵਦੀਪ ਸਿੰਘ ਬਰਾੜ, ਡਾਇਰੈਕਟਰ ਇੰਜ. ਜਗਦੀਪ ਸਿੰਘ ਬਰਾੜ ਦੀ ਅਗਵਾਈ ਹੇਠ ਨਰਸਰੀ ਕਲਾਸ ਤੋਂ ਬਾਰਵੀਂ ਕਲਾਸ ਤੱਕ ਸਾਲਾਨਾ ਖੇਡਾਂ ਦਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ।ਦਿਨ ਦੀ ਸ਼ੁਰੂਆਤ ਖਾਸ ਸਭਾ ਨਾਲ ਹੋਈ, ਜਿਸ ਵਿੱਚ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਸਕੂਲ਼ ਚੇਅਰਮੈਨ ਨਵਦੀਪ ਸਿੰਘ ਬਰਾੜ ਨੇ ਖੇਡਾਂ ਦੀ ਮਹੱਤਤਾ ਦਸਦੇ ਹੋਏ ਜੇਤੂ ਬੱਚਿਆਂ ਨੂੰ ਵਧਾਈ ਦਿੱਤੀ ਤੇ ਬਾਕੀ ਬੱਚਿਆਂ ਨੂੰ ਵੀ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਭਾਗ ਲੈਣ ਲਈ ਉਤਸ਼ਾਹਤ ਕੀਤਾ।ਸਕੂਲ਼ ਡੀ ਪੀ ਸੰਜੀਵ ਕੁਮਾਰ ਨੇ ਦੱਸਿਆ ਕਿ ਇਸ ਸਪੋਰਟਸ ਮੀਟ ਵਿੱਚ ਕੁੜੀਆਂ-ਮੁੰਡਿਆਂ ਦੇ ਵੱਖ ਵੱਖ ਇੰਟਰ ਹਾਊਸ ਮੁਕਾਬਲੇ ਜਿਵੇਂ ਕਿ ਐਥਲੈਟਿਕਸ, ਖੋ-ਖੋ, ਵਾਲੀਬਾਲ, ਕ੍ਰਿਕਟ, ਬੈਡਮਿੰਟਨ, ਫੁੱਟਬਾਲ ਆਦਿ ਕਰਵਾਏ ਗਏ, ਜਿਸ ਵਿੱਚ ਬੱਚਿਆਂ ਨੇ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ ਸੀ।ਸਕੂਲ਼ ਦੇ ਚਾਰੇ ਹਾਊਸ, ਜਿਸ ਵਿੱਚ ਮਰਕਰੀ ਹਾਊਸ, ਵੀਨਸ ਹਾਊਸ, ਜੂਪੀਟਰ ਹਾਊਸ ਤੇ ਮਾਰਸ ਹਾਊਸ ਸ਼ਾਮਲ ਹੈ, ਵਿਚਕਾਰ ਜ਼ਬਰਦਸਤ ਮੁਕਾਬਲਾ ਦੇਖਣ ਨੂੰ ਮਿਲਿਆ। ਮਾਰਸ ਹਾਊਸ ਨੇ 61 ਗੋਲਡ, 56 ਸਿਲਵਰ ਤੇ 64 ਬਰੋਨਜ਼ ਮੈਡਲ ਜਿੱਤ ਕੇ ਓਵਰਆਲ ਖੇਡ ਟਰਾਫੀ ਆਪਣੇ ਨਾਮ ਕੀਤੀ।ਨਾਲ ਹੀ ਮਰਕਰੀ ਹਾਊਸ ਨੇ 58 ਗੋਲਡ, 52 ਸਿਲਵਰ ਤੇ 47 ਬਰੋਨਜ਼ ਮੈਡਲ ਜਿੱਤ ਕੇ ਦੂਸਰਾ ਸਥਾਨ ਪ੍ਰਾਪਤ ਕੀਤਾ ਅਤੇ ਵੀਨਸ ਤੇ ਜੂਪੀਟਰ ਹਾਊਸ ਤੀਜੇ ਸਥਾਨ 'ਤੇ ਰਹੇ। ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਸਕੂਲ਼ ਡਾਇਰੈਕਟਰ ਇੰਜ. ਜਗਦੀਪ ਸਿੰਘ ਬਰਾੜ ਨੇ ਕਿਹਾ ਕਿ ਖੇਡਾਂ ਸਾਡੇ ਜੀਵਨ ਦਾ ਨਵੇਕਲਾਂ ਅੰਗ ਹਨ, ਜੋ ਮਨੁੱਖ ਦੇ ਸਰਵਪੱਖੀ ਵਿਕਾਸ ਵਿੱਚ ਸਹਾਈ ਹੁੰਦੀਆਂ ਹਨ।ਉਨ੍ਹਾਂ ਬੱਚਿਆਂ ਨੂੰ ਮੋਬਾਇਲ ਫੋਨ ਜਾਂ ਹੋਰ ਵੀਡਿਓ ਗੇਮਾਂ ਨੂੰ ਨਕਾਰ ਕੇ ਬਾਹਰੀ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਤ ਕੀਤਾ।

ਇਸ ਸਮੇਂ ਸੀਨੀ. ਕੋਆਰਡੀਨੇਟਰ ਧਰਮਦਾਸ ਸਿੰਘ, ਮਿਡਲ ਵਿੰਗ ਕੋਆਰਡੀਨੇਟਰ ਕਮਲਜੀਤ ਕੌਰ, ਪ੍ਰਾਇਮਰੀ ਵਿੰਗ ਕੋਆਰਡੀਨੇਟਰ ਗੀਤਾ ਸ਼ਰਮਾ, ਸਪੋਰਟਸ ਇੰਚਾਰਜ ਸੰਜੀਵ ਕੁਮਾਰ, ਐਕਟੀਵਿਟੀ ਇੰਚਾਰਜ ਸਰਿਤਾ ਸ਼ਰਮਾ ਸਮੇਤ ਸਮੂਹ ਟੀਚਿੰਗ ਤੇ ਨਾਨ-ਟੀਚਿੰਗ ਸਟਾਫ ਸ਼ਾਮਲ ਸਨ।

# ਮਜ਼ਦੂਰਾਂ ਲਈ ਢੁਕਵੇਂ ਬਜਟ ਵਾਸਤੇ ਵਿਧਾਇਕ ਦੇ ਘਰ ਵੱਲ 2 ਨੂੰ ਮਾਰਚ ਦਾ ਐਲਾਨ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਆਪ ਸਰਕਾਰ ਵੱਲੋਂ 5ਮਾਰਚ ਨੂੰ ਪੇਸ਼ ਕੀਤੇ ਜਾਣ ਵਾਲੇ ਬਜਟ ਵਿੱਚ ਮਜ਼ਦੂਰ ਵਰਗ ਲਈ ਢੁੱਕਵੇਂ ਬਜਟ ਦਾ ਪ੍ਰਬੰਧ ਯਕੀਨੀ ਬਣਾਉਣ ਲਈ 2 ਮਾਰਚ ਨੂੰ ਵਿਧਾਇਕ ਜਗਰੂਪ ਸਿੰਘ ਦੇ ਘਰਤੱਕ ਮਾਰਚ ਕਰਕੇ ਮੰਗ ਪੱਤਰ ਦਿੱਤਾ ਜਾਵੇਗਾ।ਇਹ ਫੈਸਲਾ ਬਠਿੰਡਾ ਵਿੱਚ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੀਹੋਈ ਜ਼ਿਲ੍ਹਾ ਪੱਧਰੀ ਮੀਟਿੰਗ ਵਿੱਚ ਕੀਤਾ ਗਿਆ।ਮੀਟਿੰਗ ਦੀ ਪ੍ਰਧਾਨਗੀ ਮਨਦੀਪ ਸਿੰਘ ਸਿਬੀਆ ਨੇਕੀਤੀ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਪ੍ਰਧਾਨ ਜੋਰਾ ਸਿੰਘ ਨਸਰਾਲੀ ਨੇ ਦੱਸਿਆ ਕਿ ਵਿਧਾਇਕ ਜਗਰੂਪ ਸਿੰਘ ਨੂੰ ਦਿੱਤੇ ਜਾਣ ਵਾਲੇ ਮੰਗ ਪੱਤਰ ਵਿੱਚ ਮਜ਼ਦੂਰਾਂ ਦੇ ਪੱਕੇ ਰੁਜ਼ਗਾਰ ਦੀ ਗਰੰਟੀ ਕਰਨ, ਦਿਹਾੜੀ 700 ਰੁਪਏ ਕਰਨ, ਮਨਰੇਗਾ ਸਕੀਮ ਤਹਿਤ ਸਾਲ ਭਰ ਕੰਮ ਦੇਣ, ਮਾਈਕਰੋਫਾਈਨਾਂਸ ਕੰਪਨੀਆਂ ਸਮੇਤ ਮਜ਼ਦੂਰਾਂ ਕਿਸਾਨਾਂ ਤੇ ਔਰਤਾਂ ਸਿਰ ਚੜ੍ਹਿਆ ਸਮੁੱਚਾ ਕਰਜ਼ਾ ਮੁਆਫ਼ ਕਰਨ ਤੇ ਅੱਗੇ ਤੋਂ ਸਸਤੇ ਕਰਜ਼ਿਆਂ ਦਾ ਪ੍ਰਬੰਧ ਕਰਨ, ਬੁਢਾਪਾ ਵਿਧਵਾ ਅੰਗਹੀਣ ਆਸ਼ਰਿਤਾਂ ਦੀ ਪੈਨਸ਼ਨ ਪੰਜ ਹਜ਼ਾਰ ਰੁਪਏ ਮਹੀਨਾ ਕਰਨ, ਚੋਣ ਗਰੰਟੀ ਮੁਤਾਬਕ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ, ਸਭਨਾਂ ਬੇਘਰਿਆਂ ਤੇ ਲੋੜਵੰਦਾਂ ਨੂੰ ਪਲਾਟ ਦੇਣ ਤੇ ਮਕਾਨ ਉਸਾਰੀ ਲਈ ਪੰਜ ਲੱਖ ਰੁਪਏ ਦੀ ਗਰਾਂਟ ਦੇਣ, ਜਨਤਕ ਵੰਡ ਪ੍ਰਣਾਲੀ ਮਜ਼ਬੂਤ ਕਰਕੇ ਡਿੱਪੂਆਂ ਰਸੋਈ ਤੇ ਘਰੇਲੂ ਵਰਤੋਂ ਦੀਆਂ ਜ਼ਰੂਰੀ ਵਸਤਾਂ ਦੀ ਸਪਲਾਈ ਯਕੀਨੀ ਬਣਾਉਣ, ਤਿੱਖੇ ਜ਼ਮੀਨੀ ਸੁਧਾਰ ਲਾਗੂ ਕਰਕੇ ਵਾਧੂ ਜ਼ਮੀਨਾਂ ਦੀ ਵੰਡ ਖੇਤ ਮਜ਼ਦੂਰਾਂ ਤੇ ਗਰੀਬ ਕਿਸਾਨਾਂ 'ਚ ਕਰਨ, ਪੰਚਾਇਤੀ ਜ਼ਮੀਨਾਂ ਦਾ ਤੀਜਾ ਹਿੱਸਾ ਜ਼ਮੀਨ ਸਸਤੇ ਭਾਅ ਮਜ਼ਦੂਰਾਂ ਨੂੰ ਠੇਕੇ 'ਤੇ ਦੇਣ ਤੇ ਮਜ਼ਦੂਰ ਕਿਸਾਨ ਪੱਖੀ ਖੇਤੀ ਨੀਤੀ ਲਿਆਉਣ ਦੀ ਮੰਗ ਕੀਤੀ ਜਾਵੇਗੀ । ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਗੁਲਾਬ ਮਾਈਸਰਖਾਨਾ, ਤੀਰਥ ਸਿੰਘ ਕੋਠਾ ਗੁਰੂ, ਜਸਵਿੰਦਰ ਕੌਰ, ਮਨਜੀਤ ਕੌਰ, ਰਮਨਦੀਪ ਕੌਰ ਜਿਉਣ, ਗੁਰਮੀਤ ਸਿੰਘ ਕੋਟਗੁਰੂ, ਜਰਨੈਲ ਸਿੰਘ ਆਕਲੀਆ, ਮਾੜਾ ਸਿੰਘ ਕਿਲੀ ਨਿਹਾਲ ਸਿੰਘ ਵਾਲਾ, ਨਛੱਤਰ ਸਿੰਘ ਚੱਠੇਵਾਲਾ, ਗੁਰਨੈਬ ਸਿੰਘ ਚਨਾਰਥਲ ਤੇ ਮੱਖਣ ਸਿੰਘ ਦਿਊਣ ਆਦਿ ਆਗੂ ਹਾਜ਼ਰ ਸਨ।ਮੀਟਿੰਗ ਵਿੱਚ ਹੱਕੀ ਮੰਗਾਂ ਲਈ ਜੂਝ ਰਹੇ ਕਿਸਾਨਾਂ ਉੱਤੇ ਮੋਦੀ ਤੇ ਖੱਟਰ ਦੀ ਫਿਰਕੂ ਫਾਸ਼ੀ ਹਕੂਮਤ ਵੱਲੋਂ ਜਬਰ ਢਾਹੁਣ, ਸ਼ੁਭਕਰਨ ਸਿੰਘ ਬੱਲੋ ਸਮੇਤ ਹੋਰ ਕਿਸਾਨਾਂ ਨੂੰ ਸ਼ਹੀਦ ਤੇ ਸੈਂਕੜਿਆਂ ਨੂੰ ਜ਼ਖ਼ਮੀ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕਰਨ ਦੀ ਮੰਗ ਕੀਤੀ ਗਈ।

# ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਮਹਿਲ ਕਲਾਂ ਚੋਪੜਾ ਪੱਤੀ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਐੱਸ ਸੀ ਵਿੰਗ ਦੇ ਸੂਬਾ ਪ੍ਰਧਾਨ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਗੁਰੂ ਰਵਿਦਾਸ ਜੀ ਨੂੰ ਇੱਕ ਕਰਾਂਤੀਕਾਰੀ ਮਹਾਂਪੁਰਸ਼ ਦੱਸਦਿਆਂ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਸਮਾਜ 'ਚੋਂ ਉਚ-ਨੀਚ ਤੇ ਜਾਤ-ਪਾਤ ਵਰਗੇ ਕੂੜ ਅੰਧਕਾਰ ਨੂੰ ਖਤਮ ਕਰਕੇ ਗਿਆਨ ਦਾ ਪ੍ਰਕਾਸ਼ ਫੈਲਾਇਆ ਤੇ ਲੋਕਾਂ ਨੂੰ ਹੱਕ-ਸੱਚ ਦੀ ਕਿਰਤ ਕਰਨ ਤੇ ਪ੍ਰਮਾਤਮਾ ਦੀ ਬੰਦਗੀ ਕਰਨ ਲਈ ਪ੍ਰੇਰਿਤ ਕੀਤਾ।ਪ੍ਰਸਿੱਧ ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ ਨੇ ਗੁਰੂ ਰਵਿਦਾਸ ਦੀਆਂ ਸਿੱਖਿਆਵਾਂ 'ਤੇ ਵਿਸਥਾਰਪੂਰਵਕ ਢੰਗ ਨਾਲ ਚਾਨਣਾ ਪਾਉਂਦਿਆਂ ਲੋਕਾਂ ਸਮਾਜਿਕ ਬੁਰਾਈਆਂ ਦੂਰ ਰਹਿਣ ਦੀ ਅਪੀਲ ਕੀਤੀ।ਪ੍ਰਬੰਧਕਾਂ ਵੱਲੋਂ ਵਿਧਾਇਕ ਪੰਡੋਰੀ ਸਮੇਤ ਵੱਖ-ਵੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਲੋਕਲ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖਾਲਸਾ, ਸਮਾਜ ਸੇਵੀ ਸਰਬਜੀਤ ਸਿੰਘ ਸ਼ੰਭੂ, ਅਮਰਜੀਤ ਸਿੰਘ ਮਹਿਲ ਕਲਾਂ, ਤੇਜਪਾਲ ਸਿੰਘ ਮਠਾੜੂ, ਹਰੀ ਸਿੰਘ, ਮਨਜੀਤ ਸਿੰਘ ਸਹਿਜੜਾ, ਦਰਸ਼ਨ ਸਿੰਘ ਫੌਜੀ, ਬੱਗਾ ਸਿੰਘ ਮਹਿਲ ਕਲਾਂ, ਸੋਸ਼ਲ ਮੀਡੀਆ ਪ੍ਰਧਾਨ ਮੋਹਿਤ ਕੁਮਾਰ ਗਰਗ, ਜੰਗੀਰ ਸਿੰਘ ਦਿਉਲ, ਅਮਰਜੀਤ ਸਿੰਘ ਬੱਸੀਆਂ ਵਾਲੇ ਆਦਿ ਹਾਜ਼ਰ ਸਨ।

# ਰਾਠੀ ਦੇ ਸ਼ੱਕੀ ਕਤਲ ਦੀ ਸੀ ਬੀ ਆਈ ਨਿਰਪੱਖਤਾ ਨਾਲ ਜਾਂਚ ਕਰੇ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਹਰਿਆਣਾ ਦੀ ਇੰਡੀਅਨ ਨੈਸ਼ਨਲ ਲੋਕ ਦਲ ਪਾਰਟੀ ਦੇ ਪ੍ਰਧਾਨ ਸ੍ਰੀ ਨਫੇ ਸਿੰਘ ਰਾਠੀ ਕਾਫ਼ੀ ਸਮੇਂ ਤੋਂ ਆਪਣੀ ਜਾਨ ਦੇ ਖ਼ਤਰੇ ਨੂੰ ਮਹਿਸੂਸ ਕਰਦੇ ਹੋਏ ਹਰਿਆਣਾ ਸਰਕਾਰ ਤੋਂ ਲੋੜੀਂਦੀ ਸੁਰੱਖਿਆ ਦਾ ਪ੍ਰਬੰਧ ਕਰਨ ਦੀ ਮੰਗ ਕਰ ਰਹੇ ਸਨ, ਪਰ ਹਰਿਆਣਾ ਸਰਕਾਰ ਜਾਂ ਉਸ ਦੇ ਗ੍ਰਹਿ ਵਜ਼ੀਰ ਸ੍ਰੀ ਅਨਿਲ ਵਿੱਜ ਵੱਲੋਂ ਉਨ੍ਹਾਂ ਦੀ ਸੁਰੱਖਿਆ ਦੇ ਮੁੱਦੇ ਨੂੰ ਗੰਭੀਰਤਾ ਨਾਲ ਨਾ ਲੈਂਦੇ ਹੋਏ ਸਹੀ ਸਮੇਂ 'ਤੇ ਉਨ੍ਹਾਂ ਦੀ ਸੁਰੱਖਿਆ ਦਾ ਪ੍ਰਬੰਧ ਨਾ ਕਰਨਾ ਇਸ ਗੱਲ ਦੀ ਪ੍ਰਤੱਖ ਸ਼ੰਕਾ ਉਤਪੰਨ ਕਰਦਾ ਹੈ ਕਿ ਸ੍ਰੀ ਰਾਠੀ ਦੇ ਹੋਏ ਕਤਲ ਪਿੱਛੇ ਹਕੂਮਤੀ ਪੱਧਰ 'ਤੇ ਵੀ ਕੋਈ ਸਾਜ਼ਿਸ਼ ਹੋ ਸਕਦੀ ਹੈ।ਇਸ ਲਈ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਇਨਸਾਨੀਅਤ ਤੇ ਮਨੁੱਖਤਾ ਦੇ ਬਿਨਾਅ 'ਤੇ ਸੀ.ਬੀ.ਆਈ. ਤੋਂ ਇਹ ਜ਼ੋਰਦਾਰ ਮੰਗ ਕਰਦਾ ਹੈ ਕਿ ਇਸ ਦੀ ਨਿਰਪੱਖਤਾ ਨਾਲ ਜਾਂਚ ਕੀਤੀ ਜਾਵੇ ਤੇ ਉਨ੍ਹਾਂ ਦੇ ਕਾਤਲਾਂ ਨੂੰ ਸਾਹਮਣੇ ਲਿਆ ਕੇ ਕਾਨੂੰਨ ਅਨੁਸਾਰ ਬਣਦੀਆਂ ਸਜ਼ਾਵਾਂ ਦਿਵਾਈਆਂ ਜਾਣ ।ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਐਮ.ਪੀ. ਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਹਰਿਆਣਾ ਵਿੱਚ ਇਨੈਲੋ ਦੇ ਪ੍ਰਧਾਨ ਸ੍ਰੀ ਨਫੇ ਸਿੰਘ ਰਾਠੀ ਦੇ ਹੋਏ ਕਤਲ ਨੂੰ ਹਕੂਮਤੀ ਪੱਧਰ ਉਤੇ ਸ਼ੱਕੀ ਕਰਾਰ ਦਿੰਦੇ ਹੋਏ ਤੇ ਇਸ ਦੀ ਨਿਰਪੱਖਤਾ ਨਾਲ ਸੀ.ਬੀ.ਆਈ. ਤੋਂ ਜਾਂਚ ਕਰਵਾਉਣ ਦੀ ਮੰਗ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾ ਕਿਹਾ ਕਿ ਬੀਜੇਪੀ-ਆਰ.ਐਸ.ਐਸ. ਦੇ ਕੱਟੜਵਾਦੀ ਹੁਕਮਰਾਨ ਇਥੋ ਤੱਕ ਗਿਰ ਚੁੱਕੇ ਹਨ ਕਿ ਇਨ੍ਹਾਂ ਨੇ ਪਹਿਲੇ ਆਪਣੇ ਸੁਰੱਖਿਆ ਸਲਾਹਕਾਰ ਸ੍ਰੀ ਅਜੀਤ ਡੋਵਾਲ, ਖੁਫੀਆ ਏਜੰਸੀਆ ਆਈ.ਬੀ, ਰਾਅ, ਮਿਲਟਰੀ ਇੰਨਟੈਲੀਜੈਂਸ ਆਦਿ ਦੀ ਦੁਰਵਰਤੋਂ ਕਰਕੇ ਸਾਡੇ ਸਿੱਖ ਨੌਜਵਾਨ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ, ਸੁਖਦੂਲ ਸਿੰਘ, ਅਵਤਾਰ ਸਿੰਘ ਖੰਡਾ, ਪਰਮਜੀਤ ਸਿੰਘ ਪੰਜਵੜ, ਲਖਬੀਰ ਸਿੰਘ ਰੋਡੇ, ਦੀਪ ਸਿੰਘ ਸਿੱਧੂ ਤੇ ਸ਼ੁਭਦੀਪ ਸਿੰਘ ਸਿੱਧੂ ਮੂਸੇਵਾਲਾ ਦੇ ਕਤਲ ਕਰਵਾਏ ਹਨ, ਜਿਸ ਦਾ ਸੱਚ ਕੈਨੇਡਾ ਤੇ ਅਮਰੀਕਾ ਦੀਆਂ ਹਕੂਮਤਾਂ ਨੇ ਸੰਸਾਰ ਪੱਧਰ 'ਤੇ ਸਾਹਮਣੇ ਲਿਆ ਕੇ ਇੰਡੀਆ ਦੀ ਮੌਜੂਦਾ ਮੋਦੀ ਹਕੂਮਤ ਦੇ ਮਨੁੱਖਤਾ ਵਿਰੋਧੀ ਖੂੰਖਾਰ ਚਿਹਰੇ ਨੂੰ ਬਾਦਲੀਲ ਢੰਗ ਨਾਲ ਉਜਾਗਰ ਕੀਤਾ ਹੈ।ਅਜਿਹੇ ਹਕੂਮਤੀ ਕਾਤਲ ਸ੍ਰੀ ਨਫੇ ਸਿੰਘ ਰਾਠੀ ਵਰਗੇ ਸਿਆਸਤਦਾਨ ਦਾ ਕਤਲ ਵੀ ਕਰਵਾ ਸਕਦੇ ਹਨ, ਜਿਸ ਦੀ ਕੌਮਾਂਤਰੀ ਪੱਧਰ ਦੀਆਂ ਨਿਰਪੱਖ ਏਜੰਸੀਆਂ ਜਾਂ ਸੀ.ਬੀ.ਆਈ. ਤੋਂ ਜਾਂਚ ਹੋਣੀ ਚਾਹੀਦੀ ਹੈ ਤੇ ਕੋਈ ਵੀ ਕਾਤਲ ਕਾਨੂੰਨ ਦੀ ਨਜ਼ਰ ਤੋਂ ਬਚ ਕੇ ਨਹੀਂ ਜਾਣਾ ਚਾਹੀਦਾ।

# ਜੰਗਲਾਤ ਵਰਕਰਾਂ ਨੇ ਮੁੱਖ ਮੰਤਰੀ ਦੇ ਨਾਂਅ ਵਿਧਾਇਕ ਗੋਲਡੀ ਨੂੰ ਦਿੱਤਾ ਮੰਗ ਪੱਤਰ



**ਜਲਾਲਾਬਾਦ (ਜੀਤ ਕੁਮਾਰ)**-ਜੰਗਲਾਤ ਵਰਕਰਜ਼ ਯੂਨੀਅਨ ਬ੍ਰਾਂਚ ਜਲਾਲਾਬਾਦ ਵੱਲੋਂ ਸੂਬਾ ਕਮੇਟੀ ਦੇ ਉਲੀਕੇ ਪ੍ਰੋਗਰਾਮ ਤਹਿਤ ਹਲਕਾ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਰਾਹੀਂ ਪੰਜਾਬ ਦੇ ਮੁੱਖ ਮੰਤਰੀ ਨੂੰ ਮੰਗ ਪੱਤਰ ਭੇਜਿਆ ਗਿਆ। ਇਸ ਇਸ ਮੌਕੇ ਯੂਨੀਅਨ ਦੇ ਬ੍ਰਾਂਚ ਕਾਲਾ ਸਿੰਘ, ਜਨਰਲ ਸਕੱਤਰ ਸੁਖਦੇਵ ਸਿੰਘ, ਫੈਡਰੇਸ਼ਨ ਦੇ ਆਗੂ ਫੁੰਮਣ ਸਿੰਘ, ਪਰਮਜੀਤ ਸਿੰਘ ਸੋਹਣਾ ਸਾਂਦੜ ਸਮੇਤ ਵੱਡੀ ਗਿਣਤੀ ਵਿੱਚ ਜੰਗਲਾਤ ਵਿਭਾਗ ਦੇ ਵਰਕਰਜ਼ ਮੌਜੂਦ ਸਨ। ਯੂਨੀਅਨ ਦੇ ਆਗੂਆਂ ਨੇ ਦੱਸਿਆ ਕਿ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਹਲਕਾ ਵਿਧਾਇਕ ਜਗਦੀਪ ਕੰਬੋਜ ਗੋਲਡੀ ਰਾਹੀਂ ਪੰਜਾਬ ਦੇ ਮੁੱਖ ਮੰਤਰੀ ਨੂੰ ਮੰਗ ਪੱਤਰ ਭੇਜਿਆ ਗਿਆ ਹੈ। ਉਨ੍ਹਾ ਕਿਹਾ ਕਿ 4 ਮਾਰਚ 2024 ਨੂੰ ਸੂਬਾ ਪੱਧਰੀ ਪ੍ਰੋਗਰਾਮ ਉਲੀਕਿਆ ਗਿਆ ਹੈ, ਜੇਕਰ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ ਤਾਂ ਜਲਾਲਾਬਾਦ ਤੋਂ ਜੰਗਲਾਤ ਵਰਕਰਜ਼ ਯੂਨੀਅਨ ਦੇ ਵਰਕਰ ਵੱਡੀ ਗਿਣਤੀ ਵਿਚ ਧਰਨੇ ਵਿੱਚ ਸ਼ਿਰਕਤ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਛਿੰਦਰ ਸਿੰਘ, ਹਰਮੇਸ਼ ਕੁਮਾਰ, ਗੁਰਮੀਤ ਸਿੰਘ, ਰਾਜ ਕੁਮਾਰ, ਦਲਜੀਤ ਸਿੰਘ, ਪਰਮਜੀਤ ਸਿੰਘ, ਸਤਵਿੰਦਰ ਸਿੰਘ, ਬਿੱਟੂ ਸਿੰਘ ਆਦਿ ਨੇ ਸ਼ਿਰਕਤ ਕੀਤੀ ਤੇ ਮੰਗ ਕੀਤੀ ਕਿ ਜੇਕਰ ਮੰਗਾਂ ਦਾ ਹੱਲ ਨਹੀਂ ਹੁੰਦਾ ਤਾਂ ਹੋਰ ਤੱਕੜੇ ਸੰਘਰਸ਼ ਕੀਤੇ ਜਾਣਗੇ।

# ਸਰਵ ਹਿੱਤਕਾਰੀ ਸਕੂਲ ਵਿਖੇ ਸਰਸਵਤੀ ਪੂਜਨ ਤੇ ਗੋਸ਼ਟੀ



**ਜਗਰਾਉਂ (ਅਮਿਤ ਖੰਨਾ)**-ਸ਼੍ਰੀਮਤੀ ਸਤੀਸ਼ ਗੁਪਤਾ ਸਰਵ ਹਿੱਤਕਾਰੀ ਵਿੱਦਿਆ ਮੰਦਿਰ ਸੀਨੀਅਰ ਸੈਕੰਡਰੀ ਸਕੂਲ ਜਗਰਾਉਂ ਵਿਖੇ ਪ੍ਰਿੰਸੀਪਲ ਸ਼੍ਰੀਮਤੀ ਨੀਲੂ ਨਰੂਲਾ ਦੀ ਅਗਵਾਈ ਹੇਠ ਵਿਦਿਆ ਭਾਰਤੀ ਪੰਜਾਬ ਵੱਲੋਂ ਸਰਸਵਤੀ ਪੂਜਨ ਤੇ ਗੋਸ਼ਟੀ ਦਾ ਆਯੋਜਨ ਕੀਤਾ ਗਿਆ। ਇਸ ਗੋਸ਼ਟੀ ਦੇ ਮੁੱਖ ਵਕਤਾ ਰਵਿੰਦਰ ਵਧਾਵਨ ਸਨ, ਜੋ ਵਿੱਦਿਆ ਭਾਰਤੀ ਪੰਜਾਬ ਦੇ ਕਾਰਜਕਾਰੀ ਮੈਂਬਰ ਹਨ। ਗੋਸ਼ਟੀ ਦੀ ਸ਼ੁਰੂਆਤ ਦੀਪ ਪ੍ਰਜਵਲਿਤ ਕਰਕੇ ਕੀਤੀ ਗਈ, ਜਿਸ ਵਿੱਚ ਮੁੱਖ ਮਹਿਮਾਨ ਰਵਿੰਦਰ ਵਧਾਵਨ, ਪੈਟਰਨ ਸ੍ਰ. ਰਵਿੰਦਰ ਸਿੰਘ ਵਰਮਾ, ਪੈਟਰਨ ਰਾਜਿੰਦਰ ਸ਼ਰਮਾ, ਪ੍ਰਧਾਨ ਰਵਿੰਦਰ ਗੁਪਤਾ, ਪ੍ਰਬੰਧਕ ਐਡਵੋਕੇਟ ਵਿਵੇਕ ਭਾਰਦਵਾਜ, ਡਾਕਟਰ ਬੀ ਬੀ ਸਿੰਗਲਾ, ਮੈਂਬਰ ਦਰਸ਼ਨ ਲਾਲ ਸ਼ੰਮੀ, ਮੈਂਬਰ ਅਰੁਣ ਸਿੰਗਲਾ, ਕੁਮਾਰੀ ਸਰੋਜ, ਸ੍ਰੀਮਤੀ ਨੀਲਮ, ਰਿਟਾਇਰਡ ਕਰਨਲ ਇੰਦਰਪਾਲ ਸਿੰਘ, ਵਿਨੇ ਸਿੰਗਲਾ, ਹਰੀਸ਼ ਚੰਦਰ ਐੱਮ ਐੱਲ ਬੀ ਗੁਰੂ ਕੁੱਲ ਸਟਾਫ, ਸਰਵ ਹਿੱਤਕਾਰੀ ਸਟਾਫ ਪ੍ਰਿੰਸੀਪਲ ਨੀਲੂ ਨਰੂਲਾ ਤੇ ਹੋਰ ਪਤਵੰਤੇ ਸੱਜਣ ਸ਼ਾਮਲ ਸਨ। ਉਪਰੰਤ ਬਾਲ ਸੰਸਕਾਰ ਕੇਂਦਰਾਂ ਉੱਪਰ ਅਧਾਰਤ ਇੱਕ ਡਾਕੂਮੈਂਟਰੀ ਫਿਲਮ ਦਿਖਾਈ ਗਈ, ਜਿਸ ਵਿੱਚ ਇਹ ਦਿਖਾਇਆ ਗਿਆ ਕਿ ਜੋ ਵਿਦਿਆਰਥੀ ਆਰਥਿਕ ਸਹਾਇਤਾ ਦੀ ਕਮੀ ਕਰਕੇ ਸਕੂਲ ਪੜ੍ਹਨ ਨਹੀਂ ਜਾ ਸਕਦੇ ਤਾਂ ਵਿੱਦਿਆ ਭਾਰਤੀ ਦੀ ਅਣਥੱਕ ਘਾਲਣਾ ਕਰਕੇ ਵਿਦਿਆਰਥੀ ਸੰਸਕਾਰ ਕੇਂਦਰਾਂ ਵਿੱਚ ਜਾ ਕੇ ਵਿੱਦਿਆ ਪ੍ਰਾਪਤ ਕਰ ਸਕਦੇ ਹਨ, ਜੋ ਕਿ ਇੱਕ ਲੋਕ-ਭਲਾਈ ਦਾ ਕੰਮ ਹੈ। ਪ੍ਰਿੰਸੀਪਲ ਨਰੂਲਾ ਨੇ ਦੱਸਿਆ ਕਿ ਵਿੱਦਿਆ ਭਾਰਤੀ ਵੱਲੋਂ ਸੰਸਕਾਰ ਕੇਂਦਰਾਂ ਵਿੱਚ ਬੱਚਿਆਂ ਨੂੰ ਮੁਫਤ ਸਿੱਖਿਆ ਦਿੱਤੀ ਜਾਂਦੀ ਹੈ। ਪ੍ਰਬੰਧਕ ਐਡਵੋਕੇਟ ਵਿਵੇਕ ਭਾਰਦਵਾਜ ਨੇ ਸ੍ਰੀ ਰਵਿੰਦਰ ਵਧਾਵਨ ਦੇ ਵਿਸ਼ਿਆਂ ਦਾ ਨਿਚੋੜ ਕੱਢਦਿਆ ਦੱਸਿਆ ਕਿ ਵਿੱਦਿਆ ਭਾਰਤੀ ਵੱਲੋਂ ਸਭ ਤੋਂ ਪਹਿਲਾਂ ਸਰਸਵਤੀ ਸ਼ਿਸ਼ੂ ਮੰਦਿਰ ਸਕੂਲ 1952 ਵਿੱਚ ਗੋਰਖਪੁਰ ਵਿਖੇ ਖੋਲ੍ਹਿਆ ਗਿਆ। ਵਿੱਦਿਆ ਭਾਰਤੀ ਦੇ ਕੁੱਲ 125 ਸਕੂਲ ਚੱਲ ਰਹੇ ਹਨ, ਜਿਨ੍ਹਾਂ 'ਚ ਸੰਸਕਾਰ ਯੁਕਤ ਸਿੱਖਿਆ ਦਿੱਤੀ ਜਾਂਦੀ ਹੈ। ਸਾਡੇ ਸਰਵਹਿੱਤਕਾਰੀ ਸਕੂਲ ਵੱਲੋਂ ਤਿੰਨ ਸੰਸਕਾਰ ਕੇਂਦਰ ਚੱਲ ਰਹੇ ਹਨ ਤੇ ਚੌਥਾ ਸੰਸਕਾਰ ਕੇਂਦਰ ਸ਼ੁਰੂ ਕਰਨ ਜਾ ਰਹੇ ਹਨ। ਇਨ੍ਹਾਂ ਸੰਸਕਾਰ ਕੇਂਦਰਾਂ ਵਿੱਚ ਬੱਚਿਆਂ ਨੂੰ ਦੋ ਘੰਟੇ 'ਚ ਪੜ੍ਹਾਈ ਤੇ ਸੰਸਕਾਰਾਂ ਬਾਰੇ ਸਿਖਾਇਆ ਜਾਂਦਾ ਹੈ ਤੇ ਇਹ ਸੰਸਕਾਰ ਕੇਂਦਰ ਪਤਵੰਤੇ ਸੱਜਣਾਂ ਦੀ ਕਿਰਪਾ ਤੇ ਆਰਥਿਕ ਸਹਿਯੋਗ ਨਾਲ ਹੀ ਚਲਾਏ ਜਾਂਦੇ ਹਨ, ਕਿਉਂਕਿ ਵਿੱਦਿਆ ਦਾਨ ਸਭ ਤੋਂ ਵੱਡਾ ਦਾਨ ਹੈ। ਸਕੂਲ ਦੇ ਪ੍ਰਧਾਨ ਰਵਿੰਦਰ ਗੁਪਤਾ, ਪ੍ਰਬੰਧਕ ਐਡਵੋਕੇਟ ਵਿਵੇਕ ਭਾਰਦਵਾਜ, ਡਾਕਟਰ ਬੀ ਬੀ ਸਿੰਗਲਾ, ਪੈਟਰਨ ਰਾਜਿੰਦਰ ਸ਼ਰਮਾ ਤੇ ਪ੍ਰਿੰਸੀਪਲ ਨੀਲੂ ਨਰੂਲਾ ਨੇ ਆਏ ਹੋਏ ਮਹਿਮਾਨ ਸ੍ਰੀ ਰਵਿੰਦਰ ਵਧਾਵਨ ਨੂੰ ਸਨਮਾਨਤ ਕੀਤਾ। ਉਪਰੰਤ ਸਮਰਪਣ ਦੀ ਰਸਮ ਅਦਾ ਕੀਤੀ ਗਈ, ਜਿਸ ਵਿੱਚ ਆਏ ਹੋਏ ਸਾਰੇ ਪਤਵੰਤੇ ਸੱਜਣਾਂ ਨੇ ਆਪਣੇ ਕਮਾਈ ਦਾ ਕੁਝ ਹਿੱਸਾ ਸਮਰਪਣ ਕੀਤਾ, ਜੋ ਇੱਕ ਬਹੁਤ ਹੀ ਬਹੁਮੁੱਲਾ ਦਾਨ ਹੈ। ਅੰਤ ਵਿੱਚ ਰਿਫਰੈਸ਼ਮੈਂਟ ਦੇ ਕੇ ਅੱਜ ਦੀ ਗੋਸ਼ਟੀ ਸਮਾਗਮ ਦਾ ਸਮਾਪਨ ਕੀਤਾ ਗਿਆ।

# ਹਰਿਆਣਾ-ਪੰਜਾਬ ਬਾਰਡਰਾਂ 'ਤੇ ਹਾਲਾਤ ਭਾਰਤ-ਪਾਕਿ ਵਰਗੇ : ਹਰਸਿਮਰਤ ਬਾਦਲ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਸਾਬਕਾ ਕੇਂਦਰੀ ਮੰਤਰੀ ਤੇ ਬਠਿੰਡਾ ਦੇ ਐੱਮ ਪੀ ਹਰਸਿਮਰਤ ਕੌਰ ਬਾਦਲ ਨੇ ਪੰਜਾਬ ਦੇ ਰਾਜਪਾਲ ਸ੍ਰੀ ਬਨਵਾਰੀ ਲਾਲ ਪੁਰੋਹਿਤ ਨੂੰ ਅਪੀਲ ਕੀਤੀ ਹੈ ਕਿ ਉਹ ਸੰਘਰਸ਼ਸ਼ੀਲ ਕਿਸਾਨਾਂ ਤੇ ਕੇਂਦਰ ਸਰਕਾਰ ਦਰਮਿਆਨ ਗੱਲਬਾਤ ਰਾਹੀਂ ਮਸਲੇ ਦਾ ਹੱਲ ਕੱਢ ਕੇ ਪੰਜਾਬ ਦੇ ਆਰਥਿਕ ਰੁਕਾਵਟ ਨੂੰ ਦੂਰ ਕਰਨ।ਇਥੇ ਰਾਜਪਾਲ ਤੇ ਕੇਂਦਰੀ ਮੰਤਰੀ ਸ੍ਰੀ ਸੋਮ ਪ੍ਰਕਾਸ਼ ਦੀ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜ਼ਰੀਏ ਏਮਜ਼ ਨੂੰ ਸਮਰਪਤ ਕਰਨ ਦੇ ਸਮਾਗਮ ਵਿੱਚ ਹਾਜ਼ਰੀ ਮੌਕੇ ਹਾਜ਼ਰ ਸੰਗਤ ਨੂੰ ਸੰਬੋਧਤ ਕਰਦਿਆਂ ਬਠਿੰਡਾ ਦੇ ਐੱਮ ਪੀ ਨੇ ਕਿਹਾ ਕਿ ਪੰਜਾਬ ਵਿੱਚ ਸਰਹੱਦਾਂ 'ਤੇ ਰੁਕਾਵਟਾਂ ਕਾਰਨ ਹਾਲਾਤ ਗੰਭੀਰ ਬਣ ਗਏ ਹਨ।ਉਨ੍ਹਾ ਕਿਹਾ ਕਿ ਹਰਿਆਣਾ-ਪੰਜਾਬ ਬਾਰਡਰਾਂ 'ਤੇ ਹਾਲਾਤ ਭਾਰਤ-ਪਾਕਿਸਤਾਨ ਵਰਗੇ ਬਣ ਗਏ ਹਨ।ਹਰਸਿਮਰਤ ਕੌਰ ਬਾਦਲ ਨੇ ਆਪਣੇ ਭਾਸ਼ਣ, ਜਿਸ ਦਾ ਸਰੋਤਿਆਂ ਨੇ ਭਰਵਾਂ ਸਵਾਗਤ ਕੀਤਾ, ਵਿੱਚ ਕਿਹਾ ਕਿ ਉਹ ਹਮੇਸ਼ਾ ਸ਼ਾਂਤੀ ਤੇ ਆਪਸੀ ਭਾਈਚਾਰਕ ਸਾਂਝ ਬਣਾਈ ਰੱਖਣ ਦੇ ਹਮਾਇਤੀ ਹਨ।ਉਨ੍ਹਾ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੇ ਦੇਸ਼ ਦੀ ਆਜ਼ਾਦੀ ਵਾਸਤੇ ਸਭ ਤੋਂ ਵੱਡਾ ਯੋਗਦਾਨ ਪਾਇਆ ਹੈ ਤੇ ਹੁਣ ਵੀ ਦੇਸ਼ ਦੀ ਅਨਾਜ ਸੁਰੱਖਿਆ ਵਾਸਤੇ ਸਭ ਤੋਂ ਵੱਡਾ ਯੋਗਦਾਨ ਪਾ ਰਹੇ ਹਨ।ਉਨ੍ਹਾਂ ਕਿਹਾ ਕਿ ਸਾਨੂੰ ਇਹ ਸਮਝਣ ਦੀ ਲੋੜ ਹੈ ਕਿ ਜੇਕਰ ਕਿਸਾਨ ਖੁਸ਼ਹਾਲ ਹੋਵੇਗਾ ਤਾਂ ਦੇਸ਼ ਖੁਸ਼ਹਾਲ ਹੋਵੇਗਾ।ਬਾਅਦ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀਮਤੀ ਬਾਦਲ ਨੇ ਦੱਸਿਆ ਕਿ ਕਿਵੇਂ ਸ੍ਰ. ਪ੍ਰਕਾਸ਼ ਸਿੰਘ ਬਾਦਲ ਨੇ ਮੁੱਖ ਮੰਤਰੀ ਹੁੰਦਿਆਂ ਇਸ ਸੰਸਥਾ ਵਾਸਤੇ ਜ਼ਮੀਨ ਐਕਵਾਇਰ ਕਰਵਾਈ ਤੇ ਸਾਰੀਆਂ ਲੋੜੀਆਂ ਪ੍ਰਵਾਨਗੀਆਂ ਰਿਕਾਰਡ ਸਮੇਂ ਵਿੱਚ ਲੈ ਕੇ ਦਿੱਤੀਆਂ।ਉਨ੍ਹਾ ਕਿਹਾ ਕਿ ਇਸ ਸੰਸਥਾ ਦਾ ਉਦਘਾਟਨ ਸਭ ਤੋਂ ਪਹਿਲਾਂ 26 ਦਸੰਬਰ 2019 ਵਿੱਚ ਹੋਇਆ ਸੀ।ਉਨ੍ਹਾਂ ਕਿਹਾ ਕਿ ਇਹ ਸੰਸਥਾ ਇਸ ਇਲਾਕੇ ਦੇ ਲੋਕਾਂ ਹੀ ਨਹੀਂ, ਬਲਕਿ ਮਾਲਵੇ ਦੇ ਲੋਕਾਂ ਵਸਤੇ ਬਹੁਤ ਲਾਹੇਵੰਦ ਹੈ।ਬੀਬੀ ਬਾਦਲ ਨੇ ਏਮਜ਼ ਬਠਿੰਡਾ ਵਿਖੇ ਟਰੋਮਾ ਸੈਂਟਰ ਵਿੱਚ ਬੈਂਡਾਂ ਦੀ ਗਿਣਤੀ ਵਧਾ ਕੇ 300 ਕਰਨ ਦੀ ਮੰਗ ਵੀ ਕੀਤੀ।ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸੰਸਥਾ ਵਿੱਚ ਪੂਰੀ ਆਈ ਸੀ ਯੂ ਸਹੂਲਤ ਵੀ ਸ਼ੁਰੂ ਹੋਣੀ ਚਾਹੀਦੀ ਹੈ।ਮੀਡੀਆ ਦੇ ਸਵਾਲਾਂ ਦੇ ਜਵਾਬ ਵਿੱਚ ਬਠਿੰਡਾ ਦੇ ਐੱਮ ਪੀ ਨੇ ਕਿਹਾ ਕਿ ਕਾਂਗਰਸ ਤੇ ਆਮ ਆਦਮੀ ਪਾਰਟੀ ਦਾ ਗੱਠਜੋੜ ਸਿਰਫ ਪੰਜਾਬ ਵਿੱਚ ਸੀਮਤ ਹੈ ਤੇ ਦੋਵੇਂ ਪਾਰਟੀਆਂ ਪੰਜਾਬੀਆਂ ਨੂੰ ਗੁੰਮਰਾਹ ਕਰਨ ਦਾ ਯਤਨ ਕਰ ਰਹੀਆਂ ਹਨ।

**ਕਿਸਾਨ ਸੰਘਰਸ਼ ਨੂੰ ਹੱਲ ਕਰਵਾਉਣ ਲਈ ਰਾਜਪਾਲ ਨੂੰ ਅਪੀਲ**

# ਅੱਖਾਂ ਦੇ ਮੁਫਤ ਕੈਂਪ 'ਚ 134 ਮਰੀਜ਼ ਲੈਂਜ ਪਾਉਣ ਲਈ ਚੁਣੇ



**ਬਰੇਟਾ (ਰੀਤਵਾਲ)**-ਆਸਰਾ ਫਾਊਂਡੇਸ਼ਨ ਬਰੇਟਾ ਵੱਲੋਂ ਜਿਉਣਾ ਮੱਲ ਕਪੂਰ ਚੰਦ ਦੀ ਯਾਦ ਨੂੰ ਸਮਰਪਤ ਹਰ ਮਹੀਨੇ ਦੇ ਆਖਰੀ ਐਤਵਾਰ ਨੂੰ ਲੱਗਣ ਵਾਲਾ ਅੱਖਾਂ ਦਾ ਮੁਫਤ ਚੈੱਕਅੱਪ ਕੈਂਪ ਗੁਰਦੁਆਰਾ ਸਾਹਿਬ ਭਾਈ ਘਨ੍ਹੱਈਆ ਜੀ ਵਿਖੇ ਸੰਤ ਤਿਰਵੈਣੀ ਗਿਰੀ ਪੁਨਰਜੋਤੀ ਆਈ ਡੋਨੇਸ਼ਨ ਹਸਪਤਾਲ ਰਾਮਪੁਰਾ ਫੂਲ ਵੱਲੋਂ ਲਗਾਇਆ ਗਿਆ, ਜਿਸ ਵਿੱਚ 538 ਲੋੜਵੰਦ ਚੈੱਕ ਕਰਕੇ 134 ਮਰੀਜ਼ ਫਰੀ ਲੈਂਜ ਪਾਉਣ ਲਈ ਸਿਲੈਕਟ ਕੀਤੇ ਗਏ। ਟੀਮ ਆਸਰਾ ਦੇ ਪ੍ਰਧਾਨ ਡਾਕਟਰ ਗਿਆਨ ਚੰਦ ਅਜ਼ਾਦ, ਵਾਈਸ ਪ੍ਰਧਾਨ ਡਾਕਟਰ ਅਵਤਾਰ ਸਿੰਘ ਖੱਤਰੀਵਾਲਾ, ਡਾਕਟਰ ਕੁਲਜੀਤ ਸਿੰਘ ਬਰੇਟਾ ਵੱਲੋਂ ਆਏ ਹੋਏ ਮਰੀਜ਼ਾਂ ਨੂੰ ਅੱਖਾਂ ਦੀਆਂ ਬਿਮਾਰੀਆਂ ਤੇ ਸਾਂਭ ਸੰਭਾਲ ਬਾਰੇ ਵਿਸਥਾਰਪੂਰਵਕ ਦੱਸਿਆ ਗਿਆ। ਹਰ ਕੈਂਪ ਵਿੱਚ ਦਵਾਈਆਂ ਦੀ ਸੇਵਾ ਮਹਿੰਦਰ ਸਿੰਘ ਕਟੌਦੀਆ ਸੰਸਥਾਪਕ ਸਾਵਨ ਐਜੂਕੇਸ਼ਨਲ ਟਰੱਸਟ ਚੰਡੀਗੜ੍ਹ ਵੱਲੋਂ ਕੀਤੀ ਗਈ। ਇਸ ਕੈਂਪ ਵਿੱਚ ਲੰਗਰ ਦੀ ਸੇਵਾ ਬਾਬਾ ਰਣਜੀਤ ਸਿੰਘ ਟੈਣੀ ਮੁੱਖ ਸੇਵਾਦਾਰ ਗੁਰਦੁਆਰਾ ਸਾਹਿਬ ਭਾਈ ਘਨ੍ਹੱਈਆ ਜੀ ਦੀ ਟੀਮ ਵੱਲੋਂ ਕੀਤੀ ਜਾਂਦੀ ਹੈ। ਇਸ ਮੌਕੇ ਮਾਤਾ ਗੁਜਰੀ ਭਲਾਈ ਕੇਂਦਰ ਬੁਢਲਾਡਾ ਦੀ ਟੀਮ ਮਾਸਟਰ ਕੁਲਵੰਤ ਸਿੰਘ ਦੀ ਅਗਵਾਈ ਹੇਠ ਸਟੇਟ ਐਵਾਰਡੀ ਰਜਿੰਦਰ ਕੁਮਾਰ ਵੱਲੋਂ ਟੀਮ ਆਸਰਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਰ ਮਹੀਨੇ ਦੇ ਆਖਰੀ ਐਤਵਾਰ ਲਗਾਏ ਜਾ ਰਹੇ ਕੈਂਪ ਬਹੁਤ ਹੀ ਨੇਕ ਉਪਰਾਲਾ ਹੈ। ਹਰ ਕੈਂਪ ਵਿੱਚ ਲੰਗਰ ਦੀ ਸੇਵਾ ਬਾਬਾ ਰਣਜੀਤ ਸਿੰਘ ਟੈਣੀ ਮੁੱਖ ਪ੍ਰਬੰਧਕ ਗੁਰਦੁਆਰਾ ਸਾਹਿਬ ਭਾਈ ਘਨ੍ਹੱਈਆ ਜੀ ਵੱਲੋਂ ਕੀਤੀ ਜਾਂਦੀ ਹੈ। ਇਸ ਮੌਕੇ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ, ਸੰਜੀਵਨੀ ਵੈੱਲਫੇਅਰ ਸੋਸਾਇਟੀ ਬੁਢਲਾਡਾ, ਜ਼ਿਲ੍ਹਾ ਰੂਰਲ ਯੂਥ ਐਸੋਸੀਏਸ਼ਨ ਮਾਨਸਾ, ਸਿੱਖਿਆ ਵਿਕਾਸ ਮੰਚ ਮਾਨਸਾ, ਭਾਰਤ ਵਿਕਾਸ ਪ੍ਰੀਸ਼ਦ ਬਰੇਟਾ, ਅਰਿਹੰਤ ਕਾਲਜ ਆਫ ਐਜੂਕੇਸ਼ਨ, ਗਿਆਨ ਸਾਗਰ ਕਾਨਵੈਂਟ ਸਕੂਲ ਕਾਹਨਗੜ੍ਹ, ਸਤਿਕਾਰ ਕਮੇਟੀ ਵਰੇ ਸਾਹਿਬ, ਐਨੀਮਲ ਏਡ ਟੀਮ ਚੋਟੀਆਂ, ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਬਰੇਟਾ, ਸਲੱਮ ਫਾਊਂਡੇਸ਼ਨ ਮਾਨਸਾ, ਏਕ ਨੂਰ ਵੈੱਲਫੇਅਰ ਐਸੋਸੀਏਸ਼ਨ ਮਾਨਸਾ, ਇਲਾਕੇ ਤੇ ਸ਼ਹਿਰ ਨਿਵਾਸੀਆਂ ਤੋਂ ਇਲਾਵਾ ਆਸਰਾ ਫਾਊਂਡੇਸ਼ਨ ਬਰੇਟਾ ਦੀ ਸਾਰੀ ਟੀਮ ਹਾਜ਼ਰ ਸੀ।

# ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸ਼ਨ ਵੱਲੋਂ 'ਪ੍ਰੋਜੈਕਟ ਅੰਮ੍ਰਿਤ' ਦਾ ਸਫਲ ਆਯੋਜਨ

**ਪਾਣੀ ਪ੍ਰਮਾਤਮਾ ਦੀ ਦਾਤ ਹੈ, ਅਸੀਂ ਇਸ ਅੰਮ੍ਰਿਤ ਦੀ ਸੰਭਾਲ ਕਰਨੀ ਹੈ : ਮਾਤਾ ਸੁਦੀਕਸ਼ਾ**




**ਸਮਾਣਾ/ਦਿੱਲੀ (ਇਕਬਾਲ ਸਿੰਘ ਬੱਲ)**

ਸੰਤ ਨਿਰੰਕਾਰੀ ਸਮਾਣਾ ਬ੍ਰਾਂਚ ਦੇ ਸੰਯੋਜਕ ਐਡਵੋਕੇਟ ਸੁਰਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਤੇ ਨਿਰੰਕਾਰੀ ਰਾਜਪਿਤਾ ਰਮਿਤ ਜੀ ਦੀ ਛਤਰ-ਛਾਇਆ ਹੇਠ ਅੱਜ ਯਮੁਨਾ ਨਦੀ ਦੇ ਛੱਠ ਘਾਟ ਵਿਖੇ 'ਅੰਮ੍ਰਿਤ ਪ੍ਰੋਜੈਕਟ' ਦੇ ਤਹਿਤ 'ਸਵੱਛ ਜਲ, ਸਵੱਛ ਮਨ' ਪ੍ਰੋਜੈਕਟ ਦੇ ਦੂਜੇ ਪੜਾਅ ਦਾ ਉਦਘਾਟਨ ਸਵੇਰੇ 8.00 ਵਜੇ ਆਈ.ਟੀ.ਓ., ਦਿੱਲੀ ਤੋਂ ਕੀਤਾ ਗਿਆ। ਪ੍ਰੋਜੈਕਟ ਅੰਮ੍ਰਿਤ ਤਹਿਤ ਸਮਾਣਾ ਦੇ ਨਵੇਂ ਨਿਰੰਕਾਰੀ ਸਤਿਸੰਗ ਭਵਨ ਤੇ ਭਵਨ ਦੇ ਬਾਹਰ ਲਗਦੇ ਗੰਦੇ ਨਾਲੇ ਦੀ ਸਫਾਈ ਕੀਤੀ ਗਈ।ਉਨ੍ਹਾਂ ਕਿਹਾ ਕਿ ਬਾਬਾ ਹਰਦੇਵ ਸਿੰਘ ਜੀ ਦੀਆਂ ਸਦੀਵੀ ਸਿੱਖਿਆਵਾਂ ਤੋਂ ਪ੍ਰੇਰਣਾ ਲੈਂਦਿਆਂ ਸੰਤ ਨਿਰੰਕਾਰੀ ਮਿਸ਼ਨ ਦੇ ਸਮਾਜਿਕ ਵਿੰਗ ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸ਼ਨ ਦੀ ਅਗਵਾਈ ਹੇਠ 'ਪ੍ਰੋਜੈਕਟ ਅੰਮ੍ਰਿਤ' ਦਾ ਆਯੋਜਨ ਕੀਤਾ ਗਿਆ।ਇਸ ਸਾਲ, ਪ੍ਰੋਜੈਕਟ ਨੇ 'ਆਓ ਸਵਾਰੇਂ, ਯਮੁਨਾ ਕਿਨਾਰੇ' ਦੇ ਮੂਲ ਸੰਦੇਸ਼ ਰਾਹੀਂ ਜਨ ਜਾਗਰੂਕਤਾ ਦਾ ਰੂਪ ਧਾਰਿਆ।ਇਸ ਮੌਕੇ ਸੰਤ ਨਿਰੰਕਾਰੀ ਮਿਸ਼ਨ ਦੇ ਸਮੂਹ ਅਧਿਕਾਰੀ, ਪਤਵੰਤੇ ਸੱਜਣ ਤੇ ਹਜ਼ਾਰਾਂ ਵਲੰਟੀਅਰਾਂ ਅਤੇ ਸੇਵਾਦਲ ਦੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ।ਇਸ ਪ੍ਰੋਗਰਾਮ ਦਾ ਸੰਤ ਨਿਰੰਕਾਰੀ ਮਿਸ਼ਨ ਦੀ ਵੈੱਬਸਾਈਟ ਰਾਹੀਂ ਸਿੱਧਾ ਪ੍ਰਸਾਰਣ ਕੀਤਾ ਗਿਆ, ਜਿਸ ਦਾ ਦੇਸ਼-ਵਿਦੇਸ਼ ਵਿੱਚ ਬੈਠੇ ਸਮੂਹ ਸ਼ਰਧਾਲੂਆਂ ਨੇ ਲਾਭ ਉਠਾਇਆ। ਇਸ ਮੌਕੇ ਦਿੱਲੀ ਯੂਨੀਵਰਸਿਟੀ ਦੇ ਹਜ਼ਾਰਾਂ ਵਿਦਿਆਰਥੀਆਂ ਤੇ ਅਧਿਆਪਕਾਂ ਦੇ ਨਾਲ-ਨਾਲ ਕਈ ਸੰਸਥਾਵਾਂ ਤੇ ਵਾਤਾਵਰਨ ਸੁਰੱਖਿਆ ਨਾਲ ਜੁੜੇ ਕਈ ਪਤਵੰਤੇ ਸੱਜਣਾਂ ਨੇ ਸ਼ਮੂਲੀਅਤ ਕੀਤੀ।ਰੇਡੀਓ ਚੈਨਲ 92.7-ਬਿਗ ਐੱਫ.ਐੱਮ. ਤੇ ਭਾਰਤ ਸਰਕਾਰ ਦੇ ਸੱਭਿਆਚਾਰਕ ਮੰਤਰਾਲੇ ਨੇ ਵੀ ਇਸ ਮੌਕੇ ਆਪਣੀ ਹਾਜ਼ਰੀ ਭਰੀ।ਸੰਤ ਨਿਰੰਕਾਰੀ ਮੰਡਲ ਦੇ ਸਕੱਤਰ ਤੇ ਸਮਾਜ ਕਲਿਆਣ ਇੰਚਾਰਜ ਜੋਗਿੰਦਰ ਸੁਖੀਜਾ ਨੇ ਵਿਸਤ੍ਰਿਤ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 'ਪ੍ਰੋਜੈਕਟ ਅੰਮ੍ਰਿਤ' ਦੌਰਾਨ ਹਰ ਵਿਧਾਨਕ ਸੁਰੱਖਿਆ ਮਾਪਦੰਡਾਂ ਦਾ ਸਹੀ ਢੰਗ ਨਾਲ ਪਾਲਣ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਸਮੂਹ ਸੇਵਾਦਾਰਾਂ ਤੇ ਮਹਿਮਾਨਾਂ ਲਈ ਬੈਠਣ, ਰਿਫਰੈਸ਼ਮੈਂਟ, ਪਾਰਕਿੰਗ, ਐਂਬੂਲੈਂਸ ਤੇ ਮੈਡੀਕਲ ਸਹੂਲਤਾਂ ਆਦਿ ਦਾ ਢੁਕਵਾਂ ਪ੍ਰਬੰਧ ਕੀਤਾ ਗਿਆ।ਸਤਿਗੁਰੂ ਮਾਤਾ ਜੀ ਨੇ ਪ੍ਰੋਜੈਕਟ ਅੰਮ੍ਰਿਤ ਮੌਕੇ ਆਪਣੇ ਅਸ਼ੀਰਵਾਦ ਵਿੱਚ ਕਿਹਾ ਕਿ ਪਾਣੀ ਦਾ ਸਾਡੇ ਜੀਵਨ ਵਿੱਚ ਬਹੁਤ ਮਹੱਤਵ ਹੈ ਤੇ ਇਹ ਅੰਮ੍ਰਿਤ ਦੀ ਤਰ੍ਹਾਂ ਹੈ।

ਪਾਣੀ ਸਾਡੇ ਜੀਵਨ ਦਾ ਮੂਲ ਆਧਾਰ ਹੈ।ਇਹ ਸਾਡਾ ਫਰਜ਼ ਹੈ ਕਿ ਅਸੀਂ ਇਸ ਸਾਫ਼-ਸੁਥਰੀ ਤੇ ਸੁੰਦਰ ਰਚਨਾ ਦੀ ਸੰਭਾਲ ਕਰੀਏ, ਜੋ ਸਾਨੂੰ ਪ੍ਰਮਾਤਮਾ ਨੇ ਦਿੱਤੀ ਹੈ।ਅਸੀਂ ਮਨੁੱਖ ਵਜੋਂ, ਇਸ ਅਨਮੋਲ ਵਿਰਸੇ ਦੀ ਦੁਰਵਰਤੋਂ ਕਰਦੇ ਹੋਏ ਇਸ ਨੂੰ ਪ੍ਰਦੂਸ਼ਤ ਕੀਤਾ ਹੈ।ਸਾਨੂੰ ਕੁਦਰਤ ਨੂੰ ਇਸ ਦੇ ਅਸਲੀ ਰੂਪ ਵਿੱਚ ਰੱਖਣਾ ਹੈ ਤੇ ਇਸ ਨੂੰ ਸਾਫ਼ ਕਰਨਾ ਹੈ। ਸਾਡੀ ਕੋਸ਼ਿਸ਼ ਇਹ ਹੋਣੀ ਚਾਹੀਦੀ ਹੈ ਕਿ ਜਦੋਂ ਅਸੀਂ ਇਸ ਸੰਸਾਰ ਨੂੰ ਛੱਡੀਏ, ਅਸੀਂ ਇਸ ਧਰਤੀ ਨੂੰ ਹੋਰ ਸੁੰਦਰ ਰੂਪ ਵਿੱਚ ਛੱਡ ਕੇ ਜਾਈਏ।ਪ੍ਰੋਗਰਾਮ ਦੀ ਸਮਾਪਤੀ 'ਤੇ ਹਾਜ਼ਰ ਮਹਿਮਾਨਾਂ ਨੇ ਮਿਸ਼ਨ ਦੀ ਭਰਪੂਰ ਪ੍ਰਸ਼ੰਸਾ ਕੀਤੀ ਤੇ ਨਾਲ ਹੀ ਨਿਰੰਕਾਰੀ ਸਤਿਗੁਰੂ ਮਾਤਾ ਜੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਮਿਸ਼ਨ ਨੇ ਨਿਸ਼ਚਿਤ ਤੌਰ 'ਤੇ ਪਾਣੀ ਦੀ ਸੰਭਾਲ ਤੇ ਜਲ ਸਵੱਛਤਾ ਦੇ ਇਸ ਕਲਿਆਨਕਾਰੀ ਪ੍ਰੋਜੈਕਟ ਰਾਹੀਂ ਕੁਦਰਤ ਦੀ ਸੰਭਾਲ ਲਈ ਯੋਗਦਾਨ ਪਾਇਆ ਹੈ, ਜੋ ਕਿ ਇੱਕ ਮਹੱਤਵਪੂਰਨ ਕਦਮ ਹੈ।

# ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ : ਵਿਧਾਇਕ ਸਵਨਾ

*ਡਾ. ਅੰਬੇਡਕਰ ਧਰਮਸ਼ਾਲਾ 'ਚ ਇੰਟਰਲੌਕ ਟਾਈਲ ਤੇ ਕੁਟੀਆ ਵਾਲੀ ਗਲੀ ਦਾ ਨੀਂਹ ਪੱਥਰ ਰੱਖਿਆ*

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਵਿਕਾਸ ਕਾਰਜਾਂ ਤਰਜੀਹ ਦੇਣ ਦੀਆਂ ਹਦਾਇਤਾਂ ਦੇ ਮੱਦੇ ਨਜ਼ਰ ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਵਾਰਡ ਨੰਬਰ 15 ਵਿੱਚ ਡਾ. ਬੀ. ਆਰ. ਅੰਬੇਡਕਰ ਧਰਮਸ਼ਾਲਾ 'ਚ ਇੰਟਰਲੌਕ ਟਾਈਲ ਤੇ ਕੁਟੀਆ ਵਾਲੀ ਗਲੀ ਦਾ ਨੀਂਹ ਪੱਥਰ ਰੱਖਿਆ।ਇਸ ਮੌਕੇ ਵਿਧਾਇਕ ਨੇ ਕਿਹਾ ਕਿ ਇਨ੍ਹਾਂ ਵਿਕਾਸ ਕਾਰਜਾਂ 'ਤੇ 15 ਲੱਖ ਰੁਪਏ ਦੀ ਲਾਗਤ ਆਵੇਗੀ।ਉਨ੍ਹਾ ਕਿਹਾ ਕਿ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ।ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜਾਂ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਸਮੇਂ ਬੁਨਿਆਦੀ ਢਾਂਚੇ ਦੇ ਵਿਕਾਸ ਤੇ ਉਪਰਾਲੇ ਨਹੀਂ ਕੀਤੇ ਗਏ, ਜਦੋਂਕਿ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਰਾਜ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਤੇ ਲੋਕਾਂ ਨੂੰ ਮੁਢਲੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਇਸ ਮੌਕੇ ਸਤਪਾਲ ਭੁਸਰੀ, ਨਿਸ਼ੂ ਡੋਗਰਾ ਐੱਮ ਸੀ, ਕਾਕਾ ਡੋਗਰਾ, ਸੁਨੀਲ ਮੈਨੀ, ਜੋਤੀ ਚੁੱਘ, ਬੱਬੂ ਚੇਤੀਵਾਲ ਬਲਾਕ ਪ੍ਰਧਾਨ, ਅਲਕਾ ਜੁਨੇਜਾ ਬਲਾਕ ਪ੍ਰਧਾਨ, ਰਾਜ ਅਹੂਜਾ ਬਲਾਕ ਪ੍ਰਧਾਨ, ਪੂਜਾ ਲੂਥਰਾ ਜਿਲ੍ਹਾ ਪ੍ਰਧਾਨ ਮਹਿਲਾ ਵਿੰਗ, ਰਾਜਿੰਦਰ ਜਲੰਧਰਾ, ਮਨਜੋਤ ਖੇੜਾ, ਆਸ਼ਾ ਰਾਣੀ, ਸੋਮਾ ਰਾਣੀ, ਭਜਨ ਲਾਲ ਬਲਾਕ ਪ੍ਰਧਾਨ ਹਾਜ਼ਰ ਸਨ।

## ਸੰਯੁਕਤ ਕਿਸਾਨ ਮੋਰਚਾ ਭਾਰਤ ਦੀਆਂ ਕਿਸਾਨ ਜਥੇਬੰਦੀਆਂ ਨੇ ਕੀਤਾ ਟਰੈਕਟਰ ਪ੍ਰਦਰਸ਼ਨ



ਖਰੜ (ਹਰਨਾਮ ਸਿੰਘ ਡੱਲਾ)-ਮੋਹਾਲੀ ਜਿਲ੍ਹੇ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਸੰਯੁਕਤ ਕਿਸਾਨ ਮੋਰਚਾ ਭਾਰਤ ਦੇ ਸੰਘਰਸ਼ ਦੀ ਕੜੀ ਵਜੋਂ ਭਾਗੋਮਾਜਰਾ ਟੋਲ ਪਲਾਜਾ 'ਤੇ ਪਹੁੰਚ ਕੇ ਟਰੈਕਟਰ ਅਤੇ ਸੰਸਾਰ ਵਿਪਾਰ ਸੰਸਥਾਨ ਦੇ ਵਿਰੋਧ ਵਿੱਚ ਰੋਸ ਪ੍ਰਗਟ ਕੀਤਾ ਗਿਆ। ਜਿਸ 'ਚ ਤਹਿਸੀਲ ਖਰੜ ਦੇ ਵੱਖ ਵੱਖ ਪਿੰਡਾਂ ਦੇ ਕਿਸਾਨਾਂ ਨੇ ਆਪਣੇ ਟਰੈਕਟਰ ਲਿਆ ਕੇ ਨੈਸ਼ਨਲ ਹਾਈਵੇ ਉੱਤੋਂ ਜਮਾਵੜਾ ਕਰ ਕੇ ਆਪਣਾ ਗੁੱਸਾ ਜਾਹਰ ਕੀਤਾ। ਚੇਤੇ ਰਹੇ ਕਿ ਸ਼ੰਭੂ ਅਤੇ ਖਨੌਰੀ ਬਾਰਡਰ ਉੱਤੇ ਕਿਸਾਨ ਜਥੇਬੰਦੀਆਂ ਦੇ ਗੈਰ ਰਾਜਨੀਤਕ ਗਰੁੱਪ ਉੱਤੇ ਕੀਤੇ ਗਏ ਜਬਰ ਵਿਰੁੱਧ ਐੱਸ ਕੇ ਐੱਮ ਵਲੋਂ ਸਰਕਾਰੀ ਦਮਨ ਵਿਰੁੱਧ ਇੱਕ ਮੁੱਠਤਾ ਜਾਹਰ ਕਰਕੇ ਕਿਸਾਨ ਸੰਘਰਸ਼ ਨੂੰ ਮੁੜ ਤੋਂ ਸ਼ੁਰੂ ਕਰ ਦਿੱਤਾ ਹੈ। ਜਿਸ ਵਿੱਚ ਪ੍ਰਧਾਨ ਮੰਤਰੀ, ਕੇਂਦਰੀ ਗ੍ਰਹਿ ਮੰਤਰੀ, ਹਰਿਆਣਾ ਦੇ ਮੁੱਖ ਮੰਤਰੀ, ਗ੍ਰਹਿ ਮੰਤਰੀ ਹਰਿਆਣਾ ਅਤੇ ਹਰਿਆਣਾ ਪੁਲਸ ਦੇ ਪੁਤਲੇ ਸਾੜੇ ਜਾ ਚੁੱਕੇ ਹਨ। ਵਰਲਡ ਟਰੇਡ ਓਰਗੇਨਾਈਜੇਸ਼ਨ ਦੀਆਂ ਖੇਤੀ ਵਿਰੁੱਧ ਨੀਤੀਆਂ ਦੇ ਵਿਰੋਧ ਵਜੋਂ ਉਸਦੇ ਪੁਤਲੇ ਵੀ ਸਾੜੇ ਗਏ। ਇਸ ਰੋਸ ਪ੍ਰਦਰਸ਼ਨ 'ਚ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂਆਂ ਦਵਿੰਦਰ ਸਿੰਘ ਦੇਹ ਕਲਾਂ, ਜਸਪਾਲ ਸਿੰਘ ਨਿਆਮੀਆਂ, ਕੁਲਵੰਤ ਸਿੰਘ ਰੁੜਕੀ, ਸੁਰਿੰਦਰ ਸਿੰਘ ਬਲਿਆਲੀ,ਪਰਮਪ੍ਰੀਤ ਸਿੰਘ ਖਾਨਪੁਰ,ਅਮਨਦੀਪ ਸਿੰਘ ਖਰੜ, ਗੁਰਦੇਵ ਸਿੰਘ ਅਰਨੀਵਾਲਾ, ਜੀਤ ਸਿੰਘ, ਅਮਰਜੀਤ ਸਿੰਘ ,ਸੁੱਚਾ ਸਿੰਘ, ਜੀਤ ਸਿੰਘ ਰੁੜਕੀ, ਰਣਧੀਰ ਸਿੰਘ ਸੰਤੇ ਮਾਜਰਾ, ਲਾਲਾ ਖੂਨੀ ਮਾਜਰਾ, ਜਰਨੈਲ ਸਿੰਘ ਘੰਡੂਆ, ਅਮਰੀਕ ਸਿੰਘ ਸਿੰਬਲ ਮਾਜਰਾ, ਕਮਲ ਭਾਗੋਮਾਜਰਾ, ਜਸਵੀਰ ਸਿੰਘ ਨੱਗਲ , ਰਾਣਾ ਖੂਨੀ ਮਾਜਰਾ, ਕਮਲਦੀਪ ਸਿੰਘ ਸੇਰਗਿੱਲ, ਬਲਵਿੰਦਰ ਸਿੰਘ ਘੰਡੂਆ, ਗੁਰਚਰਨ ਸਿੰਘ ਘੜੂੰਆਂ ਵੀ ਸ਼ਾਮਲ ਸਨ।

## ਹਲਕਾ ਸ਼ਾਹਕੋਟ ਦਾ ਇੰਚਾਰਜ ਨਿਯੁਕਤ ਕਰਨ 'ਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ



ਮਹਿਤਪੁਰ (ਰਾਜਾ) ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਅਤੇ ਹਾਈ ਕਮਾਂਡ ਵੱਲੋਂ ਹਲਕਾ ਸ਼ਾਹਕੋਟ ਦਾ ਇੰਚਾਰਜ ਨਿਯੁਕਤ ਕਰਨ ਤੇ ਪਰਮਿੰਦਰ ਸਿੰਘ ਪਿੰਦਰ ਪੰਡੋਰੀ ਨੇ ਵਿਸ਼ੇਸ਼ ਵਾਰਤਾ ਵਿੱਚ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦਾ ਅਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਮੇਰੇ ਤੇ ਭਰੋਸਾ ਜਤਾ ਕੇ ਜੋ ਮੈਨੂੰ ਜਿੰਮੇਵਾਰੀ ਦਿੱਤੀ ਹੈ ਉਸ ਜਿੰਮੇਵਾਰੀ ਨੂੰ ਮੈਂ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਵਾਂਗਾ, ਆਪਣੇ ਹਲਕੇ ਦੇ ਲੋਕਾਂ ਨੂੰ ਮੋਢੇ ਦੇ ਨਾਲ ਮੋਢਾ ਲਾ ਕੇ ਨਾਲ ਤੁਰਾਂਗਾ, ਕਿਸੇ ਵੀ ਵਿਅਕਤੀ ਵਿਸ਼ੇਸ਼ ਜਾਂ ਜਾਤੀ ਵਿਸ਼ੇਸ਼ ਤੋਂ ਉੱਪਰ ਉੱਠ ਕੇ ਹਰ ਵਰਗ ਨੂੰ ਨਾਲ ਲੈ ਕੇ ਤੁਰਨਾ ਮੇਰੀ ਅਹਿਮ ਜਿੰਮੇਵਾਰੀ ਹੋਵੇਗੀ। ਆਪਣੇ ਹਲਕੇ ਦੇ ਲੋਕਾਂ ਲਈ ਮੈਂ ਦਿਨ ਰਾਤ ਸੇਵਾ ਵਿੱਚ ਹਾਜ਼ਰ ਹਾਂ।

## ਗੁਰਦੁਆਰਾ ਚੋਣਾਂ ਫਾਰਮ ਭਰਨ ਦੀ ਅੰਤਿਮ ਤਰੀਕ 29 ਫਰਵਰੀ

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)-ਮੁੱਖ ਕਮਿਸ਼ਨਰ ਗੁਰਦੁਆਰਾ ਇਲੈਕਸ਼ਨ, ਪੰਜਾਬ ਦੀਆਂ ਹਦਾਇਤਾਂ ਅਨੁਸਾਰ ਸਿੱਖ ਗੁਰਦੁਆਰਾ ਬੋਰਡ ਚੋਣ ਨਿਯਮ, 1959 ਦੇ ਨਿਯਮ 6 ਤੋਂ 12 ਅਨੁਸਾਰ ਵੋਟਰ ਸੂਚੀ ਤਿਆਰੀ ਸਬੰਧੀ ਪ੍ਰੋਗਰਾਮ 21, ਅਕਤੂਬਰ, 2023 ਤੋਂ ਫਾਰਮ ਭਰੇ ਜਾ ਰਹੇ ਹਨ। ਜਿਸ ਦੀ ਫਾਰਮ ਭਰਨ ਦੀ ਅੰਤਿਮ ਤਾਰੀਖ 29 ਫਰਵਰੀ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਜਿਨ੍ਹਾਂ ਯੋਗ ਵੋਟਰਾਂ ਨੇ ਹੁਣ ਤੱਕ ਫਾਰਮ ਨਹੀਂ ਭਰੇ, ਉਹ ਆਪਣੇ ਫਾਰਮ 29 ਫਰਵਰੀ ਤੱਕ ਰਿਵਾਇਜ਼ਿੰਗ ਅਥਾਰਟੀ ਅਫਸਰਾਂ (ਇਸ ਡੀ ਐਮਜ਼) ਕੋਲ ਜਾ ਕੇ ਭਰ ਸਕਦੇ ਹਨ। ਇਸ ਤੋਂ ਇਲਾਵਾ ਪੇਂਡੂ ਖੇਤਰਾਂ 'ਚ ਮਾਲ ਪਟਵਾਰੀਆਂ ਤੇ ਸ਼ਹਿਰੀ ਖੇਤਰਾਂ 'ਚ ਨਗਰ ਕੌਂਸਲਾਂ 'ਚ ਵੀ ਫਾਰਮ ਜਮ੍ਹਾਂ ਕਰਵਾਏ ਜਾ ਸਕਦੇ ਹਨ।

## ਐੱਲ ਪੀ ਯੂ ਦੀ ਕਨਵੋਕੇਸ਼ਨ 'ਚ ਆਸਟਰੇਲੀਆ ਦੇ ਸਾਬਕਾ ਪ੍ਰਧਾਨ ਮੰਤਰੀ ਆਨਰੇਰੀ ਡਾਕਟਰੇਟ ਡਿਗਰੀ ਨਾਲ ਸਨਮਾਨਤ



ਜਲੰਧਰ (ਸ਼ੈਲੀ ਐਲਬਰਟ)- ਆਸਟ੍ਰੇਲੀਆ ਦੇ ਸਾਬਕਾ ਪ੍ਰਧਾਨ ਮੰਤਰੀ ਟੋਨੀ ਐਬਟ ਨੇ ਮੁੱਖ ਮਹਿਮਾਨ ਵਜੋਂ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ. ਪੀ. ਯੂ.) ਦੀ ਐਤਵਾਰ ਨੂੰ ਹੋਈ 11ਵੀਂ ਸਾਲਾਨਾ ਕਨਵੋਕੇਸ਼ਨ 'ਚ ਭਾਗ ਲਿਆ ਤੇ ਉਨ੍ਹਾਂ ਨੂੰ ਆਨਰੇਰੀ ਡਾਕਟਰੇਟ ਦੀ ਉਪਾਧੀ ਵੀ ਦਿੱਤੀ ਗਈ । ਕਨਵੋਕੇਸ਼ਨ ਦੌਰਾਨ, ਟੋਨੀ ਐਬਟ ਨੇ 102 ਗੋਲਡ ਮੈਡਲ ਜੇਤੂਆਂ ਅਤੇ 555 ਪੀਐਚਡੀ ਵਿਦਵਾਨਾਂ ਦੇ ਨਾਲ ਹੀ 567 ਹੋਣਹਾਰ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਨੂੰ ਵੀ ਮਾਨਤਾ ਦਿੱਤੀ ਜਿਨ੍ਹਾਂ ਨੇ ਅਕਾਦਮਿਕ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ।ਕਨਵੋਕੇਸ਼ਨ ਸਮਾਰੋਹ ਵਿੱਚ ਐਲਪੀਯੂ ਦੇ ਆਨਲਾਈਨ ਮੋਡ ਸਟੂਡੈਂਟਸ ਦੇ ਪਹਿਲੇ ਬੈਚ ਦੀ ਗ੍ਰੈਜੂਏਸ਼ਨ ਦੀ ਨਿਸ਼ਾਨਦੇਹੀ ਵੀ ਕੀਤੀ ਗਈ । 60,000 ਤੋਂ ਵੱਧ ਗ੍ਰੈਜੂਏਟ ਵਿਦਿਆਰਥੀਆਂ ਨੇ ਵਿਭਿੰਨ ਡੋਮੇਨਾਂ ਵਿੱਚ ਡਿਗਰੀਆਂ ਪ੍ਰਾਪਤ ਕੀਤੀਆਂ ।

ਆਪਣੇ ਸੰਬੋਧਨ ਵਿੱਚ, ਟੋਨੀ ਐਬੋਟ ਨੇ ਭਾਰਤ ਦੀ ਇੱਕ ਕਮਾਲ ਦੇ ਦੇਸ਼ ਵਜੋਂ ਪ੍ਰਸ਼ੰਸਾ ਜ਼ਾਹਰ ਕੀਤੀ ਅਤੇ ਗ੍ਰੈਜੂਏਟ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਵਿਸ਼ਵ ਵਿੱਚ ਸ਼ਾਂਤੀ, ਖੁਸ਼ਹਾਲੀ, ਆਜ਼ਾਦੀ ਅਤੇ ਵਿਕਾਸ ਲਿਆਉਣ ਲਈ ਆਪਣੇ ਦੇਸ਼ ਦੀ ਸਮਰੱਥਾ 'ਤੇ ਮਾਣ ਕਰਨ । ਐਲਪੀਯੂ ਦੇ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਨਵੋਕੇਸ਼ਨ ਦੀ ਪ੍ਰਧਾਨਗੀ ਕੀਤੀ। ਡਾ: ਮਿੱਤਲ ਨੇ ਐਲਪੀਯੂ ਅਤੇ 16 ਵੱਕਾਰੀ ਆਸਟ੍ਰੇਲੀਅਨ ਯੂਨੀਵਰਸਿਟੀਆਂ ਵਿਚਕਾਰ ਸਾਂਝੇਦਾਰੀ ਨੂੰ ਉਜਾਗਰ ਕੀਤਾ ਅਤੇ ਯੂਨੀਵਰਸਿਟੀ ਦੀਆਂ ਹਾਲੀਆ ਪ੍ਰਾਪਤੀਆਂ ਨੂੰ ਵੀ ਸਾਂਝਾ ਕੀਤਾ। ਕਨਵੋਕੇਸ਼ਨ ਸਮਾਰੋਹ ਵਿੱਚ ਲਵਲੀ ਗਰੁੱਪ ਦੇ ਚੇਅਰਮੈਨ ਰਮੇਸ਼ ਮਿੱਤਲ, ਵਾਈਸ-ਚੇਅਰਮੈਨ ਨਰੇਸ਼ ਮਿੱਤਲ, ਐਲਪੀਯੂ ਦੀ ਵਾਈਸ-ਚਾਂਸਲਰ ਸ਼੍ਰੀਮਤੀ ਰਸ਼ਮੀ ਮਿੱਤਲ, ਆਸਟ੍ਰੇਲੀਆ ਵਿੱਚ ਕਮਿਊਨਿਟੀ ਲੀਡਰ ਜਗਵਿੰਦਰ ਸਿੰਘ ਵਿਰਕ, ਜੀਐਨਡੀਯੂ ਦੇ ਵਾਈਸ ਚਾਂਸਲਰ ਅਤੇ ਸਾਬਕਾ ਸਕੱਤਰ, ਯੂ.ਜੀ.ਸੀ. ਜਸਪਾਲ ਸਿੰਘ ਸੰਧੂ ਸਮੇਤ ਹੋਰ ਪਤਵੰਤੇ ਮਹਿਮਾਨ ਸ਼ਾਮਲ ਹੋਏ।

## ਲੰਗੜੋਆ ਬਾਈਪਾਸ 'ਤੇ ਟਰੈਕਟਰ ਲਾ ਕੇ ਕਿਸਾਨਾਂ ਨੇ ਫੂਕਿਆ ਸੰਸਾਰ ਵਪਾਰ ਸੰਸਥਾ ਦਾ ਪੁਤਲਾ




ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ ) ਸੰਯੁਕਤ ਕਿਸਾਨ ਮੋਰਚਾ ਜ਼ਿਲਵਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਲੰਗੜੋਆ ਬਾਈਪਾਸ ਉੱਤੇ ਟਰੈਕਟਰ ਖੜ੍ਹੇ ਕਰਕੇ ਸੰਸਾਰ ਵਪਾਰ ਸੰਸਥਾ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਮੋਰਚੇ ਦੇ ਜ਼ਿਲ੍ਹਾ ਆਗੂਆਂ ਸੁਰਿੰਦਰ ਸਿੰਘ ਬੈਂਸ,ਮੁਕੰਦ ਲਾਲ,ਭੁਪਿੰਦਰ ਸਿੰਘ ਵੜੈਚ, ਜਸਵਿੰਦਰ ਸਿੰਘ ਭੰਗਲ, ਸਤਨਾਮ ਸਿੰਘ ਸੁੱਜੋਂ,ਗੁਰਬਖਸ਼ ਕੌਰ ਸੰਘਾ, ਪਰਮਜੀਤ ਸਿੰਘ ਸ਼ਹਾਬ ਪੁਰ,ਹਰਜੀ ਕੁਲਾਮ ,ਮੱਖਣ ਸਿੰਘ ਭਾਨਮਜਾਰਾ, ਮੋਹਨ ਸਿੰਘ ਲੰਗੜੋਆ ਨੇ ਕਿਹਾ ਕਿ ਸੰਸਾਰ ਵਪਾਰ ਸੰਸਥਾ ਸਾਮਰਾਜੀ ਦੇਸ਼ਾਂ ਦੇ ਹਿੱਤ ਪੂਰਕ ਸੰਸਥਾ ਹੈ ਜੋ ਭਾਰਤ ਵਰਗੇ ਪਛੜੇ ਦੇਸ਼ਾਂ ਦੀ ਕਿਸਾਨੀ ਨੂੰ ਤਬਾਹ ਕਰਨ ਦਾ ਕੰਮ ਕਰ ਰਹੀ ਹੈ ਅਤੇ ਭਾਰਤ ਦੇ ਹਾਕਮ ਇਸਦੀਆਂ ਨੀਤੀਆਂ ਨੂੰ ਲਾਗੂ ਕਰ ਰਹੀ ਹੈ।ਉਹਨਾਂ ਮੰਗ ਕੀਤੀ ਕਿ ਭਾਰਤ ਇਸ ਸੰਸਥਾ ਵਿਚੋਂ ਬਾਹਰ ਨਿਕਲੇ। ਸਾਮਰਾਜੀ ਮੁਲਕਾਂ ਦਾ ਟੋਲਾ ਅਮਰੀਕਨ ਸਾਮਰਾਜ ਦੀ ਅਗਵਾਈ ਵਿਚ ਸੰਸਾਰ ਵਪਾਰ ਸੰਸਥਾ, ਸੰਸਾਰ ਬੈਂਕ ਅਤੇ ਕੌਮਾਂਤਰੀ ਮੁਦਰਾ ਕੋਸ਼ ਦੇ ਮੱਕੜਜਾਲ ਵਿਚ ਫਸਾਕੇ ਪਛੜੇ ਦੇਸ਼ਾਂ ਉੱਤੇ ਆਪਣਾ ਗਲਬਾ ਕਾਇਮ ਕਰ ਰਿਹਾ ਹੈ ਅਤੇ ਇਹਨਾਂ ਦੇਸ਼ਾਂ ਦੇ ਵਿਕਾਸ ਨੂੰ ਬੰਨ੍ਹ ਮਾਰੀ ਬੈਠਾ ਹੈ ਜਿਹਨਾਂ ਦੀ ਮੁਕਤੀ ਤੋਂ ਬਿਨਾਂ ਇਹ ਦੇਸ਼ ਵਿਕਾਸ ਦੀ ਪੱਟੜੀ ਉੱਤੇ ਨਹੀਂ ਪੈ ਸਕਦੇ।ਜਦੋਂ ਕਿਸਾਨ ਆਪਣੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਦਾ ਜਮਹੂਰੀ ਰਾਹ ਅਪਣਾਉਂਦੇ ਹਨ ਤਾਂ ਕੇਂਦਰ ਦੀ ਮੋਦੀ ਸਰਕਾਰ ਅਤੇ ਹਰਿਆਣਾ ਦੀ ਖੱਟਰ ਸਰਕਾਰ ਕਿਸਾਨਾਂ ਉੱਤੇ ਜਬਰ ਦੀ ਹਨੇਰੀ ਝੁਲਾਉਂਦੀ ਹੈ।ਪਰ ਕਿਸਾਨਾਂ ਦੇ ਸੰਘਰਸ਼ ਨੂੰ ਜਿੰਨਾਂ ਦਬਾਉਣ ਦੇ ਯਤਨ ਕੀਤੇ ਜਾਣਗੇ ਇਹ ਉਨਾਂ ਹੀ ਪ੍ਰਚੰਡ ਹੋਵੇਗਾ।

## ਭਲਕੇ ਮੋਹਾਲੀ ਵਿਖੇ ਸੂਬਾ ਪੱਧਰੀ ਰੈਲੀ ਕਰਕੇ ਮੁੱਖ ਮੰਤਰੀ ਦੀ ਰਿਹਾਇਸ਼ ਵੱਲ ਮਾਰਚ ਦਾ ਐਲਾਨ



ਗੁਰਾਇਆ ( ਬਿੰਦਰ ਸੁਮਨ)- ਮੁੱਖ ਮੰਤਰੀ ਭਗਵੰਤ ਮਾਨ ਅਤੇ ਕੈਬਿਨਟ ਮੰਤਰੀਆਂ ਵੱਲੋਂ ਵਾਅਦਾ ਕਰਕੇ ਫੈਸਲਾ ਲੈਣ ਦੇ ਬਾਵਜੂਦ ਵੀ ਮੁਲਾਜ਼ਮਾਂ ਦੇ ਮਸਲੇ ਹੱਲ ਨਾ ਹੁੰਦੇ ਦੇਖ ਮੁਲਾਜ਼ਮਾਂ ਨੇ ਸੰਘਰਸ਼ ਨੂੰ ਅੱਗੇ ਵਧਾਉਣ ਦਾ ਐਲਾਨ ਕਰ ਦਿੱਤਾ ਹੈ। ਤਿੰਨ ਦਿਨਾਂ ਦੀ ਸੰਕੇਤਕ ਹੜਤਾਲ ਨੂੰ ਮੁਲਾਜਮਾਂ ਵੱਲੋਂ ਅੱਗੇ ਵਧਾਉਂਦੇ ਹੋਏ 28 ਫਰਵਰੀ ਨੂੰ ਮੁੱਖ ਮੰਤਰੀ ਦੀ ਰਿਹਾਇਸ਼ ਚੰਡੀਗੜ੍ਹ ਵਿਖੇ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕਰ ਦਿੱਤਾ ਹੈ। ਮੁਲਾਜ਼ਮ ਇਸ ਗੱਲ ਤੋਂ ਨਰਾਜ਼ ਨਜ਼ਰ ਆ ਰਹੇ ਸਨ ਕਿ ਕੈਬਿਨਟ ਸਬ ਕਮੇਟੀ ਵੱਲੋਂ 22/11/2023 ਅਤੇ 31 ਜਨਵਰੀ ਨੂੰ ਫੈਸਲਾ ਲੈਣ ਦੇ ਬਾਵਜੂਦ ਵੀ ਅਫਸਰ ਕਮੇਟੀ ਪਿਛਲੇ ਤਕਰੀਬਨ ਢਾਈ ਮਹੀਨੇ ਤੋਂ ਇਕ ਮੀਟਿੰਗ ਹੀ ਨਹੀ ਕਰ ਰਹੀ। ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਦੇ ਹਰੇ ਪੈੱਨ ਨੇ ਸਿੱਖਿਆ ਵਿਭਾਗ ਦੇ ਦਫਤਰੀ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਫੈਸਲਾ ਲਿਆ ਅਤੇ ਉਸ ਤੇ ਤਿੰਨ ਮੰਤਰੀਆਂ ਦੀ ਬਣੀ ਕੈਬਿਨਟ ਸਬ ਕਮੇਟੀ ਦੀ ਵੀ ਮੋਹਰ ਲੱਗਣ ਦੇ ਬਾਵਜੂਦ ਸਿੱਖਿਆ ਵਿਭਾਗ ਦੇ ਦਫਤਰੀ ਕਰਮਚਾਰੀਆਂ ਨੂੰ ਨਾ ਤਾਂ ਰੈਗੂਲਰ ਦੇ ਆਰਡਰ ਮਿਲੇ ਅਤੇ ਨਾ ਹੀ ਕਰਮਚਾਰੀਆ ਦੀ ਤਨਖਾਹ ਕਟੌਤੀ ਬੰਦ ਹੋਈ। ਸੂਬੇ, ਸਰਕਾਰ ਅਤੇ ਵਿਭਾਗ ਨੂੰ ਚਲਾਉਣ ਲਈ ਦਫਤਰੀ ਮੁਲਾਜ਼ਮ ਸਰਕਾਰਾਂ ਦੀ ਰੀੜ੍ਹ ਦੀ ਹੱਡੀ ਮੰਨੇ ਜਾਂਦੇ ਹਨ ਪ੍ਰੰਤੂ ਪੰਜਾਬ ਦਾ ਸਿੱਖਿਆ ਵਿਭਾਗ ਕਿਸੇ ਵੀ ਪਾਰਟੀ ਦੀ ਸਰਕਾਰ ਆਈ ਹੋਵੇ ਦਫਤਰੀ ਮੁਲਾਜ਼ਮਾਂ ਨਾਲ ਵਿਤਕਰਾ ਹੀ ਕਰਦਾ ਰਿਹਾ ਹੈ। ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦਫਤਰ ਗੁਰਾਇਆ 01 ਅਤੇ 02 ਦੇ ਆਗੂਆਂ ਮੈਡਮ ਕਿਰਨ, ਬਲਜੀਤ ਕੌਰ, ਵੇਨੂੰ ਗਾਬਾ ਅਤੇ ਰਾਕੇਸ਼ ਕੁਮਾਰ ਨੇ ਕਿਹਾ ਕਿ ਅਕਾਲੀ ਦਲ ਅਤੇ ਕਾਂਗਰਸ ਦੀ ਸਰਕਾਰ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲ ਕੇ ਰੱਖ ਦਿੱਤੀ ਅਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਕੱਚੇ ਮੁਲਾਜ਼ਮਾਂ ਦੇ ਭਵਿੱਖ ਨੂੰ ਰੋਲਣ ਦੀ ਤਿਆਰੀ ਕਰੀ ਬੈਠੀ ਹੈ। ਆਗੂਆ ਨੇ ਕਿਹਾ ਕਿ ਜੇਕਰ ਸਰਕਾਰ ਤੇ ਵਿਭਾਗ ਨੇ ਮੰਗਾਂ ਵੱਲ ਨਾ ਧਿਆਨ ਦਿੱਤਾ ਤਾਂ ਮੁਲਾਜ਼ਮ ਪੱਕਾ ਧਰਨਾ ਲਗਾ ਕੇ ਅਤੇ ਆਉਣ ਵਾਲੇ ਦਿਨਾਂ ਚ ਪ੍ਰਚਾਰ ਰੈਲੀਆਂ ਦੌਰਾਨ ਮੁੱਖ ਮੰਤਰੀ ਤੇ ਕੈਬਿਨਟ ਮੰਤਰੀਆਂ ਦਾ ਘਿਰਾਓ ਕਰਨਗੇ।

## ਸੰਤ ਨਿਰੰਕਾਰੀ ਮਿਸ਼ਨ ਨੇ ਸਫਾਈ ਮੁਹਿੰਮ ਚਲਾਈ



ਮਾਹਿਲਪੁਰ (ਸਫ਼ਰੀ) ਸੰਤ ਨਿਰੰਕਾਰੀ ਮਿਸ਼ਨ ਵੱਲੋਂ ਸਤਿਗੁਰੂ ਮਾਤਾ ਸੁਦੀਕਸ਼ਾ ਦੀ ਕ੍ਰਿਪਾ ਨਾਲ ਅਤੇ ਬ੍ਰਾਂਚ ਮਾਹਿਲਪੁਰ ਦੇ ਮੁਖੀ ਭੈਣ ਨਛੱਤਰ ਕੌਰ ਦੀ ਅਗਵਾਈ ਵਿੱਚ ਮੈਲੀ ਡੈਮ 'ਤੇ ਪ੍ਰੋਜੈਕਟ ਅੰਮ੍ਰਿਤ ਤਹਿਤ ਸਫ਼ਾਈ ਅਭਿਆਨ ਚਲਾਇਆ ਗਿਆ, ਜਿਸ ਵਿਚ 300 ਦੇ ਕਰੀਬ ਸੇਵਾਦਾਰ ਸਾਧ ਸੰਗਤ ਨੇ ਹਿੱਸਾ ਲਿਆ। ਡੈਮ ਦੇ ਕਿਨਾਰਿਆਂ 'ਤੇ ਪਾਣੀ ਦੀ ਸਫਾਈ ਕੀਤੀ ਗਈ। ਨਾਲ ਦੇ ਅਨੇਕਾਂ ਪਿੰਡਾਂ ਤੋਂ ਸਰਪੰਚ ਅਤੇ ਜ਼ਿਲ੍ਹਾ ਪ੍ਰੀਸ਼ਦ ਦੇ ਮੈਂਬਰ ,ਸਿਵਿਲ ਹਸਪਤਾਲ ਮਾਹਿਲਪੁਰ ਤੋਂ ਡਾਕਟਰ ਅਤੇ ਹੋਰ ਅਨੇਕਾਂ ਸੱਜਣਾਂ ਨੇ ਹਾਜ਼ਰੀ ਲਗਵਾਈ। ਇਸ ਮੌਕੇ ਸੰਚਾਲਕ ਰਾਜ ਕਮਲ,ਡਾਕਟਰ ਵਰਿੰਦਰ,ਕਮਲ ਦੇਵ,ਬਲਵੀਰ ਸਿੰਘ,ਰਾਮ ਚੰਦ,ਜਗਦੀਸ਼ ,ਮਨਦੀਪ ਸਿੰਘ,ਸੁਖਦੇਵ ਸਿੰਘ, ਲੇਖਕ ਬਲਜਿੰਦਰ ਮਾਨ, ਨਾਟ ਕਰਮੀ ਅਵਤਾਰ ਲੰਗੇਰੀ, ਕਲਾਕਾਰ ਸੁਖਮਨ ਸਿੰਘ, ਬੱਗਾ ਸਿੰਘ ਆਰਟਿਸਟ, ਡਾ. ਬਲਵੀਰ ਕੌਰ, ਪ੍ਰੋ ਜਸਵਿੰਦਰ ਸਿੰਘ, ਸ਼ਾਇਰ ਜੀਵਨ ਚੰਦੇਲੀ, ਡਾ. ਪ੍ਰਭਜੋਤ ਕੌਰ, ਡਾ. ਦੇਵ ਕੁਮਾਰ, ਡਾ. ਦੀਪਕ, ਪ੍ਰੋ ਜਸਦੀਪ ਕੌਰ, ਪ੍ਰੋ ਅਸ਼ੋਕ ਕੁਮਾਰ, ਪ੍ਰੋ ਸੰਦੀਪ ਕੌਰ, ਪ੍ਰੋ ਗੁਰਜੀਤ ਸਿੰਘ ਆਦਿ ਸਮੇਤ ਕਾਲਜ ਦੇ ਵਿਦਿਆਰਥੀ ਹਾਜ਼ਰ ਸਨ।

## ਗੁਰੂ ਰਵਿਦਾਸ ਮਹਾਰਾਜ ਦਾ 647ਵਾਂ ਗੁਰਪੁਰਬ ਸ਼ਰਧਾ-ਪੂਰਵਕ ਮਨਾਇਆ



ਗੜ੍ਹਸ਼ੰਕਰ(ਫੂਲਾ ਸਿੰਘ ਬੀਰਮਪੁਰ) ਇਲਾਕੇ ਦੇ ਪਿੰਡ ਸਮੁੰਦੜਾ ਵਿਖੇ ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਅਗਵਾਈ ਹੇਠ ਸ੍ਰੀ ਗੁਰੂ ਰਵਿਦਾਸ ਜੀ ਦਾ 647ਵਾਂ ਪ੍ਰਕਾਸ਼ ਦਿਹਾੜਾ ਸਮੂਹ ਸੰਗਤਾਂ, ਐਨਆਰਆਈ ਵੀਰਾਂ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਪੂਰਵਕ ਮਨਾਇਆ ਗਿਆ। ਬਾਣੀ ਦੇ ਰਚੇਤਾ, ਇਨਕਲਾਬ ਦੇ ਮੋਢੀ, ਗਰੀਬ ਮਜਲੂਮਾਂ ਦੇ ਹੱਕ ਲਈ ਹਾਅ ਦਾ ਨਾਹਰਾ ਮਾਰਨ ਵਾਲੇ, ਹੱਥੀ ਕਿਰਤ ਕਰਨ ਦਾ ਸੁਨੇਹਾ ਦੇਣ ਵਾਲੇ ਸਤਿਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਾਹਿਬ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ।ਪ੍ਰਧਾਨ ਡਾਕਟਰ ਜੋਗਿੰਦਰ ਸਿੰਘ ਅਤੇ ਪ੍ਰਿੰ ਜਗਤਾਰ ਸਿੰਘ ਵੱਲੋਂ ਸਮੂਹ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ 647ਵੇਂ ਗੁਰਪੁਰਬ ਦੀ ਵਧਾਈ ਦਿੱਤੀ।ਖੋਜਕੀਪੁਰ ਵਾਲੇ ਕੀਰਤਨੀ ਜਥੇ ਵੱਲੋਂ ਸੰਗਤਾਂ ਨੂੰ ਕਥਾ ਕੀਰਤਨ ਰਾਹੀਂ ਨਿਹਾਲ ਕੀਤਾ ਗਿਆ ਗੁਰੂ ਦਾ ਲੰਗਰ ਵੀ ਅਤੁੱਟ ਵਰਤਾਇਆ ਗਿਆ।ਇਸ ਮੌਕੇ ਪ੍ਰਬੰਧਕ ਕਮੇਟੀ ਤੋ ਪ੍ਰਧਾਨ ਡਾ ਜੋਗਿੰਦਰ ਸਿੰਘ,ਰਾਕੇਸ਼ ਕੁਮਾਰ, ਪਿਆਰਾ ਰਾਮ ,ਗੁਰਮੀਤ ਰਾਮ ,ਰਿੰਕੂ, ਪ੍ਰਿੰਸੀਪਲ ਜਗਤਾਰ ਸਿੰਘ,ਕਾਕਾ,ਜਰਨੈਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਇਸ ਤੋਂ ਇਲਾਵਾ ਪਿੰਡ ਖਾਨਪੁਰ ਵਿਖੇ ਵੀ ਸ੍ਰੀ ਗੁਰੂ ਰਵਿਦਾਸ ਜੀ ਦਾ 647ਵਾਂ ਪ੍ਰਕਾਸ਼ ਦਿਹਾੜਾ ਸ਼ਰਧਾ ਪੂਰਵਕ ਮਨਾਇਆ ਗਿਆ।ਪ੍ਰਧਾਨ ਹਰਮੇਸ਼ ਲਾਲ ਅਤੇ ਸਰਪੰਚ ਅਸ਼ੋਕ ਕੁਮਾਰ ਵੱਲੋਂ ਸਮੂਹ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ 647ਵੇਂ ਗੁਰਪੁਰਬ ਦੀ ਵਧਾਈ ਦਿੱਤੀ ਗਈ। ਇਸ ਮੌਕੇ ਸੰਤ ਕ੍ਰਿਪਾਲ ਦਾਸ ਡੇਰਾ ਤ੍ਰਿਵੈਣੀ ਸਰ ਖਾਨਪੁਰ,ਸੰਤ ਸਤੋਖ ਦਾਸ ਅਤੇ ਕੀਰਤਨ ਜਥੇ ਬਾਬਾ ਸਤੋਖ ਦਾਸ ਮਲੇਰਕੋਟਲੇ ਵਾਲੇ, ਭਾਈ ਹਰਜਿੰਦਰ ਸਿੰਘ ਰਾਜਾ ਹਜ਼ੂਰੀ ਰਾਗੀ, ਕੀਰਤਨੀ ਜਥੇ ਵੱਲੋਂ ਸੰਗਤਾਂ ਨੂੰ ਕਥਾ ਕੀਰਤਨ ਰਾਹੀਂ ਨਿਹਾਲ ਕੀਤਾ ਗਿਆ। ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਸਮਾਗਮ ਦੌਰਾਨ ਫਰੀ ਮੈਡੀਕਲ ਕੈਂਪ ਵੀ ਲਗਾਇਆ ਗਿਆ ਜਿਸ ਵਿੱਚ ਲੋੜਵੰਦਾਂ ਨੂੰ ਫਰੀ ਦਵਾਈਆਂ ਦਿੱਤੀਆਂ ਗਈਆਂ।

## ਸ਼ਹਿਦ ਦੀਆਂ ਮੱਖੀਆਂ ਪਾਲਣ ਸੰਬੰਧੀ ਟਰੇਨਿੰਗ ਕੈਂਪ ਪਹਿਲੀ ਤੋਂ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਕ੍ਰਿਸ਼ਨ ਗਰਗ)-ਜਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਸ਼ਹਿਦ ਦੀਆਂ ਮੱਖੀਆਂ ਪਾਲਣ (ਬੀ-ਕੀਪਿੰਗ) ਦੇ ਕਿੱਤੇ ਨੂੰ ਉਤਸ਼ਾਹਿਤ ਕਰਨ ਲਈ ਡਿਪਟੀ ਕਮਿਸ਼ਨਰ ਸ਼੍ਰੀਮਤੀ ਆਸ਼ਿਕਾ ਜੈਨ, ਆਈ.ਏ.ਐਸ ਦੀ ਪ੍ਰੇਰਨਾ ਅਤੇ ਡਾ. ਗੁਰਮੇਲ ਸਿੰਘ ਮੁੱਖ ਖੇਤੀਬਾੜੀ ਅਫਸਰ, ਐਸ.ਏ.ਐਸ ਨਗਰ ਦੀ ਯੋਗ ਅਗਵਾਈ ਹੇਠ ਆਤਮਾ ਸਕੀਮ ਅਧੀਨ ਕ੍ਰਿਸ਼ੀ ਵਿਗਿਆਨ ਕੇਂਦਰ ਕੁਰਾਲੀ ਅਤੇ ਬਾਗਬਾਨੀ ਵਿਭਾਗ ਜ਼ਿਲ੍ਹਾ ਐਸ.ਏ.ਐਸ ਨਗਰ ਵੱਲੋਂ 5 ਦਿਨਾਂ ਦੀ ਟਰੇਨਿੰਗ ਮਿਤੀ 01-03-2024 ਤੋਂ 07-03-2024 ਤੱਕ ਮੁੱਖ ਖੇਤੀਬਾੜੀ ਅਫਸਰ ਦੇ ਦਫਤਰ , ਚੌਥੀ ਮੰਜੀਲ , ਜਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76 ਐਸ.ਏ.ਐਸ ਨਗਰ ਵਿਖੇ ਲਗਾਈ ਜਾ ਰਹੀ ਹੈ।ਜਗਦੀਸ਼ ਸਿੰਘ ਕਾਹਮਾ, ਡਿਪਟੀ ਡਾਇਰੈਕਟਰ ਬਾਗਬਾਨੀ, ਐਸ.ਏ.ਐਸ ਨਗਰ ਨੇ ਦੱਸਿਆ ਕਿ ਇਸ ਟਰੇਨਿੰਗ ਕੈਂਪ ਵਿੱਚ ਹਾਜਰ ਹੋਣ ਵਾਲੇ ਕਿਸਾਨਾਂ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਸਇੰਸਦਾਨਾਂ ਵੱਲੋਂ ਸ਼ਹਿਦ ਦੀਆਂ ਮੱਖੀਆਂ ਪਾਲਣ ਸਬੰਧੀ ਵਿਸਥਾਰਪੂਰਵਕ ਟਰੇਨਿੰਗ ਦਿੱਤੀ ਜਾਵੇਗੀ ਅਤੇ ਟਰੇਨਿੰਗ ਵਿੱਚ ਭਾਗ ਲੈਣ ਵਾਲੇ ਕਿਸਾਨਾਂ ਦਾ ਐਕਸਪੋਜ਼ਰ ਵਿਜ਼ਿਟ ਵੀ ਕਰਵਾਇਆ ਜਾਵੇਗਾ। ਜ਼ਿਲ੍ਹੇ ਦੇ ਕਿਸਾਨਾਂ ਨੂੰ ਇਸ ਟਰੇਨਿੰਗ ਵਿੱਚ ਭਾਗ ਲੈਣ ਦੀ ਅਪੀਲ ਕੀਤੀ ਜਾਂਦੀ ਹੈ ਤਾਂ ਜੋ ਖੇਤੀ ਦੇ ਨਾਲ ਹੋਰ ਸਹਾਇਕ ਧੰਦਿਆਂ ਨੂੰ ਉਤਸ਼ਾਹਿਤ ਕੀਤਾ ਜਾ ਸਕੇ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋ ਸਕੇ। ਜਿਹੜੇ ਕਿਸਾਨ ਇਸ ਟਰੇਨਿੰਗ ਕੈਂਪ ਵਿੱਚ ਭਾਗ ਲੈਣਾ ਚਾਹੁੰਦੇ ਹਨ, ਉਹ ਆਪਣਾ ਆਧਾਰ ਕਾਰਡ ਨਾਲ ਲੈ ਕੇ ਮਿਤੀ 01-03-2024 ਨੂੰ ਸਵੇਰੇ 10 ਵਜੇ ਮੁੱਖ ਖੇਤੀਬਾੜੀ ਅਫਸਰ, ਐਸ.ਏ.ਐਸ ਨਗਰ ਦੇ ਦਫਤਰ ਵਿਖੇ ਹਾਜਰ ਹੋਣ।

## ਸੰਤ ਨਿਰੰਕਾਰੀ ਮਿਸ਼ਨ ਵੱਲੋਂ ਨਵਾਂ ਸ਼ਹਿਰ ਰੋਡ ਤੋਂ ਬਿਜਲੀ ਘਰ ਤੱਕ ਡਰੇਨ ਦੀ ਸਫ਼ਾਈ



ਫਿਲੌਰ (ਨਿਰਮਲ)- ਸਤਿਗੁਰੂ ਬਾਬਾ ਹਰਦੇਵ ਸਿੰਘ ਮਹਾਰਾਜ ਜੀ ਦੇ ਜਨਮ ਦਿਨ ਸਬੰਧ 'ਚ ਸਤਿਗੁਰੂ ਮਾਤਾ ਸੁਦੀਕਸ਼ਾ ਮਹਾਰਾਜ ਅਤੇ ਨਿਰੰਕਾਰੀ ਰਾਜਪਿਤਾ ਰਮਿਤ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪ੍ਰੋਜੈਕਟ ਅੰਮ੍ਰਿਤ ਸਵੱਛ ਜਲ, ਸਵੱਛ ਮਨ ਦੇ ਤਹਿਤ ਸੰਤ ਨਿਰੰਕਾਰੀ ਸਤਿਸੰਗ ਭਵਨ ਫਿਲੌਰ ਦੇ ਸਮੂਹ ਸੇਵਾ ਦਲ ਦੇ ਮੈਂਬਰਾਂ ਵੱਲੋਂ ਬ੍ਰਾਂਚ ਮੁੱਖੀ ਜਗਤਾਰ ਸਿੰਘ ਦੀ ਅਗਵਾਈ ਹੇਠ ਨਵਾਂ ਸ਼ਹਿਰ ਰੋਡ ਤੋਂ ਲੈ ਕੇ ਬਿਜਲੀ ਘਰ ਤੱਕ ਡਰੇਨ ਦੀ ਸਫ਼ਾਈ ਕੀਤੀ ਗਈ। ਇਸ ਮੌਕੇ ਬ੍ਰਾਂਚ ਮੁੱਖੀ ਫਿਲੌਰ ਭਾਈ ਸਾਹਿਬ ਜਗਤਾਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੰਤ ਨਿਰੰਕਾਰੀ ਮਿਸ਼ਨ ਵੱਲੋਂ ਪੂਰੇ ਭਾਰਤ 'ਚ ਸਫ਼ਾਈ ਅਭਿਆਨ ਚਲਾਇਆ ਗਿਆ ਹੈ। ਉਸ ਤਹਿਤ ਅੱਜ ਫਿਲੌਰ ਵਿਖੇ ਸਤਿਗੁਰੂ ਬਾਬਾ ਹਰਦੇਵ ਸਿੰਘ ਜੀ ਦੇ ਜਨਮਦਿਨ ਮੌਕੇ ਸਫ਼ਾਈ ਕੀਤੀ ਗਈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਸਰੀਰ ਨੂੰ ਸਾਫ਼ ਕਰਨ ਲਈ ਜਲ ਦੀ ਜ਼ਰੂਰਤ ਹੁੰਦੀ ਹੈ, ਉਸੇ ਤਰ੍ਹਾਂ ਮਨ ਨੂੰ ਸਾਫ਼ ਕਰਨ ਲਈ ਸਤਿਗੁਰੂ ਦੇ ਬਚਨਾਂ ਦੀ ਜ਼ਰੂਰਤ ਹੁੰਦੀ ਹੈ। ਇਸ ਲਈ ਸਾਨੂੰ ਸਤਿਗੁਰੂ ਵੱਲੋਂ ਦਿੱਤੇ ਉਪਦੇਸ਼ਾਂ ਤੇ ਚੱਲਣਾ ਚਾਹੀਦਾ ਹੈ। ਇਸ ਮੌਕੇ ਤੇ ਬ੍ਰਾਂਚ ਸੰਚਾਲਕ ਅਮਨ ਜੀ, ਬ੍ਰਾਂਚ ਸਿਕਸ਼ਕ ਕੁਲਵੰਤ ਸਿੰਘ, ਬ੍ਰਾਂਚ ਸੰਚਾਲਿਕਾ ਮੀਨੂ ਗਰੋਵਰ, ਭੈਣ ਸਿਕਸ਼ਕਾ ਕਿਰਨ, ਖਜ਼ਾਨਚੀ ਸੋਹਣ ਲਾਲ, ਪ੍ਰਚਾਰਕ ਮਹਾਤਮਾਂ ਰਾਮ ਸਰੂਪ ਜੀ, ਰਾਮ ਜੀ ਦਾਸ, ਲਖਵੀਰ ਲਾਲ, ਸੱਤਪਾਲ ਜੀ, ਅਮਰਜੀਤ ਸਿੰਘ, ਸੁਰਿੰਦਰ ਮਾਹਲਾਂ, ਜਤਿੰਦਰ ਮਾਹਲਾਂ, ਗੁਰਦੇਵ ਸਿੰਘ, ਦੀਪੂ ਜੀ, ਰਜਿੰਦਰ ਜੀ, ਭੈਣ ਸੁਨੀਤਾ, ਸੰਤੋਸ਼ ਜੀ, ਸਿਮਰਨ ਕੌਰ, ਮਨਦੀਪ ਕੌਰ, ਸ਼ਾਲੂ ਜੀ, ਕਾਂਤਾ ਜੀ, ਪਾਇਲ ਜੀ, ਜੋਗਿੰਦਰ ਕੌਰ ਅਤੇ ਸਮੂਹ ਸੇਵਾਦਲ ਦੇ ਮੈਂਬਰ ਹਾਜ਼ਰ ਸਨ।

## ਹਰੇਕ ਜ਼ਿਲੇ 'ਚ ਸਾਂਝਾ ਬਾਜ਼ਾਰ ਖੋਲ੍ਹਿਆ ਜਾਵੇਗਾ : ਮੁੱਖ ਮੰਤਰੀ

ਚੰਡੀਗੜ੍ਹ, (ਕ੍ਰਿਸ਼ਨ ਗਰਗ) - ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਸੂਬੇ ਦੀ ਸਵੈ ਸਹਾਇਤਾ ਸਮੂਹਾਂ ਦੀਆਂ ਮਹਿਲਾਵਾਂ ਨੂੰ ਤੋਹਫਾ ਦਿੱਤਾ। ਮੁੱਖ ਮੰਤਰੀ ਨੇ ਪਿਛਲੇ ਸਾਲ ਐਲਾਨ ਕੀਤਾ ਸੀ ਕਿ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਦੀ ਦਿਸ਼ਾ ਵਿਚ ਕੰਮ ਕਰਦੇ ਹੋਏ ਹਰੇਕ ਜ਼ਿਲੇ ਵਿਚ ਸਾਂਝਾ ਬਾਜ਼ਾਰ ਖੋਲ੍ਹਿਆ ਜਾਵੇਗਾ। ਇਸ ਕੜੀ ਵਿਚ ਮੁੱਖ ਮੰਤਰੀ ਮਨੋਹਰ ਲਾਲ ਨੇ ਕਰਨਾਲ ਜ਼ਿਲੇ ਵਿਚ ਪਹਿਲੇ ਸਾਂਝਾ ਬਾਜ਼ਾਰ ਦਾ ਉਦਘਾਟਨ ਕੀਤਾ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਸਮੂਹਾਂ ਦੀ ਮਹਿਲਾ ਮੈਂਬਰਾਂ ਨੂੰ ਸਥਾਈ ਤੌਰ 'ਤੇ ਆਪਣੀ ਆਮਦਨ ਕਮਾਉਣ ਲਈ ਇਸ ਰੈਗੂਲਰ ਬਾਜ਼ਾਰ ਵਿਚ ਇਕ ਮੰਚ ਮਿਲੇਗਾ। ਉਨ੍ਹਾਂ ਕਿਹਾ ਕਿ ਪਹਿਲੇ ਪੜਾਅ ਵਿਚ 6 ਜ਼ਿਲ੍ਹਿਆਂ ਵਿਚ ਸਾਂਝਾ ਬਾਜ਼ਾਰ ਲਈ ਥਾਵਾਂ ਦੀ ਚੋਣ ਕੀਤੀ ਗਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਵੈ ਸਹਾਇਤਾ ਸਮੂਹਾਂ ਦੇ ਤਹਿਤ ਪੂਰੇ ਸੂਬੇ ਵਿਚ 58,000 ਗਰੁੱਪ ਬਣਾਏ ਗਏ ਹਨ। ਇਨ੍ਹਾਂ ਸਮੂਹਾਂ ਵਿਚ 6 ਲੱਖ ਮਹਿਲਾ ਮੈਂਬਰਾਂ ਵੱਜੋਂ ਆਤਮਨਿਰਭਰ ਬਣਾਉਣ ਵੱਲ ਮੋਹਰੀ ਹਨ। ਕੇਂਦਰ ਸਰਕਾਰ ਦੀ ਡ੍ਰੋਨ ਦੀਦੀ ਯੋਜਨਾ ਅਨੁਸਾਰ ਸੂਬੇ ਵਿਚ ਪਹਿਲੇ ਪੜਾਅ ਵਿਚ 500 ਮਹਿਲਾਵਾਂ ਨੂੰ ਡ੍ਰੋਨ ਦੀ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਸਵੈ ਸਹਾਇਤਾਂ ਸਮੂਹਾਂ ਨੂੰ ਪਿੰਡ ਦੇ ਨਾਲ-ਨਾਲ ਸ਼ਹਿਰਾਂ ਵਿਚ ਵੀ ਹੋਰ ਵਧਾਉਣ 'ਤੇ ਸਰਕਾਰ ਜ਼ੋਰ ਦੇ ਰਹੀ ਹੈ।

## ਮੱਲਾਂ ਮਾਰਨ ਵਾਲੇ ਬੱਚਿਆਂ ਨੂੰ ਕੀਤਾ ਸਨਮਾਨਤ



ਭੋਗਪੁਰ ( ਗੁਰਪ੍ਰੀਤ ਸਿੰਘ ਭੋਗਲ ) -ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਪੁਰਬ ਮੌਕੇ ਡਾ. ਭੀਮ ਰਾਓ ਅੰਬੇਡਕਰ ਚੈਰੀਟੇਬਲ ਸੁਸਾਇਟੀ ਆਦਮਪੁਰ ਵੱਲੋਂ ਖੇਡਾਂ ਅਤੇ ਪੜ੍ਹਾਈ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਡਾ.ਭੀਮ ਰਾਓ ਅੰਬੇਡਕਰ ਚੈਰੀਟੇਬਲ ਸੁਸਾਇਟੀ ਵੱਲੋਂ ਹਰਲੀਨ ਹੀਰ ਨੂੰ ਸਟੇਟ ਲੈਵਲ ਖੇਡਾਂ ਵਿੱਚ ਗੋਲਡ ਮੈਡਲ ਜਿੱਤਣ ਲਈ ,ਇੰਦਰਪ੍ਰੀਤ ਫੁੱਟਬਾਲ ਖਿਡਾਰੀ ਨੂੰ (ਖੇਲੋ ਇੰਡੀਆ ਖੇਲੋ) ਖੇਡਾਂ ਵਿੱਚ ਵਧੀਆ ਪ੍ਰਦਰਸ਼ਨ,ਇੰਦਰਪ੍ਰੀਤ ਨੂੰ ਵਕਾਲਤ ਦੀ ਪੜ੍ਹਾਈ ਪੂਰੀ ਕਰਨ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਨੋਜ ਭੱਟੀ ਪ੍ਰਧਾਨ,ਨਰੇਸ਼ ਕੁਮਾਰ ਸੈਕਟਰੀ, ਸੰਜੀਵ ਸੋਨੂ ਜੁਆਇਟ ਸੈਕਟਰੀ ,ਕਮਲਜੀਤ ਜਨਰਲ ਸੈਕਟਰੀ, ਸੁਖਦੇਵ ਲਾਲ,ਜਗਪ੍ਰੀਤ,ਲਵਪ੍ਰੀਤ ਮੈਂਬਰ ਮੌਜੂਦ ਸਨ।

## ਪ੍ਰਿੰ.ਪ੍ਰੇਮ ਕੁਮਾਰ ਨੂੰ ਪੰਜਾਬ ਸਿੱਖਿਆ ਬੋਰਡ ਦਾ ਵਾਈਸ ਚੇਅਰਮੈਨ ਲਗਾਇਆ

ਫਿਲੌਰ (ਨਿਰਮਲ): ਵਿਧਾਨ ਸਭਾ ਹਲਕਾ ਫਿਲੌਰ ਤੋਂ ਆਮ ਆਦਮੀ ਪਾਰਟੀ ਦੇ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਦੀਆਂ ਪਾਰਟੀ ਪ੍ਰਤੀ ਕਾਰਗੁਜ਼ਾਰੀ ਅਤੇ ਵਧੀਆ ਸੇਵਾਵਾਂ ਨੂੰ ਦੇਖਦੇ ਹੋਏ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪ੍ਰਿੰਸੀਪਲ ਪ੍ਰੇਮ ਕੁਮਾਰ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਵਾਇਸ ਚੇਅਰਮੈਨ ਦੇ ਅਹੁਦੇ ਨਾਲ ਨਿਵਾਜਿਆ ਗਿਆ ਹੈ। ਪਾਰਟੀ ਦੇ ਇਸ ਫੈਸਲੇ 'ਤੇ ਖੁਸ਼ੀ ਜ਼ਾਹਰ ਕਰਦਿਆਂ ਪਾਰਟੀ ਵਰਕਰਾਂ ਤੇ ਅਹੁਦੇਦਾਰਾਂ ਨੇ ਪਾਰਟੀ ਦਫਤਰ ਵਿਖੇ ਪ੍ਰਿਸੀਪਲ ਪ੍ਰੇਮ ਕੁਮਾਰ ਦਾ ਗੁਲਦਸਤਾ ਭੇਂਟ ਕਰਕੇ ਸਨਮਾਨ ਕੀਤਾ ਅਤੇ ਮੂੰਹ ਮਿੱਠਾ ਕਰਵਾਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਵੱਲੋਂ ਦਿਤਿਆਂ ਸੇਵਾਵਾਂ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਪਹਿਲੀਆਂ ਰਵਾਇਤੀ ਪਾਰਟੀਆਂ ਦੇ ਸਮੇਂ ਇਨ੍ਹਾਂ ਅਹੁਦਿਆਂ ਤੱਕ ਪਹੁੰਚਣ ਲਈ ਮੋਟੀ ਰਕਮ ਪਾਰਟੀ ਫੰਡ ਵਜੋਂ ਦੇਣੀ ਪੈਂਦੀ ਸੀ ਪਰ ਆਪ ਸਰਕਾਰ ਆਮ ਆਦਮੀ ਦੀ ਸਰਕਾਰ ਹੈ ਜੋ ਪਾਰਟੀ ਵਰਕਰਾਂ ਦੇ ਹੱਕਾਂ ਨੂੰ ਨਿਰਸਵਾਰਥ ਵਰਕਰਾਂ ਨੂੰ ਹੀ ਦੇ ਰਹੀ ਹੈ। ਇਸ ਮੌਕੇ ਬਲਾਕ ਪ੍ਰਧਾਨ ਸੰਜੇ ਅਟਵਾਲ, ਸੀਨੀਅਰ ਪੱਤਰਕਾਰ ਨਿਰਮਲ ਕੁਮਾਰ, ਸੁਦੇਸ਼ ਕੁਮਾਰ ਬਿੱਲਾ, ਕੌਂਸਲਰ ਵੈਭਵ ਸ਼ਰਮਾ, ਹਰਕਮਲ ਸਿੰਘ ਬੇਗਮਪੁਰ, ਅਜਵਿੰਦਰ ਸਿੰਘ, ਬਲਾਕ ਪ੍ਰਧਾਨ ਤਾਰਾ ਸਿੰਘ, ਪਰਮਜੀਤ ਕੁਮਾਰ, ਸੰਤੋਖ ਸਿੰਘ ਗਿੱਲ, ਦੀਪਾ ਬਕਾਪੁਰ ਪੀ.ਏ ਅਤੇ ਹੋਰ ਹਾਜ਼ਰ ਸਨ।



## ਗੁਰਦਵਾਰਾ ਸੰਤ ਘਾਟ ਤੋਂ ਨਗਰ ਕੀਰਤਨ ਸਜਾਇਆ



ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)-ਅਮਰ ਸ਼ਹੀਦ ਬਾਬਾ ਸੰਗਤ ਸਿੰਘ ਜੀ ਵੈਲਫੇਅਰ ਕਮੇਟੀ ਵੱਲੋਂ ਚਾਰ ਸਾਹਿਬਜ਼ਾਦੇ, ਮਾਤਾ ਗੁਜਰੀ ਜੀ, ਚਮਕੌਰ ਦੀ ਗੜ੍ਹੀ ਅਤੇ ਸਰਹੰਦ ਫਤਿਹਗੜ੍ਹ ਸਾਹਿਬ ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਸੰਤ ਘਾਟ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸ਼ੁਰੂ ਹੋਇਆ। ਇਸ ਮੌਕੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਸ੍ਰੀ ਸੰਤ ਘਾਟ ਸਾਹਿਬ ਤੋਂ ਸਜਾਇਆ ਗਿਆ ਜੋ ਸ਼ਹੀਦ ਉਧਮ ਸਿੰਘ ਚੌਂਕ, ਗੁਰਦੁਆਰਾ ਗੁਰੂ ਕਾ ਬਾਗ, ਚੌਂਕ ਚੇਲਿਆਂ, ਸਦਰ ਬਾਜ਼ਾਰ, ਮੁਹਲਾ ਅਰੋੜਾ ਰਸਤਾ, ਗਗਰੀ ਚੌਂਕ ਤੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਜਾ ਕੇ ਸੰਪੰਨ ਹੋਇਆ। ਨਗਰ ਕੀਰਤਨ ਦੀ ਆਰੰਭਤਾ ਮੌਕੇ ਭਾਈ ਹਰਜਿੰਦਰ ਸਿੰਘ ਚੰਡੀਗੜ੍ਹ ਹੈੱਡ ਗ੍ਰੰਥੀ ਗੁਰਦੁਆਰਾ ਸ੍ਰੀ ਬੇਰ ਸਾਹਿਬ ਨੇ ਅਰਦਾਸ ਕੀਤੀ। ਨਗਰ ਕੀਰਤਨ ਵਿੱਚ ਮੀਰੀ ਪੀਰੀ ਗਤਕਾ ਅਖਾੜਾ ਵਾਲੇ ਬੱਚੇ ਅਤੇ ਨੌਜਵਾਨ ਆਪਣੀ ਕਲਾ ਦਾ ਜੌਹਰ ਵਿਖਾ ਰਹੇ ਸਨ। ਨਗਰ ਕੀਰਤਨ ਦਾ ਮਾਰਗ ਵਿੱਚ ਵੱਖ ਵੱਖ ਥਾਵਾਂ 'ਤੇ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ ਗਿਆ ਅਤੇ ਕਈ ਪ੍ਰਕਾਰ ਦੇ ਅਤੁੱਟ ਲੰਗਰ ਵਰਤਾਏ ਗਏ।

## ਸਰਕਾਰ ਜਨਰਲ ਕੈਟਾਗਰੀ ਕਮਿਸ਼ਨ ਦੇ ਚੇਅਰਮੈਨ ਤੇ ਸਟਾਫ ਮੈਂਬਰਾਂ ਦੀ ਤੁਰੰਤ ਨਿਯੁਕਤੀ ਕਰੇ : ਸੰਜੀਵ ਅਰੋੜਾ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਭਾਰਤ ਵਿਕਾਸ ਪ੍ਰੀਸ਼ਦ ਦੇ ਸੂਬਾਈ ਕਨਵੀਨਰ ਅਤੇ ਉੱਘੇ ਸਮਾਜ ਸੇਵੀ ਸੰਜੀਵ ਅਰੋੜਾ ਨੇ ਪੰਜਾਬ ਸਰਕਾਰ ਤੋਂ ਜਨਰਲ ਕੈਟਾਗਰੀ ਕਮਿਸ਼ਨ ਦੇ ਚੇਅਰਮੈਨ ਦੀ ਤੁਰੰਤ ਨਿਯੁਕਤੀ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਜਨਰਲ ਕੈਟਾਗਰੀ ਕਮਿਸ਼ਨ ਦੇ ਚੇਅਰਮੈਨ ਦੀ ਨਿਯੁਕਤੀ ਤੋਂ ਬਿਨਾਂ ਜਨਰਲ ਕੈਟਾਗਰੀ ਨਾਲ ਸਬੰਧਤ ਸਮੱਸਿਆਵਾਂ ਦਾ ਹੱਲ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਅੱਜ ਜਨਰਲ ਵਰਗ ਦੇ ਬੱਚੇ ਸਰਕਾਰੀ ਨੌਕਰੀਆਂ ਅਤੇ ਵੱਡੇ ਕੋਰਸਾਂ ਵਿੱਚ ਦਾਖਲਾ ਲੈਣ ਵਿੱਚ ਲਗਾਤਾਰ ਪਛੜ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਕਿਸੇ ਨੂੰ ਵੀ ਰਾਖਵਾਂਕਰਨ ਦੇਣ ਦੇ ਖਿਲਾਫ ਨਹੀਂ ਹਨ। ਪਰ ਸਰਕਾਰ ਨੂੰ ਜਨਰਲ ਵਰਗ ਦੇ ਬੱਚਿਆਂ ਦਾ ਵੀ ਧਿਆਨ ਰੱਖਣਾ ਚਾਹੀਦਾ ਹੈ। ਅਰੋੜਾ ਨੇ ਕਿਹਾ ਕਿ ਸਰਕਾਰ ਨੂੰ ਸਾਰੇ ਵਰਗਾਂ ਲਈ ਉਚੇਰੀ ਸਿੱਖਿਆ ਬਿਲਕੁਲ ਮੁਫਤ ਕਰਨੀ ਚਾਹੀਦੀ ਹੈ ਤਾਂ ਜੋ ਕੋਈ ਵੀ ਵਿਦਿਆਰਥੀ ਆਰਥਕ ਤੰਗੀ ਕਾਰਨ ਸਿੱਖਿਆ ਤੋਂ ਵਾਂਝਾ ਨਾ ਰਹੇ। ਅੱਜ ਵੱਡੇ ਕੋਰਸਾਂ ਦੀਆਂ ਫੀਸਾਂ ਇੰਨੀਆਂ ਜ਼ਿਆਦਾ ਹਨ ਕਿ ਕਈ ਗਰੀਬ ਬੱਚੇ ਆਪਣੀ ਪੜ੍ਹਾਈ ਅੱਧ ਵਿਚਾਲੇ ਛੱਡਣ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਪਿਛਲੀ ਕਾਂਗਰਸ ਸਰਕਾਰ ਵੇਲੇ ਜਨਰਲ ਕੈਟਾਗਰੀ ਕਮਿਸ਼ਨ ਦੀ ਸਥਾਪਨਾ ਕੀਤੀ ਗਈ ਸੀ ਅਤੇ ਇਸ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਸੀ। ਪਰ ਸਰਕਾਰ ਬਦਲਣ ਤੋਂ ਬਾਅਦ ਸਰਕਾਰ ਨੇ ਜਨਰਲ ਵਰਗ ਨੂੰ ਪੂਰੀ ਤਰ੍ਹਾਂ ਅਣਗੌਲਿਆ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜਦੋਂ ਸਰਕਾਰ ਹੋਰ ਸ਼੍ਰੇਣੀਆਂ ਦੇ ਕਮਿਸਨਾਂ ਦੇ ਚੇਅਰਪਰਸਨਾਂ ਦੀ ਨਿਯੁਕਤੀ ਕਰ ਸਕਦੀ ਹੈ ਤਾਂ ਫਿਰ ਜਨਰਲ ਕੈਟਾਗਰੀ ਕਮਿਸ਼ਨ ਦੇ ਚੇਅਰਪਰਸਨਾਂ ਦੀ ਨਿਯੁਕਤੀ ਲਈ ਇੰਨਾ ਸਮਾਂ ਕਿਉਂ ਲੱਗ ਰਿਹਾ ਹੈ। ਉਨ੍ਹਾਂ ਕਿਹਾ ਕਿ ਜਨਰਲ ਵਰਗ ਦੇ ਬਹੁਤ ਸਾਰੇ ਬੱਚੇ ਹੋਣਹਾਰ ਹੋਣ ਦੇ ਬਾਵਜੂਦ ਆਪਣੇ ਹੀ ਸੂਬੇ ਵਿੱਚ ਨੌਕਰੀਆਂ ਨਾ ਮਿਲਣ ਕਾਰਨ ਵਿਦੇਸ਼ਾਂ ਵਿੱਚ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਮੰਤਰੀ ਵੀ ਜਨਰਲ ਕੈਟਾਗਰੀ ਕਮਿਸ਼ਨ ਦੇ ਚੇਅਰਮੈਨ ਦੀ ਨਿਯੁਕਤੀ ਦੀ ਗੱਲ ਨਹੀਂ ਕਰਦੇ। ਉਨ੍ਹਾਂ ਨੇ ਮੁੱਖ ਮੰਤਰੀ ਤੋਂ ਤੁਰੰਤ ਜਨਰਲ ਕੈਟਾਗਰੀ ਕਮਿਸਨ ਦੇ ਚੇਅਰਮੈਨ ਦੀ ਨਿਯੁਕਤੀ ਕਰਨ ਦੀ ਮੰਗ ਕੀਤੀ ਹੈ।

## ਖਾਲਸਾ ਕਾਲਜ 'ਚ ਮਾਤ ਭਾਸ਼ਾ ਦਿਵਸ ਸੰਬੰਧੀ ਸਾਹਿਤਕ ਸਮਾਰੋਹ ਕਰਵਾਇਆ



ਮਾਹਿਲਪੁਰ— ਸਿੱਖ ਵਿਦਿਅਕ ਕੌਂਸਲ ਦੇ ਪ੍ਰਬੰਧਾਂ ਹੇਠ ਚੱਲ ਰਹੇ ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਦੇ ਪੋਸਟ ਗਰੈਜੂਏਟ ਪੰਜਾਬੀ ਵਿਭਾਗ ਵੱਲੋਂ ਕੌਮਾਂਤਰੀ ਮਾਂ ਬੋਲੀ ਦਿਹਾੜੇ ਸਬੰਧੀ ਇਕ ਸਾਹਿਤਕ ਸਮਾਰੋਹ ਕਰਵਾਇਆ ਗਿਆ, ਜਿਸ ਵਿਚ ਚਰਚਿਤ ਪੰਜਾਬੀ ਲੇਖਕ ਡਾ. ਧਰਮਪਾਲ ਸਾਹਿਲ ਨੇ ਮੁੱਖ ਬੁਲਾਰੇ ਵੱਜੋਂ ਸ਼ਾਮਲ ਹੋਏ।ਮੁੱਖ ਮਹਿਮਾਨ ਵੱਜੋਂ ਦਿੱਲੀ ਸਰਕਾਰ ਵਿੱਚ ਕਲਾ, ਸਾਹਿਤ ਅਤੇ ਭਾਸ਼ਾਵਾਂ ਸਬੰਧੀ ਸਲਾਹਕਾਰ ਦੀਪਕ ਬਾਲੀ ਨੇ ਸ਼ਿਰਕਤ ਕੀਤੀ ਜਦਕਿ ਪ੍ਰਧਾਨਗੀ ਮੰਡਲ ਵਿੱਚ ਉਨ੍ਹਾਂ ਨਾਲ ਕੌਂਸਲ ਦੇ ਸਕੱਤਰ ਪ੍ਰੋ ਅਪਿੰਦਰ ਸਿੰਘ,ਪ੍ਰਿੰ ਡਾ. ਪਰਵਿੰਦਰ ਸਿੰਘ ,ਪ੍ਰੋ ਅਜੀਤ ਲੰਗੇਰੀ ਅਤੇ ਪਰਵਾਸੀ ਲੇਖਕ ਸੁਰਿੰਦਰ ਸੀਹਰਾ ਹਾਜ਼ਰ ਹੋਏ।ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਮਾਤ ਭਾਸ਼ਾ ਦਿਵਸ ਦੀ ਮਹੱਤਤਾ ਬਾਰੇ ਦੱਸਿਆ। ਉਨਾਂ ਵਿਦਿਆਰਥੀਆ ਨੂੰ ਮਾਤ ਭਾਸ਼ਾ 'ਤੇ ਮਾਨ ਕਰਨ ਅਤੇ ਚੰਗਾ ਸਾਹਿਤ ਪੜ੍ਹਨ ਦੀ ਪ੍ਰੇਰਨਾ ਦਿੱਤੀ।ਪੰਜਾਬੀ ਵਿਭਾਗ ਦੀ ਵਿਦਿਆਰਥਣ ਰਮਨਦੀਪ ਕੌਰ ਨੇ ਪੰਜਾਬੀ ਭਾਸ਼ਾ ਦੇ ਇਤਿਹਾਸ ਬਾਰੇ ਸੰਖੇਪ ਜਾਣਕਾਰੀ ਦਿੱਤੀ।ਡਾ. ਸਾਹਿਲ ਨੇ ਮਾਤ ਭਾਸ਼ਾ ਅਤੇ ਸਾਹਿਤ ਦਾ ਮਹੱਤਵ ਵਿਸ਼ੇ 'ਤੇ ਆਪਣੇ ਵਿਚਾਰ ਪੇਸ਼ ਕੀਤੇ। ਉਨ੍ਹਾਂ ਪੰਜਾਬੀ ਭਾਸ਼ਾ ਅਤੇ ਸਾਹਿਤ ਦੇ ਸ਼ਾਨਦਾਰ ਇਤਿਹਾਸ ਬਾਰੇ ਜਾਣਕਾਰੀ ਦਿੱਤੀ ਅਤੇ ਪੰਜਾਬੀ ਭਾਸ਼ਾ ਨੂੰ ਸਹੀ ਰੁਤਬਾ ਦਿਵਾਉਣ ਸਬੰਧੀ ਹੋਰ ਮਹੱਤਵਪੂਰਨ ਕਦਮ ਉਠਾਉਣ 'ਤੇ ਜ਼ੋਰ ਦਿੱਤਾ। ਉਨਾਂ ਕਿਹਾ ਕਿ ਬੇਸ਼ੱਕ ਪੰਜਾਬੀ ਭਾਸ਼ਾ ਨੂੰ ਰਾਜ ਭਾਸ਼ਾ ਦਾ ਰੁਤਬਾ ਦਿਤਾ ਹੋਇਆ ਹੈ ਪਰ ਫਿਰ ਵੀ ਮਾਂ ਬੋਲੀ ਦੇ ਪ੍ਰਚਾਰ ਪ੍ਰਸਾਰ ਲਈ ਬਹੁਤ ਯਤਨਾਂ ਦੀ ਲੋੜ ਹੈ। ਉਨ੍ਹਾਂ ਸੂਬਾ ਸਰਕਾਰ ਵੱਲੋਂ ਮਾਂ ਬੋਲੀ ਦੀ ਕਥਿਤ ਅਣਦੇਖੀ 'ਤੇ ਚਿੰਤਾ ਜਾਹਿਰ ਕੀਤੀ।

ਇਸ ਮੌਕੇ ਪ੍ਰਧਾਨਗੀ ਮੰਡਲ ਵੱਲੋਂ ਡਾ. ਧਰਮਪਾਲ ਸਾਹਿਲ ਦੁਆਰਾ ਰਚਿਤ ਪੁਸਤਕ 'ਪੰਖ ਵਿਹੂਣੀ ਉਡਾਣ' ਸੰਤੋਖ ਸਿੰਘ ਵੀਰ ਵੱਲੋਂ ਲਿਖਤ 'ਗੁਰ ਸਿੱਖੀ ਦੀ ਏਹ ਨੀਸਾਣੀ' ਕਹਾਣੀਕਾਰ ਬਲਵੰਤ ਗਿੱਲ (ਯੂਕੇ) ਵੱਲੋਂ ਲਿਖੇ ਕਹਾਣੀ ਸੰਗ੍ਰਹਿ 'ਉਜੜੇ ਬਾਗ ਦਾ ਫੁੱਲ' ਨੂੰ ਲੋਕ ਅਰਪਣ ਕੀਤਾ ਗਿਆ। ਪੰਜਾਬੀ ਵਿਭਾਗ ਦੇ ਮੁਖੀ ਡਾ. ਜੇ ਬੀ ਸੇਖੋਂ ਨੇ ਲੋਕ ਅਰਪਿਤ ਹੋਈਆਂ ਪੁਸਤਕਾਂ ਬਾਰੇ ਵਿਚਾਰ ਪੇਸ਼ ਕੀਤੇ ਅਤੇ ਵਿਭਾਗ ਦੀਆਂ ਗਤੀਵਿਧੀਆਂ ਸਾਂਝੀਆਂ ਕੀਤੀਆਂ।ਦੀਪਕ ਬਾਲੀ ਨੇ ਕਿਹਾ ਕਿ ਹਰ ਮਨੁੱਖ ਨੂੰ ਜਨਮ ਦੇਣ ਵਾਲੀ ਮਾਂ, ਮਿੱਟੀ ਮਾਂ, ਮਾਂ ਬੋਲੀ 'ਤੇ ਫਖਰ ਮਹਿਸੂਸ ਕਰਨਾ ਚਾਹੀਦਾ ਹੈ। ਉਨ੍ਹਾਂ ਪੰਜਾਬੀ ਸਾਹਿਤ ਦੀਆਂ ਵੱਖ ਵੱਖ ਮਿਸਾਲਾਂ ਦੇ ਕੇ ਮਾਂ ਬੋਲੀ ਪੰਜਾਬੀ ਦੀ ਮਨੁੱਖੀ ਜੀਵਨ ਵਿੱਚ ਮਹੱਤਤਾ 'ਤੇ ਜ਼ੋਰ ਦਿੱਤਾ। ਲੇਖਕਾਂ ਸੰਤੋਖ ਸਿੰਘ ਵੀਰ ਬੱਗਾ ਸਿੰਘ ਆਰਟਿਸਟ ਅਤੇ ਬਲਵੰਤ ਗਿੱਲ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਕੌਂਸਲ ਦੇ ਸਕੱਤਰ ਪ੍ਰੋ ਅਪਿੰਦਰ ਸਿੰਘ ਨੇ ਧੰਨਵਾਦੀ ਸ਼ਬਦ ਸਾਂਝੇ ਕੀਤੇ। ਉਨ੍ਹਾਂ ਪ੍ਰਿੰਸੀਪਲ ਅਤੇ ਪੰਜਾਬੀ ਵਿਭਾਗ ਨੂੰ ਅਜਿਹੇ ਸਮਾਰੋਹ ਦੇ ਸਫਲ ਆਯੋਜਨ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਕਾਲਜ ਦੇ ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨ ਦੀਪਕ ਬਾਲੀ, ਮੁੱਖ ਵਕਤਾ ਡਾ. ਧਰਮਪਾਲ ਸਾਹਿਲ ਅਤੇ ਹਾਜ਼ਰ ਲੇਖਕਾਂ ਦਾ ਕਿਤਾਬਾਂ ਦੇ ਸੈਟ ਅਤੇ ਪੌਦੇ ਦੇ ਕੇ ਸਨਮਾਨ ਕੀਤਾ ਗਿਆ। ਇਸ ਸਮਾਰੋਹ ਮੌਕੇ ਗੁਰਜੀਤ ਸਿੰਘ ਪਾਬਲਾ, ਐਡਵੋਕੇਟ ਰਘਵੀਰ ਸਿੰਘ ਟੇਰਕਿਆਣਾ, ਮੇਜਰ ਸਿੰਘ ਗਿੱਲ, ਸ਼੍ਰੋਮਣੀ ਬਾਲ ਸਾਹਿਤ ਲੇਖਕ ਬਲਜਿੰਦਰ ਮਾਨ, ਨਾਟ ਕਰਮੀ ਅਵਤਾਰ ਲੰਗੇਰੀ, ਕਲਾਕਾਰ ਸੁਖਮਨ ਸਿੰਘ, ਬੱਗਾ ਸਿੰਘ ਆਰਟਿਸਟ, ਡਾ ਬਲਵੀਰ ਕੌਰ, ਪ੍ਰੋ ਜਸਵਿੰਦਰ ਸਿੰਘ, ਸ਼ਾਇਰ ਜੀਵਨ ਚੰਦੇਲੀ, ਡਾ ਪ੍ਰਭਜੋਤ ਕੌਰ, ਡਾ ਦੇਵ ਕੁਮਾਰ, ਡਾ ਦੀਪਕ, ਪ੍ਰੋ ਜਸਦੀਪ ਕੌਰ, ਪ੍ਰੋ ਅਸ਼ੋਕ ਕੁਮਾਰ, ਪ੍ਰੋ ਸੰਦੀਪ ਕੌਰ, ਪ੍ਰੋ ਗੁਰਜੀਤ ਸਿੰਘ ਆਦਿ ਸਮੇਤ ਕਾਲਜ ਦੇ ਵਿਦਿਆਰਥੀ ਭਰਵੀਂ ਗਿਣਤੀ ਵਿੱਚ ਹਾਜ਼ਰ ਸਨ।

# ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਵੱਲੋਂ ਰੋਸ ਧਰਨਾ ਪਹਿਲੀ ਮਾਰਚ ਨੂੰ : ਮੋਮੀ



**ਨੰਗਲ (ਸੁਰਜੀਤ ਸਿੰਘ)**-ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ ਰਜਿ ਨੰ 31 ਦੇ ਸੂਬਾ ਆਗੂ ਵਰਿੰਦਰ ਸਿੰਘ ਮੋਮੀ, ਆਗੂ ਕੁਲਦੀਪ ਸਿੰਘ ਬੁੱਢੇਵਾਲ, ਸਤਨਾਮ ਸਿੰਘ ਫਲੀਵਾਲਾ, ਸੂਬਾ ਆਗੂ ਜਸਵੀਰ ਸਿੰਘ ਜਿੰਦਵੜੀ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰ ਵੱਲੋਂ ਵਿਸ਼ਵ ਵਪਾਰ ਸੰਸਥਾ,ਵਿਸ਼ਵ ਬੈਂਕ ਦੇ ਇਸ਼ਾਰਿਆਂ 'ਤੇ ਲੋਕਾਂ ਨੂੰ ਸਸਤੀਆਂ ਸੇਵਾਵਾਂ/ਸਹੂਲਤਾਂ ਦੇਣ ਵਾਲੇ ਸਮੂਹ ਸਰਕਾਰੀ ਅਦਾਰਿਆਂ ਜਿਵੇਂ ਕਿ ਪਾਣੀ, ਬਿਜਲੀ ,ਸਹਿਤ ਸਹੂਲਤਾਂ, ਆਦਿ ਵਿਭਾਗਾਂ ਨੂੰ ਨਿੱਜੀ ਦੇਸੀ-ਵਿਦੇਸ਼ੀ ਕੰਪਨੀਆਂ ਦੇ ਹਵਾਲੇ ਕੀਤਾ ਜਾ ਰਿਹਾ ਹੈ ਅਤੇ ਇਹਨਾਂ ਜਰੂਰੀ ਸੇਵਾਵਾਂ ਦੇ ਅਦਾਰਿਆਂ ਦੇ ਨਿੱਜੀਕਰਨ ਤੇ ਪੰਚਾਇਤੀਕਰਨ ਅਤੇ ਬੇਰੋਕ ਲੁੱਟ ਕਰਨ ਦੇ ਰਸਤੇ ਵਿੱਚ ਰੁਕਾਵਟ ਬਣਦੇ ਪਹਿਲਾਂ ਤੋਂ ਤਹਿ ਪਾਣੀ , ਖੇਤੀ,ਲੇਬਰ,ਬਿਜਲੀ ਸਹਿਤ ਸਹੂਲਤਾਂ ਸੁਰੱਖਿਆ,ਆਦਿ ਕਾਨੂੰਨਾਂ ਵਿੱਚ ਬੇਲੋੜੀਆਂ ਤਬਦੀਲੀਆਂ ਕਰਕੇ ਸਮੂਹ ਮਿਹਨਤਕਸ਼ ਵਰਗਾਂ ਦੀ ਤਿੱਖੀ ਲੁੱਟ ਕਰਨ ਅਤੇ ਸਮੂਹ ਕਿਰਤੀ ਲੋਕਾਂ ਨੂੰ ਬੰਧੂਆਂ ਮਜਦੂਰਾਂ ਦੇ ਰੂਪ ਵਿੱਚ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਦਾ ਲੋਕ ਮਾਰੂ ਫੈਸਲਾ ਕੀਤਾ ਗਿਆ ਹੈ,ਕੇਂਦਰ ਦੀ ਫਾਸ਼ੀਵਾਦੀ ਮੋਦੀ ਹਕੂਮਤ ਨੇ ਕਿਰਤ ਕਾਨੂੰਨਾਂ ਵਿੱਚ ਤਬਦੀਲੀ ਕਰਕੇ ਮਜ਼ਦੂਰ ਜਮਾਤ ਵੱਲੋਂ ਖੂਨ ਵਹਾ ਕੇ ਪ੍ਰਾਪਤ ਕੀਤੇ 08 ਘੰਟੇ ਦਿਹਾੜੀ ਦੇ ਅਧਿਕਾਰ ਨੂੰ ਪੈਰਾਂ ਹੇਠ ਦਰੜ ਕੇ 12 ਘੰਟੇ ਦਿਹਾੜੀ ਕਰਨ ਅਤੇ ਜਥੇਬੰਦੀ ਬਣਾਉਣ ਅਤੇ ਵਿਰੋਧ ਪ੍ਰਗਟਾਵੇ ਕਰਨ ਦੇ ਪਹਿਲਾਂ ਤੋਂ ਹਾਸਿਲ ਹੱਕ ਨੂੰ ਖਤਮ ਕਰਨ ਦੇ ਮਨਸੂਬੇ ਨਾਲ ਮਜ਼ਦੂਰ-ਮੁਲਾਜ਼ਮ ਮਾਰੂ ਫ਼ੈਸਲਾ ਕੀਤਾ ਅਤੇ ਸਮੂਹ ਸਰਕਾਰੀ ਅਦਾਰਿਆਂ ਵਿੱਚ ਪਿਛਲੇ 15-20 ਸਾਲਾਂ ਦੇ ਲੰਬੇ ਅਰਸੇ ਤੋਂ ਲਗਾਤਾਰ ਤਨਦੇਹੀ ਨਾਲ ਸੇਵਾਵਾਂ ਦੇ ਰਹੇ ਸਮੂਹ ਇੰਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਨਹੀਂ ਕੀਤਾ ਜਾ ਰਿਹਾ। ਆਗੂਆਂ ਨੇ ਅਗਲੇ ਸੰਘਰਸ਼ ਦਾ ਐਲਾਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਮੋਰਚੇ ਦੀ ਸੂਬਾ ਕਮੇਟੀ ਨੂੰ 20 ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਇੱਕ ਵੀ ਮੀਟਿੰਗ ਨਾ ਕਰਨ ਦੇ ਵਿਰੋਧ ਵਜੋਂ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਵੱਲੋਂ 1 ਮਾਰਚ ਨੂੰ ਪੰਜਾਬ ਸਰਕਾਰ ਦੇ ਬਜਟ ਸੈਸ਼ਨ ਦੌਰਾਨ ਰੋਸ ਧਰਨਾ ਮੋਹਾਲੀ ਵਿੱਚ ਦਿੱਤਾ ਜਾਵੇਗਾ।

# ਹਰਜੋਤ ਬੈਂਸ ਨੇ ਸੇਵਾ ਕੈਂਪਾਂ 'ਚ ਕੀਤੀ ਸ਼ਿਰਕਤ, ਪਿੰਡਾਂ ਨੂੰ ਵਿਕਾਸ ਕਾਰਜਾਂ ਲਈ ਦਿੱਤੀਆਂ ਲੱਖਾਂ ਰੁਪਏ ਦੀਆਂ ਗ੍ਰਾਂਟਾਂ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਹਰਜੋਤ ਸਿੰਘ ਬੈਂਸ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਭਾਸ਼ਾ ਵਿਭਾਗ ਪੰਜਾਬ ਵੱਲੋਂ ਅੱਜ ਕੈਬਨਿਟ ਮੰਤਰੀ ਮੀਂਢਵਾ, ਝਿੰਜੜੀ, ਬੁਰਜ ਤੇ ਨਿੱਕੂਵਾਲ ਵਿਖੇ ਲਗਾਏ ਕੈਂਪਾਂ ਵਿੱਚ ਪਹੁੰਚੇ, ਜਿੱਥੇ ਉਨ੍ਹਾਂ ਨੇ ਲੋਕਾਂ ਨਾਲ ਇਲਾਕੇ ਦੇ ਚੱਲ ਰਹੇ ਵਿਕਾਸ ਕਾਰਜਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਉਥੇ ਹੋਰ ਲੋੜੀਦੇ ਵਿਕਾਸ ਕਾਰਜਾਂ ਨੂੰ ਕਰਵਾਉਣ ਦਾ ਭਰੋਸਾ ਦਿੱਤਾ। ਬੈਂਸ ਨੇ ਇਨ੍ਹਾਂ ਪਿੰਡਾਂ ਵਿੱਚ ਸਰਕਾਰੀ ਸਕੂਲਾਂ ਦਾ ਦੌਰਾ ਕਰਕੇ ਉਥੇ ਲੋੜੀਂਦੀਆਂ ਸਹੂਲਤਾਂ ਉਪਲੱਬਧ ਕਰਵਾਉਣ ਲਈ ਗ੍ਰਾਂਟਾਂ ਜਾਰੀ ਕੀਤੀਆਂ ਅਤੇ ਸਕੂਲਾਂ ਦੀ ਨਵੀਂ ਉਸਾਰੀ ਚਾਰਦੀਵਾਰੀ ਦਾ ਉਦਘਾਟਨ ਅਤੇ ਹੋਰ ਹੋਣ ਵਾਲੇ ਵਿਕਾਸ ਦੇ ਕੰਮਾਂ ਦੀ ਸ਼ੁਰੂਆਤ ਕਰਵਾਈ। ਉਨ੍ਹਾ ਕਮਿਊਨਿਟੀ ਸੈਂਟਰ ਬੁਰਜ ਨੂੰ ਲੋਕ ਅਰਪਣ ਕੀਤਾ ਅਤੇ ਮਹਿਲਾ ਮੰਡਲਾਂ ਲਈ ਗ੍ਰਾਂਟਾਂ ਦਿੱਤੀਆਂ। ਹਰਜੋਤ ਬੈਂਸ ਨੇ ਭਰਵੇਂ ਤੇ ਪ੍ਰਭਾਵਸ਼ਾਲੀ ਇਕੱਠ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਦੇ ਹਰ ਵਰਗ ਨੂੰ ਰਾਹਤ ਦਿੱਤੀ ਹੈ। ਅੱਜ 90 ਪ੍ਰਤੀਸ਼ਤ ਘਰਾਂ ਦਾ ਬਿਜਲੀ ਬਿੱਲ ਜ਼ੀਰੋ ਆ ਰਿਹਾ ਹੈ, ਸਿਹਤ ਸਹੂਲਤਾਂ ਘਰਾਂ ਨੇੜੇ ਆਮ ਆਦਮੀ ਕਲੀਨਿਕ ਰਾਹੀ ਮੁਫਤ ਮਿਲ ਰਹੀਆਂ ਹਨ, ਅਲਟਾਸਾਊਂਡ ਵਰਗੇ ਸਕੈਨ ਹੁਣ ਸਰਕਾਰੀ ਹਸਪਤਾਲ ਦੀ ਪਰਚੀ ਨਾਲ ਪ੍ਰਾਈਵੇਟ ਸੈਂਟਰਾਂ ਵਿਚ ਹੋ ਰਹੇ ਹਨ, ਲੋਕਾਂ ਨੂੰ ਕਣਕ ਦੇ ਨਾਲ ਨਾਲ ਆਟਾ ਵੀ ਉਪਲੱਬਧ ਕਰਵਾਇਆ ਜਾ ਰਿਹਾ ਹੈ। 1076 ਸੇਵਾ ਨਾਲ 43 ਤਰ੍ਹਾਂ ਦੀਆਂ ਸੇਵਾਵਾਂ ਲੋਕਾਂ ਦੇ ਘਰ ਪਹੁੰਚ ਰਹੀਆਂ ਹਨ। ਸਿੱਖਿਆ ਮੰਤਰੀ ਨੇ ਕਿਹਾ ਕਿ ਸਕੂਲ ਆਫ ਐਮੀਨੈਂਸ ਵਿੱਚ 9 ਤੇ 11 ਵੀ ਜਮਾਤ ਵਿੱਚ ਦਾਖਲਾ ਲੈਣ ਲਈ ਰਜਿਸਟ੍ਰੇਸ਼ਨ ਸ਼ੁਰੂ ਹੋ ਗਈ ਹੈ, ਜੋ 15 ਮਾਰਚ ਤੱਕ ਹੋਵੇਗੀ, ਦਾਖਲਾ ਟੈਸਟ 30 ਮਾਰਚ ਨੂੰ ਹੋਵੇਗਾ, ਅਤਿ ਆਧੁਨਿਕ ਸਹੂਲਤਾਂ ਵਾਲੇ ਸਕੂਲ ਆਫ ਐਮੀਨੈਂਸ ਮਾਡਲ ਅਤੇ ਕਾਨਵੈਂਟ ਸਕੂਲਾਂ ਦੇ ਵਿਦਿਆਰਥੀਆਂ ਦੇ ਮੁਕਾਬਲੇ ਹੋਰ ਵਧੇਰੇ ਹੁਸ਼ਿਆਰ ਹੋਣਗੇ, ਜੋ ਸੁਨਹਿਰੇ ਭਵਿੱਖ ਲਈ ਅੱਗੇ ਵਧਣਗੇ। ਉਨ੍ਹਾਂ ਨੇ ਮੀਂਢਵਾ ਸਰਕਾਰੀ ਸਕੂਲ ਲਈ 20 ਲੱਖ ਰੁਪਏ, 10 ਲੱਖ ਰੁਪਏ ਨਾਲ ਸਕੂਲ ਦੀ ਦਿੱਖ ਸੁਧਾਰੀ ਜਾਵੇਗੀ, 1 ਲੱਖ ਮਹਿਲਾ ਮੰਡਲ ਤੇ 10 ਲੱਖ ਕਮਿਊਨਿਟੀ ਸੈਂਟਰ ਲਈ ਦਿੱਤੇ ਤੇ ਬੁਰਜ ਵਿੱਚ ਕਮਿਊਨਿਟੀ ਸੈਂਟਰ ਲੋਕ ਅਰਪਣ ਕੀਤਾ, ਝਿੰਜੜੀ ਵਿੱਚ ਸਰਕਾਰੀ ਸਕੂਲ ਦੀ ਚਾਰਦੀਵਾਰੀ ਦਾ ਉਦਘਾਟਨ ਕੀਤਾ, 10 ਲੱਖ ਰੁਪਏ ਨਿੱਕੂਵਾਲ ਪ੍ਰਾਇਮਰੀ ਸਕੂਲ, 10 ਲੱਖ ਕਮਿਊਨਿਟੀ ਸੈਂਟਰ ਬਣਾਉਣ ਲਈ ਦਿੱਤੇ ਤੇ ਇੱਕ ਸ਼ਾਨਦਾਰ ਗਰਾਊਂਡ ਬਣਾਉਣ ਦਾ ਐਲਾਨ ਕੀਤਾ। ਇਸ ਮੌਕੇ ਚੇਅਰਮੈਨ ਕਮਿੱਕਰ ਸਿੰਘ ਡਾਢੀ, ਕੈਪਟਨ ਗੁਰਨਾਮ ਸਿੰਘ, ਸੂਬੇਦਾਰ ਰਾਜਪਾਲ, ਸ਼ਮਸ਼ੇਰ ਸਿੰਘ, ਰਾਮਪਾਲ ਸਰਪੰਚ, ਸੋਨੂ ਚੌਧਰੀ, ਬਿੱਲੂ ਸਰਪੰਚ, ਸੋਨੂੰ ਪੰਡਿਤ, ਬਲਵਿੰਦਰ ਸਿੰਘ, ਚਰਨਜੀਤ ਸਿੰਘ, ਰਾਮ ਸਿੰਘ, ਗੁਰਦੇਵ ਸਿੰਘ, ਸੋਹਣ ਲਾਲ, ਸੁੱਚਾ ਸਿੰਘ, ਨਿਰੰਜਣ ਦਾਸ, ਰਾਮ ਕੁਮਾਰ, ਕ੍ਰਿਸ਼ਨ ਕੁਮਾਰ, ਬਲਦੇਵ ਸਿੰਘ, ਹਰਤੇਗਵੀਰ ਸਿੰਘ ਤੇਗੀ, ਗੁਰਪ੍ਰੀਤ ਸਿੰਘ ਅਰੋੜਾ, ਗੁਰਮੇਲ ਸਿੰਘ, ਪਰਮਜੀਤ ਸਿੰਘ, ਜਰਨੈਲ ਸਿੰਘ ਨੰਬਰਦਾਰ, ਸ਼ੇਰ ਸਿੰਘ, ਗੁਰਮੀਤ ਸਿੰਘ, ਹਰਮੇਸ਼ ਸਿੰਘ ਸਰਪੰਚ, ਗਿਆਨ ਸਿੰਘ, ਦਿਲਬਾਗ ਸਿੰਘ, ਮਲਕੀਤ ਸਿੰਘ, ਗੁਲਜਾਰ ਸਿੰਘ, ਸੋਹਣ ਸਿੰਘ ਨਿੱਕੂਵਾਲ ਬਲਾਕ ਪ੍ਰਧਾਨ ਤੇ ਪਤਵੰਤੇ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਸਤਨ ਕੈਂਸਰ ਦੀ ਜਲਦੀ ਜਾਂਚ ਤੇ ਪਤਾ ਲਗਾਉਣ ਲਈ ਸਵੇਰਾ ਪ੍ਰੋਗਰਾਮ ਦੀ ਸ਼ੁਰੂਆਤ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** - ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਗੁਰੂਗ੍ਰਾਮ ਵਿਚ ਮਹਿਲਾਵਾਂ ਵਿਚ ਵਧ ਰਹੇ ਸਤਨ ਕੈਂਸਰ ਦੀ ਜਲਦੀ ਜਾਂਚ ਅਤੇ ਪਤਾ ਲਗਾਉਣ ਲਈ ਸਿਹਤ ਵਿਭਾਗ ਦੇ ਸਹਿਯੋਗ ਨਾਲ ਮੇਦਾਂਤਾ ਫਾਊਂਡੇਸ਼ਨ ਵੱਲੋਂ ਸ਼ੁਰੂ ਕੀਤੇ ਜਾ ਰਹੇ ਸਵੇਰਾ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਉਨ੍ਹਾਂ ਨੇ ਦੱਸਿਆ ਕਿ ਇਹ ਵਿਲੱਖਣ ਪ੍ਰੋਗਰਾਮ ਦੇਸ਼ ਵਿਚ ਪਹਿਲੀ ਵਾਰ ਸ਼ੁਰੂ ਹੋ ਰਿਹਾ ਹੈ ਅਤੇ ਇਸ ਤਹਿਤ ਮਹਿਲਾਵਾਂ ਵਿਚ ਸਤਨ ਕੈਂਸਰ ਦਾ ਸ਼ੁਰੂਆਤੀ ਪੱਧਰ 'ਤੇ ਹੀ ਪਤਾ ਲਗਾਇਆ ਜਾਵੇਗਾ। ਇਸ ਤੋਂ ਇਲਾਵਾ, ਉਨ੍ਹਾਂ ਨੇ ਦੱਸਿਆ ਕਿ ਇਸ ਪ੍ਰੋਗ੍ਰਾਮ ਦੀ ਸਫਲਤਾ ਬਾਅਦ ਇਸ ਨੂੰ ਰਾਜ ਦੇ ਹੋਰ ਜ਼ਿਲ੍ਹਿਆਂ ਵਿਚ ਵੀ ਵਿਸਤਾਰਤ ਕੀਤਾ ਜਾਵੇਗਾ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਅੱਜ ਸਿਹਤ ਵਿਭਾਗ ਦੇ ਸਹਿਯੋਗ ਨਾਲ ਮੇਦਾਂਤਾ ਫਾਊਂਡੇਸ਼ਨ ਵੱਲੋਂ ਸਵੇਰਾ ਪ੍ਰੋਗਰਾਮ ਦੀ ਅਨੋਖੀ ਸ਼ੁਰੂਆਤ ਕੀਤੀ ਗਈ ਹੈ। ਇਸ ਪ੍ਰੋਗਰਾਮ ਨੂੰ ਪਹਿਲੇ ਪੜਾਅ ਵਿਚ ਗੁਰੂਗ੍ਰਾਮ ਦੇ ਸੈਕਟਰ-10 ਦੇ ਸਿਵਲ ਹਸਪਤਾਲ, ਸੈਕਟਰ -31 ਦੇ ਪੋਲੀਟੈਕਨਿਕ ਅਤੇ ਵਜੀਰਾਬਾਦ ਦੇ ਪ੍ਰਾਥਮਿਕ ਕੰਮਿਊਨਿਟੀ ਕੇਂਦਰ ਵਿਚ ਸੰਚਾਲਿਤ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਸਰਕਾਰ ਵੱਲੋਂ ਕੈਂਸਰ ਦੀ ਰੋਕਥਾਮ ਲਈ ਚੁੱਕੇ ਜਾ ਰਹੇ ਕਦਮਾਂ ਦੇ ਤਹਿਤ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਜ਼ਿਲ੍ਹਾ ਝੱਜਰ ਵਿਚ ਨੈਸ਼ਨਲ ਕੈਂਸਰ ਸੰਸਥਾਨ ਏਮਸ ਨੂੰ ਸਥਾਪਤ ਕੀਤਾ ਗਿਆ ਹੈ ਜਿਸ ਵਿਚ 1000 ਬਿਸਤਰੇ ਹਨ। ਇਸੇ ਤਰ੍ਹਾਂ ਅੰਬਾਲਾ ਜ਼ਿਲ੍ਹਾ ਵਿਚ ਕੈਂਸਰ ਦੇ ਮਰੀਸ਼ਾਂ ਦੇ ਉਪਚਾਰ ਲਈ ਅਟਲ ਕੈਂਸਰ ਕੇਅਰ ਸੈਂਟਰ ਸਥਾਪਤ ਕੀਤਾ ਗਿਆ ਹੈ ਅਤੇ ਪੀ ਜੀ ਆਈ ਐਮ ਐਸ, ਰੋਹਤਕ ਵਿਚ ਕੈਂਸਰ ਦਾ ਉਪਚਾਰ ਕੀਤਾ ਜਾਂਦਾ ਹੈ ।

# ਅੱਖਾਂ ਦੇ ਮੁਫਤ ਜਾਂਚ ਕੈਂਪ ਦੌਰਾਨ 200 ਮਰੀਜ਼ਾਂ ਦੀਆਂ ਅੱਖਾਂ ਦਾ ਕੀਤਾ ਅਪ੍ਰੇਸ਼ਨ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਨਜ਼ਦੀਕੀ ਪਿੰਡ ਗੁਮਟਾਲਾ ਵਿਖੇ ਸਮੂਹ ਪ੍ਰਵਾਸੀ ਭਾਰਤੀਆਂ ਅਤੇ ਨਗਰ ਨਿਵਾਸੀਆਂ ਵੱਲੋਂ ਅੱਖਾਂ ਦਾ 16 ਵਾਂ ਵਿਸ਼ਾਲ ਮੁਫਤ ਜਾਂਚ ਅਤੇ ਅਪਰੇਸ਼ਨ ਕੈਂਪ ਪਿੰਡ ਦੇ ਸਿੰਘ ਸਭਾ ਗੁਰੂਦੁਆਰਾ ਸਾਹਿਬ ਵਿਖੇ ਲਗਾਇਆ ਗਿਆ। ਗੁਰੂਦਵਾਰਾ ਸਾਹਿਬ ਦੇ ਗ੍ਰੰਥੀ ਵਲੋਂ ਅਰਦਾਸ ਕੀਤੀ ਗਈ ਅਤੇ ਸਰਬੱਤ ਦਾ ਭਲਾ ਮੰਗਿਆ ਗਿਆ।ਜਾਣਕਾਰੀ ਦਿੰਦਿਆ ਦਰਸ਼ਨ ਸਿੰਘ ਪਾਹਲ, ਅਜੇ ਕੁਮਾਰ, ਮਨਦੀਪ ਸਿੰਘ ਪਾਹਲ ਨੇ ਦੱਸਿਆ ਕਿ 800 ਮਰੀਜਾਂ ਦੀ ਦੁੱਗਲ ਹਸਪਤਾਲ ਜਲੰਧਰ ਦੇ ਮਾਹਿਰ ਡਾਕਟਰ ਸੰਜੀਵ ਦੁੱਗਲ ਵਲੋਂ ਗਹਿਨਤਾ ਨਾਲ ਜਾਂਚ ਕੀਤੀ ਗਈ, 500 ਦੇ ਕਰੀਬ ਐਨਕਾਂ ਦਿੱਤੀਆਂ ਗਈਆਂ ਤੇ 200 ਮਰੀਜਾਂ ਦੀਆਂ ਅੱਖਾਂ ਦੇ ਅਪ੍ਰੇਸ਼ਨ ਦੁੱਗਲ ਹਸਪਤਾਲ ਜਲੰਧਰ ਤੋਂ ਕਰਾਏ ਗਏ ਹਨ। ਪ੍ਰਬੰਧਕਾਂ ਵੱਲੋਂ ਬਹੁਤ ਹੀ ਸ਼ਿੱਦਤ ਨਾਲ ਮਰੀਜਾਂ ਨੂੰ ਜਲੰਧਰ ਹਸਪਤਾਲ ਪਹੁੰਚਾਇਆ ਗਿਆ ਅਤੇ ਇਲਾਜ਼ ਉਪਰੰਤ ਉਨਾਂ ਨੂੰ ਘਰੋਂ ਘਰੀ ਪਹੁੰਚਾਇਆ ਗਿਆ। ਚਾਹ ਪਾਣੀ ਅਤੇ ਅਤੁੱਟ ਲੰਗਰ ਵਰਤਾਇਆ ਗਿਆ । ਇਸ ਮੌਕੇ ਨਰਸੀ ਰਾਮ, ਹਰਜੀਤ ਸਿੰਘ, ਬਲਵੀਰ ਸਿੰਘ ਪਾਹਲ, ਸੁਰਿੰਦਰ ਸਿੰਘ, ਪਰਦੀਪ ਕੁਮਾਰ ਕੈਨੇਡਾ, ਰਣਜੀਤ ਸਿੰਘ ਕੈਨੇਡਾ, ਰਾਣਾ ਪਾਹਲ ਯੂ ਐਸ ਏ, ਜੋਗਾ ਸਿੰਘ, ਸੋਢੀ ਸਿੰਘ ਕੈਨੇਡਾ, ਅਮਰੀਕ ਸਿੰਘ ਬੰਟੂ, ਤਰਸੇਮ ਸਿੰਘ ਯੂ ਐਸ ਏ, ਹਾਕਮ ਸਿੰਘ, ਕੁਲਦੀਪ ਰਾਮ ਆਦਿ ਵਲੋਂ ਸਹਿਯੋਗ ਕੀਤਾ ਗਿਆ ਅਤੇ ਸੇਵਾ ਨਿਭਾਈ ਗਈ।

# ਲਾਇਲਪੁਰ ਖ਼ਾਲਸਾ ਕਾਲਜ ਦੀ ਜ਼ਿਲ੍ਹਾ ਯੁਵਕ ਮੇਲੇ 'ਚ ਸ਼ਾਨਦਾਰ ਪ੍ਰਾਪਤੀ



**ਜਲੰਧਰ ( ਸ਼ੈਲੀ ਐਲਬਰਟ)**-ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਆਪਣੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ।ਇਥੇ ਵਿਦਿਆਰਥੀਆਂ ਨੂੰ ਉਹ ਮੰਚ ਪ੍ਰਾਪਤ ਹੁੰਦੇ ਹਨ ਜਿੱਥੇ ਵਿਦਿਆਰਥੀ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਸਕਦੇ ਹਨ। ਹਾਲ ਹੀ ਵਿੱਚ ਯੁਵਕ ਸੇਵਾਵਾਂ ਵਿਭਾਗ, ਪੰਜਾਬ ਸਰਕਾਰ ਵੱਲੋਂ ਜਲੰਧਰ ਵਿੱਚ ਜ਼ਿਲ੍ਹਾ ਪੱਧਰੀ ਯੁਵਕ ਮੇਲਾ ਕਰਵਾਇਆ ਗਿਆ ਜਿਸ ਵਿੱਚ ਲਾਇਲਪੁਰ ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਰਿਕਾਰਡ ਪੁਜ਼ੀਸ਼ਨਾਂ ਹਾਸਲ ਕੀਤੀਆਂ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਆਪਣੇ ਵਧਾਈ ਸੰਦੇਸ਼ ਵਿਚ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਵਿਚਲੀ ਕਲਾਪ੍ਰਤਿਭਾ ਨੂੰ ਨਿਖਾਰਨ ਅਤੇ ਪੰਜਾਬ ਦੇ ਸੱਭਿਆਚਾਰ ਅਤੇ ਵਿਰਾਸਤ ਨੂੰ ਸੰਭਾਲਣ ਲਈ ਇਨ੍ਹਾਂ ਯੁਵਕ ਮੇਲਿਆਂ ਰਾਹੀਂ ਸ਼ਲਾਘਾਯੋਗ ਉਪਰਾਲਾ ਕੀਤਾ ਗਿਆ ਹੈ।। ਉਨ੍ਹਾਂ ਅੱਗੇ ਕਿਹਾ ਕਿ ਇਹ ਯੁਵਕ ਮੇਲੇ ਅੱਜ ਦੇ ਸਮੇਂ ਵਿੱਚ ਬਹੁਤ ਮਹੱਤਵਪੂਰਨ ਹਨ ਕਿਉਂਕਿ ਪੱਛਮੀ ਸੱਭਿਆਚਾਰ ਸਾਡੇ ਸੱਭਿਆਚਾਰਕ ਅਤੇ ਸਮਾਜਿਕ ਤਾਣੇ-ਬਾਣੇ ਵਿੱਚ ਭਾਰੀ ਤਬਦੀਲੀਆਂ ਲਿਆ ਰਿਹਾ ਹੈ।। ਉਨ੍ਹਾਂ ਕਾਮਨਾ ਕੀਤੀ ਕਿ ਜੇਤੂ ਵਿਦਿਆਰਥੀ ਕਲਾ ਦੇ ਅਗਲੇ ਮੰਚਾਂ 'ਤੇ ਵੀ ਹੋਰ ਨਾਮਣਾ ਖੱਟਣ । ਡੀਨ ਸੱਭਿਆਚਾਰਕ ਮਾਮਲੇ ਡਾ. ਪਲਵਿੰਦਰ ਸਿੰਘ ਨੇ ਦੱਸਿਆ ਕਿ ਕਾਲਜ ਨੇ 11 ਈਵੈਂਟਸ ਵਿੱਚ ਭਾਗ ਲਿਆ ਅਤੇ 10 ਈਵੈਂਟਸ ਵਿੱਚ ਪੁਜ਼ੀਸ਼ਨਾਂ ਹਾਸਲ ਕੀਤੀਆਂ । ਉਨ੍ਹਾਂ ਦੱਸਿਆ ਕਿ ਕਾਲਜ ਨੇ ਗਿੱਧਾ, ਭਾਸ਼ਣ, ਲੋਕ ਗੀਤ, ਕਾਰਟੂਨਿੰਗ, ਇੰਸਟਾਲੇਸ਼ਨ, ਭੰਡ ਅਤੇ ਰੰਗੋਲੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਜਦਕਿ ਪੋਸਟਰ ਮੇਕਿੰਗ ਅਤੇ ਫੁਲਕਾਰੀ ਵਿੱਚ ਦੂਜਾ ਅਤੇ ਕੋਲਾਜ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ । ਡਾ. ਪਲਵਿੰਦਰ ਸਿੰਘ ਨੇ ਕਾਲਜ ਗਵਰਨਿੰਗ ਕੌਂਸਲ ਦੇ ਪ੍ਰਧਾਨ ਬਲਬੀਰ ਕੌਰ ਅਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਦੇ ਮਾਰਗਦਰਸ਼ਨ ਅਤੇ ਸਹਿਯੋਗ ਲਈ ਧੰਨਵਾਦ ਕੀਤਾ। ਇਸ ਮੁਕਾਬਲੇ ਦੌਰਾਨ ਬਤੌਰ ਟੀਮ ਇੰਚਰਾਜ ਪ੍ਰੋ. ਹਰਜਿੰਦਰ ਸਿੰਘ ਸੇਖੋਂ, ਪ੍ਰੋ. ਸੁਖਦੇਵ ਸਿੰਘ, ਪ੍ਰੋ. ਅਜੀਤਪਾਲ ਸਿੰਘ, ਪ੍ਰੋ. ਸਤਪਾਲ ਸਿੰਘ, ਪ੍ਰੋ. ਹਰਜਿੰਦਰ ਕੌਰ, ਪ੍ਰੋ. ਰਵਨੀਤ ਕੌਰ, ਪ੍ਰੋ. ਕਿਰਨਦੀਪ ਕੌਰ, ਪ੍ਰੋ. ਮਨਦੀਪ ਸਿੰਘ, ਪ੍ਰੋ. ਓਂਕਾਰ ਸਿੰਘ, ਪ੍ਰੋ. ਗੁਣਵੀਰ ਸਿੰਘ ਅਤੇ ਪ੍ਰੋ. ਨਿਧੀ ਸ਼ਰਮਾ ਨੇ ਆਪਣੀ ਭੂਮਿਕਾ ਬਾਖੂਬੀ ਨਿਭਾਈ।

# ਨਾਟ-ਕਰਮੀਆਂ ਨੇ ਕੀਤਾ ਸੰਜੀਵਨ ਦੀ ਹਮਾਇਤ ਦਾ ਐਲਾਨ

**ਮੁਹਾਲੀ (ਗੁਰਜੀਤ ਬਿੱਲਾ)**-ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੀ ਸਾਲ (2024-26) ਲਈ ਅਹੁਦੇਦਾਰਾਂ ਅਤੇ ਪ੍ਰਬੰਧਕੀ ਬੋਰਡ ਦੇ ਮੈਂਬਰਾਂ ਦੀ 3 ਮਾਰਚ ਨੂੰ ਪੰਜਾਬੀ ਭਵਨ, ਲੁਧਿਆਣਾ ਵਿਖੇ ਹੋਣ ਵਾਲੀ ਵਿਚ ਪ੍ਰਬੰਧਕੀ ਬੋਰਡ ਦੇ ਮੈਂਬਰ ਵਜੋਂ ਚੋਣ ਪਿੜ ਵਿਚ ਉੱਤਰੇ ਨਾਟਕਕਾਰ ਤੇ ਨਾਟ-ਨਿਰਦੇਸ਼ਕ ਅਤੇ ਇਪਟਾ, ਪੰਜਾਬ ਦੇ ਪ੍ਰਧਾਨ ਸੰਜੀਵਨ ਸਿੰਘ ਦੀ ਹਮਾਇਤ ਦਾ ਐਲਾਨ ਕਰਦਿਆਂ ਇਪਟਾ ਪੰਜਾਬ ਦੇ ਮੁਢਲੇ ਕਾਰਕੁਨ ਡਾ. ਰਾਜਵੰਤ ਕੌਰ 'ਪ੍ਰੀਤ ਮਾਨ' ਪਤਨੀ (ਪ੍ਰੋਫੈਸਰ ਨਿਰੰਜਣ ਸਿੰਘ ਮਾਨ), ਸਵਰਨ ਸਿੰਘ ਸੰਧੂ, ਇਪਟਾ, ਪੰਜਾਬ ਦੇ ਸਾਬਕਾ ਪ੍ਰਧਾਨ ਦਵਿੰਦਰ ਦਮਨ, ਪੰਜਾਬ ਦੀ ਕੋਇਲ ਸੁਰਿੰਦਰ ਕੌਰ ਦੀ ਧੀ ਲੋਕ ਗਾਇਕਾ ਡੋਲੀ ਗੁਲੇਰੀਆ, ਲੋਕ ਗਾਇਕ ਗੁਰਦਿਆਲ ਨਿਰਮਾਣ, ਚਰਚਿੱਤ ਨਾਟ-ਕਰਮੀ ਕੇਵਲ ਧਾਲੀਵਾਲ, ਪਾਲੀ ਭੁਪਿੰਦਰ, ਦਿਲਬਾਰ ਸਿੰਘ ਚੱਠੇ ਸੇਖਵਾਂ ਅਤੇ ਡਾ. ਸਹਿਬ ਸਿੰਘ ਨੇ ਕਿਹਾ ਕਿ ਸੰਜੀਵਨ ਪਿਛਲੇ ਤਕਰੀਬਨ ਸਾਢੇ ਚਾਰ ਦਹਾਕਿਆਂ ਤੋਂ ਰੰਗਮੰਚ, ਸਾਹਿਤ ਤੇ ਸੱਭਿਆਚਾਰ ਦੇ ਖੇਤਰ ਵਿੱਚ ਸਰਗਰਮ ਹਨ। ਉਨ੍ਹਾਂ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਮੈਂਬਰਾਂ ਨੂੰ ਪ੍ਰਬੰਧਕੀ ਬੋਰਡ ਦੇ ਮੈਂਬਰ ਦੇ ਉਮੀਦਵਾਰ ਵਜੋਂ ਚੋਣ ਪਿੜ ਵਿਚ ਉੱਤਰੇ ਸੰਜੀਵਨ ਸਿੰਘ ਲਈ ਵੋਟ ਅਤੇ ਸਮਰਥਨ ਦੀ ਅਪੀਲ ਕੀਤੀ ਹੈ।

# ਖੱਟਰ ਨੇ 5 ਪਰਿਯੋਜਨਾਵਾਂ ਦਾ ਨੀਂਹ ਪੱਥਰ ਰੱਖਿਆ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** - ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਕਲਪਨਾ ਚਾਵਲਾ ਸਰਕਾਰੀ ਮੈਡੀਕਲ ਕਾਲਜ, ਕਰਨਾਲ ਵਿਚ ਸਿਹਤ ਖੇਤਰ ਦੀ 820.92 ਕਰੋੜ ਰੁਪਏ ਦੀਆਂ 5 ਪਰਿਯੋਜਨਾਵਾਂ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਉਨ੍ਹਾਂ ਕਿਹਾ ਕਿ 2030 ਤੱਕ ਸੂਬੇ ਦੇ ਹਰੇਕ ਜ਼ਿਲ੍ਹੇ ਵਿਚ ਮੈਡੀਕਲ ਕਾਲਜ ਸ਼ੁਰੂ ਹੋ ਜਾਵੇਗਾ। ਸਰਕਾਰ ਬਚਾਓ ਅਤੇ ਇਲਾਜ ਦੋਵਾਂ ਖੇਤਰਾਂ ਵਿਚ ਅੱਗੇ ਵਧ ਰਹੀ ਹੈ। ਯੋਗ ਸਹਾਇਕਾਂ ਨੂੰ ਘੱਟ ਸਮੇਂ ਦਾ ਡਾਈਡਿਸ਼ਿਨਰੀ ਦਾ ਕੋਰਸ ਕਰਵਾਇਆ ਜਾਵੇਗਾ। ਸਾਰੇ ਨਾਗਰਿਕਾਂ ਲਈ ਯੂਨੀਵਰਸਲ ਹੈਲਥ ਬੀਮਾ ਲਾਗੂ ਕਰਨ ਵਾਲਾ ਹਰਿਆਣਾ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ। ਮੁੱਖ ਮੰਤਰੀ ਨੇ 5 ਪਰਿਯੋਜਨਾਵਾਂ ਦਾ ਨੀਂਹ ਪੱਥਰ ਰੱਖਿਆ ਇਨ੍ਹਾਂ ਵਿਚ 169.58 ਕਰੋੜ ਰੁਪਏ ਦੀ ਲਾਗਤ ਨਾਲ ਕਲਪਨਾ ਚਾਵਲਾ ਸਰਕਾਰੀ ਮੈਡੀਕਲ ਕਾਲਜ ਦੇ ਦੂਜੇ ਪੜਾਅ ਦਾ ਨਿਰਮਾਣ, 33.41 ਕਰੋੜ ਰੁਪਏ ਦੀ ਲਾਗਤ ਨਾਲ ਪੰਡਿਤ ਦੀਨ ਦਯਾਲ ਉਪਾਧਿਆਏ ਸਿਹਤ ਵਿਗਿਆਨ ਯੂਨੀਵਰਸਿਟੀ ਕੁਟੇਲ ਵਿਚ ਨਿੱਜੀ ਵਾਰਡ ਦਾ ਨਿਰਮਾਣ, 419.13 ਕਰੋੜ ਰੁਪਏ ਦੀ ਲਾਗਤ ਨਾਲ ਭਗਤ ਫੂਲ ਸਿੰਘ ਸਰਕਾਰੀ ਮੈਡੀਕਲ ਕਾਲਜ ਖਾਨਪੁਰ ਕਲਾਂ (ਸੋਨੀਪਤ) ਦੇ ਤੀਜੇ ਪੜਾਅ ਦਾ ਨਿਰਮਾਣ, 155.36 ਕਰੋੜ ਰੁਪਏ ਦੀ ਲਾਗਤ ਨਾਲ ਪੰਡਿਤ ਭਗਵਤ ਦਯਾਲ ਸ਼ਰਮਾ ਪੀ ਜੀ ਆਈ ਐਮ ਐਸ ਰੋਹਤਕ ਵਿਚ ਨਿੱਜੀ ਵਾਰਡ ਕੰਪਲੈਕਸ ਦਾ ਨਿਰਮਾਣ ਅਤੇ 43.44 ਕਰੋੜ ਦੀ ਲਾਗਤ ਨਾਲ ਸਰਕਾਰੀ ਨਰਸਿੰਗ ਕਾਲਜ ਸਫੀਦੋਂ (ਜੀਂਦ) ਦਾ ਨਿਰਮਾਣ ਸ਼ਾਮਲ ਹੈ। ਇਸ ਮੌਕੇ ਭਾਜਪਾ ਸਾਂਸਦ ਸੰਜੈ ਭਾਟੀਆ ਨੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਘਰੌਂਡਾ ਹਲਕਾ ਦੇ ਵਿਧਾਇਕ ਹਰਵਿੰਦਰ ਕਲਿਆਣ, ਮੈਡੀਕਲ ਸਿੱਖਿਆ ਤੇ ਸੋਧ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ, ਡਿਪਟੀ ਕਮਿਸ਼ਨਰ ਅਨੀਸ਼ ਯਾਦਵ, ਜ਼ਿਲ੍ਹੇ ਦੇ ਸੀਨੀਅਰ ਅਧਿਕਾਰੀ ਤੇ ਮੰਨੇ-ਪ੍ਰਮੰਨੇ ਵਿਅਕਤੀ ਹਾਜ਼ਰ ਸਨ।

# 11ਵਾਂ ਖ਼ੂਨਦਾਨ ਕੈਂਪ ਲਗਾਇਆ

**ਮੋਹਾਲੀ (ਕ੍ਰਿਸ਼ਨ ਗਰਗ)**-ਸਮੂਹ ਸਟਾਫ ਪੁੱਡਾ - ਗਮਾਡਾ ਐਸ.ਸੀ ਟੀ.ਪੀ ਵੱਲੋਂ ਪੁੱਡਾ ਭਵਨ ਸੈਕਟਰ 62 ਮੋਹਾਲੀ ਵਿਖੇ ਜੀ.ਐਮ.ਸੀ.ਐਚ ਹਸਪਤਾਲ ਸੈਕਟਰ 32 ਚੰਡੀਗੜ੍ਹ ਦੇ ਬਲੱਡ ਬੈਂਕ ਦੇ ਸਹਿਯੋਗ ਨਾਲ 11ਵਾਂ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਗਿਆ। ਹਰ ਵਾਰ ਦੀ ਤਰ੍ਹਾਂ ਖੂਨਦਾਨ ਕੈਂਪ ਸ਼ੁਰੂ ਕਰਨ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਵਿੱਚ ਉਚੇਚੇ ਤੌਰ 'ਤੇ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਅਤੇ ਉਹਨਾਂ ਦੇ ਪੁੱਤਰ- ਕੌਂਸਲਰ ਸਰਬਜੀਤ ਸਿੰਘ ਸਮਾਨਾ ਨੇ ਵੀ ਸ਼ਮੂਲੀਅਤ ਕੀਤੀ। ਵਿਧਾਇਕ ਮੋਹਾਲੀ ਨੇ ਕਿਹਾ ਕਿ ਪੁੱਡਾ ਅਤੇ ਗਮਾਡਾ ਦਾ ਸਮੂਹ ਸਟਾਫ ਉਹਨਾਂ ਦਾ ਆਪਣਾ ਪਰਵਾਰ ਹੈ ਅਤੇ ਉਹ ਪਿਛਲੇ ਲੰਮੇ ਸਮੇਂ ਤੋਂ ਇਸ ਯੂਨੀਅਨ ਅਤੇ ਸਟਾਫ ਮੈਂਬਰਾਂ ਵੱਲੋਂ ਰੱਖੇ ਗਏ ਸਮਾਗਮਾਂ ਵਿੱਚ ਸ਼ਿਰਕਤ ਕਰਦੇ ਆ ਰਹੇ ਹਨ। ਇਹ ਬੜੀ ਚੰਗੀ ਗੱਲ ਹੈ ਕਿ ਗਿਆਰਵਾਂ ਵਿਸ਼ਾਲ ਖੂਨਦਾਨ ਕੈਂਪ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਮੌਕੇ 'ਤੇ ਯੂਥ ਨੇਤਾ ਆਮ ਆਦਮੀ ਪਾਰਟੀ- ਸਰਬਜੀਤ ਸਿੰਘ ਸਮਾਣਾ ਕੌਂਸਲਰ,ਆਰ. ਪੀ. ਸ਼ਰਮਾ, ਗੁਰਵਿੰਦਰ ਸਿੰਘ ਸੈਣੀ,ਚਰਨਜੀਤ ਕੌਰ,ਮਹਿੰਦਰ ਸਿੰਘ ਮਲੋਆ, ਪ੍ਰਗਟ ਸਿੰਘ,ਬਲਬੀਰ ਮਸੀਹ,ਜਸਮੀਤ ਸਿੰਘ,ਮਨਜੀਤ ਸਿੰਘ, ਬਾਵਾ ਸਿੰਘ ਪਟਿਆਲਾ, ਪਵਨ ਕੁਮਾਰ, ਗੁਰਪ੍ਰੀਤ ਸਿੰਘ, ਗੁਰਪਾਲ ਸਿੰਘ, ਪੰਕਜ ਮਹਿਮੀ, ਉਮਾ ਜੋਸ਼ੀ,ਬਲਬੀਰ ਸਿੰਘ, ਪ੍ਰਭਦੀਪ ਸਿੰਘ ਬੋਪਾਰਾਏ, ਸੁਖਦੇਵ ਸਿੰਘ, ਅਵਤਾਰ ਸਿੰਘ ਝਾਮਪੁਰ, ਬਲਜੀਤ ਸਿੰਘ ਹਾਜ਼ਰ ਸਨ।

# ਮੁੱਖ ਮੰਤਰੀ ਦੇ ਫੈਸਲੇ ਦੇ ਬਾਵਜੂਦ ਦਫਤਰੀ ਮੁਲਾਜ਼ਮਾਂ ਨੂੰ ਰੈਗੂਲਰ ਦੇ ਆਰਡਰ ਨਹੀਂ ਹੋਏ ਨਸੀਬ

**ਮੋਹਾਲੀ-** ਮੁੱਖ ਮੰਤਰੀ ਭਗਵੰਤ ਮਾਨ ਅਤੇ ਮਾਨ ਸਰਕਾਰ ਦੇ ਕੈਬਨਿਟ ਮੰਤਰੀਆਂ ਵੱਲੋਂ ਵਾਅਦਾ ਕਰਕੇ ਫੈਸਲਾ ਲੈਣ ਦੇ ਬਾਵਜੂਦ ਮੁਲਾਜ਼ਮਾਂ ਦੇ ਮਸਲੇ ਹੱਲ ਨਾ ਹੁੰਦੇ ਦੇਖ ਮੁਲਾਜ਼ਮਾਂ ਨੇ ਸੰਘਰਸ਼ ਨੂੰ ਅੱਗੇ ਵਧਾਉਣ ਦਾ ਐਲਾਨ ਕਰ ਦਿੱਤਾ ਹੈ। ਤਿੰਨ ਦਿਨਾਂ ਦੀ ਸੰਕੇਤਕ ਹੜਤਾਲ ਨੂੰ ਮੁਲਾਜ਼ਮਾਂ ਵੱਲੋਂ ਅੱਗੇ ਵਧਾਉਂਦੇ ਹੋਏ 28 ਫਰਵਰੀ ਨੂੰ ਮੁੱਖ ਮੰਤਰੀ ਦੀ ਰਿਹਾਇਸ਼ ਚੰਡੀਗੜ੍ਹ ਵਿਖੇ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕਰ ਦਿੱਤਾ ਹੈ। ਮੁਲਾਜ਼ਮ ਇਸ ਗੱਲ ਤੋਂ ਨਰਾਜ਼ ਨਜ਼ਰ ਆ ਰਹੇ ਸਨ ਕਿ ਕੈਬਨਿਟ ਸਬ ਕਮੇਟੀ ਵੱਲੋਂ ਮਿਤੀ 22 ਨਵੰਬਰ 2023 ਅਤੇ 31 ਜਨਵਰੀ 2024 ਨੂੰ ਫੈਸਲਾ ਲੈਣ ਦੇ ਬਾਵਜੂਦ ਅਫਸਰ ਕਮੇਟੀ ਪਿਛਲੇ ਤਕਰੀਬਨ ਢਾਈ ਮਹੀਨੇ ਤੋਂ ਇਕ ਮੀਟਿੰਗ ਹੀ ਨਹੀਂ ਕਰ ਰਹੀ। ਆਗੂਆਂ ਕਿਹਾ ਕਿ ਮੁੱਖ ਮੰਤਰੀ ਦੇ ਹਰੇ ਪੈਂਨ ਨੇ ਸਿੱਖਿਆ ਵਿਭਾਗ ਦੇ ਦਫਤਰੀ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਫੈਸਲਾ ਲਿਆ ਅਤੇ ਉਸ ਤੇ ਤਿੰਨ ਮੰਤਰੀ ਦੀ ਬਣੀ ਕੈਬਨਿਟ ਸਬ ਕਮੇਟੀ ਦੀ ਵੀ ਮੋਹਰ ਲੱਗਣ ਦੇ ਬਾਵਜੂਦ ਸਿੱਖਿਆ ਵਿਭਾਗ ਦੇ ਦਫਤਰੀ ਕਰਮਚਾਰੀਆਂ ਨੂੰ ਨਾ ਤਾਂ ਰੈਗੂਲਰ ਦੇ ਆਰਡਰ ਮਿਲੇ ਅਤੇ ਨਾ ਹੀ ਕਰਮਚਾਰੀਆਂ ਦੀ ਤਨਖਾਹ ਕਟੌਤੀ ਬੰਦ ਹੋਈ। ਸੂਬੇ, ਸਰਕਾਰ ਅਤੇ ਵਿਭਾਗ ਨੂੰ ਚਲਾਉਣ ਲਈ ਦਫਤਰੀ ਮੁਲਾਜ਼ਮ ਸਰਕਾਰਾਂ ਦੀ ਰੀੜ੍ਹ ਦੀ ਹੱਡੀ ਮੰਨੇ ਜਾਂਦੇ ਹਨ ਪ੍ਰੰਤੂ ਪੰਜਾਬ ਦਾ ਸਿੱਖਿਆ ਵਿਭਾਗ ਕਿਸੇ ਵੀ ਪਾਰਟੀ ਦੀ ਸਰਕਾਰ ਆਈ ਹੋਵੇ ਦਫਤਰੀ ਮੁਲਾਜ਼ਮਾਂ ਨਾਲ ਵਿਤਕਰਾ ਹੀ ਕਰਦਾ ਰਿਹਾ ਹੈ। ਸਿੱਖਿਆ ਵਿਭਾਗ ਵੱਲੋਂ ਹਰ ਵਾਰ ਦਫਤਰੀ ਮੁਲਾਜ਼ਮਾਂ ਨੂੰ ਬਣਦੇ ਹੱਕ ਦੇਣ ਦੀ ਬਜਾਏ ਹਰ ਵਾਰ ਵਿਸਾਰਿਆ ਜਾ ਰਿਹਾ ਹੈ। ਮੁੱਖ ਮੰਤਰੀ ਪੰਜਾਬ ਭਗਵੰਤ ਮਾਨ, ਸਿੱਖਿਆ ਮੰਤਰੀ ਹਰਜੋਤ ਬੈਂਸ ਅਤੇ ਕੈਬਨਿਟ ਸਬ ਕਮੇਟੀ ਵੱਲੋਂ ਸਿੱਖਿਆ ਵਿਭਾਗ ਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਫੈਸਲਾ ਲੈਣ ਦੇ ਬਾਵਜੂਦ ਮਹੀਨਿਆਂ ਤੋਂ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਕੰਮ ਨੂੰ ਅਮਲੀ ਜਾਮਾ ਨਹੀ ਪਹਿਨਾਇਆ ਗਿਆ। ਆਗੂਆ ਨੇ ਦੱਸਿਆ ਕਿ ਜਦੋਂ ਦੀ ਆਪ ਸਰਕਾਰ ਸੱਤਾ ਵਿਚ ਹੈ ਸਿੱਖਿਆ ਮੰਤਰੀ ਅਤੇ ਵਿਭਾਗੀ ਅਧਿਕਾਰੀਆਂ ਵੱਲੋਂ ਮੁਲਾਜ਼ਮਾਂ ਨਾਲ ਅਨੇਕਾਂ ਮੀਟਿੰਗਾਂ ਕੀਤੀਆਂ ਗਈਆਂ ਪਰ ਸਿਰਫ ਭਰੋਸੇ ਤੇ ਲਾਰੇ ਵਿਚ ਸਮਾਂ ਟਪਾਇਆ ਜਾ ਰਿਹਾ ਹੈ। ਆਗੂਆਂ ਕਿਹਾ ਕਿ 22 ਨਵੰਬਰ 2023 ਅਤੇ 31 ਜਨਵਰੀ 2024 ਨੂੰ ਕੈਬਨਿਟ ਸਬ ਕਮੇਟੀ ਦੀ ਪੰਜਾਬ ਭਵਨ ਵਿਖੇ ਮੀਟਿੰਗ ਹੋਈ ਜਿਸ ਵਿਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਕੈਬਨਿਟ ਮੰਤਰੀ ਕੁਲਦੀਪ ਧਾਲੀਵਾਲ ਵੱਲੋਂ ਕਰਮਚਾਰੀਆ ਨੂੰ ਪੱਕਾ ਕਰਨ ਦੀ ਸਹਿਮਤੀ ਦਿੱਤੀ ਗਈ ਪਰ 2 ਮਹੀਨੇ ਤੋਂ ਜ਼ਿਆਦਾ ਸਮਾਂ ਬੀਤਣ 'ਤੇ ਵੀ ਕਰਮਚਾਰੀਆਂ ਨੂੰ ਨਾ ਤਾਂ ਰੈਗੂਲਰ ਦੇ ਆਰਡਰ ਮਿਲੇ ਅਤੇ ਨਾ ਹੀ ਕਰਮਚਾਰੀਆਂ ਦੀ ਤਨਖਾਹ ਕਟੌਤੀ ਦੂਰ ਕੀਤੀ। ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂ ਕੁਲਦੀਪ ਸਿੰਘ, ਰਜਿੰਦਰ ਸਿੰਘ ਸੰਧਾ, ਪ੍ਰਵੀਨ ਸ਼ਰਮਾ, ਜਗਮੋਹਨ ਸਿੰਘ ਨੇ ਕਿਹਾ ਕਿ ਅਕਾਲੀ ਦਲ ਅਤੇ ਕਾਂਗਰਸ ਦੀ ਸਰਕਾਰ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲ ਕੇ ਰੱਖ ਦਿੱਤੀ ਅਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਕੱਚੇ ਮੁਲਾਜ਼ਮਾਂ ਦੇ ਭਵਿੱਖ ਨੂੰ ਰੋਲਣ ਦੀ ਤਿਆਰੀ ਕਰੀ ਬੈਠੀ ਹੈ। ਆਗੂਆਂ ਕਿਹਾ ਕਿ ਜੇਕਰ ਸਰਕਾਰ ਤੇ ਵਿਭਾਗ ਨੇ ਮੰਗਾਂ ਵੱਲ ਨਾ ਧਿਆਨ ਦਿੱਤਾ ਤਾਂ ਮੁਲਾਜ਼ਮ ਪੱਕਾ ਧਰਨਾ ਲਗਾ ਕੇ ਅਤੇ ਆਉਣ ਵਾਲੇ ਦਿਨਾਂ 'ਚ ਪ੍ਰਚਾਰ ਰੈਲੀਆਂ ਦੌਰਾਨ ਮੁੱਖ ਮੰਤਰੀ ਤੇ ਕੈਬਨਿਟ ਮੰਤਰੀਆਂ ਦਾ ਘਿਰਾਓ ਕਰਨਗੇ।

# ਸ੍ਰੀ ਗੁਰੂ ਰਵਿਦਾਸ ਜੀ ਦਾ 647ਵਾਂ ਗੁਰਪੁਰਬ ਸ਼ਰਧਾ ਤੇ ਪ੍ਰੇਮ ਭਾਵਨਾ ਨਾਲ ਮਨਾਇਆ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**-ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਸਭਾ ਬਸੀ ਜਾਨਾ ਨਹਿਰ ਕਲੋਨੀ ਹੁਸ਼ਿਆਰਪੁਰ ਵਿਖੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਜੀ ਦਾ 647ਵਾਂ ਪ੍ਰਕਾਸ਼ ਪੁਰਬ ਸਬੰਧੀ ਵਿਸ਼ੇਸ਼ ਗੁਰਮਤਿ ਸਮਾਗਮ ਕੀਤਾ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਕੀਰਤਨ ਦੀਵਾਨ ਸਜਾਏ ਗਏ। ਇਸ ਮੌਕੇ ਸਥਾਨਕ ਬੀਬੀਆਂ ਦੇ ਜਥੇ ਅਤੇ ਨੌਜਵਾਨਾਂ ਦੇ ਜਥੇ ਨੇ ਗੁਰੂ ਸਾਹਿਬ ਦੀ ਮਹਿਮਾ ਵਿੱਚ ਕੀਰਤਨ ਜਸ ਗਾਇਨ ਕੀਤਾ ਅਤੇ ਕੀਰਤਨੀ ਜਥਾ ਬਾਬਾ ਜਸਵਿੰਦਰ ਸਿੰਘ ਟਾਂਡੀ ਵਾਲਿਆਂ ਦੇ ਰਾਗੀ ਜਥੇ ਨੇ ਧੁਰ ਕੀ ਬਾਣੀ ਦਾ ਰਸਭਿੰਨਾ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਰਾਮ ਜੀ ਦਾਸ ਪ੍ਰਧਾਨ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਸਭਾ ਬਸੀ ਜਾਨਾ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਇਤਿਹਾਸ ਬਾਰੇ ਸੰਗਤਾਂ ਨੂੰ ਜਾਣੂ ਕਰਵਾਉਂਦਿਆਂ ਸੰਗਤਾਂ ਨੂੰ ਵਧਾਈ ਦਿੱਤੀ। ਇਸ ਮੌਕੇ ਜਨਰਲ ਸੈਕਟਰੀ ਸੰਦੀਪ ਕੁਮਾਰ ਲਵਲੀ, ਵਾਈਸ ਪ੍ਰਧਾਨ ਸੁਰਿੰਦਰ ਪਾਲ, ਕੈਸੀਅਰ ਸਤਵਿੰਦਰ ਸਿੰਘ, ਮੁੱਖ ਸਲਾਹਕਾਰ ਗੁਰਨਾਮ ਸਿੰਘ ਅਤੇ ਦਰਸ਼ਨ ਸਿੰਘ, ਸਲਾਹਕਾਰ ਗੁਰਦੇਵ ਸਿੰਘ, ਪਰਮਜੀਤ ਸਿੰਘ ਐਸਡੀਓ, ਧਰਮ ਚੰਦ, ਸੁਭਾਸ ਚੰਦਰ, ਮਨੋਹਰ ਲਾਲ, ਜੋਇੰਟ ਸੈਕਟਰੀ ਪ੍ਰਭਜੋਤ, ਓਂਕਾਰ ਸਿੰਘ ਰਿਟਾਇਰ ਕਾਨੂੰਗੋ, ਕਮੇਟੀ ਮੈਂਬਰ ਤੁਲੀਆ ਰਾਮ, ਰਾਜ ਕੁਮਾਰ, ਦੀਪਕ, ਬਬਲੂ, ਆਕਾਸ, ਅਰਸ਼ਦੀਪ, ਗਗਨ, ਮਨੋਹਰ ਲਾਲ, ਪਰਮਜੀਤ, ਕਪਲ, ਵੀਰੋ, ਕਵਿਤਾ, ਬਖਸੋ, ਬਿਮਲਾ, ਕਮਲੇਸ਼, ਕਮਲਾ, ਤਿਲਕ ਰਾਜ ਆਦਿ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ। ਅੰਤ ਵਿੱਚ ਰਾਮ ਜੀ ਦਾਸ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਈਆਂ ਸੰਗਤ ਦਾ ਧੰਨਵਾਦ ਕੀਤਾ। ਸਮਾਗਮ ਦੌਰਾਨ ਚਾਹ ਪਕੌੜੇ ਅਤੇ ਗੁਰੂ ਦੇ ਅਤੁੱਟ ਲੰਗਰ ਵਰਤਾਏ ਗਏ।

# ਕੰਧਾਲੀ ਨਰੰਗਪੁਰ 'ਚ ਨਗਰ ਕੀਰਤਨ ਤੇ ਕੀਰਤਨ ਦਰਬਾਰ 1 ਤੋਂ

**ਅੱਡਾ ਸਰਾਂ (ਜਸਵੀਰ ਕਾਜਲ)**-ਪਿੰਡ ਕੰਧਾਲੀ ਨੌਰੰਗਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ ਅਤੇ ਮਹਾਨ ਕੀਰਤਨ ਦਰਬਾਰ,1,2,3, ਮਾਰਚ ਨੂੰ ਸਜਾਇਆ ਜਾਵੇਗਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਅਜੀਤ ਸਿੰਘ ਅਤੇ ਬੂਟਾ ਸਿੰਘ ਕਾਜਲ ਨੇ ਦੱਸਿਆ ਕਿ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 1 ਮਾਰਚ ਤੱਕ ਪ੍ਰਭਾਤ ਫੇਰੀਆਂ ਕੱਢੀਆਂ ਜਾਣਗੀਆਂ ਅਤੇ 1 ਮਾਰਚ ਨੂੰ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ ਅਤੇ 2 ਮਾਰਚ ਨੂੰ ਅਲੌਕਿਕ ਨਗਰ ਕੀਰਤਨ ਸਜਾਇਆ ਜਾਵੇਗਾ। 3 ਮਾਰਚ ਨੂੰ ਮਹਾਨ ਕੀਰਤਨ ਦਰਬਾਰ ਸਜਾਇਆ ਜਾਵੇਗਾ। ਇਸ ਉਪਰੰਤ ਢਾਡੀ ਗਿਆਨੀ ਹਰਦੀਪ ਸਿੰਘ, ਗਿਆਨੀ ਤੇਜਿੰਦਰ ਸਿੰਘ ਦੇਹਰੀਵਾਲ, ਢਾਡੀ ਪਰਮਜੀਤ ਸਿੰਘ ਬੰਗਾ, ਬਾਬਾ ਹਰਭਜਨ ਸਿੰਘ ਸੋਤਲੇ ਵਾਲਿਆਂ ਤੋਂ ਇਲਾਵਾ ਹੋਰ ਢਾਡੀ, ਕਥਾਵਾਚਕ, ਕੀਰਤਨੀਏ ਜਥੇ ਸੰਗਤਾਂ ਨੂੰ ਗੁਰਬਾਣੀ ਅਤੇ ਗੁਰੂ ਇਤਿਹਾਸ ਨਾਲ ਜੋੜਨਗੇ। ਇਸ ਮੌਕੇ ਅਤੁੱਟ ਲੰਗਰ ਵੀ ਵਰਤਿਆ ਜਾਵੇਗਾ। ਇਸ ਮੌਕੇ ਹਰਪ੍ਰੀਤ ਸਿੰਘ, ਅਮਨਪ੍ਰੀਤ ਸਿੰਘ, ਹਰਪ੍ਰੀਤ ਪੀਤਾ, ਗੁਰਦੇਵ ਸਿੰਘ, ਆਦਿ ਹਾਜ਼ਰ ਸਨ।

# ਪ੍ਰਾਇਮਰੀ ਤੋਂ ਮਾਸਟਰ ਕਾਡਰ ਤਰੱਕੀਆਂ ਜਲਦ ਕੀਤੀਆਂ ਜਾਣ : ਦੀਦਾਰ ਸਿੰਘ



**ਜਲੰਧਰ ( ਰਾਜੇਸ਼ ਥਾਪਾ )**- ਪ੍ਰਾਇਮਰੀ ਅਧਿਆਪਕ ਪ੍ਰਮੋਸ਼ਨ ਕਮੇਟੀ, ਪੰਜਾਬ ਦੇ ਜਨਰਲ ਸਕੱਤਰ ਦੀਦਾਰ ਸਿੰਘ ਨੇ ਲੰਬੇ ਸਮੇਂ ਤੋਂ ਰੁਕੀਆਂ ਹੋਈਆਂ ਪ੍ਰਾਇਮਰੀ ਤੋਂ ਮਾਸਟਰ ਕਾਡਰ ਤਰੱਕੀਆਂ ਨੂੰ ਸਹੀ ਢੰਗ ਨਾਲ ਨੇਪਰੇ ਚਾੜ੍ਹਨ ਹਿੱਤ ਸੀਨੀਆਰਤਾ ਸੂਚੀ ਨੂੰ ਬੈਚ ਵਾਇਜ਼ ਸੀਨੀਆਰਤਾ ਕਮ ਮੈਰਿਟ ਦੇ ਅਧਾਰ 'ਤੇ ਬਣਾਉਣ ਦੀ ਮੰਗ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਇਕ ਵਾਰ ਫਿਰ ਕੀਤੀ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੀਦਾਰ ਸਿੰਘ ਨੇ ਕਿਹਾ ਕਿ ਇਨ੍ਹਾਂ ਪ੍ਰਮੋਸ਼ਨਾਂ ਨੂੰ ਜਲਦ ਕਰਵਾਉਣ ਲਈ ਪ੍ਰਾਇਮਰੀ ਅਧਿਆਪਕ ਪ੍ਰਮੋਸ਼ਨ ਕਮੇਟੀ ਦੀ ਆਨਲਾਈਨ ਮੀਟਿੰਗ ਹੋਈ। ਜਿਸ ਵਿਚ ਇਸ ਮਹੱਤਵਪੂਰਨ ਮੁੱਦੇ 'ਤੇ ਵਿਸਥਾਰ ਨਾਲ ਚਰਚਾ ਕਰਨ ਤੋਂ ਬਾਅਦ ਉੱਚ ਅਧਿਕਾਰੀਆਂ ਤੱਕ ਪਹੁੰਚ ਕਰਕੇ ਇਨ੍ਹਾਂ ਪ੍ਰਮੋਸ਼ਨਾਂ ਨੂੰ ਜਲਦ ਕਰਵਾਉਣ ਦੀ ਵਿਉਂਤਬੰਦੀ ਕੀਤੀ ਗਈ। ਕਮੇਟੀ ਦੇ ਪ੍ਰੈਸ ਸਕੱਤਰ ਕੁਲਦੀਪ ਸਿੰਘ ਨੇ ਕਿਹਾ ਕਿ ਪ੍ਰਾਇਮਰੀ ਤੋਂ ਮਾਸਟਰ ਕਾਡਰ ਤਰੱਕੀਆਂ ਲਈ ਵੱਖਰਾ ਆਨ ਲਾਈਨ ਪੋਰਟਲ ਖੋਲ੍ਹਿਆ ਜਾਵੇ, ਜਿਸ ਵਿਚ ਸੀਨੀਆਰਤਾ ਸੂਚੀ ਵਿੱਚ ਅਧਿਆਪਕਾਂ ਦੀ ਭਰਤੀ ਦੀ ਕਿਸਮ, ਸਾਲ, ਮੈਰਿਟ ਅੰਕ, ਆਰਡਰਾਂ ਦੀ ਮਿਤੀ ਤੇ ਨਿਯੁਕਤੀ ਦੀ ਮਿਤੀ ਦਾ ਪੂਰਾ ਵੇਰਵਾ ਦਰਜ ਕੀਤਾ ਜਾਵੇ ਅਤੇ ਇਹ ਤਰੱਕੀਆਂ 2018 ਦੇ ਸੇਵਾ ਨਿਯਮਾਂ ਤਹਿਤ ਜਲਦੀ ਤੋਂ ਜਲਦੀ ਕੀਤੀਆਂ ਜਾਣ। ਇਸ ਦੇ ਨਾਲ ਹੀ ਉਨ੍ਹਾ ਮੰਗ ਕੀਤੀ ਕਿ ਵੱਖ ਵੱਖ ਜ਼ਿਲ੍ਹਿਆਂ ਦੇ ਅਧਿਆਪਕਾਂ ਦੀਆਂ ਸੀਨੀਅਰਤਾ ਸੂਚੀਆਂ ਨੂੰ ਵਿਭਾਗ ਦੀ ਐਸ ਐਸ ਏ ਵੈਬਸਾਈਟ ਅਪਲੋਡ ਕੀਤਾ ਜਾਵੇ ਜਿਵੇਂ ਕਿ 2018 ਵਿਚ ਕੀਤਾ ਗਿਆ ਸੀ। ਇਸ ਮੌਕੇ ਗਣੇਸ਼ ਭਗਤ, ਗੁਰਬਾਜ ਸਿੰਘ, ਰਾਕੇਸ਼ ਕੁਮਾਰ, ਵਿਪਨ ਕੁਮਾਰ ਆਦਿ ਆਗੂ ਵੀ ਹਾਜ਼ਰ ਸਨ।

# ਹਿਮਾਚਲ ਮਹਾਂ ਸਭਾ ਵੱਲੋਂ ਖ਼ੂਨਦਾਨ ਕੈਂਪ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਸ਼ਹਿਰ ਦੇ ਸੈਕਟਰ 40 ਏ ਸਥਿਤ ਕਮਿਊਨਿਟੀ ਸੈਂਟਰ ਵਿਖੇ ਅੱਜ ਹਿਮਾਚਲ ਮਹਾਂਸਭਾ (ਰਜਿ: ਨੰ: 1992) ਚੰਡੀਗੜ੍ਹ, ਵਿਸ਼ਵਾਸ ਫਾਊਂਡੇਸ਼ਨ ਅਤੇ ਬਲੱਡ ਬੈਂਕ ਸੈਕਟਰ-32 ਹਸਪਤਾਲ ਦੇ ਸਹਿਯੋਗ ਨਾਲ ਚੌਥੇ ਖੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 2.30 ਵਜੇ ਤੱਕ ਆਯੋਜਿਤ ਕੀਤਾ ਗਿਆ, ਜਿਸ ਵਿਚ ਕੁੱਲ 40 ਯੂਨਿਟ ਖੂਨ ਇਕੱਤਰ ਕੀਤਾ ਗਿਆ। ਇਸ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਚੰਡੀਗੜ੍ਹ ਦੇ ਨਵਨਿਯੁਕਤ ਮੇਅਰ ਕੁਲਦੀਪ ਕੁਮਾਰ ਟੀਟਾ ਨੇ ਸ਼ਿਰਕਤ ਕੀਤੀ ਅਤੇ ਕੈਂਪ ਦਾ ਉਦਘਾਟਨ ਕੀਤਾ। ਉਨ੍ਹਾਂ ਤੋਂ ਇਲਾਵਾ ਇਲਾਕੇ ਦੇ ਮੋਹਤਬਰ ਸੱਜਣ ਵੀਰੇਂਦਰ ਰਾਵਤ, ਫੋਸਵਾ ਪ੍ਰਧਾਨ ਦਲਵਿੰਦਰ ਸਿੰਘ ਸੈਣੀ ਅਤੇ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ ਸੈਕਟਰ-32 ਦੇ ਡਾਇਰੈਕਟਰ ਡਾ. ਅਸ਼ੋਕ ਕੁਮਾਰ ਅੱਤਰੀ ਨੇ ਵੀ ਵਿਸ਼ੇਸ਼ ਤੌਰ ਉਤੇ ਆਪਣੀ ਹਾਜ਼ਰੀ ਲਵਾਈ। ਇਸ ਮੌਕੇ ਮੇਅਰ ਕੁਲਦੀਪ ਟੀਟਾ ਨੇ ਸਮਾਜ ਸੇਵਾ ਵਿਚ ਆਪਣਾ ਯੋਗਦਾਨ ਪਾਉਂਦਿਆਂ ਸਭ ਤੋਂ ਪਹਿਲਾਂ ਖੂਨ ਦੇ ਕੇ ਇਸ ਖੂਨਦਾਨ ਕੈਂਪ ਦੀ ਸ਼ੁਰੂਆਤ ਕੀਤੀ। ਉਨ੍ਹਾਂ ਕਿਹਾ ਕਿ ਖੂਨ ਦਾਨ ਇਕ ਮਹਾਂ ਦਾਨ ਹੈ, ਜਿਸ ਨਾਲ ਅਸੀਂ ਕਈ ਕੀਮਤੀ ਜਾਨਾਂ ਬਚਾਉਣ ਵਿਚ ਆਪਣਾ ਯੋਗਦਾਨ ਪਾ ਸਕਦੇ ਹਾਂ। ਉਨ੍ਹਾਂ ਹਿਮਾਚਲ ਮਹਾਂਸਭਾ ਵਲੋਂ ਕੀਤੇ ਇਸ ਉਪਰਾਲੇ ਦੀ ਵੀ ਸ਼ਲਾਘਾ ਕੀਤੀ। ਇਸ ਕੈਂਪ ਵਿਚ ਡਾ. ਰਵਨੀਕ ਕੌਰ (ਹੈੱਡ ਸੈਕਟਰ 32 ਹਸਪਤਾਲ), ਡਾ. ਅਰਪਿਤਾ ਪਰਮਾਰ ਅਤੇ ਡਾ. ਨੀਤੂ ਚੌਹਾਨ ਦੀ ਟੀਮ ਵਲੋਂ ਖੂਨ ਇਕੱਠਾ ਕਰਨ ਵਿਚ ਆਪਣੀ ਅਹਿਮ ਭੂਮਿਕਾ ਨਿਭਾਈ ਅਤੇ ਖੂਨ ਦਾਨ ਕਰਨ ਵਾਲਿਆਂ ਨੂੰ ਇਸ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਇਸ ਮੌਕੇ ਉਤੇ ਹਿਮਾਚਲ ਮਹਾਂ ਸਭਾ ਦੇ ਪ੍ਰਧਾਨ ਪ੍ਰਿਥੀ ਸਿੰਘ ਪ੍ਰਜਾਪਤੀ, ਜਨਰਲ ਸਕੱਤਰ ਭਾਗੀਰੱਥ ਸ਼ਰਮਾ ਅਤੇ ਰਮੇਸ਼ ਸਾਹੋਰ, ਵਿੱਤ ਸਕੱਤਰ ਦੇਸ ਰਾਜ ਚੌਧਰੀ, ਕਨਵੀਨਰ ਰਾਕੇਸ਼ ਬਾਰੋਟੀਆ ਤੇ ਕੇਸੀ ਵਰਮਾ ਤੋਂ ਇਲਾਵਾ ਸੈਕਟਰ ਅਤੇ ਇਲਾਕੇ ਦੀਆਂ ਹੋਰ ਸ਼ਖਸੀਅਤਾਂ ਹਾਜ਼ਰ ਸਨ।

# ਵਿਆਹੁਤਾ ਵੱਲੋਂ ਭੇਦਭਰੇ ਹਾਲਾਤ 'ਚ ਫਾਹਾ ਲਗਾ ਕੇ ਜੀਵਨ ਲੀਲ੍ਹਾ ਸਮਾਪਤ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ )**-ਸ਼ਹਿਰ ਦੇ ਮੁਹੱਲਾ ਓਂਕਾਰ ਨਗਰ 'ਚ ਵਿਆਹੁਤਾ ਵੱਲੋਂ ਭੇਦਭਰੇ ਹਾਲਾਤ ਵਿੱਚ ਫਾਹਾ ਲਗਾ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲੈਣ ਦਾ ਮਾਮਲਾ ਸਾਹਮਣੇ ਆਇਆ ਹੈ। ਮਿਲੀ ਜਾਣਕਾਰੀ ਅਨੁਸਾਰ ਮ੍ਰਿਤਕ ਵਿਆਹੁਤਾ ਲੜਕੀ ਦੀ ਪਹਿਚਾਣ ਬਰਸ਼ਾ ਮਿਸ਼ਰਾ ਪਤਨੀ ਰਵੀ ਮਿਸ਼ਰਾ ਵਾਸੀ ਓਂਕਾਰ ਨਗਰ ਫਗਵਾੜਾ ਵਜੋਂ ਹੋਈ ਹੈ। ਮਾਮਲੇ ਦੀ ਜਾਣਕਾਰੀ ਦਿੰਦਿਆਂ ਮ੍ਰਿਤਕ ਲੜਕੀ ਦੇ ਪਿਤਾ ਨੇ ਦੱਸਿਆ ਕਿ ਉਸ ਦੀ ਲੜਕੀ ਦਾ ਵਿਆਹ ਤਕਰੀਬਨ ਇੱਕ ਸਾਲ ਪਹਿਲਾਂ ਰਵੀ ਮਿਸ਼ਰਾ ਵਾਸੀ ਓਂਕਾਰ ਨਗਰ ਫਗਵਾੜਾ ਨਾਲ ਹੋਇਆ ਸੀ। ਉਨ੍ਹਾ ਦੱਸਿਆ ਕਿ ਉਨ੍ਹਾਂ ਦਾ ਜਵਾਈ ਪਿਛਲੇ ਕੁਝ ਦਿਨਾਂ ਤੋਂ ਆਪਣੇ ਘਰ ਨਹੀਂ ਸੀ ਆ ਰਿਹਾ ਤੇ ਆਪਣੀ ਭੈਣ ਜੋ ਕਿ ਸਾਬਕਾ ਕੌਂਸਲਰ ਹੈ ਉਸ ਕੋਲ ਰਹਿ ਰਿਹਾ ਸੀ। ਉਨ੍ਹਾਂ ਗੰਭੀਰ ਦੋਸ਼ ਲਗਾਉਂਦਿਆਂ ਕਿਹਾ ਕਿ ਉਨ੍ਹਾਂ ਦੀ ਲੜਕੀ ਨੂੰ ਇਨ੍ਹਾਂ ਵਲੋਂ ਤੰਗ ਪ੍ਰੇਸ਼ਾਨ ਕਰਨ 'ਤੇ ਉਨ੍ਹਾਂ ਦੀ ਲੜਕੀ ਨੇ ਇਹ ਖੌਫਨਾਕ ਕਦਮ ਚੁੱਕਿਆ ਹੈ। ਉਨ੍ਹਾਂ ਪੁਲਸ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਹੈ ਕਿ ਸਾਰੇ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰਕੇ ਉਕਤ ਦੋਸ਼ੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਧਰ ਇਸ ਸਾਰੇ ਮਾਮਲੇ ਦੀ ਸੂਚਨਾ ਮਿਲਦੇ ਸਾਰ ਥਾਣਾ ਸਿਟੀ ਦੇ ਐਚ.ਐਚ.ਓ ਜਤਿੰਦਰ ਕੁਮਾਰ ਸਮੇਤ ਪੁਲਸ ਪਾਰਟੀ ਮੌਕੇ 'ਤੇ ਪੁੱਜੇ ਤੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਐਸ.ਐਚ.ਓ ਨੇ ਕਿਹਾ ਕਿ ਪਰਵਾਰਕ ਮੈਂਬਰਾਂ ਵਲੋਂ ਜੋ ਵੀ ਬਿਆਨ ਦਰਜ ਕਰਵਾਏ ਜਾਣਗੇ ਉਸ ਹਿਸਾਬ ਨਾਲ ਅਗਲੀ ਕਾਰਵਾਈ ਕੀਤੀ ਜਾਵੇਗੀ।

# ਹਰ ਇੱਕ ਸਿੱਖ ਦੀ ਵੋਟ ਲਾਜ਼ਮੀ ਬਣਾਉਣ ਸੰਬੰਧੀ ਰਾਸ਼ਟਰਪਤੀ ਲਈ ਭੇਜਿਆ ਯਾਦ ਪੱਤਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿਰਮੌਰ ਸੰਸਥਾ ਸਿੱਖ ਕੌਮ ਵੱਲੋਂ ਵੱਡੀਆਂ ਕੁਰਬਾਨੀਆਂ ਕਰਨ ਤੋਂ ਬਾਅਦ 1925 'ਚ ਕਾਨੂੰਨ ਦੁਆਰਾ ਹੋਂਦ 'ਚ ਆਈ ਸੀ ਇਸ ਸਿਰਮੌਰ ਸੰਸਥਾ ਦੇ ਵੋਟਾਂ ਦੁਆਰਾ ਚੁਣੇ ਗਏ ਮੈਂਬਰ ਗੁਰੂ ਘਰਾਂ ਦਾ ਪ੍ਰਬੰਧ ਕਰਨ ਅਤੇ ਸਿੱਖ ਧਰਮ ਦਾ ਪ੍ਰਚਾਰ ਕਰਨ ਦੀ ਜਿੰਮੇਵਾਰੀ ਨਿਭਾਉਂਦੇ ਹਨ ਇਹ ਪਹਿਲੀ ਸੰਸਥਾ ਹੈ ਜਿਸ 'ਚ ਔਰਤ ਵਰਗ ਨੂੰ ਵੋਟ ਪਾਉਣ ਦੇ ਅਧਿਕਾਰ ਦੀ ਸ਼ੁਰੂਆਤ ਹੋਈ ਸੀ ਇਸੇ ਤਰ੍ਹਾਂ ਇੰਡੀਆ ਦੀ ਪਾਰਲੀਮੈਂਟ, ਅਸੈਂਬਲੀਆਂ, ਕਾਰਪੋਰੇਸ਼ਨਾ, ਜ਼ਿਲ੍ਹਾ ਪਰਿਸ਼ਦਾਂ ਤੇ ਪੰਚਾਇਤਾਂ ਦੀ ਚੋਣ ਲਈ ਵੋਟਾਂ ਤਿਆਰ ਕਰਨ ਲਈ ਸਰਕਾਰ ਘਰ ਘਰ ਜਾ ਕੇ ਹਰ ਇੱਕ ਵੋਟ ਬਣਾਈ ਜਾਂਦੀ ਹੈ, ਪਰ ਸਰਕਾਰ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਾਊਸ ਲਈ ਵੋਟਾਂ ਬਣਾਉਣ ਦੀ ਗੈਰ ਜਿੰਮੇਵਰਾਨਾ ਤੇ ਬੇਇਨਸਾਫੀ ਕਿਉਂ ਕੀਤੀ ਜਾ ਰਹੀ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਦੀਪ ਸਿੰਘ ਖੁਣ ਖੁਣ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਦਰੁਪਤੀ ਮੁਰਮੋ ਰਾਸ਼ਟਰਪਤੀ ਲਈ ਕੋਮਲ ਮਿੱਤਲ ਡਿਪਟੀ ਕਮਿਸ਼ਨਰ ਰਾਹੀਂ ਯਾਦ ਪੱਤਰ ਦੇਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲ ਬਹੁਤ ਕਰਦੇ ਹੋਏ ਕੀਤਾ। ਇਸ ਸਮੇਂ ਉਹਨਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵੋਟਾਂ ਦੀ ਪ੍ਰਤੀਸ਼ਤਤਾ ਇਸ ਲਈ ਵੀ ਬਹੁਤ ਘੱਟ ਹੈ ਕਿਉਂਕਿ ਇਸ ਵਿੱਚ ਸਰਕਾਰ ਅਤੇ ਚੋਣ ਕਮਿਸ਼ਨ ਆਪਣੀ ਜਿੰਮੇਵਾਰੀ ਨਹੀਂ ਨਿਭਾ ਰਹੇ ਹਨ ਤੇ ਇਸ ਲਈ ਉਹਨਾਂ ਨੇ ਰਾਸ਼ਟਰਪਤੀ ਦਰੁਪਤੀ ਮੁਰਮੋ ਨੂੰ ਅਪੀਲ ਕੀਤੀ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਾਊਸ ਦੇ ਮੈਂਬਰਾਂ ਦੀ ਚੋਣ ਕਰਨ ਲਈ ਹਰ ਇੱਕ ਸਿੱਖ ਦੀ ਵੋਟ ਬਣਾਉਣ ਲਈ ਸਰਕਾਰ ਨੂੰ ਸਖਤ ਨਿਰਦੇਸ਼ ਦਿੱਤੇ ਜਾਣ।

ਇਸ ਸਮੇਂ ਗੁਰਨਾਮ ਸਿੰਘ ਸਿੰਗੜੀਵਾਲਾ, ਮਾਸਟਰ ਕੁਲਦੀਪ ਸਿੰਘ ਮਸੀਤੀ, ਪਰਮਿੰਦਰ ਸਿੰਘ ਖਾਲਸਾ ਮੁਕੇਰੀਆਂ, ਸਤਵੰਤ ਸਿੰਘ ਮੁਰਾਦਪੁਰ, ਸੁਖਵਿੰਦਰ ਸਿੰਘ ਹੁਸੈਨਪੁਰ, ਕਰਨੈਲ ਸਿੰਘ ਲਵਲੀ, ਸੁਖਦੇਵ ਸਿੰਘ ਕਾਹਰੀ, ਮਨਜੀਤ ਸਿੰਘ ਲੰਬੜਦਾਰ, ਪ੍ਰਿਤਪਾਲ ਸਿੰਘ ਮੁਰਾਦਪੁਰ, ਸੰਤੋਖ ਸਿੰਘ ਡਾਲੋਵਾਲ, ਗੁਰਬਖਸ਼ ਸਿੰਘ ਮਾਨਸਰ, ਸਰਬਜੋਤ ਸਿੰਘ ਸਾਬੀ, ਦਲਜੀਤ ਸਿੰਘ, ਸਤਨਾਮ ਸਿੰਘ ਆਦਿ ਹਾਜ਼ਰ ਸਨ।

# ਸਿਹਤ ਸੁਵਿਧਾਵਾਂ ਦੇ ਵਿਸਥਾਰ ਲਈ ਪੰਜਾਬ ਸਰਕਾਰ ਨਹੀਂ ਛੱਡ ਰਹੀ ਕੋਈ ਕਮੀ : ਬ੍ਰਮ ਸ਼ੰਕਰ ਜਿੰਪਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿਹਤ ਸੁਵਿਧਾਵਾਂ ਦੇ ਵਿਸਥਾਰ ਲਈ ਉਪਰਾਲੇ ਕਰ ਰਹੀ ਹੈ। ਉਹ ਅੱਜ ਸ਼ਹਿਰ ਦੇ ਮੁੱਖ ਸਮਾਜਕ ਸੰਗਠਨ ਜੈਨ ਯੁਵਾ ਮੰਡਲ ਵਲੋਂ ਆਯੋਜਿਤ 31ਵੇਂ ਫਰੀ ਆਈ ਓਪਰੇਸ਼ਨ ਕੈਂਪ ਵਿਚ ਸ਼ਾਮਲ ਹੋਣ ਦੌਰਾਨ ਸੰਬੋਧਨ ਕਰ ਰਹੇ ਸਨ। ਉਨ੍ਹਾ ਕਿਹਾ ਕਿ ਹੁਸ਼ਿਆਰਪੁਰ ਵਿਧਾਨ ਸਭਾ ਹਲਕਾ ਉਨ੍ਹਾ ਦਾ ਪਰਵਾਰ ਹੈ ਅਤੇ ਉਹ ਹਮੇਸ਼ਾ ਆਪਣੇ ਲੋਕਾਂ ਪ੍ਰਤੀ ਸਮਰਪਤ ਹਨ। ਉਨ੍ਹਾ ਕਿਹਾ ਕਿ ਸਮਾਜਕ ਤੌਰ 'ਤੇ ਇਸ ਤਰ੍ਹਾਂ ਦੇ ਮੈਡੀਕਲ ਕੈਂਪ ਲਗਾ ਕੇ ਅਸੀਂ ਇਕ ਸਿਹਤਮੰਦ ਸਮਾਜ ਦੀ ਸਿਰਜਣਾ ਦੇ ਟੀਚੇ ਦੀ ਪ੍ਰਾਪਤੀ ਵੱਲ ਵਧਦੇ ਹਾਂ। ਇਸ ਮੌਕੇ ਜੈਨ ਸਮਾਜ ਦੇ ਸੰਤ ਜਿਤੇਂਦਰ ਮੁਨੀ, ਰਮਨ ਮੁਨੀ, ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ, ਬਿੰਦੂ ਸ਼ਰਮਾ, ਰਾਕੇਸ਼ ਜੈਨ, ਰਿਤੂ ਜੈਨ, ਮੰਡਲ ਦੇ ਪ੍ਰਧਾਨ ਰਿਸ਼ਵ ਜੈਨ, ਚੇਅਰਮੈਨ ਦਿਵਮ ਜੈਨ ਅਤੇ ਜਨਰਲ ਸਕੱਤਰ ਅਰਪਿਤ ਜੈਨ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਜੈਨ ਯੁਵਾ ਮੰਡਲ ਦੁਅਰਾ ਕੀਤੇ ਜਾ ਰਹੇ ਸੇਵਾ ਕਾਰਜ ਸਮਾਜ ਵਿਚ ਬਹੁਤ ਵੱਡੀ ਮਿਸਾਲ ਹਨ। ਹੋਰ ਸਮਾਜਕ ਸੰਗਠਨਾਂ ਨੂੰ ਵੀ ਇਸ ਦੀ ਪਾਲਣਾ ਕਰਨਾ ਚਾਹੀਦੀ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਇਸੇ ਤਰ੍ਹਾਂ ਦੇ ਸੰਗਠਨਾਂ ਨੂੰ ਉਤਸ਼ਾਹਤ ਕਰਨ ਲਈ ਆਪਣਾ ਹਰ ਸੰਭਵ ਸਹਿਯੋਗ ਪ੍ਰਦਾਨ ਕਰੇਗੀ। ਇਸ ਮੌਕੇ ਲਾਇੰਸ ਆਈ ਹਸਪਤਾਲ ਆਦਮਪੁਰ ਦੇ ਚੇਅਰਮੈਨ ਦਸਵਿੰਦਰ ਕੁਮਾਰ ਦੀ ਅਗਵਾਈ ਹੇਠ ਡਾ. ਹਰਪ੍ਰੀਤ ਸਿੰਘ, ਡਾ. ਕੁਲਦੀਪ ਸਿੰਘ ਅਤੇ ਡਾ. ਨਵਪ੍ਰੀਤ ਕੌਰ 'ਤੇ ਆਧਾਰਤ ਟੀਮ ਨੇ 985 ਮਰੀਜ਼ਾਂ ਦਾ ਚੈਕਅਪ ਕੀਤਾ। ਮੰਡਲ ਦੇ ਸਾਬਕਾ ਪ੍ਰਧਾਨ ਲੱਕੀ ਜੈਨ, ਸਰਪ੍ਰਸਤ ਰਜਿੰਦਰ ਜੈਨ, ਸਲਾਹਕਾਰ ਅੰਕਿਤ ਜੈਨ ਅਤੇ ਸਮਿਤੀ ਜੈਨ, ਉਪ ਚੇਅਰਮੈਨ ਸਾਰਥਕ ਜੈਨ, ਖਜ਼ਾਨਚੀ ਚਾਹਤ ਜੈਨ, ਸ਼੍ਰੇਆਂਸ ਜੈਨ, ਵਰੁਣ ਜੈਨ, ਅਭਿਸ਼ੇਕ ਜੈਨ, ਸੁਸ਼ਾਂਤ ਜੈਨ, ਸੌਰਭ ਜੈਨ, ਕੁਣਾਲ ਜੈਨ, ਸਿਧਾਂਤ ਜੈਨ, ਰਿਸ਼ਵ, ਗੋਇਮ ਜੈਨ ਅਤੇ ਸ਼੍ਰੇਆਂਸ ਅਤੇ ਹੋਰ ਅਧਿਕਾਰੀ ਮਰੀਜ਼ਾਂ ਦੀ ਸੇਵਾ ਦੀ ਕਮਾਨ ਸੰਭਾਲ ਕਰ ਰਹੇ ਸਨ। ਚੇਅਰਮੈਨ ਦਿਵਮ ਜੈਨ, ਪ੍ਰਧਾਨ ਰਿਸ਼ਵ ਜੈਨ ਅਤੇ ਜਨਰਲ ਸਕੱਤਰ ਅਰਪਿਤ ਜੈਨ ਨੇ ਦੱਸਿਆ ਕਿ 600 ਤੋਂ ਵੱਧ ਮਰੀਜ਼ਾਂ ਦੇ ਓਪਰੇਸ਼ਨ ਲਈ ਪਹਿਚਾਣ ਕੀਤੀ ਗਈ, ਜਿਨ੍ਹਾਂ ਦੇ ਇਕ ਹਫ਼ਤੇ ਤੱਕ ਲਗਾਤਾਰ ਅਤਿਆਧੁਨਿਕ ਫੈਕੋ ਤਕਨੀਕ ਨਾਲ ਮੁਫ਼ਤ ਓਪਰੇਸ਼ਨ ਕੀਤੇ ਜਾਣਗੇ। ਇਸ ਮੌਕੇ ਐਸ.ਐਸ. ਜੈਨ ਸਭਾ ਦੇ ਪ੍ਰਧਾਨ ਰਾਕੇਸ਼ ਜੈਨ ਬਬਲਾ, ਮਹਾਵੀਰ ਜੈਨ ਸਭਾ ਜੈਨ ਕਲੋਨੀ ਦੇ ਪ੍ਰਧਾਨ ਰਵੀ ਜੈਨ, ਸਾਬਕਾ ਪ੍ਰਧਾਨ ਅਸ਼ੋਕ ਜੈਨ, ਜੈਨ ਸੇਵਾ ਸੰਘ ਪਕਸ਼ੀ ਵਿਹਾਰ ਦੇ ਪ੍ਰਧਾਨ ਅਰੁਣ ਜੈਨ, ਸਕੱਤਰ ਚੰਦਰ ਭੂਸ਼ਣ ਜੈਨ, ਭਗਵਾਨ ਮਹਾਵੀਰ ਡਾਇਗਨੋਸਟਿਕ ਸੈਂਟਰ ਦੇ ਪ੍ਰਧਾਨ ਅਸ਼ੋਕ ਜੈਨ, ਦਾਦੀ ਕੋਠੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਨਿਲ ਜੈਨ ਗੋਗੀ, ਲਾਲਾ ਅਮ੍ਰਿਤ ਲਾਲ ਜੈਨ, ਲਾਲਾ ਮੁਨੀ ਲਾਲ ਜੈਨ, ਰਾਮ ਗੋਪਾਲ ਜੈਨ, ਸੁਮਿਤ ਜੈਨ, ਰਾਕੇਸ਼ ਜੈਨ, ਸੀ.ਏ ਰਵੀ ਜੈਨ ਆਦਿ ਵੀ ਮੌਜੂਦ ਸਨ।

# ਸਰਕਾਰ ਲੋਕ-ਪੱਖੀ ਕੰਮਾਂ ਨੂੰ ਦੇ ਰਹੀ ਹੈ ਤਵੱਜੋਂ : ਕਾਕਾ ਬਰਾੜ

■ ਵਿਧਾਇਕ ਨੇ ਗੁਲਾਬੇਵਾਲਾ ਦੀ 40 ਸਾਲ ਪੁਰਾਣੀ ਸਮੱਸਿਆ ਦਾ ਕੀਤਾ ਹੱਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਨ ਚਾਵਲਾ)**-ਨਜ਼ਦੀਕੀ ਪਿੰਡ ਗੁਲਾਬੇਵਾਲਾ ਵਿਖੇ ਪੀਣ ਵਾਲੇ ਪਾਣੀ ਦੀ ਪਿਛਲੇ ਕਰੀਬ 40 ਸਾਲ ਤੋਂ ਲਟਕਦੀ ਆ ਰਹੀ ਸਮੱਸਿਆ ਦਾ ਹੱਲ ਕਰਦਿਆਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਕੈਬਨਿਟ ਮੰਤਰੀ ਬ੍ਰਹਮ ਸੰਕਰ ਜਿੰਪਾ ਦੀ ਅਗਵਾਈ ਹੇਠ ਜਲ ਸਪਲਾਈ ਸਕੀਮ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਸਮੂਹ ਪਿੰਡ ਵਾਸੀਆਂ ਨੇ ਵਿਧਾਇਕ ਕਾਕਾ ਬਰਾੜ ਦਾ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਜਦੋਂ ਉਹ ਵਿਧਾਨ ਸਭਾ ਚੋਣਾਂ ਦੌਰਾਨ ਪਿੰਡ ਵਿੱਚ ਚੋਣ ਪ੍ਰਚਾਰ ਕਰ ਰਹੇ ਸਨ ਤਾਂ ਸਭ ਤੋਂ ਵੱਡੀ ਸਮੱਸਿਆ ਪੀਣ ਵਾਲੇ ਪਾਣੀ ਦੀ ਸੀ। ਪਿੰਡ ਵਾਸੀਆਂ ਨੇ ਦੱਸਿਆ ਸੀ ਕਿ ਉਹ ਪਿਛਲੇ ਲੰਬੇ ਸਮੇਂ ਤੋਂ ਇਹ ਪੀੜਾ ਹੰਢਾ ਰਹੇ ਹਨ ਕਿ ਪਿੰਡ ਵਿੱਚ ਪੀਣ ਵਾਲਾ ਪਾਣੀ ਨਹੀਂ ਪਹੁੰਚਦਾ। ਤਦ ਉਨ੍ਹਾਂ ਨੂੰ ਭਰੋਸਾ ਦੁਆਇਆ ਗਿਆ ਸੀ ਕਿ ਜਦੋਂ ਪ੍ਰਮਾਤਮਾ ਨੇ ਉਨ੍ਹਾਂ ਨੂੰ ਮੌਕਾ ਦਿੱਤਾ ਤਾਂ ਇਸ ਸਮੱਸਿਆ ਦਾ ਹੱਲ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ। ਉਹ ਮੌਕਾ ਅੱਜ ਆ ਗਿਆ ਹੈ। ਉਨ੍ਹਾਂ ਕਿਹਾ ਕਿ ਕਰੀਬ 30 ਲੱਖ ਰੁਪਏ ਦੀ ਲਾਗਤ ਨਾਲ ਪੀਣ ਵਾਲੇ ਪਾਣੀ ਦੀ ਸਪਲਾਈ ਸਹੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਿੰਡ ਦੇ ਹਰ ਘਰ ਵਿੱਚ ਪਾਣੀ ਜਾਵੇਗਾ ਤੇ ਹਰ ਇੱਕ ਨੂੰ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਲੋਕ ਪੱਖੀ ਕੰਮਾਂ ਨੂੰ ਪਹਿਲ ਦੇ ਰਹੀ ਹੈ ਤੇ ਲੋਕ ਮਸਲੇ ਜਲਦ ਤੋਂ ਜਲਦ ਹੱਲ ਕੀਤੇ ਜਾ ਰਹੇ ਹਨ। ਵਿਧਾਇਕ ਕਾਕਾ ਬਰਾੜ ਨੇ ਆਖਿਆ ਕਿ ਹੋਰ ਪਿੰਡ ਵਿੱਚ ਰਹਿੰਦੇ ਕੰਮ ਜਲਦ ਪੂਰੇ ਕੀਤੇ ਜਾਣਗੇ। ਇਸ ਦੌਰਾਨ ਪਿੰਡ ਵਾਸੀਆਂ ਨੇ ਵਿਧਾਇਕ ਕਾਕਾ ਬਰਾੜ ਦਾ ਧੰਨਵਾਦ ਕਰਦਿਆਂ ਆਖਿਆ ਕਿ ਅੱਜ ਉਨ੍ਹਾਂ ਦੀ ਬਹੁਤ ਵੱਡੀ ਮੰਗ ਪੂਰੀ ਹੋਈ ਹੈ, ਜਿਸ ਨਾਲ ਹਰ ਘਰ ਵਿੱਚ ਜਲ ਪਹੁੰਚੇਗਾ। ਉਨ੍ਹਾਂ ਵਿਸ਼ਵਾਸ ਦੁਆਇਆ ਕਿ ਉਹ ਉਨ੍ਹਾਂ ਦੇ ਮੋਢੇ ਨਾਲ ਮੋਢਾ ਲਗਾ ਕੇ ਖੜਨਗੇ। ਇਸ ਮੌਕੇ ਤੇਜਿੰਦਰਪਾਲ ਸਿੰਘ ਬਰਾੜ, ਗੁਰਮੀਤ ਸਿੰਘ ਸੈਕਟਰੀ, ਅਰਵਿੰਦਰ ਸਿੰਘ ਬਰਾੜ, ਗੁਰਪ੍ਰੀਤ ਸਿੰਘ ਬਰਾੜ, ਮੰਗਲ ਸਿੰਘ, ਲਛਮਣ ਸਿੰਘ, ਗੁਰਦੀਪ ਸਿੰਘ, ਜੀਤ ਸਿੰਘ, ਪ੍ਰਗਟ ਸਿੰਘ, ਹਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਜਗਸੀਰ ਸਿੰਘ, ਸੇਵਕ ਸਿੰਘ, ਬਸੰਤ ਸਿੰਘ, ਗਗਨ ਗਿੱਲ, ਜਗਦੀਪ ਗਿੱਲ, ਰਵੀ ਗੋਇਲ ਐੱਸਡੀਓ, ਐਕਸੀਅਨ ਜਸਵਿੰਦਰ ਸਿੰਘ, ਠੇਕੇਦਾਰ ਸਾਗਰ ਛਾਬੜਾ ਆਦਿ ਹਾਜ਼ਰ ਸਨ।

# ਪੰਜਾਬੀ ਨਾ ਸਾਂਭੀ ਤਾਂ ਆਉਣ ਵਾਲੀਆਂ ਪੀੜ੍ਹੀਆਂ ਪੰਜਾਬੀ ਬੋਲੀ ਤੋਂ ਅਣਜਾਣ ਹੋ ਜਾਣਗੀਆਂ : ਸੁੱਖੀ ਬਾਠ



**ਸੰਗਰੂਰ (ਪ੍ਰਵੀਨ ਸਿੰਘ)**

ਜੇਕਰ ਬਚਪਨ ਵਿੱਚ ਹੀ ਸਾਹਿਤ ਪੜ੍ਹਨ ਦੀ ਚੇਟਕ ਲੱਗ ਜਾਵੇ ਤਾਂ ਇੱਕ ਵਿਦਿਆਰਥੀ ਬਹੁਤ ਵਧੀਆ ਮਨੁੱਖ ਸਾਬਤ ਹੁੰਦਾ ਹੈ, ਇਸੇ ਮਕਸਦ ਨਾਲ ਉਨ੍ਹਾਂ ਵੱਲੋਂ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਜਾ ਕੇ ਵਿਦਿਆਰਥੀਆਂ ਵਿੱਚ ਸਾਹਿਤ ਪੜ੍ਹਨ ਅਤੇ ਸਾਹਿਤ ਸਿਰਜਣ ਦੀ ਚੇਟਕ ਲਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਪੰਜਾਬੀ ਭਵਨ ਕੈਨੇਡਾ ਦੀ ਸਮੁੱਚੀ ਟੀਮ ਵੱਲੋਂ ਜ਼ਿਲ੍ਹੇ ਦੇ ਬਾਲ ਲੇਖਕਾਂ ਦੀਆਂ ਕਹਾਣੀਆਂ, ਕਵਿਤਾਵਾਂ ਤੇ ਗ਼ਜ਼ਲਾਂ ਦੀ ਪੁਸਤਕ 'ਨਵੀਆਂ ਕਲਮਾਂ ਨਵੀਂ ਉਡਾਣ' ਲੋਕ ਅਰਪਣ ਕਰਨ ਤੋਂ ਬਾਅਦ ਪੰਜਾਬ ਭਵਨ, ਸਰੀ ਕੈਨੇਡਾ ਦੇ ਸੰਸਥਾਪਕ ਸੁੱਖੀ ਬਾਠ ਨੇ ਕਿਹਾ ਕਿ ਸਾਹਿਤ ਸਾਨੂੰ ਸਾਡੀ ਭਾਸ਼ਾ ਨਾਲ ਵੀ ਜੋੜਦਾ ਹੈ, ਜਿਹੜਾ ਵੀ ਮਨੁੱਖ ਆਪਣੀ ਭਾਸ਼ਾ ਨਾਲ ਦਿਲੋਂ ਜੁੜ ਗਿਆ, ਸਮਝ ਲਵੇ ਉਹ ਸਫ਼ਲ ਹੋ ਗਿਆ। ਇੱਕ ਸਵਾਲ ਦੇ ਜਵਾਬ ਵਿੱਚ ਸੁੱਖੀ ਬਾਠ ਨੇ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਜਿਉਂਦਾ ਜਾਗਦਾ ਰੱਖਣ ਲਈ ਸਭ ਤੋਂ ਜ਼ਰੂਰੀ ਬੱਚੇ ਦੇ ਮਾਤਾ-ਪਿਤਾ ਨੂੰ ਉਸ ਨਾਲ ਉਸਦੀ ਮਾਂ ਬੋਲੀ ਵਿੱਚ ਗੱਲ ਕਰਨੀ ਜ਼ਰੂਰੀ ਹੋਵੇਗੀ। ਉਸ ਤੋਂ ਬਾਅਦ ਦਾ ਰੋਲ ਅਧਿਆਪਕਾਂ ਦਾ ਹੈ। ਪਿੰਡਾਂ, ਕਸਬਿਆਂ, ਸ਼ਹਿਰਾਂ ਵਿੱਚ ਲੋਕਾਂ ਨੂੰ ਪੰਜਾਬੀ ਬੋਲੀ ਪ੍ਰਤਿ ਕਰਨ ਦੀ ਜ਼ਰੂਰਤ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਉਹ ਪਟਿਆਲਾ, ਬਰਨਾਲਾ, ਬਠਿੰਡਾ ਆਦਿ ਜ਼ਿਲ੍ਹਿਆਂ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਵੱਲੋਂ ਲਿਖੀਆਂ ਰਚਨਾਵਾਂ ਨੂੰ ਪੁਸਤਕ ਰੂਪ ਵਿੱਚ ਲੋਕਾਂ ਦੇ ਸਨਮੁੱਖ ਕਰ ਚੁੱਕੇ ਹਨ। ਇਸ ਤੋਂ ਬਾਅਦ ਅੰਮ੍ਰਿਤਸਰ, ਮੋਗਾ ਤੇ ਮਲੇਰਕੋਟਲਾ ਜ਼ਿਲ੍ਹਿਆਂ ਦੇ ਵਿਦਿਆਰਥੀਆਂ ਦੀਆਂ ਲਿਖਤਾਂ ਦੀਆਂ ਕਿਤਾਬਾਂ ਤਿਆਰ ਹਨ, ਜੋ ਆਉਂਦੇ ਸਮੇਂ ਵਿੱਚ ਰਿਲੀਜ਼ ਕੀਤੀਆ ਜਾਣਗੀਆਂ। ਇਸ ਮੌਕੇ ਪ੍ਰੋਜੈਕਟ ਡਾਇਰੈਕਟਰ ਉਕਾਰ ਸਿੰਘ ਤੇਜੇ ਤੇ ਮੀਡੀਆ ਇੰਚਾਰਜ ਗੁਰਵਿੰਦਰ ਸਿੰਘ ਕਾਂਗੜ ਪੁਸਤਕ ਦੇ ਸੰਪਾਦਕ ਅਵਤਾਰ ਚੋਟੀਆਂ ਤੇ ਸਹਿ ਸੰਪਾਦਕ ਬਲਜੀਤ ਸ਼ਰਮਾ ਤੇ ਸੂਬਾਈ ਪੈਨਸਨਰਜ ਆਗੂ ਰਾਜ ਕੁਮਾਰ ਅਰੋੜਾ ਵੀ ਮੌਜੂਦ ਸਨ।

# ਪਹਿਲੀਆਂ ਤਿੰਨ ਪੁਜੀਸ਼ਨਾਂ ਵਾਲੀਆਂ ਲੜਕੀਆਂ ਨੂੰ ਕੀਤਾ ਜਾਵੇਗਾ ਸਨਮਾਨਤ



**ਧੂਰੀ (ਸੁਖਵੰਤ ਧੂਰੀ)**-ਸੋਸ਼ਲ ਵੈਲਫੇਅਰ ਯੂਨਿਟ ਦੀ ਰੋਟਿਲ ਰੈਸਟੋਰੈਂਟ ਵਿਖੇ ਹੋਈ ਡਿਨਰ ਮੀਟਿੰਗ ਵਿੱਚ ਸਤੀਸ਼ ਗਰਗ ਸੇਵਾਮੁਕਤ ਕਾਰਜ ਸਾਧਕ ਅਫ਼ਸਰ ਪ੍ਰਧਾਨ ਯੂਨਿਟ ਤੇ ਚੇਅਰਮੈਨ ਸਤੀਸ਼ ਚੰਦਰ ਅਰੋੜਾ ਸੇਵਾ ਮੁਕਤ ਸੀਨੀਅਰ ਲੈਕਚਰਰ ਨੇ ਹਾਜ਼ਰ ਮੈਂਬਰਾਂ ਵੱਲੋਂ ਪੇਸ਼ ਕੀਤੇ ਸੁਝਾਅ ਨੂੰ ਪ੍ਰਵਾਨ ਕਰਦਿਆਂ ਦੱਸਿਆ ਕਿ ਇਸ ਸਾਲ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਦਸਵੀਂ ਤੇ ਬਾਰ੍ਹਵੀਂ ਜਮਾਤ ਵਿੱਚ ਪਹਿਲੀਆਂ ਤਿੰਨ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੀਆਂ ਲੜਕੀਆਂ ਨੂੰ ਸਨਮਾਨਤ ਕੀਤਾ ਜਾਵੇਗਾ।ਇਸ ਮੌਕੇ ਹੋਰ ਸਮਾਜਿਕ ਭਲਾਈ ਦੇ ਕੰਮਾਂ ਦੀ ਚਰਚਾ ਕਰਦਿਆਂ ਡਾਕਟਰ ਰਾਕੇਸ਼ ਕੁਮਾਰ ਸਿੰਗਲਾ ਤੇ ਮਨਜੀਤ ਸਿੰਘ ਬਖਸ਼ੀ ਨੇ ਦੱਸਿਆ ਕਿ 28 ਫਰਵਰੀ ਨੂੰ ਮੁਫ਼ਤ ਦੰਦਾਂ ਦਾ ਚੈੱਕ ਅਪ ਕੈਂਪ ਤੇ ਤਿੰਨ ਮਾਰਚ ਨੂੰ ਸਤੀਸ਼ ਕੁਮਾਰ ਗਰਗ ਪ੍ਰਧਾਨ ਦੇ ਦਫ਼ਤਰ ਸੈਂਟਰਲ ਪੂਲ 'ਤੇ ਪੋਲੀਓ ਕੈਂਪ ਦਾ ਆਯੋਜਨ ਕੀਤਾ ਜਾਵੇਗਾ।ਮੀਟਿੰਗ ਵਿੱਚ ਰਾਜ ਕੁਮਾਰ ਸਿੰਗਲਾ, ਵਿਜੇ ਸੋਫ਼ਤ ਤੇ ਕਰਮ ਸਿੰਘ ਸੋਢੀ ਨੇ ਵੀ ਸਮਾਜ ਭਲਾਈ ਦੇ ਕੰਮਾਂ ਵਾਰੇ ਵਿਚਾਰ ਪ੍ਰਗਟ ਕੀਤੇ।ਮੀਟਿੰਗ ਵਿੱਚ ਸਮੇਂ ਦੇ ਪਾਬੰਦ ਦਾ ਡਰਾਅ ਵੀ ਕੱਢਿਆ ਗਿਆ, ਜਿਸ ਵਿੱਚ ਕਰਮ ਸਿੰਘ ਸੋਢੀ ਤੇ ਕ੍ਰਿਸ਼ਨ ਕੁਮਾਰ ਨੇ ਇਹ ਇਨਾਮ ਪ੍ਰਾਪਤ ਕੀਤਾ।ਮਲਕੀਤ ਸਿੰਘ ਚਾਂਗਲੀ ਸਾਬਕਾ ਚੇਅਰਮੈਨ ਤੇ ਸਮਾਜ ਸੇਵੀ ਵੱਲੋਂ ਵੀ ਯੂਨਿਟ ਵੱਲੋਂ ਕੀਤੇ ਜਾਣ ਵਾਲੇ ਸਮਾਜ ਭਲਾਈ ਦੇ ਕੰਮਾਂ ਵਿੱਚ ਵਧ-ਚੜ੍ਹ ਕੇ ਆਪਣੇ ਵੱਲੋਂ ਯੋਗਦਾਨ ਪਾਉਣ ਦਾ ਭਰੋਸਾ ਦਿੱਤਾ ਗਿਆ।ਸੀਨੀਅਰ ਮੈਂਬਰ ਵਿਸ਼ਾਲ ਜੈਨ ਨੇ ਸਭਨਾਂ ਦਾ ਧੰਨਵਾਦ ਕੀਤਾ।

# ਨਿਰੰਕਾਰੀ ਸਤਿਸੰਗ ਭਵਨ ਤੇ ਗੰਦੇ ਨਾਲੇ ਦੀ ਕੀਤੀ ਸਫ਼ਾਈ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸੰਤ ਨਿਰੰਕਾਰੀ ਮੰਡਲ ਸਮਾਣਾ ਬ੍ਰਾਂਚ ਦੇ ਸੰਯੋਜਕ ਸੁਰਿੰਦਰ ਸਿੰਘ ਐਡਵੋਕੇਟ ਨੇ ਦੱਸਿਆ ਕਿ ਪ੍ਰੋਜੈਕਟ ਅੰਮ੍ਰਿਤ ਦੇ ਤਹਿਤ 'ਸਵੱਛ ਜਲ, ਸਵੱਛ ਮਨ' ਪ੍ਰੋਜੈਕਟ ਦਾ ਦੂਜਾ ਪੜਾਅ ਸਵੇਰੇ 08:00 ਵਜੇ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਨਿਰੰਕਾਰੀ ਰਾਜ ਪਿਤਾ ਰਮਿਤ ਜੀ ਦੀ ਪਾਵਨ ਹਜ਼ੂਰੀ ਵਿੱਚ ਯਮੁਨਾ ਛਠ ਘਾਟ, ਆਈ.ਟੀ.ਓ. 'ਤੇ ਸ਼ੁਰੂ ਹੋਇਆ। ਇਸ ਕੜੀ ਤਹਿਤ ਸੰਤ ਨਿਰੰਕਾਰੀ ਮਿਸ਼ਨ ਬ੍ਰਾਂਚ ਸਮਾਣਾ ਤੇ ਸੇਵਾਦਲ ਅਤੇ ਸੰਗਤਾਂ ਨੇ ਸਮਾਣਾ ਵਿਖੇ ਨਵੇਂ ਬਣੇ ਸੰਤ ਨਿਰੰਕਾਰੀ ਸਤਿਸੰਗ ਭਵਨ ਤੇ ਭਵਨ ਦੇ ਸਾਹਮਣੇ ਵਾਲੇ ਗੰਦੇ ਨਾਲੇ ਦੀ ਸਫ਼ਾਈ ਕੀਤੀ ਗਈ। ਐਡਵੋਕੇਟ ਸੁਰਿੰਦਰ ਸਿੰਘ ਨੇ ਦੱਸਿਆ ਕਿ ਇਹ ਪ੍ਰੋਜੈਕਟ ਭਾਰਤ ਭਰ ਦੇ 27 ਰਾਜਾਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ 1500 ਤੋਂ ਵੱਧ ਸਥਾਨਾਂ ਦੇ 900 ਸ਼ਹਿਰਾਂ ਵਿੱਚ ਇੱਕੋ ਸਮੇਂ ਆਯੋਜਤ ਹੋਇਆ। ਉਨ੍ਹਾਂ ਕਿਹਾ ਕਿ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦਾ ਇਸ ਮੁਹਿੰਮ ਨੂੰ ਚਲਾਉਣ ਦਾ ਮੁੱਖ ਉਦੇਸ਼ ਲੋਕਾਂ ਨੂੰ ਜਲ ਸਰੋਤਾਂ ਦੀ ਸੰਭਾਲ ਦੇ ਵਿਕਲਪਾਂ ਬਾਰੇ ਜਾਗਰੂਕ ਕਰਨਾ ਹੈ ਤਾਂ ਜੁ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਿਹਤਮੰਦ ਭਵਿੱਖ ਦਿੱਤਾ ਜਾ ਸਕੇ। ਇਸ ਪ੍ਰੋਜੈਕਟ ਤਹਿਤ ਭਾਰਤ ਭਰ ਵਿੱਚ ਵੱਖ-ਵੱਖ ਥਾਂਵਾਂ 'ਤੇ ਜਲ ਸਰੋਤਾਂ ਜਿਵੇਂ ਬੀਚਾਂ, ਨਦੀਆਂ, ਝੀਲਾਂ, ਤਾਲਾਬਾਂ, ਖੂਹਾਂ, ਚਸ਼ਮੇ ਆਦਿ ਦੀ ਸਫ਼ਾਈ 'ਤੇ ਧਿਆਨ ਦਿੱਤਾ ਗਿਆ ਅਤੇ ਉਨ੍ਹਾਂ ਥਾਂਵਾਂ ਦੀ ਵੀ ਸਫ਼ਾਈ ਕੀਤੀ ਗਈ। ਵਾਤਾਵਰਣ ਦੀ ਸੰਭਾਲ ਲਈ ਚਲਾਏ ਗਏ ਇਸ ਪ੍ਰੋਜੈਕਟ ਦੀ ਸਮਾਜ ਦੇ ਹਰ ਵਰਗ ਵੱਲੋਂ ਸ਼ਲਾਘਾ ਤੇ ਪ੍ਰਸੰਸਾ ਕੀਤੀ ਗਈ ਅਤੇ ਇਹ ਪ੍ਰੋਗਰਾਮ ਪੂਰੀ ਤਰ੍ਹਾਂ ਸਫ਼ਲ ਰਿਹਾ।

# ਜੈਤੋ ਮੋਰਚੇ ਦੇ ਸ਼ਹੀਦਾਂ ਦੇ ਪਰਵਾਰਾਂ ਨੂੰ ਵਿਧਾਨ ਸਭਾ 'ਚ ਕੀਤਾ ਜਾਵੇਗਾ ਸਨਮਾਨਤ : ਸੰਧਵਾਂ

■ ਨਾਭਾ ਵਿਖੇ 'ਜੈਤੋ ਦਾ ਮੋਰਚਾ' ਦੀ ਸ਼ਤਾਬਦੀ ਸੰਬੰਧੀ ਅੰਤਰਾਸ਼ਟਰੀ ਸੈਮੀਨਾਰ ਤੇ ਸਨਮਾਨ ਸਮਰੋਹ ■ ਪ੍ਰਧਾਨ ਮੰਤਰੀ ਮੋਦੀ ਜੈਤੋ ਦੇ ਮੋਰਚੇ ਦੀ ਮਹਾਨਤਾ ਜਾਣ ਕੇ ਕਿਸਾਨਾਂ 'ਤੇ ਜ਼ੁਲਮ ਬੰਦ ਕਰਨ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਜੈਤੋ ਦਾ ਮੋਰਚਾ ਜਬਰ ਦਾ ਸਬਰ ਨਾਲ ਮੁਕਾਬਲੇ ਦੀ ਇੱਕ ਲਾਮਿਸਾਲ ਉਦਾਹਰਨ ਹੈ ਤੇ ਇਸ ਮੋਰਚੇ ਦੇ ਸ਼ਹੀਦਾਂ ਦੇ ਪਰਿਵਾਰਾਂ ਦਾ ਸਨਮਾਨ ਪੰਜਾਬ ਵਿਧਾਨ ਸਭਾ ਵਿਖੇ ਕੀਤਾ ਜਾਵੇਗਾ। ਸਪੀਕਰ ਸੰਧਵਾਂ ਨਾਭਾ ਵਿਖੇ ਮਹਾਰਾਜਾ ਰਿਪੁਦਮਨ ਸਿੰਘ ਦੇ ਵੰਸ਼ਜ ਰਾਣੀ ਪ੍ਰੀਤੀ ਸਿੰਘ ਨਾਭਾ ਤੇ ਕੰਵਰ ਅਭੈ ਉਦੈ ਪ੍ਰਤਾਪ ਸਿੰਘ ਦੀ ਸਰਪ੍ਰਸਤੀ ਹੇਠ ਸ਼ਾਹੀ ਪਰਿਵਾਰ ਨਾਭਾ, ਦੀਵਾਨ ਟੋਡਰ ਮੱਲ ਵਿਰਾਸਤੀ ਫਾਊਂਡੇਸ਼ਨ ਪੰਜਾਬ ਤੇ ਜੀ.ਐੱਨ.ਆਈ. ਕੈਨੇਡਾ ਵੱਲੋਂ 'ਜੈਤੋ ਦੇ ਮੋਰਚੇ' ਦੇ ਸ਼ਹੀਦ ਪਰਿਵਾਰਾਂ ਦੇ ਸਨਮਾਨ ਲਈ ਕਰਵਾਏ ਸਮਾਰੋਹ ਮੌਕੇ ਸ਼ਿਰਕਤ ਕਰਨ ਪੁੱਜੇ ਹੋਏ ਸਨ। ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇਹ ਜਾਣ ਲੈਣ ਕਿ ਪੰਜਾਬ ਦੇ ਸਿੱਖਾਂ ਨੇ ਜੈਤੋ ਦੇ ਮੋਰਚੇ ਵਰਗੇ ਅਨੇਕਾਂ ਮੋਰਚੇ ਲਗਾ ਕੇ ਸ਼ਹੀਦੀਆਂ ਪ੍ਰਾਪਤ ਕੀਤੀਆਂ, ਪ੍ਰੰਤੂ ਆਪਣੇ ਹੱਕ ਲਏ ਬਗੈਰ ਕਦੇ ਪਿੱਛੇ ਨਹੀਂ ਹਟੇ, ਇਸ ਲਈ ਕੇਂਦਰ ਸਰਕਾਰ ਅੜੀ ਦਾ ਤਿਆਗ ਕਰਕੇ ਅੰਦਲੋਨ ਕਰ ਰਹੇ ਕਿਸਾਨਾਂ ਦੇ ਮਸਲੇ ਤੁਰੰਤ ਹੱਲ ਕਰੇ। ਉਨ੍ਹਾ ਅਫ਼ਸੋਸ ਜਤਾਇਆ ਕਿ ਭਾਜਪਾ ਸਰਕਾਰ ਸਾਡੇ ਉਨ੍ਹਾਂ ਕਿਸਾਨਾਂ ਉੱਤੇ ਜ਼ੁਲਮ ਕਰ ਰਹੀ ਹੈ, ਜਿਹੜੇ ਦੇਸ਼ ਨੂੰ ਕਲੋਨੀਇਜ਼ਮ ਤੋਂ ਆਜ਼ਾਦ ਕਰਵਾ ਕੇ ਦੇਸ਼ ਦੇ ਕਿਸਾਨਾਂ ਨੂੰ ਆਰਥਿਕ ਆਜ਼ਾਦੀ ਦਿਵਾਉਣ ਵਾਲੇ ਸੰਘਰਸ਼ ਦੀ ਅਗਵਾਈ ਕਰ ਰਹੇ ਹਨ। ਸਪੀਕਰ ਸੰਧਵਾਂ ਨੇ ਕਿਹਾ ਕਿ ਜੈਤੋ ਦਾ ਮੋਰਚਾ ਮਹਾਰਾਜਾ ਰਿਪੁਦਮਨ ਸਿੰਘ ਨਾਭਾ ਦੀ ਪੰਥ ਪ੍ਰਸਤੀ ਵਿੱਚੋਂ ਪੈਦਾ ਹੋਇਆ ਸੀ, ਇਸ ਮੋਰਚੇ 'ਚ ਸੈਂਕੜੇ ਸ਼ਹੀਦੀਆਂ ਤੇ ਸਿੱਖਾਂ ਨੇ ਅਨੇਕਾਂ ਤਸੀਹੇ, ਸਬਰ ਤੇ ਸਿਦਕ ਨਾਲ ਝੱਲੇ ਤੇ ਅੰਤ 'ਚ ਜਿੱਤ ਪ੍ਰਾਪਤ ਕੀਤੀ, ਜਿਸ ਕਰਕੇ ਮਹਾਤਮਾ ਗਾਂਧੀ ਨੂੰ ਵੀ ਇਹ ਕਹਿਣਾ ਪਿਆ ਕਿ ਸਿੱਖਾਂ ਨੇ ਆਜ਼ਾਦੀ ਦੀ ਪਹਿਲੀ ਲੜਾਈ ਜਿੱਤ ਲਈ ਹੈ। ਇਸ ਮੌਕੇ ਪੁੱਜੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਮਹਾਰਾਜਾ ਰਿਪੁਦਮਨ ਸਿੰਘ ਦੀ ਲਾਸਾਨੀ ਕੁਰਬਾਨੀ ਨੂੰ ਯਾਦ ਕਰਦਿਆਂ ਜੈਤੋ ਦੇ ਮੋਰਚੇ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਤੇ ਦੱਸਿਆ ਕਿ ਇਸ ਦੌਰਾਨ 250 ਸ਼ਹਾਦਤਾਂ ਹੋਈਆਂ, ਪ੍ਰੰਤੂ ਸੰਗਤ ਨੇ ਜਜ਼ਬੇ, ਦ੍ਰਿੜ੍ਹਤਾ, ਸਬਰ, ਨਿਸ਼ਠਾ ਤੇ ਸਬਰ ਨਾਲ ਜਬਰ ਦਾ ਮੁਕਾਬਲਾ ਕੀਤਾ। ਉਨ੍ਹਾ ਸੱਦਾ ਦਿੱਤਾ ਕਿ ਸਾਨੂੰ ਵੀ ਆਪਣੇ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲਣਾ ਚਾਹੀਦਾ ਹੈ। ਰਾਣੀ ਪ੍ਰੀਤੀ ਸਿੰਘ ਨਾਭਾ ਤੇ ਕੰਵਰ ਅਭੈ ਉਦੈ ਪ੍ਰਤਾਪ ਸਿੰਘ ਧੰਨਵਾਦ ਤੇ ਜੈਤੋ ਦੇ ਮੋਰਚੇ ਦੇ ਸ਼ਹੀਦਾਂ ਤੇ ਸਮੁੱਚੇ ਹਿੱਸਾ ਲੈਣ ਵਾਲਿਆਂ ਨੂੰ ਨਮਨ ਕਰਦਿਆਂ ਕਿਹਾ ਕਿ ਉਹ ਸਿੱਖ ਪੰਥ ਦੇ ਸਦਾ ਰਿਣੀ ਰਹਿਣਗੇ, ਜਿਸ ਨੇ ਉਨ੍ਹਾਂ ਦੇ ਪੁਰਖੇ ਮਹਾਰਾਜਾ ਰਿਪੁਦਮਨ ਸਿੰਘ ਨਾਭਾ ਨੂੰ ਅੰਗਰੇਜ਼ ਹਕੂਮਤ ਵੱਲੋਂ ਦਿੱਤੇ ਤਸੀਹਿਆਂ ਦੇ ਵਿਰੋਧ ਵਿੱਚ ਖ਼ੁਦ ਗੋਲੀਆਂ ਖਾਧੀਆਂ ਤੇ ਸ਼ਹਾਦਤਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਇਸ ਗੱਲ ਦਾ ਮਾਣ ਹੈ ਕਿ ਸਿੱਖ ਕੌਮ ਉਨ੍ਹਾਂ ਦੇ ਪੂਰਵਜਾਂ ਨੂੰ ਧਰਮੀ ਤੇ ਸ਼ਹੀਦ ਦਾ ਦਰਜਾ ਦਿੰਦੀ ਹੈ। ਸਮਾਰੋਹ ਮੌਕੇ ਜੈਤੋ ਦੇ ਮੋਰਚੇ ਦੀ ਸ਼ਤਾਬਦੀ ਨੂੰ ਮਨਾਉਂਦਿਆਂ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਨਮਾਨਤ ਕੀਤਾ ਗਿਆ, ਜਦੋਂਕਿ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਦੀਵਾਨ ਟੋਡਰ ਮੱਲ ਜਹਾਜ਼ੀ ਹਵੇਲੀ ਦੀ ਸਾਂਭ ਸੰਭਾਲ ਕਰਵਾਉਣ ਲਈ ਯਤਨਾਂ ਬਦਲੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਇਸ ਦੌਰਾਨ ਜ਼ਿਲ੍ਹਾ ਯੋਜਨਾ ਕਮੇਟੀ ਚੇਅਰਮੈਨ ਜੱਸੀ ਸੋਹੀਆਂ ਵਾਲਾ, ਗਿਆਨ ਸਿੰਘ ਸੰਧੂ ਕੈਨੇਡਾ, ਸਤਨਾਮ ਸਿੰਘ ਸੰਧੂ ਅਮਰੀਕਾ, ਬਹਾਦਰ ਸਿੰਘ ਅਮਰੀਕਾ, ਨਿਰਮਲ ਸਿੰਘ ਚੰਦੀ ਅਮਰੀਕਾ, ਮਹਿੰਦਰ ਸਿੰਘ ਮਹਿਸਮਪੁਰ ਕੈਨੇਡਾ, ਇੰਦਰਜੀਤ ਸਿੰਘ ਬੱਲ ਕੈਨੇਡਾ, ਹਰਮੇਸ਼ ਸਿੰਘ ਅਮਰੀਕਾ, ਹਰਬੰਸ ਸਿੰਘ ਜੰਡਾਲੀ ਕੈਨੇਡਾ, ਹਰਬੰਸ ਸਿੰਘ ਤੱਖਰ ਅਮਰੀਕਾ, ਪ੍ਰਧਾਨ ਲਖਵਿੰਦਰ ਸਿੰਘ ਕਾਹਨੇਕੇ, ਗਿਆਨੀ ਜਸਵਿੰਦਰ ਸਿੰਘ ਬਡਰੁੱਖਾਂ ਸਮੇਤ ਪੰਜਾਬ ਦੇ ਵੱਖ-ਵੱਖ ਹਿੱਸਿਆਂ 'ਚੋਂ ਪਤਵੰਤੇ ਪੁੱਜੇ ਹੋਏ ਸਨ।

# ਨਬਾਲਿਗਾ ਨਾਲ ਬਲਾਤਕਾਰ ਦੇ ਦੋਸ਼ 'ਚ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਦੇ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਗੁਰੂ ਹਰਸਹਾਏ ਥਾਣਾ ਖੇਤਰ ਵਿੱਚ 17 ਸਾਲਾ ਲੜਕੀ ਨਾਲ ਜਬਰ ਜ਼ਨਾਹ ਦੀ ਘਟਨਾ ਸਾਹਮਣੇ ਆਈ ਹੈ।ਪੀੜਤਾ ਆਪਣੇ ਪਿਤਾ ਨੂੰ ਰੋਟੀ ਦੇਣ ਇੱਟਾਂ ਦੇ ਭੱਠੇ 'ਤੇ ਜਾ ਰਹੀ ਸੀ।ਇਸ ਦੌਰਾਨ ਦੋਸ਼ੀ ਉਸ ਨੂੰ ਬਾਈਕ 'ਤੇ ਕਿਸੇ ਅਣਪਛਾਤੀ ਜਗ੍ਹਾ 'ਤੇ ਲੈ ਗਿਆ ਤੇ ਉਸ ਨਾਲ ਜਬਰ-ਜ਼ਨਾਹ ਕੀਤਾ।ਪੁਲਸ ਨੂੰ ਦਿੱਤੇ ਬਿਆਨਾਂ 'ਚ ਪੀੜਤਾ ਨੇ ਦੱਸਿਆ ਕਿ ਉਸ ਦਾ ਪਿਤਾ ਇੱਟਾਂ ਦੇ ਭੱਠੇ 'ਤੇ ਕੰਮ ਕਰਦਾ ਹੈ, ਹਰ ਰੋਜ਼ ਦੀ ਤਰ੍ਹਾਂ 24 ਫਰਵਰੀ ਦੀ ਦੁਪਹਿਰ ਨੂੰ ਉਹ ਆਪਣੇ ਪਿਤਾ ਨੂੰ ਰੋਟੀ ਦੇਣ ਲਈ ਪੈਦਲ ਹੀ ਜਾ ਰਹੀ ਸੀ ਤਾਂ ਮੁਲਜ਼ਮ ਗੁਰਪ੍ਰੀਤ ਸਿੰਘ ਉਰਫ ਗੋਰਾ ਪੁੱਤਰ ਮਨਦੀਪ ਸਿੰਘ ਵਾਸੀ ਹਾਜੀ ਬੱਟੂ ਗੁਰੂ ਹਰਸਹਾਏ ਮੋਟਰਸਾਈਕਲ ਸਮੇਤ ਪਿੱਛੇ ਤੋਂ ਆਇਆ, ਨੇ ਕਿਹਾ ਕਿ ਉਹ ਭੱਠੇ 'ਤੇ ਹੀ ਜਾ ਰਿਹਾ ਹਾਂ, ਮੈਂ ਤੁਹਾਨੂੰ ਵੀ ਉੱਥੇ ਛੱਡ ਦਿਆਂਗਾ, ਪਰ ਮੁਲਜ਼ਮ ਉਸ ਨੂੰ ਬਾਈਕ 'ਤੇ ਬਿਠਾ ਕੇ ਕਿਸੇ ਹੋਰ ਰਸਤੇ ਤੋਂ ਅਣਪਛਾਤੀ ਜਗ੍ਹਾ 'ਤੇ ਲੈ ਗਏ, ਜਿੱਥੇ ਮੁਲਜ਼ਮ ਨੇ ਉਸ ਨਾਲ ਜਬਰ ਜ਼ਨਾਹ ਕੀਤਾ।ਥਾਣਾ ਗੁਰੂ ਹਰਸਹਾਏ ਦੀ ਐੱਸ ਆਈ ਗੁਰਦੀਪ ਕੌਰ ਨੇ ਦੱਸਿਆ ਕਿ ਨਾਬਾਲਗ ਦੇ ਬਿਆਨਾਂ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਮੁਲਜ਼ਮ ਖ਼ਿਲਾਫ਼ ਧਾਰਾ 376 ਤੇ ਪੋਕਸੋ ਐਕਟ ਤਹਿਤ ਕੇਸ ਦਰਜ ਕਰ ਲਿਆ ਹੈ।

# ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਅਖੰਡ ਪਾਠ ਦੇ ਭੋਗ ਪਾਏ



**ਦੋਰਾਹਾ (ਹਰਮਿੰਦਰ ਸੇਠ)**-ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਦਿਹਾੜੇ ਮੌਕੇ ਪਿੰਡ ਸ਼ਾਹਪੁਰ ਵਿਖੇ ਅਖੰਡ ਪਾਠ ਦੇ ਭੋਗ ਪਾਏ ਗਏ। ਇਸ ਉਪਰੰਤ ਭਾਈ ਜਗਮਿੰਦਰ ਸਿੰਘ ਜੰਡਾਲੀ ਦੇ ਕੀਰਤਨ ਜਥੇ ਵੱਲੋਂ ਅਨੰਦਮਈ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਗੁਰੂ ਸਾਹਿਬ ਦੀ ਮਹਿਮਾ ਦਾ ਗੁਣਗਾਨ ਕਰਦਿਆਂ ਉਨ੍ਹਾਂ ਨੇ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਵੀ ਸੰਗਤਾਂ ਦੇ ਅੱਗੇ ਰੱਖਿਆ ਕਿ ਕਿਸ ਤਰ੍ਹਾਂ ਗੁਰੂ ਸਾਹਿਬ ਨੇ 14ਵੀ ਸਦੀ 'ਚ ਜਦੋਂ ਜਾਤ-ਪਾਤ ਦਾ ਬਹੁਤ ਜ਼ਿਆਦਾ ਬੋਲਬਾਲਾ ਸੀ, ਮਨੂੰਵਾਦੀ ਸਮਾਜਿਕ ਵਿਵਸਥਾ ਨੇ ਸੂਦਰ ਕਹੇ ਜਾਣ ਵਾਲੇ ਲੋਕਾਂ ਨੂੰ ਦੇ ਸਾਰੇ ਅਧਿਕਾਰ ਖ਼ਤਮ ਕੀਤੇ ਹੋਏ ਸਨ। ਉਨ੍ਹਾਂ ਨੂੰ ਪੜ੍ਹਨ ਲਿਖਣ ਦਾ ਅਧਿਕਾਰ ਨਹੀਂ ਸੀ ਤੇ ਨਾ ਧਾਰਮਿਕ ਬਾਣੀ ਸੁਣਨ ਦਾ ਹੁਕਮ ਸੀ, ਉਨ੍ਹਾਂ ਨੂੰ ਸਿਰਫ ਉੱਚ ਜਾਤਾਂ ਦੇ ਲੋਕਾਂ ਦੀ ਸੇਵਾ ਲਈ ਇੱਕ ਗੁਲਾਮ ਜਾਤ ਮੰਨਿਆ ਜਾਂਦਾ ਸੀ। ਉਸ ਸਮੇਂ ਭਗਤੀ ਲਹਿਰ ਦੇ ਮੋਢੀ ਗੁਰੂਆਂ ਵਿੱਚੋਂ ਗੁਰੂ ਰਵਿਦਾਸ ਜੀ ਨੇ ਇਸ ਸ਼ੋਸ਼ਣ ਦਾ ਵਿਰੋਧ ਕਰਦਿਆਂ ਆਪਣੀ ਬਾਣੀ ਰਾਹੀਂ ਇਸ ਧਾਰਮਿਕ ਪਖੰਡਵਾਦ ਉੱਪਰ ਤਕੜੀ ਚੋਟ ਕੀਤੀ। ਉਨ੍ਹਾਂ ਆਪਣੀ ਬਾਣੀ ਵਿੱਚ ਦੱਸਿਆ ਕਿ ਪ੍ਰਮਾਤਮਾ ਕਿਸੇ ਮੰਦਰ 'ਚ ਪਈ ਪੱਥਰ ਦੀ ਮੂਰਤ 'ਚ ਨਹੀਂ ਸਗੋਂ, ਇੰਨਸਾਨ ਦੇ ਅੰਦਰ, ਬਾਹਰ ਹਰ ਜਗ੍ਹਾ ਮੌਜੂਦ ਹੈ। ਉਨ੍ਹਾਂ ਨੇ ਪ੍ਰਮਾਤਮਾ ਦੇ ਨਿਰਗੁਣ ਤੇ ਸਰਗੁਣ ਰੂਪ ਨੂੰ ਆਪਣੀ ਬਾਣੀ ਰਾਹੀਂ ਬਿਆਨ ਕੀਤਾ ਕਿ ਪ੍ਰਮਾਤਮਾ ਸਰਬ ਸ਼ਕਤੀਮਾਨ ਤੇ ਸਰਬ ਵਿਆਪਕ ਹੈ, ਕਿਸੇ ਪੁਜਾਰੀ ਸ਼੍ਰੇਣੀ ਦੀ ਨਿੱਜੀ ਜਗੀਰ ਨਹੀਂ ਹੈ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਕੇਸਰ ਸਿੰਘ, ਜਨਰਲ ਸੈਕਟਰੀ ਰਾਜ ਸਿੰਘ, ਮਹਿੰਦਰ ਸਿੰਘ, ਅਮਰਜੀਤ ਸਿੰਘ, ਗੁਰਮੇਲ ਸਿੰਘ, ਮੁਖਿਆਰ ਸਿੰਘ, ਜਗਰੂਪ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਗੁਰੂ ਦਾ ਅਟੁੱਟ ਲੰਗਰ ਵਰਤਾਇਆ ਗਿਆ, ਜਿਸ ਵਿੱਚ ਬੀਬੀਆਂ ਨੇ ਵੱਧ-ਚੜ੍ਹ ਕੇ ਸੇਵਾ ਕੀਤੀ।

# ਐੱਨ ਆਰ ਆਈ ਸਪੋਰਟਸ ਕਲੱਬ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਸ਼ਲਾਘਾਯੋਗ ਕਾਰਜ : ਅਤੁੱਲ ਲੁਟਾਵਾ



**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਸਵ. ਸ੍ਰੀ ਫੂਲ ਚੰਦ ਬਾਂਸਲ ਦੀ ਯਾਦ ਵਿੱਚ ਐੱਨ ਆਰ ਆਈ ਸਪੋਰਟਸ ਕਲੱਬ ਅਮਲੋਹ ਵੱਲੋਂ ਚਾਰ ਦਿਨਾ 13ਵਾਂ ਆਲ ਇੰਡੀਆ ਹਾਕੀ ਟੂਰਨਾਮੈਂਟ ਦੇ ਤੀਸਰੇ ਦਿਨ ਅਮਲੋਹ ਸ਼ਹਿਰ ਦੇ ਵਾਰਡ ਨੰਬਰ 4 ਤੋਂ ਸਮਾਜ ਸੇਵਕ ਅਤੁੱਲ ਲੁਟਾਵਾ ਨੇ ਮਹਿਮਾਨ ਵਜੋਂ ਸ਼ਿਰਕਤ ਕੀਤੀ, ਉਥੇ ਹੀ ਖਿਡਾਰੀਆਂ ਦਾ ਹੌਸਲਾ ਵੀ ਵਧਾਇਆ। ਇਸ ਮੌਕੇ ਅਤੁੱਟ ਲੁਟਾਵਾ ਨੇ ਕਿਹਾ ਕਿ ਐੱਨ ਆਰ ਆਈ ਸਪੋਰਟਸ ਕਲੱਬ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦਾ ਉਪਰਾਲਾ ਸ਼ਲਾਘਾਯੋਗ ਹੈ, ਕਿਉਂਕਿ ਇਨ੍ਹਾਂ ਟੂਰਨਾਮੈਂਟਾਂ ਵਿੱਚੋਂ ਹੀ ਚੰਗੇ ਖਿਡਾਰੀ ਪੈਦਾ ਹੁੰਦੇ ਹਨ, ਜਿਹੜੇ ਕਿ ਅੱਗੇ ਜਾ ਕੇ ਆਪਣੇ ਇਲਾਕੇ ਤੇ ਸੂਬੇ ਦਾ ਨਾਮ ਰੌਸ਼ਨ ਕਰਦੇ ਹਨ। ਉਨ੍ਹਾਂ ਹੋਰਨਾਂ ਕਲੱਬਾਂ ਨੂੰ ਵੀ ਅਪੀਲ ਕੀਤੀ ਕਿ ਉਹ ਅਜਿਹੇ ਟੂਰਨਾਮੈਂਟ ਕਰਵਾਉਣ ਨੂੰ ਪਹਿਲ ਜ਼ਰੂਰ ਕਰਨ। ਉਨ੍ਹਾਂ ਕਿਹਾ ਕਿ ਜਿਹੜੇ ਨੌਜਵਾਨ ਨਸ਼ਿਆਂ ਦੇ ਆਦੀ ਹੋ ਗਏ ਹਨ, ਉਹ ਨਸ਼ਿਆਂ ਦਾ ਤਿਆਗ ਕਰਕੇ ਖੇਡਾਂ ਨਾਲ ਜੁੜਨ ਤਾਂ ਕਿ ਉਹ ਅੱਗੇ ਵਧ ਸਕਣ।

# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ



**ਭੀਖੀ (ਧਰਮਵੀਰ ਸ਼ਰਮਾ)**

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਜ਼ਿਲ੍ਹਾ ਮਾਨਸਾ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਡਾ. ਹਰਦੀਪ ਸਿੰਘ ਬਰ੍ਹੇ ਅਤੇ ਸੂਬਾ ਮੀਤ ਪ੍ਰਧਾਨ ਡਾ. ਜਸਵੀਰ ਸਿੰਘ ਗੁੜੱਦੀ ਦੀ ਅਗਵਾਈ ਹੇਠ ਹੋਈ, ਜਿਸ ਨੂੰ ਸੰਬੋਧਨ ਕਰਦਿਆ ਜ਼ਿਲ੍ਹਾ ਪ੍ਰਧਾਨ ਡਾ. ਹਰਦੀਪ ਸਿੰਘ ਨੇ ਕਿਹਾ ਕਿ ਪਿਛਲੇ ਸਮੇਂ ਤੋਂ ਕਿਸਾਨਾਂ ਵੱਲੋਂ ਕੇਂਦਰ ਸਰਕਾਰ ਖਿਲਾਫ ਕੀਤੇ ਸੰਘਰਸ਼ ਦੀ ਹਮਾਇਤ ਕਰਦੇ ਹਾਂ। ਉਨ੍ਹਾਂ ਕਿਹਾ ਕਿ ਹਰਿਆਣਾ ਪੁਲਸ ਵੱਲੋਂ ਕਿਸਾਨਾਂ 'ਤੇ ਕੀਤੇ ਹਮਲੇ ਦੀ ਨਿੰਦਿਆ ਕਰਦੇ ਹਾਂ। ਸੂਬਾ ਮੀਤ ਪ੍ਰਧਾਨ ਡਾ. ਜਸਵੀਰ ਸਿੰਘ ਨੇ ਕਿਹਾ ਕਿ 28 ਫਰਵਰੀ ਨੂੰ ਆਪਣੀਆਂ ਮੰਗਾਂ ਦੇ ਹੱਕ ਵਿੱਚ ਮੁੱਖ ਮੰਤਰੀ ਦੀ ਕੋਠੀ ਅੱਗੇ ਰੋਸ ਮੁਜ਼ਾਹਰਾ ਕੀਤਾ ਜਾਵੇਗਾ, ਜਿਸ ਵਿੱਚ ਜ਼ਿਲ੍ਹਾ ਮਾਨਸਾ ਵਧ-ਚੜ੍ਹ ਕੇ ਹਿੱਸਾ ਲਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਚੋਣ ਦੌਰਾਨ ਕੀਤੇ ਵਾਅਦੇ ਤੇ ਟਾਲ ਮਟੋਲ ਦੀ ਨੀਤੀ ਅਪਨਾ ਰਹੀ ਹੈ। ਇਸ ਕਰਕੇ ਮੁੱਖ ਮੰਤਰੀ ਭਗਵੰਤ ਮਾਨ ਦੀ ਕੋਠੀ ਦਾ ਘਿਰਾਉ ਕੀਤਾ ਜਾਵੇਗਾ ਅਤੇ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਹੋਏ ਅਤੇ ਜ਼ਖ਼ਮੀ ਹੋਏ ਕਿਸਾਨਾਂ ਸਬੰਧੀ ਡੂੰਘਾ ਦੁੱਖ ਪ੍ਰਗਟ ਕਰਦੇ ਹਾਂ।

ਇਸ ਮੌਕੇ ਡਾ. ਸੁਨੀਲ ਬਾਂਸਲ ਐਮਡੀ ਨੇ ਵੀ ਦਿਲ ਦੇ ਰੋਗਾਂ ਸਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਭੀਖੀ ਬਲਾਕ ਦੇ ਪ੍ਰਧਾਨ ਡਾ. ਗੁਰਤੇਜ ਸਿੰਘ ਕੋਟੜਾ ਨੇ ਆਏ ਮੈਂਬਰਾਂ ਦਾ ਸਵਾਗਤ ਕਰਦਿਆਂ ਸਭ ਦਾ ਧੰਨਵਾਦ ਕੀਤਾ। ਇਸ ਤੋਂ ਇਲਾਵਾ ਡਾ. ਬਲਜੀਤ ਸਿੰਘ ਪਰੋਚਾ, ਡਾ. ਹਰਜਿੰਦਰ ਸਿੰਘ, ਜ਼ਿਲ੍ਹਾ ਪ੍ਰੈਸ ਸਕੱਤਰ ਡਾ. ਜਗਸੀਰ ਸਿੰਘ ਗੁਰਨੇ, ਡਾ. ਸਤਨਾਮ ਸਿੰਘ, ਨਿਤਿਨ ਕੁਮਾਰ, ਡਾ. ਜਗਸੀਰ ਸਿੰਘ, ਪ੍ਰਗਟ ਸਿੰਘ, ਡਾ. ਰਾਜ ਖਾਨ, ਕਰਮਜੀਤ ਸਿੰਘ, ਡਾ. ਰੇਸ਼ਮ ਸਿੰਘ, ਡਾ. ਜਗਸੀਰ ਸਿੰਘ, ਡਾ. ਹਰਦੀਪ ਸਿੰਘ ਸਮਾਉਂ, ਡਾ. ਮਹਾਂਵੀਰ, ਡਾ. ਸੁਖਜਿੰਦਰ ਖਾਨ, ਜਸਵੰਤ ਸਿੰਘ, ਤਾਰਾ ਸਿੰਘ, ਡਾ. ਪ੍ਰਦੀਪ ਸਿੰਘ ਵੀ ਹਾਜਰ ਸਨ। ਮੰਚ ਸੰਚਾਲਨ ਜਗਸੀਰ ਸਿੰਘ ਕਣਕਵਾਲ ਨੇ ਬਾਖ਼ੂਬੀ ਕੀਤਾ।

# ਭਲਕੇ ਲੱਗੇਗਾ ਅੱਖਾਂ ਦਾ ਮੁਫਤ ਜਾਂਚ ਤੇ ਅਪ੍ਰੇਸ਼ਨ ਕੈਂਪ

**ਸ੍ਰੀ ਮੁਕਤਸਰ ਸਾਹਿਬ (ਸਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ)**-ਸਥਾਨਕ ਫਿਰੋਜ਼ਪੁਰ ਰੋਡ ਸਥਿਤ ਮਾਈ ਭਾਗੋ ਆਯੁਰਵੈਦਿਕ ਮੈਡੀਕਲ ਕਾਲਜ ਅਤੇ ਹਸਪਤਾਲ ਵਿਖੇ ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ (ਰਜਿ:) ਦੁਆਰਾ ਅੱਖਾਂ ਦਾ ਮੁਫਤ ਜਾਂਚ ਕੈਂਪ ਅਤੇ ਚਿੱਟੇ ਮੋਤੀਏ ਦਾ ਆਪ੍ਰੇਸ਼ਨ ਕੈਂਪ ਲਾਇਆ ਜਾ ਰਿਹਾ ਹੈ। ਸੰਸਥਾ ਦੇ ਸੰਸਥਾਪਕ ਪ੍ਰਧਾਨ ਨਰਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਜ਼ਿਲ੍ਹਾ ਸਿਹਤ ਵਿਭਾਗ ਦੀ ਮਨਜ਼ੂਰੀ ਉਪਰੰਤ 28 ਫਰਵਰੀ ਦਿਨ ਬੁੱਧਵਾਰ ਨੂੰ ਲਾਏ ਜਾ ਰਹੇ ਇਸ ਕੈਂਪ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਕੈਂਪ ਦੌਰਾਨ ਮਰੀਜ਼ਾਂ ਦੀ ਜਾਂਚ ਅੱਖਾਂ ਦੇ ਰੋਗਾਂ ਦੇ ਮਾਹਿਰ ਡਾ. ਸੁਖਪਾਲ ਸਿੰਘ ਬਰਾੜ (ਸੇਵਾ ਮੁਕਤ ਸਿਵਲ ਸਰਜਨ ਕਮ ਡਾਇਰੈਕਟਰ) ਅਤੇ ਡਾ. ਹਰਸ਼ਪ੍ਰੀਤ ਕੌਰ ਮਹਿੰਦਰਾ (ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ) ਕਰਨਗੇ। ਅਦਾਰੇ ਦੀ ਸਹਾਇਤਾ ਨਾਲ ਸਾਰੇ ਮਰੀਜ਼ਾਂ ਦੀ ਮੁਫਤ ਜਾਂਚ ਤੇ ਮੁਫਤ ਦਵਾਈਆਂ ਦੇ ਨਾਲ-ਨਾਲ ਚਿੱਟੇ ਮੋਤੀਏ ਦੇ ਮਰੀਜ਼ਾਂ ਦੇ ਆਪ੍ਰੇਸ਼ਨ ਸਰਕਾਰੀ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਵਿਖੇ ਮੁਫਤ ਕਰਵਾਏ ਜਾਣਗੇ। ਇਸ ਮੁਫਤ ਜਾਂਚ ਕੈਂਪ ਦੇ ਮੁੱਖ ਮਹਿਮਾਨ ਡਾ. ਨਵਜੋਤ ਕੌਰ, ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਹੋਣਗੇ। ਚੇਅਰਪਰਸਨ ਕੁਲਵਿੰਦਰ ਕੌਰ ਬਰਾੜ ਨੇ ਲੋਕਾਂ ਨੂੰ ਇਸ ਮੁਫਤ ਜਾਂਚ ਕੈਂਪ ਦਾ ਲਾਹਾ ਲੈਣ ਦੀ ਤਾਕੀਦ ਕੀਤੀ ਹੈ।

# ਮੋਦੀ ਸਰਕਾਰ ਫਸਲਾਂ 'ਤੇ ਐੱਮ ਐੱਸ ਪੀ ਯਕੀਨੀ ਬਣਾਏ : ਜਗਰੂਪ ਬੀਹਲਾ



**ਹਠੂਰ (ਨਛੱਤਰ ਸੰਧੂ)**-ਕਿਸਾਨ ਜਥੇਬੰਦੀਆਂ ਵੱਲੋਂ ਆਪਣੀਆਂ ਮੰਗਾਂ ਦੀ ਪੂਰਤੀ ਲਈ ਜਮਹੂਰੀਅਤ ਢੰਗ ਨਾਲ ਦਿੱਲੀ ਨਾ ਜਾਣ ਦੇਣ ਕਰਕੇ ਪੰਜਾਬ-ਹਰਿਆਣਾ ਦੀਆਂ ਸਰਹੱਦਾਂ ਉੱਪਰ ਸ਼ਾਂਤਮਈ ਸੰਘਰਸ਼ ਵਿੱਢਿਆ ਹੋਇਆ ਹੈ, ਪਰ ਕੇਂਦਰ ਤੇ ਸਟੇਟ ਸਰਕਾਰ ਉਨ੍ਹਾਂ ਦੀਆਂ ਹੱਕੀ ਮੰਗਾਂ ਨੂੰ ਪੂਰਨ ਕਰਨ ਦੀ ਬਜਾਏ ਉਨ੍ਹਾਂ ਉੱਤੇ ਗੈਰ-ਵਿਧਾਨਕ ਢੰਗ ਰਾਹੀਂ ਜਬਰ ਜ਼ੁਲਮ ਢਾਹੁਣ, ਕਿਸਾਨਾਂ ਨੂੰ ਮਾਰਨ, ਜ਼ਖ਼ਮੀ ਕਰਨ 'ਤੇ ਉੱਤਰ ਆਈ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਸਰਪੰਚ ਜਗਰੂਪ ਸਿੰਘ ਸਿੱਧੂ ਬੀਹਲਾ ਨੇ ਕਿਹਾ ਕਿ ਸਟੇਟ ਤੇ ਕੇਂਦਰ ਸਰਕਾਰ ਦੀ ਹਿੰਸਾ ਦੇਸ਼ ਅੰਦਰ ਰੋਸ ਪ੍ਰਦਰਸ਼ਨ ਕਰਨ ਦੇ ਮੁਢਲੇ ਸੰਵਿਧਾਨਕ ਅਧਿਕਾਰਾਂ ਨੂੰ ਕੁਚਲ ਕੇ ਇੱਕ ਦੁਸ਼ਮਣ ਦੇਸ਼ ਵਾਲਾ ਰਵੱਈਆ ਅਪਣਾ ਰਹੀ ਹੈ।ਇਨ੍ਹਾਂ ਦੀ ਜਿੰਨੀ ਵੀ ਨਿੰਦਾ ਕੀਤੀ ਜਾਵੇ, ਉਹ ਘੱਟ ਹੈ। ਹਿੰਸਾ ਦੇ ਇਸ ਮਾਮਲੇ 'ਤੇ ਜਿੰਨੀ ਜ਼ਿੰਮੇਵਾਰੀ ਹਰਿਆਣਾ ਸਟੇਟ ਦੀ ਹੈ, ਉਨੀ ਹੀ ਜ਼ਿੰਮੇਵਾਰ ਪੰਜਾਬ 'ਚ ਭਗਵੰਤ ਮਾਨ ਦੀ ਹਕੂਮਤ ਵੀ ਹੈ।ਉਨ੍ਹਾ ਕਿਹਾ ਕਿ ਜੇ ਸਾਨੂੰ ਐੱਮ ਐੱਸ ਪੀ ਮਿਲਦੀ ਹੈ ਤਾਂ ਸਾਨੂੰ ਬਾਰਡਰਾਂ ਉੱਪਰ ਜਾਣ ਦੀ ਕੀ ਜ਼ਰੂਰਤ ਹੈ ? ਉਨ੍ਹਾਂ ਸੈਂਟਰ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਜੋ ਹਮਲੇ ਸੈਂਟਰ ਸਰਕਾਰ ਕਰ ਰਹੀ ਹੈ, ਉਸ ਦੇ ਵਿਰੋਧ ਵਿੱਚ ਬਾਹਰਲੇ ਮੁਲਕਾਂ ਅੰਦਰ ਸਿੱਖ ਇਕੱਠੇ ਹੋ ਕੇ ਆਪੋ ਆਪਣੇ ਵਸੀਲਿਆਂ ਰਾਹੀਂ ਇਨ੍ਹਾਂ ਦਾ ਵਿਰੋਧ ਕਰ ਰਹੇ ਹਨ।ਉਨ੍ਹਾਂ ਮੌਜੂਦਾ ਹਾਲਤਾਂ ਨੂੰ ਦੇਖਦਿਆਂ ਕਿਹਾ ਕਿ ਸੈਂਟਰ ਸਰਕਾਰ ਵੱਲੋਂ ਕਿਸਾਨਾਂ ਨਾਲ ਜਲਦੀ ਤੋਂ ਜਲਦੀ ਗੱਲਬਾਤ ਕਰਕੇ ਇਸ ਦਾ ਹੱਲ ਕੱਢਿਆ ਜਾਵੇ।

# ਗਾਟਵਾਲੀ ਦੇ ਨਵਜੋਤ ਸਿੰਘ ਸਮਰਾ ਨੇ ਰਚਿਆ ਇਤਿਹਾਸ



**ਤਲਵੰਡੀ ਸਾਬੋ (ਜਗਦੀਪ ਗਿੱਲ)**

ਇਥੋਂ ਥੋੜ੍ਹੀ ਦੂਰ ਪਿੰਡ ਗਾਟਵਾਲੀ ਦੇ ਨਵਜੋਤ ਸਿੰਘ ਸਮਰਾ ਪੁੱਤਰ ਸੁਖਵਿੰਦਰ ਸਿੰਘ ਗੁਣੀ ਨੇ ਵਿੰਟਰ ਸਪੋਰਟਸ ਨੈਸ਼ਨਲ ਗੇਮਜ਼ 2024 ਵਿੱਚ ਪੰਜਾਬ ਦੀ ਨੁਮਾਇੰਦਗੀ ਕਰਦਿਆਂ ਪਹਿਲਾ ਪੰਜਾਬ ਅਧਾਰਤ ਸਭ ਤੋਂ ਘੱਟ ਉਮਰ ਦਾ ਸਕੀਇੰਗ ਖਿਡਾਰੀ ਬਣ ਕੇ ਜਿੱਥੇ ਪੰਜਾਬ ਭਰ ਵਿੱਚ ਆਪਣਾ ਤੇ ਆਪਣੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ ਹੈ, ਉਥੇ ਨਵਜੋਤ ਸਿੰਘ ਸਮਰਾ ਨੇ ਇਨ੍ਹਾਂ ਨੈਸ਼ਨਲ ਗੇਮਾਂ ਵਿੱਚ ਹਿੱਸਾ ਲੈ ਕੇ ਨਵਾਂ ਇਤਿਹਾਸ ਰਚਿਆ ਹੈ। ਜਾਣਕਾਰੀ ਦਿੰਦਿਆਂ ਖਿਡਾਰੀ ਨਵਜੋਤ ਸਿੰਘ ਸਮਰਾ ਨੇ ਦੱਸਿਆ ਕਿ ਸਕੀਇੰਗ ਤੇ ਵਿੰਟਰ ਸਪੋਰਟਸ, ਜੋ ਪਹਾੜੀ ਰਾਜਾਂ ਲਈ ਜਾਣੀਆਂ ਜਾਂਦੀਆਂ ਹਨ ਤੇ ਇਹ ਵਿਸ਼ਵ ਦੀਆਂ ਸਭ ਤੋਂ ਖਤਰਨਾਕ ਤੇ ਮਹਿੰਗੀਆਂ ਖੇਡਾਂ ਵਿੱਚੋਂ ਹਨ। ਜ਼ਿਕਰਯੋਗ ਹੈ ਕਿ ਮੱਧ ਵਰਗ ਦੇ ਕਿਸਾਨ ਪਰਿਵਾਰ ਦਾ ਇਹ ਲੜਕਾ ਇਸ ਪ੍ਰਵੇਸ ਨਾਲ ਪੰਜਾਬ ਦੇ ਆਉਣ ਵਾਲੇ ਨੌਜਵਾਨਾਂ ਲਈ ਵਿੰਟਰ ਸਪੋਰਟਸ ਵਿੱਚ ਆਪਣੀ ਰੁਚੀ ਪੈਦਾ ਕਰਨ ਲਈ ਪ੍ਰੇਰਣਾ ਸ੍ਰੋਤ ਬਣ ਗਿਆ ਹੈ। ਉਸ ਨੇ ਜਾਣੀਆਂ ਪਛਾਣੀਆ ਖੇਡਾਂ ਦੀ ਪਾਲਣਾ ਕਰਦੇ ਹੋਏ ਬਾਕੀ ਸਭ ਤਰ੍ਹਾਂ ਦੀ ਦੌੜ ਤੋਂ ਹਟ ਕੇ ਕੁਝ ਨਵਾਂ ਕਰਿਆ ਹੈ। ਜ਼ਿਕਰਯੋਗ ਹੈ ਕਿ ਨਵਜੋਤ ਸਿੰਘ ਸਮਰਾ ਦੇ ਪਿਤਾ ਸੁਖਵਿੰਦਰ ਸਿੰਘ ਗੁਣੀ ਇਲਾਕੇ ਦੀਆਂ ਜਾਣੀਆ ਪਛਾਣੀਆ ਸ਼ਖਸੀਅਤਾਂ ਵਿੱਚੋਂ ਇੱਕ ਹਨ। ਇਲਾਕੇ ਦੀਆਂ ਮੋਹਤਵਰ ਸ਼ਖਸੀਅਤਾਂ ਨੇ ਉਕਤ ਨੌਜਵਾਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪੰਜਾਬ ਤੇ ਭਾਰਤ ਵਿੱਚ ਸਰਦੀਆਂ ਦੀਆਂ ਖੇਡਾਂ ਨੂੰ ਸ਼ੁਰੂ ਕਰਨ ਦੇ ਵਿਕਾਸ ਵੱਲ ਇੱਕ ਵਧੀਆ ਸ਼ੁਰੂਆਤ ਕੀਤੀ ਹੈ। ਉਨ੍ਹਾਂ ਕਿਹਾ ਕਿ ਵਿਆਪਕ ਪੱਧਰ 'ਤੇ ਗੁਲਮਾਰਗ ਵਿੱਚ ਆਮ ਮਜ਼ੇਦਾਰ ਸਕੀਇੰਗ ਤੋਂ ਲੈ ਕੇ ਵਿੰਟਰ ਸਪੋਰਟਸ ਵਿੱਚ ਪੰਜਾਬ ਦਾ ਇਕੱਲਾ ਦਾਅਵੇਦਾਰ ਬਣ ਕੇ ਨਵਾਂ ਇਤਿਹਾਸ ਸਿਰਜਿਆ ਹੈ। ਉਕਤ ਖਿਡਾਰੀ ਨੇ ਆਪਣੀ ਇਸ ਕਾਮਯਾਬੀ ਲਈ ਸਪੋਰਟਸ ਐਸੋਸੀਏਸ਼ਨ ਪੰਜਾਬ ਪ੍ਰਧਾਨ ਸਤਪਾਲ ਵਰਮਾ, ਵਾਈ. ਪੀ. ਐੱਸ. ਰਾਜੇਸ਼ ਜੌਹਨ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

# ਮਹਾਂਸ਼ਿਵਰਾਤਰੀ ਦੇ ਤਿਉਹਾਰ ਨੂੰ ਸਮਰਪਤ ਪਾਰਥਿਵ ਪੂਜਾ



**ਨਾਭਾ (ਵਰਿੰਦਰ ਵਰਮਾ)**

ਗਊਸ਼ਾਲਾ ਦੀ ਪਵਿੱਤਰ ਧਰਤੀ 'ਤੇ ਮਹਾਂਸ਼ਿਵਰਾਤਰੀ ਦੇ ਪਾਵਨ ਤਿਉਹਾਰ ਨੂੰ ਸਮਰਪਤ ਭਗਵਾਨ ਸ਼ਿਵ ਸੰਕਰ ਜੀ ਦੀ ਪਾਰਥਿਵ ਪੂਜਾ ਗਊਸ਼ਾਲਾ ਕਮੇਟੀ ਵੱਲੋਂ ਪ੍ਰਧਾਨ ਅਮਨ ਗੁਪਤਾ ਦੀ ਅਗਵਾਈ ਵਿੱਚ ਦੁੱਲਦੀ ਗੇਟ ਵਿਖੇ ਆਯੋਜਨ ਕੀਤਾ ਗਿਆ। ਇਸ ਮੌਕੇ ਯਜਮਾਨਾ ਨੇ ਭਗਵਾਨ ਸ਼ਿਵ ਸ਼ੰਕਰ ਦੀ ਪੂਜਾ ਅਰਚਨਾ ਸ਼ਰਧਾ ਨਾਲ ਕੀਤੀ। ਇਸ ਮੌਕੇ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਦੇ ਅਹੁਦੇਦਾਰਾਂ ਨੇ ਹਾਜ਼ਰੀ ਲਵਾਈ ਅਤੇ ਪੂਜਾ ਅਰਚਨਾ ਕੀਤੀ। ਗਊਸ਼ਾਲਾ ਕਮੇਟੀ ਪ੍ਰਧਾਨ ਅਮਨ ਗੁਪਤਾ ਨੇ ਕਿਹਾ ਕਿ ਧਾਰਮਿਕ ਸਮਾਗਮ ਹਰ ਸੰਸਥਾਵਾਂ ਨੂੰ ਕਰਾਉਣੇ ਚਾਹੀਦੇ ਹਨ, ਜਿਸ ਨਾਲ ਧਰਮ ਦਾ ਪ੍ਰਚਾਰ ਕੀਤਾ ਜਾ ਸਕੇ। ਇਸ ਮੌਕੇ ਅਰੁਣਾਏ ਸ਼ਿਵ ਮੰਦਰ ਦੇ ਪੁਜਾਰੀ ਜੀ ਵੱਲੋਂ ਪੂਜਾ ਅਰਚਨਾ ਕਰਾਈ ਗਈ। ਉਨ੍ਹਾਂ ਵਿਸਤਾਰ ਪੂਰਕ ਦੱਸਦੇ ਹੋਏ ਕਿਹਾ ਕਿ ਭਗਵਾਨ ਸ੍ਰੀ ਰਾਮ ਜੀ ਨੇ ਲੰਕਾ ਉੱਤੇ ਕੂਚ ਕਰਨ ਤੋਂ ਪਹਿਲਾਂ ਭਗਵਾਨ ਸ਼ਿਵ ਜੀ ਦੀ ਪਾਰਥਿਵ ਪੂਜਾ ਕੀਤੀ ਸੀ ਤੇ ਮਾਤਾ ਪਾਰਵਤੀ ਜੀ ਨੇ ਵਰ ਪਾਉਣ ਲਈ ਪਾਰਥਿਵ ਪੂਜਾ ਕੀਤੀ। ਉਨ੍ਹਾਂ ਕਿਹਾ ਕਿ ਹਿੰਦੂ ਧਰਮ ਦੇ ਅਨੁਸਾਰ ਪਾਰਥਿਵ ਲਿੰਗ ਬਣਾ ਕੇ ਭਗਵਾਨ ਸ਼ਿਵ ਜੀ ਦੀ ਪੂਜਾ ਕਰਨ ਨਾਲ ਉਸ ਦੀਆਂ ਸਾਰੀਆਂ ਮਨੋਕਾਮਨਾਵਾਂ ਪੂਰੀਆਂ ਹੁੰਦੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਪੂਜਾ ਕਰਨ ਨਾਲ ਮਾਨਸਿਕ ਤੇ ਸਰੀਰਕ ਦੁੱਖ-ਤਕਲੀਫ਼ਾਂ ਦੂਰ ਹੋ ਜਾਂਦੀਆਂ ਹਨ। ਉਨ੍ਹਾਂ ਦੱਸਿਆ ਕਿ ਮਨੋਕਾਮਨਾ ਪੂਰਤੀ ਲਈ ਸ਼ਿਵਲਿੰਗ 'ਤੇ ਪ੍ਰਸਾਦ ਚੜ੍ਹਾਉਣਾ ਚਾਹੀਦਾ ਹੈ। ਭਗਵਾਨ ਸ਼ਿਵ ਜੀ ਦੀ ਅਰਾਧਨਾ ਲਈ ਪਾਰਥਿਵ ਪੂਜਾ ਸਾਰੇ ਲੋਕ ਕਰ ਸਕਦੇ ਹਨ। ਉਹ ਪੁਰਸ਼ ਹੋਵੇ ਜਾਂ ਔਰਤ ਹੋਵੇ। ਇਹ ਪੂਜਾ ਸ਼ਿਵ ਕਲਿਆਣਕਾਰੀ ਹੈ। ਜੈਂ ਪਾਰਥਿਵ ਸ਼ਿਵ ਲਿੰਗ ਬਣਾ ਕੇ ਸੱਚੇ ਮਨ ਨਾਲ ਪੂਜਾ ਅਰਚਨਾ ਕਰਦਾ ਹੈ। ਅੰਤ ਵਿੱਚ ਅਟੁੱਟ ਲੰਗਰ ਵਰਤਾਇਆ ਗਿਆ।

# ਅਕਾਲ ਅਕੈਡਮੀ ਰੱਤਾ ਖੇੜਾ ਵੱਲੋਂ ਗੁਰਮਤਿ ਫੁੱਲਵਾੜੀ ਮੁਕਾਬਲੇ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਚੱਲ ਰਹੀ ਸੰਸਥਾ ਅਕਾਲ ਅਕੈਡਮੀ ਰੱਤਾ ਖੇੜਾ ਵੱਲੋਂ ਗੁਰਦੁਆਰਾ ਅਕਾਲਗੜ੍ਹ ਫਿਰੋਜ਼ਪੁਰ ਸ਼ਹਿਰ ਵਿਖੇ ਬੀਬਾ ਸਿੱਖ ਬੱਚਾ ਅਤੇ ਗੁਰਮਤਿ ਫੁੱਲਵਾੜੀ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਗੁਰਬਾਣੀ ਕੰਠ, ਕਵਿਤਾ ਉਚਾਰਣ ਮੁਕਾਬਲੇ, ਭਾਸ਼ਣ ਮੁਕਾਬਲੇ, ਪੇਂਟਿੰਗ ਮੁਕਾਬਲੇ ਤੇ ਸੁੰਦਰ ਲਿਖਾਈ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਫਿਰੋਜ਼ਪੁਰ ਸ਼ਹਿਰ ਦੇ ਕਈ ਬੱਚਿਆਂ ਨੇ ਭਾਗ ਲਿਆ। ਪਹਿਲਾ ਪੜਾਅ ਵਿੱਚ ਜੇਤੂ ਬੱਚਿਆਂ ਨੂੰ ਮੈਡਲ ਤੇ ਸਰਟੀਫਿਕੇਟ ਦਿੱਤੇ ਗਏ ਅਤੇ ਬੱਚਿਆਂ ਨੂੰ ਦੂਜੇ ਪੜਾਅ ਜੋ ਕਿ ਅਕਾਲ ਅਕੈਡਮੀ ਰੱਤਾ ਖੇੜਾ ਵਿਖੇ ਹੋਵੇਗਾ ਤੇ ਤੀਜੇ ਪੜਾਅ ਜੋ ਕਿ ਅਕਾਲ ਯੂਨੀਵਰਸਿਟੀ ਵਿਖੇ ਹੋਵੇਗਾ, ਉਸ ਵਿੱਚ ਜੇਤੂ ਬੱਚਿਆਂ ਨੂੰ ਨਕਦ ਇਨਾਮ ਅਤੇ ਮੈਡਲ ਤੇ ਸਰਟੀਫਿਕੇਟ ਦਿੱਤੇ ਜਾਣਗੇ।

# ਦਿਵਯ ਜਯੋਤੀ ਜਾਗਰਤੀ ਸੰਸਥਾਨ ਵੱਲੋਂ ਸੰਧਿਆ ਫੇਰੀ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਦਿਵਯ ਜਯੋਤੀ ਜਾਗਰਤੀ ਸੰਸਥਾਨ ਵੱਲੋਂ 28 ਫਰਵਰੀ ਤੋਂ 3 ਮਾਰਚ 2024 ਤੱਕ 'ਅਯੋਧਿਆ ਵਾਲੇ ਪੰਡਿਤ ਜੀ ਦਾ ਨਿਵਾਸ, ਪੁਰਾਣਾ ਕਾਲੀਆ ਸਕੂਲ' ਮੁਕਤਸਰ ਰੋਡ ਗੁਰੂ ਹਰਸਹਾਏ ਵਿਖੇ ਪੰਜ ਦਿਨਾਂ ਦੀ 'ਸ੍ਰੀ ਰਾਮ ਕਥਾ' ਦਾ ਆਯੋਜਨ ਹੋ ਰਿਹਾ ਹੈ। ਇਸ ਸਬੰਧੀ ਸੰਸਥਾਨ ਵੱਲੋਂ ਸੰਧਿਆ ਫੇਰੀ ਕੱਢੀ ਗਈ।ਸੰਧਿਆ ਫੇਰੀ ਦੀ ਸ਼ੁਰੂਆਤ ਪ੍ਰਭੂ ਦੇ ਪੂਜਨ ਤੇ ਜੋਤ ਜਗਾ ਕੇ ਕੀਤੀ ਗਈ।ਸੰਧਿਆ ਫੇਰੀ ਵਿੱਚ ਭਗਤਾਂ ਨੇ ਮਿੱਠੀ ਆਵਾਜ਼ ਵਿੱਚ ਪ੍ਰਭੂ ਸ੍ਰੀ ਰਾਮ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ।ਸਵਾਮੀ ਚੰਦਰ ਸ਼ੇਖਰਾ ਨੰਦ ਨੇ ਦੱਸਿਆ ਕਿ ਸੰਧਿਆ ਫੇਰੀ ਦੇ ਚਲਦੇ ਪ੍ਰਭੂ ਦੀ ਵਡਿਆਈ ਦਾ ਗੁਣਗਾਨ ਤੇ 'ਸ਼੍ਰੀ ਰਾਮ ਕਥਾ' ਦਾ ਸੁਨੇਹਾ ਨਗਰ ਵਾਸੀਆਂ ਤੱਕ ਪਹੁੰਚਾਇਆ ਗਿਆ।ਉਨ੍ਹਾ ਦੱਸਿਆ ਕਿ ਅੱਜ ਸਮਾਜ ਵਿੱਚ ਅਜਿਹੇ ਪ੍ਰੋਗਰਾਮਾਂ ਦੀ ਲੋੜ ਹੈ, ਜਿਸ ਦੇ ਨਾਲ ਮਨੁੱਖ ਦਾ ਬਿਖਰਿਆ ਹੋਇਆ ਮਨ ਪ੍ਰਭੂ ਵਿੱਚ ਲੱਗ ਸਕੇ, ਕਿਉਂਕਿ ਵਿਅਕਤੀ ਦਾ ਮਨ ਹੀ ਉਸ ਦੇ ਸੁੱਖ-ਦੁੱਖ ਦਾ ਕਾਰਨ ਹੈ।ਮਨੁੱਖ ਦੇ ਮਨ ਦੀ ਹਾਲਤ ਠੀਕ ਹੈ ਤਾਂ ਉਸ ਦੇ ਜੀਵਨ ਦੀ ਦਿਸ਼ਾ ਵੀ ਠੀਕ ਰਹਿ ਸਕਦੀ ਹੈ। ਇਸ ਲਈ ਸੰਸਥਾਨ ਵੱਲੋਂ ਸਮੇਂ-ਸਮੇਂ ਅਜਿਹੇ ਪ੍ਰੋਗਰਾਮਾਂ ਦਾ ਪ੍ਰਬੰਧ ਕੀਤਾ ਜਾਂਦਾ ਹੈ, ਜਿਸ ਨਾਲ ਮਨੁੱਖ ਨੂੰ ਠੀਕ ਦਿਸ਼ਾ ਪ੍ਰਾਪਤ ਹੋ ਸਕੇ।ਸੰਧਿਆ ਫੇਰੀ ਕਥਾ ਸਥਲ ਪੁਰਾਣਾ ਕਾਲੀਆ ਸਕੂਲ ਤੋਂ ਸ਼ੁਰੂ ਹੋ ਕੇ ਸ਼ਿਵਾਲਿਆ ਮੰਦਰ, ਪੋਥੀ ਮਾਲਾ, ਬੇਰ ਸਾਹਿਬ ਤੋਂ ਮੇਨ ਬਜ਼ਾਰ ਤੇ ਆਦਰਸ਼ ਨਗਰ ਹੁੰਦੇ ਹੋਏ ਵਾਪਸ ਕਥਾ ਸਥਲ 'ਤੇ ਸਮਾਪਤ ਹੋਈ।ਸਮੂਹ ਨਗਰ ਨਿਵਾਸੀਆਂ ਨੇ ਸੰਧਿਆ ਫੇਰੀ ਦਾ ਨਿੱਘਾ ਸਵਾਗਤ ਕੀਤਾ।ਇਸ ਮੌਕੇ ਸਾਧਵੀ ਸ਼ੁਬਰਾ ਭਾਰਤੀ, ਸਾਧਵੀ ਦਵਿੰਦਰ ਭਾਰਤੀ ਤੇ ਸਾਧਵੀ ਰੇਖਾ ਭਾਰਤੀ ਵੀ ਉਪਸਥਿਤ ਰਹੇ।

# ਢਿੱਲੋਂ ਪਰਵਾਰ ਨੇ ਸੁੱਖ-ਸ਼ਾਂਤੀ ਲਈ ਸਹਿਜ ਪਾਠ ਕਰਾਇਆ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਗਮਿੰਦਰ ਸਿੰਘ ਢਿੱਲੋ ਤੇ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਨੇ ਪਰਵਾਰ ਦੀ ਸੁੱਖ ਸ਼ਾਂਤੀ ਲਈ ਆਪਣੇ ਘਰ ਵਿੱਚ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਕਰਾਏ। ਸਹਿਜ ਪਾਠ ਦੇ ਭੋਗ ਪੈਣ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਗੁਰਦੁਆਰਾ ਸਾਹਿਬ ਵਿੱਚ ਵਿਖੇ ਸ਼ੁਸ਼ੋਭਿਤ ਕੀਤੇ ਗਏ, ਜਿੱਥੇ ਰਾਗੀ ਸਿੰਘਾਂ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਪ੍ਰਮਾਤਮਾ ਨਾਲ ਜੁੜਨ ਦੀ ਪ੍ਰੇਰਨਾ ਦਿੰਦਿਆਂ ਕਿਹਾ ਕਿ ਅਸੀਂ ਗੁਰਬਾਣੀ ਨਾਲ ਜੁੜਨਾ ਹੈ ਅਤੇ ਗੁਰਬਾਣੀ ਤੋਂ ਸਿੱਖਿਆ ਪ੍ਰਾਪਤ ਕਰਕੇ ਪਰਮਾਤਮਾ ਨਾਲ ਜੁੜ ਕੇ ਜੀਵਨ ਨੂੰ ਸਾਰਥਕ ਬਣਾਉਣਾ ਹੈ। ਔਗੁਣਾਂ ਨੂੰ ਜੀਵਨ ਵਿੱਜੋਂ ਕੱਢ ਕੇ ਚੰਗੇ ਗੁਣਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਹੈ, ਇਹ ਤਦ ਹੀ ਸੰਭਵ ਹੈ ਜਦੋਂ ਅਸੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਸਿੱਖਿਆਵਾਂ 'ਤੇ ਚੱਲਾਂਗੇ ਰੁਝੇਵਿਆਂ ਭਰੀ ਜਿੰਦਗੀ ਵਿਚ ਸਾਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਠ ਕਰਨਾ ਅਤੇ ਸੁਣਨਾ ਚਾਹੀਦਾ ਹੈ। ਐਡਵੋਕੇਟ ਨਵਦੀਪ ਸਿੰਘ ਢਿੱਲੋਂ ਨੇ ਸਹਿਜ ਪਾਠ ਸਾਹਿਬ ਵਿੱਚ ਸ਼ਾਮਲ ਹੋਈਆਂ ਸਾਰੀਆਂ ਸੰਗਤਾਂ ਨੂੰ ਜੀ ਆਇਆਂ ਆਖਿਆ। ਇਸ ਮੌਕੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦੇ ਓ ਐਸ ਡੀ ਗੁਲਜ਼ਾਰ ਸਿੰਘ ਵਿਰਕ, ਬੀਜੇਪੀ ਦੇ ਹਲਕਾ ਇੰਚਾਰਜ ਸੁਰਿੰਦਰ ਸਿੰਘ ਖੇੜਕੀ, ਉਦਯੋਗਪਤੀ ਰਮੇਸ ਗਰਗ, ਡਾਕਟਰ ਪ੍ਰੇਮਪਾਲ, ਸਾਬਕਾ ਨਗਰ ਕੌਂਸਲ ਪ੍ਰਧਾਨ ਯਸ਼ਪਾਲ ਸਿੰਗਲਾ, ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਕੁਲਵੰਤ ਸਿੰਘ ਢਿੱਲੋਂ ਤੇ ਹਰਸਿਮਰਨਪਾਲ ਸਿੰਘ ਤੱਤਲਾ, ਲਖਵਿੰਦਰ ਸਿੰਘ ਤਲਵੰਡੀ, ਐਡਵੋਕੇਟ ਸਾਹਿਬ ਸਿੰਘ ਸ਼ੇਰਗੜ੍ਹ, ਐਡਵੋਕੇਟ ਲਵਲੀ ਗਰਗ, ਸਾਬਕਾ ਐਸ ਐਮ ਓ ਡਾਕਟਰ ਰਾਜਪਾਲ ਸਿੰਘ, ਐਕਸੀਅਨ ਕੰਵਰਦੀਪ ਸਿੰਘ , ਐਡਵੋਕੇਟ ਹਰਤੇਜ ਸਿੰਘ ਸੰਧੂ, ਪ੍ਰਿਥਪਾਲ ਸਿੰਘ ਰਵੇਲ, ਰੋਮੀ ਵਡੇਰਾ, ਵਿਪਨ ਬਾਂਸਲ, ਪਰਵਿੰਦਰ ਸਿੰਘ ਗਿੱਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਵਿਵੇਕਾਨੰਦ ਵਰਲਡ ਸਕੂਲ ਭਾਰਤੀ ਗੌਰਵ ਪੁਰਸਕਾਰ ਨਾਲ ਸਨਮਾਨਤ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਵਿਵੇਕਾਨੰਦ ਵਰਲਡ ਸਕੂਲ ਨੂੰ ਸਹਿ-ਸਿੱਖਿਆ ਗਤੀਵਿਧੀਆਂ ਨੂੰ ਉਤਸ਼ਾਹਤ ਕਰਨ ਲਈ 'ਸਰਬੋਤਮ ਸਕੂਲ' ਵਜੋਂ ਭਾਰਤੀ ਗੌਰਵ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਡਾਇਰੈਕਟਰ ਡਾ: ਐੱਸ ਐੱਨ ਰੁਦਰਾ ਨੇ ਕਿਹਾ ਇਹ ਪੁਰਸਕਾਰ ਸਕੂਲ ਦੀ ਸਕੱਤਰ ਡੌਲੀ ਭਾਸਕਰ ਨੇ ਸਹਿ-ਸਿੱਖਿਆ ਗਤੀਵਿਧੀਆਂ ਨੂੰ ਉਤਸ਼ਾਹਤ ਕਰਨ ਲਈ ਮਸ਼ਹੂਰ ਭਾਰਤੀ ਕ੍ਰਿਕਟ ਖਿਡਾਰੀ ਮਦਨ ਲਾਲ ਹੱਥੋਂ ਪ੍ਰਾਪਤ ਕੀਤਾ ਹੈ। ਇਹ ਸਨਮਾਨ ਵਿਵੇਕਾਨੰਦ ਵਰਲਡ ਸਕੂਲ ਦੇ ਪ੍ਰਬੰਧਕਾਂ, ਅਧਿਆਪਕਾਂ, ਵਿਦਿਆਰਥੀਆਂ ਤੇ ਮਾਪਿਆਂ ਦੀ ਲਗਨ ਤੇ ਮਿਹਨਤ ਦਾ ਪ੍ਰਤੀਕ ਹੈ।ਸਕੂਲ ਨੇ ਆਪਣੇ ਸਮਰਪਤ ਵਿਦਿਆਰਥੀਆਂ, ਉਨ੍ਹਾਂ ਦੇ ਮਿਹਨਤੀ ਅਧਿਆਪਕਾਂ ਤੇ ਸਹਿਯੋਗੀ ਮਾਪਿਆਂ ਦੀ ਮਦਦ ਨਾਲ ਇਹ ਉਪਲਬਧੀ ਹਾਸਲ ਕੀਤੀ ਹੈ।ਸਕੂਲ ਨੇ ਸਿੱਖਿਆ ਤੇ ਸਹਿ-ਸਿੱਖਿਆ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਨੂੰ ਸਿੱਖਿਅਤ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਵਿਵੇਕਾਨੰਦ ਵਰਲਡ ਸਕੂਲ ਨੇ ਪਛੜੇ ਖੇਤਰਾਂ ਦੇ ਹੋਣਹਾਰ ਵਿਦਿਆਰਥੀਆਂ ਨੂੰ ਮੁਫ਼ਤ ਸਿੱਖਿਆ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸਾਲਾਨਾ ਵਜ਼ੀਫ਼ਾ ਯੋਜਨਾ ਵੀ ਲਾਗੂ ਕੀਤੀ ਹੈ, ਜਿਸ ਕਾਰਨ ਹਰ ਸਾਲ ਬਹੁਤ ਸਾਰੇ ਵਿਦਿਆਰਥੀ ਗੁਣਾਤਮਕ ਸਿੱਖਿਆ ਪ੍ਰਾਪਤ ਕਰ ਰਹੇ ਹਨ।ਵਿਵੇਕਾਨੰਦ ਵਰਲਡ ਸਕੂਲ ਨੇ ਵਿਦਿਆਰਥੀਆਂ ਨੂੰ ਸਿੱਖਿਅਤ ਕਰਕੇ ਤੇ ਅਕਾਦਮਿਕ ਦੇ ਨਾਲ-ਨਾਲ ਸਹਿ-ਸਿੱਖਿਅਕ ਗਤੀਵਿਧੀਆਂ ਰਾਹੀਂ ਸਥਾਨਕ ਤੇ ਰਾਸ਼ਟਰੀ ਪੱਧਰ 'ਤੇ ਸਿੱਖਿਆ ਦੇ ਖੇਤਰ ਵਿੱਚ ਉੱਤਮ ਪ੍ਰਦਰਸ਼ਨ ਕਰਨ ਦੇ ਨਿਰੰਤਰ ਯਤਨ ਕੀਤੇ ਹਨ। ਡਾ. ਐੱਸ. ਐੱਨ. ਰੁਦਰਾ ਨੇ ਕਿਹਾ ਕਿ ਆਧੁਨਿਕ ਸਹੂਲਤਾਂ ਨਾਲ ਭਰਪੂਰ ਫ਼ਿਰੋਜ਼ਪੁਰ ਵਰਗੇ ਸਰਹੱਦੀ ਖੇਤਰ ਵਿੱਚ ਵਿਵੇਕਾਨੰਦ ਵਰਲਡ ਸਕੂਲ ਨੇ ਥੋੜ੍ਹੇ ਸਮੇਂ ਵਿੱਚ ਹੀ ਨਵੇਂ ਮਾਪਦੰਡ ਸਥਾਪਤ ਕਰਕੇ ਸਥਾਨਕ ਲੋਕਾਂ ਦੇ ਦਿਲਾਂ ਵਿੱਚ ਇੱਕ ਵਿਸ਼ੇਸ਼ ਪਹਿਚਾਣ ਬਣਾਈ ਹੈ। ਵਿਵੇਕਾਨੰਦ ਵਰਲਡ ਸਕੂਲ, ਸਿੱਖਿਆ ਦੇ ਖੇਤਰ ਵਿੱਚ ਇੱਕ ਨਵੇਂ ਪ੍ਰਵੇਸ਼ ਵਜੋਂ ਉੱਭਰਦੇ ਹੋਏ ਮੋਹਨ ਲਾਲ ਭਾਸਕਰ ਐਜੂਕੇਸ਼ਨਲ ਸੁਸਾਇਟੀ ਤੇ ਫਾਊਂਡੇਸ਼ਨ ਦੇ ਸਰਪ੍ਰਸਤ ਪ੍ਰਭਾ ਭਾਸਕਰ, ਸੀ. ਏ. ਤੇ ਜੈਨੇਸਿਸ ਡੈਂਟਲ ਕਾਲਜ ਦੇ ਚੇਅਰਮੈਨ, ਵਰਿੰਦਰ ਮੋਹਨ ਸਿੰਘਲ, ਜੈਨੇਸਿਸ ਡੈਂਟਲ ਕਾਲਜ ਦੇ ਸੀ ਏ ਤੇ ਕੋ-ਚੇਅਰਮੈਨ ਗਗਨਦੀਪ ਸਿੰਘਲ, ਪ੍ਰਸਿੱਧ ਉਦਯੋਗਪਤੀ ਤੇ ਜੈਨੇਸਿਸ ਡੈਂਟਲ ਕਾਲਜ ਦੇ ਕੋ-ਚੇਅਰਮੈਨ ਸਮੀਰ ਮਿੱਤਲ, ਝਲਕੇਸ਼ਵਰ ਭਾਸਕਰ, ਸੁਰਿੰਦਰ ਗੋਇਲ, ਹਰਸ਼ ਭੋਲਾ, ਸੰਤੋਖ ਸਿੰਘ, ਅਮਰਜੀਤ ਸਿੰਘ ਭੋਗਲ, ਪ੍ਰੋਫੈਸਰ ਗੁਰਤੇਜ ਕੁਹਾੜਵਾਲਾ, ਅਮਨ ਦੀਓੜਾ, ਅਮਿਤ ਧਵਨ, ਅਨਿਲ ਬਾਂਸਲ, ਹਰਸ਼ ਅਰੋੜਾ, ਹਰਮੀਤ ਵਿਦਿਆਰਥੀ, ਕਮਲ ਦ੍ਰਾਵਿੜ, ਮੇਹਰ ਮੱਲ, ਡਾ: ਨਰੇਸ਼ ਖੰਨਾ, ਰਿੱਕੀ ਸ਼ਰਮਾ ਤੇ ਸ਼ਲੰਦਰ ਭੱਲਾ ਨੇ ਵਧਾਈ ਦਿੱਤੀ।

# ਐੱਸ ਐੱਸ ਪਬਲਿਕ ਸਕੂਲ 'ਚ ਮਾਂ ਬੋਲੀ ਸੰਬੰਧੀ ਜਾਗਰੂਕਤਾ ਕੈਂਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਐੱਸ ਐੱਸ ਪਬਲਿਕ ਸਕੂਲ ਵਿੱਚ ਬੱਚਿਆਂ ਨੂੰ ਮਾਂ ਬੋਲੀ ਪੰਜਾਬੀ ਨਾਲ ਸਬੰਧਤ ਜਾਗਰੂਕਤਾ ਕੈਂਪ ਲਗਾਇਆ ਗਿਆ ਤੇ ਨੈਤਿਕਤਾ ਦਾ ਪਾਠ ਪੜ੍ਹਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਦੇ ਦੌਰ 'ਤੇ ਪੀ ਸੀ ਕੁਮਾਰ ਮੁੱਖ ਸਮਾਜ ਸੇਵਕ ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਵਿਭਾਗ ਸੀਨੀਅਰ ਸਿਟੀਜਨ ਸਮਾਜ ਸੁਧਾਰਕ ਪਹੁੰਚੇ, ਜਿਨ੍ਹਾਂ ਨੇ ਬੱਚਿਆਂ ਨੂੰ ਮਾਂ ਬੋਲੀ ਪੰਜਾਬੀ ਸਬੰਧੀ ਜਾਗਰੂਕ ਕੀਤਾ। ਇਹ ਬੋਲੀ ਜੋ ਮਾਂ ਦੀ ਕੁੱਖ ਤੋਂ ਸਿੱਖਣਾ ਸ਼ੁਰੂ ਕਰ ਦਿੰਦੇ ਹਾਂ ਹੌਲੀ ਹੌਲੀ ਪਰਿਵਾਰ, ਸਕੂਲ, ਸਮਾਜ, ਦੇਸ਼ ਵਿੱਚ ਸਿੱਖ ਕੇ ਇਸ ਨਾਲ ਉਸੇ ਤਰ੍ਹਾਂ ਪਿਆਰ ਕਰਦੇ ਹਾਂ, ਜਿਸ ਤਰ੍ਹਾਂ ਅਸੀਂ ਆਪਣੀ ਮਾਂ ਨੂੰ ਸਭ ਤੋਂ ਵੱਡਾ ਦੇਵਤਾ, ਉਸੇ ਤਰ੍ਹਾਂ ਪੰਜਾਬੀ ਨੂੰ ਮਾਂ ਭਾਸ਼ਾ ਦਾ ਮਾਣ ਦਿੰਦੇ ਹਾਂ। ਇਸ ਦੇ ਨਾਲ ਹੀ ਬੱਚਿਆਂ ਨੂੰ ਸਰੀਰਕ, ਮਾਨਸਿਕ, ਸਮਾਜਿਕ, ਕੁਰੀਤੀਆਂ, ਬਿਮਾਰੀਆਂ ਪ੍ਰਤੀ ਜਾਗਰੂਕ ਕੀਤਾ ਗਿਆ ਤੇ ਉਨ੍ਹਾਂ ਨੂੰ ਨੈਤਿਕਤਾ ਦਾ ਪਾਠ ਪੜ੍ਹਾਇਆ। ਅੰਤ ਵਿੱਚ ਬੱਚਿਆਂ, ਟੀਚਰਾਂ, ਮਾਪਿਆਂ ਵੱਲੋਂ ਹੱਥ ਖੜ੍ਹੇ ਕਰਕੇ ਇਨ੍ਹਾਂ ਗੱਲਾਂ 'ਤੇ ਅਮਲ ਕਰਨ ਦਾ ਪ੍ਰਣ ਲਿਆ। ਇਸ ਮੌਕੇ ਪ੍ਰਿੰਸੀਪਲ ਸੁਨੀਤਾ ਖੰਨਾ ਤੋਂ ਇਲਾਵਾ ਸਕੂਲ ਸਟਾਫ ਵੀ ਹਾਜ਼ਰ ਸੀ।

# ਵਿਸ਼ਵ ਵਪਾਰ ਸੰਸਥਾ ਤੇ ਕਿਸਾਨਾਂ 'ਤੇ ਤਸ਼ੱਦਦ ਵਿਰੁੱਧ ਸੜਕਾਂ 'ਤੇ ਉਤਾਰੇ ਟਰੈਕਟਰ



ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਸੰਯੁਕਤ ਕਿਸਾਨ ਮੋਰਚੇ ਵੱਲੋਂ ਅੱਜ ਦੇ ਦਿਨ ਟ੍ਰੈਕਟਰ ਜੀਟੀ ਰੋਡ ਉਪਰ ਖੜੇ ਕਰਕੇ ਰੋਸ ਪ੍ਰਗਟ ਕਰਨ ਅਤੇ ਡਬਲਿਊਟੀਓ ਦੇ ਪੁਤਲੇ ਫੂਕਣ ਦੇ ਦਿੱਤੇ ਸੱਦੇ ਤਹਿਤ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਕਮੇਟੀ ਮੈਂਬਰ ਕਾਮਰੇਡ ਮਹਾਂਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਤਰਨ ਤਾਰਨ-ਹਰੀਕੇ ਹਾਈਵੇ ਉਪਰ ਟਰੈਕਟਰ ਖੜ੍ਹੇ ਕਰਕੇ ਰੋਸ ਪ੍ਰਗਟ ਕਰਨ ਵਾਸਤੇ ਟਰੈਕਟਰਜ਼ ਰਵਾਨਾ ਹੋਏ।ਇਸ ਮੌਕੇ ਮਹਾਂਬੀਰ ਸਿੰਘ ਗਿੱਲ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਹੜੇ ਕਹਿੰਦੇ ਹਨ ਟਰੈਕਟਰ ਜੀਟੀ ਰੋਡ ਉੱਪਰ ਨਹੀਂ ਚੜ੍ਹ ਸਕਦੇ ਉਨ੍ਹਾਂ ਲੋਕਾਂ ਨੂੰ ਅਸੀਂ ਦੱਸ ਦੇਣਾ ਚਾਹੁੰਦੇ ਹਾਂ ਕਿ ਅਸੀਂ ਕਿਸਾਨੀ ਮੰਗਾਂ ਨੂੰ ਲੈ ਕੇ ਰੋਸ ਪ੍ਰਗਟ ਕਰ ਰਹੇ ਹਾਂ।

ਉਨ੍ਹਾਂ ਕਿਹਾ ਕਿ ਜਦੋਂ ਦੀਆਂ ਡਬਲਿਊਟੀਓ ਦੀਆਂ ਨੀਤੀਆਂ ਅਸਲ ਰੂਪ ਵਿੱਚ ਲਾਗੂ ਹੋਣ ਲੱਗੀਆਂ ਹਨ ਉਸ ਦੇ ਪ੍ਰਭਾਵ ਨਾਲ ਸਾਰੇ ਸੰਸਾਰ ਦੇ ਕਿਸਾਨਾਂ-ਮਜ਼ਦੂਰਾਂ ਦੀਆਂ ਆਤਮ ਹੱਤਿਆਵਾਂ ਦੀ ਦਰ ਵਿੱਚ ਵਾਧਾ ਹੋਇਆ ਹੈ। ਉਨ੍ਹਾਂ ਦੱਸਿਆ ਕਿ ਅੱਜ ਸਵੇਰੇ 11-00 ਵਜੇ ਤੋਂ ਲੈ ਕੇ ਸ਼ਾਮ 4-00 ਵਜੇ ਤੱਕ ਜੀ ਟੀ ਰੋਡ ਉਪਰ ਟਰੈਕਟਰ ਖੜੇ ਕਰਕੇ ਰੋਸ ਪ੍ਰਗਟ ਕੀਤਾ ਗਿਆ। ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਦੀਆਂ ਫਸਲਾਂ ਉਪਰ ਐੱਮਐੱਸਪੀ ਕਾਨੂੰਨ ਤਰੁੰਤ ਬਣਾਇਆ ਜਾਵੇ।

ਡਬਲਿਊਟੀਓ ਵਿੱਚੋਂ ਫੌਰੀ ਤੌਰ 'ਤੇ ਬਾਹਰ ਆਇਆ ਜਾਵੇ ਤਾਂ ਕਿ ਦੇਸ਼ ਦੀ ਕਿਸਾਨੀ ਨੂੰ ਬਚਾਇਆ ਜਾ ਸਕੇ।ਇਸ ਮੌਕੇ ਮਾਸਟਰ ਬਲਕਾਰ ਸਿੰਘ ਵਲਟੋਹਾ, ਜ਼ਿਲ੍ਹਾ ਜਰਨਲ ਸਕੱਤਰ ਕੁੱਲ ਹਿੰਦ ਕਿਸਾਨ ਸਭਾ, ਦਿਲਬਾਗ ਸਿੰਘ, ਜਥੇਦਾਰ ਬਲਕਾਰ ਸਿੰਘ ਲੀਲ, ਬਾਜ ਸਿੰਘ ਸੋਨੀ ਕੁੱਲਾ ਅਤੇ ਪ੍ਰਿੰਸੀਪਲ ਦਲਬੀਰ ਸਿੰਘ ਆਦਿ ਆਗੂ ਮੌਜੂਦ ਸਨ

# ਮਾਨ ਦੇ ਐਲਾਨ ਨਾਲ ਗੁਰਦਾਸਪੁਰ ਇੰਡਸਟਰੀਅਲ ਅਸਟੇਟ ਦੇ ਸਨਅਤਕਾਰਾਂ 'ਚ ਖ਼ੁਸ਼ੀ ਦੀ ਲਹਿਰ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਬੀਤੇ ਦਿਨੀਂ ਦੀਨਾਨਗਰ ਵਿਖੇ ਹੋਈ ਸਰਕਾਰ-ਵਪਾਰ ਮਿਲਣੀ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇੰਡਸਟਰੀਅਲ ਅਸਟੇਟ ਗੁਰਦਾਸਪੁਰ ਦੇ ਵਿਕਾਸ ਅਤੇ ਸਨਅਤਕਾਰਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਦਾ ਭਰੋਸਾ ਦੇਣ ਤੋਂ ਬਾਅਦ ਸਨਅਤਕਾਰ ਪੂਰੀ ਤਰ੍ਹਾਂ ਖ਼ੁਸ਼ ਹਨ।

ਇੰਡਸਟਰੀਅਲ ਅਸਟੇਟ ਗੁਰਦਾਸਪੁਰ ਦੇ ਸਨਅਤਕਾਰਾਂ ਦੇ ਮਸਲੇ ਨੂੰ ਉਠਾਉਣ ਅਤੇ ਹੱਲ ਕਰਵਾਉਣ ਵਿੱਚ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਮੁੱਖ ਸੂਤਰਧਾਰ ਬਣੇ ਹਨ।ਉਦਯੋਗਪਤੀ ਰਵੀ ਖੰਨਾ ਨੇ ਗੁਰਦਾਸਪੁਰ ਇੰਡਸਟਰੀਅਲ ਅਸਟੇਟ ਦਾ ਮੁੱਦਾ ਚੁੱਕਦਿਆਂ ਕਿਹਾ ਕਿ ਸਨਅਤੀ ਇਲਾਕਾ ਗੁਰਦਾਸਪੁਰ ਬਹੁਤ ਪਹਿਲਾਂ ਹੋਂਦ ਵਿੱਚ ਆਇਆ ਸੀ ਪਰ ਉਦੋਂ ਤੋਂ ਹੀ ਸਮੱਸਿਆਵਾਂ ਦੀ ਦਲਦਲ ਵਿੱਚ ਫਸਿਆ ਹੋਇਆ ਹੈ। ਇਹ ਪਹਿਲੀ ਵਾਰ ਹੈ ਕਿ ਕੋਈ ਮੁੱਖ ਮੰਤਰੀ ਸਰਹੱਦੀ ਖੇਤਰ ਵਿੱਚ ਆਇਆ ਹੈ। ਖੰਨਾ ਨੇ ਗੁਰਦਾਸਪੁਰ ਇੰਡਸਟਰੀਅਲ ਅਸਟੇਟ ਵਿੱਚ ਸੜਕਾਂ, ਸੀਵਰੇਜ, ਬਿਜਲੀ ਸਪਲਾਈ ਆਦਿ ਮਸਲਿਆਂ ਦੇ ਹੱਲ ਦੀ ਮੁੱਖ ਮੰਤਰੀ ਕੋਲ ਗੁਹਾਰ ਲਗਾਈ।ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ 1.87 ਕਰੋੜ ਰੁਪਏ ਦੀ ਲਾਗਤ ਨਾਲ ਇੰਡਸਟਰੀਅਲ ਅਸਟੇਟ ਗੁਰਦਾਸਪੁਰ ਵਿੱਚ ਸੜਕਾਂ, ਸੀਵਰੇਜ, ਸਟਰੀਟ ਲਾਈਟ, ਹਾਰਟੀਕਲਚਰ ਦੇ



ਵਿਕਾਸ ਕਾਰਜਾਂ ਨੂੰ ਮੁਕੰਮਲ ਕਰਕੇ ਸਾਰੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।

ਇਸ ਤੋਂ ਇਲਾਵਾ ਉਨ੍ਹਾਂ ਨੇ ਕਿਹਾ ਕਿ 1 ਕਰੋੜ ਰੁਪਏ ਦੀ ਲਾਗਤ ਨਾਲ ਇੰਡਸਟਰੀਅਲ ਅਸਟੇਟ ਗੁਰਦਾਸਪੁਰ ਨੂੰ ਬਿਜਲੀ ਘਰ ਤੋਂ ਨਵੇਂ ਫੀਡਰ ਰਾਹੀਂ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਜਾਵੇਗੀ ਤਾਂ ਜੋ ਸਨਅਤਾਂ ਵਿੱਚ ਬਿਜਲੀ ਕੱਟ ਨਾ ਲੱਗਣ। ਉਨ੍ਹਾਂ ਹਾਜ਼ਰ ਅਧਿਕਾਰੀਆਂ ਨੂੰ ਇੰਡਸਟਰੀਅਲ ਅਸਟੇਟ ਗੁਰਦਾਸਪੁਰ ਦੀਆਂ ਮੁਸ਼ਕਲਾਂ ਤੁਰੰਤ ਹੱਲ ਕਰਨ ਦੇ ਦਿੱਤੇ ਨਿਰਦੇਸ਼ ਤੋਂ ਸਮੂਹ ਸਨਅਤਕਾਰ ਤੇ ਵਪਾਰੀ ਖ਼ੁਸ਼ ਹਨ ਅਤੇ ਉਨ੍ਹਾਂ ਨੇ ਇਸ ਵੱਡੀ ਰਾਹਤ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਚੇਅਰਮੈਨ ਰਮਨ ਬਹਿਲ ਦਾ ਧੰਨਵਾਦ ਕੀਤਾ ਹੈ।

# ਸ਼ਹਿਦ ਦੀਆਂ ਮੱਖੀਆਂ ਪਾਲਣ ਸੰਬੰਧੀ ਟਰੇਨਿੰਗ ਕੈਂਪ ਪਹਿਲੀ ਤੋਂ

ਮੋਹਾਲੀ (ਗੁਰਜੀਤ ਬਿੱਲਾ) ਜਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਸ਼ਹਿਦ ਦੀਆਂ ਮੱਖੀਆਂ ਪਾਲਣ (ਬੀ-ਕੀਪਿੰਗ) ਦੇ ਕਿੱਤੇ ਨੂੰ ਉਤਸ਼ਾਹਿਤ ਕਰਨ ਲਈ ਡਿਪਟੀ ਕਮਿਸ਼ਨਰ ਸ਼੍ਰੀਮਤੀ ਆਸ਼ਿਕਾ ਜੈਨ, ਆਈ ਏ ਐਸ ਦੀ ਪ੍ਰੇਰਨਾ ਅਤੇ ਡਾ. ਗੁਰਮੇਲ ਸਿੰਘ ਮੁੱਖ ਖੇਤੀਬਾੜੀ ਅਫਸਰ, ਐਸ ਏ ਐਸ ਨਗਰ ਦੀ ਯੋਗ ਅਗਵਾਈ ਹੇਠ ਆਤਮਾ ਸਕੀਮ ਅਧੀਨ ਕ੍ਰਿਸ਼ੀ ਵਿਗਿਆਨ ਕੇਂਦਰ ਕੁਰਾਲੀ ਅਤੇ ਬਾਗਬਾਨੀ ਵਿਭਾਗ ਜ਼ਿਲ੍ਹਾ ਐਸ ਏ ਐਸ ਨਗਰ ਵੱਲੋਂ 5 ਦਿਨਾਂ ਦੀ ਟਰੇਨਿੰਗ 1 ਮਾਰਚ ਤੋਂ 7 ਮਾਰਚ ਤੱਕ ਮੁੱਖ ਖੇਤੀਬਾੜੀ ਅਫਸਰ ਦੇ ਦਫਤਰ, ਚੌਥੀ ਮੰਜੀਲ, ਜਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76 ਐਸ.ਏ.ਐਸ ਨਗਰ ਵਿਖੇ ਲਗਾਈ ਜਾ ਰਹੀ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜਗਦੀਸ਼ ਸਿੰਘ ਕਾਹਮਾ, ਡਿਪਟੀ ਡਾਇਰੈਕਟਰ ਬਾਗਬਾਨੀ, ਐਸ ਏ ਐਸ ਨਗਰ ਨੇ ਦੱਸਿਆ ਕਿ ਇਸ ਟਰੇਨਿੰਗ ਕੈਂਪ ਵਿੱਚ ਹਾਜ਼ਰ ਹੋਣ ਵਾਲੇ ਕਿਸਾਨਾਂ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਸਇੰਸਦਾਨਾਂ ਵੱਲੋਂ ਸ਼ਹਿਦ ਦੀਆਂ ਮੱਖੀਆਂ ਪਾਲਣ ਸੰਬੰਧੀ ਵਿਸਥਾਰਪੂਰਵਕ ਟਰੇਨਿੰਗ ਦਿੱਤੀ ਜਾਵੇਗੀ ਅਤੇ ਟਰੇਨਿੰਗ ਵਿੱਚ ਭਾਗ ਲੈਣ ਵਾਲੇ ਕਿਸਾਨਾਂ ਦਾ ਐਕਸਪੋਜ਼ਰ ਵਿਜ਼ਿਟ ਵੀ ਕਰਵਾਇਆ ਜਾਵੇਗਾ।

# ਅੰਬੈਸਡਰ ਐਰਿਕ ਗਾਰਸੇਟੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸੰਯੁਕਤ ਰਾਜ ਅਮਰੀਕਾ ਦੇ ਭਾਰਤ ਵਿੱਚ ਅੰਬੈਸਡਰ ਐਰਿਕ ਗਾਰਸੇਟੀ ਅੱਜ ਆਪਣੀ ਪਤਨੀ ਐਮੀ ਵੇਕਲੈਂਡ ਸਮੇਤ ਪਰਿਵਾਰਕ ਮੈਂਬਰਾਂ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ।

ਇਸ ਦੌਰਾਨ ਅੰਬੈਸਡਰ ਗਾਰਸੇਟੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰਬਾਣੀ ਕੀਰਤਨ ਸਰਵਣ ਕੀਤਾ। ਉਹ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਵੀ ਗਏ, ਜਿਥੇ ਉਨ੍ਹਾਂ ਨੇ ਲੰਗਰ ਸੇਵਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੰਬੈਸਡਰ ਗਾਰਸੇਟੀ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦਾ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ, ਪੁਸਤਕਾਂ ਅਤੇ ਲੋਈ ਦੇ ਕੇ ਸਨਮਾਨ ਕੀਤਾ। ਇਸ ਤੋਂ ਪਹਿਲਾਂ ਐਡਵੋਕੇਟ ਧਾਮੀ ਅਤੇ ਅੰਬੈਸਡਰ ਗਾਰਸੇਟੀ ਨੇ ਮੁਲਾਕਾਤ ਦੌਰਾਨ ਵੱਖ-ਵੱਖ ਵਿਸ਼ਿਆਂ ਉੱਤੇ ਵਿਚਾਰ ਚਰਚਾ ਕੀਤੀ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਔਲਖ ਖੁਰਦ ਨੂੰ ਵਾਟਰ ਕੂਲਰ ਭੇਟ

ਕਾਦੀਆ (ਯਾਦਵਿੰਦਰ ਸਿੰਘ ਮਲਹੋਤਰਾ)-ਪਿੰਡ ਔਲਖ ਖੁਰਦ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਬਤੌਰ ਅਧਿਆਪਕ ਸਰਬਜੀਤ ਕੌਰ ਅਤੇ ਤੇਜਿੰਦਰ ਸਿੰਘ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂੰ ਠੰਡਾ ਪਾਣੀ ਪੀਣ ਲਈ ਵਾਟਰ ਕੂਲਰ ਭੇਟ ਕੀਤਾ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸਕੂਲ ਦੇ



ਪ੍ਰਿੰਸੀਪਲ ਰਾਜ ਕੁਮਾਰ ਨੇ ਦੱਸਿਆ ਕਿ ਮੈਡਮ ਸਰਬਜੀਤ ਕੌਰ ਅੰਗਰੇਜ਼ੀ ਅਧਿਆਪਕਾ ਸੀਨੀਅਰ ਸੈਕੰਡਰੀ ਸਕੂਲ ਅਤੇ ਉਨ੍ਹਾਂ ਦੇ ਪਤੀ ਤੇਜਿੰਦਰ ਸਿੰਘ ਨੇ ਆਪਣੇ ਘਰ ਬੇਟਾ ਹੋਣ ਦੀ ਖੁਸ਼ੀ ਵਿੱਚ ਸਕੂਲ ਨੂੰ ਵਾਟਰ ਕੂਲਰ ਭੇਟ ਕੀਤਾ ਹੈ। ਮੈਡਮ ਸਰਬਜੀਤ ਕੌਰ ਅਤੇ ਉਨ੍ਹਾਂ ਦੇ ਪਤੀ ਵੱਲੋਂ ਕੀਤੇ ਗਏ ਇਸ ਨੇਕ ਉਪਰਾਲੇ ਲਈ ਸਕੂਲ ਦੇ ਪ੍ਰਿੰਸੀਪਲ ਅਤੇ ਸਕੂਲ ਦੇ ਸਮੂਹ ਸਟਾਫ ਨੇ ਉਨ੍ਹਾਂ ਨੂੰ ਉਨ੍ਹਾਂ ਦਾ ਧੰਨਵਾਦ ਕੀਤਾ ਤੇ ਵਾਹਿਗੁਰੂ ਅੱਗੇ ਸਾਰੇ ਪਰਿਵਾਰ ਨੂੰ ਚੜ੍ਹਦੀ ਕਲਾ ਵਿੱਚ ਰੱਖਣ ਦੀ ਅਰਦਾਸ ਕੀਤੀ।

# .ਗਰੀਬ ਮਜ਼ਦੂਰ ਦੀ ਨਿਕਲੀ 21 ਲੱਖ ਰੁਪਏ ਦੀ ਲਾਟਰੀ

ਗੁਰਦਾਸਪੁਰ (ਜਨਕ ਮਹਾਜਨ)-ਇਕ ਮਜ਼ਦੂਰ ਵਲੋਂ ਸਵੇਰੇ 7.30 ਵਜੇ ਦੇ ਕਰੀਬ 50 ਰੁਪਏ ਦਾ ਖ਼ਰੀਦ ਕੀਤਾ ਲਾਟਰੀ ਬੰਪਰ ਅੱਧੇ ਘੰਟੇ ਬਾਅਦ ਹੀ ਨਿਕਲ ਆਇਆ। ਤਰਸੇਮ ਲਾਲ ਨੇ ਦੱਸਿਆ ਕਿ ਉਹ ਪਿਛਲੇ ਲੰਬੇ ਸਮੇਂ ਤੋਂ ਕਿਰਾਏ ਦੇ ਮਕਾਨ 'ਚ ਇਸਲਾਮਾਬਾਦ ਮੁਹੱਲੇ ਵਿਚ ਰਹਿ ਰਿਹਾ ਹੈ ਅਤੇ ਸੋਫੇ ਬਣਾਉਣ ਦਾ ਕੰਮ ਕਰਦਾ ਹੈ। ਤਰਸੇਮ ਲਾਲ ਨੇ ਦੱਸਿਆ ਕਿ



ਉਸ ਨੇ 7.30 ਵਜੇ ਦੇ ਕਰੀਬ 50 ਰੁਪਏ ਦੀ ਲਾਟਰੀ ਪਾਈ ਸੀ, ਉਸ ਤੋਂ ਅੱਧੇ ਘੰਟੇ ਬਾਅਦ ਹੀ ਮੈਨੂੰ ਲਾਟਰੀ ਸਟਾਲ ਤੋਂ ਫ਼ੋਨ ਆ ਗਿਆ ਕਿ ਤੁਹਾਡੀ 21 ਲੱਖ ਰੁਪਏ ਦੀ ਲਾਟਰੀ ਨਿਕਲ ਗਈ ਹੈ। ਤਰਸੇਮ ਲਾਲ ਨੇ ਕਿਹਾ ਕਿ ਮੈਂ ਹੁਣ ਆਪਣੇ ਬੱਚਿਆਂ ਨੂੰ ਉਚ ਪੱਧਰੀ ਸਿੱਖਿਆ ਦਿਵਾ ਕੇ ਚੰਗੇ ਮੁਕਾਮ 'ਤੇ ਪਹੁੰਚਾਵਾਂਗਾ।

# ਅਨ-ਏਡਿਡ ਸਟਾਫ ਫਰੰਟ ਪੰਜਾਬ ਜ਼ਿਲਾ ਗੁਰਦਾਸਪੁਰ ਨੇ ਧਾਲੀਵਾਲ ਨਾਲ ਕੀਤੀ ਮੁਲਾਕਾਤ

ਗੁਰਦਾਸੁਰ (ਜਨਕ ਮਹਾਜਨ)-ਅਨ-ਏਡਿਡ ਸਟਾਫ ਫਰੰਟ ਪੰਜਾਬ ਜਿਲ੍ਹਾ ਗੁਰਦਾਸਪੁਰ ਦੀ ਟੀਮ ਵੱਲੋਂ ਮਾਨਯੋਗ ਪੰਚਾਇਤ ਤੇ ਐੱਨਆਰਆਈ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨਾਲ ਮੁਲਾਕਾਤ ਕੀਤੀ ਗਈ ਅਤੇ ਉਨ੍ਹਾਂ ਨੂੰ ਆਪਣੀ ਯੂਨੀਅਨ ਦੀਆਂ ਮੰਗਾਂ ਪ੍ਰਤੀ ਜਾਣੂੰ ਕਰਵਾਉਂਦਿਆਂ ਮੰਗ ਪੱਤਰ ਸੌਂਪਿਆ ਗਿਆ। ਇਨ੍ਹਾਂ ਮੰਗਾਂ ਨੂੰ ਜਲਦੀ ਲਾਗੂ ਕਰਨ ਲਈ ਉਨ੍ਹਾਂ ਨੇ ਸਾਡੀਆਂ ਮੰਗਾਂ ਨੂੰ ਜਲਦੀ ਮੰਨਣ 'ਤੇ ਸਿੱਖਿਆ ਮੰਤਰੀ ਪੰਜਾਬ ਸਰਦਾਰ ਹਰਜੋਤ ਸਿੰਘ ਬੈਂਸ ਨਾਲ ਮੀਟਿੰਗ ਕਰਵਾਉਣ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਸੁਖਚੈਨ ਸਿੰਘ ਸੀਨੀਅਰ ਮੀਤ ਪ੍ਰਧਾਨ ਸਟੇਟ ਕਮੇਟੀ, ਨਵਨੀਤ ਕੁਮਾਰ, ਸੁਖਦੇਵ ਸਿੰਘ, ਯੋਗੇਸ਼ ਕੁਮਾਰ ਖਜਾਨਚੀ, ਰਾਜ ਕੁਮਾਰ ਅਤੇ ਵਿਸ਼ਾਲ ਹਾਜ਼ਰ ਸਨ।



# ਸ਼ਹੀਦ ਕੈਪਟਨ ਅਮਰਦੀਪ ਸਿੰਘ ਸਰਾਂ ਮਜੀਠਾ ਦੀ ਸਾਲਾਨਾ ਬਰਸੀ ਮਨਾਈ



ਮਜੀਠਾ (ਸੋਇਮ ਆਨੰਦ)-ਕਾਰਗਿਲ ਸ਼ਹੀਦ ਨੂੰ ਯਾਦ ਕਰਦਿਆਂ ਸ਼ਹੀਦ ਕੈਪਟਨ ਅਮਰਦੀਪ ਸਿੰਘ ਸਰਾਂ ਮਜੀਠਾ ਦੀ ਸਾਲਾਨਾ ਬਰਸੀ ਮਜੀਠਾ ਵਿਖੇ ਮਨਾਈ ਗਈ। ਉਨ੍ਹਾਂ ਦੇ ਗ੍ਰਹਿ ਮਜੀਠਾ ਵਿਖੇ ਸ੍ਰੀ ਅਖੰਡ ਪਾਠ ਸਹਿਬ ਦੇ ਭੋਗ ਪੈਣ ਉਪਰੰਤ ਮਜੀਠਾ ਦੇ ਗੁਰਦੁਆਰਾ ਸੰਗਤਸਰ ਖਾਸਾਪੱਤੀ ਵਿਖੇ ਸ਼ਰਧਾਂਜਲੀ ਸਮਾਗਮ ਹੋਇਆ, ਜਿਸ ਵਿੱਚ ਭਾਈ ਜਗਜੀਤ ਸਿੰਘ ਪਟਿਆਲੇ ਵਾਲੇ ਤੇ ਭਾਈ ਸਹਿਜਪਾਲ ਸਿੰਘ ਦੇ ਕੀਰਤਨੀ ਜਥੇ ਅਤੇ ਭਾਈ ਨਰਿੰਦਰ ਸਿੰਘ ਤੇ ਭਾਈ ਗੁੱਜਰ ਸਿੰਘ ਕਥਾ ਵਾਚਕਾਂ ਵਲੋਂ ਕੀਰਤਨ ਤੇ ਕਥਾ ਵਿਚਾਰਾਂ ਰਾਹੀ ਸੰਗਤਾਂ ਨੂੰ ਨਿਹਾਲ ਕੀਤਾ ਗਿਆ।

ਉਪਰੰਤ ਰਾਜਨੀਤਿਕ, ਧਾਰਮਿਕ ਤੇ ਸਮਾਜ ਸੇਵੀ ਜਥੇਬੰਦੀਆਂ ਦੀਆਂ ਸ਼ਖਸ਼ੀਅਤਾਂ ਵਲੋਂ ਆਪਣੇ ਵੱਖ-ਵੱਖ ਸੰਬੋਧਨਾਂ ਰਾਹੀਂ ਸ਼ਹੀਦ ਨੂੰ ਸ਼ਰਧਾਂਜਲੀਆਂ ਅਰਪਿਤ ਕੀਤੀਆਂ ਗਈਆਂ। ਇਸ ਮੌਕੇ ਗਗਨਦੀਪ ਸਿੰਘ ਭਕਨਾਂ ਨਾਲ ਪ੍ਰਧਾਨ ਨਗਰ ਕੌਂਸਲ ਮਜੀਠਾ ਸਲਵੰਤ ਸਿੰਘ ਸੇਠ, ਤਰੁਨ ਅਬਰੋਲ, ਵਾਇਸ ਪ੍ਰਧਾਨ ਪ੍ਰਿੰਸ ਨਈਅਰ, ਸੁਰਿੰਦਰਪਾਲ ਸਿੰਘ ਗੋਕਲ, ਅਕਾਸ਼ਦੀਪ ਸਿੰਘ ਮਜੀਠਾ, ਪ੍ਰਦੀਪ ਸਿੰਘ ਭੁੱਲਰ, ਦਿਲਬਾਗ ਸਿੰਘ ਗਿੱਲ, ਆਪ ਲੈ: ਜ: ਮਨਜਿੰਦਰ ਸਿੰਘ ਬੋਪਾਰਾਏ, ਕੈਪਟਨ ਮਨਜੀਤ ਸਿੰਘ, ਜਥੇਦਾਰ ਹਰਪਾਲ ਸਿੰਘ ਮਜੀਠਾ, ਓਂਕਾਰ ਸਿੰਘ ਮਜੀਠਾ, ਕੌਂਸਲਰ ਬਿੱਲਾ ਸ਼ਾਹ, ਸੰਤ ਪ੍ਰਕਾਸ਼ ਸਿੰਘ ਮਜੀਠਾ, ਅਮਰਜੀਤ ਸਿੰਘ ਗੋਸਲ, ਬਾਬਾ ਰਛਪਾਲ ਸਿੰਘ, ਆੜ੍ਹਤੀਆ ਦਲਜੀਤ ਸਿੰਘ, ਰਾਜ ਸਿੰਘ ਸ਼ਾਹ, ਚਾਚਾ ਬਿਸ਼ਨ ਸਿੰਘ, ਸੁਖਜਿੰਦਰ ਸਿੰਘ ਬਿੱਟੂ, ਆੜਤੀਆਂ ਲਖਵਿੰਦਰ ਸਿੰਘ, ਰਾਣਾ, ਭਗਵਾਨ ਸਿੰਘ ਭੈਣੀ ਲਿੱਧੜ, ਇੰ: ਰਣਜੀਤ ਸਿੰਘ, ਅਮ੍ਰਿਤਪਾਲ ਸਿੰਘ ਸਮੇਤ ਬਹੁਤ ਸਾਰੇ ਮਜੀਠਾ ਨਿਵਾਸੀ ਹਾਜਰ ਸਨ।

# ਨਾਜਾਇਜ਼ ਸੰਬੰਧਾਂ ਦੇ ਸ਼ੱਕ 'ਚ ਨੌਜਵਾਨ ਦਾ ਕਤਲ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਭਿੱਖੀਵਿੰਡ ਤੋਂ 24 ਸਾਲਾ ਨੌਜਵਾਨ ਨੂੰ ਨਾਜਾਇਜ਼ ਸੰਬੰਧਾਂ ਦੇ ਸ਼ੱਕ ਹੇਠ ਕੁਝ ਕੁ ਅਣਪਛਾਤੇ ਵਿਅਕਤੀਆਂ ਵੱਲੋਂ ਘਰੋਂ ਅਗਵਾ ਕਰਕੇ ਮੌਤ ਦੇ ਘਾਟ ਉਤਾਰ ਦੇਣ ਦਾ ਮਾਮਲਾ ਸਾਹਮਣੇ ਆਇਆ ਹੈ। ਕਤਲ ਕੀਤੇ ਨੌਜਵਾਨ ਦੀ ਪਛਾਣ ਸਤਨਾਮ ਸਿੰਘ ਉਰਫ ਘੁੱਲਾ ਪੁੱਤਰ ਮੇਜਰ ਸਿੰਘ ਵਾਸੀ ਭਿੱਖੀਵਿੰਡ ਵਜੋਂ ਹੋਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਨੌਜਵਾਨ ਰੇਤਾ-ਬੱਜਰੀ ਦੀ ਦੁਕਾਨ 'ਤੇ ਕੰਮ ਕਰਦਾ ਸੀ। ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਮ੍ਰਿਤਕ ਨੌਜਵਾਨ ਸਤਨਾਮ ਸਿੰਘ ਦੇ ਜੀਜਾ ਗੁਰਦਿੱਤ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਸਤਨਾਮ ਸਿੰਘ ਆਪਣੇ ਘਰ 'ਚ ਮੌਜੂਦ ਸੀ। ਸਮਾਂ ਕਰੀਬ 12 ਕੁ ਵਜੇ ਕੁਝ ਕੁ ਅਣਪਛਾਤੇ ਵਿਅਕਤੀਆਂ ਨੇ ਸਤਨਾਮ ਸਿੰਘ ਦੇ ਘਰ ਦਾ ਦਰਵਾਜ਼ਾ ਖੜਕਾਇਆ। ਜਦੋਂ ਸਤਨਾਮ ਸਿੰਘ ਨੇ ਉੱਠ ਕੇ ਦਰਵਾਜ਼ਾ ਖੋਲ੍ਹਿਆ ਤਾਂ ਉਨ੍ਹਾਂ ਅਣਪਛਾਤੇ ਵਿਅਕਤੀਆਂ ਨੇ ਉਸ ਦੀ ਧੌਣ 'ਤੇ ਦਾਤਰ ਮਾਰਿਆ ਤੇ ਉਸ ਨੂੰ ਘਰੋਂ ਅਗਵਾ ਕਰਕੇ ਲੈ ਗਏ। ਨੌਜਵਾਨ ਦੇ ਜੀਜੇ ਨੇ ਦੱਸਿਆ ਕਿ ਅਗਵਾ ਕਰਨ ਤੋਂ ਥੋੜ੍ਹੀ ਦੇਰ ਬਾਅਦ ਉਨ੍ਹਾਂ ਨੂੰ ਕਿਸੇ ਨੇ ਫੋਨ ਕਰਕੇ ਦੱਸਿਆ ਕਿ ਸਤਨਾਮ ਸਿੰਘ ਦੀ ਲਾਸ਼ ਦਾਣਾ ਮੰਡੀ ਭਿੱਖੀਵਿੰਡ ਦੇ ਸਾਹਮਣੇ ਪਈ ਹੋਈ ਹੈ। ਉੱਧਰ ਇਸ ਮਾਮਲੇ ਦੀ ਤਫਤੀਸ਼ ਕਰ ਰਹੇ ਸਬ ਡਵੀਜ਼ਨ ਭਿੱਖੀਵਿੰਡ ਦੇ ਡੀਐੱਸਪੀ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਦੀ ਭਰਜਾਈ ਨੇ ਪੰਜ ਅਣਪਛਾਤੇ ਵਿਅਕਤੀਆਂ ਵੱਲੋਂ ਸਤਨਾਮ ਸਿੰਘ ਨੂੰ ਘਰੋਂ ਚੁੱਕ ਕੇ ਲੈ ਜਾਣ ਸੰਬੰਧੀ ਇੱਕ ਲਿਖਤੀ ਸ਼ਿਕਾਇਤ ਉਨ੍ਹਾਂ ਕੋਲ ਦਰਜ ਕਰਵਾਈ ਸੀ। ਡੀਐੱਸਪੀ ਭਿੱਖੀਵਿੰਡ ਨੇ ਦੱਸਿਆ ਕਿ ਮੁੱਢਲੀ ਤਫਤੀਸ਼ ਅਨੁਸਾਰ ਇਹ ਮਾਮਲਾ ਨਾਜਾਇਜ਼ ਸੰਬੰਧਾਂ ਦਾ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਨੌਜਵਾਨ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

# ਸਰਹਾਲੀ ਮੰਡ ਵਿਖੇ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਸਮੂਹਿਕ ਆਨੰਦ ਕਾਰਜ ਕਰਵਾਏ

ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਧੰਨ ਧੰਨ ਬਾਬਾ ਘੋੜੇ ਸ਼ਾਹ ਜੀ ਪਿੰਡ ਸਰਹਾਲੀ ਮੰਡ ਵਿਖੇ ਪੱਟੀ ਦੇ ਮਸ਼ਹੂਰ ਕਾਰੋਬਾਰੀ ਤਰਸੇਮ ਲਾਲ ਸਰਹਾਲੀ ਵਾਲੇ, ਸੋਨੂੰ ਸਰਹਾਲੀ ਅਤੇ ਵਿੱਕੀ ਸਰਹਾਲੀ (ਬੱਗੜ ਕਰਿਆਨਾ ਸਟੋਰ) ਵਾਲਿਆਂ ਦੇ ਪਰਿਵਾਰ ਵਲੋਂ 8 ਗਰੀਬ ਪਰਿਵਾਰਾਂ ਦੀਆਂ ਲੋੜਵੰਦ ਲੜਕੀਆਂ ਦੀਆਂ ਸਮੂਹਿਕ ਸ਼ਾਦੀਆਂ ਪੂਰਨ ਧਾਰਮਿਕ ਰੀਤਾਂ ਰਿਵਾਜਾਂ ਨਾਲ ਕਰਵਾਈਆਂ ਗਈਆਂ।ਇਸ ਦੌਰਾਨ ਤਰਸੇਮ ਲਾਲ ਦੇ ਪਰਿਵਾਰ ਵਲੋਂ ਸਾਰੀਆਂ ਲੜਕੀਆਂ ਨੂੰ ਬੈੱਡ, ਗੱਦੇ, ਐੱਲਸੀਡੀ, ਬਿਸਤਰੇ, ਅਲਮਾਰੀ, ਬਿਜਲੀ ਦੇ ਪੱਖੇ-ਪ੍ਰੈੱਸ, ਕੁਰਸੀਆਂ-ਮੇਜ਼, ਬਰਤਨ, ਕੱਪੜੇ ਤੇ ਹੋਰ ਘਰੇਲੂ ਵਰਤੋਂ ਵਾਲਾ ਸਾਮਾਨ ਦਿੱਤਾ ਗਿਆ ਅਤੇ ਨਵ-ਵਿਆਹੀਆਂ ਲੜਕੀਆਂ ਨੂੰ ਤੋਹਫਿਆਂ ਦੇ ਤੌਰ 'ਤੇ ਚਾਂਦੀ ਦੀਆਂ ਝਾਂਜਰਾਂ ਵੀ ਦਿੱਤੀਆਂ।



ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਮਹਿਮਾਨਾਂ ਨੇ ਨਵ-ਵਿਆਹੇ ਜੋੜਿਆਂ ਨੂੰ ਆਸ਼ੀਰਵਾਦ ਦਿੰਦਿਆਂ ਕਿਹਾ ਕਿ ਬਾਊ ਤਰਸੇਮ ਲਾਲ ਦੇ ਪਰਿਵਾਰ ਵਲੋਂ ਅੱਠ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਆਨੰਦ ਕਾਰਜ ਕਰਵਾਉਣਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਇਸ ਮੌਕੇ ਮੁੱਖ ਪ੍ਰਬੰਧਕ ਬਾਊ ਰਵੀ ਕੁਮਾਰ ਅਤੇ ਵਿਕਰਮਜੀਤ ਵਿੱਕੀ ਨੇ ਕਿਹਾ ਕਿ ਮਨੁੱਖ ਦੇ ਜੀਵਨ ਅੰਦਰ ਸਮਾਜ ਸੇਵਾ ਹੀ ਸਭ ਤੋਂ ਉੱਤਮ ਕਰਮ ਹੈ ਅਤੇ ਇਸ ਕਾਰਜ ਨੂੰ ਕਰਨ ਲਈ ਤਿਆਗ ਅਤੇ ਦਇਆ ਭਾਵਨਾ ਦੀ ਬਹੁਤ ਲੋੜ ਹੈ।

ਗਰੀਬਾਂ, ਮਜ਼ਦੂਰਾਂ, ਬੇਸਹਾਰਾ ਦੀ ਮਦਦ ਕਰਨਾ ਹੀ ਸਭ ਤੋਂ ਵੱਡਾ ਧਰਮ ਹੈ।ਇਸ ਮੌਕੇ ਸਰਬਜੀਤ ਸਿੰਘ ਟੋਨੀ, ਬਲਦੇਵ ਸਿੰਘ, ਲਖਵਿੰਦਰ ਸਿੰਘ ਲੱਖਾ, ਮਨਪ੍ਰੀਤ ਸਿੰਘ, ਮੋਤੀ ਲਾਲ, ਕਾਲਾ ਸਿੰਘ, ਪ੍ਰਤਾਪ ਸਿੰਘ, ਬਾਬਾ ਜਿੰਦਾ, ਸੁਮਨ, ਡਾ. ਹੀਰਾ, ਸੋਨੂੰ ਮੈਂਬਰ, ਬਾਬਾ ਬਿੰਦਰ, ਮਾਸਟਰ ਸਰਵਨ ਸਿੰਘ, ਸੁੱਖ ਜਿੰਮ ਵਾਲਾ ਆਦਿ ਹਾਜ਼ਰ ਸਨ।

# ਕਟਾਰੂਚੱਕ ਵੱਲੋਂ ਸੜਕ ਦੇ ਨਵ-ਨਿਰਮਾਣ ਕਾਰਜ ਦਾ ਉਦਘਾਟਨ



ਪਠਾਨਕੋਟ (ਦਵਿੰਦਰ ਸਿੰਘ)-ਏਪੀਕੇ ਰੋਡ ਤੋਂ ਡੀਏਵੀ ਸਕੂਲ ਝਾਖੋਲਾਹੜੀ ਤੋਂ ਡਿਬਕੂ ਧਲੋਰੀਆਂ ਕਟਾਰੂਚੱਕ ਤੋਂ ਹੁੰਦੇ ਹੋਏ ਫਰੀਦਾਨਗਰ ਤੱਕ ਜਾਣ ਵਾਲੇ ਕਰੀਬ 4.5 ਕਿਲੋਮੀਟਰ ਮਾਰਗ ਦਾ ਨਵਨਿਰਮਾਣ ਕਰਨ ਲਈ ਕਾਰਜ ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਕਰੀਬ 70 ਲੱਖ ਰੁਪਏ ਦੀ ਲਾਗਤ ਨਾਲ ਲੋਕਾਂ ਨੂੰ ਇੱਕ ਵਧੀਆ ਸੜਕ ਮਿਲ ਸਕੇਗੀ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਅਤੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਪੰਜਾਬ ਨੇ ਅੱਜ ਪਿੰਡ ਡਿਬਕੂ ਧਲੋਰੀਆਂ ਵਿਖੇ ਉਪਰੋਕਤ ਸੜਕ ਦੇ ਨਵਨਿਰਮਾਣ ਕਾਰਜ ਦਾ ਉਦਘਾਟਨ ਕਰਨ ਮਗਰੋਂ ਕੀਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਪ੍ਰਧਾਨ ਪਵਨ ਕੁਮਾਰ ਫੌਜੀ, ਠਾਕੁਰ ਭੁਪਿੰਦਰ ਸਿੰਘ, ਵਰਿੰਦਰ ਭਾਰਦਵਾਜ, ਗੁਰਭੇਜ ਸਿੰਘ, ਰਵਿੰਦਰ ਕੁਮਾਰ, ਸੰਦੀਪ ਕੁਮਾਰ ਬਲਾਕ ਪ੍ਰਧਾਨ ਅਤੇ ਹੋਰ ਪਾਰਟੀ ਕਾਰਜਕਰਤਾ ਹਾਜ਼ਰ ਸਨ।ਇਸ ਮੌਕੇ ਕਟਾਰੂਚੱਕ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਦੇ ਅੰਦਰ ਇਹ ਰੋਡ ਕਰੀਬ 70 ਲੱਖ ਰੁਪਏ ਖਰਚ ਕਰਕੇ ਕਰੀਬ 4.5 ਕਿਲੋਮੀਟਰ ਸੜਕ ਦਾ ਨਵਨਿਰਮਾਣ ਕੀਤਾ ਜਾਣਾ ਹੈ। ਉਨ੍ਹਾਂ ਕਿਹਾ ਕਿ ਇਸ ਮਾਰਗ ਦਾ ਨਿਰਮਾਣ ਕਰ ਰਹੇ ਠੇਕੇਦਾਰ ਨੂੰ ਵੀ ਹਦਾਇਤ ਕੀਤੀ ਗਈ ਹੈ ਕਿ ਰੋਡ ਦਾ ਨਿਰਮਾਣ ਵਧੀਆ ਢੰਗ ਨਾਲ ਕੀਤਾ ਜਾਵੇ ਅਤੇ ਕਿਸੇ ਤਰ੍ਹਾਂ ਦੀ ਅਣਗਹਿਲੀ ਨਾ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਰੋਡ ਦੇ ਨਿਰਮਾਣ ਕਾਰਜ ਨੂੰ ਲੈ ਕੇ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।

# ਨੈਸ਼ਨਲ ਹਾਈਵੇ 'ਤੇ ਸੈਂਕੜੇ ਟਰੈਕਟਰ ਖੜੇ ਕਰਕੇ ਕਿਸਾਨਾਂ ਵਲੋਂ ਪ੍ਰਦਰਸ਼ਨ



ਕਲਾਨੌਰ (ਮਨਦੀਪ ਕੋਹਲੀ)-ਅੱਜ ਸੰਯੁਕਤ ਕਿਸਾਨ ਮੋਰਚਾ ਭਾਰਤ ਦੇ ਸੱਦੇ ਤੇ ਨੈਸਨਲ ਹਾਈਵੇ 354 ਗੁਰਦਾਸਪੁਰ ਰੋਡ ਸਹੀਦ ਭਗਤ ਸਿੰਘ ਗੇਟ ਦੇ ਸਾਹਮਣੇ ਕਲਾਨੌਰ ਤੇ ਜਮਹੂਰੀ ਕਿਸਾਨ ਸਭਾ ਦੀ ਅਗਵਾਈ ਵਿੱਚ ਸੈਂਕੜੀ ਕਸਾਨਾਂ ਨੇ ਟਰੈਕਟਰ ਹਾਈਵੇ ਦੇ ਕਿਨਾਰਿਆਂ ਤੇ ਖੜੇ ਕਰਕੇ ਕੇਂਦਰ ਸਰਕਾਰ ਤੇ ਜ਼ੋਰਦਾਰ ਮੰਗ ਕੀਤੀ ਕਿ ਭਾਰਤ ਸਰਕਾਰ ਜਲਦੀ ਤੋਂ ਜਲਦੀ ਡਬਲਯੂ ਟੀ ਓ ਦੀ ਮੈਬਰੀ ਛੱਡੇ ਅਤੇ ਚਤਾਵਨੀ ਦਿੱਤੀ ਕਿ ਐਮ ਐਸ ਪੀ ਸਮੇਤ ਕਿਸਾਨਾਂ ਦੀਆਂ ਮੰਗਾਂ ਮੰਨੇ ਅਤੇ ਸੰਭੂ ਬਾਰਡਰ ਤੇ ਕਿਸਾਨਾਂ ਤੇ ਅੱਤਿਆਚਾਰ ਕਰਨ ਵਾਲਿਆਂ ਵਿਰੁੱਧ ਪਰਚੇ ਦਰਜ ਕੀਤੇ ਜਾਣ ਨਹੀਂ ਤਾਂ ਆਉਣ ਵਾਲੇ ਸਮੇਂ ਦੇ ਵਿੱਚ ਸੰਯੁਕਤ ਕਿਸਾਨ ਮੋਰਚਾ ਵੱਡਾ ਸੰਘਰਸ ਕਰੇਗਾ। ਇਸ ਮੌਕੇ ਜਮਹੂਰੀ ਕਿਸਾਨ ਸਭਾ ਦੇ ਪ੍ਰਧਾਨ ਹਰਜੀਤ ਸਿੰਘ ਕਾਹਲੋਂ, ਗੁਰਿੰਦਰ ਪਾਲ ਸਿੰਘ, ਸੋਨੂ ਬਲਜੀਤ ਸਿੰਘ ਗੁਰਾਇਆ, ਮਨਜੀਤ ਸਿੰਘ, ਪ੍ਰਤਾਪ ਸਿੰਘ, ਰਜਿੰਦਰ ਸਿੰਘ, ਨਿਰਮਲ ਸਿੰਘ ਬਿੱਟੂ, ਬਲਰਾਜ ਸਿੰਘ, ਗੁਰਜੀਤ ਸਿੰਘ, ਰੂਪ ਸਿੰਘ, ਕੈਪਟਨ ਸੁਖਦੇਵ ਸਿੰਘ ਨੇ ਸੰਬੋਧਨ ਕੀਤਾ। ਹੋਰਨਾਂ ਤੋਂ ਇਲਾਵਾ ਸਤਨਾਮ ਸਿੰਘ ਰਹੀਮਾਬਾਦ, ਸਤਿੰਦਰਬੀਰ ਸਿੰਘ, ਜਰਨੈਲ ਸਿੰਘ, ਨਿਰਮਲ ਸਿੰਘ, ਮਨਜੀਤ ਸਿੰਘ, ਬਲਕਾਰ ਸਿੰਘ, ਆਲਮਬੀਰ ਸਿੰਘ ਹਾਜ਼ਰ ਸਨ।

# ਸੈਂਕੜੇ ਪਰਿਵਾਰ ਅਕਾਲੀ ਦਲ-ਕਾਂਗਰਸ ਨੂੰ ਛੱਡ ਕੇ 'ਆਪ' 'ਚ ਹੋਏ ਸ਼ਾਮਲ



ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)-ਅਜਨਾਲਾ ਸ਼ਹਿਰ ਵਿੱਚ ਇੱਕ ਆਮ ਆਦਮੀ ਪਾਰਟੀ ਦੇ ਦਫਤਰ ਵਿੱਚ ਹੋਈ ਹੰਗਾਮੀ ਮੀਟਿੰਗ ਵਿੱਚ ਸੈਂਕੜੇ ਪਰਿਵਾਰਾਂ ਨੇ ਅਜਨਾਲਾ ਸ਼ਹਿਰੀ ਅਤੇ ਪੇਂਡੂ ਖੇਤਰ ਦੇ ਲੋਕਾਂ ਨੇ ਕਾਂਗਰਸ ਅਤੇ ਅਕਾਲੀ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਪੰਜਾਬ ਦੇ ਕੈਬਿਨਟ ਮੰਤਰੀ ਕੁਲਦੀਪ ਸਿੰਘ ਧਾਰੀਵਾਲ ਨੇ ਸਾਰੇ ਆਏ ਹੋਏ ਪਤਵੰਤੇ ਸੱਜਣਾਂ ਨੂੰ ਜੀ ਆਇਆਂ ਕਿਹਾ ਅਤੇ ਪਾਰਟੀ ਵਿੱਚ ਬਣਦਾ ਮਾਣ ਸਤਿਕਾਰ ਦੇਣ ਦੀ ਗੱਲ ਕਹੀ। ਇਸ ਮੌਕੇ ਅਜਨਾਲਾ ਨਗਰ ਪੰਚਾਇਤ ਦੇ ਪ੍ਰਧਾਨ ਜਸਪਾਲ ਸਿੰਘ ਭੱਟੀ ਅਜਨਾਲਾ, ਸ਼ਹਿਰੀ ਪ੍ਰਧਾਨ ਦੀਪਕ ਕੁਮਾਰ ਚੈਨਪੁਰੀਆ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂ ਅਤੇ ਵਾਰਡ ਨੰਬਰ ਅੱਠ ਦੇ ਇੰਚਾਰਜ ਗੁਰਿੰਦਰ ਸਿੰਘ ਗੁੱਜਰਪੁਰਾ, ਸ਼ਿਵਦੀਪ ਸਿੰਘ ਚਾਹਲ ਦੀ ਅਗਵਾਈ ਵਿੱਚ ਵਾਰਡ ਨੰਬਰ ਅੱਠ, ਵਾਰਡ ਨੰਬਰ ਚਾਰ ਅਤੇ ਵਾਰਡ ਨੰਬਰ ਨੌਂ ਦੇ ਅਨੇਕਾਂ ਪਰਿਵਾਰਾਂ ਨੇ ਕਾਂਗਰਸ ਦੇ ਅਕਾਲੀ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਕਾਂਗਰਸ ਅਤੇ ਅਕਾਲੀ ਦਲ ਪਾਰਟੀ ਛੱਡਣ ਵਾਲਿਆਂ ਵਿੱਚ ਇਕਬਾਲ ਸਿੰਘ, ਹਰਪ੍ਰੀਤ ਸਿੰਘ, ਹਰਬੀਰ ਸਿੰਘ ਜੋਨਸ, ਗਗਨਦੀਪ ਸਿੰਘ, ਕੁਲਦੀਪ ਕੌਰ, ਸੁਰਜੀਤ ਸਿੰਘ, ਹਰਪ੍ਰੀਤ ਸਿੰਘ, ਅਵਤਾਰ ਸਿੰਘ, ਸ਼ਬਾਸ਼ ਚੰਦਰ ਅਤੇ ਪਿੰਡ ਭੂਰੇ ਗਿੱਲ ਤੋਂ ਜਗਜੀਤ ਸਿੰਘ ਜੱਗਾ, ਬਿੱਕਰ ਸਿੰਘ, ਅਮਨਦੀਪ ਸਿੰਘ, ਸੁਰਜੀਤ ਸਿੰਘ, ਗੁਰਜੰਟ ਸਿੰਘ, ਦਿਲਬਾਗ ਸਿੰਘ, ਪਰਮਜੀਤ ਸਿੰਘ, ਕੇਵਲ ਸਿੰਘ, ਹਰਪਾਲ ਸਿੰਘ, ਰਜਿੰਦਰ ਸਿੰਘ, ਜਗਦੀਪ ਸਿੰਘ, ਹਰਿੰਦਰ ਸਿੰਘ, ਸੁਭਾਸ਼ ਕੁਮਾਰ, ਦਰਸ਼ਨ ਲਾਲ ਸ਼ਾਮਲ ਹਨ। ਇਸ ਮੌਕੇ ਗੁਰਿੰਦਰ ਸਿੰਘ ਗੁਜਰਪੁਰਾ, ਅਜੇ ਕੁਮਾਰ, ਗੋਰਾ ਸੱਗੂ, ਸੁੱਖ ਦਿਆਲ ਸਿੰਘ, ਗੁਰਦੇਵ ਸਿੰਘ, ਸ਼ਮਸ਼ੇਰ ਸਿੰਘ ਸ਼ੇਰਾ, ਗੁਰਨਾਮ ਸਿੰਘ, ਦੀਪਕ ਭੱਟੀ, ਰਸ਼ਪਾਲ ਸਿੰਘ ਕੋਟ ਕਾਜ਼ੀਆਂ, ਵਿੱਕੀ ਅੱਡਾ ਇੰਚਾਰਜ ਅਤੇ ਮੈਡਮ ਗੀਤਾ ਗਿੱਲ ਆਦਿ ਹਾਜ਼ਰ ਸਨ।

# ਵਿਸ਼ਵ ਵਪਾਰ ਸੰਸਥਾ ਕਿਸਾਨ ਤੇ ਮਜ਼ਦੂਰ ਵਿਰੋਧੀ : ਬਲਵਿੰਦਰ ਸਿੰਘ

ਚੋਹਲਾ ਸਾਹਿਬ (ਰਮਨ ਚੱਢਾ)-ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਬਲਵਿੰਦਰ ਸਿੰਘ ਦਦੇਹਰ, ਸਰਪੰਚ ਪਿਸ਼ੌਰਾ ਸਿੰਘ, ਪਰਮਜੀਤ ਸਿੰਘ ਚੋਹਲਾ ਨੇ ਅੱਜ ਟਰੈਕਟਰ ਪ੍ਰਦਰਸ਼ਨ ਕਰਨ ਲਈ ਟਰੈਕਟਰ ਸਟੇਟ ਹਾਈਵੇ ਤੇ ਖੜੇ ਕਰਕੇ ਹਰੀਕੇ ਰੋਡ ਨੂੰ ਜਾਂਦਿਆਂ ਕਿਹਾ ਕਿ ਜਿਹੜੇ ਕਹਿੰਦੇ ਆ ਕਿ ਟਰੈਕਟਰ ਜੀ ਟੀ ਰੋਡ 'ਤੇ ਨਹੀਂ ਚੜ੍ਹ ਸਕਦਾ, ਉਨ੍ਹਾਂ ਲੋਕਾਂ ਨੂੰ ਦੱਸਣ ਲਈ ਅਤੇ ਡਬਲਿਊਟੀਓ ਦੀ ਸੰਸਾਰ ਕਾਨਫਰੰਸ ਦੇ ਵਿਰੁੱਧ ਅੱਜ ਸੰਯੁਕਤ ਕਿਸਾਨ ਮੋਰਚਾ ਭਾਰਤ ਵਲੋਂ ਦਿੱਤੇ ਸੱਦੇ ਅਨੁਸਾਰ ਕੌਮੀ ਤੇ ਸੂਬਾਈ ਸੜਕਾਂ 'ਤੇ ਟਰੈਕਟਰ ਖੜ੍ਹੇ ਕਰਕੇ ਰੋਸ ਪ੍ਰਦਰਸ਼ਨ ਕਰ ਰਹੇ ਹਾਂ।ਉਨ੍ਹਾਂ ਕਿਹਾ ਕਿ ਅੱਜ ਸੰਸਾਰ ਵਪਾਰ ਸੰਸਥਾ ਦੀ ਮੀਟਿੰਗ ਹੋ ਰਹੀ ਹੈ ਕਿ ਦੁਨੀਆ ਭਰ ਵਿੱਚ ਕਿਸਾਨ ਮਜ਼ਦੂਰ ਨੂੰ ਕਿਵੇਂ ਲੁੱਟਣਾ ਹੈ।ਇਹ ਉਹੀ ਸੰਸਥਾ ਹੈ ਜਿਸ ਦੀਆਂ ਨੀਤੀਆਂ ਤਹਿਤ ਦੁਨੀਆਂ ਦੇ ਕਿਸਾਨਾਂ/ਮਜ਼ਦੂਰਾਂ ਦਾ ਕਚੂੰਬਰ ਕੱਢਿਆ ਜਾ ਰਿਹਾ ਹੈ। ਇਹ ਐੱਮਐੱਸਪੀ ਦੇਣ ਤੋਂ ਸਰਕਾਰਾਂ ਨੂੰ ਰੋਕ ਰਹੀ ਹੈ।ਇਸ ਕਰਕੇ ਅੱਜ ਇਸ ਸੰਸਥਾ ਦਾ ਪੁਤਲਾ ਵੀ ਫੂਕਿਆ।



# ਟਾਂਗਰਾ ਵਿਖੇ ਕਿਸਾਨਾਂ ਵੱਲੋਂ ਰੋਸ ਵਜੋਂ ਸੜਕ 'ਤੇ ਟਰੈਕਟਰ ਪ੍ਰਦਰਸ਼ਨ



ਟਾਂਗਰਾ : (ਲਾਡੀ ਮੱਲ੍ਹੀ)-ਸੰਯੁਕਤ ਕਿਸਾਨ ਮੋਰਚੇ ਦੇ ਸੂਬਾਈ ਸੱਦੇ ਤੇ ਅੱਜ ਮੋਰਚੇ ਵਿੱਚ ਸ਼ਾਮਲ ਜਥੇਬੰਦੀਆਂ ਦੇ ਸੈਂਕੜੇ ਕਾਰਕੁੰਨਾਂ ਵੱਲੋਂ ਕਸਬਾ ਟਾਂਗਰਾ ਦੇ ਜੀ ਟੀ ਰੋਡ ਉਪਰ ਆਪਣੇ ਟਰੈਕਟਰ ਲਗਾ ਕੇ ਰੋਸ ਪ੍ਰਦਰਸ਼ਨ ਕੀਤਾ। ਰੋਸ ਪ੍ਰਦਰਸ਼ਨ ਦੀ ਅਗਵਾਈ ਗੁਰਮੇਜ ਸਿੰਘ ਤਿੰਮੋਵਾਲ, ਰਵਿੰਦਰ ਸਿੰਘ ਛੱਜਲਵੱਡੀ, ਨਿਰਮਲ ਸਿੰਘ ਛੱਜਲਵੱਡੀ, ਪ੍ਰਭਜੀਤ ਸਿੰਘ ਤਿੰਮੋਵਾਲ ਨੇ ਕੀਤੀ।ਇਸ ਮੌਕੇ ਜਾਣਕਾਰੀ ਦਿੰਦਿਆਂ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੇ ਕਿਹਾ ਕਿ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੇ ਕਿਸਾਨਾਂ ਉੱਪਰ ਕੇਂਦਰ ਅਤੇ ਹਰਿਆਣਾ ਸਰਕਾਰ ਵੱਲੋਂ ਪੁਲਿਸ ਅਤੇ ਗੁੰਡਾ ਅਨਸਰਾਂ ਰਾਹੀਂ ਜਬਰ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਜਿਵੇਂ ਲਾਠੀਚਾਰਜ, ਅੱਥਰੂ ਗੈਸ ਦੇ ਗੋਲੇ ਛੱਡਣ, ਅਤੇ ਸਿੱਧੀਆਂ ਗੋਲੀਆਂ ਚਲਾਈਆਂ ਗਈਆਂ ਇਵੇਂ ਲਗਦਾ ਹੈ ਕਿ ਸੰਘਰਸ਼ੀ ਲੋਕ ਕਿਸੇ ਦੂਸਰੇ ਦੇ ਘੁਸਪੈਠੀਏ ਹੋਣ। ਇਸ ਮੌਕੇ ਪੁਲਿਸ ਗੋਲੀ ਨਾਲ ਸ਼ਹੀਦ ਹੋਏ ਕਿਸਾਨ ਸ਼ੁਭਕਰਨ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਆਗੂਆਂ ਨੇ ਕਿਹਾ ਮੰਗਾਂ ਦੀ ਪ੍ਰਾਪਤੀ ਤੱਕ ਸੰਘਰਸ਼ ਜਾਰੀ ਰਹੇਗਾ।

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਵੱਲੋਂ ਅੱਡਾ ਝਬਾਲ ਵਿਖੇ ਟਰੈਕਟਰ ਦਾ ਪ੍ਰਦਰਸ਼ਨ ਕੀਤਾ ਗਿਆ ਤੇ ਕੇਂਦਰ ਸਰਕਾਰ ਤੇ ਹਰਿਆਣਾ ਸਰਕਾਰ ਦੇ ਮੁੱਖ ਮੰਤਰੀ ਖੱਟੜ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ ਗਿਆ ਤੇ ਕੇਂਦਰ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ।

ਇਸ ਮੌਕੇ ਜ਼ਿਲ੍ਹਾ ਤਰਨਤਾਰਨ ਤੋਂ ਸਲਾਹਕਾਰ ਜਗਬੀਰ ਸਿੰਘ ਬੱਬੂ ਗੰਡੀਵਿੰਡ ਨੇ ਦੱਸਿਆ ਕਿ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜੋ ਕਿ ਦਿੱਲੀ ਵਿੱਚ ਕਿਸਾਨਾਂ ਉੱਪਰ ਅੱਤਿਆਚਾਰ ਹੋ ਰਿਹਾ ਉਸ ਸਬੰਧ ਵਿੱਚ ਸੂਬੇ ਦੇ ਆਗੂ ਜੋਗਿੰਦਰ ਸਿੰਘ (ਉਗਰਾਹਾਂ) ਦੇ ਹੁਕਮ ਨੂੰ ਪ੍ਰਵਾਨ ਕਰਦਿਆਂ ਅੱਜ ਪੰਜਾਬ ਭਰ ਵਿੱਚ ਟਰੈਕਟਰ ਦਾ ਪ੍ਰਦਰਸ਼ਨ ਕੀਤਾ ਗਿਆ ਤੇ ਮੋਦੀ ਦਾ ਪੁਤਲਾ ਫੂਕਿਆ ਗਿਆ।



# ਧਰਤੀ ਹੇਠਲੇ ਪਾਣੀ ਦੀ ਦੁਰਵਰਤੋਂ ਚਿੰਤਾ ਦਾ ਵਿਸ਼ਾ: ਵਾਤਾਵਰਣ ਪ੍ਰੇਮੀ



ਗੁਰਦਾਸਪੁਰ, ਜਨਕ ਮਹਾਜਨ)-ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਬੇਸ਼ੱਕ ਸਮੇਂ-ਸਮੇਂ ਦੀਆਂ ਸਰਕਾਰਾਂ ਵਲੋਂ ਵੱਖ-ਵੱਖ ਯੋਗ ਉਪਰਾਲੇ ਕੀਤੇ ਜਾਂਦੇ ਰਹੇ ਹਨ ਪਰ ਅੱਜ ਵੀ ਪਾਣੀ ਦੀ ਦੁਰਵਰਤੋ ਭਵਿੱਖ ਲਈ ਇਕ ਚਿੰਤਾ ਦਾ ਵਿਸ਼ਾ ਹੈ। ਮਾਹਿਰਾਂ ਮੁਤਾਬਿਕ ਧਰਤੀ ਹੇਠਾਂ ਪੀਣ ਯੋਗ ਪਾਣੀ ਕੁਝ ਸਾਲਾਂ ਦਾ ਹੀ ਬਚਿਆ ਹੈ ਪਰ ਫ਼ਿਰ ਵੀ ਲੋਕ ਪਾਣੀ ਦੀ ਸਾਂਭ-ਸੰਭਾਲ ਵੱਲ ਖ਼ਾਸ ਖਿਆਲ ਨਹੀਂ ਦੇ ਰਹੇ। ਇਸ ਸਬੰਧੀ ਗੱਲਬਾਤ ਕਰਦਿਆਂ ਵਾਤਾਵਰਣ ਪ੍ਰੇਮੀਆਂ ਨੇ ਦੱਸਿਆ ਕਿ ਮਨੁੱਖੀ ਜੀਵਨ ਪਾਣੀ ਤੋਂ ਬਿਨਾਂ ਅਸੰਭਵ ਹੈ ਇਸ ਲਈ ਪਾਣੀ ਦੀ ਸਾਂਭ-ਸੰਭਾਲ ਕਰਨਾ ਸਾਡੀ ਸਾਰਿਆਂ ਦੀ ਨੈਤਿਕ ਜ਼ਿੰਮੇਵਾਰੀ ਬਣਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਦਾ ਹੋਕਾ ਵਾਰ-ਵਾਰ ਦਿੱਤਾ ਜਾਂਦਾ ਹੈ ਪਰ ਸਿੱਧੀ ਬਿਜਾਈ ਵੱਲ ਕਿਸਾਨਾਂ ਵਲੋਂ ਕੋਈ ਖ਼ਾਸ ਤਰਜੀਹ ਨਹੀਂ ਦਿੱਤੀ ਜਾਂਦੀ। ਉਨ੍ਹਾਂ ਦਾ ਕਹਿਣਾ ਹੈ ਕਿ ਮੋਟਰਾਂ ਦੇ ਬਿੱਲ ਮਾਫ਼ ਹੋਣ ਕਿਸਾਨਾਂ ਵਲੋਂ ਮੋਟਰਾਂ ਨੂੰ ਆਟੋਕੱਟ ਲਗਾ ਦਿੱਤੇ ਗਏ ਹਨ ਅਤੇ ਬਿਜਲੀ ਆਉਣ 'ਤੇ ਮੋਟਰਾਂ ਲਗਾਤਾਰ ਚਲਦੀਆਂ ਰਹਿੰਦੀਆਂ ਹਨ। ਉਨ੍ਹਾਂ ਕਿਹਾ ਜਨਤਕ ਥਾਵਾਂ 'ਤੇ ਪਾਣੀ ਵਾਲੀਆਂ ਟੂਟੀਆਂ ਹਰ ਸਮੇਂ ਆਮ ਹੀ ਚਲਦੀਆਂ ਦੇਖੀਆਂ ਜਾਂਦੀਆਂ ਹਨ ਜਿਨ੍ਹਾਂ ਨੂੰ ਬੰਦ ਕਰਨ ਵੱਲ ਕੋਈ ਧਿਆਨ ਨਹੀਂ ਦਿੰਦਾ।

ਉਨ੍ਹਾਂ ਕਿਹਾ ਕਿ ਜੇਕਰ ਇਸੇ ਤਰ੍ਹਾਂ ਪਾਣੀ ਦੀ ਦੁਰਵਰਤੋ ਹੁੰਦੀ ਰਹੀ ਤਾਂ ਆਉਣ ਵਾਲੀ ਪੀੜ੍ਹੀ ਲਈ ਜਿਊਣਾ ਹੋਰ ਮੁਸ਼ਕਿਲ ਹੋ ਜਾਵੇਗਾ।

ਉਨ੍ਹਾਂ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਪਾਣੀ ਦੀ ਦੁਰਵਰਤੋ ਨੂੰ ਰੋਕਣ ਲਈ ਠੋਸ ਉਪਰਾਲੇ ਕੀਤੇ ਜਾਣ ਜਿਸ ਨਾਲ ਧਰਤੀ ਹੇਠਲੇ ਪਾਣੀ ਨੂੰ ਬਚਾਇਆ ਜਾ ਸਕੇ।

# ਡਬਲਿਊ ਟੀ ਓ 'ਚੋਂ ਭਾਰਤ ਸਰਕਾਰ ਨੂੰ ਬਾਹਰ ਆਉਣ ਦੀ ਜ਼ੋਰਦਾਰ ਮੰਗ



ਅੰਮ੍ਰਿਤਸਰ (**ਜਸਬੀਰ ਸਿੰਘ ਪੱਟੀ**)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਆਗੂ ਸਤਨਾਮ ਸਿੰਘ ਪਨੂੰ ਅਤੇ ਸੂਬਾ ਦਫਤਰ ਸਕੱਤਰ ਗੁਰਬਚਨ ਸਿੰਘ ਚੱਬਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਅੱਜ ਵਿਸ਼ਵ ਵਪਾਰ ਸੰਸਥਾ ਦੀ ਅੱਜ ਮੀਟਿੰਗ ਜੋ ਆਬੂ ਧਾਬੀ ਵਿੱਚ ਹੋ ਰਹੀ ਹੈ, ਉਸਦਾ ਸਖ਼ਤ ਵਿਰੋਧ ਕਰਦਿਆਂ ਅੱਜ ਪੰਜਾਬ ਭਰ ਵਿੱਚ 112 ਥਾਵਾਂ ਉੱਤੇ ਪਿੰਡ ਅਤੇ ਜ਼ੋਨ ਪੱਧਰੀ ਡਬਲਿਊ ਟੀ ਓ ਅਤੇ ਕਾਰਪੋਰੇਟ ਘਰਾਣਿਆਂ ਦੇ ਪੁਤਲੇ ਫੂਕ ਕੇ ਰੋਸ ਪ੍ਰਦਰਸ਼ਨ ਕੀਤੇ ਗਏ ਅਤੇ ਵਿਸ਼ਵ ਵਪਾਰ ਸੰਸਥਾ ਵਿੱਚੋ ਖੇਤੀ ਨੂੰ ਬਾਹਰ ਕਰਨ ਜਾਂ ਭਾਰਤ ਸਰਕਾਰ ਨੂੰ ਇਸ ਵਿੱਚੋ ਬਾਹਰ ਆਉਣ ਦੀ ਜੋਰਦਾਰ ਮੰਗ ਕੀਤੀ। ਵੱਖ-ਵੱਖ ਥਾਵਾਂ ਉੱਤੇ ਮੁਜ਼ਾਹਰਿਆਂ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਵਿਸ਼ਵ ਵਪਾਰ ਸੰਸਥਾ ਨੂੰ ਅਮਰੀਕੀ ਸਾਮਰਾਜ ਅਤੇ ਉਸਦੇ ਭਾਈਵਾਲ ਅਮੀਰ ਦੇਸ਼ਾਂ ਵੱਲੋਂ ਕੰਟਰੋਲ ਕੀਤਾ ਜਾਂਦਾ ਹੈ ਅਤੇ ਭਾਰਤ ਸਮੇਤ ਹੋਰ ਗਰੀਬ ਦੇਸ਼ਾਂ ਦੇ ਕਿਸਾਨਾਂ ਨੂੰ ਖੁੱਲ੍ਹੀ ਮੰਡੀ ਵਿੱਚ ਅਮੀਰ ਦੇਸ਼ਾਂ ਦੇ ਕਿਸਾਨਾਂ ਦਾ ਮੁਕਾਬਲਾ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ ਜਦਕਿ ਅਮੀਰ ਦੇਸ਼ਾਂ ਦੇ ਕਿਸਾਨਾਂ ਨੂੰ 50 ਤੋਂ 80 ਫੀਸਦੀ ਤੱਕ ਅਰਬਾਂ ਡਾਲਰ ਦੀ ਸਬਸਿਡੀ ਦਿੱਤੀ ਜਾਂਦੀ ਹੈ ਅਤੇ ਭਾਰਤ ਸਮੇਤ ਹੋਰ ਗਰੀਬ ਦੇਸ਼ਾਂ ਦੇ ਕਿਸਾਨਾਂ ਨੂੰ ਮਿਲਦੀਆਂ ਨਿਗੂਣੀਆਂ ਸਬਸਿਡੀਆਂ ਵੀ ਖੋਹੀਆਂ ਜਾ ਰਹੀਆਂ ਹਨ।ਭਾਰਤ ਦੇ ਕਿਸਾਨਾਂ ਨੂੰ ਖਰੀਦ ਉੱਤੇ ਮਿਲਦੀ 14 ਫੀਸਦੀ ਐੱਮਐੱਸਪੀ ਵੀ ਬੰਦ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ। ਵਿਸ਼ਵ ਵਪਾਰ ਸੰਸਥਾ ਦੇ ਦਬਾਅ ਹੇਠ ਭਾਰਤ ਸਰਕਾਰ ਖੇਤੀ ਕਿੱਤੇ ਨੂੰ ਕਾਰਪੋਰੇਟਾਂ ਦੇ ਹਵਾਲੇ ਕਰਨ ਲਈ 60 ਕਰੋੜ ਕਿਸਾਨਾਂ ਨੂੰ ਖੇਤੀ ਕਿੱਤੇ ਵਿੱਚੋਂ ਬਾਹਰ ਕਰਕੇ ਸਸਤੀ ਲੇਬਰ ਵਿੱਚ ਤਬਦੀਲ ਕਰਨ ਦੀ ਨੀਤੀ ਬਣਾਈ ਹੋਈ ਹੈ। ਇਸ ਲਈ ਭਾਰਤ ਦੇ ਕਿਸਾਨ ਮੰਗ ਕਰ ਰਹੇ ਹਨ ਕਿ ਖੇਤੀ ਕਿੱਤੇ ਨੂੰ ਵਿਸ਼ਵ ਵਪਾਰ ਸੰਸਥਾ ਵਿੱਚੋ ਬਾਹਰ ਕੱਢਿਆ ਜਾਵੇ, 23 ਫ਼ਸਲਾਂ ਦੀ ਸਰਕਾਰੀ ਖਰੀਦ ਦਾ ਕਾਨੂੰਨ ਬਣਾਇਆ ਜਾਵੇ, ਡਾ. ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਲਾਗਤ ਖਰਚੇ ਗਿਣ ਕੇ 50 ਫੀਸਦੀ ਮੁਨਾਫ਼ਾ ਜੋੜ ਕੇ ਭਾਅ ਦਿੱਤੇ ਜਾਣ, ਕਿਸਾਨਾਂ ਮਜ਼ਦੂਰਾ ਦਾ ਸਮੁੱਚਾ ਕਰਜ਼ਾ ਖਤਮ ਕੀਤਾ ਜਾਵੇ।

# ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੀ ਨਵੀਂ ਬਣੀ ਇਮਾਰਤ ਦੇ ਗੁੰਬਦ 'ਤੇ ਸੋਨੇ ਦੇ ਕਲ਼ਸ਼ ਲਗਾਉਣ ਦੀ ਕਾਰ ਸੇਵਾ ਸ਼ੁਰੂ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੀ ਨਵੀਂ ਬਣੀ ਇਮਾਰਤ ਤੇ ਗੁੰਬਦ ਤੇ ਸੋਨੇ ਦੇ ਕਲਸ਼ ਲਗਾਉਣ ਦੀ ਕਾਰ ਸੇਵਾ ਅੱਜ ਪਦਮ ਵਿਭੂਸ਼ਨ ਬਾਬਾ ਸੇਵਾ ਸਿੰਘ ਜੀ ਖਡੂਰ ਸਾਹਿਬ ਵਾਲਿਆਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਰਨਲ ਸਕੱਤਰ ਰਜਿੰਦਰ ਸਿੰਘ ਮਹਿਤਾ ਵਲੋਂ ਸਾਂਝੇ ਤੌਰ ਕੀਤੀ ਗਈ।ਇਸ ਮੌਕੇ ਬਾਬਾ ਰਣਧੀਰ ਸਿੰਘ ਸਾਬਕਾ ਹੈੱਡ ਗ੍ਰੰਥੀ ਗੁਰਦੁਆਰਾ ਸ਼੍ਰੀ ਦਰਬਾਰ ਸਾਹਿਬ ਵੱਲੋਂ ਅਰਦਾਸ ਕਰਨ ਉਪਰੰਤ ਬਾਬਾ ਸੇਵਾ ਸਿੰਘ, ਜਥੇਦਾਰ ਰਜਿੰਦਰ ਸਿੰਘ ਮਹਿਤਾ, ਬਾਬਾ ਸਾਹਿਬ ਸਿੰਘ, ਬਾਬਾ ਬਿਸ਼ਨ ਸਿੰਘ ਪੱਪੂ, ਬਾਬਾ ਮਹਿੰਗਾ ਸਿੰਘ, ਬਲਕਾਰ ਸਿੰਘ ਅਮਰੀਕਾ, ਰਣਜੀਤ ਸਿੰਘ ਅਮਰੀਕਾ, ਲਖਵਿੰਦਰ ਸਿੰਘ ਇੰਗਲੈਂਡ, ਮੈਨੇਜਰ ਬਲਜੀਤ ਸਿੰਘ, ਕੈਪਟਨ ਬਲਵਿੰਦਰ ਸਿੰਘ ਉਦੋਵਾਲੀ, ਨਿਰਮਲ ਸਿੰਘ ਹਰੂਵਾਲ, ਗੁਰਪ੍ਰੀਤ ਸਿੰਘ ਬਾਦਲ, ਬਾਬਾ ਜਗੀਰ ਸਿੰਘ ਹਰੂਵਾਲ, ਬਾਬਾ ਨਰਿੰਦਰ ਸਿੰਘ, ਜੋਗਿੰਦਰ ਸਿੰਘ ਹਰੂਵਾਲ, ਬਾਬਾ ਸਿਮਰਜੀਤ ਸਿੰਘ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੇ ਹੋਏ ਗੁਬੰਦ ਤੇ ਸੋਨੇ ਦੇ 16 ਕਲਸ਼ ਲਗਾਉਣ ਦੀ ਕਾਰ ਸੇਵਾ ਸ਼ੁਰੂ ਕੀਤੀ ਗਈ।ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਬਾਬਾ ਸੇਵਾ ਸਿੰਘ ਜੀ ਖਡੂਰ ਸਾਹਿਬ ਵਾਲਿਆਂ ਨੇ ਦੱਸਿਆ ਕਿ ਇਸ ਗੁਰਦੁਆਰਾ ਸਾਹਿਬ ਦੀ ਨਵੀ ਇਮਾਰਤ ਬਣਾਉਣ ਉਪਰੰਤ ਉਸ ਵਿੱਚ ਸੋਨੇ ਦੀ ਸੁੰਦਰ ਪਾਲਕੀ ਸੁਸ਼ੋਭਿਤ ਕੀਤੀ ਗਈ ਹੈ ਜਿਸ ਉੱਤੇ ਸੰਗਤਾਂ ਦੇ ਸਹਿਯੋਗ ਨਾਲ 4 ਕਿਲੋ ਸੋਨੇ ਦੀ ਸੇਵਾ ਕਰਵਾਈ ਗਈ ਹੈ।ਉਨ੍ਹਾਂ ਦੱਸਿਆ ਕਿ ਅੱਜ ਗੁਰਦੁਆਰਾ ਸਾਹਿਬ ਦੀ ਨਵੀਂ ਬਣੀ ਇਮਾਰਤ ਦੇ ਗੁੰਬਦ ਤੇ ਸੋਨੇ ਦੇ ਕਲਸ਼ ਲਗਾਉਣ ਦੀ ਕਾਰ ਸੇਵਾ ਸ਼ੁਰੂ ਕੀਤੀ ਗਈ ਹੈ ਅਤੇ ਇਸ ਤੋ ਪਹਿਲਾਂ ਗੁੰਬਦ ਦੇ ਸੋਨੇ ਦੇ ਪੱਤਰੇ ਲਗਾਏ ਗਏ ਸਨ ਜਿਸ ਤੇ ਕਰੀਬ 10 ਤੋਂ 12 ਕਿੱਲੋ ਸੋਨਾ ਲਗਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਸਾਨੂੰ ਸੰਗਤਾਂ ਦਾ ਪੂਰਨ ਸਹਿਯੋਗ ਮਿਲ ਰਿਹਾ ਹੈ। ਅਸੀਂ ਸੰਗਤਾਂ ਨੂੰ ਅਪੀਲ ਕਰਦੇ ਹਾਂ ਕਿ ਇਸ ਚੱਲ ਰਹੇ ਸੇਵਾ ਦੇ ਮਹਾਂਕੁੰਭ ਵਿਚ ਵੱਧ ਚੜ੍ਹ ਕੇ ਸੇਵਾ ਵਿੱਚ ਹਿੱਸਾ ਪਾਉਣ ਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।ਇਸ ਮੌਕੇ ਰਜਿੰਦਰ ਸਿੰਘ ਮਹਿਤਾ ਨੇ ਕਿਹਾ ਕਿ ਸੇਵਾ ਦੇ ਪੁੰਜ ਬਾਬਾ ਸੇਵਾ ਸਿੰਘ ਵੱਲੋਂ ਐੱਸਜੀਪੀਸੀ ਦੇ ਸਹਿਯੋਗ ਨਾਲ ਵੱਡੀ ਪੱਧਰ ਤੇ ਗੁਰੂ ਘਰਾਂ ਦੇ ਨਾਲ ਨਾਲ ਵਿੱਦਿਅਕ ਅਦਾਰਿਆਂ ਦੀ ਸੇਵਾ ਕਰਵਾਈ ਜਾ ਰਹੀ ਹੈ।ਇਨ੍ਹਾਂ ਵੱਲੋਂ ਪਹਿਲਾਂ ਵੀ ਡੇਰਾ ਬਾਬਾ ਨਾਨਕ ਦੇ ਗੁਰਦੁਆਰਾ ਦਰਬਾਰ ਸਾਹਿਬ ਦੇ ਨਵੇਂ ਬਣੇ ਦਰਬਾਰ ਦੀ ਸੇਵਾ, ਲੰਗਰ ਹਾਲ, ਸਰੋਵਰ, ਦੀਵਾਨ ਹਾਲ ਅਤੇ ਸਰਾਵਾਂ ਦੀ ਸੇਵਾ ਸੰਪੂਰਨ ਹੋ ਚੁੱਕੀ ਹੈ ਅਤੇ ਅੱਜ ਉਨ੍ਹਾਂ ਵੱਲੋਂ ਗੁੰਬਦ ਦੇ 16 ਸੋਨੇ ਦੇ ਕਲਸ਼ ਲਗਾਉਣ ਦੀ ਸੇਵਾ ਸ਼ੁਰੂ ਹੋ ਚੁੱਕੀ ਹੈ।ਅਸੀਂ ਐੱਸਜੀਪੀਸੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸਮੂਹ ਮੈਂਬਰਾਂ ਵੱਲੋਂ ਬਾਬਾ ਸੇਵਾ ਸਿੰਘ ਕਾਰ ਸੇਵਾ ਵਾਲਿਆਂ ਦਾ ਬਹੁਤ ਬਹੁਤ ਧੰਨਵਾਦ ਕਰਦੇ ਹਾਂ।

ਇਸ ਮੌਕੇ ਬਾਬਾ ਨਛੱਤਰ ਸਿੰਘ ਹੈੱਡ ਗ੍ਰੰਥੀ ਦਰਬਾਰ ਸਾਹਿਬ, ਅਮਰਜੀਤ ਸਿੰਘ ਗੋਰਾਇਆ, ਸੱਤਪਾਲ ਸਿੰਘ ਮੱਤਰੀ, ਭਾਈ ਚਰਨਜੀਤ ਸਿੰਘ ਸੋਨੇ ਵਾਲੇ, ਸਰਪੰਚ ਰਸ਼ਪਾਲ ਸਿੰਘ ਧਰਮਕੋਟ, ਮੁਖਤਾਰ ਸਿੰਘ ਜੌੜੀਆਂ,ਹਰਵਿੰਦਰ ਸਿੰਘ ਘੁੰਮਣ, ਐੱਸ. ਐੱਮ. ਕੁਲਬੀਰ ਸਿੰਘ, ਸਤਨਾਮ ਸਿੰਘ ਠੇਠਰਕੇ, ਦਿਲਬਾਗ ਸਿੰਘ ਰਾਏਚੱਕ, ਸੁਖਵਿੰਦਰ ਸਿੰਘ ਖਜਾਨਚੀ, ਬਚਨ ਸਿੰਘ ਨਿੱਕੋਸਰਾ, ਹੈਪੀ ਦੇਹੜ, ਮਨਪ੍ਰੀਤ ਸਿੰਘ ਦਾਦੂਜੋਧ, ਪਰਗਟ ਸਿੰਘ ਮੋਲੋਵਾਲੀ, ਹਰਜਿੰਦਰ ਸਿੰਘ ਲਾਲੇਨੰਗਲ, ਇਕਬਾਲ ਸਿੰਘ ਰਾਏ ਚੱਕ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿਚ ਹਾਜ਼ਰ ਸਨ।

27-FEB-PAGE-12-Majha-24.qxd 2/26/2024 10:39 PM Page 1



# ਕਿਸਾਨ ਜਥੇਬੰਦੀਆਂ ਨੇ ਵਿਸ਼ਵ ਵਪਾਰ ਸੰਸਥਾ ਦਾ ਪੁਤਲਾ ਫੂਕਿਆ



ਤਰਸਿੱਕਾ, (ਤਰਸੇਮ ਸਿੰਘ ਸਾਧੂਪੁਰ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਪਰ ਅੱਜ ਅੰਮ੍ਰਿਤਸਰ ਜ਼ਿਲੇ ਅੰਦਰ ਨਿੱਜਰ ਟੋਲ ਪਲਾਜ਼ਾ ਉੱਪਰ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ 11 ਤੋਂ 4 ਵਜੇ ਤੱਕ ਸੈਂਕੜੇ ਟਰੈਕਟਰ ਖੜੇ ਕਰਕੇ ਵਿਸ਼ਵ ਵਪਾਰ ਸੰਸਥਾ ਦਾ ਪੁਤਲਾ ਫੂਕਿਆ।

ਇਸ ਸਮੇਂ ਇਕੱਠੇ ਹੋਏ ਕਿਸਾਨਾਂ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਅਤੇ ਮੈਂਬਰ ਸੰਯੁਕਤ ਕਿਸਾਨ ਮੋਰਚਾ ਲੱਖਬੀਰ ਸਿੰਘ ਨਿਜ਼ਾਮਪੁਰ ਨੇ ਅੱਜ ਦੇ ਰੋਸ ਪ੍ਰਦਰਸ਼ਨ ਬਾਰੇ ਕਿਹਾ ਕਿ ਵਿਸ਼ਵ ਵਪਾਰ ਸੰਸਥਾ ਦੀ ਮੀਟਿੰਗ ਆਬੂਧਾਬੀ ਦੇ ਸ਼ਹਿਰ ਬਾਲੀ ਵਿਖੇ ਹੋ ਰਹੀ ਹੈ ਜਿਸ ਵਿੱਚੋਂ ਖੇਤੀ ਸੈਕਟਰ ਨੂੰ ਬਾਹਰ ਰੱਖਣ ਅਤੇ ਭਾਰਤ ਸਰਕਾਰ ਨੂੰ ਇਸ ਸੰਸਥਾ ਦੀਆਂ ਨੀਤੀਆਂ ਨੂੰ ਲਾਗੂ ਨਾ ਕਰਨ ਲਈ ਸੰਯੁਕਤ ਕਿਸਾਨ ਮੋਰਚੇ ਨੇ ਵਾਰਨਿੰਗ ਦਿੱਤੀ ਹੈ। ਬੁਲਾਰਿਆ ਨੇ ਕਿਸਾਨਾਂ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ 14 ਮਾਰਚ ਨੂੰ ਦਿੱਲੀ ਵਿਖੇ ਕੀਤੀ ਜਾ ਰਹੀ ਮਹਾਂ ਪੰਚਾਇਤ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਕਿਸਾਨ ਆਗੂ ਹਰਜੀਤ ਸਿੰਘ ਝੀਤਾ, ਜਗਜੀਤ ਸਿੰਘ ਜੰਗੀ, ਦਿਲਬਾਗ ਸਿੰਘ ਰਾਜੇਵਾਲ ਨੇ ਵੀ ਸੰਬੋਧਨ ਕੀਤਾ।

ਇਸ ਸਮੇਂ ਹੋਰਨਾਂ ਤੋਂ ਇਲਾਵਾ ਕਿਸਾਨ ਆਗੂ ਨਿਸ਼ਾਨ ਸਿੰਘ ਸਾਂਘਣਾ, ਗੁਰਦੇਵ ਸਿੰਘ ਮੱਖਣਵਿੰਡੀ, ਰਾਜਬੀਰ ਸਿੰਘ ਫਤਿਹਪੁਰ, ਗੁਰਦੇਵ ਸਿੰਘ ਮੱਖਣਵਿੰਡੀ, ਕਰਨੈਲ ਸਿੰਘ ਨਵਾਂ ਪਿੰਡ, ਬਲਦੇਵ ਸਿੰਘ ਨਿਜ਼ਾਮਪੁਰ, ਰਾਜਬੀਰ ਸਿੰਘ ਵਡਾਲੀ, ਸੂਬਾ ਸਿੰਘ ਜੰਡਿਆਲਾ, ਬਲਵਿੰਦਰ ਸਿੰਘ , ਕੰਵਲਜੀਤ ਸਿੰਘ ਮਾਲੋਵਾਲ, ਤਰਸੇਮ ਸਿੰਘ ਸਰਪੰਚ ਫਤਿਹਪੁਰ ਵੀ ਹਾਜ਼ਰ ਸਨ।

# 'ਬੋਲ ਪੰਜਾਬ ਦੇ-2024' ਪ੍ਰੋਗਰਾਮ ਦਾ ਭਲਕੇ ਜੌੜਾਮਾਜਰਾ ਕਰਨਗੇ ਉਦਘਾਟਨ

ਚੰਡੀਗੜ੍ਹ (ਗੁਰਜੀਤ ਬਿੱਲਾ)-ਪੰਜਾਬ ਸਕੱਤਰੇਤ ਕਲਚਰਲ ਸੁਸਾਇਟੀ, ਚੰਡੀਗੜ੍ਹ ਵੱਲੋਂ ਉੱਤਰੀ ਖੇਤਰ ਸੱਭਿਆਚਾਰਕ ਕੇਂਦਰ ਪਟਿਆਲਾ ਦੇ ਸਹਿਯੋਗ ਨਾਲ 28 ਫਰਵਰੀ ਨੂੰ ਸਿਲਵਰ ਜੁਬਲੀ ਪ੍ਰੋਗਰਾਮ "ਬੋਲ ਪੰਜਾਬ ਦੇ-2024" ਕਰਵਾਇਆ ਜਾ ਰਿਹਾ ਹੈ। ਟੈਗੋਰ ਥੀਏਟਰ ਵਿਖੇ ਹੋਣ ਵਾਲੇ ਇਸ ਸਿਲਵਰ ਜੁਬਲੀ ਪ੍ਰੋਗਰਾਮ ਦੌਰਾਨ ਪੰਜਾਬ ਦੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਣਗੇ ਅਤੇ ਸਮਾਗਮ ਦਾ ਉਦਘਾਟਨ ਕਰਨਗੇ। ਵਧੇਰੇ ਜਾਣਕਾਰੀ ਦਿੰਦਿਆਂ ਪੰਜਾਬ ਸਕੱਤਰੇਤ ਕਲਚਰਲ ਸੁਸਾਇਟੀ ਦੇ ਪ੍ਰਧਾਨ ਰੁਪਿੰਦਰ ਪਾਲ ਨੇ ਦੱਸਿਆ ਕਿ ਸਮਾਗਮ ਸ਼ਾਮ 6:30 ਵਜੇ ਸ਼ੁਰੂ ਹੋਵੇਗਾ ਜਿਸ ਵਿੱਚ ਕੈਬਨਿਟ ਮੰਤਰੀ ਤੋਂ ਇਲਾਵਾ ਸੀਨੀਅਰ ਅਧਿਕਾਰੀ ਹਾਜ਼ਰੀ ਭਰ ਰਹੇ ਹਨ। ਉਨ੍ਹਾਂ ਦੱਸਿਆ ਕਿ ਪ੍ਰੋਗਰਾਮ ਵਿੱਚ ਪ੍ਰਸਿੱਧ ਫ਼ਿਲਮੀ ਅਦਾਕਾਰਾ, ਮਾਡਲ ਅਤੇ ਗਾਇਕਾ ਬੀਬੀ ਨਿਸ਼ਾ ਬਾਨੋ ਵੱਲੋਂ ਨਵੇਂ ਗੀਤ ਪੇਸ਼ ਕੀਤੇ ਜਾਣਗੇ ਅਤੇ ਪੰਜਾਬ ਸਕੱਤਰੇਤ ਕਲਚਰਲ ਸੁਸਾਇਟੀ ਦੇ ਕਲਾਕਾਰਾਂ ਵੱਲੋਂ ਮਸ਼ਹੂਰ ਲੋਕ ਨਾਚ ਲੁੱਡੀ, ਸੰਮੀ, ਜਿੰਦੂਆ, ਮਲਵਈ ਗਿੱਧਾ, ਹਾਸਰਸ ਨਾਟਕ ਸਣੇ ਵੱਖ-ਵੱਖ ਵੰਨਗੀਆਂ ਦੀ ਪੇਸ਼ਕਾਰੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਮਾਗਮ ਵਿੱਚ ਦਾਖਲਾ ਮੁਫਤ ਹੋਵੇਗਾ।

# ਉੱਪ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਡੀਜੀ ਸਿੰਘ ਵੱਲੋਂ ਦਾਖਲਾ ਪ੍ਰਚਾਰ ਵੈਨ ਰਵਾਨਾ



ਪਠਾਨਕੋਟ/ਦੀਨਾਨਗਰ (ਬਲਵਿੰਦਰ ਸਿੰਘ ਬਿੱਲੂ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ 'ਚ ਨਰਸਰੀ ਤੋਂ ਬਾਰ੍ਹਵੀਂ ਜਮਾਤਾਂ ਤੱਕ ਦੇ ਦਾਖਲਿਆਂ ਨੂੰ ਭਰਵਾਂ ਹੁੰਗਾਰਾ ਦੇਣ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਅਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਹੇਠ ਵਿਸ਼ੇਸ਼ ਮੁਹਿੰਮ ਅਰੰਭੀ ਗਈ ਹੈ।

ਇਸ ਮੁਹਿੰਮ ਤਹਿਤ ਅੱਜ ਸਿੱਖਿਆ ਵਿਭਾਗ ਵੱਲੋਂ ਦਫਤਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਪਠਾਨਕੋਟ-2 ਤੋਂ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਨਰੇਸ਼ ਪਨਿਆੜ ਦੀ ਅਗਵਾਈ ਹੇਠ ਦਾਖਲਾ ਪ੍ਰਚਾਰ ਵੈਨ ਚਲਾਈ ਗਈ। ਦਾਖਲਾ ਪ੍ਰਚਾਰ ਵੈਨ ਰੈਲੀ ਨੂੰ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸਿੱਖਿਆ ਡੀਜੀ ਸਿੰਘ ਵੱਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਦਾਖਲਾ ਰੈਲੀ ਵੱਲੋਂ ਬਲਾਕ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਜਾ ਕੇ ਸਰਕਾਰੀ ਸਕੂਲਾਂ ਦੀਆਂ ਪ੍ਰਾਪਤੀਆਂ ਦੱਸ ਕੇ ਮਾਪਿਆਂ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਾਉਣ ਲਈ ਪ੍ਰੇਰਿਤ ਕੀਤਾ ਜਾਣਾ ਹੈ। ਇਸ ਮੌਕੇ ਡੀਜੀ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਰਾਜ ਨੂੰ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਸੂਬਾ ਬਣਾਉਣ ਲਈ ਵਚਨਬੱਧ ਹੈ ਅਤੇ ਰਾਜ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ਦਿਨ ਰਾਤ ਉਪਰਾਲੇ ਕੀਤੇ ਜਾ ਰਹੇ ਹਨ। ਸਰਕਾਰ ਦਾ ਮੁੱਖ ਮਨੋਰਥ ਸਿੱਖਿਆ ਅੰਦਰ ਲੋਕਾਂ ਨੂੰ ਵਧੀਆ ਸਿੱਖਿਆ ਪ੍ਰਣਾਲੀ ਦੀਆਂ ਸਹੂਲਤਾਂ ਪ੍ਰਦਾਨ ਕਰਨਾ ਹੈ ਤਾਂ ਜੋ ਕੋਈ ਵੀ ਬੱਚਾ ਸਿੱਖਿਆ ਦੇ ਖੇਤਰ ਵਿੱਚ ਪਿੱਛੇ ਨਾ ਰਹਿ ਜਾਵੇ। ਉਨ੍ਹਾਂ ਕਿਹਾ ਕਿ ਨਵੇਂ ਵਿੱਦਿਅਕ ਵਰ੍ਹੇ ਤੋਂ ਨਰਸਰੀ ਜਮਾਤ ਵੀ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦੇ ਬੇਹਤਰ ਭਵਿੱਖ ਲਈ ਉਨ੍ਹਾਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ। ਸਰਕਾਰੀ ਸਕੂਲਾਂ ਵਿਚ ਉੱਚ ਯੋਗਤਾ ਵਾਲੇ ਅਧਿਆਪਕ ਅਤੇ ਉੱਤਮ ਦਰਜੇ ਦਾ ਬੁਨਿਆਦੀ ਢਾਂਚਾ ਹੈ ਜਿੱਥੋਂ ਵਿੱਦਿਆਰਥੀ ਸਮੇਂ ਦੇ ਹਾਣੀ ਹੋਣ ਦੀ ਸਿੱਖਿਆ ਗ੍ਰਹਿਣ ਕਰ ਸਕਦੇ ਹਨ।



ਜਲੰਧਰ : ਜ਼ਿਲ੍ਹਾ ਬਾਰ ਐਸੋਸੀਏਸ਼ਨ ਜਲੰਧਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 647ਵੇਂ ਪ੍ਰਕਾਸ਼ ਪੁਰਬ 'ਤੇ ਲੰਗਰ ਲਗਾਇਆ ਗਿਆ। ਐਡਵੋਕੇਟ ਪ੍ਰਿਤਪਾਲ ਸਿੰਘ(ਸਕੱਤਰ), ਐਡਵੋਕੇਟ ਆਰ ਕੇ ਭੱਲਾ (ਸਾਬਕਾ ਪ੍ਰਧਾਨ), ਐਡਵੋਕੇਟ ਗੁਰਜੀਤ ਸਿੰਘ ਕਾਹਲੋਂ, ਐਡਵੋਕੇਟ ਰਾਜਿੰਦਰ ਸਿੰਘ ਮੰਡ, ਐਡਵੋਕੇਟ ਰਾਜੂ ਅੰਬੇਡਕਰ, ਐਡਵੋਕੇਟ ਰੋਹਿਤ ਗੰਭੀਰ, ਐਡਵੋਕੇਟ ਸਾਹਿਲ ਮਲਹੋਤਰਾ ਅਤੇ ਹੋਰ ਲੰਗਰ ਵਰਤਾਉਂਦੇ ਹੋਏ।

# ਸ੍ਰੀ ਗੁਰੂ ਤੇਗ ਬਹਾਦਰ ਕਾਲਜ ਵੂਮੈਨ ਦੀਆਂ ਵਿਦਿਆਰਥਣਾਂ ਦਾ ਪ੍ਰੀਖਿਆ 'ਚ ਸ਼ਾਨਦਾਰ ਪ੍ਰਦਰਸ਼ਨ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਅਧੀਨ ਸ੍ਰੀ ਗੁਰੂ ਤੇਗ ਬਹਾਦਰ ਕਾਲਜ ਫ਼ਾਰ ਵੂਮੈਨ ਦੀਆਂ ਵਿਦਿਆਰਥਣਾਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਬੀ. ਸੀ. ਏ. ਸਮੈਸਟਰ ਤੀਜਾ ਦੇ ਐਲਾਨੇ ਗਏ ਪ੍ਰੀਖਿਆ ਦੇ ਨਤੀਜੇ 'ਚ ਸ਼ਾਨਦਾਰ ਸਥਾਨ ਹਾਸਲ ਕੀਤਾ ਹੈ। ਕਾਲਜ ਵਿਦਿਆਰਥਣ ਸਨੇਹਾ ਨੇ 300 'ਚੋਂ 251 ਅਤੇ ਜਸਪ੍ਰੀਤ ਕੌਰ ਨੇ 238 ਅੰਕ ਪ੍ਰਾਪਤ ਕਰਕੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ ਹੈ। ਇਸ ਦੌਰਾਨ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਨੇ ਕਾਲਜ ਪ੍ਰਿੰ. ਨਾਨਕ ਸਿੰਘ ਅਤੇ ਉਨ੍ਹਾਂ ਦੇ ਸਟਾਫ਼ ਨੂੰ ਉਕਤ ਸ਼ਾਨਦਾਰ ਨਤੀਜੇ 'ਤੇ ਵਧਾਈ ਦਿੱਤੀ ਅਤੇ ਕਿਹਾ ਕਿ ਪ੍ਰਿੰ: ਨਾਨਕ ਸਿੰਘ ਦੀ ਅਗਵਾਈ ਹੇਠ ਕਾਲਜ ਸਫਲਤਾ ਦੀਆਂ ਨਵੀਆਂ ਇਬਾਰਤਾਂ ਲਿਖ ਰਿਹਾ ਹੈ। ਉਨ੍ਹਾਂ ਕਿਹਾ ਕਿ ਗਵਰਨਿੰਗ ਕੌਂਸਲ ਵਿਦਿਆਰਥੀਆਂ ਨੂੰ ਸਮੇਂ ਅਤੇ ਜਰੂਰਤ ਮੁਤਾਬਕ ਹਰੇਕ ਸਹੂਲਤ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਹੈ। ਇਸ ਮੌਕੇ ਪ੍ਰਿੰ: ਨਾਨਕ ਸਿੰਘ ਨੇ ਕੌਂਸਲ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਖ਼ਾਸਕਰ ਸ: ਛੀਨਾ ਵਲੋਂ ਸਮੇਂ ਸਮੇਂ ਪ੍ਰਦਾਨ ਕੀਤੀਆਂ ਜਾ ਰਹੀਆਂ ਸੁਵਿਧਾਵਾਂ ਦਾ ਧੰਨਵਾਦ ਕਰਦਿਆਂ ਪ੍ਰੀਖਿਆ 'ਚ ਸ਼ਾਨਦਾਰ ਅੰਕ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੱਤੀ। ਪ੍ਰਿੰ: ਨਾਨਕ ਸਿੰਘ ਨੇ ਵਿਦਿਆਰਥਣਾਂ ਦੀ ਇਸ ਉਪਲਬੱਧੀ 'ਤੇ ਸਟਾਫ਼ ਦੁਆਰਾ ਕਰਵਾਈ ਗਈ ਸਖ਼ਤ ਮਿਹਨਤ ਨੂੰ ਸਲਾਹਿਆ।

# ਧਾਰੀਵਾਲ 'ਚ ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾਪੂਰਵਕ ਮਨਾਇਆ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸ੍ਰੀ ਗੁਰੂ ਰਵੀਦਾਸ ਸਭਾ ਧਾਰੀਵਾਲ ਵਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ਼੍ਰੋਮਣੀ ਭਗਤ ਸ੍ਰੀ ਗੁਰੂ ਰਵਿਦਾਸ ਜੀ ਦਾ 647ਵਾਂ ਪ੍ਰਕਾਸ਼ ਪੁਰਬ ਨਹਿਰ ਕਿਨਾਰੇ ਸਥਿਤ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਧਾਰੀਵਾਲ ਵਿਖੇ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਬੰਧ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਨਿਸ਼ਕਾਮ ਕੀਰਤਨੀ ਜਥਾ ਗੁਰਦਾਸਪੁਰ ਦੇ ਰਾਗੀ ਭਾਈ ਅਮਰਜੀਤ ਸਿੰਘ ਢਿਲੋਂ ਅਤੇ ਸਾਥੀਆਂ ਨੇ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਸ਼੍ਰੋਮਣੀ ਭਗਤ ਰਵਿਦਾਸ ਜੀ ਦੀ ਬਾਣੀ ਦੇ ਸ਼ਬਦਿ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਕਥਾਵਾਚਕ ਭਾਈ ਜਸਵਿੰਦਰ ਸਿੰਘ ਕਲੇਰ ਇਤਿਹਾਸਿਕ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਵਾਲਿਆਂ ਨੇ ਗੁਰਬਾਣੀ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਵਹਿਮਾਂ ਭਰਮਾਂ ਅਤੇ ਕਰਮ ਕਾਂਡਾਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਬਾਰੇ ਚਾਨਣਾ ਪਾਉਂਦੇ ਹੋਏ ਗੁਰੂ ਚਰਨਾ ਨਾਲ ਜੋੜਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਵਿਧਾਨ ਸਭਾ ਹਲਕਾ ਕਾਦੀਆਂ ਦੇ ਇੰਚਾਰਜ ਗੁਰਇਕਬਾਲ ਸਿੰਘ ਮਾਹਲ, ਡਾਕਟਰ ਕਮਲਜੀਤ ਸਿੰਘ ਕੇ ਜੇ, ਡਾਕਟਰ ਗੁਰਜਿੰਦਰ ਸਿੰਘ ਸੰਧੂ, ਥਾਣੇਦਾਰ ਦਲਜੀਤ ਸਿੰਘ ਛੋਟੇਪੁਰ, ਸਾਬਕਾ ਸਰਪੰਚ ਸੀਤਲ ਸਿੰਘ ਤਲਵੰਡੀ ਬਥੁਨਗੜ੍ਹ, ਗੁਰਮੇਜ ਸਿੰਘ ਆਦਿ ਬੁਲਾਰਿਆਂ ਨੇ ਭਗਤ ਰਵਿਦਾਸ ਜੀ ਦੀਆਂ ਸਿੱਖਿਆਵਾਂ ਦੇ ਚਲਣ 'ਤੇ ਜ਼ੋਰ ਦਿੱਤਾ। ਇਸ ਮੌਕੇ ਪ੍ਰਬੰਧਕਾਂ ਵਲੋਂ ਅਹਿਮ ਸਖ਼ਸ਼ੀਅਤਾਂ ਨੂੰ ਸਿਰਪਾਓ ਪਾ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਕਰਤਾਰ ਸਿੰਘ, ਸੁਖਦੇਵ ਸਿੰਘ, ਐੱਸਡੀਓ ਚਮਨ ਸਿੰਘ ਸੋਹਲ, ਅਮਰਜੀਤ ਸਿੰਘ ਰੰਧੀ ਪ੍ਰਧਾਨ ਗੁਰਦੁਆਰਾ ਬੇਬੇ ਨਾਨਕੀ ਜੀ, ਬਲਵਿੰਦਰ ਸਿੰਘ ਕਾਨੂੰਗੋ, ਗੁਰਦੇਵ ਸਿੰਘ, ਰਣਜੀਤ ਸਿੰਘ, ਕੁਲਵੰਤ ਸਿੰਘ, ਤਰਸੇਮ ਸਿੰਘ, ਭਜਨ ਸਿੰਘ, ਜਸਪਾਲ ਸਿੰਘ, ਪਰਮਜੀਤ ਸਿੰਘ, ਇੰਦਰਪਾਲ ਸਿੰਘ ਅਰੋੜਾ, ਮਾਸਟਰ ਦਰਸ਼ਨ ਸਿੰਘ, ਕੁਲਵੰਤ ਸਿੰਘ ਸੱਗੂ, ਕੁਲਦੀਪ ਸਿੰਘ ਪਟਵਾਰੀ ਆਦਿ ਤੋਂ ਇਲਾਵਾ ਵੀ ਸ਼ਹਿਰ ਧਾਰੀਵਾਲ ਅਤੇ ਇਲਾਕੇ ਦੀਆਂ ਸੰਗਤਾਂ ਸ਼ਾਮਲ ਸਨ।

# ਸਾਂਝਾ ਫੋਰਮ ਤੇ ਏਕਤਾ ਮੰਚ ਦੇ ਸੱਦੇ 'ਤੇ ਬਿਜਲੀ ਕਾਮਿਆਂ ਨੇ ਪਾਵਰ ਮੈਨੇਜਮੈਂਟ ਦੀ ਅਰਥੀ ਫੂਕੀ



ਤਰਨ ਤਾਰਨ (ਨਜ਼ਸ)—ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੇ ਹੈਂਕੜ ਰਵੱਈਏ ਖਿਲਾਫ ਬਿਜਲੀ ਕਾਮਿਆਂ ਨੇ ਅੱਜ ਸਾਂਝਾ ਫੋਰਮ ਅਤੇ ਏਕਤਾ ਮੰਚ ਪੰਜਾਬ ਦੇ ਸਾਂਝੇ ਸੱਦੇ ਤੇ ਮੁਲਾਜ਼ਮਾਂ ਦੀਆਂ ਵਾਜਿਬ ਮੰਗਾਂ ਵੱਟੇ ਖਾਤੇ ਪਾਉਣ ਵਿਰੁੱਧ ਪਾਵਰਕਾਮ ਦੇ ਸਥਾਨਿਕ ਸਰਕਲ ਦਫਤਰ ਦੇ ਗੇਟ ਤੇ ਮੁਲਾਜ਼ਮ ਆਗੂਆਂ ਪੂਰਨ ਦਾਸ, ਮੇਜਰ ਸਿੰਘ ਮੱਲ੍ਹੀਆਂ, ਗੁਰਭੇਜ ਸਿੰਘ ਵਡਾਲਾ, ਕਲਵੰਤ ਸਿੰਘ ਮੱਲ੍ਹੀਆਂ, ਅਵਤਾਰ ਸਿੰਘ ਕੈਰੋਂ ਦੀ ਸਾਂਝੀ ਅਗਵਾਈ ਹੇਠ ਰੋਸ ਧਰਨਾ ਲਗਾ ਕੇ ਪਾਵਰ ਮੈਨੇਜਮੈਂਟ ਦੀ ਅਰਥੀ ਫੂਕ ਕੇ ਜ਼ੋਰਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਇਕੱਤਰ ਬਿਜਲੀ ਕਾਮਿਆਂ ਨੂੰ ਸੰਬੋਧਨ ਕਰਦਿਆਂ ਸਾਂਝਾ ਫੋਰਮ ਅਤੇ ਏਕਤਾ ਮੰਚ ਪੰਜਾਬ ਦੇ ਆਗੂਆਂ ਹਰਭਿੰਦਰ ਸਿੰਘ ਚਾਹਲ, ਜਗਜੀਤ ਸਿੰਘ ਜੀਉਬਾਲਾ, ਨਰਿੰਦਰ ਸਿੰਘ ਜੋਧਪੁਰ, ਕਵਲਜੀਤ ਕੌਰ, ਬਿੱਕਰ ਸਿੰਘ ਭਿੱਖੀਵਿੰਡ, ਪੈਨਸ਼ਨ ਯੂਨੀਅਨ ਦੇ ਆਗੂ ਨਰਿੰਦਰ ਬੇਦੀ, ਬਲਜਿੰਦਰ ਕੌਰ, ਗੁਰਭੇਜ ਸਿੰਘ ਢਿੱਲੋਂ,ਤਜਿੰਦਰ ਸਿੰਘ ਸੇਖੋਂ, ਗੁਰਪ੍ਰੀਤ ਸਿੰਘ ਗੰਡੀਵਿੰਡ ਆਦਿ ਨੇ ਪਾਵਰ ਮੈਨੇਜਮੈਂਟ ਤੇ ਸਨਅਤੀ ਅਦਾਰੇ ਦਾ ਮਾਹੌਲ ਖਰਾਬ ਕਰਨ ਦੇ ਦੋਸ਼ ਲਗਾਏ। ਆਗੂਆਂ ਨੇ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਜੇਕਰ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ 6 ਮਾਰਚ ਨੂੰ ਬਿਜਲੀ ਨਿਗਮ ਦੇ ਮੁੱਖ ਦਫਤਰ ਪਟਿਆਲਾ ਵਿਖੇ ਰੋਹ ਭਰਪੂਰ ਰੋਸ ਧਰਨਾ ਲਗਾ ਕੇ ਮੈਨੇਜਮੈਂਟ ਖਿਲਾਫ਼ ਪ੍ਰਦਰਸ਼ਨ ਕਰਨ ਉਪਰੰਤ 13 ਮਾਰਚ ਨੂੰ ਸੰਗਰੂਰ ਵਿੱਚ ਸੂਬਾ ਪੱਧਰ ਦੀ ਰੈਲੀ ਕਰਕੇ ਮੁੱਖ ਮੰਤਰੀ ਦੀ ਰਿਹਾਇਸ਼ ਵੱਲ ਰੋਸ ਮਾਰਚ ਕੀਤਾ ਜਾਵੇਗਾ। ਅਰਥੀ ਫੂਕਣ ਉਪਰੰਤ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਦੀ ਮੁਲਾਜ਼ਮ ਮਾਰੂ ਨੀਤੀ ਦੇ ਸਤਾਏ ਬਿਜਲੀ ਕਰਮਚਾਰੀਆਂ ਨੇ ਬਿਜਲੀ ਦਫਤਰ ਤੋਂ ਐੱਸਡੀਐੱਮ ਦਫਤਰ ਤੱਕ ਦੀ ਲੰਮੀ ਵਾਟ ਪੈਦਲ ਰੋਸ ਮਾਰਚ ਕਰਦੇ ਹੋਏ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਦਾ ਪਿੱਟ ਸਿਆਪਾ ਕਰਨ ਉਪਰੰਤ ਐੱਸਡੀਐੱਮ ਰਾਹੀਂ ਮੁੱਖ ਮੰਤਰੀ ਨੂੰ ਭੇਜਣ ਲਈ ਮੰਗ ਪੱਤਰ ਪੇਸ਼ ਕੀਤਾ ਜੋ ਤਹਿਸੀਲਦਾਰ ਮੈਡਮ ਅਰਚਨਾਂ ਸ਼ਰਮਾ ਨੇ ਪ੍ਰਾਪਤ ਕਰਕੇ ਮਾਣਯੋਗ ਮੁੱਖ ਮੰਤਰੀ ਨੂੰ ਭੇਜਣ ਦਾ ਵਿਸ਼ਵਾਸ ਦਿਵਾਇਆ।

# ਤੀਰਅੰਦਾਜ਼ੀ ਦੇ ਏਸ਼ੀਆ ਕੱਪ 'ਚ ਪ੍ਰਨੀਤ ਕੌਰ ਤੇ ਸਿਮਰਨਜੀਤ ਕੌਰ ਨੇ ਜਿੱਤੇ ਪੰਜ ਤਮਗੇ



ਚੰਡੀਗੜ੍ਹ (ਗੁਰਜੀਤ ਬਿੱਲਾ) ਕੌਮਾਂਤਰੀ ਪੱਧਰ ਉਤੇ ਪੰਜਾਬ ਦੇ ਖਿਡਾਰੀਆਂ ਵੱਲੋਂ ਨਿੱਤ ਦਿਨ ਦਿਖਾਏ ਜਾ ਰਹੇ ਬਿਹਤਰ ਪ੍ਰਦਰਸ਼ਨ ਦੇ ਚੱਲਦਿਆਂ ਤੀਰਅੰਦਾਜ਼ੀ, ਹਾਕੀ ਤੇ ਬੈਡਮਿੰਟਨ ਵਿੱਚ ਪੰਜਾਬ ਦੇ ਖਿਡਾਰੀਆਂ ਨੇ ਵੱਡੀਆਂ ਮੱਲਾਂ ਮਾਰੀਆਂ ਹਨ।ਬਗਦਾਦ (ਇਰਾਕ) ਵਿਖੇ ਚੱਲ ਰਹੇ ਤੀਰਅੰਦਾਜ਼ੀ ਦੇ ਏਸ਼ੀਆ ਕੱਪ ਵਿੱਚ ਪੰਜਾਬ ਦੀਆਂ ਦੋ ਤੀਰਅੰਦਾਜ਼ ਖਿਡਾਰਨਾਂ ਸਿਮਰਨਜੀਤ ਕੌਰ ਤੇ ਪ੍ਰਨੀਤ ਕੌਰ ਨੇ ਤਿੰਨ ਸੋਨੇ ਤੇ ਦੋ ਚਾਂਦੀ ਦੇ ਤਮਗ਼ੇ ਜਿੱਤੇ।ਅਬੋਹਰ ਦੀ ਸਿਮਰਨਜੀਤ ਕੌਰ ਨੇ ਰਿਕਰਵ ਦੇ ਮਿਕਸ ਟੀਮ ਅਤੇ ਮਹਿਲਾ ਟੀਮ ਵਿੱਚ ਦੋ ਸੋਨ ਤਮਗ਼ੇ ਅਤੇ ਵਿਅਕਤੀਗਤ ਵਰਗ ਵਿੱਚ ਇਕ ਚਾਂਦੀ ਦਾ ਤਮਗ਼ਾ ਜਿੱਤਿਆ। ਇਸੇ ਤਰ੍ਹਾਂ ਮਾਨਸਾ ਦੀ ਪ੍ਰਨੀਤ ਕੌਰ ਨੇ ਕੰਪਾਊਂਡ ਦੇ ਵਿਅਕਤੀਗਤ ਵਰਗ ਵਿੱਚ ਸੋਨੇ ਅਤੇ ਟੀਮ ਵਰਗ ਵਿੱਚ ਚਾਂਦੀ ਦਾ ਤਮਗ਼ਾ ਜਿੱਤਿਆ।

ਹਾਕੀ ਖੇਡ ਵਿੱਚ ਚੱਲ ਰਹੀ ਐਫ ਆਈ ਐਚ ਪ੍ਰੋ. ਹਾਕੀ ਲੀਗ ਵਿੱਚ ਭਾਰਤੀ ਲੈਗ ਦੇ ਆਖਰੀ ਮੈਚ ਵਿੱਚ ਭਾਰਤ ਨੇ ਆਇਰਲੈਂਡ ਨੂੰ 4-0 ਨਾਲ ਹਰਾਇਆ। ਇਸ ਲੀਗ ਵਿੱਚ ਭਾਰਤੀ ਟੀਮ ਨੇ ਹੁਣ ਤੱਕ 8 ਮੈਚ ਖੇਡ ਕੇ 15 ਅੰਕਾਂ ਨਾਲ ਤੀਜਾ ਸਥਾਨ ਮੱਲ ਲਿਆ ਹੈ। ਹੁਣ ਭਾਰਤੀ ਟੀਮ ਮਈ-ਜੂਨ ਵਿੱਚ ਯੂਰੋਪੀਅਨ ਲੈਗ ਦੇ ਬਾਕੀ ਅੱਠ ਮੈਚ ਖੇਡੇਗੀ। ਟੀਮ ਵਿੱਚ ਕਪਤਾਨ ਹਰਮਨਪ੍ਰੀਤ ਸਿੰਘ ਸਮੇਤ 10 ਖਿਡਾਰੀ ਪੰਜਾਬ ਦੇ ਹਨ।

# 35ਵੇਂ ਚਾਰ ਦਿਨਾ ਆਲ ਓਪਨ ਫੁੱਟਬਾਲ ਟੂਰਨਾਮੈਂਟ 'ਚ ਪੰਡੋਰੀ ਰਣ ਸਿੰਘ ਦੀ ਟੀਮ ਰਹੀ ਜੇਤੂ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਬੀਬੀ ਰਤਨੀ ਸਪੋਰਟਸ ਕਲੱਬ ਪਿੰਡ ਕਸੇਲ ਵਲੋਂ ਕਰਵਾਏ 35ਵੇਂ ਚਾਰ ਦਿਨਾ ਆਲ ਓਪਨ ਫੁੱਟਬਾਲ ਪੇਂਡੂ ਟੂਰਨਾਮੈਂਟ ਵਿੱਚ ਚੌਥੇ ਦਿਨ ਐਤਵਾਰ ਨੂੰ ਫਾਈਨਲ ਮੈਚ ਪੰਡੋਰੀ ਰਣ ਸਿੰਘ ਦੀ ਫੁੱਟਬਾਲ ਤੇ ਅਟਾਰੀ ਦੀ ਟੀਮ ਵਿੱਚ ਹੋਇਆ ਤੇ ਪੰਡੋਰੀ ਰਣ ਸਿੰਘ ਦੀ ਟੀਮ ਨੇ ਅਟਾਰੀ ਦੀ ਟੀਮ ਨੂੰ ਹਰਾ ਕੇ ਫਾਈਨਲ ਮੈਚ ਵਿੱਚ ਜਿੱਤ ਹਾਸਲ ਕੀਤੀ ਤੇ ਪੰਡੋਰੀ ਰਣ ਸਿੰਘ ਦੀ ਟੀਮ ਨੂੰ 61000, ਦੂਜੇ ਨੰਬਰ ਤੇ ਰਹੀ ਅਟਾਰੀ ਦੀ ਟੀਮ ਨੂੰ ਇਨਾਮ ਵਜੋਂ 51000 ਦੇ ਨਕਦ ਇਨਾਮ ਤੇ ਟਰਾਫੀਆਂ ਹਲਕਾ ਤਰਨਤਾਰਨ ਦੇ ਸਾਬਕਾ ਵਿਧਾਇਕ ਹਰਮੀਤ ਸਿੰਘ ਸੰਧੂ ਨੇ ਦਿੱਤੇ ਤੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ। ਜਾਣਕਾਰੀ ਦੇਂਦਿਆਂ ਹੋਏ ਸੁਖਜਿੰਦਰ ਸਿੰਘ ਕਸੇਲ ਤੇ ਕਲੱਬ ਪ੍ਰਧਾਨ ਸੂਬੇਦਾਰ ਜਗਰੂਪ ਸਿੰਘ ਕਸੇਲ ਨੇ ਦੱਸਿਆ ਕਿ ਪੇਂਡੂ ਫੁੱਟਬਾਲ ਟੂਰਨਾਮੈਂਟ ਵਿਚ 32 ਟੀਮਾਂ ਨੇ ਭਾਗ ਲਿਆ। ਇਸ ਤੋਂ ਇਲਾਵਾ ਬਜ਼ੁਰਗਾਂ ਦੀਆਂ ਦੌੜਾਂ, ਨੌਜਵਾਨਾਂ ਦੀਆਂ ਦੌੜਾਂ, ਬੱਚਿਆਂ ਦੀਆਂ ਦੌੜਾਂ ਵੀ ਕਰਵਾਈਆਂ ਗਈਆਂ ਤੇ ਅੱਖਾਂ ਦਾ ਕੈਂਪ ਲਗਾਇਆ ਗਿਆ। ਟੂਰਨਾਮੈਂਟ ਦੌਰਾਨ ਗੁਰੂ ਕੇ ਲੰਗਰ ਵੀ ਅਤੁੱਟ ਵਰਤਾਏ ਗਏ। ਇਸ ਮੌਕੇ ਕੁਲਦੀਪ ਸਿੰਘ, ਹੌਲਦਾਰ ਸੁਖਵੰਤ ਸਿੰਘ, ਕਿਸਾਨ ਯੂਨੀਅਨ ਦੇ ਪ੍ਰਧਾਨ ਮੇਜਰ ਸਿੰਘ ਕਸੇਲ, ਬਾਬਾ ਲਾਲ ਸਿੰਘ, ਹਰਪਾਲ ਸਿੰਘ ਢੱਕਵਾਲੇ, ਜੱਸਾ ਸਿੰਘ, ਜਰਨੈਲ ਸਿੰਘ, ਮਲਕੀਤ ਸਿੰਘ, ਪ੍ਰੋ. ਇੰਦਰਜੀਤ ਸਿੰਘ ਕਸੇਲ, ਜੇਈ ਨੌਨਿਹਾਲ ਸਿੰਘ ਕਸੇਲ, ਕਾਮਰੇਡ ਗੁਰਮੀਤ ਸਿੰਘ, ਕਾਰਜ ਸਿੰਘ, ਸੁਖਵੰਤ ਸਿੰਘ ਹੌਲਦਾਰ, ਗੁਰਦੁਆਰਾ ਕਮੇਟੀ ਪ੍ਰਧਾਨ ਕਿਰਪਾਲ ਸਿੰਘ ਲਾਲੀ ਕਸੇਲ, ਵਰਿਆਮ ਸਿੰਘ, ਕੁਲਦੀਪ ਸਿੰਘ, ਕਸ਼ਮੀਰ ਸਿੰਘ ਮੈਂਬਰ ਗੁਰਦੁਆਰਾ ਕਮੇਟੀ, ਸੂਬੇਦਾਰ ਪ੍ਰਦੀਪ ਸਿੰਘ ਕਸੇਲ, ਡਾ. ਕਸ਼ਮੀਰ ਸਿੰਘ, ਜਸਪਿੰਦਰ ਸਿੰਘ, ਠੇਕੇਦਾਰ ਜੱਸੀ, ਭਗਵੰਤ ਸਿੰਘ, ਕਾਬਲ ਸਿੰਘ ਫੌਜੀ, ਜਗਪਿੰਦਰ ਸਿੰਘ ਫੌਜੀ, ਬਲਜੀਤ ਸਿੰਘ ਕਸੇਲ, ਜਸਕਰਨਜੀਤ ਸਿੰਘ ਹੌਲਦਾਰ, ਭੁਪਿੰਦਰਬੀਰ ਸਿੰਘ ਰਿੰਕੂ ਨੰਬਰਦਾਰ, ਗੁਰਭੇਜ ਸਿੰਘ ਧਾਲੀਵਾਲ, ਗੁਰਸਾਗਰ ਸਿੰਘ, ਮਲਕੀਤ ਸਿੰਘ ਹਰਬੰਸਪੁਰਾ, ਰਾਜੂ ਹਰਬੰਸਪੁਰਾ,

# ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ




ਪਠਾਨਕੋਟ (ਦਵਿੰਦਰ ਸਿੰਘ)-ਇੱਕ ਵਾਰ ਫਿਰ ਵਿਧਾਨ ਸਭਾ ਹਲਕਾ ਭੋਆ ਦੇ ਇਤਿਹਾਸਿਕ ਪਿੰਡ ਘਰੋਟਾ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਦੇ ਲਈ ਬੱਸ ਰਵਾਨਾ ਕੀਤੀ ਹੈ। ਇਹ ਹਲਕਾ ਭੋਆ ਦੀ 6ਵੀਂ ਬੱਸ ਹੈ ਅਤੇ ਇਸ ਯਾਤਰਾ ਦੇ ਜਾਣ ਵਾਲੇ ਸ਼ਰਧਾਲੂ ਸਭ ਤੋਂ ਪਹਿਲਾ ਨੈਨਾਂ ਦੇਵੀ, ਰਾਤ ਸ੍ਰੀ ਅਨੰਦਪੁਰ ਸਾਹਿਬ ਜਾਣਗੇ ਅਤੇ ਉਸ ਤੋਂ ਬਾਅਦ ਜਵਾਲਾ ਜੀ ਅਤੇ ਚਿੰਤਪੂਰਨੀ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨਗੇ, ਉਹ ਸਾਰੇ ਯਾਤਰੀਆਂ ਦੇ ਲਈ ਮੰਗਲ ਕਾਮਨਾ ਕਰਦੇ ਹਨ ਕਿ ਉਨ੍ਹਾਂ ਦੀ ਯਾਤਰਾ ਸਫਲ ਹੋਵੇ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਅਤੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਪੰਜਾਬ ਨੇ ਅੱਜ ਪਿੰਡ ਘਰੋਟਾ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਅਧੀਨ ਸ਼ਰਧਾਲੂਆਂ ਦੀ ਭਰੀ ਬੱਸ ਨੂੰ ਰਵਾਨਾ ਕਰਨ ਮਗਰੋਂ ਕੀਤਾ ਇਸ ਮੌਕੇ ਹੋਰਨਾਂ ਤੋਂ ਇਲਾਵਾ ਠਾਕੁਰ ਮਨੋਹਰ ਸਿੰਘ ਸਟੇਟ ਜੁਆਇੰਟ ਸਕੱਤਰ ਟ੍ਰੇਡਿੰਗ ਪੰਜਾਬ, ਬਲਾਕ ਪ੍ਰਧਾਨ ਪਵਨ ਕੁਮਾਰ ਫੌਜੀ, ਠਾਕੁਰ ਭੁਪਿੰਦਰ ਸਿੰਘ, ਸੰਦੀਪ ਕੁਮਾਰ ਬਲਾਕ ਪ੍ਰਧਾਨ ਅਤੇ ਹੋਰ ਪਾਰਟੀ ਕਾਰਜਕਰਤਾ ਹਾਜ਼ਰ ਸਨ।

ਇਸ ਤਰ੍ਹਾਂ ਦੀਆਂ ਹੋਰ ਵੀ ਬੱਸਾਂ ਵੱਖ ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਜ਼ਿਲ੍ਹਾ ਪਠਾਨਕੋਟ ਤੋਂ ਰਵਾਨਾ ਹੋਣਗੀਆਂ।ਧਾਰਮਿਕ ਸਥਾਨਾਂ ਦੇ ਦਰਸ਼ਨਾਂ ਤੇ ਜਾ ਰਹੇ ਸ਼ਰਧਾਲੂਆਂ ਨੂੰ ਪੰਜਾਬ ਸਰਕਾਰ ਵੱਲੋਂ ਭੇਜੀ ਗਈ ਇੱਕ ਇੱਕ ਕਿੱਟ ਵੀ ਵੰਡੀ ਗਈ ਹੈ ਜਿਸ ਵਿੱਚ ਯਾਤਰਾ ਦੌਰਾਨ ਉਨ੍ਹਾਂ ਨੂੰ ਲੋੜੀਦੇ ਸਾਮਾਨ ਸ਼ਾਮਲ ਹੈ।

# ਇੰਡੀਗੋ ਨੇ ਮੁੜ ਸ਼ੁਰੂ ਕੀਤੀ ਲਖਨਊ-ਅੰਮ੍ਰਿਤਸਰ ਸਿੱਧੀ ਉਡਾਣ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਇੰਡੀਗੋ ਨੇ 22 ਫਰਵਰੀ, 2024 ਤੋਂ ਆਪਣੀ ਲਖਨਊ-ਅੰਮ੍ਰਿਤਸਰ ਸਿੱਧੀ ਉਡਾਣ ਮੁੜ ਸ਼ੁਰੂ ਕਰ ਦਿੱਤੀ ਹੈ। ਅੰਮ੍ਰਿਤਸਰ ਹਵਾਈ ਅੱਡੇ ਦੀ ਬਿਹਤਰੀ ਅਤੇ ਵਧੇਰੇ ਉਡਾਣਾਂ ਲਈ ਯਤਨਸ਼ੀਲ ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਦੇ ਕਨਵੀਨਰ ਇੰਡੀਆ ਯੋਗੇਸ਼ ਕਾਮਰਾ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਲਖਨਊ ਦੇ ਚੌਧਰੀ ਚਰਨ ਸਿੰਘ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮ ਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡਾ, ਅੰਮ੍ਰਿਤਸਰ ਪਹੁੰਚਣ ਤੋਂ ਬਾਅਦ ਜਹਾਜ਼ ਸ੍ਰੀਨਗਰ ਲਈ ਰਵਾਨਾ ਹੁੰਦਾ ਹੈ। ਕਾਮਰਾ ਅਨੁਸਾਰ ਲਖਨਊ-ਅੰਮ੍ਰਿਤਸਰ ਵਿਚਕਾਰ ਇਹ ਉਡਾਣ 31 ਦਸੰਬਰ, 2023 ਤੋਂ ਮੁਅੱਤਲ ਕਰ ਦਿੱਤੀ ਗਈ ਸੀ ਕਿਉਂਕਿ ਏਅਰਲਾਈਨ ਨੂੰ ਆਪਣੇ ਕਈ ਏਅਰਬੱਸ ਜਹਾਜ਼ਾਂ ਦੇ ਇੰਜਣ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਇਸ ਉਡਾਣ ਦੇ ਮੁੜ ਸ਼ੁਰੂ ਹੋਣ ਨਾਲ, ਇੰਡੀਗੋ ਹੁਣ ਅੰਮ੍ਰਿਤਸਰ-ਸ੍ਰੀਨਗਰ ਵਿਚਕਾਰ ਰੋਜ਼ਾਨਾ 2 ਉਡਾਣਾਂ ਚਲਾ ਰਹੀ ਹੈ।

# ਆਈਡੀਬੀਈ ਬੈਂਕ ਵੱਲੋਂ ਉਤਸਵ ਐੱਫਡੀ ਸਕੀਮ ਦੇ ਤਹਿਤ ਵਿਸ਼ੇਸ਼ ਦਰਾਂ ਪੇਸ਼

ਚੰਡੀਗੜ੍ਹ : ਆਈਡੀਬੀਈ ਬੈਂਕ ਨੇ ਆਪਣੀ ਨਵੀਨਤਮ ਪੇਸ਼ਕਸ਼ ਵਿੱਚ 7.55% ਪ੍ਰਤੀ ਸਲਾਨਾ ਦੀ ਅਧਿਕਤਮ ਦਰ ਦੇ ਨਾਲ 300 ਦਿਨਾਂ ਦੀ ਵਿਸ਼ੇਸ਼ ਸੀਮਤ ਕਾਰਜਕਾਲ ਐੱਫਡੀ ਪੇਸ਼ ਕੀਤੀ ਹੈ, ਜੋ ਸਮੇਂ ਤੋਂ ਪਹਿਲਾਂ ਤੋੜਨ ਲਈ ਆਗਿਆ ਹੋਵੇਗੀ ।ਇਹ ਮੁਹਿੰਮ ਉਤਸਵ ਐੱਫਡੀ ਸਕੀਮ ਦੇ ਤਹਿਤ ਸ਼ੁਰੂ ਕੀਤਾ ਗਿਆ ਹੈ ਅਤੇ ਉਨ੍ਹਾਂ ਗਾਹਕਾਂ ਨੂੰ ਆਕਰਸ਼ਕ ਪੇਸ਼ਕਸ਼ਾਂ ਪੇਸ਼ ਕਰਦਾ ਹੈ ਜੋ ਥੋੜ੍ਹੇ ਸਮੇਂ ਲਈ ਆਕਰਸ਼ਕ ਵਿਆਜ ਦਰਾਂ ਚਾਹੁੰਦੇ ਹਨ।ਇਸ ਤੋਂ ਇਲਾਵਾ 375 ਅਤੇ 444 ਦਿਨਾਂ ਲਈ ਮੌਜੂਦਾ ਉਤਸਵ ਐਫਡੀ ਕ੍ਰਮਵਾਰ: 7.60% ਪ੍ਰਤੀ ਸਾਲ ਅਤੇ 7.75% ਪ੍ਰਤੀ ਸਲਾਨਾ ਪ੍ਰਤੀਯੋਗੀ ਵਿਆਜ ਦਰ ਪ੍ਰਦਾਨ ਕਰਦੀ ਰਵੇਗੀ।

# ਸਮਰ ਪੈਲੇਸ ਵਿਖੇ ਸਿੱਖ ਇਤਿਹਾਸ 'ਤੇ ਬਣੇ ਰੌਸ਼ਨੀ ਤੇ ਆਵਾਜ਼ ਸ਼ੋਅ ਦੀ ਸ਼ੁਰੂਆਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਰੰਗਲਾ ਪੰਜਾਬ ਮੇਲੇ ਤਹਿਤ ਜਿਥੇ ਪੰਜਾਬ ਸਰਕਾਰ ਵਲੋਂ ਸੈਰ ਸਪਾਟਾ ਅਤੇ ਸੱਭਿਆਚਾਰਕ ਵਿਭਾਗ ਦੇ ਮੱਦਦ ਨਾਲ ਅੰਮ੍ਰਿਤਸਰ ਵਿੱਚ ਪੰਜਾਬ ਦੀ ਸੱਭਿਅਤਾ ਅਤੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਪ੍ਰੋਗਰਾਮ ਜਾਰੀ ਹਨ, ਉਥੇ ਪੰਜਾਬ ਸਰਕਾਰ ਵਲੋਂ ਮਹਾਰਾਜਾ ਰ ਣਜੀਤ ਸਿੰਘ ਦ ਸਮਰ ਪੈਲੇਸ ਜੋ ਕਿ ਕੰਪਨੀ ਬਾਗ ਵਿਖੇ ਸਥਿਤ ਹੈ ਵਿਖੇ ਰੌਸ਼ਨੀ ਅਤੇ ਆਵਾਜ਼ ਦੇ ਸੁਮੇਲ ਨਾਲ ਬਣਿਆ ਬਹੁਤ ਵਧੀਆ ਸ਼ੋਅ ਦੀ ਸ਼ੁਰੂਆਤ ਕੀਤੀ ਗਈ ਹੈ, ਜੋ ਕਿ ਸੈਲਾਨੀਆਂ ਲਈ ਖਿੱਚ ਦਾ ਕੇਂਦਰ ਬਣੇਗੀ। ਵਿਭਾਗ ਦੇ ਵਧੀਕ ਡਾਇਰੈਕਟਰ ਰਾਕੇਸ਼ ਪੋਪਲੀ ਨੇ ਦੱਸਿਆ ਕਿ ਇਹ ਸ਼ੋਅ ਪੱਕੇ ਤੌਰ ਤੇ ਚੱਲਣ ਵਾਲਾ ਸ਼ੋਅ ਹੋਵੇਗਾ, ਜੋ ਕਿ ਰੋਜ਼ਾਨਾ ਸ਼ਾਮ ਨੂੰ ਇਸ ਪੈਲੇਸ ਵਿੱਚ ਚੱਲੇਗਾ। ਉਨਾਂ ਦੱਸਿਆ ਕਿ 20 ਮਿੰਟ ਦੇ ਇਸ ਸ਼ੋਅ ਵਿੱਚ ਸਿੱਖ ਇਤਿਹਾਸ ਦੀ ਮੁੱਢਲੀ ਜਾਣਕਾਰੀ ਨੂੰ ਪੇਸ਼ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਉਨਾਂ ਦੱਸਿਆ ਕਿ 2.76 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਇਸ ਦਿਲਚਸਪ ਲਾਈਟ ਐਂਡ ਸਾਊਂਡ ਸ਼ੋਅ ਰਾਹੀਂ ਪੰਜਾਬ ਦੇ ਯੋਧਿਆਂ ਦੀ ਬਹਾਦਰੀ, ਦਲੇਰੀ ਅਤੇ

ਅਮੀਰ ਵਿਰਸੇ ਨੂੰ ਬਾਖੂਬੀ ਪੇਸ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਪੇਸ਼ਕਾਰੀ ਨੂੰ ਵੇਖਣ ਵਾਲਾ ਦਰਸ਼ਕ ਆਪਣੇ ਆਪ ਨੂੰ ਇਸ ਅਮੀਰ ਵਿਰਸੇ ਵਿੱਚ ਲੀਨ ਹੋਇਆ ਮਹਿਸੂਸ ਕਰਦਾ ਹੈ ਅਤੇ ਯੋਧਿਆਂ ਦੀ ਬਹਾਦਰੀ ਅਤੇ ਭਾਵਨਾ ਨੂੰ ਨਵੀਨਤਮ ਡਿਜੀਟਲ ਤਕਨਾਲੋਜੀ ਰਾਹੀਂ ਦੇਖਦੇ ਹੋਏ ਆਪ ਉਸ ਸਮੇਂ ਦਾ ਸਮਕਾਲੀ ਹੋ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਹ ਸ਼ੋਅ ਰੋਜ਼ਾਨਾ ਮੌਸਮ ਦੇ ਅਨੁਸਾਰ ਸ਼ਾਮ ਦੇ ਸਮੇਂ ਇਸ ਪੈਲੇਸ ਵਿੱਚ ਲੋਕਾਂ ਦੀ ਮੰਗ ਅਨੁਸਾਰ ਸਮਾਂ ਤੈਅ ਕਰਕੇ ਚਲਾਇਆ ਜਾਵੇਗਾ ਅਤੇ ਜੇਕਰ ਲੋੜ ਮਹਿਸੂਸ ਹੋਈ ਤਾਂ ਇਕ ਤੋਂ ਵੱਧ ਸ਼ੋਅ ਵੀ ਇਸਦੇ ਰੋਜ਼ਾਨਾ ਚੱਲਣਗੇ। ਉਨ੍ਹਾਂ ਦੱਸਿਆ ਕਿ ਇਸ ਡਿਜੀਟਲ ਸ਼ੋਅ ਦਾ ਮੰਤਵ ਅੰਮ੍ਰਿਤਸਰ ਸ਼ਹਿਰ ਆਉਣ ਵਾਲੇ ਲੱਖਾਂ ਸੈਲਾਨੀਆਂ ਨੂੰ ਸਿੱਖ ਇਤਿਹਾਸ ਦੀ ਮੁੱਢਲੀ ਜਾਣਕਾਰੀ ਦੇਣ ਦੇ ਨਾਲ ਨਾਲ ਸ਼ਹਿਰ ਵਿੱਚ ਸੈਲਾਨੀਆਂ ਲਈ ਇਕ ਆਕਰਸ਼ਨ ਪੈਦਾ ਕਰਨਾ ਹੈ ਤਾਂ ਜੋ ਲੋਕ ਅੰਮ੍ਰਿਤਸਰ ਆ ਕੇ ਇਕ ਤੋਂ ਵੱਧ ਦਿਨ ਗੁਜ਼ਾਰਨ ਅਤੇ ਇਸਦੇ ਆਲੇ-ਦੁਆਲੇ ਦੇ ਸਥਾਨਾਂ 'ਤੇ ਸੈਰ ਲਈ ਨਿਕਲਣ।

# ਜੇ ਈ ਤੇ ਕਲਰਕ 50,000 ਰੁਪਏ ਰਿਸ਼ਵਤ ਲੈਂਦੇ ਕਾਬੂ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲ ਰਹੀ ਮੁਹਿੰਮ ਦੌਰਾਨ ਅੰਮ੍ਰਿਤਸਰ ਇੰਪਰੂਵਮੈਂਟ ਟਰੱਸਟ ਵਿਖੇ ਤਾਇਨਾਤ ਜਗਜੀਤ ਸਿੰਘ, ਜੂਨੀਅਰ ਇੰਜੀਨੀਅਰ ਅਤੇ ਸੰਜੀਵ ਕੁਮਾਰ, ਵਿੱਕਰੀ ਕਲਰਕ ਦੋਵਾਂ ਨੂੰ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।ਇਹ ਪ੍ਰਗਟਾਵਾ ਕਰਦਿਆਂ ਵਿਜੀਲੈਂਸ ਬਿਊਰੋ ਅੰਮ੍ਰਿਤਸਰ ਰੇਂਜ ਦੇ ਐੱਸਐੱਸਪੀ ਗੁਰਸੇਵਕ ਸਿੰਘ ਬਰਾੜ ਨੇ ਦੱਸਿਆ ਕਿ ਉਪਰੋਕਤ ਕਰਮਚਾਰੀਆਂ ਨੂੰ ਇੰਦਰਜੀਤ ਸਿੰਘ, ਨਵਾਂ ਕੋਟ, ਅੰਮ੍ਰਿਤਸਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਅੰਮ੍ਰਿਤਸਰ ਕੋਲ ਪਹੁੰਚ ਕਰਕੇ ਦੋਸ਼ ਲਾਇਆ ਹੈ ਕਿ ਉਕਤ ਕਰਮਚਾਰੀ ਰੇਲਵੇ ਲਿੰਕ ਰੋਡ, ਅੰਮ੍ਰਿਤਸਰ ਵਿਖੇ ਇੱਕ ਪਲਾਟ ਦੀ ਮਾਲਕੀ ਸਬੰਧੀ ਕੋਈ ਇਤਰਾਜ਼ ਨਹੀਂ ਸਰਟੀਫਿਕੇਟ (ਐੱਨਓਸੀ) ਜਾਰੀ ਕਰਨ ਦੇ ਬਦਲੇ 50,000 ਰੁਪਏ ਦੀ ਰਿਸ਼ਵਤ ਦੀ ਮੰਗ ਕਰ ਰਹੇ ਹਨ ।ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਅੰਮ੍ਰਿਤਸਰ ਰੇਂਜ ਦੀ ਵਿਜੀਲੈਂਸ ਟੀਮ ਨੇ ਜਾਲ ਵਿਛਾਇਆ ਜਿਸ ਵਿੱਚ ਜੇਈ ਜਗਜੀਤ ਸਿੰਘ ਅਤੇ ਕਲਰਕ ਸੰਜੀਵ ਕੁਮਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਅਗਲੇਰੀ ਕਾਰਵਾਈ ਜਾਰੀ ਹੈ।

# ਮਾਨਵਾਲਾ ਖੂਹ ਕੁੱਟਮਾਰ ਮਾਮਲੇ 'ਚ ਆਇਆ ਨਵਾਂ ਮੋੜ

## * 7 ਖਿਲਾਫ ਮਾਮਲਾ ਦਰਜ, 6 ਗ੍ਰਿਫਤਾਰ, 1 ਫਰਾਰ !



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਬੀਤੀ ਸ਼ਾਮ ਛੋਟੇ ਹਾਥੀ ਦੇ ਡਰਾਈਵਰ ਦੀ ਕੁੱਟਮਾਰ ਕੀਤੀ ਗਈ। ਜਦੋਂ ਐੱਸਐੱਚਓ ਮੁਖਤਿਆਰ ਸਿੰਘ ਆਪਾਣੀ ਪੁਲਸ ਪਾਰਟੀ ਨਾਲ ਉਥੇ ਪਹੁੰਚੇ ਤਾਂ ਮਾਮਲਾ ਕੁਝ ਹੋਰ ਹੀ ਨਿਕਲਿਆ। ਜਦੋਂ ਪੁਲਸ ਇਸ ਮਾਮਲੇ ਦੀ ਜਾਂਚ ਲਈ ਮੁੱਖ ਦੋਸ਼ੀ ਸੁਨੀਤਾ ਦੇ ਘਰ ਪਹੁੰਚੀ ਤਾਂ ਪੁਲਸ ਨੂੰ ਵੱਡੀ ਕਾਮਯਾਬੀ ਮਿਲੀ। ਦਰਅਸਲ, ਰਾਜਬੀਰ ਸਿੰਘ ਉਰਫ ਫੱਕਰ ਨੂੰ 2 ਦਿਨ ਤੱਕ ਸੁਨੀਤਾ ਦੇ ਘਰ ਵਿੱਚ ਕੈਦ ਰੱਖਿਆ ਗਿਆ ਅਤੇ ਉਸ ਦੀ ਕੁੱਟਮਾਰ ਵੀ ਕੀਤੀ ਗਈ। ਇੰਨਾ ਹੀ ਨਹੀਂ ਉਸ 'ਤੇ ਜ਼ਬਰਦਸਤੀ ਮੋਟਰਸਾਈਕਲ ਚੋਰੀ ਕਰਨ ਦਾ ਦੋਸ਼ ਲਗਾ ਰਹੇ ਸਨ।

ਇਸ ਤੋਂ ਇਲਾਵਾ ਪੁਲਸ ਨੇ ਸੁਨੀਤਾ ਦੇ ਘਰੋਂ ਇੱਕ 30 ਬੋਰ ਦਾ ਪਿਸਤੌਲ ਅਤੇ ਇੱਕ ਚਿੱਟੇ ਰੰਗ ਦੀ ਵੈਂਟੋ ਕਾਰ ਨੰਬਰ 3 0353 ਬਰਾਮਦ ਕੀਤੀ ਹੈ, ਜਿਸ ਦੀ ਵਰਤੋਂ ਪਿੰਡ ਬੰਡਾਲਾ ਤੋਂ ਰਾਜਬੀਰ ਉਰਫ ਫੱਕਰ ਨੂੰ ਅਗਵਾ ਕਰਨ ਲਈ ਕੀਤੀ ਗਈ ਸੀ। ਇਸ ਤੋਂ ਇਲਾਵਾ ਤਫਤੀਸ਼ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਸੁਨੀਤਾ ਖਿਲਾਫ ਸਾਲ 2020 ਵਿੱਚ ਪਹਿਲਾਂ ਵੀ ਨਾਜਾਇਜ਼ ਪਿਸਤੌਲ ਬਰਾਮਦਗੀ ਦਾ ਮਾਮਲਾ ਵੀ ਦਰਜ ਹੋਇਆ ਸੀ। ਐੱਸਆਈ ਸੁਖਦੇਵ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਮੁਲਜ਼ਮ ਸੁਨੀਤਾ ਪਤਨੀ ਰਾਜੂ ਵਾਸੀ ਮਾਨਾਵਾਲਾ ਖੂਹ, ਜੋਬਨਜੀਤ ਸਿੰਘ, ਵਿਕਰਮਜੀਤ ਸਿੰਘ ਪੁੱਤਰ ਕੁਲਜੀਤ ਸਿੰਘ ਵਾਸੀ ਜੰਡਿਆਲਾ ਗੁਰੂ ਸਬੰਧੀ ਦਿਲਸ਼ੇਰ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ ਨੰਗਲ ਗੁਰੂ, ਸਾਹਿਲ ਪੁੱਤਰ ਰਾਜੂ ਵਾਸੀ ਮਾਨਵਾਲਾ ਖੂਹ ਜੰਡਿਆਲਾ ਗੁਰੂ ਅਤੇ ਜੋਬਨਪ੍ਰੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਪੱਖੋਕੇ ਜ਼ਿਲ੍ਹਾ ਤਰਨਤਾਰਨ ਖਿਲਾਫ ਕੇਸ ਦਰਜ ਕੀਤਾ ਗਿਆ ਹੈ। ਇਨ੍ਹਾਂ ਵਿੱਚ ਜੰਡਿਆਲਾ ਪੁਲਸ ਨੇ 6 ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਹੈ ਜਦੋਂਕਿ ਮੁਲਜ਼ਮ ਜੋਬਨਪ੍ਰੀਤ ਸਿੰਘ ਵਾਸੀ ਪੱਖੋਕੇ ਜ਼ਿਲ੍ਹਾ ਤਰਨਤਾਰਨ ਫਰਾਰ ਹੈ।

ਐੱਸਐੱਚਓ ਇੰਸਪੈਕਟਰ ਮੁਖਤਿਆਰ ਸਿੰਘ ਦਾ ਕਹਿਣਾ ਹੈ ਕਿ ਮੁਲਜਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ, ਜਿਸ ਕਾਰਨ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਜਦੋਂ ਸਰਕਾਰੀ ਪ੍ਰੋਗਰਾਮ ਤੋਂ ਪਹਿਲਾਂ ਹੀ ਕਾਂਗਰਸੀਆਂ ਨੇ ਸਫਾਈ ਗੱਡੀਆਂ ਨੂੰ ਹਰੀ ਝੰਡੀ ਵਿਖਾਈ !



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਆਮ ਆਦਮੀ ਪਾਰਟੀ ਵੱਲੋਂ ਸਰਕਾਰ ਤੋਂ ਸ਼ਹਿਰ ਦੀ ਸਾਫ਼ ਸਫ਼ਾਈ ਲਈ ਨਵੀਆਂ ਗੱਡੀਆਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਨ ਦਾ ਪ੍ਰੋਗਰਾਮ ਸਵੇਰੇ 11 ਵਜੇ ਰੱਖਿਆ ਗਿਆ ਸੀ ਜਿਸ ਨੂੰ ਵਿਧਾਨ ਸਭਾ ਹਲਕਾ ਕਾਦੀਆਂ ਦੇ ਇੰਚਾਰਜ ਅਤੇ ਜਨਰਲ ਸਕੱਤਰ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਹਰੀ ਝੰਡੀ ਵਿਖਾ ਕੇ ਸ਼ਹਿਰ ਨੂੰ ਸਮਰਪਿਤ ਕਰਨਾ ਸੀ।

ਨਗਰ ਕੌਂਸਲ ਕਾਦੀਆਂ ਵਿੱਚ ਕਾਂਗਰਸ ਦੀ ਕਮੇਟੀ ਹੈ। ਇਸ ਤੋਂ ਪਹਿਲਾਂ ਕਿ ਆਮ ਆਦਮੀ ਪਾਰਟੀ ਹਰੀ ਝੰਡੀ ਵਿਖਾਉਂਦੇ ਉਸ ਤੋਂ ਪਹਿਲਾਂ ਹੀ ਨਗਰ ਕੌਂਸਲ ਦੀ ਪ੍ਰਧਾਨ ਨੇਹਾ ਨੇ ਆਪਣੇ ਕੌਂਸਲਰਾਂ ਨਾਲ ਮਿਲ ਕੇ ਹਰੀ ਝੰਡੀ ਵਿਖਾ ਕੇ ਕੂੜੇ ਲਈ ਲਿਆਂਦੀ 3 ਗੱਡੀਆਂ ਸ਼ਹਿਰ ਨੂੰ ਸਮਰਪਿਤ ਕਰ ਦਿੱਤੀ ਜਿਸ ਦੇ ਚੱਲਦੀਆਂ ਆਮ ਆਦਮੀ ਪਾਰਟੀ ਦਾ ਪ੍ਰੋਗਰਾਮ ਕੈਂਸਲ ਹੋ ਗਿਆ।ਇਸ ਸਬੰਧ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜਗਰੂਪ ਸਿੰਘ ਸੇਖਵਾਂ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਉਹ ਕੁੱਝ ਦਿਨ ਪਹਿਲਾਂ ਲੋਕਲ ਬਾਡੀ ਮੰਤਰੀ ਬਲਕਾਰ ਸਿੰਘ ਨੂੰ ਈਓ ਕਾਦੀਆਂ ਅਰੁਣ ਕੁਮਾਰ ਦੇ ਨਾਲ ਜਾ ਕੇ ਮਿਲੇ ਸਨ।

ਉਨ੍ਹਾਂ ਨੇ ਮੰਤਰੀ ਸਾਹਿਬ ਨੂੰ ਸ਼ਹਿਰ ਦੀ ਸਾਫ਼ ਸਫ਼ਾਈ ਲਈ ਗੱਡੀਆਂ ਦੀ ਮੰਗ ਕੀਤੀ ਜਿਸ ਤੇ ਉਨ੍ਹਾਂ ਦੀ ਮੰਗ ਨੂੰ ਪ੍ਰਵਾਨ ਕਰਦੀਆਂ ਸ਼ਹਿਰ ਲਈ 3 ਟਾਟਾ ਗੱਡੀਆਂ ਮਨਜ਼ੂਰ ਕੀਤੀ ਗਈ।ਉਨ੍ਹਾਂ ਦੱਸਿਆ ਕਿ ਅਸੀਂ ਅੱਜ ਹਰੀ ਝੰਡੀ ਵਿਖਾ ਕੇ ਇਸ ਨੂੰ ਸ਼ਹਿਰ ਵਾਸੀਆਂ ਨੂੰ ਸਮਰਪਿਤ ਕਰਨਾ ਸੀ।ਅਸੀਂ ਤਾਂ ਇੱਥੋਂ ਤੱਕ ਕਹਿ ਦਿੱਤਾ ਸੀ ਕਿ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੀ ਬੇਸ਼ੱਕ ਆ ਜਾਣ ਸਾਨੂੰ ਕੋਈ ਇਤਰਾਜ਼ ਨਹੀਂ ਹੋਵੇਗਾ ਪਰ ਇਨ੍ਹਾਂ ਲੋਕਾਂ ਨੇ ਘਟੀਆ ਮਾਨਸਿਕਤਾ ਦਾ ਸਬੂਤ ਦਿੱਤਾ। ਦੂਜੇ ਪਾਸੇ ਜਦੋਂ ਨਗਰ ਕੌਂਸਲ ਦੀ ਪ੍ਰਧਾਨ ਨੇਹਾ ਨਾਲ ਉਨ੍ਹਾਂ ਦਾ ਪੱਖ ਜਾਣਨ ਲਈ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਫੋਨ ਰਿਸੀਵ ਨਹੀਂ ਕੀਤਾ।ਇਸੇ ਤਰ੍ਹਾਂ ਈਏ ਅਰੁਣ ਕੁਮਾਰ ਨਾਲ ਜਦੋਂ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਦਾ ਮੋਬਾਇਲ ਬੰਦ ਆ ਰਿਹਾ ਸੀ।

# ਸੰਗਰੂਰ 'ਚ ਧਰਨਾ ਦੇਣ ਸਬੰਧੀ ਆਰ ਐੱਮ ਪੀ ਡਾਕਟਰਾਂ ਵੱਲੋਂ ਮੀਟਿੰਗ




ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਮੈਡੀਕਲ ਪ੍ਰੈਕਟੀਸਨਰ ਐਸਸੀਏਸ਼ਨ ਪੰਜਾਬ (ਰਜਿ) ਜ਼ਿਲਾ ਗੁਰਦਾਸਪੁਰ ਦੇ ਆਰਐੱਮਪੀ ਡਾਕਟਰਾਂ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਡਾਕਟਰ ਚਮਨ ਲਾਲ ਬਟਾਲਾ ਅਤੇ ਜਿਲ੍ਹਾ ਜਨਰਲ ਸਕੱਤਰ ਡਾਕਟਰ ਅਸੋਕ ਕੁਮਾਰ ਬਟਾਲਾ ਦੀ ਪ੍ਰਧਾਨਗੀ ਹੇਠ ਮੁਖ ਦਫਤਰ ਡਾ. ਬੀ. ਆਰ. ਅੰਬੇਡਕਰ ਸੀਨੀਅਰ ਸੈਕੰਡਰੀ ਸਕੂਲ ਠਠਿਆਰੀ ਗੇਟ ਬਟਾਲਾ ਵਿਖੇ ਹੋਈ ਇਸ ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਜ਼ਿਲਾ ਪ੍ਰੈੱਸ ਸਕੱਤਰ ਲਖਵਿੰਦਰ ਸਿੰਘ ਸੰਧੂ ਔਲਖ ਨੇ ਦੱਸਿਆ ਕਿ ਮੀਟਿੰਗ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਮੈਡੀਕਲ ਪ੍ਰੈਕਟੀਸ਼ਨਰਜ਼ ਐਸਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਡਾਕਟਰ ਰਮੇਸ ਕੁਮਾਰ ਬਾਲੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੰਜਾਬ ਦੇ ਆਰਐੱਮਪੀ ਡਾਕਟਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਜਾਇਜ਼ ਤੇ ਹੱਕੀ ਮੰਗਾਂ ਸਬੰਧੀ 28 ਫਰਵਰੀ ਤੋਂ ਸ਼ੁਰੂ ਹਰ ਜ਼ਿਲੇ ਵਾਈਜ਼ ਮੁੱਖ ਮੰਤਰੀ ਪੰਜਾਬ ਦੀ ਕੋਠੀ ਸੰਗਰੂਰ ਵਿਖੇ ਲੜੀਵਾਰ ਰੋਸ ਧਰਨੇ ਦਿੱਤੇ ਜਾ ਰਹੇ ਹਨ ਜਿਸ ਤਹਿਤ ਜ਼ਿਲਾ ਗੁਰਦਾਸਪੁਰ ਦੇ ਸਮੂਹ ਆਰਐੱਮਪੀ ਡਾਕਟਰ ਸੰਗਰੂਰ ਜਾਣਗੇ।

ਮਿਸਨ ਨਾਲ ਹੁਮ ਹੁਮਾ ਕੇ ਸੰਘਰਸ ਘੋਲ ਵਿੱਚ ਯੋਗਦਾਨ ਪਾਉਣ ਲਈ 28 ਫਰਵਰੀ ਦਿਨ ਬੁੱਧਵਾਰ ਨੂੰ ਸਵੇਰੇ 6 ਵਜੇ ਡਾਕਟਰ ਬੀ ਆਰ ਅੰਬੇਡਕਰ ਸੀਨੀਅਰ ਸੈਕੰਡਰੀ ਸਕੂਲ ਠਠਿਆਰੀ ਗੇਟ ਬਟਾਲਾ ਵਿਖੇ ਪਹੁੰਚਣ ਦੀ ਕਿਰਪਾਲਤਾ ਕਰਨ।

# ਰੰਧਾਵਾ ਨੂੰ ਪੰਜਾਬ ਲਘੂ ਉਦਯੋਗ ਦਾ ਵਾਈਸ ਚੇਅਰਮੈਨ ਨਿਯੁਕਤ ਕਰਨ 'ਤੇ 'ਆਪ' ਵਰਕਰ ਬਾਗੋਬਾਗ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਗੁਰਦੀਪ ਸਿੰਘ ਰੰਧਾਵਾ ਨੂੰ ਪੰਜਾਬ ਲਘੂ ਉਦਯੋਗ ਦਾ ਵਾਈਸ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ ਜਿਸ ਨੂੰ ਲੈ ਕੇ ਹਲਕਾ ਡੇਰਾ ਬਾਬਾ ਨਾਨਕ ਦੇ ਆਮ ਆਦਮੀ ਪਾਰਟੀ ਵਰਕਰਾਂ ਅੰਦਰ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਨਵ-ਨਿਯੁਕਤ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਦਾ ਵਰਕਰਾ ਵੱਲੋਂ ਮੂੰਹ ਮਿੱਠਾ ਕਰਵਾ ਕੇ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ ।ਅੱਜ ਸਾਲਾਨਾ ਜੋੜ ਮੇਲਾ ਸ੍ਰੀ ਚੋਲਾ ਸਾਹਿਬ ਦੇ ਪ੍ਰਬੰਧਾਂ ਨੂੰ ਲੈ ਕੇ ਰੰਧਾਵਾ ਵੱਲੋਂ ਨਗਰ ਕੌਂਸਲ ਡੇਰਾ ਬਾਬਾ ਨਾਨਕ ਵਿਖੇ ਅਧਿਕਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ ।ਇਸ ਮੌਕੇ ਪਾਰਟੀ ਵਰਕਰਾਂ ਅਤੇ ਨਗਰ ਕੌਂਸਲ ਦੇ ਕਰਮਚਾਰੀਆਂ ਵੱਲੋਂ ਰੰਧਾਵਾ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ ਗਈ ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਦੀਪ ਸਿੰਘ ਰੰਧਾਵਾ ਨੇ ਪਾਰਟੀ ਹਾਈ ਕਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਮੈਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਮੈਂ ਉਸ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਵਾਂਗਾ।ਇਸ ਮੌਕੇ ਰੰਧਾਵਾ ਨੇ ਨਗਰ ਕੌਂਸਲ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਅੰਗ ਵਸਤਰ ਸਲਾਨਾ ਜੋੜ ਮੇਲੇ ਸ੍ਰੀ ਚੋਲਾ ਸਾਹਿਬ ਨੂੰ ਧਿਆਨ ਵਿੱਚ ਰੱਖਦਿਆਂ ਕਸਬੇ ਅੰਦਰ ਸਾਫ ਸਫਾਈ, ਪਾਣੀ ਅਤੇ ਲਾਈਟ ਸਟਰੀਟ ਲਾਈਟ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ ਤਾਂ ਜੋ ਸੰਗਤ ਨੂੰ ਕਿਸੇ ਕਿਸਮ ਦੀ ਕੋਈ ਪਰੇਸ਼ਾਨੀ ਨਾ ਆਵੇ। ਇਸ ਮੌਕੇ ਰੰਧਾਵਾ ਨੇ ਹੁੱਲੜਬਾਜਦਾਂ ਨੂੰ ਤਾੜਨਾ ਕਰਦੇ ਹੋਏ ਕਿਹਾ ਕਿ ਇਸ ਪਵਿੱਤਰ ਮੇਲੇ ਵਿੱਚ ਜੇਕਰ ਕੋਈ ਬੁਲਟ ਮੋਟਰਸਾਈਕਲ ਤੇ ਪਟਾਕੇ ਪਾਉਦਾ ਵੇਖਿਆ ਗਿਆ ਜਾ ਟਰੈਕਟਰ ਉੱਪਰ ਵੱਡੇ ਵੱਡੇ ਸਪੀਕਰ ਲਾ ਕੇ ਮੇਲੇ ਵਿੱਚ ਆਇਆ ਤਾਂ ਉਸ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ।ਇਸ ਮੌਕੇ ਹਰਜੀਤ ਸਿੰਘ ਠੇਠਰਕੇ, ਮਨਪ੍ਰੀਤ ਸਿੰਘ ਬੰਦੇਸ਼ਾ ਜੇ ਈ, ਰਾਜ਼ੇਸ਼ ਕੁਮਾਰ ਬਿੱਟਾ, ਸਤਪਾਲ ਸ਼ੌਂਕੀ, ਵਿਪਨ ਸੋਨੀ ਵਪਾਰ ਮੰਡਲ ਪ੍ਰਧਾਨ, ਸੰਜੀਵ ਸੋਨੀ, ਗਗਨਦੀਪ ਸਿੰਘ, ਡਾਕਟਰ ਅਸ਼ੋਕ ਸੋਨੀ, ਰਜਤ ਮਰਵਾਹਾ, ਪੀਏ ਲਵਪ੍ਰੀਤ ਸਿੰਘ, ਟਹਿਲ ਸਿੰਘ, ਕਾਲਾ, ਨੀਰਜ ਕੁਮਾਰ, ਹੈਪੀ ਬੇਦੀ ਆਦਿ ਹਾਜ਼ਰ ਸਨ।

# ਕਿਸਾਨ, ਮਜ਼ਦੂਰ ਮੋਰਚਾ/ਸੰਯੁਕਤ ਕਿਸਾਨ ਮੋਰਚਾ (ਗੈਰ-ਰਾਜਨੀਤਕ) ਦੀ ਕਾਲ 'ਤੇ ਅਰਥੀ ਫੂਕ ਮੁਜ਼ਾਹਰਾ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜ਼ਿਲ੍ਹਾ ਤਰਨ ਤਾਰਨ ਵਿੱਚ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ ਅਤੇ ਸੂਬਾ ਆਗੂ ਅਤੇ ਜ਼ਿਲ੍ਹਾ ਇੰਚਾਰਜ ਹਰਪ੍ਰੀਤ ਸਿੰਘ ਸਿੱਧਵਾਂ ਦੀ ਅਗਵਾਈ ਵਿੱਚ ਅਨੇਕਾਂ ਥਾਵਾਂ 'ਤੇ ਵਿਸ਼ਵ ਵਪਾਰ ਸੰਸਥਾ ਅਤੇ ਮੋਦੀ ਸਰਕਾਰ ਦੇ ਅਰਥੀ ਫੂਕ ਮੁਜ਼ਾਹਰੇ ਕੀਤੇ ਗਏ।ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸੂਬਾ ਆਗੂ ਅਤੇ ਹਰਜਿੰਦਰ ਸਿੰਘ ਸ਼ਕਰੀ, ਜਰਨੈਲ ਸਿੰਘ ਨੂਰਦੀ, ਫਤਿਹ ਸਿੰਘ ਪਿੱਦੀ ਨੇ ਕਿਹਾ ਕਿ ਕਿਸਾਨਾਂ ਤੇ ਮਜ਼ਦੂਰਾਂ ਦੀ ਆਵਾਜ਼ ਨੂੰ ਦਬਾਉਣ ਲਈ ਮੋਦੀ ਸਰਕਾਰ ਦਾ ਹਿੱਲੇ ਦਾ ਜ਼ੋਰ ਲੱਗਿਆ ਹੋਇਆ ਹੈ।ਸਰਕਾਰ ਦੀ ਕਰੂਰ ਨੀਤੀ ਜਗ ਜ਼ਾਹਿਰ ਹੋ ਚੁੱਕੀ ਹੈ।ਇਹਿਥੇ ਬੈਠੇ ਕਿਸਾਨਾਂ ਦੀ ਆਵਾਜ਼ ਦੱਬਣ ਲਈ ਗੋਲੀਆਂ ਤੇ ਘਾਤਕ ਵਿਸਫੋਟਾਂ ਦਾ ਇਸਤੇਮਾਲ ਕੀਤਾ ਜਾ ਰਿਹਾ ਹੈ ਜਿਸ ਨਾਲ ਸੈਂਕੜੇ ਕਿਸਾਨ, ਮਜ਼ਦੂਰ, ਬੀਬੀਆਂ, ਨੌਜਵਾਨ ਜ਼ਖਮੀ ਹੋ ਚੁੱਕੇ ਹਨ ।ਕਈਆਂ ਦੀਆਂ ਲੱਤਾਂ-ਬਾਹਵਾਂ ਟੁੱਟ ਗਈਆਂ ਹਨ, ਕਈਆਂ ਦੀਆਂ ਅੱਖਾਂ ਦੀ ਰੋਸ਼ਨੀ ਜਾ ਚੁੱਕੀ ਹੈ।ਸ਼ੁਭਕਰਨ ਸਿੰਘ ਦੀ ਹਰਿਆਣਾ ਪੁਲਸ ਵੱਲੋਂ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ।ਇੰਝ ਲੱਗਦਾ ਜਿਵੇਂ ਅਸੀਂ ਸ਼ਾਂਤਮਈ ਪ੍ਰਦਰਸ਼ਨ ਕਰਨ ਲਈ ਆਪਣੀ ਰਾਜਧਾਨੀ ਦਿੱਲੀ ਨਹੀਂ ਜਾ ਰਹੇ ਬਲਕਿ ਚਾਈਨਾ ਦੇ ਬਾਰਡਰ ਵੱਲ ਜਾ ਰਹੇ ਹਾਂ।ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਲਈ 98% ਲੋਕਾਂ ਦਾ ਘਾਣ ਕਰ ਰਹੀ ਹੈ ਮੋਦੀ ਸਰਕਾਰ।ਕਿਸਾਨ ਆਗੂ ਦਿਆਲ ਸਿੰਘ ਮੀਆਂਵਿੰਡ, ਰੇਸ਼ਮ ਸਿੰਘ ਘੁਰਕਵਿੰਡ, ਹਰਵਿੰਦਰਜੀਤ ਸਿੰਘ ਕੰਗ, ਬਲਵਿੰਦਰ ਸਿੰਘ ਚੋਲਾ ਸਾਹਿਬ ਨੇ ਕਿਹਾ ਐੱਮਐੱਸਪੀ ਗਰੰਟੀ ਕਾਨੂੰਨ ਤੁਰੰਤ ਪਾਰਲੀਮੈਂਟ ਸੈਸ਼ਨ ਸੱਦ ਕੇ ਅਮਲ ਵਿੱਚ ਲਿਆਂਦਾ ਜਾਵੇ, ਕਿਸਾਨਾਂ ਮਜ਼ਦੂਰਾਂ ਦਾ ਕਰਜ਼ਾ ਕਾਰਪੋਰੇਟ ਘਰਾਣਿਆਂ ਦੇ ਪੈਟਰਨ ਉੱਤੇ ਖਤਮ ਕੀਤਾ ਜਾਵੇ, ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ ਕੀਤੀ ਜਾਵੇ, ਬਿਜਲੀ ਸੋਧ ਬਿੱਲ 2020 ਰੱਦ ਕੀਤਾ ਜਾਵੇ, ਲਖੀਮਪੁਰ ਖੀਰੀ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿੱਤੀਆਂ ਜਾਣ, ਭੂਮੀ ਐਕਟ ਵਿੱਚ ਸੋਧ ਨੂੰ ਰੱਦ ਕੀਤਾ ਜਾਵੇ।ਇਸ ਮੌਕੇ ਸਲਵਿੰਦਰ ਸਿੰਘ ਜੀਓਬਾਲਾ, ਪਰਮਜੀਤ ਸਿੰਘ ਛੀਨਾ, ਬਲਜੀਤ ਸਿੰਘ ਝਬਾਲ, ਮਨਜਿੰਦਰ ਸਿੰਘ ਗੋਹਲਵੜ, ਦਿਲਬਾਗ ਸਿੰਘ ਵਜ਼ਿਰ, ਧੰਨਾ ਸਿੰਘ ਲਾਲੂ ਘੁੰਮਣ, ਜਵਾਹਰ ਸਿੰਘ ਟਾਂਡਾ, ਪਾਖਰ ਸਿੰਘ ਲਾਲਪੁਰ, ਮੁਖਤਾਰ ਸਿੰਘ ਬਿਹਾਰੀਪੁਰ, ਸੁਖਵਿੰਦਰ ਸਿੰਘ ਦੁਗਲਵਾਲਾ, ਅਜੀਤ ਸਿੰਘ ਚੰਬਾ, ਕੁਲਵੰਤ ਸਿੰਘ ਢੋਟੀਆਂ, ਕੁਲਵੰਤ ਸਿੰਘ ਭੈਲ, ਗੁਰਭੇਜ ਸਿੰਘ ਧਾਰੀਵਾਲ, ਮੇਹਰ ਸਿੰਘ ਤਲਵੰਡੀ, ਦਿਲਬਾਗ ਸਿੰਘ ਪਹੂਵਿੰਡ, ਨਿਰੰਜਨ ਸਿੰਘ ਬਗਰਾੜੀ, ਸਲਵਿੰਦਰ ਸਿੰਘ ਡਾਲੇ ਕੇ ਆਦਿ ਆਗੂ ਹਾਜ਼ਰ ਸਨ ।

# ਅੰਤਰਰਾਸ਼ਟਰੀ ਮਾਂ ਬੋਲੀ ਨੂੰ ਸਮਰਪਿਤ ਸੈਮੀਨਾਰ ਤੇ ਕਵੀ ਦਰਬਾਰ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)—ਕੌਮਾਂਤਰੀ ਮਾਂ ਬੋਲੀ ਨੂੰ ਸਮਰਪਿਤ ਡੌਕਲੌਰ ਗਿਰਵਰ ਅਕਾਦਮੀ ਅੰਮ੍ਰਿਤਸਰ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਦੀ ਅੰਮ੍ਰਿਤਸਰ ਇਕਾਈ ਵੱਲੋਂ ਸਾਂਝੇ ਤੌਰ 'ਤੇ ਮਾਂ ਬੋਲੀ ਬਾਰੇ ਸੈਮੀਨਾਰ ਅਤੇ ਕਵੀ ਦਰਬਾਰ ਦਾ ਆਯੋਜਨ ਕੀਤਾ ਗਿਆ।ਸਭ ਤੋਂ ਪਹਿਲਾਂ ਕਰਮਜੀਤ ਕੌਰ ਜੱਸਲ ਨੇ ਆਇਆ ਹੋਇਆ ਸ਼ਖ਼ਸੀਅਤਾਂ ਨੂੰ ਜੀ ਆਇਆ ਨੂੰ ਕਿਹਾ, ਉਪਰੰਤ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਸੀਨੀਅਰ ਪੱਤਰਕਾਰ ਸਤਨਾਮ ਸਿੰਘ ਮਾਣਕ ਨੇ ਕਿਹਾ ਕਿ ਭਾਰਤ ਦੇ ਸਾਰੇ ਰਾਜਾਂ ਨੂੰ ਇਹ ਅਧਿਕਾਰ ਦੇਣਾ ਚਾਹੀਦਾ ਹੈ ਕਿ ਉਹ ਆਪਣੀ ਖੇਤਰੀ ਜ਼ੁਬਾਨਾਂ ਨੂੰ ਜ਼ਿੰਦਾ ਰੱਖ ਕੇ ਉਨ੍ਹਾਂ ਦਾ ਵਿਕਾਸ ਕਰਨ।ਉਨ੍ਹਾਂ ਕਿਹਾ ਕਿ ਸਿੱਖਿਆ ਪ੍ਰਬੰਧ ਅਤੇ ਨਿਆਂ ਦੇ ਖੇਤਰ ਵਿੱਚ ਮਾਤ ਭਾਸ਼ਾ ਨੂੰ ਲਾਗੂ ਕਰਨ ਦੀ ਬਹੁਤ ਜ਼ਰੂਰਤ ਹੈ। ਵਿਸ਼ੇਸ਼ ਬੁਲਾਰੇ ਡਾ. ਰੁਪਿੰਦਰ ਗਿੱਲ ਨੇ ਕਿਹਾ ਕਿ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਪੰਜਾਬੀ ਪੜ੍ਹਾਉਂਦੇ ਸਮੇਂ ਇਸ ਦਾ ਪਾਠਕ੍ਰਮ ਦਿਲਚਸਪ ਅਤੇ ਗਿਆਨ ਵਧਾਊ ਹੋਵੇ ਅਤੇ ਦੂਸਰੀਆਂ ਭਾਸ਼ਾਵਾਂ ਦੇ ਕਠਿਨ ਸ਼ਬਦਾਂ ਦੀ ਵਰਤੋਂ ਨਾ ਕੀਤੀ ਜਾਵੇ।ਇਸ ਸੈਮੀਨਾਰ ਦਾ ਮੰਚ ਸੰਚਾਲਨ ਪ੍ਰਗਤੀਸ਼ੀਲ ਲੇਖਕ ਸੰਘ ਦੇ ਪ੍ਰਧਾਨ ਪ੍ਰੋ. ਸੁਰਜੀਤ ਜੱਜ ਨੇ ਕੀਤਾ ਅਤੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਅਕਾਦਮੀ ਦੇ ਪ੍ਰਧਾਨ ਰਮੇਸ਼ ਯਾਦਵ ਵੱਲੋਂ ਕੀਤਾ ਗਿਆ।ਦੂਸਰੇ ਸੈਸ਼ਨ ਵਿੱਚ ਮਾਂ ਬੋਲੀ ਨੂੰ ਸਮਰਪਿਤ ਕਵੀ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਕਵੀ ਦਰਬਾਰ ਦੀ ਪ੍ਰਧਾਨਗੀ ਸ਼ਾਇਰ ਨਿਰਮਲ ਅਰਪਣ, ਭੁਪਿੰਦਰ ਸਿੰਘ ਸੰਧੂ, ਸੁਖਬੀਰ ਸਿੰਘ ਖੁਰਮਣ, ਐੱਸ. ਪ੍ਰਸ਼ੋਤਮ, ਹਰਦਰਸ਼ਨ ਸਿੰਘ ਕਮਲ ਅਤੇ ਡਾ. ਵਿਕਰਮਜੀਤ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ।ਮੰਚ ਸੰਚਾਲਨ ਦੇ ਫ਼ਰਜ਼ ਨਿਭਾਉਂਦਿਆਂ ਪ੍ਰਗਤੀਸ਼ੀਲ ਲੇਖਕ ਸੰਘ ਅੰਮ੍ਰਿਤਸਰ ਇਕਾਈ ਦੇ ਜਨਰਲ ਸਕੱਤਰ ਧਰਵਿੰਦਰ ਸਿੰਘ ਔਲਖ ਹਾਜ਼ਰ ਸ਼ਾਇਰਾਂ ਨੂੰ ਇਕ ਤਰਤੀਬ ਵਿੱਚ ਪੇਸ਼ ਕੀਤਾ।ਕਵੀ ਦਰਬਾਰ ਦਾ ਆਗਾਜ਼ ਪ੍ਰੋ. ਸੁਰਜੀਤ ਜੱਜ ਦੇ ਲਿਖੇ ਅਤੇ ਪ੍ਰਸਿੱਧ ਗਾਇਕ ਹਰਿੰਦਰ ਸੋਹਲ ਵੱਲੋਂ ਗਾਏ ਗੀਤ 'ਇਕ ਜੋਤ ਪੰਜਾਬੀ' ਨਾਲ ਹੋਇਆ।ਉਪਰੰਤ ਮਨਦੀਪ ਰਾਜਨ, ਮਾਸਟਰ ਨਿਸ਼ਾਨ ਸਿੰਘ, ਕਮਲ ਗਿੱਲ, ਰਾਜਪਾਲ ਸ਼ਰਮਾ, ਨਿਰੰਜਨ ਸਿੰਘ ਗਿੱਲ, ਭਗਤ ਨਰੈਣ, ਦਲੇਰ ਸਿੰਘ ਪੰਨੂੰ, ਸੁਖਵੰਤ ਸਿੰਘ, ਮੱਖਣ ਭੈਣੀਵਾਲਾ, ਵਿਸ਼ਾਲ ਬਿਆਸ, ਡਾ.ਗਿਆਨ ਸਿੰਘ ਘਈ, ਕਰਮਬੀਰ ਸਿੰਘ ਧੰਧਰ, ਜਸਬੀਰ ਕੌਰ ਜੱਸ, ਆਰ ਜੀਤ, ਸੁਖਵਿੰਦਰ ਸਿੰਘ ਖਾਰੇਵਾਲਾ, ਨਿਰਮਲ ਕੌਰ ਕੋਟਲਾ, ਗੁਰਪ੍ਰੀਤ ਸਿੰਘ ਕੱਦਗਿੱਲ, ਜਗਰੂਪ ਸਿੰਘ ਐਮਾ ਆਦਿ ਸ਼ਾਇਰਾਂ ਨੇ ਆਪਣੀਆਂ ਆਪਣੀਆਂ ਕਾਵਿ ਰਚਨਾਵਾਂ ਪੇਸ਼ ਕੀਤੀਆਂ।ਇਸ ਮੌਕੇ ਅਕਾਦਮੀ ਵੱਲੋਂ ਵਿਸ਼ੇਸ਼ ਅੰਕ 'ਪੰਜ ਪਾਣੀ' ਲੋਕ ਅਰਪਣ ਕੀਤਾ ਗਿਆ ਅਤੇ ਸਿੱਖਿਆ ਦੇ ਖੇਤਰ ਵਿੱਚ ਵਧੀਆ ਕਾਰਗੁਜ਼ਾਰੀ ਨਿਭਾਉਣ ਵਾਲੇ ਪੰਜ ਅਧਿਆਪਕਾ ਸਤਨਾਮ ਸਿੰਘ ਜੱਸੜ ਹਰਰੂ ਕਲਾਂ, ਪਰਮਿੰਦਰ ਕੌਰ ਦੁਜੋਵਾਲ, ਰਾਜੀਵ ਕੁਮਾਰ ਮਜੀਠਾ, ਮਨਪ੍ਰੀਤ ਸਿੰਘ ਰਈਆ ਖੁਰਦ ਅਤੇ ਰਮਨਦੀਪ ਕੌਰ ਟਾਊਨ ਹਾਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ।ਇਸ ਮੌਕੇ ਡਾ. ਦਿੰਦਰਜੀਤ ਗਿੱਲ, ਕਮਲ ਨੈਣ, ਡਾ. ਸੁਖਦੇਵ ਸਿੰਘ ਸੇਖੋਂ, ਕਾਮਰੇਡ ਅਮਰਜੀਤ ਸਿੰਘ ਆਸਲ, ਲਖਬੀਰ ਸਿੰਘ ਨਿਜ਼ਾਮਪੁਰਾ, ਹਰੀਸ਼ ਸਾਬਰੀ, ਸਤੀਸ਼ ਝੀਂਗਣ, ਦਿਲਬਾਗ ਸਿੰਘ ਸਰਕਾਰੀਆ ਆਦਿ ਨੇ ਸਮਾਗਮ ਦੀ ਭਰਪੂਰਤਾ ਬਖ਼ਸ਼ੀ।

# ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਦੀਨਾਨਗਰ ਵਾਰਡ ਨੰਬਰ 5 ਅਵਰਸ਼ ਕਲੋਨੀ 'ਚ ਸ੍ਰੀ ਗੁਰੂ ਰਵਿਦਾਸ ਸਭਾ ਅਤੇ ਵਾਰਡ ਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਜੀ ਦਾ ਜਨਮ ਦਿਹਾੜਾ ਧੂਮ ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਜਥੇ ਵੱਲੋਂ ਸੁੰਦਰ ਪਾਲਕੀ ਸਜਾਈ ਗਈ ਅਤੇ ਨਗਰ ਕੀਰਤਨ ਕੱਢਿਆ ਗਿਆ। ਨਗਰ ਕੀਰਤਨ ਮੰਦਰ ਤੋਂ ਸ਼ੁਰੂ ਹੋ ਕੇ ਪੂਰੇ ਪਿੰਡ ਦੀ ਪਰਿਕਰਮਾ ਕਰਦੇ ਵਾਪਸ ਮੰਦਰ ਵਿਖੇ ਸਮਾਪਤ ਹੋਇਆ। ਨਗਰ ਕੀਰਤਨ ਦਾ ਪਿੰਡ ਦੇ ਵੱਖ-ਵੱਖ ਚੌਰਾਹਿਆਂ ਵਿੱਚ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਸੰਗਤਾਂ ਲਈ ਅਟੁੱਟ ਲੰਗਰ ਲਾਏ ਗਏ। ਨਗਰ ਕੀਰਤਨ ਸਬੰਧੀ ਜਾਣਕਾਰੀ ਦਿੰਦੇ ਹੋਏ ਸ੍ਰੀ ਗੁਰੂ ਰਵਿਦਾਸ ਸਭਾ ਦੇ ਪ੍ਰਧਾਨ ਨੇ ਦੱਸਿਆ ਕਿ ਨਗਰ ਕੀਰਤਨ ਕੱਢ ਕੇ ਉਨ੍ਹਾਂ ਦੀ ਸਭਾ ਸਮੁੱਚੀ ਮਾਨਵਤਾ ਨੂੰ ਆਪਸੀ ਪਿਆਰ ਤੇ ਸਦਭਾਵਨਾ ਨਾਲ ਰਹਿਣ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ ਦਰਸਾਏ ਸੱਚ ਦੇ ਮਾਰਗ 'ਤੇ ਚੱਲਣ ਦਾ ਸੰਦੇਸ਼ ਦੇ ਰਹੀ ਹੈ।ਨਗਰ ਕੀਰਤਨ ਸਮਾਪਤ ਹੋਣ ਤੋਂ ਬਾਅਦ ਸਜਿਸਗ ਕੀਤਾ ਅਤੇ ਅਤੁੱਟ ਲੰਗਰ ਵੀ ਛਕਾਇਆ ਗਿਆ।ਇਸ ਮੌਕੇ ਸਾਬਕਾ ਐੱਮਸੀ ਨਰੇਸ਼ ਕੁਮਾਰ, ਗੁਰਨਾਮ ਸਿੰਘ, ਅਸ਼ਵਨੀ, ਮੁਨੀਸ਼, ਬੱਬੀ ਹੰਸ, ਹੈਪੀ, ਪਵਨ, ਸੰਜੀਵ, ਹੀਰਾ, ਸੁਰੇਸ਼ ਜੋਤੀ, ਰਾਣੀ, ਅਨੀਤਾ ਅਤੇ ਵਾਰਡ ਵਾਸੀ ਹਾਜ਼ਰ ਸਨ।

# ਲੰਪੀ ਸਕਿਨ ਤੋਂ ਬਚਾਅ ਲਈ ਟੀਕਾਕਰਨ ਮੁਹਿੰਮ ਦਾ ਆਗਾਜ਼



ਗੁਰਦਾਸਪੁਰ, (ਦਿਨੇਸ਼ ਕੁਮਾਰ)-ਪਸ਼ੂ ਪਾਲਣ ਵਿਭਾਗ ਨੇ ਗਊ ਧਨ ਨੂੰ ਲੰਪੀ ਸਕਿਨ ਬਿਮਾਰੀ (ਧੱਫੜੀ ਰੋਗ) ਤੋਂ ਬਚਾਅ ਲਈ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ ਸ਼ਿਵ ਸ਼ਕਤੀ ਮੰਦਰ ਟਰੱਸਟ ਗੋਬਿੰਦ ਗਊਧਾਮ ਗਊਸ਼ਾਲਾ, ਪਿੰਡ ਹੱਲੇ ਚਾਹੀਆ ਤੋਂ ਕਰ ਦਿੱਤੀ ਹੈ।ਇਸ ਮੁਹਿੰਮ ਦੀ ਸ਼ੁਰੂਆਤ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ, ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰ ਡਾ. ਸ਼ਾਮ ਸਿੰਘ, ਸ਼ਿਵ ਸ਼ਕਤੀ ਮੰਦਿਰ ਟਰੱਸਟ ਗੋਬਿੰਦ ਗਊਧਾਮ ਗਊਸ਼ਾਲਾ ਦੇ ਮੈਂਬਰ ਸ੍ਰੀ ਭੂਸ਼ਨ ਗੁਪਤਾ ਤੋਂ ਇਲਾਵਾ ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀ ਤੇ ਸ਼ਹਿਰ ਦੇ ਮੁਹਤਬਰ ਹਾਜ਼ਰ ਸਨ।ਡੀਸੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ ਅੰਦਰ ਇਸ ਬਿਮਾਰੀ ਤੋਂ ਬਚਾਅ ਦੇ ਲਈ 1,80,000 ਖੁਰਾਕਾਂ ਪਸ਼ੂ ਪਾਲਣ ਵਿਭਾਗ ਨੂੰ ਮੁਹੱਈਆ ਕਰਵਾਈਆਂ ਗਈਆਂ ਹਨ ਅਤੇ ਇਹ ਟੀਕੇ ਵਿਭਾਗ ਦੀਆਂ ਟੀਮਾਂ ਵੱਲੋਂ ਘਰ-ਘਰ ਜਾ ਕੇ ਬਿਲਕੁਲ ਮੁਫ਼ਤ ਲਗਾਏ ਜਾਣਗੇ।ਉਨ੍ਹਾਂ ਜ਼ਿਲ੍ਹੇ ਦੇ ਸਮੂਹ ਪਸ਼ੂ ਪਾਲਕਾਂ ਨੂੰ ਅਪੀਲ ਕੀਤੀ ਕਿ ਉਹ ਲੰਪੀ ਸਕਿਨ ਤੋਂ ਬਚਾਅ ਲਈ ਕੀਤੇ ਜਾਣ ਵਾਲੇ ਟੀਕਾਕਰਨ ਵਿੱਚ ਵਿਭਾਗ ਦੀਆਂ ਟੀਮਾਂ ਦਾ ਪੂਰਾ ਸਹਿਯੋਗ ਕਰਨ ।ਇਸ ਮੌਕੇ ਪਸ਼ੂ ਪਾਲਣ ਵਿਭਾਗ ਤੋਂ ਡਾ. ਹਰਪ੍ਰੀਤ ਸਿੰਘ ਵਿੱਚ ਸਹਾਇਕ ਡਾਇਰੈਕਟਰ ਗੁਰਦਾਸਪੁਰ, ਡਾ. ਜਸਵਿੰਦਰ ਸਿੰਘ ਸੀਨੀਅਰ ਵੈਟਰਨਰੀ ਅਫ਼ਸਰ ਗੁਰਦਾਸਪੁਰ, ਡਾ. ਗੁਰਦੇਵ ਸਿੰਘ, ਡਾ. ਨੀਲਮ, ਡਾ. ਜਤਿੰਦਰ ਜਯੋਤੀ, ਅਮਰਪ੍ਰੀਤ ਸਿੰਘ, ਨਵਜੋਤ ਸਿੰਘ ਅਤੇ ਹੋਰ ਸਟਾਫ਼ ਤੇ ਗਊਸ਼ਾਲਾ ਦੇ ਮੈਂਬਰ ਅਤੇ ਮੁਹਤਬਰ ਵੀ ਮੌਜੂਦ ਸਨ।

# ਕਿਸਾਨਾਂ ਤੇ ਮਜ਼ਦੂਰਾਂ ਨੇ ਅੜੀਅਲ ਮੋਦੀ ਤੇ ਖੱਟੜ ਦੇ ਪੁਤਲੇ ਫੂਕੇ



ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ (ਪੰਜਾਬ) ਅਤੇ ਸ਼ੰਭੂ ਬਾਰਡਰ ਤੋਂ ਕਿਸਾਨ ਆਗੂਆਂ ਵੱਲੋਂ ਕੇਂਦਰ ਤੇ ਖੱਟੜ ਸਰਕਾਰ ਦੇ ਪੁਤਲੇ ਫੂਕਣ ਦੇ ਕੀਤੇ ਐਲਾਨ ਅਨੁਸਾਰ ਜਿੱਥੇ ਪੰਜਾਬ ਦੇ ਵੱਖ-ਵੱਖ ਥਾਵਾਂ 'ਤੇ ਕੇਂਦਰ ਅਤੇ ਹਰਿਆਣੇ ਦੀ ਖੱਟੜ ਸਰਕਾਰ ਦੇ ਪੁਤਲੇ ਫੂਕੇ ਗਏ ਉੱਥੇ ਪੱਟੀ ਦੇ ਕੁੱਲੇ ਚੌਕ ਵਿੱਚ ਜਰਨੈਲ ਸਿੰਘ ਠੱਕਰਪੁਰ, ਹਰਜਿੰਦਰ ਸਿੰਘ ਪੱਟੀ ਦੀ ਅਗਵਾਈ ਹੇਠ ਮੋਦੀ ਅਤੇ ਖੱਟੜ ਸਰਕਾਰ ਦਾ ਪੁਤਲਾ ਫੂਕਿਆ ਗਿਆ ਅਤੇ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਸੁਖਰਾ ਸਿੰਘ ਪੱਟੀ, ਖਜ਼ਾਨ ਸਿੰਘ ਕਿਰਤੋਵਾਲ, ਸੁਖਚੈਨ ਸਿੰਘ ਪੱਟੀ, ਸਾਬ ਸਿੰਘ ਠੱਕਰਪੁਰਾ, ਪਿੰਦਾ ਸਿੰਘ ਧਾਰੀਵਾਲ, ਡਾ. ਸੁਖਚੈਨ ਸਿੰਘ ਚੂਸਲੇਵੜ, ਸਕੱਤਰ ਸਿੰਘ ਕੈਂਡਿਆਲਾ, ਮੰਗਲ ਸਿੰਘ ਪੱਟੀ, ਮਹਾਂਵੀਰ ਸਿੰਘ ਆਸਲ, ਭੁਪਿੰਦਰ ਸਿੰਘ ਡੱਜੀ, ਸੋਨਾ ਸਿੰਘ, ਜਸਨ ਸਿੰਘ, ਬਲਜਿੰਦਰ ਸਿੰਘ, ਹਰਪ੍ਰੀਤ ਸਿੰਘ, ਨਰਿੰਦਰ ਸਿੰਘ, ਗੁਰਚਰਨ ਸਿੰਘ ਪੱਟੀ ਆਦਿ ਆਗੂ ਹਾਜ਼ਰ ਸਨ ।

# ਅੰਮ੍ਰਿਤਸਰ ਅੰਤਰਰਾਸ਼ਟਰੀ ਹਵਾਈ ਅੱਡੇ ਵੱਲ ਨੂੰ ਮੁੜੇ ਪੰਜਾਬੀ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਪੰਜਾਬ ਤੋਂ ਆਉਣ-ਜਾਣ ਵਾਲੇ ਪ੍ਰਵਾਸੀ ਪੰਜਾਬੀਆਂ ਅਤੇ ਹੋਰਨਾਂ ਯਾਤਰੀਆਂ ਲਈ ਕੁਝ ਰਾਹਤ ਦੀ ਖਬਰ ਹੈ ਕਿ ਇੰਡੀਗੋ ਏਅਰਲਾਈਨਜ਼ ਨੇ ਦਿੱਲੀ ਅੰਮ੍ਰਿਤਸਰ ਵਿਚਕਾਰ 29 ਫਰਵਰੀ, 2024 ਤਕ ਇੱਕ ਹੋਰ ਉਡਾਣ ਸ਼ੁਰੂ ਕਰ ਦਿੱਤੀ ਹੈ। ਏਅਰਲਾਈਨ ਇਸ ਤੋਂ ਪਹਿਲਾਂ ਇਸ ਰੂਟ 'ਤੇ ਰੋਜ਼ਾਨਾ ਚਾਰ ਉਡਾਣਾਂ ਦਾ ਸੰਚਾਲਨ ਕਰਦੀ ਹੈ। ਇਸ ਸੰਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਦੇ ਗਲੋਬਲ ਕਨਵੀਨਰ, ਅਮਰੀਕਾ ਵਾਸੀ ਸਮੀਪ ਸਿੰਘ ਗੁਮਟਾਲਾ ਨੇ ਦੱਸਿਆ ਕਿ ਕਿਸਾਨਾਂ ਦੇ ਚੱਲ ਰਹੇ ਵਿਰੋਧ ਪ੍ਰਦਰਸ਼ਨਾਂ ਦੌਰਾਨ, ਪੰਜਾਬ ਦੇ ਸਭ ਤੋਂ ਵੱਡੇ ਅਤੇ ਵਿਅਸਤ ਸ੍ਰੀ ਗੁਰੂ ਰਾਮ ਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡਾ ਅੰਮ੍ਰਿਤਸਰ ਤੋਂ ਖਾਸ ਤੌਰ 'ਤੇ ਦਿੱਲੀ ਲਈ ਯਾਤਰੀਆਂ ਦੀ ਗਿਣਤੀ ਵਿੱਚ ਵੱਡਾ ਵਾਧਾ ਹੋਇਆ ਹੈ।ਇਸ ਨਾਲ ਕਈ ਉਡਾਣਾਂ ਦੀਆਂ ਕੀਮਤਾਂ ਤਕਰੀਬਨ 3200 ਰੁਪਏ ਤੋਂ ਵੱਧ ਕੇ 25,000 ਰੁਪਏ ਤੋਂ ਵੀ ਵੱਧ ਤੱਕ ਪਹੁੰਚ ਗਈਆਂ ਸਨ ਅਤੇ ਬਹੁਤ ਸਾਰੀਆਂ ਸਿੱਧੀਆਂ ਉਡਾਣਾਂ ਵਿਕ ਗਈਆਂ ਸਨ। ਇੰਡੀਗੋ ਦੀ ਇਹ ਨਵੀਂ ਉਡਾਣ, 6ਈ2324, ਦਿੱਲੀ ਹਵਾਈ ਅੱਡੇ ਤੋਂ ਦੁਪਹਿਰ 12:45 ਵਜੇ ਰਵਾਨਾ ਹੁੰਦੀ ਹੈ ਅਤੇ ਦੁਪਹਿਰ 2:00 ਵਜੇ ਅੰਮ੍ਰਿਤਸਰ ਪਹੁੰਚਦੀ ਹੈ। ਵਾਪਸੀ ਦੀ ਉਡਾਣ, 6ਈ2325, ਅੰਮ੍ਰਿਤਸਰ ਤੋਂ ਦੁਪਹਿਰ 2:45 ਵਜੇ ਰਵਾਨਾ ਹੋ ਕੇ ਸ਼ਾਮ 4:00 ਵਜੇ ਦਿੱਲੀ ਪਹੁੰਚਦੀ ਹੈ। ਇਸ ਫਲਾਈਟ ਲਈ ਬੁਕਿੰਗ ਇੰਡੀਗੋ ਦੀ ਵੈੱਬਸਾਈਟ 'ਤੇ ਉਪਲਬਧ ਹੈ। ਗੁਮਟਾਲਾ ਨੇ ਇਸ ਉਡਾਣ ਨੂੰ ਕੁੱਝ ਦਿਨਾਂ ਲਈ ਲਾਉਣ ਦਾ ਸਵਾਗਤ ਕਰਦੇ ਹੋਏ ਕਿਹਾ ਕਿ 29 ਫਰਵਰੀ ਤੱਕ ਇਸ ਉਡਾਣ ਦੇ ਸ਼ੁਰੂ ਹੋਣ ਨਾਲ, ਦਿੱਲੀ ਅਤੇ ਅੰਮ੍ਰਿਤਸਰ ਵਿਚਕਾਰ ਸਿੱਧੀਆਂ ਰੋਜ਼ਾਨਾ ਉਡਾਣਾਂ ਦੀ ਕੁੱਲ ਗਿਣਤੀ 11 ਹੋ ਗਈ ਹੈ, ਜਿਸ ਵਿੱਚ ਇੰਡੀਗੋ ਵੱਲੋਂ ਪੰਜ, ਏਅਰ ਇੰਡੀਆ ਵੱਲੋਂ ਤਿੰਨ ਅਤੇ ਵਿਸਤਾਰਾ ਵੱਲੋਂ ਤਿੰਨ ਉਡਾਣਾਂ ਚਲਾਈਆਂ ਜਾਂਦੀਆਂ ਹਨ। ਸਾਨੂੰ ਉਮੀਦ ਹੈ ਕਿ ਏਅਰ ਇੰਡੀਆ ਸਮੇਤ ਹੋਰ ਭਾਰਤੀ ਏਅਰਲਾਈਨ ਵੀ ਜਲਦੀ ਹੀ ਹੋਰ ਉਡਾਣਾਂ ਜੋੜਨਗੇ ਜਿਸ ਨਾਲ ਕਿਰਾਏ ਵੀ ਘੱਟ ਜਾਣਗੇ।

# ਸੰਤ ਨਿਰੰਕਾਰੀ ਸਤਿਸੰਗ ਮਿਸ਼ਨ ਦੀ ਮਜੀਠਾ ਸ਼ਾਖਾ ਨੇ ਕਸਬੇ 'ਚ ਕੀਤੀ ਸਫ਼ਾਈ



ਮਜੀਠਾ (ਸਲਿਮ ਆਨੰਦ)-ਕਸਬਾ ਮਜੀਠਾ 'ਚ ਸੰਤ ਨਿਰੰਕਾਰੀ ਸਤਿਸੰਗ ਮਿਸ਼ਨ ਮਜੀਠਾ ਸ਼ਾਖਾ ਨੇ ਬਾਬਾ ਹਰਦੇਵ ਸਿੰਘ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈਂਦਿਆਂ ਮਾਤਾ ਸੁਦੀਕਸ਼ਾ ਦੇ ਇਲਾਹੀ ਬਚਨ 'ਪਾਣੀ ਦੀ ਸਫ਼ਾਈ ਦੇ ਨਾਲ-ਨਾਲ ਮਨ ਦੀ ਸਫ਼ਾਈ ਰੱਖਣੀ ਵੀ ਉਨਾ ਹੀ ਜ਼ਰੂਰੀ ਹੈ, ਤਹਿਤ 'ਪ੍ਰੋਜੈਕਟ ਅੰਮ੍ਰਿਤ-ਸਾਫ਼ ਪਾਣੀ, ਸਾਫ਼ ਮਨ' ਦਾ ਉਦਘਾਟਨ ਕੀਤਾ। ਬਰਾਂਚ ਮੁੱਖੀ ਬਾਬਾ ਮਹਿੰਦਰ ਸਿੰਘ, ਸੰਚਾਲਕ ਜੈ ਨਰਾਇਣ ਦੀ ਅਗਵਾਈ ਹੇਠ ਹਰੀਆਂ ਰੋਡ ਸਥਿਤ ਰਾਣੀ ਸਤੀ ਮੰਦਿਰ ਮੋੜ ਤੇ ਨਹਿਰ ਦੇ ਕਿਨਾਰਿਆਂ ਤੇ ਉੱਗੀ ਭੰਗ ਬੂਟੀ ਵੱਢ ਕੇ ਸਫਾਈ ਸ਼ੁਰੂ ਕੀਤੀ ਗਈ। ਇਸ ਦੌਰਾਨ ਆਮ ਆਦਮੀ ਪਾਰਟੀ ਦੇ ਬਲਾਕ ਇੰਚਾਰਜ ਤੇ ਚੇਅਰਮੈਨ ਮਾਰਕੀਟ ਕਮੇਟੀ ਮਜੀਠਾ ਬਲਜੀਤ ਸਿੰਘ ਜਿਸੋਆਣੀ ਤੇ ਨਗਰ ਕੌਂਸਲ ਮਜੀਠਾ ਦੇ ਪ੍ਰਧਾਨ ਸਲਵੰਤ ਸਿੰਘ ਸੇਠ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਉਕਤ ਤੋਂ ਇਲਾਵਾ ਕਸ਼ਮੀਰ ਸਿੰਘ ਖਜ਼ਾਨਚੀ, ਅਮਰਜੀਤ ਸਿੰਘ, ਪ੍ਰੀਤਮ ਸਿੰਘ, ਹਰਸੇਵਕ ਸਿੰਘ, ਸਵਰਨ ਸਿੰਘ, ਗੁਰਦੀਪ ਸਿੰਘ (ਸਾਰੇ ਪ੍ਰਚਾਰਕ), ਜਗਦੀਸ਼ ਸਿੰਘ ਸੇਵਾ ਦਲ ਸਮੇਤ ਬਹੁਤ ਸਾਰੇ ਵਲੰਟੀਅਰ ਸ਼ਾਮਲ ਸਨ।

# ਭੈਣੀ ਮੱਟੂਆਂ ਵਿਖੇ ਬਾਬਾ ਈਸ਼ਰ ਸਿੰਘ ਦਾ ਜੋੜਾ ਮੇਲਾ ਮਨਾਇਆ



ਝਬਾਲ (ਹਰਜਿੰਦਰ ਸਿੰਘ ਸੋਨੀ)-ਜਥੇਦਾਰ ਬਾਬਾ ਗੁਰਦੇਵ ਸਿੰਘ ਭੈਣੀ ਮੱਟੂਆਂ ਵਾਲਿਆਂ ਨੇ ਦੱਸਿਆ ਜ਼ਿਲ੍ਹਾ ਤਰਨਤਾਰਨ ਦੇ ਪਿੰਡ ਭੈਣੀ ਮੱਟੂਆਂ ਵਿਖੇ ਧੰਨ-ਧੰਨ ਬਾਬਾ ਈਸ਼ਰ ਸਿੰਘ ਜੀ ਦਾ ਸਾਲਾਨਾ ਜੋੜਾ ਮੇਲਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਨਗਰ ਅਤੇ ਇਲਾਕੇ ਤੋਂ ਦੇਸ਼-ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਦੋ ਦਿਨ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿਚ ਦੀਵਾਨ ਸਜਾਏ ਗਏ ਜਿਸ ਵਿਚ ਗਿਆਨੀ ਮਿਲਖਾ ਸਿੰਘ ਮੌਜੀ ਢਾਡੀ ਜਥਾ, ਗਿਆਨੀ ਚਾਨਣ ਸਿੰਘ ਬੀਏ ਸੁਰਵਿੰਡ, ਕਥਾਵਾਚਕ ਭਾਈ ਗੁਰਪ੍ਰੀਤ ਸਿੰਘ ਵੈਦ ਤੇ ਹੋਰ ਅਨੇਕਾਂ ਢਾਡੀਆਂ/ਕਵੀਸ਼ਰਾਂ ਨੇ ਬਾਬਾ ਈਸ਼ਰ ਸਿੰਘ ਦਾ ਜੀਵਨ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਉਚੇਚੇ ਤੌਰ 'ਤੇ ਹਾਜ਼ਰੀ ਭਰਨ ਪਹੁੰਚੇ ਬਾਬਾ ਗੁਰਪਿੰਦਰ ਸਿੰਘ ਸਤਲਾਣੀ ਸਾਹਿਬ, ਸੰਤ ਗਿਆਨੀ ਹਰਨਾਮ ਸਿੰਘ ਦਮਦਮੀ ਟਕਸਾਲ, ਗਿਆਨੀ ਗੁਰਪ੍ਰੀਤ ਸਿੰਘ ਵੈਦ ਗੁਰਦੁਆਰਾ ਰਾਮਸਰ, ਬਾਬਾ ਗੁਰਵਿੰਦਰ ਸਿੰਘ ਪੌਤਰੇ ਸੰਤ ਬਾਬਾ ਚਰਨ ਸਿੰਘ, ਬਾਬਾ ਗੁਲਾਬ ਸਿੰਘ ਠੱਠੀ ਖਾਰੇ ਵਾਲੇ, ਬਾਬਾ ਸੁਖਵਿੰਦਰ ਸਿੰਘ ਮਾਲੂਵਾਲ, ਸੰਤ ਬਾਬਾ ਹਰਦੇਵ ਸਿੰਘ ਝਾੜ ਸਾਹਿਬ ਵਾਲੇ, ਬਾਬਾ ਕੁਲਵੰਤ ਸਿੰਘ ਗੁਰਦੁਆਰਾ ਗੁਰੂਸਰ ਦੋਬਲੀਆਂ, ਜਥੇਦਾਰ ਕਿਰਪਾਲ ਸਿੰਘ ਦੇ ਪੁੱਤਰ ਪੰਜਵੜ ਤੋਂ ਦਲਜੀਤ ਸਿੰਘ, ਸੰਤ ਬਾਬਾ ਗੁਰਬਚਨ ਸਿੰਘ ਸੁਰ ਸਿੰਘ ਵਾਲੇ, ਬਾਬਾ ਦਿਲਬਾਗ ਸਿੰਘ ਰਾਮਰੌਣੀ, ਬਾਬਾ ਜਸਵੰਤ ਸਿੰਘ, ਬਾਬਾ ਤਰਲੋਕ ਸਿੰਘ , ਬਾਬਾ ਹੀਰਾ ਸਿੰਘ ਠੱਠੀਖਾਰੇ ਵਾਲੇ, ਬਾਬਾ ਨਰਿੰਜਨ ਸਿੰਘ ਪੰਜਵੜ ਵਾਲੇ, ਕਥਾਵਾਚਕ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, ਗਿਆਨੀ ਗੁਰਬਚਨ ਸਿੰਘ, ਗਿਆਨੀ ਸਤਪਾਲ ਸਿੰਘ, ਗਿਆਨੀ ਗੁਰਿੰਦਰਪਾਲ ਸਿੰਘ, ਗਿਆਨੀ ਗੁਰਭੇਜ ਸਿੰਘ, ਗਿਆਨੀ ਪੂਰਨ ਸਿੰਘ, ਬਾਬਾ ਤਰਸੇਮ ਸਿੰਘ ਕੋਟ ਬੁੱਢਾ, ਢਾਡੀ ਗਿਆਨੀ ਤਰਸੇਮ ਸਿੰਘ ਨੇ ਪਹੁੰਚ ਕੇ ਹਾਜ਼ਰੀ ਭਰੀ। ਗੁਰੂ ਕੇ ਲੰਗਰ ਅਟੁੱਟ ਵਰਤਦੇ ਰਹੇ। ਇਸ ਮੌਕੇ ਬਾਬਾ ਗੁਰਦੇਵ ਸਿੰਘ ਤੋਂ ਇਲਾਵਾ ਬਾਬਾ ਸ਼ਮਸ਼ੇਰ ਸਿੰਘ ਅਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ।

# ਰਵਿੰਦਰ ਸਿੰਘ ਰੰਧਾਵਾ 'ਆਪ' ਦੇ ਸੋਸ਼ਲ ਮੀਡੀਆ ਬਲਾਕ ਇੰਚਾਰਜ ਨਿਯੁਕਤ



ਡੇਰਾ ਬਾਬਾ ਨਾਨਕ (ਰਮੇਸ਼ ਕੁਮਾਰ)-ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਅਠਵਾਲ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਤੇ ਸਰਗਰਮ ਨੌਜਵਾਨ ਆਗੂ ਰਵਿੰਦਰ ਸਿੰਘ ਰੰਧਾਵਾ ਨੂੰ ਪਾਰਟੀ ਦੇ ਸਰਪ੍ਰਸਤ ਅਰਵਿੰਦ ਕੇਜਰੀਵਾਲ, ਪਾਰਟੀ ਜਨਰਲ ਸਕੱਤਰ ਡਾ. ਸੰਦੀਪ ਪਾਠਕ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਇੰਚਾਰਜ ਪ੍ਰਿੰ. ਬੁੱਧ ਰਾਮ ਵੱਲੋਂ ਹਲਕਾ ਡੇਰਾ ਬਾਬਾ ਨਾਨਕ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਗੁਰਦੀਪ ਸਿੰਘ ਰੰਧਾਵਾ ਦੀ ਸਿਫ਼ਾਰਸ਼ ਤੇ ਆਮ ਆਦਮੀ ਪਾਰਟੀ ਸੋਸ਼ਲ ਮੀਡੀਆ ਦਾ ਬਲਾਕ ਇੰਚਾਰਜ ਨਿਯੁਕਤ ਕੀਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਨਵ-ਨਿਯੁਕਤ ਬਲਾਕ ਇੰਚਾਰਜ ਰਵਿੰਦਰ ਵੱਲੋਂ ਪਾਰਟੀ ਹਾਈਕਮਾਨ ਤੇ ਵਿਸ਼ੇਸ਼ ਤੌਰ 'ਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਗੁਰਦੀਪ ਸਿੰਘ ਰੰਧਾਵਾ ਦਾ ਧੰਨਵਾਦ ਕੀਤਾ ਗਿਆ ਅਤੇ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਅ ਦਾ ਵਿਸ਼ਵਾਸ ਦਿਵਾਇਆ। ਆਸਾਂ, ਉਮੀਦਾਂ ਤੇ ਖਰਾ ਉਤਰਨ ਦਾ ਭਰੋਸਾ ਦਿਵਾਇਆ ।ਇਸ ਮੌਕੇ ਵੱਖ-ਵੱਖ ਆਪ ਵਲੰਟੀਅਰਾਂ ਵੱਲੋਂ ਰਵਿੰਦਰ ਸਿੰਘ ਰੰਧਾਵਾ ਨੂੰ ਵਧਾਈਆਂ ਦਿੱਤੀਆਂ ਗਈਆਂ ਤੇ ਪਾਰਟੀ ਹਾਈਕਮਾਨ ਦਾ ਧੰਨਵਾਦ ਕੀਤਾ ਗਿਆ।

# ਜਸਵੀਰ ਕੌਰ ਤੇ ਤਰੁਣ ਨੇ ਜਿੱਤੀ ਪੰਜ ਕਿਲੋਮੀਟਰ ਮੈਰਾਥਨ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਰੰਗਲਾ ਪੰਜਾਬ ਮੇਲੇ ਤਹਿਤ ਤੰਦਰੁਸਤੀ ਦਾ ਸੰਦੇਸ਼ ਦੇਣ ਲਈ ਅੰਮ੍ਰਿਤਸਰ ਸ਼ਹਿਰ ਵਿੱਚ ਕਰਵਾਈ ਗਈ ਪੰਜ ਕਿਲੋਮੀਟਰ ਦੌੜ ਜਿਸ ਨੂੰ ਗਰੀਨਥਨ ਦਾ ਨਾਮ ਦਿੱਤਾ ਗਿਆ ਸੀ, ਵਿੱਚ ਜਸਵੀਰ ਕੌਰ ਅਤੇ ਲੜਕਿਆਂ ਦੇ ਵਰਗ ਵਿੱਚ ਤਰੁਨ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਪਹਿਲੇ ਸਥਾਨ ਉੱਤੇ ਰਹੇ ਜੇਤੂਆਂ ਨੂੰ ਪੰਜੀ-ਪੰਜੀ ਹਜ਼ਾਰ ਰੁਪਏ ਦੇ ਇਨਾਮ ਦਿੱਤੇ ਗਏ। ਦੂਜੇ ਸਥਾਨ ਉੱਤੇ ਸੁਖਮਨਦੀਪ ਕੌਰ, ਤੀਜੇ ਉੱਤੇ ਕੰਚਨ, ਚੌਥੇ ਉੱਤੇ ਹਰਪ੍ਰੀਤ ਕੌਰ ਅਤੇ ਪੰਜਵੇਂ ਉੱਤੇ ਕਰਮਪ੍ਰੀਤ ਕੌਰ ਰਹੀ। ਇਸੇ ਤਰ੍ਹਾਂ ਲੜਕਿਆਂ ਦੇ ਵਰਗ ਵਿੱਚ ਤਰੁਨ ਨੇ ਪਹਿਲਾ, ਜਸ਼ਨਪ੍ਰੀਤ ਸਿੰਘ ਨੇ ਦੂਸਰਾ, ਗੁਰਦੀਪ ਸਿੰਘ ਨੇ ਤੀਸਰਾ, ਬਲਜੀਤ ਕੁਮਾਰ ਨੇ ਚੌਥਾ ਤੇ ਸ਼ਿਵਜੀਤ ਸਿੰਘ ਨੇ ਪੰਜਵਾਂ ਸਥਾਨ ਪ੍ਰਾਪਤ ਕੀਤਾ। ਪਹਿਲੇ ਸਥਾਨ 'ਤੇ ਜੇਤੂਆਂ ਨੂੰ 25000 ਰੁਪਏ, ਦੂਸਰੇ ਸਥਾਨ ਦੇ ਜੇਤੂ ਨੂੰ 20 ਹਜ਼ਾਰ ਰੁਪਏ, ਤੀਸਰੇ ਸਥਾਨ ਲਈ 15 ਹਜ਼ਾਰ ਰੁਪਏ, ਚੌਥੇ ਲਈ 10 ਹਜ਼ਾਰ ਰੁਪਏ ਅਤੇ ਪੰਜਵੇਂ ਸਥਾਨ ਲਈ 5000 ਰੁਪਏ ਦਾ ਇਨਾਮ ਦਿੱਤਾ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਨਿਕਾਸ ਪੰਧਾਲੀ, ਵਧੀਕ ਕਮਿਸ਼ਨਰ ਨਗਰ ਨਿਗਮ ਸੁਰਿੰਦਰ ਸਿੰਘ, ਸੈਕਟਰੀ ਆਰਟੀਏ ਅਰਸ਼ਦੀਪ ਸਿੰਘ, ਐੱਸਡੀਐੱਮ ਅਰਵਿੰਦਰਪਾਲ ਸਿੰਘ, ਅਰਵਿੰਦਰ ਸਿੰਘ ਭੱਟੀ, ਜ਼ਿਲ੍ਹਾ ਖੇਡ ਅਫਸਰ ਸੁਖਚੈਨ ਸਿੰਘ, ਟੀ. ਐੱਸ. ਰਾਜ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਨੈਸ਼ਨਲ ਹਾਈਵੇ 'ਤੇ ਟਰੈਕਟਰ ਲੈ ਕੇ ਜਮਹੂਰੀ ਕਿਸਾਨ ਸਭਾ ਵੱਲੋਂ ਰੋਸ ਪ੍ਰਦਰਸ਼ਨ



ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-26 ਫਰਵਰੀ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਫੈਸਲੇ ਮੁਤਾਬਕ ਜਮਹੂਰੀ ਦੇ ਆਗੂ ਦਲਜੀਤ ਸਿੰਘ ਦਿਆਲਪੁਰਾ ਤੇ ਹਰਭਜਨ ਚੂਸਲੇਵੜ ਦੀ ਅਗਵਾਈ ਵਿੱਚ ਕਿਸਾਨਾਂ ਨੇ ਵੱਡੀ ਗਿਣਤੀ ਵਿੱਚ ਟਰੈਕਟਰ ਲੈ ਕੇ ਪਿੰਡ ਮਰਹਾਣਾ, ਨੌਸ਼ਹਿਰਾ ਪੰਨੂੰਆਂ, ਨੂਰਵਾਲਾ ਨਜ਼ਦੀਕ ਕਿਸਾਨੀ ਮੰਗਾਂ ਤੇ ਮੋਦੀ ਸਰਕਾਰ ਦੀ ਸ਼ਹਿ 'ਤੇ ਖੱਟੜ ਸਰਕਾਰ ਵੱਲੋਂ ਹੱਕ ਮੰਗਦੇ ਕਿਸਾਨਾਂ ਤੇ ਕੀਤੇ ਬੇਤਹਾਸ਼ਾ ਜ਼ੁਲਮ ਦੇ ਰੋਸ ਵਜੋਂ ਨੈਸ਼ਨਲ ਹਾਈਵੇ 54 ਤਰਨਤਾਰਨ-ਹਰੀਕੇ ਰੋਡ ਤੇ ਪ੍ਰਦਰਸ਼ਨ ਕੀਤਾ ਤੇ ਆਗੂਆਂ ਨੇ ਵਾਅਦਾ ਖ਼ਿਲਾਫ਼ੀ ਕਰਨ ਵਾਲੀ ਮੋਦੀ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਕਿਸਾਨਾਂ ਦੀਆਂ ਫ਼ਸਲਾਂ ਦੀ ਐਮਐਸਪੀ ਖਰੀਦ ਗਰੰਟੀ, ਸ਼ੁਭਕਰਨ ਦੇ ਕਾਤਲਾਂ ਤੇ ਪਰਚਾ, ਲਖੀਮਪੁਰ ਖੀਰੀ ਦੇ ਕਾਤਲਾਂ ਨੂੰ ਇਨਸਾਫ਼, ਕਿਸਾਨਾਂ ਦਾ ਕਰਜ਼ਾ ਮੁਆਫ਼ ਕੀਤਾ ਜਾਵੇ, ਦਿੱਲੀ ਕਿਸਾਨ ਅੰਦੋਲਨ ਵਿਚ ਸ਼ਹੀਦ ਪਰਿਵਾਰਾਂ ਨੂੰ ਮੁਆਵਜ਼ਾ ਆਦਿ ਮੰਗਾਂ ਪੂਰੀਆਂ ਕੀਤੀਆਂ ਜਾਣ ਨਹੀਂ ਤਾਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਤਿੱਖੇ ਸੰਘਰਸ਼ ਉਲੀਕੇ ਜਾਣਗੇ।ਇਸ ਮੌਕੇ ਦਿਲਬਾਗ ਸਿੰਘ ਮਰਹਾਣਾ, ਬਾਜ਼ ਸਿੰਘ ਗੰਡੀਵਿੰਡ, ਮੇਟਾ ਤੇ ਭਜਨ ਚੂਸਲੇਵੜ, ਬੱਬੂ ਦਿਆਲਪੁਰਾ, ਦਿਲਬਾਗ ਠੱਕਰਪੁਰ ਅਵਤਾਰ ਸਿੰਘ, ਹਰਜੀਤ ਸਿੰਘ, ਮਾਸਟਰ ਸੁਖਦੇਵ ਸਿੰਘ, ਲਾਭ ਸਿੰਘ, ਗੁਰਭੇਜ ਸਿੰਘ, ਹਰਜੀਤ ਸਿੰਘ, ਜਗਤਾਰ ਸਿੰਘ ਉਪਲ, ਜਸਬੀਰ ਸਿੰਘ ਬੀਬਾ, ਗੁਰਵਿੰਦਰ ਸਿੰਘ, ਸੁਖਵਿੰਦਰ ਸਿੰਘ, ਸ਼ਹੀਦ ਸਿੰਘ, ਸੋਨੂ, ਨਿਸ਼ਾਨ ਸਿੰਘ, ਦਿਲਬਾਗ ਸਿੰਘ ਗੰਡੀਵਿੰਡ, ਜੀਵਨ ਸਿੰਘ, ਵਿਰਸਾ ਸਿੰਘ, ਗੁਰਪ੍ਰੀਤ ਸਿੰਘ, ਲਖਬੀਰ ਸਿੰਘ, ਅਮਰਜੀਤ ਸਿੰਘ ਆਦਿ ਵੱਖ-ਵੱਖ ਟਰੈਕਟਰਾਂ ਦੇ ਕਾਫਲੇ ਲੈ ਕੇ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਏ।

# ਮੁਲਾਜ਼ਮ ਏਕਤਾ ਮੰਚ ਵੱਲੋਂ ਸਰਕਲ ਪੱਧਰ 'ਤੇ ਰੋਸ ਮੁਜ਼ਾਹਰਾ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਮੁਲਾਜ਼ਮ ਏਕਤਾ ਮੰਚ ਅਤੇ ਜੁਆਇੰਟ ਫੋਰਮ ਦੇ ਸੱਦੇ 'ਤੇ ਮੰਡਲ ਅਜਨਾਲਾ ਵਿਖੇ ਰੋਸ ਮੁਜ਼ਾਹਰਾ ਕੀਤਾ ਗਿਆ। ਇਸ ਰੋਸ ਮੁਜ਼ਾਹਰੇ ਦੀ ਅਗਵਾਈ ਯੂਨੀਅਨ ਦੇ ਪ੍ਰਧਾਨ ਰਣਜੀਤ ਸਿੰਘ ਨੇ ਕੀਤੀ। ਇਸ ਮੌਕੇ ਯੂਨੀਅਨ ਦੇ ਮੀਤ ਪ੍ਰਧਾਨ ਹਰਜਿੰਦਰ ਸਿੰਘ ਨਿੱਕੂ ਸਰਾਂ ਨੇ ਆਪਣੀਆਂ ਹੱਕੀ ਮੰਗਾਂ ਲਈ ਜਿਵੇਂ ਕਿ 23 ਸਾਲਾਂ ਦਾ ਸਕੇਲ ਸਾਰੀਆਂ ਕੈਟਾਗਰੀ ਨੂੰ ਦੇਣਾ, ਬੋਰਡ ਵਿੱਚ ਵਧੇ ਹੋਏ ਕੰਮ ਅਨੁਸਾਰ ਪੋਸਟਾਂ ਦੀ ਰਚਨਾ ਕਰਨੀ, ਬੋਰਡ ਵਿੱਚ ਰੈਗੂਲਰ ਭਰਤੀ ਕਰਨੀ, ਕਰਮਚਾਰੀਆਂ ਨੂੰ ਪੂਰੀ ਤਨਖਾਹ ਦੇਣੀ ਆਦਿ ਬਾਰੇ ਵਰਣਨ ਕੀਤਾ। ਇਸ ਮੌਕੇ ਸਰਬਜੀਤ ਸਿੰਘ, ਹਰਪ੍ਰੀਤ ਸਿੰਘ, ਰਕੇਸ਼ ਕੁਮਾਰ, ਦਵਿੰਦਰ ਕੌਰ, ਮੁਸਕਾਨ ਅਰੋੜਾ, ਰਾਜਵੰਤ ਕੌਰ, ਪ੍ਰਦੇਸ਼ ਸਿੰਘ, ਰੁਪਿੰਦਰ ਮਸੀਹ ਆਦਿ ਨੇ ਵੀ ਸੰਬੋਧਨ ਕੀਤਾ।

# ਖੇਡਾਂ 'ਚ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਦਾ ਸਨਮਾਨ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਪਿੰਡ ਮਾਨ ਸੈਂਡਵਾਲ ਵਿਖੇ 31ਵਾਂ ਮਹਾਨ ਕੀਰਤਨ ਸਮਾਗਮ ਤੇ ਅੰਮ੍ਰਿਤ ਸੰਚਾਰ ਸਮੂਹ ਸੰਗਤ ਦੇ ਸਹਿਯੋਗ ਨਾਲ ਕਰਵਾਇਆ ਗਿਆ ਜਿਸ ਵਿੱਚ ਪ੍ਰਸਿੱਧ ਰਾਗੀ ਢਾਡੀ ਤੇ ਕਵੀਸ਼ਰੀ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਤੇ ਕਥਾ, ਕਵੀਸ਼ਰੀ ਰਾਹੀਂ ਗੁਰੂ ਚਰਨਾਂ ਨਾਲ ਜੋੜਿਆ।

ਇਸ ਦੌਰਾਨ ਗਿਆਨੀ ਹਰਮਿੰਦਰ ਸਿੰਘ ਮੁੱਖ ਕਥਾਵਾਚਕ ਮੰਜੀ ਸਾਹਿਬ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਸਤਨਾਮ ਸਿੰਘ ਲਾਲੂ ਘੁੰਮਣ ਢਾਡੀ ਜਥਾ, ਭਾਈ ਗੁਰਪ੍ਰੀਤ ਸਿੰਘ ਖਾਲਸਾ ਹਜ਼ੂਰੀ ਰਾਗੀ, ਗਿਆਨੀ ਗੁਰਕੀਰਤ ਸਿੰਘ ਐਮ. ਏ ਕਵੀਸ਼ਰੀ ਜਥਾ ਤੇ ਭਾਈ ਹਰਵਿੰਦਰ ਸਿੰਘ ਰਾਗੀ ਆਦਿ ਜਥਿਆਂ ਨੇ ਗੁਰਮਤਿ ਸਮਾਗਮ ਵਿੱਚ ਆਪਣੀ ਹਾਜ਼ਰੀ ਲਗਵਾਈ।ਇਸ ਮੌਕੇ ਐੱਨਆਰਆਈ ਗੁਰਸ਼ੇਰ ਸਿੰਘ ਮਾਨ ਦੀ ਤਰਫੋਂ ਖੇਡਾਂ ਵਿੱਚ ਅੱਵਲ ਰਹਿਣ ਵਾਲੇ ਦੋ ਵਿਦਿਆਰਥੀਆਂ ਪਵਿੱਤਰ ਪਾਲ ਸਿੰਘ ਅਤੇ ਅਮਨਜੋਤ ਕੌਰ ਨੂੰ ਸੁਖਬੀਰ ਸਿੰਘ ਭੋਪਾਲ ਵਾਲੇ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਮਾਨ ਸੈਂਡਵਾਲ ਵੱਲੋਂ ਸਿਰੋਪਾਉ ਤੇ ਸਰਟੀਫਿਕੇਟ ਦੀ ਪੰਦਰਾਂ ਪੰਦਰਾਂ ਹਜ਼ਾਰ ਦੀ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ।

# 5 ਰੋਜ਼ਾ ਅੰਮ੍ਰਿਤਸਰ ਸਾਹਿਤ ਉਤਸਵ ਤੇ ਪੁਸਤਕ ਮੇਲਾ ਅਮਿੱਟ ਯਾਦਾਂ ਛੱਡਦਾ ਸੰਪੰਨ

## ਇਕ ਕਰੋੜ ਤੋਂ ਵਧੇਰੇ ਦੀਆਂ ਵਿਕੀਆਂ ਪੁਸਤਕਾਂ, ਝੂਮਰ ਨੇ ਸਰੋਤੇ ਝੂਮਣ ਲਗਾਏ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਖ਼ਾਲਸਾ ਕਾਲਜ ਵਿਖੇ ਅੰਮ੍ਰਿਤਸਰ ਸਾਹਿਤ ਉਤਸਵ ਅਤੇ ਪੁਸਤਕ ਮੇਲਾ-2024 ਆਪਣੀ ਅਮਿੱਟ ਯਾਦਾਂ ਨੂੰ ਛੱਡਦਾ ਹੋਇਆ ਸੰਪੰਨ ਹੋ ਗਿਆ।ਮੇਲੇ ਦਾ ਆਖਰੀ ਦਿਨ ਅੱਜ, ਵਾਹਿਗੁਰੂ ਦੀ ਏਕਤਾ ਦਾ ਸੰਦੇਸ਼ ਦਿੰਦਾ ਹੋਇਆ ਸਮਾਪਤ ਹੋਇਆ। ਇਸ ਮੌਕੇ ਕਾਲਜ ਦੇ ਝੂਮਰ ਨੇ ਦਰਸ਼ਕਾਂ ਨੂੰ ਝੂਮਣ ਲਈ ਮਜਬੂਰ ਕਰਕ ਦਿੱਤਾ।ਮੇਲੇ ਦੇ 5ਵੇਂ ਦਿਨ ਦੀ ਸ਼ੁਰੂਆਤ 'ਮਨੁ ਪਰਦੇਸੀ ਜੇ ਥੀਐ' ਪ੍ਰੋਗਰਾਮ ਨਾਲ ਹੋਈ ਜਿਸ ਵਿਚ ਸਿੱਖ ਡਾਇਸਪੋਰਾ, ਪੰਜਾਬ ਮਾਈਗ੍ਰੇਸ਼ਨ ਅਤੇ ਚੁਣੌਤੀਆਂ ਦੇ ਮੁਖਾਤਿਬ ਵਿਸ਼ੇ 'ਤੇ ਵਿਚਾਰ ਚਰਚਾ ਹੋਈ। ਇਸ ਵਿਚਾਰ ਚਰਚਾ ਦੇ ਮੁੱਖ ਵਕਤਾ ਹਰਿੰਦਰ ਸਿੰਘ, ਸੰਸਥਾਪਕ ਸਿੱਖ ਰਿਸਰਚ ਇੰਸਟੀਚਿਊਟ, ਅਮਰੀਕਾ ਸਨ। ਦੂਸਰੇ ਬੁਲਾਰੇ ਵਜੋਂ ਪ੍ਰਿੰ. ਡਾ. ਮਹਿਲ ਸਿੰਘ ਨੇ ਹਿੱਸਾ ਲਿਆ, ਜਦਕਿ ਇਸ ਪ੍ਰੋਗਰਾਮ ਦਾ ਸੰਚਾਲਨ ਡਾ. ਹੀਰਾ ਸਿੰਘ ਨੇ ਬਾਖੂਬੀ ਕੀਤਾ।ਸ. ਹਰਿੰਦਰ ਸਿੰਘ ਨੇ ਕਿਹਾ ਕਿ ਸਿੱਖ ਸ਼ੁਰੂ ਤੋਂ ਹੀ ਵਿਸ਼ਵ ਵਿਆਪੀ ਸੋਚ ਦੇ ਧਾਰਨੀ ਸੀ ਤੇ ਹੁਣ ਵਿਸ਼ਵ ਦੇ ਬਹੁਤੇ ਦੇਸ਼ਾਂ ਵਿਚ ਸਿੱਖਾਂ ਦਾ ਵਾਸਾ ਹੈ ਪਰ ਕੁਝ ਕਾਰਨਾਂ ਕਰਕੇ ਸਿੱਖਾਂ ਨੂੰ ਹਰ ਮੁਸੀਬਤ ਦਾ ਕਾਰਨ ਦੱਸਿਆ ਜਾ ਰਿਹਾ ਹੈ ਅਤੇ ਬਦਨਾਮ ਕੀਤਾ ਜਾ ਰਿਹਾ ਹੈ ਜਿਸ ਲਈ ਸਿੱਖਾਂ ਸੰਬੰਧੀ ਸਹੀ ਕਿਸਮ ਦਾ ਡਾਟਾ ਇਕੱਤਰ ਕਰਨ ਦੀ ਜ਼ਰੂਰਤ ਹੈ। ਪ੍ਰਿੰ. ਡਾ. ਮਹਿਲ ਸਿੰਘ ਨੇ ਆਪਣੀ ਭਾਵੁਕ ਸੁਰ ਵਿਚ ਕਿਹਾ ਕਿ ਪੰਜਾਬੀਆਂ ਦੀਆਂ ਮੁਸ਼ਕਿਲਾਂ ਦਾ ਹੱਲ ਸਾਡੀ ਰਾਜਨੀਤੀ ਨੇ ਲੱਭਣਾ ਹੈ। ਦੁਪਹਿਰ ਬਾਅਦ ਪ੍ਰੋਗਰਾਮ 'ਸਭ ਦੀ ਖੈਰ ਹੋਵੇ' ਵਿਚ ਨਾਮਵਰ ਪੰਜਾਬੀ ਗਾਇਕ ਬੀਰ ਸਿੰਘ ਨੇ ਆਪਣੀ ਸੂਫੀਆਨਾ ਗਾਇਕੀ ਨਾਲ ਰੰਗ ਬੰਨ੍ਹਿਆ।ਮੇਲੇ ਦੀ ਆਖਰੀ ਪੇਸ਼ਕਾਰੀ ਵਜੋਂ ਕਾਲਜ ਵਿਦਿਆਰਥੀਆਂ ਦੀ ਝੂਮਰ ਟੀਮ ਨੇ ਝੂਮਰ ਪਾ ਕੇ ਦਰਸ਼ਕਾਂ ਤੋਂ ਵਾਹ ਵਾਹ ਵੀ ਖੱਟੀ ਅਤੇ ਮੇਲੇ ਦੇ ਸਾਰੇ ਵਾਤਾਵਰਣ ਨੂੰ ਪੰਜਾਬੀ ਲੋਕ ਸੰਗੀਤ ਦੀਆਂ ਧੁਨਾਂ ਨਾਲ ਨੱਚਣ ਲਗਾ ਦਿੱਤਾ। ਇਸ ਮੌਕੇ ਪ੍ਰਿੰ: ਡਾ. ਮਹਿਲ ਸਿੰਘ ਅਤੇ ਮੇਲੇ ਦੇ ਕਨਵੀਨਰ ਡਾ. ਆਤਮ ਸਿੰਘ ਰੰਧਾਵਾ ਨੇ ਪੰਜਾਬ ਅਤੇ ਪੰਜਾਬ ਤੋਂ ਬਾਹਰੋਂ ਆਏ ਪ੍ਰਕਾਸ਼ਕਾਂ, ਖਾਣਪੀਣ ਦੇ ਸਟਾਲ ਲਗਾਉਣ ਵਾਲੇ ਦੁਕਾਨਦਾਰਾਂ ਅਤੇ ਮੇਲੇ ਨੂੰ ਸਫ਼ਲ ਬਣਾਉਣ ਵਾਲੇ ਹਰ ਸ਼ਖ਼ਸ ਦਾ ਧੰਨਵਾਦ ਕੀਤਾ।ਉਨ੍ਹਾਂ ਨੇ ਵੱਖ-ਵੱਖ ਪੇਸ਼ਕਾਰੀਆਂ ਦੇਣ ਵਾਲੇ ਵਿਦਿਆਰਥੀਆਂ, ਉਨ੍ਹਾਂ ਨੂੰ ਸਿੱਖਿਅਤ ਕਰਨ ਵਾਲੇ ਅਧਿਆਪਕਾਂ ਦਾ ਧੰਨਵਾਦ ਕੀਤਾ। ਡਾ. ਰੰਧਾਵਾ ਨੇ ਕਿਹਾ ਕਿ ਮੇਲੇ 'ਚ ਇਕ ਕਰੋੜ ਤੋਂ ਵਧੇਰੇ ਦੀਆਂ ਪੁਸਤਕਾਂ ਵਿਕੀਆਂ ਜੋ ਕਿ ਆਮ ਲਈ ਇਕ ਸ਼ੁਭ ਸੰਦੇਸ਼ ਹੈ।

# ਮੈਡੀਕਲ ਦੇ ਖੇਤਰ 'ਚ ਗੁਪਤਾ ਹਸਪਤਾਲ ਵਰਣਨਯੋਗ ਨਾਂਅ



ਝਬਾਲ (ਹਰਜਿੰਦਰ ਸਿੰਘ ਸੋਨੀ)-ਸਥਾਨਕ ਗੁਪਤਾ ਹਸਪਤਾਲ ਝਬਾਲ ਵਿਖੇ ਪ੍ਰਗਟ ਸਿੰਘ ਸਪੁੱਤਰ ਬਲਬੀਰ ਸਿੰਘ ਉਮਰ 80 ਸਾਲ ਵਾਸੀ ਤਰਸਿੱਕਾ ਜ਼ਿਲ੍ਹਾ ਅੰਮ੍ਰਿਤਸਰ ਜੋ ਕਿ ਸ਼ੂਗਰ, ਦਿਲ ਦੀ ਬਿਮਾਰੀ, ਗੁਰਦੇ ਖਰਾਬ ਅਤੇ ਦਿਮਾਗੀ ਰੋਗ ਨਾਲ 10-02-2024 ਨੂੰ ਗੁਪਤਾ ਹਸਪਤਾਲ ਝਬਾਲ ਵਿਖੇ ਗੰਭੀਰ ਹਾਲਤ ਵਿੱਚ ਦਾਖਲ ਹੋਇਆ। ਹੋਰ ਕਈ ਹਸਪਤਾਲਾਂ ਤੋਂ ਜਵਾਬ ਮਿਲ ਚੁੱਕਾ ਸੀ। ਗੁਪਤਾ ਹਸਪਤਾਲ ਵਿਖੇ ਮੈਡੀਸਨ ਦੇ ਮਾਹਿਰ ਡਾ. ਅਸ਼ਵਨੀ ਅਰੋੜਾ ਅਤੇ ਹਸਪਤਾਲ ਦੇ ਡਾਇਰੈਕਟਰ ਅਤੇ ਸਰਜਨ ਡਾ. ਰਮਨ ਗੁਪਤਾ ਅਤੇ ਉਨ੍ਹਾਂ ਦੀ ਟੀਮ ਦੀ ਕਾਫੀ ਕੋਸ਼ਿਸ਼ ਨਾਲ ਪ੍ਰਗਟ ਸਿੰਘ ਨੂੰ ਇੱਕ ਨਵਾਂ ਜੀਵਨ ਦਾਨ ਮਿਲਿਆ। ਮਰੀਜ਼ ਤਿੰਨ ਦਿਨ ਆਈ ਸੀ ਯੂ ਵਿੱਚ ਗੰਭੀਰ ਹਾਲਤ ਵਿੱਚ ਰਿਹਾ ਅਤੇ ਠੀਕ ਹੋ ਕੇ ਚੰਗੀ ਹਾਲਤ ਵਿੱਚ ਮਿਤੀ 14-02-2024 ਨੂੰ ਛੁੱਟੀ ਦੇ ਕੇ ਆਪਣੇ ਘਰ ਚਲਾ ਗਿਆ।ਗੁਪਤਾ ਹਸਪਤਾਲ ਝਬਾਲ, ਜੋ ਕਿ ਆਧੁਨਿਕ ਸਹੂਲਤਾਂ ਨਾਲ ਲੈਸ ਹੈ ਜਿੱਥੇ ਕਿ ਹਰ ਤਰ੍ਹਾਂ ਦੇ ਓਪਰੇਸ਼ਨ, 24 ਘੰਟੇ ਐਂਬੂਲੈਂਸ, 24 ਘੰਟੇ ਦਵਾਈਆਂ ਦੀ ਦੁਕਾਨ, ਦਿਲ, ਦਿਮਾਗ, ਛਾਤੀ ਅਤੇ ਜਿਗਰ ਦੀਆਂ ਬਿਮਾਰੀਆਂ ਦੇ ਮਾਹਿਰ ਡਾਕਟਰਾਂ ਰਾਹੀਂ ਸਫਲਤਾ-ਪੂਰਵਕ ਇਲਾਜ ਹੁੰਦਾ ਹੈ।ਮਰੀਜ਼ ਦੇ ਰਿਸ਼ਤੇਦਾਰਾਂ ਨੇ ਵੀ ਡਾ. ਅਸ਼ਵਨੀ ਅਰੋੜਾ, ਡਾ. ਰਮਨ ਗੁਪਤਾ ਅਤੇ ਸਟਾਫ਼ ਦਾ ਬਹੁਤ ਧੰਨਵਾਦ ਕੀਤਾ।

# ਪਾਵਰ ਮੈਨੇਜਮੈਂਟ ਦੀਆਂ ਅਰਥੀਆਂ ਫੂਕ ਕੇ ਬਿਜਲੀ ਕਾਮਿਆਂ ਨੇ ਰੋਸ ਮਾਰਚ ਕੀਤੇ : ਮਜਾਰੀ/ਗੰਡੀਵਿੰਡ



ਪਟਿਆਲਾ : ਪਾਵਰ ਮੈਨੇਜਮੈਂਟ ਵੱਲੋਂ ਬਿਜਲੀ ਕਾਮਿਆਂ ਦੀਆਂ ਪੈਂਡਿੰਗ ਮੰਗਾਂ ਦਾ ਨਿਪਟਾਰਾ ਨਾ ਕਰਨ ਦੇ ਖਿਲਾਫ ਅਤੇ ਲਗਾਤਾਰ ਟਾਲ ਮਟੋਲ ਕਰਨ ਦੀ ਨੀਤੀ ਦੇ ਵਿਰੁੱਧ ਬਿਜਲੀ ਕਾਮਿਆਂ ਦੀਆਂ ਵੱਖ-ਵੱਖ ਜਥੇਬੰਦੀਆਂ ਦੇ ਅਧਾਰਿਤ ਬਣੇ ਪੀਐਸਈਬੀ ਇੰਪਲਾਇਜ਼ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸਾਂਝੇ ਸੂਬਾ ਪੱਧਰੀ ਸੱਦੇ 'ਤੇ ਪਾਵਰਕਾਮ ਦੇ ਸਮੁੱਚੇ ਸਰਕਲ ਦਫਤਰਾਂ ਦੇ ਗੇਟਾਂ 'ਤੇ ਬਿਜਲੀ ਕਰਮਚਾਰੀਆਂ ਨੇ ਇਕੱਤਰ ਹੋ ਕੇ ਪਾਵਰ ਮੈਨੇਜਮੈਂਟ ਦੀਆਂ ਅਰਥੀਆਂ ਫੂਕਣ ਉਪਰੰਤ ਰੋਸ ਮਾਰਚ ਕਰਕੇ ਲੋਕਲ ਪੱਧਰ 'ਤੇ ਸਿਵਲ ਪ੍ਰਸ਼ਾਸਨ ਰਾਹੀਂ ਮੁੱਖ ਮੰਤਰੀ ਪੰਜਾਬ ਦੇ ਨਾਂਅ ਮੰਗ ਪੱਤਰ ਭੇਜ ਕੇ ਪੈਂਡਿੰਗ ਪਈਆਂ ਵਾਜਿਬ ਮੰਗਾਂ ਦਾ ਤੁਰੰਤ ਟੇਬਲ 'ਤੇ ਬੈਠ ਕੇ ਨਿਪਟਾਰਾ ਕਰਨ ਦੀ ਜੋਰਦਾਰ ਮੰਗ ਕੀਤੀ।ਮੁਲਾਜ਼ਮ ਆਗੂਆਂ ਰਤਨ ਸਿੰਘ ਮਜਾਰੀ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਦੱਸਿਆ ਕਿ ਪਾਵਰ ਮੈਨੇਜਮੈਂਟ ਨੂੰ 29 ਜਨਵਰੀ ਨੂੰ ਬਿਜਲੀ ਕਾਮਿਆਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਸਾਂਝਾ ਫੋਰਮ ਅਤੇ ਏਕਤਾ ਮੰਚ ਦੀ ਸੂਬਾਈ ਲੀਡਰਸ਼ਿਪ ਦੇ ਵੱਲੋਂ ਵਫਦ ਨੇ ਸੌਂਪ ਕੇ ਹੱਲ ਕਰਨ ਦੀ ਮੰਗ ਕੀਤੀ ਸੀ ਪਰ ਪਾਵਰ ਮੈਨੇਜਮੈਂਟ ਨੇ ਮਸਲਿਆਂ ਨੂੰ ਵਿਚਾਰਨ ਲਈ ਕਿਸੇ ਕਿਸਮ ਦੀ ਦਿਲਚਸਪੀ ਨਹੀਂ ਵਿਖਾਈ ਜਿਸ ਦੇ ਰੋਸ ਵਜੋਂ 9 ਫਰਵਰੀ ਨੂੰ ਡਵੀਜ਼ਨ ਪੱਧਰ ਤੇ ਰੋਸ ਰੈਲੀਆਂ ਕਰਨ ਉਪਰੰਤ 20 ਫਰਵਰੀ ਨੂੰ ਬਿਜਲੀ ਮੰਤਰੀ ਦੀ ਰਹਾਇਸ਼ 'ਤੇ ਸੂਬਾ ਪੱਧਰੀ ਰੋਸ ਧਰਨਾ ਦਿੱਤਾ ਗਿਆ। ਜਿਥੇ ਸਾਬਕਾ ਆਗੂ ਦੀ ਦਿਲ ਦਾ ਦੌਰਾ ਪੈਣ ਨਾਲ ਮੌਤ ਹੋਣ ਦੇ ਬਾਵਜੂਦ ਪਾਵਰ ਮੈਨੇਜਮੈਂਟ ਦੇ ਅੱਖੜ ਰਵੱਈਏ ਵਿੱਚ ਕੋਈ ਤਬਦੀਲੀ ਨਹੀਂ ਆਈ ਜਿਸ ਦੇ ਰੋਸ ਵਜੋਂ ਸੂਬਾ ਪੱਧਰ 'ਤੇ ਵਿਭਾਗ ਦੇ ਸਮੁੱਚੇ ਸਰਕਲ ਦਫਤਰਾਂ 'ਤੇ ਬਿਜਲੀ ਕਾਮਿਆਂ ਨੇ ਪਾਵਰ ਮੈਨੇਜਮੈਂਟ ਦੀਆਂ ਅਰਥੀਆਂ ਫੂਕ ਕੇ ਪ੍ਰਦਰਸ਼ਨ ਕਰਨ ਉਪਰੰਤ ਪੰਜਾਬ ਦੇ ਵੱਖ ਵੱਖ ਸ਼ਹਿਰਾਂ / ਕਸਬਿਆਂ ਵਿੱਚ ਰੋਸ ਮਾਰਚ ਕਰਕੇ ਲੋਕਲ ਸਿਵਲ ਪ੍ਰਸ਼ਾਸਨ ਰਾਹੀਂ ਮੁੱਖ ਮੰਤਰੀ ਨੂੰ ਮੰਗ ਪੱਤਰ ਭੇਜ ਕੇ ਮੰਗਾਂ ਦਾ ਹੱਲ ਕਰਨ ਦੀ ਜੋਰਦਾਰ ਮੰਗ ਕੀਤੀ ਹੈ। ਰੋਸ ਪ੍ਰਦਰਸ਼ਨਾਂ ਨੂੰ ਸੰਬੋਧਨ ਕਰਦਿਆਂ ਆਗੂਆਂ ਹਰਪਾਲ ਸਿੰਘ , ਗੁਰਵੇਲ ਸਿੰਘ ਬੱਲਪੁਰੀਆ, ਦਵਿੰਦਰ ਸਿੰਘ ਪਿਸ਼ੌਰ, ਬਲਦੇਵ ਸਿੰਘ ਮੰਡਾਲੀ, ਅਵਤਾਰ ਸਿੰਘ ਕੈਂਥ, ਸਰਿੰਦਰਪਾਲ ਸਿੰਘ ਲਹੌਰੀਆ, ਮਹਿੰਦਰ ਸਿੰਘ ਰੁੜਕੇ , ਕਰਮਚੰਦ ਭਾਰਦਵਾਜ, ਪੂਰਨ ਸਿੰਘ ਖਾਈ, ਰਵੇਲ ਸਿੰਘ ਸਹਾਏਪੁਰ, ਕੁਲਵਿੰਦਰ ਸਿੰਘ ਢਿੱਲੋਂ, ਜਗਜੀਤ ਸਿੰਘ ਕੋਟਲੀ , ਗੁਰਵਿੰਦਰ ਸਿੰਘ , ਜਗਜੀਤ ਸਿੰਘ ਕੰਡਾ, ਸੁਖਵਿੰਦਰ ਸਿੰਘ ਚਾਹਲ, ਰਘਵੀਰ ਸਿੰਘ , ਬਲਜੀਤ ਸਿੰਘ ਮੋਦਲਾ , ਜਰਨੈਲ ਸਿੰਘ , ਲਖਵਿੰਦਰ ਸਿੰਘ,ਸਰਬਜੀਤ ਸਿੰਘ ਭਾਣਾ , ਮਨਜੀਤ ਸਿੰਘ ਚਾਹਲ, ਅਵਤਾਰ ਸਿੰਘ ਸ਼ੇਰਗਿੱਲ , ਗੁਰਤੇਜ ਸਿੰਘ ਪੱਖੋ , ਬਲਜੀਤ ਸਿੰਘ ਬਰਾੜ ,ਬਲਜੀਤ ਕੁਮਾਰ , ਲਖਵੰਤ ਸਿੰਘ ਦਿਉਲ ਆਦਿ ਨੇ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਜੇਕਰ ਪਾਵਰ ਮੈਨੇਜਮੈਂਟ ਨੇ ਮੁਲਾਜ਼ਮ ਵਿਰੋਧੀ ਰਵੱਈਆ ਨਾ ਬਦਲਿਆ ਤਾਂ 6 ਮਾਰਚ ਨੂੰ ਬਿਜਲੀ ਨਿਗਮ ਦੇ ਮੁੱਖ ਦਫਤਰ ਪਟਿਆਲਾ ਵਿੱਖੇ ਸੂਬਾ ਪੱਧਰ ਦਾ ਰੋਸ ਧਰਨਾ ਲਗਾਉਣ ਉਪਰੰਤ 13 ਮਾਰਚ ਨੂੰ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿੱਚ ਰੈਲੀ ਕਰਕੇ ਮੁੱਖ ਮੰਤਰੀ ਦੀ ਰਹਾਇਸ਼ ਵੱਲ ਰੋਸ ਮਾਰਚ ਕੀਤਾ ਜਾਵੇਗਾ। ਜੇਕਰ ਫਿਰ ਵੀ ਪਾਵਰ ਮੈਨੇਜਮੈਂਟ ਨੇ ਮੰਗਾਂ ਦਾ ਨਿਪਟਾਰਾ ਨਾ ਕੀਤਾ ਤਾਂ ਅਗਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

# ਕਾਲੀ ਵੇਈਂ ਨਦੀ 'ਚ ਪੈ ਰਿਹੈ ਸ਼ਹਿਰ ਦੇ ਸੀਵਰੇਜ ਦਾ ਗੰਦਾ ਪਾਣੀ



ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਕਾਲੀ ਵੇਈਂ ਵਿੱਚ ਸ਼ਹਿਰ ਦੇ ਗੰਦੇ ਪਾਣੀ ਵਾਲੇ ਸੀਵਰੇਜ ਬੰਦ ਹੋਣ ਕਾਰਨ ਬਰਸਾਤੀ ਪਾਣੀ ਵਾਲੇ ਸੀਵਰੇਜ ਰਾਹੀਂ ਪੈ ਰਿਹਾ ਗੰਦਾ ਪਾਣੀ ਜਿਸ ਨਾਲ ਪਿਛਲੇ ਕਈ ਦਿਨਾਂ ਤੋਂ ਵੇਈਂ ਦੀ ਪਵਿੱਤਰਤਾ ਖਰਾਬ ਹੋ ਰਹੀ ਹੈ ਅਤੇ ਬਿਮਾਰੀਆਂ ਨੂੰ ਸੱਦਾ ਦੇ ਰਹੀ ਹੈ।ਜ਼ਿਕਰਯੋਗ ਹੈ ਕਿ ਇਹ ਪਵਿੱਤਰ ਵੇਈਂ ਸਿੱਖ ਸੰਗਤਾਂ ਦੀ ਆਸਥਾ ਦਾ ਕੇਂਦਰ ਹੈ ਤੇ ਸੰਗਤਾਂ ਇਸ ਵਿੱਚ ਇਸ਼ਨਾਨ ਕਰਦੀਆਂ ਹਨ ਤੇ ਸ਼ਰਧਾਲੂ ਇਸ ਦਾ ਪਾਣੀ ਘਰਾਂ ਨੂੰ ਵੀ ਲੈ ਕੇ ਜਾਂਦੇ ਹਨ।ਸ਼ਹਿਰ ਵਾਸੀਆਂ ਨੇ ਮੰਗ ਕੀਤੀ ਹੈ ਕਿ ਗੰਦੇ ਪਾਣੀ ਨੂੰ ਤੁਰੰਤ ਰੋਕਿਆ ਜਾਵੇ।

ਜ਼ਿਕਰਯੋਗ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਕਾਲੀ ਵੇਈਂ ਦੇ ਕੰਢੇ ਸੁਲਤਾਨਪੁਰ ਲੋਧੀ ਵਿਖੇ 14 ਸਾਲ ਠਹਿਰੇ ਸਨ ਅਤੇ ਉਨ੍ਹਾਂ ਨੇ ਇਸ ਵਿਚ ਇਸ਼ਨਾਨ ਕਰਨ ਤੋਂ ਬਾਅਦ ਗਿਆਨ ਪ੍ਰਾਪਤ ਕੀਤਾ ਸੀ। ਇਹ 165 ਕਿਲੋਮੀਟਰ ਲੰਬੀ ਵੇਈਂ ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਧਨੋਆ ਤੋਂ ਨਿਕਲਦੀ ਹੈ ਅਤੇ ਸੁਲਤਾਨਪੁਰ ਲੋਧੀ, ਕਪੂਰਥਲਾ ਦੇ ਪਿੰਡ ਫਤਿਵਾਲ ਨੇੜੇ ਬਿਆਸ ਦਰਿਆ ਵਿਚ ਜਾ ਕੇ ਮਿਲਦੀ ਹੈ।ਇਸ ਮੌਕੇ ਨਗਰ ਕੌਂਸਲ ਦੇ ਈਓ ਬਲਬੀਰ ਸਿੰਘ ਗਿੱਲ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਮੈਂ ਚੈੱਕ ਕਰਦਾ ਹਾਂ ਅਤੇ ਇਸ ਨੂੰ ਜਲਦ ਤੋਂ ਜਲਦ ਬੰਦ ਕਰਵਾਇਆ ਜਾਵੇਗਾ।

# 8 ਮਾਰਚ ਨੂੰ ਗੁਰਾਇਆ 'ਚ ਕੱਢੀ ਜਾਵੇਗੀ ਸ਼ੋਭਾ ਯਾਤਰਾ



ਗੁਰਾਇਆ (ਰਘਬੀਰ ਸਿੰਘ)-ਸ਼ਿਵ ਸ਼ਕਤੀ ਸੇਵਾ ਮੰਡਲ ਗੁਰਾਇਆ ਵੱਲੋਂ ਇਲਾਕਾ ਨਿਵਾਸਿਆਂ ਦੇ ਸਹਿਯੋਗ ਨਾਲ ਮਹਾਂ ਸ਼ਿਵਰਾਤਰੀ ਦਾ ਤਿਉਹਾਰ 08 ਮਾਰਚ ਨੂੰ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਤਿਉਹਾਰ ਨੂੰ ਮਨਾਉਣ ਲਈ ਇੱਕ ਵਿਸੇਸ ਮੀਟਿੰਗ ਸ਼ਿਵ ਸਕਤੀ ਸੇਵਾ ਮੰਡਲ ਦੇ ਪ੍ਰਧਾਨ ਰੋਸ਼ਨ ਲਾਲ ਅੱਬੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ 8 ਮਾਰਚ ਨੂੰ ਸ੍ਰੀ ਰਾਮ ਮੰਦਰ ਰਿਸ਼ੀ ਕੁਟੀਆ ਗੁਰਾਇਆ ਤੋਂ ਕੱਢੀ ਜਾ ਰਹੀ ਵਿਸ਼ਾਲ ਸੋਭਾ ਯਾਤਰਾ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਮੰਡਲ ਦੇ ਮੈਂਬਰ ਪਵਨ ਸ਼ਰਮਾ ਅਤੇ ਮੁਨੀਸ਼ ਬਾਵਾ ਨੇ ਦੱਸਿਆ ਕਿ ਸ੍ਰੀ ਸ੍ਰੀ 108 ਮਹੰਤ ਵਾਸੂਦੇਵ ਵਿਆਸ ਮਹਾਰਾਜ ਦੇ ਆਸ਼ੀਰਵਾਦ ਨਾਲ ਅੱਠ ਮਾਰਚ ਨੂੰ ਦੁਪਹਿਰ 1 ਵਜੇ ਸ੍ਰੀ ਰਾਮ ਮੰਦਰ ਰਿਸ਼ੀ ਕੁਟਿਆ ਗੁਰਾਇਆ ਤੋਂ ਸੋਭਾ ਯਾਤਰਾ ਸ਼ੁਰੂ ਕੀਤੀ ਜਾਵੇਗੀ। ਇਸ ਮੌਕੇ ਗੋਲਡੀ ਬੱਤਰਾ, ਦਵਿੰਦਰ ਸਿੰਘ ਬਾਹੜਾ, ਕ੍ਰਿਸ਼ਨ ਲਾਲ ਬਤਰਾ ਅਸ਼ੋਕ ਗੁਗਨਾਨੀ, ਬਲਵਿੰਦਰ ਸ਼ਰਮਾ, ਪਵਨ ਮਲਹੋਤਰਾ, ਮਨੋਹਰ ਕਾਲੜਾ, ਬਲਵਿੰਦਰ ਅੱਬੀ, ਰਜੇਸ਼ ਬਜਾਜ, ਪੰਡਿਤ ਰਜਿੰਦਰ ਕੁਮਾਰ ਰਾਜੂ, ਵਿਜੇ ਛਾਬੜਾ ਵਿਵੇਕ ਗੁਪਤਾ, ਗੋਪਾਲ ਕ੍ਰਿਸਨ, ਸੰਜੀਵ ਕੁਮਾਰ, ਸੁਨੀਲ ਸਨੀ, ਅਸ਼ੋਕ ਪਾਂਡੇ, ਵਿਜੇ ਸ਼ਰਮਾ ਮੈਂਬਰ ਮੌਜੂਦ ਸਨ।

# ਦੂਜਾ ਫ੍ਰੀ ਅੱਖਾਂ ਦਾ ਚੈੱਕਅਪ ਤੇ ਆਪ੍ਰੇਸਨ ਕੈਂਪ ਲਗਾਇਆ



ਗੁਰਾਇਆ (ਰਘਬੀਰ ਸਿੰਘ ) -ਨੇੜਲੇ ਪਿੰਡ ਰੁੜਕੀ ਵਿਖੇ ਸਮੂਹ ਐਨ ਆਰ ਆਈ, ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਦੂਜਾ ਫ੍ਰੀ ਅੱਖਾਂ ਦਾ ਚੈੱਕਅਪ ਅਤੇ ਆਪਰੇਸ਼ਨ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਡਾਕਟਰ ਰਮਨ ਅਗਰਵਾਲ ਆਈ ਐਂਡ ਚੈਸਟ ਕੇਅਰ ਸੈਂਟਰ ਫਗਵਾੜਾ ਤੋਂ ਡਾਕਟਰ ਤੁਸਾਰ ਅਗਰਵਾਲ ਤੇ ਉਹਨਾਂ ਦੀ ਟੀਮ ਨੇ ਕੈਂਪ ਵਿੱਚ ਆਏ ਮਰੀਜਾਂ ਦੀ ਜਾਂਚ ਕੀਤੀ ਅਤੇ ਉਨ੍ਹਾਂ ਨੂੰ ਫਰੀ ਦਵਾਈਆਂ, ਐਨਕਾਂ ਦਿੱਤੀਆਂ ਗਈਆਂ। ਇਸ ਕੈਂਪ ਦਾ ਉਦਘਾਟਨ ਇੰਪਰੂਵਮੈਂਟ ਟਰਸਟ ਫਗਵਾੜਾ ਦੇ ਚੇਅਰਮੈਨ ਕਸ਼ਮੀਰ ਸਿੰਘ ਮੱਲੀ ਵੱਲੋਂ ਰੀਬਨ ਕੱਟ ਕੇ ਕੀਤਾ ਗਿਆ। ਇਸ ਮੌਕੇ ਚੇਅਰਮੈਨ ਕਸ਼ਮੀਰ ਸਿੰਘ ਮੱਲੀ, ਸਾਬਕਾ ਸਰਪੰਚ ਜਸਵਿੰਦਰ ਸਿੰਘ ਮੰਗਾ ਅਤੇ ਹੋਰ ਪਿੰਡ ਵਾਸੀਆਂ ਨੇ ਕਿਹਾ ਕਿ ਐਨ ਆਰ ਆਈ ਵੀਰਾ ਵੱਲੋਂ ਲੋੜਵੰਦ ਪਰਵਾਰਾਂ ਲਈ ਜੋ ਇਹ ਕੈਂਪ ਲਗਾ ਕੇ ਨੇਕ ਉਪਰਾਲਾ ਕੀਤਾ ਜਾ ਰਿਹਾ ਹੈ ਉਸ ਦੇ ਲਈ ਉਹ ਉਨ੍ਹਾਂ ਦੇ ਜਿੱਥੇ ਧੰਨਵਾਦੀ ਹਨ ਉੱਥੇ ਹੀ ਉਹ ਆਸ ਵੀ ਕਰਦੇ ਹਨ ਕਿ ਆਉਣ ਵਾਲੇ ਸਮੇਂ 'ਚ ਵੀ ਅਜਿਹੇ ਕੈਂਪ ਲੱਗਦੇ ਰਹਿਣਗੇ। ਇਸ ਮੌਕੇ ਡਾਕਟਰ ਤੁਸਾਰ ਅੱਗਰਵਾਲ ਨੇ ਕਿਹਾ ਕਿ ਜਿੰਨੇ ਵੀ ਮਰੀਜ ਕੈਂਪ 'ਚ ਆਉਣਗੇ ਉਨ੍ਹਾਂ ਦਾ ਮੁਆਇਨਾ ਕਰ ਦਵਾਈਆਂ, ਐਨਕਾ ਦਿੱਤੀਆਂ ਜਾਣਗੀਆਂ। ਇਸ ਮੌਕੇ ਡਾਕਟਰ ਤੁਸਾਰ ਅਗਰਵਾਲ ਅਤੇ ਇੰਪਰੂਵਮੈਂਟ ਟਰਸਟ ਫਗਵਾੜਾ ਦੇ ਚੇਅਰਮੈਨ ਐਡਵੋਕੇਟ ਕਸ਼ਮੀਰ ਸਿੰਘ ਮੱਲੀ ਦਾ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਜੋਗਿੰਦਰ ਸਿੰਘ ਰੀਹਲ ਕੈਨੇਡਾ, ਅਮਰਜੀਤ ਸਿੰਘ ਰੀਹਲ, ਸੁਰਿੰਦਰ ਸਿੰਘ ਰੀਹਲ, ਸੁਰਿੰਦਰ ਸਿੰਘ ਸਹੋਤਾ, ਰੁਪਿੰਦਰ ਸਿੰਘ ਰੀਹਲ, ਮੱਖਣ ਸਿੰਘ ਕੂਨਰ, ਦਵਿੰਦਰ ਸਿੰਘ ਕੁੰਨਰ, ਜਸਵਿੰਦਰ ਮੰਗਾ ਸਾਬਕਾ ਸਰਪੰਚ, ਹਰਵਿੰਦਰ ਸਿੰਘ ਗੋਰਾ, ਅਜੈਬ ਸਿੰਘ ਕੂਨਰ, ਰਣਧੀਰ ਸਿੰਘ ਧੀਰਾ, ਰਾਣਾ ਕੁੰਨਰ, ਬੀਰਾ ਕੁੰਨਰ, ਦਵਿੰਦਰ ਸੱਗੂ, ਦਵਿੰਦਰ ਕੁੰਨਰ, ਜੋਗਾ ਸਿੰਘ, ਹਰਪ੍ਰੀਤ ਸਿੰਘ, ਜੈਪਾਲ ਸੱਗੂ, ਕੁਲਵੰਤ ਸੱਗੂ, ਸੰਜੀਵ ਕੁਮਾਰ, ਦੀਪੂ ਸਰਮਾ ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

# ਪਿੰਦਰ ਪੰਡੋਰੀ ਨੂੰ ਹਲਕਾ ਸ਼ਾਹਕੋਟ ਦਾ ਇੰਚਾਰਜ ਨਿਯੁਕਤ ਕਰਨ 'ਤੇ ਲੋਕਾਂ 'ਚ ਖੁਸ਼ੀ ਦੀ ਲਹਿਰ : ਸੰਧੂ, ਬਾਜਵਾ

ਮਹਿਤਪੁਰ (ਰਾਜਾ) ਆਮ ਆਦਮੀ ਪਾਰਟੀ ਨੇ ਨੌਜਵਾਨ ਆਗੂ ਪਰਮਿੰਦਰ ਸਿੰਘ ਪਿੰਦਰ ਪੰਡੋਰੀ ਨੂੰ ਹਲਕਾ ਸਾਹਕੋਟ ਦਾ ਇੰਚਾਰਜ ਨਿਯੁਕਤ ਕੀਤਾ ਹੈ ਜਿਸ ਨਾਲ ਹਲਕੇ ਵਿੱਚ ਖੁਸ਼ੀ ਦੀ ਲਹਿਰ ਆਮ ਹੀ ਵੇਖੀ ਜਾ ਸਕਦੀ ਹੈ ਇੱਕ ਵਿਸ਼ੇਸ਼ ਵਾਰਤਾ ਵਿੱਚ ਨੌਜਵਾਨ ਆਗੂ ਸਰਬਜੀਤ ਸਿੰਘ ਸੰਧੂ ਰਾਮੂਵਾਲ ਹਾਲ ਵਾਸੀ ਸਾਹਪੁਰ ਨੇ ਆਪਣੇ ਸਾਥੀਆਂ ਮਨਜੀਤ ਸਿੰਘ ਬਾਜਵਾ, ਕਮਲਜੀਤ ਅਤੇ ਸੋਨੂ ਬਾਜਵਾ ਨਾਲ ਪਿੰਦਰ ਪੰਡੋਰੀ ਦੇ ਨਿਵਾਸ ਸਥਾਨ 'ਤੇ ਜਾ ਕੇ ਜਿੱਥੇ ਹਲਕਾ ਇੰਚਾਰਜ ਦੀ ਜਿੰਮੇਵਾਰੀ ਦੀ ਗੁਲਦਸਤਾ ਦੇਕੇ ਮੁਬਾਰਕਬਾਦ ਦਿੱਤੀ ਅਤੇ ਮੂੰਹ ਮਿੱਠਾ ਕਰਵਾਇਆ ਅਤੇ ਕਿਹਾ ਕਿ ਆਮ ਆਦਮੀ ਪਾਰਟੀ ਹਾਈ ਕਮਾਂਡ ਨੇ ਇਹ ਇੱਕ ਬਹੁਤ ਹੀ ਵਧੀਆ ਤੇ ਸ਼ਲਾਗਾਯੋਗ ਫੈਸਲਾ ਕੀਤਾ ਹੈ ਕਿ ਜਿੱਥੇ ਹਲਕਾ ਸਾਹਕੋਟ ਦੇ ਨੌਜਵਾਨਾਂ ਅਤੇ ਹਲਕੇ ਦੇ ਲੋਕਾਂ ਵਿੱਚ ਇੱਕ ਨਵਾਂ ਹੀ ਜੋਸ ਆ ਗਿਆ, ਕਿਉਂਕਿ ਖੇਡ ਜਗਤ ਨਾਲ ਜੁੜੇ ਪਿੰਦਰ ਪੰਡੋਰੀ ਕਿਸੇ ਜਾਣਕਾਰੀ ਦੇ ਮੁਹਤਾਜ ਨਹੀਂ ਹਨ ਉਹ ਆਪਣੇ ਇਲਾਕੇ ਵਿੱਚ ਇੱਕ ਹਰਮਨ ਪਿਆਰੇ ਨੇਤਾ ਵਜੋਂ ਜਾਣੇ ਜਾਂਦੇ ਹਨ, ਪਾਰਟੀ ਹਾਈ ਕਮਾਂਡ ਦੇ ਇਸ ਫੈਸਲੇ ਨਾਲ ਹਲਕਾ ਸਾਹਕੋਟ ਦੇ ਸਮੀਕਰਨ ਵੀ ਬਦਲੇ ਬਦਲੇ ਵੇਖੇ ਜਾ ਸਕਦੇ ਹਨ।



ਇਸ ਮੌਕੇ ਹਲਕਾ ਇੰਚਾਰਜ ਪਿੰਦਰ ਪੰਡੋਰੀ ਨੇ ਉਹਨਾਂ ਦਾ ਸਵਾਗਤ ਕੀਤਾ ਅਤੇ ਯਕੀਨ ਦਵਾਇਆ ਕਿ ਪਾਰਟੀ ਹਾਈ ਕਮਾਂਡ ਨੇ ਉਹਨਾਂ ਉੱਪਰ ਜੋ ਭਰੋਸਾ ਕਰਕੇ ਵੱਡੀ ਜਿੰਮੇਵਾਰੀ ਦਿੱਤੀ ਹੈ ਉਹ ਉਸ ਜਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ ਅਤੇ ਹਲਕੇ ਦੇ ਲੋਕਾਂ ਨਾਲ ਮੋਢੇ ਨਾਲ ਮੋਢਾ ਲਾ ਕੇ ਤੁਰਨਗੇ।

# ਕੁਲਵਿੰਦਰ ਸਿੰਘ ਢਾਹਾਂ ਨੂੰ ਡਾਕਟਰ ਦੀ ਉਪਾਧੀ ਨਾਲ ਨਿਵਾਜਿਆ

ਬਹਿਰਾਮ (ਅਵਤਾਰ ਕਲੇਰ) ਗੁਰੂ ਨਾਨਕ ਮਿਸਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੂੰ ਡਾਕਟਰ ਆਫ ਫਿਲਾਸਫੀ ਦੀ ਉਪਾਧੀ ਨਾਲ ਸਨਮਾਨਿਤ ਕੀਤਾ ਗਿਆ। ਇਹ ਮਾਣ ਅਮਰੀਕਾ ਦੀ ਮੇਰੀਲੈਂਡ ਯੂਨੀਵਰਸਿਟੀ ਵੱਲੋਂ ਉਹਨਾਂ ਦੀ ਅਗਵਾਈ 'ਚ ਸਿੱਖਿਆ ਖੇਤਰ ਦੀਆਂ ਸ਼ਾਨਦਾਰ ਸੇਵਾਵਾਂ ਲਈ ਪ੍ਰਦਾਨ ਕੀਤਾ ਗਿਆ। ਇਸ ਸੰਬੰਧੀ ਨਵੀਂ ਦਿੱਲੀ ਦੇ ਸੰਵਿਧਾਨ ਕਲੱਬ ਆਫ ਇੰਡੀਆ ਵਿਖੇ ਹੋਈ ਕੈਨਵੋਕੇਸ਼ਨ ਦੌਰਾਨ ਇਹ ਸਨਮਾਨ ਹਾਸਲ ਹੋਇਆ। ਯੂਨੀਵਰਸਿਟੀ ਦੇ ਰਜਿਸਟਰਾਰ ਚਾਰਲਜ ਏ ਵੋਨ ਜੋਆਇਜ਼ ਨੇ ਇਹ ਡਿਗਰੀ ਪ੍ਰਦਾਨ ਕਰਨ ਸਮੇਂ ਕਿਹਾ ਕਿ ਸਮਾਜ ਅੰਦਰ ਪ੍ਰੀਵਰਤਨ ਮਾਹੌਲ ਸਿਰਜਣ ਲਈ ਅਜਿਹੀਆਂ ਉਪਾਧੀਆਂ ਸਬੰਧਤ ਦੀਆਂ ਸੇਵਾਵਾਂ ਨੂੰ ਸਹੀ ਤਸਦੀਕ ਕਰਦੀਆਂ ਹਨ।

ਇਸ ਉਪਰੰਤ ਡਾ. ਕੁਲਵਿੰਦਰ ਸਿੰਘ ਢਾਹਾਂ ਨੇ ਕਿਹਾ ਕਿ ਸਿੱਖਿਆ ਅਤੇ ਸਿਹਤ ਲਈ ਜਮੀਨੀ ਪੱਧਰ 'ਤੇ ਚਾਲੀ ਸਾਲ ਦੇ ਸਫਰ ਦਾ ਨਤੀਜਾ ਇਸ ਕਦਰ ਰੰਗ ਲਿਆਇਆ ਕਿ ਅੱਜ ਇਸ ਕਾਰਜ ਲਈ ਇਹ ਡਾਕਟਰੇਟ ਦੀ ਡਿਗਰੀ ਹਾਸਲ ਕਰਨ ਦਾ ਮਾਣ ਮਿਲਿਆ ਹੈ। ਉਹਨਾਂ ਕਿਹਾ ਇਸ ਮਿਸਨ ਤਹਿਤ ਭਵਿੱਖ ਵਿੱਚ ਚੌਗੁਣੇ ਉਤਸਾਹ ਨਾਲ ਕਾਰਜ ਕੀਤੇ ਜਾਣਗੇ । ਉਹਨਾਂ ਧੰਨਵਾਦ



ਕਰਦੇ ਕਿਹਾ ਕਿ ਇਹ ਮਾਣ ਢਾਹਾਂ ਕਲੇਰਾਂ ਦੀ ਧਰਤੀ 'ਤੇ ਗੁਰੂ ਨਾਨਕ ਮਿਸਨ ਮੈਡੀਕਲ ਐਂਡ ਐਜੂਕੇਸਨਲ ਟਰੱਸਟ ਦੀਆਂ ਸੇਵਾਵਾਂ ਨੂੰ ਸਮਰਪਿਤ ਹੈ। ਇਸ ਵੱਡਮੁਲੇ ਸਨਮਾਨ ਬਾਰੇ ਪਤਾ ਚੱਲਦਿਆਂ ਹੀ ਦੇਸ-ਵਿਦੇਸ਼ ਸਮਾਜਿਕ, ਸਿੱਖਿਆ/ਸਿਹਤ, ਧਾਰਮਿਕ ਅਤੇ ਸਿਆਸੀ ਖੇਤਰ ਦੀਆਂ ਸੰਸਥਾਵਾਂ/ਸਭਾਵਾਂ ਵਲੋਂ ਸ਼ੁੱਭ ਕਾਮਨਾਵਾਂ ਮਿਲ ਰਹੀਆਂ ਹਨ।

## ਜਨਮ ਦਿਨ ਮੁਬਾਰਕ



ਈਵਾ ਮਹਿਤਾ, ਰਾਮਪੁਰਾ ਫੂਲ



ਹਰਨੰਦਨ ਸਿੰਘ, ਅੰਮ੍ਰਿਤਸਰ

# ਸੰਯੁਕਤ ਕਿਸਾਨ ਮੋਰਚਾ ਸੁਲਤਾਨਪੁਰ ਲੋਧੀ ਵੱਲੋਂ ਪ੍ਰਧਾਨ ਮੰਤਰੀ ਦੇ ਨਾਂਅ ਮੰਗ ਪੱਤਰ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) ਸੰਯੁਕਤ ਕਿਸਾਨ ਮੋਰਚਾ ਦੇ ਇਸ ਸੱਦੇ 'ਤੇ 26 ਫਰਵਰੀ 24 ਨੂੰ ਕਿਸਾਨਾਂ-ਮਜਦੂਰਾਂ ਦੇ ਦੇਸ ਵਿਆਪੀ ਸੰਘਰਸ਼ ਦੇ ਹਿੱਸੇ ਵਜੋਂ ਅਸੀਂ ਦੇਸ ਭਰ 'ਚ 'ਭਾਰਤ ਸਰਕਾਰ ਡਬਲਯੂ.ਟੀ.ਓ. ਦਿਵਸ' ਮਨਾਇਆ ਜਾ ਰਿਹਾ ਹੈ ਇਸ ਸੰਬੰਧੀ ਸੰਯੁਕਤ ਕਿਸਾਨ ਮੋਰਚਾ ਸੁਲਤਾਨਪੁਰ ਲੋਧੀ ਵੱਲੋਂ ਪ੍ਰਧਾਨ ਮੰਤਰੀ ਦੇ ਨਾਂਅ ਐੱਸ ਡੀ ਐੱਮ ਸੁਲਤਾਨਪੁਰ ਲੋਧੀ ਦਫਤਰ ਵਿਖੇ ਐੱਸ ਡੀ ਐੱਮ ਦੇ ਸਟੈਨੋ ਨੂੰ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਜੋ 2021 ਨੂੰ ਨਾਲ ਸਾਰੀਆਂ ਫਸਲਾਂ ਲਈ ਐਸ ਕੇ ਐਮ ਨਾਲ ਕੀਤੇ ਸਮਝੌਤੇ ਨੂੰ ਲਾਗੂ ਕਰੇ, ਜਿਸ ਵਿੱਚ ਕਾਨੂੰਨੀ ਤੌਰ 'ਤੇ ਖਰੀਦ ਅਤੇ ਪੂਰਾ ਕਰਜਾ ਵੀ ਸ਼ਾਮਲ ਹੈ। ਉਹਨਾਂ ਕਿਹਾ ਕਿ ਭਾਰਤ ਦੀ ਖੁਰਾਕ ਸੁਰੱਖਿਆ ਅਤੇ ਕੀਮਤ ਸਮਰਥਨ ਪ੍ਰੋਗਰਾਮ ਵਾਰ-ਵਾਰ ਡਬਲਯੂ.ਟੀ.ਓ. ਵਿੱਚ ਵਿਵਾਦਾਂ ਦਾ ਵਿਸਾ ਬਣੇ ਹੋਏ ਹਨ। ਇਸ ਮੌਕੇ ਐਡਵੋਕੇਟ ਰਜਿੰਦਰ ਸਿੰਘ ਰਾਣਾ, ਗੁਰਮੀਤ ਸਿੰਘ ਐਡਵੋਕੇਟ, ਜੀ ਐੱਸ ਢਿੱਲੋਂ, ਸੁਖਵਿੰਦਰ ਸਿੰਘ ਸਰਾਏ ਜੱਟਾਂ, ਕੁਲਬੀਰ ਸਿੰਘ ਐਡਵੋਕੇਟ, ਨਿਰਮਲ ਸਿੰਘ ਸੇਰਪੁਰ ਸੱਧਾ, ਮਾਸਟਰ ਚਰਨ ਸਿੰਘ ਹੈਬਤਪੁਰ, ਹਰਜਿੰਦਰ ਸਿੰਘ ਵੜੈਚ, ਐਡਵੋਕੇਟ ਗੁਰਮੀਤ ਸਿੰਘ, ਬਲਵਿੰਦਰ ਸਿੰਘ ਮੋਮੀ ਐਡਵੋਕੇਟ, ਮਨਜੀਤ ਸਿੰਘ ਢਿੱਲੋਂ, ਸਾਬਕਾ ਚੇਅਰਮੈਨ ਤੇਜਵੰਤ ਸਿੰਘ, ਗੁਰਨਾਮ ਸਿੰਘ ਟੋਡਰਵਾਲ, ਬਲਕਾਰ ਸਿੰਘ, ਜਰਨੈਲ ਸਿੰਘ ਸੰਧਾ ਐਡਵੋਕੇਟ, ਹਰਵਿੰਦਰ ਸਿੰਘ ਕਮਾਲਪੁਰ, ਕੇਹਰ ਸਿੰਘ ਐਡਵੋਕੇਟ, ਪਰਮਿੰਦਰ ਸਿੰਘ ਖਾਲਸਾ, ਹਰਵਿੰਦਰ ਸਿੰਘ, ਵਿਕਰਮ ਜੀਤ ਸਿੰਘ ਐਡਵੋਕੇਟ, ਸਤਪਾਲ ਸਿੰਘ, ਸੁਖਦੇਵ ਸਿੰਘ, ਜਸਪਾਲ ਸਿੰਘ, ਜੱਗਾ ਸਿੰਘ, ਪਰਮਿੰਦਰ ਸਿੰਘ ਕੰਡਾ, ਲਾਡੀ ਸੁਖਜਿੰਦਰ ਕੌਰ ਭੁੱਲਰ, ਬਿੱਕਰ ਸਿੰਘ, ਐਡਵੋਕੇਟ ਰਾਜਵਿੰਦਰ ਕੌਰ, ਪਾਲ ਚੰਦ ਹੈਦਰਾਬਾਦ ਦੋਨਾਂ, ਸਾਗਰ ਚੰਦ , ਜਗਦੀਸ ਸਿੰਘ ਸੋਢੀ, ਹਰਜਿੰਦਰ ਸਿੰਘ ਨਵਾਂ ਠੱਟਾ ਆਦਿ ਹਾਜਰ ਸਨ।



# ਖੱਟਰ ਨੇ ਸੂਬੇ ਦੇ ਪਸ਼ੂ ਪਾਲਕਾਂ ਨੂੰ ਦਿੱਤੀ ਵੱਡੀ ਸੌਗਾਤ

ਚੰਡੀਗੜ੍ਹ, (ਕ੍ਰਿਸ਼ਨ ਗਰਗ)- ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਜਿਲ੍ਹਾ ਮਹੇਂਦਰਗੜ੍ਹ ਦੇ ਪਿੰਡ ਜਾਟ ਪਾਲੀ ਸਥਿਤ ਹਰਿਆਣਾ ਕੇਂਦਰੀ ਯੂਨੀਵਰਸਿਟੀ ਪਰਿਸਰ ਵਿਚ ਚੱਲ ਰਹੀ ਤਿੰਨ ਦਿਨਾਂ ਦੀ 40ਵੀਂ ਰਾਜ ਪਸ਼ੂਧਨ ਪ੍ਰਦਰਸ਼ਨੀ ਦੇ ਦੂਜੇ ਦਿਨ ਸੂਬੇ ਦੇ ਪਸ਼ੂ ਪਾਲਕਾਂ ਨੂੰ ਵੱਡੀ ਸੌਗਾਤ ਦਿੱਤੀ। ਮੁੱਖ ਮੰਤਰੀ ਨੇ ਸੂਬੇ ਦੇ ਵੱਖ-ਵੱਖ ਜਿਲ੍ਹਿਆਂ ਲਈ 11.20 ਕਰੋੜ ਰੁਪਏ ਦੀ ਲਾਗਤ ਦੀ 70 ਮੋਬਾਇਲ ਪਸ਼ੂਧਨ ਏਂਬੂਲੈਂਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਦੇ ਲਈ ਮੁੱਖ ਮੰਤਰੀ ਨੇ ਲੈਪਟਾਪ ਦਾ ਬਟਨ ਦਬਾ ਕੇ ਸੂਬੇ ਵਿਚ ਪਸ਼ੂ ਹਸਪਤਾਲ ਕਾਲ ਸੈਂਟਰ 24×7 ਟੋਲ ਫਰੀ ਨੰਬਰ 1962 ਦੀ ਸ਼ੁਰੂਆਤ ਵੀ ਕੀਤੀ। ਇਸ ਮੌਕੇ 'ਤੇ ਖੇਤੀਬਾੜੀ ਅਤੇ ਕਿਸਾਨ ਭਲਾਈ, ਪਸ਼ੂਪਾਲਣ ਅਤੇ ਡੇਅਰੀ ਮੰਤਰੀ ਜੇ ਪੀ ਦਲਾਲ ਵੀ ਮੌਜੂਦ ਸਨ। ਇੰਨ੍ਹਾਂ ਮੈਡੀਕਲੀ ਲੈਸ ਮੋਬਾਇਲ ਵੈਨ ਨੂੰ ਕਾਲ ਸੈਂਟਰ ਨਾਲ ਜੋੜਿਆ ਗਿਆ ਹੈ। ਜੀ ਪੀ ਐਸ ਲੈਸ ਇੰਨ੍ਹਾਂ ਮੋਬਾਇਲ ਵੈਨ ਤੋਂ ਪਸ਼ੂ ਮੈਡੀਕਲ ਸੇਵਾ ਦੀ ਮੋਨੀਟਰਿੰਗ ਅਤੇ ਸੁਝਾਅ ਸਹੂਲਤ ਪਸ਼ੂਪਾਲਕਾਂ ਨੂੰ ਪ੍ਰਦਾਨ ਕੀਤੀ ਜਾਵੇਗੀ। ਯੋਜਨਾ ਤਹਿਤ ਪਸ਼ੂ ਪਾਲਕਾਂ ਨੂੰ ਮੁਫਤ ਪਸ਼ੂ ਮੈਡੀਕਲ ਸਹੂਲਤ ਦੇ ਨਾਲ ਹੀ ਪਸ਼ੂ ਹਸਪਤਾਲ ਕਾਲ ਸੈਂਟਰ ਦੇ ਟੋਲ ਫਰੀ ਨੰਬਰ 1962 'ਤੇ ਸੁਝਾਅ ਵੀ ਦਿੱਤਾ ਜਾਵੇਗਾ। ਇਸ ਮੌਕੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਓਮਪ੍ਰਕਾਸ਼ ਯਾਦਵ, ਪਸ਼ੂਪਾਲਣ ਅਤੇ ਡੇਅਰੀ ਵਿਭਾਗ ਦੇ ਵਧੀਕ ਮੁੱਖ ਸਕੱਤਰ ਅੰਕੁਰ ਗੁਪਤਾ, ਸਾਂਸਦ ਚੌਧਰੀ ਧਰਮਬੀਰ ਸਿੰਘ ਸਮੇਤ ਹੋਰ ਸੀਨੀਅਰ ਅਧਿਕਾਰੀ ਅਤੇ ਵੱਡੀ ਗਿਣਤੀ ਵਿਚ ਕਿਸਾਨ ਮੌਜੂਦ ਸਨ।

# ਬੱਡੋਂ ਵਿਖੇ ਸਾਲਾਨਾ ਸੰਤ ਸਮਾਗਮ ਤੇ ਕੀਰਤਨ ਦਰਬਾਰ




ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)-ਪਿੰਡ ਬੱਡੋਂ ਵਿਖੇ ਨਿਰਮਲ ਕੁਟੀਆ ਸੰਤ ਮਈਆ ਦਾਸ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸਾਲਾਨਾ 5 ਰੋਜ਼ਾ ਸਾਲਾਨਾ ਜੋੜ ਮੇਲਾ ਜੋ ਸੰਤ ਬਾਬਾ ਮਈਆ ਦਾਸ, ਸੰਤ ਬਾਬਾ ਗਿਆਨ ਦਾਸ, ਸੰਤ ਬਾਬਾ ਸਾਹਿਬ ਦਾਸ ਅਤੇ ਸੰਤ ਬਾਬਾ ਪ੍ਰਧਾਨ ਸਿੰਘ ਨੂੰ ਸਮਰਪਿਤ ਸੀ, ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਚਰਨ ਸਿੰਘ ਬੱਡੋਂ ਦੀ ਅਗਵਾਈ ਵਿਚ ਸ਼ਰਧਾਪੂਰਵਕ ਮਨਾਇਆ ਗਿਆ। ਤੀਸਰੇ ਦਿਨ ਰਾਤਰੀ ਦੇ ਦੀਵਾਨ ਸਜਾਏ ਗਏ, ਜਿਸ ਦੌਰਾਨ ਭਾਈ ਮਲਕੀਅਤ ਸਿੰਘ ਖਾਨਪੁਰ ਥਿਆੜੇ ਵਾਲੇ, ਭਾਈ ਸੁਖਦੇਵ ਸਿੰਘ ਨਡਾਲੋਂ ਤੇ ਕੀਰਤਨ ਵਿਦਿਆਲਾ ਬੱਡੋ ਦੇ ਵਿਦਿਆਰਥੀਆਂ ਨੇ ਆਈਆਂ ਸੰਗਤਾਂ ਨੂੰ ਗੁਰਬਾਣੀ ਕਥਾ ਕੀਰਤਨ ਰਾਹੀਂ ਨਿਹਾਲ ਕੀਤਾ । ਸੰਤ ਸਮਾਗਮ ਅਤੇ ਕੀਰਤਨ ਦਰਬਾਰ ਦੌਰਾਨ ਪੰਥ ਪ੍ਰਸਿੱਧ ਰਾਗੀ, ਢਾਡੀ, ਕਥਾਵਾਚਕ, ਪ੍ਰਚਾਰਕ ਅਤੇ ਸੰਤ ਮਹਾਂਪੁਰਸ਼ ਆਈਆਂ ਸੰਗਤਾਂ ਨੂੰ ਗੁਰਬਾਣੀ ਕਥਾ ਕੀਰਤਨ, ਗੁਰਮਤਿ ਵਿਚਾਰਾਂ ਤੇ ਢਾਡੀ ਵਾਰਾਂ ਨਾਲ ਨਿਹਾਲ ਕੀਤਾ।

ਉਨ੍ਹਾਂ ਅੱਗੇ ਦੱਸਿਆ ਕਿ ਇਸ ਦਿਨ ਜਿੱਥੇ ਜਨਰਲ ਰੋਗਾਂ, ਦੰਦਾਂ ਅਤੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਉੱਥੇ ਸਵੇਰੇ ਦਸ ਵਜੇ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਵੀ ਕਰਵਾਏ ਗਏ। ਇਸ ਮੌਕੇ ਹਰਦੀਪ ਸਿੰਘ, ਦਰਸ਼ਨ ਸਿੰਘ, ਹਰਦੀਪ ਸਿੰਘ ਖਾਲਸਾ, ਨਰਿੰਦਰ ਸਿੰਘ, ਗੁਰਵਿੰਦਰ ਸਿੰਘ, ਤਰਲੋਕ ਸਿੰਘ, ਸੁੱਚਾ ਸਿੰਘ, ਸੇਵਾ ਸਿੰਘ, ਸੁਰਿੰਦਰ ਸਿੰਘ, ਮਲਕੀਤ ਸਿੰਘ, ਡਾ. ਸੁਖਦੇਵ ਸਿੰਘ, ਜਗਤਾਰ ਸਿੰਘ, ਸਰਪੰਚ ਅਮਨਦੀਪ ਸਿੰਘ, ਨੰਬਰਦਾਰ ਜੋਗਾ ਸਿੰਘ, ਸਰਬਪ੍ਰੀਤ ਸਿੰਘ, ਦਲਜੀਤ ਸਿੰਘ ਆਦਿ ਹਾਜ਼ਰ ਸਨ।

# ਸੰਤ ਦਰਸ਼ਨ ਦਾਸ ਦੇ 32ਵੇਂ ਬਰਸੀ ਸਮਾਗਮ ਸ਼ਰਧਾ-ਪੂਰਵਕ ਮਨਾਏ



ਹੁਸ਼ਿਆਰਪੁਰ (ਓ ਪੀ ਰਾਣਾ ) ਸ੍ਰੀਮਾਨ 108 ਸੰਤ ਦਰਸ਼ਨ ਦਾਸ ਦੇ ਸਾਲਾਨਾ 32ਵੇਂ ਬਰਸੀ ਸਮਾਗਮ ਡੇਰਾ ਸੰਤ ਮੇਲਾ ਰਾਮ ਨਗਰ ਵਿਖੇ ਮੌਜੂਦਾ ਸੰਚਾਲਕ ਸੰਤ ਪਰਮਜੀਤ ਦਾਸ ਕੈਸ਼ੀਅਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੀ ਸਰਪ੍ਰਸਤੀ ਹੇਠ ਬੜੀ ਸ਼ਰਧਾ ਪੂਰਵਕ ਮਨਾਏ ਗਏ।ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਸੰਤ ਸਮਾਗਮ, ਕੀਰਤਨ ਦੇ ਦੀਵਾਨ ਸਜਾਏ ਗਏ, ਜਿਸ ਵਿੱਚ ਰਾਗੀ ਜਥਿਆਂ ਤੋਂ ਇਲਾਵਾ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਮਹਾਨ ਸੰਤ ਮਹਾਂਪੁਰਸ਼ ਸੰਤ ਸਰਵਣ ਦਾਸ ਬੋਹਣ ਚੇਅਰਮੈਨ, ਸੰਤ ਇੰਦਰ ਦਾਸ ਸ਼ੇਖੇ ਜਨਰਲ ਸਕੱਤਰ, ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ.ਮੀਤ ਪ੍ਰਧਾਨ, ਸੰਤ ਧਰਮਪਾਲ ਸ਼ੇਰਗੜ, ਸੰਤ ਪ੍ਰਮੇਸ਼ਵਰੀ ਦਾਸ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਜਸਵੰਤ ਦਾਸ ਰਾਵਲਪਿੰਡੀ, ਸੰਤ ਮਨੋਹਰ ਦਾਸ, ਸੰਤ ਨਰੇਸ਼ ਦਾਸ ਪਿਆਲਾਂ, ਸੰਤ ਅਮਰਜੀਤ ਸਿੰਘ ਬੇਗੋਵਾਲ, ਸੰਤ ਕਪੂਰ ਦਾਸ, ਸੰਤ ਅਤਰ ਸਿੰਘ ਕਟਪਾਲੋਂ ਨੇ ਕਥਾ, ਕੀਰਤਨ ਗੁਰਮਤਿ ਵਿਚਾਰਾਂ ਰਾਹੀਂ ਸੰਤ ਦਰਸ਼ਨ ਦਾਸ ਨੂੰ ਸ਼ਰਧਾ ਸੁਮਨ ਭੇਟ ਕੀਤੇ ਅਤੇ ਸੰਗਤਾਂ ਨੂੰ ਨਿਹਾਲ ਕੀਤਾ। ਸਟੇਜ ਸਕੱਤਰ ਦੀ ਸੇਵਾ ਜਗਤ ਰਾਮ ਭੱਟੀ ਨੇ ਨਿਭਾਈ।ਇਸ ਮੌਕੇ ਡੇਰੇ ਦੇ ਸੰਚਾਲਕ ਸੰਤ ਪਰਮਜੀਤ ਦਾਸ ਵੱਲੋਂ ਆਏ ਹੋਏ ਸੰਤਾਂ ਮਹਾਂਪੁਰਸ਼ਾਂ, ਰਾਗੀ ਜਥਿਆਂ, ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸਖਸ਼ੀਅਤਾਂ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਜੋਗਿੰਦਰ ਰਾਮ, ਸੁਰੇਸ਼ ਕੁਮਾਰ ਫੌਜੀ, ਨਿਰਮਲ ਭੱਟੀ, ਰਜੇਸ਼ ਕੁਮਾਰ, ਹੰਸ ਰਾਜ ਪ੍ਰਧਾਨ, ਰਾਮ ਸ਼ਰਨ ਸੈਕਟਰੀ, ਰਣਜੀਤ ਪਵਾਰ, ਬਲਦੇਵ ਰਾਮ ਏ ਐਸ ਆਈ, ਹਰੀ ਚੰਦ ਟੂਰਾ, ਪ੍ਰਿੰਸੀਪਲ ਗਿਆਨ ਚੰਦ, ਪ੍ਰਸ਼ੋਤਮ ਭੱਟੀ, ਨਛੱਤਰ ਭੱਟੀ, ਮਦਨ ਲਾਲ, ਰਾਮ ਲੁਭਾਇਆ, ਚੰਦਰ ਪਾਲ ਸੰਦਵਾਂ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਵੀ ਹਾਜ਼ਰ ਸਨ।

# ਦੀ ਵਰਕਿੰਗ ਰਿਪੋਰਟਿੰਗ ਐਸੋਸੀਏਸ਼ਨ ਪੰਜਾਬ (ਇੰਡੀਆ) ਮੇਹਟੀਆਣਾ ਯੂਨਿਟ ਦੀ ਚੋਣ



ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਪਿੰਡ ਮੇਹਟੀਆਣਾ ਵਿਖੇ ਦੀ ਵਰਕਿੰਗ ਰਿਪੋਰਟਿੰਗ ਐਸੋਸੀਏਸ਼ਨ ਰਜਿ: ਪੰਜਾਬ ਇੰਡੀਆ ਦੀ ਇੱਕ ਵਿਸ਼ੇਸ਼ ਮੀਟਿੰਗ ਪੰਜਾਬ ਪ੍ਰਧਾਨ ਬਲਵੀਰ ਸਿੰਘ ਸੈਣੀ ਹੁਸ਼ਿਆਰਪੁਰ ਦੀ ਪ੍ਰਧਾਨਗੀ ਹੇਠ ਕੀਤੀ ਗਈ।ਇਸ ਮੌਕੇ ਮੀਟਿੰਗ ਦੌਰਾਨ ਵਿਸ਼ੇਸ ਮਹਿਮਾਨ ਤਰਸੇਮ ਦੀਵਾਨਾ ਸੀਨੀਅਰ ਪੱਤਰਕਾਰ ਹੁਸ਼ਿਆਰਪੁਰ, ਅਸ਼ਵਨੀ ਸ਼ਰਮਾ ਹੁਸ਼ਿਆਰਪੁਰ, ਗੁਰਵਿੰਦਰ ਸਿੰਘ ਪਲਾਹਾ ਹੁਸ਼ਿਆਰਪੁਰ ਨੇ ਸ਼ਿਰਕਤ ਕੀਤੀ।ਇਸ ਮੌਕੇ ਦੀ ਵਰਕਿੰਗ ਰਿਪੋਰਟਿੰਗ ਐਸੋਸੀਏਸ਼ਨ ਰਜਿ: ਪੰਜਾਬ ਇੰਡੀਆ ਯੂਨਿਟ ਮੇਹਟੀਆਣਾ ਪੱਤਰਕਾਰਾਂ ਦੀ ਟੀਮ ਦੀ ਚੋਣ ਕੀਤੀ ਗਈ।ਇਸ ਮੌਕੇ ਪੱਤਰਕਾਰਾਂ ਨੂੰ ਫੀਲਡ ਵਿੱਚ ਆ ਰਹੀਆਂ ਸਮੱਸਿਆ ਸੰਬੰਧੀ ਚਰਚਾ ਕੀਤੀ ਗਈ। ਇਸ ਮੌਕੇ ਮੀਟਿੰਗ ਦੌਰਾਨ ਚੇਅਰਮੈਨ ਚੰਦਰ ਪਾਲ ਹੈਪੀ ਮਾਨਾ , ਉਪ-ਚੇਅਰਮੈਨ ਜਗਤਾਰ ਸਿੰਘ ਭੁੰਗਰਨੀ, ਹਰਵਿੰਦਰ ਸਿੰਘ ਭੁੰਗਰਨੀ ਯੂਨਿਟ ਪ੍ਰਧਾਨ ਮੇਹਟੀਆਣਾ, ਮੀਤ ਪ੍ਰਧਾਨ ਦਿਲਬਾਗ ਸਿੰਘ ਹਾਰਟਾ, ਜਨਰਲ ਸਕੱਤਰ ਪਰਮਜੀਤ ਸਿੰਘ, ਖਜਾਨਚੀ ਸੰਜੀਵ ਕੁਮਾਰ ਅੱਤੋਵਾਲ, ਮੁੱਖ ਸਲਾਹਕਾਰ ਗੁਰਨਾਮ ਸਿੰਘ ਗਾਮਾ, ਸਲਾਹਕਾਰ ਜਸਵੀਰ ਸਿੰਘ ਮੁੱਖਲਿਆਣਾ, ਪ੍ਰੈਸ ਸਕੱਤਰ ਮਨਵੀਰ ਸਿੰਘ ਬੱਡਲਾ, ਮੀਤ ਪ੍ਰੈਸ ਸਕੱਤਰ ਮਾਸਟਰ ਮੋਹਨ ਸਿੰਘ ਡਾਡੀਆਂ, ਮੈਂਬਰ ਜਸਵੀਰ ਸਿੰਘ ਹੇੜੀਆ, ਮੈਂਬਰ ਗੁਰਪਾਲ ਸਿੰਘ ਮੇਹਟੀਆਣਾ, ਮੈਂਬਰ ਗੋਪੀ ਚੰਦ ਰਾਜਪੁਰ ਭਾਈਆਂ ਨੂੰ ਨਿਯੁਕਤ ਕੀਤਾ ਗਿਆ।ਇਸ ਮੌਕੇ ਪ੍ਰਧਾਨ ਪੰਜਾਬ ਬਲਵੀਰ ਸਿੰਘ ਸੈਣੀ ਹੁਸ਼ਿਆਰਪੁਰ ਨੇ ਨਵਨਿਯੁਕਤ ਮੈਂਬਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ।

# ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸਨ ਦੇ 'ਪ੍ਰੋਜੈਕਟ ਅੰਮ੍ਰਿਤ' ਦਾ ਸਫਲ ਆਯੋਜਨ

ਚੰਡੀਗੜ੍ਹ, (ਕ੍ਰਿਸ਼ਨ ਗਰਗ) ਸਤਿਗੁਰੂ ਮਾਤਾ ਸੁਦੀਕਸ਼ਾ ਮਹਾਰਾਜ ਅਤੇ ਨਿਰੰਕਾਰੀ ਰਾਜਪਿਤਾ ਰਮਿਤ ਦੀ ਛਤਰ-ਛਾਇਆ ਹੇਠ ਯਮੁਨਾ ਨਦੀ ਦੇ ਛੱਠ ਘਾਟ ਵਿਖੇ 'ਅੰਮ੍ਰਿਤ ਪ੍ਰੋਜੈਕਟ' ਦੇ ਤਹਿਤ 'ਸਵੱਛ ਜਲ , ਸਵੱਛ ਮਨ' ਪ੍ਰੋਜੈਕਟ ਦੇ ਦੂਜੇ ਪੜਾਅ ਦਾ ਉਦਘਾਟਨ ਆਈ.ਟੀ.ਓ., ਦਿੱਲੀ ਤੋਂ ਕੀਤਾ ਗਿਆ। ਚੰਡੀਗੜ੍ਹ ਦੇ ਸੰਯੋਜਕ ਨਵਨੀਤ ਪਾਠਕ ਅਤੇ ਏਰਿਯਾ ਦੇ ਮੁਖੀਆਂ ਦੀ ਦੇਖ-ਰੇਖ ਹੇਠ ਨਿਰੰਕਾਰੀ ਸੇਵਾ ਦਲ ਦੇ ਮੈਂਬਰਾਂ ਅਤੇ ਸਾਧਸੰਗਤ ਨੇ ਸੈਕਟਰ 30-ਏ, ਸੈਕਟਰ 15 ਡੀ, ਮਲੋਆ, ਸੈਕਟਰ 45, ਮਨੀਮਾਜਰਾ ਦੇ ਸੰਤ ਨਿਰੰਕਾਰੀ ਸਤਿਸੰਗ ਭਵਨਾਂ ਦੇ ਆਲੇ-ਦੁਆਲੇ ਦੀ ਸਫਾਈ ਕੀਤੀ। ਨਵਨੀਤ ਪਾਠਕ ਨੇ ਨੇ ਦਸਿਆ ਕਿ ਬਾਬਾ ਹਰਦੇਵ ਸਿੰਘ ਮਹਾਰਾਜ ਦੀਆਂ ਸਿੱਖਿਆਵਾਂ ਤੋਂ ਪ੍ਰੇਰਿਤ ਹੋ ਕੇ, ਇਹ ਪ੍ਰੋਜੈਕਟ ਪੂਰੇ ਭਾਰਤ ਦੇ 27 ਰਾਜਾਂ ਅਤੇ ਕੇਂਦਰ ਸਾਸਤ ਪ੍ਰਦੇਸਾਂ ਵਿੱਚ 1533 ਤੋਂ ਵੱਧ ਸਥਾਨਾਂ 'ਤੇ 11 ਲੱਖ ਤੋਂ ਵੱਧ ਵਲੰਟੀਅਰਾਂ ਦੇ ਸਹਿਯੋਗ ਨਾਲ ਵੱਡੇ ਪੱਧਰ 'ਤੇ ਆਯੋਜਿਤ ਕੀਤਾ ਗਿਆ।

ਬਾਬਾ ਹਰਦੇਵ ਸਿੰਘ ਦੀਆਂ ਸਦੀਵੀ ਸਿੱਖਿਆਵਾਂ ਤੋਂ ਪ੍ਰੇਰਨਾ ਲੈਂਦਿਆਂ ਸੰਤ ਨਿਰੰਕਾਰੀ ਮਿਸਨ ਦੇ ਸਮਾਜਿਕ ਵਿੰਗ ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸਨ ਦੀ ਅਗਵਾਈ ਹੇਠ 'ਪ੍ਰੋਜੈਕਟ ਅੰਮ੍ਰਿਤ' ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਦਿੱਲੀ ਯੂਨੀਵਰਸਿਟੀ ਦੇ ਹਜਾਰਾਂ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਨਾਲ-ਨਾਲ ਕਈ ਸੰਸਥਾਵਾਂ ਅਤੇ ਵਾਤਾਵਰਨ ਸੁਰੱਖਿਆ ਨਾਲ ਜੁੜੇ ਕਈ ਪਤਵੰਤੇ ਸੱਜਣਾਂ ਨੇ ਸਮੂਲੀਅਤ ਕੀਤੀ। ਸੰਤ ਨਿਰੰਕਾਰੀ ਮੰਡਲ ਦੇ ਸਕੱਤਰ ਅਤੇ ਸਮਾਜ ਕਲਿਆਣ ਇੰਚਾਰਜ ਜੋਗਿੰਦਰ ਸੁਖੀਜਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 'ਪ੍ਰੋਜੈਕਟ ਅੰਮ੍ਰਿਤ' ਦੌਰਾਨ ਹਰ ਵਿਧਾਨਕ ਸੁਰੱਖਿਆ ਮਾਪਦੰਡਾਂ ਦਾ ਸਹੀ ਢੰਗ ਨਾਲ ਪਾਲਣ ਕੀਤਾ ਗਿਆ। 'ਪ੍ਰੋਜੈਕਟ ਅੰਮ੍ਰਿਤ' ਦੇ ਦੂਜੇ ਪੜਾਅ ਦਾ ਉਦਘਾਟਨ ਕਰਦੇ ਹੋਏ ਨਿਰੰਕਾਰੀ ਰਾਜਪਿਤਾ ਰਮਿਤ ਜੀ ਨੇ ਸਤਿਗੁਰੂ ਮਾਤਾ ਜੀ ਦੀ ਹਜੂਰੀ ਵਿੱਚ ਆਪਣੇ ਸੰਬੋਧਨ ਵਿਚ ਕਿਹਾ ਕਿ ਬਾਬਾ ਹਰਦੇਵ ਸਿੰਘ ਜੀ ਨੇ ਆਪਣੇ ਜੀਵਨ ਰਾਹੀਂ ਸਾਨੂੰ ਪ੍ਰੇਰਿਆ ਦਿੱਤੀ ਕਿ ਸੇਵਾ ਦੀ ਭਾਵਨਾ ਨਿਰਸਵਾਰਥ ਰੂਪ ਵਿਚ ਹੋਣੀ ਚਾਹੀਦੀ ਹੈ ਨਾ ਕਿ ਕਿਸੇ ਵੀ ਪ੍ਰਸ਼ੰਸਾ ਦੇ ਰੂਪ ਵਿਚ। ਸਤਿਗੁਰੂ ਮਾਤਾ ਜੀ ਨੇ ਪ੍ਰੋਜੈਕਟ ਅੰਮ੍ਰਿਤ ਮੌਕੇ ਆਪਣੇ ਅਸ਼ੀਰਵਾਦ ਵਿੱਚ ਕਿਹਾ ਕਿ ਪਾਣੀ ਦਾ ਸਾਡੇ ਜੀਵਨ ਵਿੱਚ ਬਹੁਤ ਮਹੱਤਵ ਹੈ ਅਤੇ ਇਹ ਅੰਮ੍ਰਿਤ ਦੀ ਤਰ੍ਹਾਂ ਹੈ। ਪਾਣੀ ਸਾਡੇ ਜੀਵਨ ਦਾ ਮੂਲ ਆਧਾਰ ਹੈ। ਇਹ ਸਾਡਾ ਫਰਜ ਹੈ ਕਿ ਅਸੀਂ ਇਸ ਸਾਫ-ਸੁਥਰੀ ਅਤੇ ਸੁੰਦਰ ਰਚਨਾ ਦੀ ਸੰਭਾਲ ਕਰੀਏ ਜੋ ਸਾਨੂੰ ਪਰਮਾਤਮਾ ਨੇ ਦਿੱਤੀ ਹੈ।

# ਅਦਾਲਤਾਂ 'ਚ ਜੱਜਾਂ ਦੀਆਂ ਦੋ ਸ਼ਿਫਟਾਂ ਸ਼ੁਰੂ ਕੀਤੀਆਂ ਜਾਣ : ਨਾਮਧਾਰੀ ਮੁਖੀ

ਚੰਡੀਗੜ੍ਹ, (ਕ੍ਰਿਸ਼ਨ ਗਰਗ) ਜਨਤਾ ਨੂੰ ਸੁਖ ਦੇਣ ਲਈ ਅਦਾਲਤਾਂ ਵਿੱਚ ਚੱਲ ਰਹੇ ਕੇਸਾਂ ਦਾ ਜਲਦੀ ਨਿਪਟਾਰਾ ਕੀਤਾ ਜਾਣਾ ਚਾਹੀਦਾ ਹੈ। ਇਸ ਸੰਬੰਧੀ ਪ੍ਰਧਾਨ ਮੰਤਰੀ, ਭਾਜਪਾ ਦੇ ਸਾਰੇ ਮੰਤਰੀਆਂ ਅਤੇ ਉੱਚ ਅਧਿਕਾਰੀਆਂ ਨੂੰ ਸੁਝਾਅ ਦਿੰਦੇ ਹੋਏ ਵਰਤਮਾਨ ਨਾਮਧਾਰੀ ਮੁਖੀ ਠਾਕੁਰ ਦਲੀਪ ਸਿੰਘ ਨੇ ਕਿਹਾ ਕਿ ਭਾਰਤ ਦੀਆਂ ਸਾਰੀਆਂ ਅਦਾਲਤਾਂ ਵਿੱਚ ਜੱਜਾਂ ਦੀਆਂ ਦੋ ਸ਼ਿਫਟਾਂ ਸ਼ੁਰੂ ਕੀਤੀਆਂ ਜਾਣੀਆਂ ਚਾਹੀਦੀਆਂ ਹਨ। ਇੱਕ ਸ਼ਿਫਟ ਸਵੇਰੇ 6 ਵਜੇ ਤੋਂ ਦੁਪਹਿਰ 2 ਵਜੇ ਤੱਕ, ਦੂਜੀ ਸ਼ਿਫਟ ਦੁਪਹਿਰ 2 ਵਜੇ ਤੋਂ ਰਾਤ 10 ਵਜੇ ਤੱਕ; ਤਾਂ ਜੋ ਕੇਸਾਂ ਦਾ ਜਲਦੀ ਨਿਪਟਾਰਾ ਕੀਤਾ ਜਾ ਸਕੇ।ਨਾਮਧਾਰੀ ਮੁਖੀ ਨੇ ਆਪਣੀ ਗੱਲ ਸਪੱਸ਼ਟ ਕਰਦਿਆਂ ਕਿਹਾ ਕਿ ਭਾਰਤ ਦੀਆਂ ਅਦਾਲਤਾਂ ਵਿੱਚ ਲੋਕਾਂ ਦੇ ਲੱਖਾਂ ਕੇਸ (ਝਗੜੇ) ਕਈ ਸਾਲਾਂ ਤੋਂ ਲਟਕ ਰਹੇ ਹਨ, ਜੋ ਜੱਜਾਂ ਦੀ ਘਾਟ ਕਾਰਨ ਖਤਮ ਨਹੀਂ ਹੋ ਰਹੇ। ਲੋਕਾਂ ਨੂੰ ਕੇਸ ਲੜਦਿਆਂ ਕਈ ਸਾਲ ਲੱਗ ਜਾਂਦੇ ਹਨ। ਜੇਕਰ ਦੋ ਸ਼ਿਫਟ ਵਾਲਾ ਕਾਰਜਕ੍ਰਮ (ਸਮਾਂ ਸੂਚੀ) ਲਾਗੂ ਹੋ ਜਾਵੇਗਾ; ਇਸ ਨਾਲ ਕੁਝ ਹੀ ਸਾਲਾਂ ਵਿੱਚ ਸਾਰੇ ਕੇਸਾਂ ਦਾ ਨਿਪਟਾਰਾ ਹੋ ਕੇ, ਲੋਕਾਂ ਦੀ ਵੱਡੀ ਸੇਵਾ ਹੋਵੇਗੀ। ਜੱਜਾਂ ਦੀ ਗਿਣਤੀ ਵਧਣ ਨਾਲ, ਲੋਕਾਂ ਨੂੰ ਨੌਕਰੀਆਂ ਵੀ ਮਿਲਣਗੀਆਂ ਅਤੇ ਲੋਕਾਂ ਨੂੰ ਆਪਣੇ ਕੇਸਾਂ ਦਾ ਜਲਦੀ ਨਿਪਟਾਰਾ ਮਿਲਣ ਕਰਕੇ ਸਹੂਲਤ ਵੀ ਮਿਲੇਗੀ; ਜਿਸ ਨਾਲ ਭਾਰਤ ਤਰੱਕੀ ਕਰੇਗਾ।ਸਾਰੀਆਂ ਅਦਾਲਤਾਂ ਵਿੱਚ ਜੱਜਾਂ ਦੀਆਂ ਦੋ ਸ਼ਿਫਟਾਂ ਚਲਾਉਣਾ, ਅਸਲ ਵਿੱਚ ਸੱਚੀ ਸੇਵਾ ਹੈ; ਜਿਸ ਨਾਲ ਕਿਸੇ ਪਾਰਟੀ, ਧਰਮ, ਜਾਤ ਆਦਿ ਦਾ ਕੋਈ ਸੰਬੰਧ ਨਹੀਂ ਹੈ। ਇਹ ਸੇਵਾ ਪੂਰੇ ਭਾਰਤ ਦੇ ਲੋਕਾਂ ਲਈ ਬਹੁਤ ਸੁਖਦ ਸਹੂਲਤ ਹੋ ਸਕਦੀ ਹੈ।

# ਐੱਸ ਓ ਐੱਫ ਪ੍ਰੀਖਿਆਵਾਂ 'ਚ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ

ਅੱਡਾ ਸਰਾਂ , (ਕਾਜਲ)-ਗੁਰੂ ਗੋਬਿੰਦ ਸਿੰਘ ਐਜੂਕੇਸ਼ਨ ਸੁਸਾਇਟੀ ਬੋਕਾਰੋ (ਝਾਰਖੰਡ) ਅਧੀਨ ਚਲਾਏ ਜਾ ਰਹੇ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਨੈਣੋਵਾਲ ਵੈਦ ਵਿਖੇ ਹੋਏ ਸਨਮਾਨ ਸਮਾਗਮ ਦੌਰਾਨ ਵੱਖ ਵੱਖ ਵਿਸ਼ਿਆਂ ਦੀਆਂ ਐੱਸ ਓ ਐੱਫ ਪ੍ਰੀਖਿਆਵਾਂ 'ਚ ਮੱਲਾ ਮਾਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ।

ਪ੍ਰਿੰਸੀਪਲ ਹਰਜੀਤ ਸਿੰਘ ਨੇ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ ਕਰਦੇ ਹੋਏ ਦੱਸਿਆ ਕਿ ਸਾਇੰਸ ਓਲੰਪੀਆਡ ਫਾਊਡੇਸ਼ਨ (ਐੱਸ ਓ ਐੱਫ) ਵੱਲੋਂ ਸਾਇੰਸ, ਜਨਰਲ ਨਾਲਜ, ਮੈਥ, ਫਿਲਾਸਫੀ ਵਿਸ਼ੇ ਦੀਆਂ ਪ੍ਰੀਖਿਆਵਾਂ ਵਿਚ ਵਿਦਿਆਰਥੀਆਂ ਸੁਰਖ਼ਾਬ ਸਿੰਘ ਹੇਅਰ, ਫਤਿਹ ਸਿੰਘ, ਕੀਰਤ ਕੌਰ, ਗੁਰਮਨ ਕੌਰ, ਮਨਕੀਰਤ ਕੌਰ ਨੇ ਵਿਸ਼ਵ ਪੱਧਰ 'ਤੇ ਉੱਤਮਤਾ ਦੀ ਨੁਮਾਇੰਦਗੀ ਕਰਦੇ ਹੋਏ ਕਾਂਸੇ ਦੇ ਮੈਡਲ ਜਿੱਤ ਕੇ ਸਕੂਲ ਦਾ ਨਾਂਅ ਰੋਸ਼ਨ ਕੀਤਾ ਹੈ। ਇਸੇ ਤਰ੍ਹਾਂ ਗੁਰਫਹਿਤ ਸਿੰਘ, ਬਲਜੋਤ ਸਿੰਘ, ਇਸ਼ਿਕਾ, ਗਗਨ ਸੀਕਰੀ, ਗੁਰਜੋਤ ਸਿੰਘ, ਜਸਕੀਰਤ ਕੌਰ, ਗੁਰਏਕਮ ਸਿੰਘ, ਅਵੰਤਿਕਾ ਸੁਮਨ, ਹਰਸੀਰਤ ਕੌਰ, ਜੈਸਮੀਨ ਕੌਰ, ਮਨਕੀਰਤ ਕੌਰ, ਜਸਕੀਰਤਮਾਨ ਸਿੰਘ, ਅਰੁਹਈ ਸੈਣੀ, ਲਕਸ਼ ਭਾਰਦਵਾਜ, ਗੀਤਾਂਸ਼ਵੀਰ ਸਿੰਘ, ਸਾਹਿਬਜੋਤ ਕੌਰ, ਸਰਗੁਣਪ੍ਰੀਤ ਕੌਰ, ਜੀਆ, ਮਨਰੀਤ ਕੌਰ, ਨਵਜੋਤ ਕੌਰ, ਗੀਧਮਪ੍ਰੀਤ ਕੌਰ, ਜਪਜੋਤ ਕੌਰ ਨੇ ਕੌਮੀ ਪੱਧਰ ਤੇ ਗੋਲਡ ਮੈਡਲ ਜਿੱਤੇ ਹਨ। ਇਸੇ ਤਰ੍ਹਾਂ ਕਿਰਨਜੋਤ, ਸਹਿਜਪ੍ਰੀਤ ਸਿੰਘ, ਗੁਰਜੋਤ ਕੌਰ, ਅਭਿਜੋਤ ਸਿੰਘ, ਅਲੀਸ਼ਾ ਸੁਮਨ, ਬਲਜੋਤ ਸਿੰਘ, ਗੁਰਸੀਰਤ ਕੌਰ, ਜਸਲੀਨ ਕੌਰ, ਨਵਸੀਰਤ ਕੌਰ, ਨੂਰਦੀਪ ਸਿੰਘ, ਰਾਜਨਦੀਪ ਸਿੰਘ, ਰਣਵੀਰ ਸਿੰਘ, ਰਵਨੂਰ ਸਿੰਘ, ਸੀਰਤ ਕੌਰ ਨੂੰ ਸ਼ਾਨਦਾਰ ਪ੍ਰਦਰਸ਼ਨ ਲਈ ਸਨਮਾਨ ਮਿਲਿਆ ਹੈ।

ਸਕੂਲ ਦੇ ਪ੍ਰਧਾਨ ਤਰਸੇਮ ਸਿੰਘ, ਸੈਕਟਰੀ ਸੁਰਿੰਦਰ ਪਾਲ ਸਿੰਘ ਅਤੇ ਸਮੂਹ ਮੈਨੇਜਮੈਂਟ ਮੈਂਬਰਾਂ ਵੱਲੋਂ ਸਟਾਫ ਅਤੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾ ਦਿੱਤੀਆਂ।




# ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਜੀ ਟੀ ਰੋਡ 'ਤੇ ਕਿਸਾਨਾਂ ਨੇ ਖੜੇ ਕੀਤੇ ਟਰੈਕਟਰ

ਫਿਲੌਰ (ਨਿਰਮਲ): ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕਿਸਾਨਾਂ ਨੇ ਜੀ ਟੀ ਰੋਡ 'ਤੇ ਟਰੈਰਟਰ ਖੜੇ ਕਰਕੇ ਆਪਣੇ ਰੋਹ ਦਾ ਪ੍ਰਗਟਾਵਾ ਕੀਤਾ। ਡਬਲਯੂ ਟੀ ਯੂ ਦੀ ਦੋਹਾ ਵਿਖੇ ਹੋ ਰਹੀ ਆਲਮੀ ਕਾਨਫਰੰਸ ਮੌਕੇ ਕਿਸਾਨਾਂ ਦੇ ਅੱਜ ਦੀ ਇਕੱਤਰਤਾ ਨੇ ਮੰਗ ਕੀਤੀ ਕਿ ਭਾਰਤ ਨੂੰ ਡਬਲਯੂਟੀਓ 'ਚ ਬਾਹਰ ਆਉਣਾ ਚਾਹੀਦਾ ਹੈ। ਇਸ ਮੌਕੇ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਕਿਹਾ ਕਿ ਖੇਤੀ ਸੰਕਟ ਕਾਰਨ ਕਿਸਾਨੀ ਦਾ ਕਰਜਾ ਲਗਾਤਾਰ ਵੱਧਦਾ ਜਾ ਰਿਹਾ ਹੈ, ਜਦੋਂ ਕਿ ਕਰਜੇ ਦੀ ਮੁਆਫੀ ਸਿਰਫ ਵੱਡੇ ਸਨਅਤਕਾਰਾਂ ਦੀ ਕੀਤੀ ਗਈ ਹੈ। ਉਨ੍ਹਾ ਕਿਹਾ ਕਿ ਮੋਦੀ ਨੇ 2014 'ਚ ਕਿਸਾਨਾਂ ਦਾ ਕਰਜਾ ਮੁਆਫ ਕਰਨ ਦਾ ਵਾਅਦਾ ਕੀਤਾ ਸੀ ਪਰ ਮਗਰੋਂ ਕੋਈ ਕਾਰਵਾਈ ਨਹੀਂ ਕੀਤੀ। ਸੰਧੂ ਨੇ ਕਿਹਾ ਕਿ ਡਬਲਯੂਟੀਓ 'ਚੋਂ ਬਾਹਰ ਆ ਕੇ ਅਤੇ ਸਵਾਮੀਨਾਥਨ ਰਿਪੋਰਟ 'ਚੋਂ ਸੀ ਟੂ ਪਲੱਸ 50 ਪ੍ਰਤੀਸਤ ਨਾਲ ਹੀ ਕਿਸਾਨੀ ਬਚਾਈ ਜਾ ਸਕਦੀ ਹੈ। ਕਿਸਾਨੀ ਬਚਣ ਨਾਲ ਹੀ ਦੇਸ ਦਾ ਆਰਥਿਕ ਢਾਂਚਾ ਮਜਬੂਤ ਹੋਵੇਗਾ। ਕਿਸਾਨੀ ਮਜਬੂਤ ਹੋਣ ਨਾਲ ਹੀ ਮਜਦੂਰਾਂ, ਦੁਕਾਨਦਾਰਾਂ ਸਮੇਤ ਹੋਰਨਾ ਵਰਗਾ ਨੂੰ ਭਾਰੀ ਰਾਹਤ ਮਿਲੇਗੀ।



ਆਗੂਆਂ ਨੇ ਕਿਹਾ ਸੰਯੁਕਤ ਕਿਸਾਨ ਮੋਰਚੇ ਵਲੋਂ 14 ਮਾਰਚ ਨੂੰ ਦਿੱਲੀ 'ਚ ਕਨਵੈਨਸ਼ਨ ਕੀਤੀ ਜਾ ਰਹੀ ਹੈ, ਜਿਸ ਲਈ ਕਿਸਾਨ ਵੱਡੇ ਪੱਧਰ 'ਤੇ ਪੁੱਜ ਕੇ ਆਪਣੀ ਆਵਾਜ ਬੁਲੰਦ ਕਰਨਗੇ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਹਰਵਿੰਦਰ ਸਿੰਘ ਖਹਿਰਾ, ਦਿਹਾਤੀ ਮਜਦੂਰ ਸਭਾ ਦੇ ਤਹਿਸੀਲ ਪ੍ਰਧਾਨ ਜਰਨੈਲ ਫਿਲੌਰ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਸੰਤੋਖ ਸਿੰਘ ਬਿਲਗਾ, ਸੂਬਾ ਕਮੇਟੀ ਮੈਂਬਰ ਜਸਵਿੰਦਰ ਸਿੰਘ ਢੇਸੀ, ਤਹਿਸੀਲ ਪ੍ਰਧਾਨ ਕੁਲਦੀਪ ਫਿਲੌਰ, ਦਿਹਾਤੀ ਮਜਦੂਰ ਸਭਾ ਦੇ ਤਹਿਸੀਲ ਸਕੱਤਰ ਮੇਜਰ ਫਿਲੌਰ ਨੇ ਸੰਬੋਧਨ ਕੀਤਾ। ਇਸ ਮੌਕੇ ਕੁਲਵੰਤ ਖਹਿਰਾ, ਕੁਲਜੀਤ ਫਿਲੌਰ, ਮਾ. ਚਰਨਜੀਤ ਸਿੰਘ, ਸੁਰਿੰਦਰ ਰੁੜਕੀ, ਗੁਰਜੀਤ ਪਾਲਾ, ਗੁਰਜੰਟ ਸਿੰਘ ਖਹਿਰਾ, ਸਾਬਕਾ ਸਰਪੰਚ ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।